ਸ਼ਨੀਵਾਰ, 1 ਅਗਸਤ, 2026
17 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 61

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 1 AUGUST, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਇਜ਼ਰਾਈਲ ਨੇ ਗਾਜ਼ਾ 'ਚ ਭਾਰਤੀ ਹਥਿਆਰ ਵਰਤੇ

## ਅਡਾਨੀ ਤੇ ਹੋਰ ਭਾਰਤੀ ਕੰਪਨੀਆਂ ਨੇ 2500 ਤੋਂ ਵੱਧ ਖੇਪਾਂ ਭੇਜੀਆਂ : ਐਮਨੈਸਟੀ



**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**
ਐਮਨੈਸਟੀ ਇੰਟਰਨੈਸ਼ਨਲ ਨੇ ਜਾਰੀ ਆਪਣੀ ਰਿਪੋਰਟ ਵਿੱਚ ਕਿਹਾ ਹੈ ਕਿ ਉਸ ਨੇ ਭਾਰਤ ਤੋਂ ਇਜ਼ਰਾਈਲ ਨੂੰ ਨਿਰਯਾਤ ਕੀਤੇ ਜਾ ਰਹੇ ਹਥਿਆਰਾਂ ਦੀਆਂ 2500 ਤੋਂ ਵੱਧ ਖੇਪਾਂ ਦਾ ਪਤਾ ਲਗਾਇਆ ਹੈ। ਰਿਪੋਰਟ ਵਿੱਚ ਕਿਹਾ ਗਿਆ ਹੈ, ਇਹ ਗਾਜ਼ਾ ਵਿੱਚ ਚੱਲ ਰਹੀ ਨਸਲਕੁਸ਼ੀ ਵਿੱਚ 'ਸਹਿਭਾਗੀ' ਹੋਣ ਦਾ ਖ਼ਤਰਾ ਪੈਦਾ ਕਰ ਸਕਦਾ ਹੈ । ਰਿਪੋਰਟ ਅਨੁਸਾਰ 7 ਅਕਤੂਬਰ 2023 ਤੋਂ ਬਾਅਦ ਭਾਰਤ ਵੱਲੋਂ ਸਿੱਧੇ ਤੌਰ 'ਤੇ ਮਾਲਕੀ ਅਤੇ ਨਿਯੰਤਰਿਤ ਕੰਪਨੀਆਂ ਵੱਲੋਂ ਭਾਰਤ ਤੋਂ ਇਜ਼ਰਾਈਲ ਨੂੰ ਹਥਿਆਰਾਂ ਦੀਆਂ ਘੱਟੋ-ਘੱਟ 2,596 ਖੇਪਾਂ ਨਿਰਯਾਤ ਕੀਤੀਆਂ ਗਈਆਂ ਹਨ। ਐਮਨੈਸਟੀ ਇੰਟਰਨੈਸ਼ਨਲ ਦੀ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਭਾਰਤ ਨੇ ਇਜ਼ਰਾਈਲ ਨੂੰ ਹਥਿਆਰਾਂ ਦੀ ਸਪਲਾਈ ਜਾਰੀ ਰੱਖੀ, ਭਾਵੇਂ ਕਿ ਇਸ ਗੱਲ ਦਾ ਕਾਫ਼ੀ ਖ਼ਤਰਾ ਸੀ ਕਿ ਉਨ੍ਹਾਂ ਦੀ ਵਰਤੋਂ ਗਾਜ਼ਾ ਪੱਟੀ ਵਿੱਚ ਫਲਸਤੀਨੀਆਂ ਵਿਰੁੱਧ ਨਸਲਕੁਸ਼ੀ 'ਚ ਕੀਤੀ ਜਾ ਸਕਦੀ ਹੈ। ਇਜ਼ਰਾਈਲ ਨੂੰ ਹਥਿਆਰਾਂ ਅਤੇ ਗੋਲਾ ਬਾਰੂਦ ਦੀ ਸਪਲਾਈ ਦੱਸਦੀ ਹੈ ਕਿ ਕਿਵੇਂ ਭਾਰਤ ਸਰਕਾਰ ਨੇ ਇਜ਼ਰਾਈਲੀ ਰੱਖਿਆ ਖੇਤਰ ਨਾਲ ਇੱਕ ਨਜ਼ਦੀਕੀ ਅਤੇ ਲਾਹੇਵੰਦ ਸਾਂਝੇਦਾਰੀ ਬਣਾਈ ਹੈ ਅਤੇ ਉਹ ਸਪਲਾਈ ਚੇਨਾਂ ਵਿੱਚ ਇੱਕ ਮਹੱਤਵਪੂਰਨ ਯੋਗਦਾਨ ਬਣ ਗਈ ਹੈ, ਜੋ ਇਜ਼ਰਾਈਲ ਦੇ ਫ਼ੌਜੀ ਕਾਰਜਾਂ ਦਾ ਸਮਰਥਨ ਕਰਦੀਆਂ ਹਨ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਉਸ ਨੇ ਇਹ ਉਜਾਗਰ ਕਰਨ ਲਈ ਭਾਰਤ ਅਤੇ ਇਜ਼ਰਾਈਲ ਵਿਚਕਾਰ ਸ਼ਿੱਪਮੈਂਟ ਪੱਧਰ ਦੇ ਵਪਾਰਕ ਡੇਟਾ ਦੀ ਵਰਤੋਂ ਕੀਤੀ ਹੈ ਕਿ ਕਿਵੇਂ ਭਾਰਤੀ ਹਥਿਆਰ, ਗੋਲਾ ਬਾਰੂਦ, ਪੁਰਜ਼ੇ ਅਤੇ • ਬਾਕੀ ਸਫਾ 2 'ਤੇ

# ਮੋਰੱਕੋ ਤੋਂ ਸਪੇਨੀ ਖੇਤਰ ਵਿੱਚ ਤੈਰ ਕੇ ਪੁੱਜੇ 60,000 ਪ੍ਰਵਾਸੀ, 34 ਮੌਤਾਂ

**ਮੈਡਰਿਡ :** ਮੋਰੱਕੋ ਨਾਲ ਚੱਲ ਰਹੇ ਸਰਹੱਦੀ ਸੰਕਟ ਦੌਰਾਨ ਲਗਪਗ 60,000 ਪਰਵਾਸੀ ਸਪੇਨ ਦੇ ਉੱਤਰੀ ਅਫ਼ਰੀਕੀ ਖੇਤਰ ਸੇਉਟਾ ਵਿੱਚ ਗੈਰਕਾਨੂੰਨੀ ਢੰਗ ਨਾਲ ਦਾਖਲ ਹੋ ਚੁੱਕੇ ਹਨ। ਇਸ ਵੱਡੇ ਪੱਧਰ 'ਤੇ ਸਰਹੱਦ ਪਾਰ ਕਰਨ ਦੀ ਕੋਸ਼ਿਸ਼ ਦੌਰਾਨ ਘੱਟੋ-ਘੱਟ 34 ਲੋਕਾਂ ਦੀ ਮੌਤ ਹੋ ਗਈ ਹੈ। ਇਹ ਪਰਵਾਸੀ ਸਮੁੰਦਰ ਵਿਚੋਂ ਤੈਰ ਕੇ ਸੇਉਟਾ ਪੁੱਜੇ ਹਨ ਤੇ ਕਈ ਰਾਹ ਵਿਚ ਹੀ ਦਮ ਤੋੜ ਗਏ। ਸਥਾਨਕ ਸਰਕਾਰੀ ਕਰਮਚਾਰੀਆਂ ਦੀ ਯੂਨੀਅਨ ਦੇ ਆਗੂ ਰਚਿਦ ਸਬੀਹੀ ਨੇ ਦੱਸਿਆ ਕਿ ਮਰਨ ਵਾਲਿਆਂ ਵਿੱਚੋਂ ਕਈ ਲੋਕ ਪਾਣੀ ਵਿੱਚ ਡੁੱਬ ਗਏ ਅਤੇ ਕੁਝ ਲੋਕ ਤਾਰਾਜਲ ਬੀਚ ਦੀ ਵਾੜ ਨੂੰ ਪਾਰ ਕਰਨ ਵੇਲੇ ਮਚੀ ਭਗਦੜ ਕਾਰਨ ਮਾਰੇ ਗਏ। ਸਪੇਨੀ ਖੇਤਰ ਸੇਉਟਾ ਭੂਗੋਲਿਕ ਤੌਰ 'ਤੇ ਅਫਰੀਕਾ ਮਹਾਦੀਪ ਵਿੱਚ ਸਥਿਤ ਹੈ ਪਰ ਰਾਜਨੀਤਿਕ ਤੌਰ 'ਤੇ ਇਹ ਸਪੇਨ ਦਾ ਹਿੱਸਾ ਹੈ। ਇਹ ਉੱਤਰੀ ਅਫਰੀਕਾ ਦੇ ਤੱਟ 'ਤੇ ਸਥਿਤ ਹੈ ਅਤੇ ਚਾਰੇ ਪਾਸਿਓਂ ਮੋਰੱਕੋ ਨਾਲ ਘਿਰਿਆ ਹੋਇਆ ਹੈ। ਭਾਵੇਂ ਇਹ ਅਫਰੀਕਾ ਵਿੱਚ ਹੈ ਪਰ ਇਹ ਸਪੇਨ ਦਾ ਇੱਕ ਖੁਦਮੁਖਤਿਆਰ ਸ਼ਹਿਰ ਹੈ ਅਤੇ ਯੂਰਪੀਅਨ ਯੂਨੀਅਨ ਦਾ ਹਿੱਸਾ ਵੀ ਹੈ। ਸ਼ੁਰੂ ਵਿੱਚ ਸਪੇਨ ਦੇ ਗ੍ਰਹਿ ਮੰਤਰਾਲੇ ਨੇ ਰਾਸ਼ਟਰੀ ਐਮਰਜੈਂਸੀ ਦੀ ਮੰਗ ਨੂੰ ਠੁਕਰਾ ਦਿੱਤਾ ਸੀ ਪਰ ਬਾਅਦ ਵਿੱਚ ਸੁਰੱਖਿਆ ਨੂੰ ਧਿਆਨ ਵਿਚ ਰੱਖਦਿਆਂ ਹਥਿਆਰਬੰਦ ਫ਼ੌਜ ਦੇ ਜਵਾਨਾਂ ਨੂੰ ਸਰਹੱਦ 'ਤੇ ਭੇਜਣ ਦਾ ਐਲਾਨ ਕਰ ਦਿੱਤਾ। ਇੱਕ ਰਿਪੋਰਟ ਅਨੁਸਾਰ ਅੰਦਾਜ਼ਨ 25,000 ਤੋਂ ਵੱਧ ਪਰਵਾਸੀ ਸ਼ੁੱਕਰਵਾਰ ਨੂੰ ਆਪਣੀ ਮਰਜ਼ੀ ਨਾਲ ਵਾਪਸ ਮੋਰੱਕੋ ਪਰਤ ਆਏ ਹਨ। ਜੁਲਾਈ ਦੇ ਸ਼ੁਰੂ ਵਿੱਚ ਸਪੇਨ ਦੀ ਸੁਪਰੀਮ ਕੋਰਟ ਨੇ ਇਕ ਫੈਸਲੇ ਵਿੱਚ ਕਿਹਾ ਸੀ ਕਿ ਸੇਉਟਾ ਜਾਂ ਮੇਲਿਲਾ ਪਹੁੰਚਣ ਦੀ ਕੋਸ਼ਿਸ਼ ਕਰਦੇ ਸਮੇਂ ਸਮੁੰਦਰ ਵਿੱਚ ਰੋਕੇ ਗਏ ਪ੍ਰਵਾਸੀਆਂ ਨੂੰ ਮੋਰੱਕੋ ਵਾਪਸ ਨਹੀਂ ਭੇਜਿਆ ਜਾ ਸਕਦਾ।

# ਆਜ਼ਾਦੀ ਘੁਲਾਟੀਆਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਵਚਨਬੱਧ : ਮਾਨ



**ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ/ਅਸ਼ੋਕ ਬਾਂਸਲ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਨੂੰ ਆਮ ਆਦਮੀ ਪਾਰਟੀ (ਆਪ) ਸਰਕਾਰ ਦੀ ਉਸ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਇਆ, ਜਿਸ ਤਹਿਤ ਦੇਸ਼ ਨੂੰ ਬ੍ਰਿਟਿਸ਼ ਸਾਮਰਾਜਵਾਦ ਦੇ ਜੂਲੇ ਤੋਂ ਆਜ਼ਾਦ ਕਰਵਾਉਣ ਲਈ ਮਹਾਨ ਕੁਰਬਾਨੀਆਂ ਦੇਣ ਵਾਲੇ ਦੇਸ਼ ਭਗਤਾਂ ਦੇ ਸੁਪਨਿਆਂ ਨੂੰ ਸਾਕਾਰ ਕੀਤਾ ਜਾ ਰਿਹਾ ਹੈ। ਸੁਨਾਮ ਵਿਖੇ ਸ਼ਹੀਦ ਊਧਮ ਸਿੰਘ ਦੇ 87ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਰਾਜ ਪੱਧਰੀ ਸਮਾਗਮ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਇਸ ਮਹਾਨ ਇਨਕਲਾਬੀ ਦੀ ਲਾਮਿਸਾਲ ਦੇਸ਼ ਭਗਤੀ ਅਤੇ ਅਦੁੱਤੀ ਕੁਰਬਾਨੀ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਿਸ਼ਕਾਮ ਭਾਵਨਾ ਨਾਲ ਦੇਸ਼ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦੀ ਰਹੇਗੀ ਅਤੇ ਦੇਸ਼ ਇਸ ਮਹਾਨ ਸ਼ਹੀਦ ਦਾ ਹਮੇਸ਼ਾ ਰਿਣੀ ਰਹੇਗਾ।

ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਸ਼ਹੀਦ ਊਧਮ ਸਿੰਘ ਦੀ ਯਾਦਗਾਰ 'ਤੇ ਫੁੱਲਮਾਲਾਵਾਂ ਭੇਟ ਕਰਕੇ ਸ਼ਰਧਾਂਜਲੀ ਦਿੱਤੀ। ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਮੁੱਖ ਮੰਤਰੀ ਨੇ ਐਕਸ 'ਤੇ ਲਿਖਿਆ, ਜਲ੍ਹਿਆਂਵਾਲਾ ਬਾਗ਼ ਸਾਕੇ ਦਾ ਬਦਲਾ ਲੈਣ ਵਾਲੇ ਮਹਾਨ ਇਨਕਲਾਬੀ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ 'ਤੇ ਮੈਂ ਉਨ੍ਹਾਂ ਨੂੰ ਕੋਟਿ-ਕੋਟਿ ਪ੍ਰਣਾਮ ਕਰਦਾ ਹਾਂ। ਦੇਸ਼ ਦੀ ਆਨ ਅਤੇ ਸ਼ਾਨ ਲਈ ਉਨ੍ਹਾਂ ਦੀ ਅਦੁੱਤੀ ਕੁਰਬਾਨੀ ਸਾਡੇ ਸਾਰਿਆਂ ਲਈ ਹਮੇਸ਼ਾ ਪ੍ਰੇਰਨਾ ਦਾ ਸਰੋਤ ਬਣੀ ਰਹੇਗੀ। ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਮਹਾਨ ਸ਼ਹੀਦ ਨੂੰ ਸ਼ਰਧਾਂਜਲੀ ਭੇਟ ਕਰਨ ਵਾਲੇ ਇਸ ਪਵਿੱਤਰ ਮੌਕੇ ਦਾ ਹਿੱਸਾ ਬਣਨਾ ਮੇਰੇ ਲਈ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ। ਉਨ੍ਹਾਂ ਨੇ ਤਤਕਾਲੀ ਬ੍ਰਿਟਿਸ਼ ਹਕੂਮਤ ਵੱਲੋਂ ਜਲ੍ਹਿਆਂਵਾਲਾ ਬਾਗ ਵਿਖੇ ਕੀਤੇ ਗਏ ਕਤਲੇਆਮ ਦਾ ਬਦਲਾ ਲਿਆ, ਜਿੱਥੇ ਪੰਜਾਬ ਦੇ ਤਤਕਾਲੀ ਲੈਫਟੀਨੈਂਟ ਗਵਰਨਰ ਮਾਈਕਲ ਓਡਵਾਇਰ ਦੇ ਆਦੇਸ਼ਾਂ ਉੱਤੇ ਸੈਂਕੜੇ ਨਿਹੱਥੇ ਅਤੇ ਨਿਰਦੋਸ਼ ਭਾਰਤੀਆਂ ਨੂੰ ਬੇਰਹਿਮੀ ਨਾਲ ਗੋਲੀਆਂ ਮਾਰ ਕੇ ਸ਼ਹੀਦ ਕਰ ਦਿੱਤਾ ਗਿਆ ਸੀ। ਸ਼ਹੀਦ ਊਧਮ ਸਿੰਘ ਨੇ ਲੰਡਨ ਦੇ ਕੈਕਸਟਨ ਹਾਲ ਵਿਖੇ ਮਾਈਕਲ ਓਡਵਾਇਰ ਨੂੰ ਉਸ ਦੇ ਕੀਤੇ ਦੀ ਸਜ਼ਾ ਦੇ ਕੇ ਇਨਸਾਫ਼ ਯਕੀਨੀ ਬਣਾਇਆ ਸੀ।ਮੁੱਖ ਮੰਤਰੀ ਨੇ ਕਿਹਾ ਕਿ ਭਾਰਤ ਦੇ ਸੁਤੰਤਰਤਾ ਸੰਗਰਾਮ ਵਿੱਚ ਦੇਸ਼ ਦੇ ਅਣਗਿਣਤ ਸੂਰਬੀਰ ਧੀਆਂ-ਪੁੱਤਾਂ ਨੇ ਆਪਣੀਆਂ ਜਾਨਾਂ ਵਾਰੀਆਂ ਤਾਂ ਜੋ ਦੇਸ਼ ਨੂੰ ਆਜ਼ਾਦ ਕਰਵਾ ਕੇ ਕਮਜ਼ੋਰ ਅਤੇ ਪੱਛੜੇ ਵਰਗਾਂ ਦੀ ਭਲਾਈ ਲਈ ਬਰਾਬਰੀ ਵਾਲੇ ਸਮਾਜ ਦੀ ਨੀਂਹ ਰੱਖੀ ਜਾ ਸਕੇ।ਇਸ ਮੌਕੇ 'ਆਪ' ਦੇ ਸੀਨੀਅਰ ਆਗੂ ਅਤੇ ਪੰਜਾਬ ਮਾਮਲਿਆਂ ਦੇ ਇੰਚਾਰਜ ਮਨੀਸ਼ ਸਿਸੋਦੀਆ, ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਹੋਰ ਕਈ ਸ਼ਖ਼ਸੀਅਤਾਂ ਵੀ ਹਾਜ਼ਰ ਸਨ।

# ਸ਼ਹੀਦਾਂ ਦੇ ਸਦਕੇ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ : ਸੰਤ ਸੁਖਜੀਤ ਸਿੰਘ ਸੀਚੇਵਾਲ

## ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਸ਼ਰਧਾ, ਸਤਿਕਾਰ ਤੇ ਕੌਮੀ ਜਜ਼ਬੇ ਨਾਲ ਮਨਾਇਆ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**
ਸ਼ਹੀਦ ਕੌਮ ਦਾ ਅਮੁੱਲ ਸਰਮਾਇਆ ਹੁੰਦੇ ਹਨ ਅਤੇ ਜਿਹੜੀਆਂ ਕੌਮਾਂ ਆਪਣੇ ਸ਼ਹੀਦਾਂ ਦੀ ਕੁਰਬਾਨੀ ਨੂੰ ਭੁੱਲ ਜਾਂਦੀਆਂ ਹਨ, ਉਹ ਆਪਣਾ ਇਤਿਹਾਸ ਅਤੇ ਪਛਾਣ ਵੀ ਗੁਆ ਬੈਠਦੀਆਂ ਹਨ। ਇਹ ਵਿਚਾਰ ਸੰਤ ਸੁਖਜੀਤ ਸਿੰਘ ਸੀਚੇਵਾਲ ਨੇ ਸ਼ਹੀਦ ਊਧਮ ਸਿੰਘ ਮੈਮੋਰੀਅਲ ਟਰੱਸਟ, ਸੁਲਤਾਨਪੁਰ ਲੋਧੀ ਵੱਲੋਂ ਚੇਅਰਮੈਨ ਡਾਕਟਰ ਬਲਜੀਤ ਕੌਰ ਦੀ ਸਰਪ੍ਰਸਤੀ ਹੇਠ ਸ਼ਹੀਦ ਊਧਮ ਸਿੰਘ ਸਮਾਰਕ ਵਿਖੇ ਕਰਵਾਏ ਗਏ ਸ਼ਹੀਦੀ ਦਿਹਾੜਾ ਸਮਾਗਮ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਬਾਰ ਐਸੋਸੀਏਸ਼ਨ, ਸਾਹਿਤ ਸਭਾ ਅਤੇ ਪ੍ਰੈੱਸ ਕਲੱਬ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਦੌਰਾਨ ਸੰਤ ਸੀਚੇਵਾਲ ਨੇ ਕਿਹਾ ਕਿ ਅੱਜ ਦੇਸ਼ ਦੀ ਆਜ਼ਾਦੀ ਦਾ ਨਿੱਘ ਅਸੀਂ ਮਹਾਨ ਸ਼ਹੀਦਾਂ ਦੀਆਂ ਲਾਸਾਨੀ ਕੁਰਬਾਨੀਆਂ ਸਦਕਾ ਹੀ ਮਾਣ ਰਹੇ ਹਾਂ।ਉਨ੍ਹਾ ਕਿਹਾ ਕਿ ਹਰ ਨੌਜਵਾਨ ਨੂੰ ਸ਼ਹੀਦ ਊਧਮ ਸਿੰਘ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਦੇਸ਼-ਪ੍ਰੇਮ, ਨਿਆਂ ਅਤੇ ਸੇਵਾ ਦੀ ਭਾਵਨਾ ਨੂੰ ਆਪਣੇ ਜੀਵਨ ਦਾ ਅੰਗ ਬਣਾਉਣਾ ਚਾਹੀਦਾ ਹੈ।

ਸਮਾਗਮ ਦੌਰਾਨ ਬਾਬਾ ਦਰਬਾਰਾ ਸਿੰਘ ਕਾਲਜੀਏਟ ਪਬਲਿਕ ਸਕੂਲ ਟਿੱਬਾ, ਸਰਕਾਰੀ ਹਾਈ ਸਕੂਲ ਹੈਬਤਪੁਰ, ਦੀ ਹਾਕਵਾਰਡ ਸਕੂਲ ਤਲਵੰਡੀ ਚੌਧਰੀਆਂ ਦੇ ਵਿਦਿਆਰਥੀਆਂ ਨੇ ਸ਼ਹੀਦ ਊਧਮ ਸਿੰਘ ਦੇ ਜੀਵਨ ਅਤੇ ਕੁਰਬਾਨੀ ਨੂੰ ਸਮਰਪਿਤ ਦੇਸ਼ਭਗਤੀ ਗੀਤ, ਕਵਿਤਾਵਾਂ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਹਾਜ਼ਰੀਨ ਨੂੰ ਭਾਵੁਕ ਕਰ ਦਿੱਤਾ।

ਇਸ ਮੌਕੇ ਇੰਦਰ ਪ੍ਰਤਾਪ ਸਿੰਘ ਵਿਧਾਇਕ, ਸੱਜਣ ਸਿੰਘ ਚੀਮਾ ਹਲਕਾ ਇੰਚਾਰਜ, ਡਾਕਟਰ ਹਰਜੀਤ ਸਿੰਘ ਸਾਬਕਾ ਡਾਇਰੈਕਟਰ ਦੂਰਦਰਸ਼ਨ ਤੇ ਫਿਲਮਸਾਜ਼, ਡਾਕਟਰ ਰਾਮ ਮੂਰਤੀ, ਡਾਕਟਰ ਬਲਜੀਤ ਕੌਰ, ਜਰਨੈਲ ਸਿੰਘ ਸੰਧਾ, ਰਘਬੀਰ ਸਿੰਘ ਮਹਿਰਵਾਲਾ, ਸੁਰਜੀਤ ਸਿੰਘ ਟਿੱਬਾ, ਦਿਆਲ ਸਿੰਘ ਦੀਪੇਵਾਲ, ਮੁਖਤਾਰ ਸਿੰਘ ਚੰਦੀ ਆਦਿ ਨੇ ਸੰਬੋਧਨ ਕੀਤਾ। ਇਸ ਮੌਕੇ ਐਡਵੋਕੇਟ ਰਜਿੰਦਰ ਸਿੰਘ ਰਾਣਾ, ਐਡਵੋਕੇਟ ਕੇਹਰ ਸਿੰਘ, ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਜਰਨੈਲ ਸਿੰਘ ਸੰਧਾ, ਐਡਵੋਕੇਟ ਸਤਨਾਮ ਸਿੰਘ ਮੋਮੀ, ਐਡਵੋਕੇਟ ਸੈਲ ਪ੍ਰਭਾਕਰ, ਵਿਕਾਸ ਦੀਪ ਸਿੰਘ ਨੰਢਾ, ਐਡਵੋਕੇਟ ਸੁੱਚਾ ਸਿੰਘ ਮੋਮੀ, ਗੁਰਮੇਲ ਸਿੰਘ ਐਡਵੋਕੇਟ, ਐਡਵੋਕੇਟ ਬਿਕਰਮਜੀਤ ਸਿੰਘ ਚੰਦੀ, ਐਡਵੋਕੇਟ ਜਗਦੀਸ਼ ਸਿੰਘ ਸੋਢੀ, ਐਡਵੋਕੇਟ ਸਤਵੀਰ ਮਹੀਪਾਲ, ਸਾਹਿਤ ਸਭਾ ਦੇ ਪ੍ਰਧਾਨ ਡਾ. ਸਵਰਨ ਸਿੰਘ, ਮੁਖਤਾਰ ਸਿੰਘ ਚੰਦੀ, ਤੇਜਿੰਦਰ ਸਿੰਘ ਧੰਜੂ ਟਰੱਸਟ ਦੇ ਸੀਨੀਅਰ ਮੀਤ ਪ੍ਰਧਾਨ, ਮਾਸਟਰ ਚਰਨ ਸਿੰਘ ਹੈਬਤਪੁਰ, ਮਾਸਟਰ ਸੁੱਚਾ ਸਿੰਘ ਮਿਰਜਾਪੁਰ, ਐਡਵੋਕੇਟ ਕੁਲਬੀਰ ਸਿੰਘ, ਅਜੀਤ ਸਿੰਘ ਔਜਲਾ, ਕਾਮਰੇਡ ਬਲਦੇਵ ਸਿੰਘ, ਮਾਸਟਰ ਦਲਜੀਤ ਸਿੰਘ, ਬਲਵਿੰਦਰ ਸਿੰਘ, ਸਾਬਕਾ ਚੇਅਰਮੈਨ ਗੁਰਜੰਟ ਸਿੰਘ ਸੰਧੂ ਸਮੇਤ ਵੱਖ-ਵੱਖ ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਿੰਦਰ ਸਿੰਘ, ਗੁਰਮੀਤ ਸਿੰਘ ਅਮਰਕੋਟ, ਅਮਰਜੀਤ ਸਿੰਘ ਟਿੱਬਾ, ਸਰਵਣ ਸਿੰਘ ਚੰਦੀ ਬੂਲਪੁਰ, ਅਜੀਤ ਸਿੰਘ ਔਜਲਾ, ਜੱਗਾ ਸਿੰਘ ਸਾਬਕਾ ਸਰਪੰਚ ਫੌਜੀ ਕਾਲੋਨੀ, ਡਾਕਟਰ ਨਵਜੋਤ ਕੌਰ, ਕਬੀਰ ਸਿੰਘ, ਵਾਰਿਸ ਸਿੰਘ, ਸਰਵਨ ਸਿੰਘ, ਲੰਬਰਦਾਰ ਕਰਮਜੀਤ ਕੌਰ, ਫ਼ਕੀਰ ਮੁਹੰਮਦ ਭੌਰ, ਜਥੇਦਾਰ ਜੋਗਿੰਦਰ ਸਿੰਘ ਭੌਰ, ਮਹਿੰਦਰ ਸਿੰਘ ਨੰਬਰਦਾਰ, ਜਸਵੰਤ ਸਿੰਘ ਕਰਮਜੀਤਪੁਰ, ਹਰਦਿਆਲ ਸਿੰਘ ਹਾਜੀਪੁਰ, ਇੰਦਰਜੀਤ ਸਿੰਘ ਲੈਫਟਰ, ਪ੍ਰੋ. ਬਲਜੀਤ ਸਿੰਘ ਟਿੱਬਾ, ਸੁਖਵਿੰਦਰ ਸਿੰਘ ਸ਼ਹਿਰੀ ਆਦਿ ਹਾਜ਼ਰ ਸਨ। ਇਸ ਮੌਕੇ ਕਾਂਗਰਸ ਪਾਰਟੀ ਦੇ ਸ਼ਹਿਰੀ ਪ੍ਰਧਾਨ ਨਰਿੰਦਰ ਪੰਨੂ, ਬਲਜਿੰਦਰ ਸਿੰਘ ਪੀਏ, ਮੋਨੂੰ ਭੰਡਾਰੀ, ਗੁਰਪ੍ਰੀਤ ਸਿੰਘ ਫੌਜੀ ਕਾਲੋਨੀ, ਨਰਿੰਦਰ ਸਿੰਘ ਜੈਨਪੁਰ, ਰਮੇਸ਼ ਡਡਵਿੰਡੀ, ਜਗਪਾਲ ਸਿੰਘ ਚੀਮਾ ਆਦਿ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਸ਼ਹੀਦ ਊਧਮ ਸਿੰਘ ਮੈਮੋਰੀਅਲ ਟਰੱਸਟ ਦੀ ਨਵਨਿਯੁਕਤ ਪ੍ਰਧਾਨ ਡਾ. ਬਲਜੀਤ ਕੌਰ ਨੇ ਸਮਾਗਮ ਵਿੱਚ ਸ਼ਾਮਲ ਹੋਈਆਂ ਸਮੂਹ ਸੰਗਤਾਂ, ਸਮਾਜਿਕ ਸੰਸਥਾਵਾਂ, ਰਾਜਨੀਤਿਕ ਪਾਰਟੀਆਂ ਅਤੇ ਪਤਵੰਤਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ਼ਹੀਦਾਂ ਦੀ ਵਿਰਾਸਤ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।ਆਮ ਆਦਮੀ • ਬਾਕੀ ਸਫਾ 2 'ਤੇ


ਲੀਡਰਸ਼ਿਪ ਇਨ ਮੈਂਟਲ ਹੈਲਥ ਪ੍ਰੋਗਰਾਮ

ਪੰਜਾਬ ਦੀ ਮਾਨਸਿਕ ਸਿਹਤ ਕ੍ਰਾਂਤੀ ਦਾ ਹਿੱਸਾ ਬਣੋ!

ਪ੍ਰੋਗਰਾਮ ਦਾ ਵੇਰਵਾ

- ਪੰਜਾਬ ਸਰਕਾਰ ਦੀ ਪ੍ਰਮੁੱਖ "ਯੁੱਧ ਨਸ਼ਿਆਂ ਵਿਰੁੱਧ" ਪਹਿਲ ਨਸ਼ਾ-ਮੁਕਤੀ ਅਤੇ ਲੋਕ-ਭਲਾਈ ਵੱਲ ਇੱਕ ਮਹੱਤਵਪੂਰਨ ਮੁਹਿੰਮ ਹੈ।
- ਲੀਡਰਸ਼ਿਪ ਇਨ ਮੈਂਟਲ ਹੈਲਥ ਪ੍ਰੋਗਰਾਮ (LMHP) ਪੰਜਾਬ ਭਰ ਵਿੱਚ ਮਾਨਸਿਕ ਸਿਹਤ ਸਬੰਧੀ ਜਾਗਰੂਕਤਾ, ਇਲਾਜ ਅਤੇ ਪੁਨਰਵਾਸ ਦੀਆਂ ਆਧੁਨਿਕ ਸੇਵਾਵਾਂ ਨੂੰ ਮਜ਼ਬੂਤ ਬਣਾਉਣ ਲਈ ਕੰਮ ਕਰ ਰਿਹਾ ਹੈ।
- ਡਾਕਟਰ ਬੀ.ਆਰ. ਅੰਬੇਡਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ (AIMS), ਮੋਹਾਲੀ LMHP ਦੇ ਦੂਜੇ ਬੈਚ ਲਈ ਅਰਜ਼ੀਆਂ ਦੀ ਮੰਗ ਕਰਦਾ ਹੈ। ਚੁਣੇ ਗਏ ਉਮੀਦਵਾਰ ਸੂਬੇ ਦੀ ਡਾਟਾ ਇੰਟੈਲੀਜੈਂਸ ਅਤੇ ਟੈਕਨੀਕਲ ਸਹਾਇਤਾ ਯੂਨਿਟ (DITSU) ਨਾਲ ਕੰਮ ਕਰਨਗੇ।
- ਇਸ ਮੁਹਿੰਮ ਦਾ ਹਿੱਸਾ ਬਣ ਕੇ ਸੂਬੇ ਦੇ ਹਰ ਪਿੰਡ ਅਤੇ ਸ਼ਹਿਰ ਵਿੱਚ ਨਸ਼ਾ-ਮੁਕਤੀ ਦੇ ਯਤਨਾਂ ਨੂੰ ਅੱਗੇ ਵਧਾਓ ਅਤੇ ਸਿਹਤ ਸੰਸਥਾਵਾਂ, ਸਕੂਲਾਂ, ਕਾਲਜਾਂ, ਕਮਿਊਨਿਟੀ ਸੈਂਟਰਾਂ ਆਦਿ ਨਾਲ ਮਿਲ ਕੇ ਕੰਮ ਕਰੋ।


ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਮੁੱਖ ਵਿਸ਼ੇਸ਼ਤਾਵਾਂ | ਸਮਾਂ ਸੀਮਾ: 2 ਸਾਲ | ਸਥਾਨ: ਪੂਰੇ ਪੰਜਾਬ ਵਿੱਚ | ਚੋਣ ਅਤੇ ਸਮਰੱਥਾ ਨਿਰਮਾਣ: ਟਾਟਾ ਇੰਸਟੀਟਿਊਟ ਆਫ਼ ਸੋਸ਼ਲ ਸਾਇੰਸਜ਼ (TISS), ਮੁੰਬਈ ਦੁਆਰਾ

ਆਸਾਮੀਆਂ

| ਆਸਾਮੀ | ਆਸਾਮੀਆਂ ਦੀ ਗਿਣਤੀ | ਮਿਹਨਤਾਨਾ | ਘੱਟੋ-ਘੱਟ ਵਿੱਦਿਅਕ ਯੋਗਤਾ ਅਤੇ ਤਜਰਬਾ | ਉਮਰ ਹੱਦ | ਅਪਲਾਈ ਕਰਨ ਦੀ ਆਖਰੀ ਮਿਤੀ |
|---|---|---|---|---|---|
| ਸੀਨੀਅਰ ਐਸੋਸੀਏਟ | 7 | ₹80,000/ਮਹੀਨਾ | ਮਨੋਵਿਗਿਆਨ/ਪਬਲਿਕ ਹੈਲਥ/ਸੋਸ਼ਲ ਵਰਕ ਵਿੱਚ ਮਾਸਟਰਜ਼ ਡਿਗਰੀ ਜਾਂ ਬਰਾਬਰ ਦੀ ਪੜ੍ਹਾਈ, ਘੱਟੋ-ਘੱਟ 48 ਮਹੀਨਿਆਂ ਦੇ ਸਬੰਧਿਤ ਕੰਮ ਜਾਂ ਖੋਜ ਤਜਰਬੇ ਨਾਲ | ਵੱਧ ਤੋਂ ਵੱਧ 35 ਸਾਲ | 9 ਅਗਸਤ, 2026 |
| ਮੈਂਟਲ ਹੈਲਥ ਫੈਲੋ | 10 | ₹60,000/ਮਹੀਨਾ | ਮਨੋਵਿਗਿਆਨ/ਪਬਲਿਕ ਹੈਲਥ/ਸੋਸ਼ਲ ਵਰਕ ਵਿੱਚ ਮਾਸਟਰਜ਼ ਡਿਗਰੀ ਜਾਂ ਬਰਾਬਰ ਦੀ ਪੜ੍ਹਾਈ, ਘੱਟੋ-ਘੱਟ 24 ਮਹੀਨਿਆਂ ਦੇ ਸਬੰਧਿਤ ਕੰਮ ਜਾਂ ਖੋਜ ਤਜਰਬੇ ਨਾਲ | ਵੱਧ ਤੋਂ ਵੱਧ 30 ਸਾਲ | 16 ਅਗਸਤ, 2026 |

*ਯੋਗਤਾ ਮਾਪਦੰਡਾਂ ਅਤੇ ਹੋਰ ਜਾਣਕਾਰੀ ਲਈ ਅਧਿਕਾਰਿਕ ਵੈੱਬਸਾਈਟ 'ਤੇ ਜਾਓ।

ਆਨਲਾਈਨ ਅਪਲਾਈ ਕਰਨ ਲਈ: https://tiss.ac.in/lmhp

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

# ਹਾਕੀ ਖਿਡਾਰੀ ਰਾਜਿੰਦਰ ਸਿੰਘ ਨੇ ਚਮਕਾਇਆ ਪਿੰਡ ਦਾ ਨਾਮ, ਵਿਸ਼ਵ ਕੱਪ ਲਈ ਹੋਈ ਚੋਣ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਹਾਕੀ ਦੀ ਨਰਸਰੀ ਵਜੋਂ ਜਾਣੇ ਜਾਂਦੇ ਸਿਰਸਾ ਜ਼ਿਲ੍ਹੇ ਦੇ ਪਿੰਡ ਸੰਤ ਨਗਰ (ਸ੍ਰੀ ਜੀਵਨ ਨਗਰ) ਦੇ ਹਾਕੀ ਖਿਡਾਰੀ ਰਾਜਿੰਦਰ ਸਿੰਘ ਨੂੰ 2026 ਵਿਸ਼ਵ ਹਾਕੀ ਕੱਪ ਲਈ ਚੁਣੇ ਜਾਣ 'ਤੇ ਸਿਰਸਾ ਜ਼ਿਲ੍ਹੇ ਵਿੱਚ ਖੁਸ਼ੀ ਦਾ ਆਲਮ ਹੈ। ਧਿਆਨ ਰਹੇ ਕਿ ਭਾਰਤੀ ਹਾਕੀ ਟੀਮ ਦੇ ਕਪਤਾਨ ਤੇ ਹਾਕੀ ਸਟਾਰ ਸਰਦਾਰ ਸਿੰਘ ਵੀ ਇਸ ਪਿੰਡ ਤੋਂ ਹਨ। ਹੁਣ ਭਾਰਤੀ ਟੀਮ ਲਈ ਰਾਜਿੰਦਰ ਸਿੰਘ ਦੀ ਚੋਣ ਤੋਂ ਬਾਅਦ ਇਹ ਪਿੰਡ ਇੱਕ ਵਾਰ ਫਿਰ ਸੁਰਖੀਆਂ ਵਿੱਚ ਹੈ। 2026 ਦੇ ਵਿਸ਼ਵ ਹਾਕੀ ਕੱਪ ਲਈ ਹਾਕੀ ਇੰਡੀਆ ਦੀ ਸੂਚੀ ਵਿੱਚ ਰਾਜਿੰਦਰ ਸਿੰਘ ਨੂੰ 19 ਸਤੰਬਰ ਤੋਂ ਜਾਪਾਨ ਵਿੱਚ ਹੋਣ ਵਾਲੀਆਂ ਏਸ਼ੀਆਈ ਖੇਡਾਂ ਲਈ 20 ਮੈਂਬਰੀ ਟੀਮ ਵਿੱਚ ਸ਼ਾਮਲ ਕੀਤਾ ਹੈ, ਜਿਸ ਵਿੱਚ ਜਾਪਾਨ, ਦੱਖਣੀ ਕੋਰੀਆ, ਬੰਗਲਾਦੇਸ਼, ਸ਼੍ਰੀਲੰਕਾ ਤੇ ਇੰਡੋਨੇਸ਼ੀਆ ਦੀਆਂ ਟੀਮਾਂ ਵੀ ਸ਼ਾਮਲ ਹੋਣਗੀਆਂ। ਭਾਰਤੀ ਟੀਮ ਦਾ ਪਹਿਲਾ ਮੈਚ 20 ਸਤੰਬਰ ਨੂੰ ਇੰਡੋਨੇਸ਼ੀਆ ਵਿਰੁੱਧ ਹੋਣਾ ਹੈ। ਹਰਮਨਪ੍ਰੀਤ ਸਿੰਘ ਨੂੰ ਭਾਰਤੀ ਟੀਮ ਦਾ ਕਪਤਾਨ ਨਿਯੁਕਤ ਕੀਤਾ ਗਿਆ ਹੈ ਤੇ ਰਾਜਿੰਦਰ ਮਿੱਡ-ਫੀਲਡਰ ਵਜੋਂ ਖੇਡਣਗੇ। ਰਾਜਿੰਦਰ ਦੇ ਕੋਚ ਹਰਵਿੰਦਰ ਸਿੰਘ ਨੇ ਕਿਹਾ ਕਿ ਭਾਰਤੀ ਹਾਕੀ ਟੀਮ ਅਗਸਤ ਵਿੱਚ ਹੋਣ ਵਾਲੇ 2026 ਵਿਸ਼ਵ ਹਾਕੀ ਕੱਪ ਟੂਰਨਾਮੈਂਟ ਲਈ ਅੱਜ ਨੀਦਰਲੈਂਡ ਲਈ ਰਵਾਨਾ ਹੋਈ। ਪਿੰਡ ਸੰਤ ਨਗਰ ਦੇ ਹਾਕੀ ਖਿਡਾਰੀ ਰਜਿੰਦਰ ਸਿੰਘ ਦਾ ਕਹਿਣਾ ਹੈ ਕਿ ਮੈਂ ਆਪਣੀ ਸਾਰੀ ਮਿਹਨਤ ਦਾ ਸਿਹਰਾ ਆਪਣੇ ਕੋਚ ਹਰਵਿੰਦਰ ਸਿੰਘ ਨੂੰ ਦੇਣਾ ਚਾਹਾਂਗਾ, ਜਿਨ੍ਹਾਂ ਨੇ ਹਮੇਸ਼ਾ ਮੈਨੂੰ ਉਤਸ਼ਾਹਤ ਕੀਤਾ ਤੇ ਇੱਥੇ ਤੱਕ ਪਹੁੰਚਿਆ ਹੈ।

# ਝਾੜ ਸਾਹਿਬ ਕਾਲਜ 'ਚ ਕੈਲੀਗ੍ਰਾਫ਼ੀ ਵਰਕਸ਼ਾਪ ਕਰਵਾਈ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੇ ਦਿਸ਼ਾ-ਨਿਰਦੇਸ਼ ਤੇ ਆਈ.ਕਿਊ. ਏ.ਸੀ ਦੇ ਸਹਿਯੋਗ ਨਾਲ ਕਾਲਜ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਮਹੀਪਿੰਦਰ ਕੌਰ, ਜਸਵੀਰ ਕੌਰ ਤੇ ਅੰਗਰੇਜ਼ੀ ਵਿਭਾਗ ਦੇ ਮੁਖੀ ਮਿਸ ਸ਼ਹਿਨਾਜ, ਨਵਨੀਤ ਕੌਰ ਦੀ ਯੋਗ ਅਗਵਾਈ ਹੇਠ ਰਚਨਾਤਮਕਤਾ ਭਾਸ਼ਾਈ ਸੋਧ ਤੇ ਸੁੰਦਰ ਲਿਖਾਈ ਦੀ ਕਲਾ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਕਾਲਜ ਵਿਖੇ ਕੈਲੀਗ੍ਰਾਫੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਵਰਕਸ਼ਾਪ ਵਿੱਚ ਵਿਦਿਆਰਥਣਾਂ ਨੇ ਵਧ-ਚੜ੍ਹ ਕੇ ਹਿੱਸਾ ਲਿਆ।ਵਰਕਸ਼ਾਪ ਦੌਰਾਨ ਵਿਦਿਆਰਥਣਾਂ ਨੂੰ ਪੰਜਾਬੀ ਤੇ ਅੰਗ੍ਰੇਜ਼ੀ ਕੈਲੀਗ੍ਰਾਫੀ ਦੀਆਂ ਵੱਖ-ਵੱਖ ਸ਼ੈਲੀਆਂ, ਅੱਖਰਾਂ ਦੀ ਬਣਤਰ , ਸੁੰਦਰ ਲਿਖਾਈ ਦੇ ਸਿਧਾਂਤਾਂ ਤੇ ਕਲਾਤਮਕ ਪ੍ਰਸਤੁਤੀ ਦੀਆਂ ਤਕਨੀਕਾਂ ਬਾਰੇ ਮਿਸ ਸ਼ਹਿਨਾਜ ਤੇ ਮਿਸ ਸੰਦੀਪ ਕੌਰ ਵੱਲੋਂ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਦੇ ਨਾਲ ਹੀ ਵਿਦਿਆਰਥਣਾਂ ਨੂੰ ਪ੍ਰਯੋਗਾਤਮਕ ਅਭਿਆਸ ਰਾਹੀਂ ਆਪਣੇ ਹੁਨਰ ਨੂੰ ਨਿਖਾਰਨ ਦਾ ਮੌਕਾ ਵੀ ਪ੍ਰਦਾਨ ਕੀਤਾ ਗਿਆ। ਵਿਦਿਆਰਥਣਾਂ ਨੇ ਆਪਣੀ ਰੁਚੀ ਦਿਖਾਉਂਦੇ ਹੋਏ ਕਲਾਤਮਕ ਸੋਚ ਤੇ ਸੁੰਦਰ ਲਿਖਾਈ ਦਾ ਪ੍ਰਭਾਵਸ਼ਾਲੀ ਪ੍ਰਦਰਸ਼ਨ ਕਰਦਿਆਂ ਵਰਕਸ਼ਾਪ ਨੂੰ ਸਫਲ ਬਣਾਇਆ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ ਰਾਜਿੰਦਰ ਕੌਰ ਨੇ ਪੰਜਾਬੀ ਤੇ ਅੰਗਰੇਜ਼ੀ ਵਿਭਾਗ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਤੇ ਵਿਦਿਆਰਥਣਾਂ ਨੂੰ ਅਜਿਹੀਆਂ ਸਹਿ-ਵਿਦਿਅਕ ਗਤੀਵਿਧੀਆ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।

# ਵਿਧਾਇਕ ਵੱਲੋਂ ਵੱਖ-ਵੱਖ ਪਿੰਡਾਂ ਦੇ ਵਿਕਾਸ ਕਾਰਜਾਂ ਦੇ ਉਦਘਾਟਨ




**ਜਲਾਲਾਬਾਦ (ਨਿਸ਼ਾ ਸ਼ਰਮਾ)**-ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਵਲੋਂ ਹਲਕੇ ਦੇ ਪਿੰਡ ਢੰਡੀ ਖੁਰਦ ਵਿਖ਼ੇ ਨਵੇਂ ਬਣੇ ਸਟੇਡੀਅਮ, ਮੋਹਕਮ ਅਰਾਇਆਂ ਵਿਖ਼ੇ ਗੰਦੇ ਪਾਣੀ ਦੀ ਨਿਕਾਸੀ ਲਈ ਪਾਈਪ ਲਾਈਨ, ਪਿੰਡ ਕਾਹਨੇ ਵਾਲਾ ਵਿਖ਼ੇ ਲਾਇਬ੍ਰੇਰੀ, ਢਾਣੀ ਫੁੱਲਾਂ ਸਿੰਘ ਵਿਖ਼ੇ ਪੰਚਾਇਤ ਘਰ ਤੇ ਢਾਣੀ ਹਜ਼ਾਰਾਂ ਵਿਖ਼ੇ ਪਬਲਿਕ ਸ਼ੈੱਡ ਦਾ ਉਦਘਾਟਨ ਕੀਤਾ ਗਿਆ। ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਬਪੱਖੀ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡੀ ਜਾ ਰਹੀ ਹੈ। ਇਸੇ ਤਹਿਤ ਹੀ ਕਰੋੜਾਂ ਰੁਪਏ ਦੀ ਰਾਸ਼ੀ ਨਾਲ ਹਲਕੇ ਵਿੱਚ ਵੱਖ-ਵੱਖ ਵਿਕਾਸ ਕਾਰਜ ਵੀ ਕਰਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਤੇ ਨਸ਼ਿਆਂ ਤੋਂ ਦੂਰ ਰੱਖਣ ਲਈ ਪਿੰਡਾਂ ਵਿੱਚ ਖੇਡ ਸਟੇਡੀਅਮ ਬਣਵਾਏ ਜਾ ਰਹੇ ਹਨ ਤੇ ਪਿੰਡਾਂ ਵਿੱਚੋਂ ਗੰਦੇ ਪਾਣੀ ਦੀ ਨਿਕਾਸੀ ਦੇ ਲਈ ਅੰਡਰ ਗਰਾਊਂਡ ਪਾਈਪ ਲਾਈਨਾਂ ਵੀ ਪਾਈਆਂ ਜਾ ਰਹੀਆਂ ਹਨ।ਇਸ ਤੋਂ ਇਲਾਵਾ ਨੌਜਵਾਨਾਂ ਨੂੰ ਰੁਜ਼ਗਾਰ ਦੇ ਵਸੀਲੇ ਪ੍ਰਦਾਨ ਕਰਨ ਲਈ ਪਿੰਡਾਂ ਵਿੱਚ ਲਾਇਬ੍ਰੇਰੀਆਂ ਬਣਾਈਆਂ ਜਾ ਰਹੀਆਂ ਹਨ ਤਾਂ ਜੁ ਨੌਜਵਾਨ ਇੱਕ ਛੱਤ ਹੇਠਾਂ ਹੀ ਆਪਣੀ ਉੱਚ ਪੱਧਰੀ ਪੜ੍ਹਾਈ ਦੀ ਤਿਆਰੀ ਕਰ ਸਕਣ। ਪਿੰਡਾਂ ਵਿੱਚ ਪੰਚਾਇਤ ਘਰ ਤੇ ਪਬਲਿਕ ਸ਼ੈੱਡ ਵੀ ਬਣਾਏ ਜਾ ਰਹੇ ਹਨ ਤਾਂ ਜੁ ਪਿੰਡ ਦੇ ਲੋਕਾਂ ਦੀ ਸਾਂਝ ਬਣੀ ਰਹੇ ਅਤੇ ਪਿੰਡਾਂ ਦੇ ਸਾਂਝੇ ਕੰਮ ਇੱਕ ਛੱਤ ਹੇਠਾਂ ਹੀ ਹੋ ਸਕਣ।

# ਸਰਕਾਰ ਅੰਗਹੀਣਾਂ ਨਾਲ ਕੀਤੇ ਵਾਅਦੇ ਪੂਰੇ ਕਰਨ 'ਚ ਨਾਕਾਮ : ਅਵਿਨਾਸ਼ ਸ਼ਰਮਾ



**ਮਾਨਸਾ (ਆਤਮਾ ਸਿੰਘ ਪਮਾਰ)**-ਫ਼ਿਜ਼ੀਕਲੀ ਹੈਂਡੀਕੈਪਡ ਐਸੋਸੀਏਸ਼ਨ ਦੀ ਜ਼ਿਲ੍ਹਾ ਮਾਨਸਾ ਇਕਾਈ ਨੇ ਪੰਜਾਬ ਸਰਕਾਰ 'ਤੇ ਵਾਅਦਾਖਿਲਾਫੀ ਦਾ ਦੋਸ਼ ਲਾਉਂਦਿਆਂ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਨੂੰ ਤੇਜ਼ ਕਰਨ ਦਾ ਫੈਸਲਾ ਕੀਤਾ ਹੈ।ਬਾਲ ਭਵਨ ਵਿਖੇ ਅੰਗਹੀਣਾਂ ਨੂੰ ਦਰਪੇਸ਼ ਮੁਸ਼ਕਲਾਂ ਤੇ ਲਟਕਦੀਆਂ ਮੰਗਾਂ 'ਤੇ ਵਿਚਾਰ ਚਰਚਾ ਕੀਤੀ ਗਈ। ਜਥੇਬੰਦੀ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਅੰਗਹੀਣ ਵਰਗ ਨਾਲ ਜੋ ਵਾਅਦੇ ਕੀਤੇ ਗਏ ਸਨ। ਜੇਕਰ ਉਨ੍ਹਾਂ 'ਤੇ ਤੁਰੰਤ ਐਲਾਨ ਨਾ ਕੀਤਾ ਤਾਂ ਉਹ ਸਰਕਾਰ ਵਿਰੁੱਧ ਮੋਹਾਲੀ ਚੰਡੀਗੜ੍ਹ ਮੁੱਖ ਮਾਰਗ ਨੂੰ ਜਾਮ ਕਰਕੇ ਰੋਸ ਪ੍ਰਦਰਸ਼ਨ ਕਰਨਗੇ।ਜ਼ਿਲ੍ਹਾ ਪ੍ਰਧਾਨ ਅਵਿਨਾਸ਼ ਸ਼ਰਮਾ ਨੇ ਦੋਸ਼ ਲਾਇਆ ਹੈ ਕਿ ਸਾਲ 2022 ਦੀਆਂ ਚੋਣਾਂ ਤੋਂ ਪਹਿਲਾਂ ਉਨ੍ਹਾਂ ਦੇ ਧਰਨਿਆਂ 'ਚ ਸ਼ਮੂਲੀਅਤ ਕਰਕੇ ਆਪਣੀ ਸਰਕਾਰ ਬਣਨ 'ਤੇ ਸਾਰੀਆਂ ਮੰਗਾਂ ਪੂਰੀਆਂ ਕਰਨ ਦਾ ਭਰੋਸਾ ਦੇਣ ਵਾਲੀ 'ਆਪ' ਸਰਕਾਰ ਆਪਣੇ ਹੀ ਸਾਢੇ ਚਾਰ ਸਾਲ ਦੌਰਾਨ ਉਨ੍ਹਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਵਿੱਚ ਪੂਰੀ ਤਰ੍ਹਾਂ ਨਾਕਾਮ ਸਾਬਤ ਹੋਈ ਹੈ ਤੇ ਹੁਣ ਉਨ੍ਹਾਂ ਨੂੰ ਦਰਕਿਨਾਰ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਆਪਣੇ ਸਿਆਸੀ ਹਿੱਤਾਂ ਨੂੰ ਪੂਰਾ ਕਰਨ ਲਈ ਕਈ ਵਰਗਾਂ ਨੂੰ ਤਾਂ ਮਾਨ-ਸਨਮਾਨ ਦਿੱਤਾ ਗਿਆ ਹੈ, ਪਰ ਸਮਾਜ ਵਿੱਚ ਸਭ ਤੋਂ ਜ਼ਿਆਦਾ ਜ਼ਰੂਰਤਮੰਦ ਅੰਗਹੀਣ ਵਰਗ ਨੂੰ ਪੂਰੀ ਤਰ੍ਹਾਂ ਅਣਗੌਲਿਆ ਕਰ ਦਿੱਤਾ ਗਿਆ ਹੈ।

# ਸ੍ਰੀ ਖਾਟੂ ਸ਼ਿਆਮ ਮੰਦਰ ਕਮੇਟੀ ਵੱਲੋਂ ਧਾਰਮਿਕ ਸਮਾਗਮ



**ਨਾਭਾ (ਅਮਨ ਗਰਗ)**-ਦੁਲੱਦੀ ਗੇਟ ਨੇੜੇ ਨਵੇਂ ਬਣ ਰਹੇ ਸ਼੍ਰੀ ਖਾਟੂ ਸ਼ਿਆਮ ਮੰਦਿਰ ਵਿਖੇ ਸ੍ਰੀ ਖਾਟੂ ਸ਼ਿਆਮ ਮੰਦਿਰ ਕਮੇਟੀ ਵਲੋਂ ਪ੍ਰਧਾਨ ਵਿਕਾਸ ਗੋਇਲ ਦੀ ਅਗਵਾਈ ਹੇਠ ਧਾਰਮਿਕ ਸਮਾਗਮ ਕਰਾਇਆ ਗਿਆ। ਸਮਾਗਮ ਦੌਰਾਨ ਮਸ਼ਹੂਰ ਭਜਨ ਗਾਇਕ ਰੋਹਿਤ ਅਟਵਾਲ ਵਾਲਿਆਂ ਵੱਲੋਂ ਆਪਣੇ ਭਜਨਾਂ ਰਾਹੀਂ ਸ੍ਰੀ ਸ਼ਿਆਮ ਬਾਬਾ ਦਾ ਗੁਣਗਾਣ ਕਰਕੇ ਸ਼ਰਧਾਲੂਆਂ ਨੂੰ ਨਿਹਾਲ ਕੀਤਾ ਗਿਆ ਤੇ ਉਨ੍ਹਾਂ ਆਪਣੇ ਭਜਨਾਂ ਰਾਹੀਂ ਨੱਚਣ ਲਈ ਮਜਬੂਰ ਕੀਤਾ ਗਿਆ।ਸਮਾਗਮ ਦੌਰਾਨ ਪੂਜਾ ਦੀ ਰਸਮ ਸਾਹਿਲ ਅਰੋੜਾ ਵਲੋਂ ਕੀਤੀ ਗਈ।ਅੰਤ ਵਿੱਚ ਅਤੁੱਟ ਲੰਗਰ ਵਰਤਾਇਆ ਗਿਆ।ਪ੍ਰਧਾਨ ਵਿਕਾਸ ਗੋਇਲ, ਜਨਰਲ ਸਕੱਤਰ ਰਾਜੇਸ਼ ਗਰਗ, ਵਾਈਸ ਪ੍ਰਧਾਨ ਲਵਲੀ ਗੋਇਲ ਤੇ ਸਮੂਹ ਮੈਂਬਰਾਂ ਵੱਲੋਂ ਭਜਨ ਗਾਇਕ ਤੇ ਆਈਆਂ ਹੋਈਆਂ ਸ਼ਖਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

# ਸਰਪੰਚ ਯੂਨੀਅਨ ਮੋਰਿੰਡਾ ਦੇ ਗੁਰਪ੍ਰੀਤ ਸਿੰਘ ਫੌਜੀ ਪ੍ਰਧਾਨ ਬਣੇ



**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਸਰਪੰਚ ਯੂਨੀਅਨ ਬਲਾਕ ਮੋਰਿੰਡਾ ਦੀ ਅਹਿਮ ਮੀਟਿੰਗ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਮੋਰਿੰਡਾ ਵਿਖੇ ਜ਼ਿਲ੍ਹਾ ਪ੍ਰਧਾਨ ਬਿੱਟੂ ਬਾਜਵਾ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਸਮੂਹ ਸਰਪੰਚਾਂ ਦੁਆਰਾ ਯੂਨੀਅਨ ਦੇ ਅਹੁਦੇਦਾਰਾਂ ਦੀ ਚੋਣ ਸਰਬ ਸੰਮਤੀ ਨਾਲ ਕੀਤੀ ਗਈ ਜਿਸ ਵਿੱਚ ਸਰਪੰਚ ਗੁਰਪ੍ਰੀਤ ਸਿੰਘ ਫੌਜੀ ਅਮਰਾਲੀ ਨੂੰ ਪ੍ਰਧਾਨ, ਹਰਪ੍ਰੀਤ ਕੌਰ ਰਾਜੂ ਬੂਰਮਾਜਰਾ ਨੂੰ ਸੀਨੀਅਰ ਮੀਤ ਪ੍ਰਧਾਨ, ਮਨਵੀਰ ਸਿੰਘ ਰਾਮਗੜ੍ਹ ਨੂੰ ਮੀਤ ਪ੍ਰਧਾਨ, ਇੰਦਰਜੀਤ ਸਿੰਘ ਰੰਗੀਆਂ ਨੂੰ ਸੈਕਟਰੀ, ਗੁਰਮੀਤ ਕੌਰ ਅਰਨੋਲੀ ਨੂੰ ਖਜਾਨਚੀ, ਦਵਿੰਦਰ ਸਿੰਘ ਮਝੈਲ ਡੂਮਛੇੜੀ ਤੇ ਤਰਸੇਮ ਸਿੰਘ ਸੋਲਖੀਆਂ ਨੂੰ ਮੁੱਖ ਸਲਾਹਕਾਰ ਚੁਣਿਆ ਗਿਆ।ਇਸ ਮੌਕੇ ਸਰਪੰਚ ਮੇਜਰ ਓਇੰਦ, ਸਰਪੰਚ ਗੁਰਜੀਤ ਸਿੰਘ ਮੰਡਾਂ, ਸਰਪੰਚ ਦਲਵੀਰ ਸਿੰਘ ਮੁੰਡੀਆ ਸਰਪੰਚ ਦਵਿੰਦਰ ਸਿੰਘ ਮਝੈਲ ਡੂਮਛੇੜੀ, ਨਰਾਤਾ ਸਿੰਘ ਅਰਨੌਲੀ ਸਮੇਤ ਹੋਰ ਸਰਪੰਚ ਹਾਜਰ ਸਨ।

# ਊਧਮ ਸਿੰਘ ਦੇ ਵਾਰਸਾਂ ਨੂੰ ਆਪਣੀ ਤਾਕਤ ਦਾ ਕਿਲਾ ਉਸਾਰਨ ਦਾ ਸੱਦਾ



**ਜਲੰਧਰ (ਨ ਜ਼ ਸ)** ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਨੇ ਇਤਿਹਾਸਕ ਪੱਖੋਂ ਮਹੱਤਵਪੂਰਨ ਅਤੇ ਅਜੋਕੇ ਸਮੇਂ ਦੇ ਭਖਦੇ ਸੁਆਲਾਂ ਨੂੰ ਲੋਕ-ਪੱਖੀ ਦ੍ਰਿਸ਼ਟੀ ਤੋਂ ਮੁਖ਼ਾਤਬ ਹੁੰਦਿਆਂ ਦਰਸਾ ਦਿੱਤਾ ਕਿ ਆਪਣੇ ਇਤਿਹਾਸ ਅਤੇ ਮਹਿਬੂਬ ਸ਼ਹੀਦਾਂ ਦੀ ਕਹਾਣੀ ਨੂੰ ਪੂਰੀ ਕਰਨ ਵੱਲ ਜਾਂਦੇ ਮਾਰਗ ਉਘਾੜਨ ਦੀ ਲੋੜ ਹੈ। ਇਹ ਸੀ ਕੇਂਦਰੀ ਸੁਨੇਹਾ ਸ਼ੁੱਕਰਵਾਰ ਸਥਾਨਕ ਦੇਸ਼ ਭਗਤ ਯਾਦਗਾਰ ਹਾਲ 'ਚ ਮਨਾਏ ਗਏ ਸ਼ਹੀਦ ਊਧਮ ਸਿੰਘ ਯਾਦਗਾਰੀ ਸਮਾਗਮ ਦਾ। ਸਮਾਗਮ ਦਾ ਨਿਸ਼ਚਤ ਵਿਸ਼ਾ-ਵਸਤੂ ਸੀ ਮੁਲਕ ਦੇ ਉੱਘੇ ਖੋਜੀ ਲੇਖਕ, ਇਤਿਹਾਸਕਾਰ ਅਤੇ ਰੰਗਕਰਮੀ ਸ਼ਮਸੁਲ ਇਸਲਾਮ ਦੀ ਲਿਖੀ ਕਿਤਾਬ, "ਭਾਰਤ-ਵੰਡ ਵਿਰੋਧੀ ਮੁਸਲਮਾਨ"। ਪੰਜਾਬੀ ਵਿੱਚ ਬੂਟਾ ਸਿੰਘ ਮਹਿਮੂਦਪੁਰ ਵੱਲੋਂ ਅਨੁਵਾਦਿਤ ਇਸ ਪੁਸਤਕ ਉਪਰ ਇਸ ਸਮਾਗਮ ਮੌਕੇ ਰੱਖੀ ਵਿਚਾਰ-ਚਰਚਾ ਦੇ ਮੁੱਖ ਵਕਤਾ ਵੀ ਬੂਟਾ ਸਿੰਘ ਮਹਿਮੂਦਪੁਰ ਸਨ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਗੁਰਮੀਤ ਸਿੰਘ ਨੇ ਕਿਹਾ ਕਿ ਮਹਾਨ ਸ਼ਹੀਦ ਊਧਮ ਸਿੰਘ ਦੇ ਸੰਗਰਾਮੀ ਜੀਵਨ ਸਫ਼ਰ ਤੋਂ ਪ੍ਰੇਰਨਾ ਲੈ ਕੇ, ਖ਼ਾਸ ਕਰਕੇ ਚੜ੍ਹਦੀ ਜੁਆਨੀ ਨੂੰ ਦੇਸ਼ ਪ੍ਰਦੇਸ਼ ਅੰਦਰ ਰੁਲਣ ਦੀ ਬਜਾਏ ਗਦਰੀ ਦੇਸ਼ ਭਗਤਾਂ, ਊਧਮ ਸਿੰਘ ਅਤੇ ਇਸ ਤੋਂ ਅਗਲੀ ਲੜੀ ਦੇ ਸ਼ਹੀਦਾਂ ਦੇ ਸੁਪਨੇ ਪੂਰੇ ਕਰਨ ਲਈ ਆਪਣੀਆਂ ਜ਼ਿੰਦਗੀਆਂ ਆਜ਼ਾਦੀ, ਜਮਹੂਰੀਅਤ, ਬਰਾਬਰੀ ਦੇ ਮਹਾਨ ਕਾਜ ਲਈ ਸਮਰਪਤ ਕਰਨ ਦੀ ਲੋੜ ਹੈ।

ਊਧਮ ਸਿੰਘ ਸ਼ਹੀਦੀ ਸਮਾਗਮ ਮੌਕੇ ਰੱਖੀ ਵਿਚਾਰ-ਚਰਚਾ ਦੇ ਮੁੱਖ ਬੁਲਾਰੇ ਬੂਟਾ ਸਿੰਘ ਮਹਿਮੂਦਪੁਰ ਨੇ ਆਪਣੇ ਕੁੰਜੀਵਤ ਭਾਸ਼ਣ 'ਚ ਕਿਹਾ, "ਸ਼ਮਸੁਲ ਇਸਲਾਮ ਦੀ ਪੁਸਤਕ, "ਭਾਰਤ-ਵੰਡ ਵਿਰੋਧੀ ਮੁਸਲਮਾਨ" ਅਤੀਤ ਦੀ ਬੁੱਕਲ ਵਿੱਚ ਛੁਪੀ ਪਈ ਜਾਂ ਇਉਂ ਕਹੀਏ ਕਿ ਛੁਪਾ ਦਿੱਤੀ ਸਾਡੀ ਸਾਂਝੀ, ਅਮੀਰ ਇਤਿਹਾਸਕ ਵਿਰਾਸਤ ਦਾ ਅਨਮੋਲ ਇਤਿਹਾਸਕ ਖ਼ਜ਼ਾਨਾ ਉਘਾੜ ਕੇ ਸਾਡੇ ਰੂ-ਬ-ਰੂ ਕਰਦੀ ਹੈ ਜਿਸ ਉਪਰ ਇੱਕ ਨਹੀਂ ਸਗੋਂ ਸੰਵਾਦ-ਚਰਚਾਵਾਂ ਦੀ ਨਿਰੰਤਰ ਲੜੀ ਲੋੜੀਂਦੀ ਹੈ।"

ਉਨ੍ਹਾਂ ਕਿਹਾ ਕਿ ਸ਼ਮਸੁਲ ਇਸਲਾਮ ਠੋਸ ਇਤਿਹਾਸਕ ਤੱਥਾਂ ਦੇ ਹਵਾਲੇ ਨਾਲ ਪੁਸਤਕ ਨੂੰ ਇਹ ਅਮੀਰੀ ਪ੍ਰਦਾਨ ਕਰਦਾ ਹੈ ਕਿ ਉੱਚੀ-ਸੁੱਚੀ ਸੋਚ ਦੇ ਮਾਲਕ ਦੇਸ਼-ਪ੍ਰੇਮੀ ਮੁਸਲਮਾਨਾਂ ਦੀ ਆਜ਼ਾਦੀ ਜੱਦੋ-ਜਹਿਦ ਮੌਕੇ ਲੰਮੀ, ਸਿਰੜੀ ਦੇਣ ਅਤੇ ਮੁਲਕ ਦੀ ਵੰਡ ਮੌਕੇ ਨਿਭਾਈ ਸ਼ਾਨਾਮੱਤੀ ਭੂਮਿਕਾ ਨੂੰ ਕਿਸੇ ਵੀ ਫ਼ਿਰਕੂ ਫਾਸ਼ੀ ਤਾਕਤ ਵਿੱਚ ਦਫ਼ਨਾਇਆ ਨਹੀਂ ਜਾ ਸਕਦਾ। ਬੂਟਾ ਸਿੰਘ ਨੇ ਕਿਹਾ ਕਿ ਮੁਸਲਿਮ ਲੀਗ ਦੀ ਫ਼ਿਰਕੂ ਰਾਜਨੀਤੀ ਦੇ ਖ਼ਿਲਾਫ਼ ਇੱਕ ਸਾਂਝੇ ਭਾਰਤ ਲਈ ਸੰਘਰਸ਼ਸ਼ੀਲ ਮੁਸਲਮਾਨਾਂ ਦੀ ਅਗਵਾਈ ਕਰਨ ਤੋਂ ਇਲਾਵਾ ਅੱਲ੍ਹਾ ਬਖ਼ਸ਼ ਨੇ ਅੰਗਰੇਜ਼ਾਂ ਦੇ ਤਾਨਾਸ਼ਾਹ ਰਾਜ ਨੂੰ ਵੰਗਾਰਨ ਦਾ ਰਾਹ ਚੁਣਿਆ। ਹਰ ਵੰਨਗੀ ਦੀ ਫ਼ਿਰਕਾਪ੍ਰਸਤੀ, ਕੱਟੜਤਾ ਅਤੇ ਤੰਗ ਨਜ਼ਰੀ ਖ਼ਿਲਾਫ਼ ਸਾਂਝੇ ਵਤਨ ਦੀ ਆਜ਼ਾਦੀ ਲਈ ਜੂਝਣ ਦਾ ਪੈਗ਼ਾਮ ਦੇਣ ਕਾਰਨ ਹੀ ਅੱਲ੍ਹਾ ਬਖ਼ਸ਼ ਨੂੰ 14 ਮਈ 1943 ਨੂੰ ਕਤਲ ਕਰ ਦੇਣ ਦਾ ਜ਼ਿਕਰ ਕਰਦਿਆਂ ਉਹਨਾਂ ਕਿਹਾ ਕਿ ਉਹਨਾਂ ਦੇ ਲਹੂ ਦੀ ਗਾਥਾ ਨੂੰ ਕਿਵੇਂ ਭੁਲਾਇਆ ਜਾਂ ਮੇਟਿਆ ਜਾ ਸਕਦਾ ਹੈ ਜਿਨ੍ਹਾਂ ਮੁਸਲਮਾਨ ਆਗੂਆਂ ਨੇ ਧਰਮ, ਫ਼ਿਰਕੇ ਤੋਂ ਕਿਤੇ ਉੱਚੇ ਉੱਠ ਕੇ ਮੁਲਕ ਦੀ ਆਜ਼ਾਦੀ ਲਈ ਆਪਾ ਵਾਰਿਆ। ਪ੍ਰੋ. ਤੇਜਿੰਦਰ ਵਿਰਲੀ ਨੇ ਕਿਤਾਬ ਦੇ ਮਹੱਤਵਪੂਰਨ ਪੱਖਾਂ ਦੀ ਸਿਫ਼ਤ ਕਰਦਿਆਂ ਵਿਸ਼ੇਸ਼ ਨੁਕਤੇ 'ਤੇ ਉਂਗਲ ਧਰੀ ਕਿ ਕਿਤਾਬ ਬਰਤਾਨਵੀ ਸਾਮਰਾਜ ਦੇ ਕੋਝੇ ਮਨਸ਼ਿਆਂ ਅਤੇ ਫ਼ਿਰਕੇਦਾਰਾਨਾ ਕੰਧਾਂ ਕੱਢਣ ਅਤੇ ਨਫ਼ਰਤ ਦੇ ਝੱਖੜ ਝੁਲਾਉਣ ਦੇ ਕੁਕਰਮਾਂ ਦਾ ਜ਼ਿਕਰ ਨਹੀਂ ਕਰਦੀ, ਜੋ ਕਿ ਹੋਣਾ ਚਾਹੀਦਾ ਸੀ। ਵਿਚਾਰ-ਚਰਚਾ ਦੇ ਪ੍ਰਧਾਨਗੀ ਮੰਡਲ ਦੀ ਤਰਫ਼ੋਂ ਸੰਬੋਧਨ ਕਰਦੇ ਹੋਏ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੀਤ ਪ੍ਰਧਾਨ ਡਾ. ਪਰਮਿੰਦਰ ਨੇ ਕਿਹਾ ਕਿ ਮੁਲਕ ਦੇ ਮੌਜੂਦਾ ਨਾਜ਼ੁਕ ਦੌਰ ਅੰਦਰ ਸ਼ਮਸੁਲ ਇਸਲਾਮ ਦੀ ਕਿਤਾਬ ਬੇਹੱਦ ਮੁੱਲਵਾਨ ਹੈ। ਡਾ. ਪਰਮਿੰਦਰ ਨੇ ਕਿਹਾ ਕਿ ਅੱਜ ਜੰਤਰ ਮੰਤਰ ਅਤੇ ਮੁਲਕ ਦੇ ਅਲੱਗ-ਅਲੱਗ ਖੇਤਰਾਂ ਅੰਦਰ ਜਿਵੇਂ ਹਮਲੇ ਹੋ ਰਹੇ ਹਨ, ਅਜਿਹੇ ਮੌਕੇ ਲੋਕ-ਪੱਖੀ, ਧਰਮ-ਨਿਰਪੱਖ ਤਾਕਤਾਂ ਨੂੰ ਸ਼ਕਤੀਸ਼ਾਲੀ ਹੋ ਕੇ ਮੈਦਾਨ 'ਚ ਨਿੱਤਰਨ ਦਾ ਸੁਨੇਹਾ ਦਿੰਦੀ ਹੈ ਅੱਜ ਦੀ ਵਿਚਾਰ-ਚਰਚਾ। ਅੱਜ ਦੇ ਸਮਾਗਮ ਦੇ ਮੰਚ ਸੰਚਾਲਕ, ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਕਿਹਾ ਕਿ ਸਾਡੇ ਮੁਲਕ ਅੰਦਰ ਵੇਲਾ ਬਹੁਤ ਨਾਜ਼ੁਕ ਹੈ, ਸ਼ਹੀਦ ਊਧਮ ਸਿੰਘ ਦੇ ਵਾਰਸਾਂ ਨੂੰ ਆਪਣੀ ਤਾਕਤ ਦਾ ਕਿਲ੍ਹਾ ਉਸਾਰਨ ਦੀ ਲੋੜ ਹੈ। ਜੇਕਰ ਅਵੇਸਲੇ ਰਹੇ ਅਤੇ ਲੋਕ ਪੱਖੀ ਮਜ਼ਬੂਤ ਤਾਕਤ ਨਾ ਉਸਾਰੀ ਤਾਂ 'ਭਾਰਤ ਵੰਡ' ਨਾਲੋਂ ਵੀ ਕਿਤੇ ਗੰਭੀਰ ਹਾਲਾਤ ਨਾਲ ਮੱਥਾ ਲੱਗੇਗਾ।

# ਪ੍ਰਿੰਸੀਪਲ ਛਬੀਲ ਦਾਸ ਦੀ ਯਾਦ 'ਚ ਖੋਜ ਐਵਾਰਡ ਕਾਇਮ

**ਪਟਿਆਲਾ (ਨਵਾਂ ਜ਼ਮਾਨਾ ਸਰਵਿਸ)** ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਸ਼ਹੀਦ ਭਗਤ ਸਿੰਘ ਦੇ ਗੁਰੂ ਅਤੇ ਨੈਸ਼ਨਲ ਕਾਲਜ ਲਾਹੌਰ ਦੇ ਪ੍ਰਿੰਸੀਪਲ ਰਹੇ ਆਜ਼ਾਦੀ ਘੁਲਾਟੀਏ ਪ੍ਰਿੰਸੀਪਲ ਛਬੀਲ ਦਾਸ ਦੀ ਯਾਦ ਵਿੱਚ ਇੱਕ ਵਿਸ਼ੇਸ਼ ਖੋਜ ਐਵਾਰਡ ਸਥਾਪਤ ਕੀਤਾ ਗਿਆ ਹੈ। ਪ੍ਰਿੰਸੀਪਲ ਛਬੀਲ ਦਾਸ ਨੈਸ਼ਨਲ ਕਾਲਜ ਲਾਹੌਰ ਵਿੱਚ ਭਗਤ ਸਿੰਘ ਦੇ ਅਧਿਆਪਕ ਅਤੇ ਪ੍ਰਿੰਸੀਪਲ ਸਨ, ਜਿੱਥੋਂ ਭਗਤ ਸਿੰਘ ਨੇ 1923 ਵਿੱਚ ਆਪਣੀ ਐੱਫ਼.ਏ. ਦੀ ਪੜ੍ਹਾਈ ਪੂਰੀ ਕੀਤੀ ਸੀ। ਇਸ ਤੋਂ ਬਾਅਦ 1924 ਵਿੱਚ ਉਹ ਪੂਰਨ ਤੌਰ 'ਤੇ ਇਨਕਲਾਬੀ ਗਤੀਵਿਧੀਆਂ ਵਿੱਚ ਕੁੱਦ ਪਏ ਅਤੇ ਹਿੰਦੁਸਤਾਨ ਰਿਪਬਲਿਕਨ ਐਸੋਸੀਏਸ਼ਨ ਵਿੱਚ ਸ਼ਾਮਲ ਹੋ ਗਏ, ਜਿਸ ਨੂੰ 1928 ਵਿੱਚ ਭਗਤ ਸਿੰਘ ਦੀ ਪਹਿਲਕਦਮੀ 'ਤੇ ਹਿੰਦੁਸਤਾਨ ਸੋਸ਼ਲਿਸਟ ਰਿਪਬਲਿਕਨ ਐਸੋਸੀਏਸ਼ਨ (ਐੱਚ ਐੱਸ ਆਰ ਏ) ਬਣਾਇਆ ਗਿਆ ਸੀ। ਐੱਚ.ਐੱਸ.ਆਰ.ਏ. ਨੂੰ ਪੰਜਾਬ ਦੇ ਵੱਡੇ ਰਾਸ਼ਟਰਵਾਦੀ ਆਗੂ ਲਾਲਾ ਲਾਜਪਤ ਰਾਏ 'ਤੇ ਲਾਠੀਚਾਰਜ ਦਾ ਬਦਲਾ ਲੈਣ ਲਈ ਅੰਗਰੇਜ਼ ਅਫ਼ਸਰ ਸਾਂਡਰਸ ਨੂੰ ਗੋਲੀ ਮਾਰਨ ਅਤੇ ਬੋਲੀ ਅੰਗਰੇਜ਼ ਹਕੂਮਤ ਦੇ ਕੰਨ ਖੋਲ੍ਹਣ ਲਈ ਦਿੱਲੀ ਦੀ ਸੈਂਟਰਲ ਅਸੈਂਬਲੀ ਵਿੱਚ ਧਮਾਕਾ ਕਰਨ ਲਈ ਜਾਣਿਆ ਜਾਂਦਾ ਹੈ। ਪ੍ਰਿੰਸੀਪਲ ਛਬੀਲ ਦਾਸ ਨੇ ਆਪਣੇ ਵਿਦਿਆਰਥੀਆਂ ਭਗਤ ਸਿੰਘ, ਸੁਖਦੇਵ, ਭਗਵਤੀ ਚਰਨ ਵੋਹਰਾ ਅਤੇ ਰਾਮਚੰਦ ਨਾਲ ਮਿਲ ਕੇ ਲਾਹੌਰ ਵਿਖੇ 'ਨੌਜਵਾਨ ਭਾਰਤ ਸਭਾ' ਦੀ ਨੀਂਹ ਵੀ ਰੱਖੀ ਸੀ। 1947 ਦੀ ਵੰਡ ਤੋਂ ਬਾਅਦ ਪ੍ਰਿੰਸੀਪਲ ਛਬੀਲ ਦਾਸ ਅਤੇ ਉਨ੍ਹਾਂ ਦੀ ਪਤਨੀ ਸੀਤਾ ਦੇਵੀ ਜਲੰਧਰ ਆ ਵਸੇ ਸਨ। ਅੰਗਰੇਜ਼ੀ ਦੇ ਪ੍ਰੋਫੈਸਰ ਹੁੰਦਿਆਂ ਵੀ ਉਹ ਉਰਦੂ ਦੇ ਮਕਬੂਲ ਲੇਖਕ ਸਨ। ਉਨ੍ਹਾਂ ਦੀ ਪਤਨੀ ਸੀਤਾ ਦੇਵੀ ਇੱਕ ਮਜ਼ਦੂਰ ਆਗੂ ਵਜੋਂ ਐੱਮ.ਪੀ. ਰਹੇ ਅਤੇ ਉਨ੍ਹਾਂ ਦੀ ਧੀ ਮਨੋਰਮਾ ਦੀਵਾਨ ਨੇ ਹਿੰਦੀ ਵਿੱਚ ਆਜ਼ਾਦੀ ਸੰਗਰਾਮ 'ਤੇ ਕਈ ਪੁਸਤਕਾਂ ਲਿਖੀਆਂ। ਇਸ ਐਵਾਰਡ ਦੀ ਸ਼ੁਰੂਆਤ ਪ੍ਰਿੰਸੀਪਲ ਛਬੀਲ ਦਾਸ ਦੀ ਦੋਹਤੀ ਤੇ ਅੰਗਰੇਜ਼ੀ ਦੀ ਲੇਖਿਕਾ ਸਬਾ ਦੀਵਾਨ ਅਤੇ ਜੇ.ਐੱਨ.ਯੂ. ਦੇ ਸੇਵਾਮੁਕਤ ਪ੍ਰੋਫ਼ੈਸਰ ਤੇ ਪੰਜਾਬੀ ਯੂਨੀਵਰਸਿਟੀ ਦੇ ਹਿੰਦੀ ਵਿਭਾਗ ਦੇ ਸਾਬਕਾ ਮੁਖੀ ਪ੍ਰੋ. ਚਮਨ ਲਾਲ ਵੱਲੋਂ ਦਿੱਤੇ ਗਏ ਐਂਡੋਮੈਂਟ ਫੰਡ ਨਾਲ ਕੀਤੀ ਗਈ ਹੈ। ਇਸ ਐਵਾਰਡ ਤਹਿਤ 5,000 ਰੁਪਏ ਦੀ ਨਕਦ ਰਾਸ਼ੀ ਅਤੇ ਪ੍ਰਸ਼ੰਸਾ ਪੱਤਰ ਦਿੱਤਾ ਜਾਵੇਗਾ। ਇਹ ਪੁਰਸਕਾਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਉਸ ਨੌਜਵਾਨ ਖੋਜਾਰਥੀ ਨੂੰ ਮਿਲੇਗਾ, ਜੋ ਪੰਜਾਬੀ ਭਾਸ਼ਾ ਵਿੱਚ ਭਗਤ ਸਿੰਘ, ਉਨ੍ਹਾਂ ਦੇ ਇਨਕਲਾਬੀ ਸਾਥੀਆਂ ਜਾਂ ਭਾਰਤੀ ਆਜ਼ਾਦੀ ਸੰਗਰਾਮ ਦੇ ਕਿਸੇ ਵੀ ਪਹਿਲੂ 'ਤੇ ਕੋਈ ਪੁਸਤਕ, ਖੋਜ ਪੱਤਰ ਲਿਖੇਗਾ ਜਾਂ ਪ੍ਰਕਾਸ਼ਿਤ ਕਰੇਗਾ। ਪਹਿਲਾ ਐਵਾਰਡ ਇਸੇ ਸਾਲ ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ (28 ਸਤੰਬਰ 2026) ਦੇ ਆਸ-ਪਾਸ ਦਿੱਤਾ ਜਾਵੇਗਾ।

# ਪੱਪੂ ਯਾਦਵ ਚੜ੍ਹਾਵਾ ਚੋਰੀ ਕਰਦਾ ਨੱਪਿਆ ਗਿਆ



**ਨਵੀਂ ਦਿੱਲੀ (ਨ ਜ਼ ਸ)**-ਸੰਸਦ ਦੇ ਚੱਲ ਰਹੇ ਮਾਨਸੂਨ ਸੈਸ਼ਨ ਦੌਰਾਨ ਅਯੁੱਧਿਆ ਦੇ ਰਾਮ ਮੰਦਰ ਵਿੱਚ ਦਾਨ ਦੀ ਚੋਰੀ ਨੂੰ ਲੈ ਕੇ ਅਪੋਜ਼ੀਸ਼ਨ ਵੱਲੋਂ ਆਪਣਾ ਹਮਲਾ ਤੇਜ਼ ਕਰਨ ਦੇ ਸੰਕੇਤ ਵਜੋਂ, ਆਜ਼ਾਦ ਸੰਸਦ ਮੈਂਬਰ ਰਾਜੇਸ਼ ਰੰਜਨ ਉਰਫ ਪੱਪੂ ਯਾਦਵ ਨੇ ਸ਼ੁੱਕਰਵਾਰ ਸੰਸਦ ਕੰਪਲੈਕਸ ਵਿੱਚ ਇੱਕ ਸਕਿੱਟ ਪੇਸ਼ ਕੀਤੀ। ਭਿਕਸ਼ੂ ਦੇ ਪਹਿਰਾਵੇ ਵਿੱਚ ਪੱਪੂ ਭਗਵਾਨ ਰਾਮ ਦੀ ਤਸਵੀਰ ਅਤੇ ਇੱਕ ਦਾਨ ਪੇਟੀ ਲੈ ਕੇ ਬੈਠਿਆ। ਰਾਹੁਲ ਗਾਂਧੀ ਸਮੇਤ ਕਈ ਨੇਤਾਵਾਂ ਨੇ ਪੈਸੇ ਚੜ੍ਹਾਏ। ਪੱਪੂ ਨੇ ਰਾਮ ਮੰਦਰ ਵਿੱਚ ਦਾਨ ਦੀ ਚੋਰੀ ਦੇ ਦੋਸ਼ਾਂ ਨੂੰ ਦਰਸਾਉਣ ਲਈ ਕੁਝ ਪੈਸੇ ਆਪਣੀਆਂ ਜੇਬਾਂ ਵਿੱਚ ਪਾ ਲਏ। ਇਸਤੋਂ ਬਾਅਦ ਪੇਟੀ ਲੈ ਕੇ ਭੱਜਣ ਦੀ ਕੋਸ਼ਿਸ਼ ਕੀਤੀ, ਪਰ ਉਸਨੂੰ ਮੌਕੇ 'ਤੇ ਫੜ ਲਿਆ ਗਿਆ। ਸਮਾਜਵਾਦੀ ਪਾਰਟੀ ਦੀ ਸਾਂਸਦ ਰੁਚੀ ਵੀਰਾ (ਮੁਰਾਦਾਬਾਦ) ਅਤੇ ਅਵਧੇਸ਼ ਪ੍ਰਸਾਦ (ਅਯੁੱਧਿਆ) ਵੀ ਇਸ ਸਕਿੱਟ ਵਿੱਚ ਸ਼ਾਮਲ ਸਨ। ਸਮਾਜਵਾਦੀ ਪਾਰਟੀ ਦਾਨ ਚੋਰੀ 'ਤੇ ਅਪੋਜ਼ੀਸ਼ਨ ਦੀ ਮੁਹਿੰਮ ਦੀ ਅਗਵਾਈ ਕਰ ਰਹੀ ਹੈ, ਜੋ ਕਿ ਅਗਲੇ ਸਾਲ ਯੂ ਪੀ ਚੋਣ ਮੁਹਿੰਮ ਵਿੱਚ ਵੱਡਾ ਮੁੱਦਾ ਬਣਨ ਦੀ ਸੰਭਾਵਨਾ ਹੈ। ਮੀਡੀਆ ਨਾਲ ਗੱਲ ਕਰਦੇ ਹੋਏ ਪੱਪੂ ਯਾਦਵ ਨੇ ਕਿਹਾ, "ਰਾਮ-ਰਾਮ ਦਾ ਜਾਪ ਕਰੋ ਅਤੇ ਸਾਰੀ ਦੌਲਤ ਹੜੱਪ ਕਰੋ। ਮੈਂ ਰਾਮ ਅਤੇ ਪੂਰੇ ਦੇਸ਼ ਨਾਲ ਧੋਖਾ ਕੀਤਾ। ਮੈਂ ਰਾਹੁਲ ਗਾਂਧੀ ਦਾ ਦਾਨ ਵੀ ਚੋਰੀ ਕੀਤਾ, ਪਰ ਕਾਂਗਰਸ ਅਤੇ ਹੋਰ ਪਾਰਟੀਆਂ ਨੇ ਮੈਨੂੰ ਫੜ ਲਿਆ।" ਪੱਪੂ ਯਾਦਵ ਹੁਣ ਤੱਕ ਛੇ ਵਾਰ ਲੋਕ ਸਭਾ ਚੋਣਾਂ ਜਿੱਤ ਚੁੱਕਾ ਹੈ।

ਉਸਨੇ 1991, 1996, 1999, 2004, 2014 ਅਤੇ 2024 ਦੀਆਂ ਆਮ ਚੋਣਾਂ ਵਿੱਚ ਪੂਰਨੀਆ ਸਮੇਤ ਬਿਹਾਰ ਦੇ ਵੱਖ-ਵੱਖ ਹਲਕਿਆਂ ਤੋਂ ਜਿੱਤ ਪ੍ਰਾਪਤ ਕੀਤੀ। ਉਸਨੇ ਸਮਾਜਵਾਦੀ ਪਾਰਟੀ, ਲੋਕ ਜਨਤਾ ਪਾਰਟੀ ਅਤੇ ਆਰ ਜੇ ਡੀ ਦੀ ਨੁਮਾਇੰਦਗੀ ਕੀਤੀ ਤੇ ਹੁਣ ਆਜ਼ਾਦ ਮੈਂਬਰ ਹੈ।

# ਕਰਤਾਰਪੁਰ ਲਾਂਘਾ ਖੋਲ੍ਹਣ ਤੋਂ ਨਾਂਹ

**ਨਵੀਂ ਦਿੱਲੀ** : ਕੇਂਦਰ ਸਰਕਾਰ ਨੇ ਮੌਜੂਦਾ ਸੁਰੱਖਿਆ ਸਥਿਤੀ ਦਾ ਹਵਾਲਾ ਦਿੰਦਿਆਂ ਕਰਤਾਰਪੁਰ ਲਾਂਘਾ ਖੋਲ੍ਹਣ ਤੋਂ ਇਨਕਾਰ ਕਰ ਦਿੱਤਾ ਹੈ।

ਕੇਂਦਰੀ ਵਿਦੇਸ਼ ਮੰਤਰਾਲੇ ਦਾ ਕਹਿਣਾ ਹੈ ਕਿ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਖੋਲ੍ਹਣ ਬਾਰੇ ਸਿੱਖ ਧਾਰਮਿਕ ਸਮੂਹਾਂ ਵੱਲੋਂ ਪੱਤਰ ਪ੍ਰਾਪਤ ਹੋਏ ਹਨ, ਪਰ ਸੁਰੱਖਿਆ ਹਾਲਾਤ ਨੇ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਨੂੰ ਬੰਦ ਰੱਖਣ ਲਈ ਮਜਬੂਰ ਕੀਤਾ ਹੋਇਆ ਹੈ। ਸੰਸਦ ਦੇ ਚੱਲ ਰਹੇ ਮਾਨਸੂਨ ਸੈਸ਼ਨ ਵਿੱਚ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਅਤੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਵੱਲੋਂ ਇਹ ਸਵਾਲ ਉਠਾਇਆ ਗਿਆ ਸੀ। ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਦੀਆਂ ਸੇਵਾਵਾਂ ਨੂੰ 7 ਮਈ 2025 ਨੂੰ ਮੁਅੱਤਲ ਕਰ ਦਿੱਤਾ ਗਿਆ ਸੀ।

## ਸਫਾ 1 ਦੇ ਬਾਕੀ...

### ਸ਼ਹੀਦਾਂ ਦੇ ਸਦਕੇ ਆਜ਼ਾਦੀ...



ਪਾਰਟੀ, ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਪਾਰਟੀ, ਭਾਜਪਾ, ਬਸਪਾ ਅਤੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨਾਂ ਤੇ ਕੌਂਸਲਰਾਂ, ਰੋਟਰੀ ਕਲੱਬ ਸੁਲਤਾਨਪੁਰ ਲੋਧੀ, ਤੇ ਵੱਖ-ਵੱਖ ਯੂਥ ਜਥੇਬੰਦੀਆਂ ਦੇ ਆਗੂਆਂ ਨੇ ਵੀ ਸ਼ਹੀਦ ਊਧਮ ਸਿੰਘ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ ਕਰਕੇ ਉਨ੍ਹਾਂ ਦੀ ਲਾਸਾਨੀ ਕੁਰਬਾਨੀ ਨੂੰ ਨਮਨ ਕੀਤਾ।ਇਸ ਮੌਕੇ ਭਾਜਪਾ ਦੇ ਹਲਕਾ ਇੰਚਾਰਜ ਆਗੂ ਰਕੇਸ਼ ਕੁਮਾਰ ਨੀਟੂ ਅਤੇ ਹੋਰ ਵਰਕਰ ਹਾਜ਼ਰ ਸਨ।ਵੱਖ-ਵੱਖ ਬੁਲਾਰਿਆਂ ਨੇ ਇੱਕ ਸੁਰ ਵਿੱਚ ਕਿਹਾ ਕਿ ਸ਼ਹੀਦ ਕਿਸੇ ਇੱਕ ਪਾਰਟੀ ਜਾਂ ਵਿਚਾਰਧਾਰਾ ਦੇ ਨਹੀਂ, ਸਗੋਂ ਪੂਰੇ ਦੇਸ਼ ਅਤੇ ਸਮਾਜ ਦੀ ਸਾਂਝੀ ਵਿਰਾਸਤ ਹੁੰਦੇ ਹਨ। ਉਨ੍ਹਾਂ ਦੇ ਦੱਸੇ ਰਾਹ 'ਤੇ ਚੱਲ ਕੇ ਹੀ ਅਸੀਂ ਸੱਚੇ ਅਰਥਾਂ ਵਿੱਚ ਉਨ੍ਹਾਂ ਦੀ ਕੁਰਬਾਨੀ ਦਾ ਸਨਮਾਨ ਕਰ ਸਕਦੇ ਹਾਂ।

### ਇਜ਼ਰਾਈਲ ਨੇ ਗਾਜ਼ਾ...

ਘਟਕ ਵੱਡੀਆਂ ਇਜ਼ਰਾਈਲੀ ਕੰਪਨੀਆਂ ਨੂੰ ਭੇਜੇ ਗਏ ਹਨ, ਜੋ ਅੱਗੇ ਇਜ਼ਰਾਈਲੀ ਫ਼ੌਜ ਨੂੰ ਸਪਲਾਈ ਕਰਦੀਆਂ ਹਨ। ਐਮਨੈਸਟੀ ਇੰਟਰਨੈਸ਼ਨਲ ਦੀ ਸੈਕਟਰੀ ਜਨਰਲ ਐਗਨੇਸ ਕੈਲਾਮਾਰਡ ਨੇ ਕਿਹਾ ਕਿ ਸਾਡੀ ਖੋਜ ਗਾਜ਼ਾ ਵਿੱਚ ਨਸਲਕੁਸ਼ੀ ਦੇ ਬਾਵਜੂਦ ਇਜ਼ਰਾਈਲੀ ਫ਼ੌਜ ਅਤੇ ਰੱਖਿਆ ਖੇਤਰ ਨੂੰ ਭਾਰਤ ਦੇ ਨਿਰੰਤਰ ਸਮਰਥਨ ਨੂੰ ਬੇਨਕਾਬ ਕਰਦੀ ਹੈ, ਜਿਸ ਨੂੰ ਸਾਲਾਂ ਤੋਂ ਲੱਗਭੱਗ ਰੋਜ਼ਾਨਾ ਵਿਸ਼ਵ ਪੱਧਰ 'ਤੇ ਪ੍ਰਸਾਰਿਤ ਕੀਤਾ ਗਿਆ ਹੈ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਐਮਨੈਸਟੀ ਨੇ ਭਾਰਤ ਸਰਕਾਰ ਨੂੰ ਇਜ਼ਰਾਈਲ ਨੂੰ ਹਥਿਆਰਾਂ, ਗੋਲਾ ਬਾਰੂਦ ਅਤੇ ਪੁਰਜ਼ਿਆਂ ਦੇ ਨਿਰਯਾਤ ਨੂੰ ਅਧਿਕਾਰਤ ਕਰਨਾ ਤੁਰੰਤ ਬੰਦ ਕਰਨ ਲਈ ਕਿਹਾ ਹੈ। ਐਮਨੈਸਟੀ ਦੀ ਰਿਪੋਰਟ ਅਨੁਸਾਰ ਭਾਰਤੀ ਕੰਪਨੀਆਂ ਨੇ ਵੱਡੀਆਂ ਇਜ਼ਰਾਈਲੀ ਕੰਪਨੀਆਂ ਨੂੰ ਮਿਲਟਰੀ ਗ੍ਰੇਡ ਹਥਿਆਰਾਂ ਲਈ ਘੱਟੋ-ਘੱਟ 390,516 ਛੋਟੇ ਹਥਿਆਰਾਂ ਦੇ ਪੁਰਜ਼ੇ, ਵਿਸਫੋਟਕ ਆਰਡਨੈਂਸ ਦੇ 564,970 ਪੁਰਜ਼ੇ (ਜਿਵੇਂ ਕਿ ਡਰੋਨ ਵਾਰਹੈੱਡ, ਆਰਟਿਲਰੀ ਸ਼ੈੱਲ ਕੇਸਿੰਗ ਅਤੇ ਹੋਰ) ਅਤੇ ਮਿਲਟਰੀ ਵਾਹਨਾਂ ਦੇ 298 ਕੰਪੋਨੈਂਟ ਸਪਲਾਈ ਕੀਤੇ ਹਨ, ਜੋ ਇਜ਼ਰਾਈਲੀ ਫ਼ੌਜ ਦੇ ਸਿੱਧੇ ਸਪਲਾਇਰ ਹਨ। ਐਮਨੈਸਟੀ ਇੰਟਰਨੈਸ਼ਨਲ ਨੇ ਕਿਹਾ ਹੈ ਕਿ ਉਸ ਨੇ ਉਨ੍ਹਾਂ ਖੇਪਾਂ ਨੂੰ ਬਾਹਰ ਰੱਖਿਆ ਹੈ, ਜੋ ਨਾਗਰਿਕ ਵਰਤੋਂ ਲਈ ਹੋ ਸਕਦੀਆਂ ਹਨ। ਉਸ ਨੇ ਹਥਿਆਰਾਂ, ਪੁਰਜ਼ਿਆਂ ਅਤੇ ਗੋਲਾ ਬਾਰੂਦ ਨੂੰ ਵੀ ਬਾਹਰ ਰੱਖਿਆ ਹੈ, ਜੋ ਸੰਭਾਵਤ ਤੌਰ 'ਤੇ ਮਿਜ਼ਾਈਲ ਵਿਰੋਧੀ ਰੱਖਿਆ ਤਕਨਾਲੋਜੀ ਲਈ ਵਰਤੇ ਜਾਂਦੇ ਹਨ, ਜਿਸ ਦੀ ਵਰਤੋਂ ਅਕਸਰ ਨਾਗਰਿਕਾਂ ਨੂੰ ਅੰਨ੍ਹੇਵਾਹ ਹਮਲਿਆਂ ਤੋਂ ਬਚਾਉਣ ਲਈ ਕੀਤੀ ਜਾਂਦੀ ਹੈ। ਸਪਲਾਈ ਕੀਤੇ ਗਏ ਹਥਿਆਰਾਂ ਵਿੱਚ ਮਸ਼ੀਨ ਗੰਨ ਦੇ ਪੁਰਜ਼ੇ ਸ਼ਾਮਲ ਹਨ; ਐਲਬਿਟ ਸਿਸਟਮਜ਼ ਨੂੰ ਸਪਲਾਈ ਕੀਤੇ ਗਏ 155 ਮਿਲੀਮੀਟਰ ਹਾਈ ਐਕਸਪਲੋਸਿਵ ਆਰਟੀਲਰੀ ਸ਼ੈੱਲ; ਸਕਾਈਸਟਰਾਈਕਰ ਲੌਇਟਰਿੰਗ ਮਿਊਨੀਸ਼ਨ ਲਈ ਵਿਸਫੋਟਕ ਵਾਰਹੈੱਡ ਸ਼ਾਮਲ ਹਨ। ਹਥਿਆਰਾਂ ਦੀ ਸਪਲਾਈ ਕਰਨ ਵਾਲੀਆਂ ਭਾਰਤੀ ਕੰਪਨੀਆਂ ਵਿੱਚ ਪੀ ਐੱਲ ਆਰ ਸਿਸਟਮਜ਼ ਪ੍ਰਾਈਵੇਟ ਲਿਮਿਟਡ ਸ਼ਾਮਲ ਹੈ, ਜੋ ਮਸ਼ੀਨ ਗੰਨ ਲਈ ਪੁਰਜ਼ੇ ਬਣਾਉਂਦੀ ਹੈ ਅਤੇ ਅਡਾਨੀ ਡਿਫੈਂਸ ਐਂਡ ਐਰੋਸਪੇਸ ਅਤੇ ਇਜ਼ਰਾਈਲ ਵੈਪਨ ਇੰਡਸਟਰੀਜ਼ ਵਿਚਕਾਰ ਇੱਕ ਸਾਂਝਾ ਉੱਦਮ ਹੈ; (ਇੰਡੋ ਐੱਮ ਆਈ ਐੱਮ ਪ੍ਰਾਈਵੇਟ ਲਿਮਿਟਡ, ਜੋ ਅੱਗ ਦੇ ਹਥਿਆਰਾਂ ਦੇ ਪੁਰਜ਼ੇ ਬਣਾਉਂਦੀ ਹੈ; ਕਲਿਆਣੀ ਸਿਸਟਮਜ਼ ਪ੍ਰਾਈਵੇਟ ਲਿਮਿਟਡ, ਜੋ ਆਰਟਿਲਰੀ ਰਾਊਂਡ ਅਤੇ ਕੇਸਿੰਗ ਬਣਾਉਂਦੀ ਹੈ ਅਤੇ ਭਾਰਤ ਫੋਰਜ ਦੀ ਸਹਾਇਕ ਕੰਪਨੀ ਹੈ; ਰਾਜ ਦੀ ਮਲਕੀਅਤ ਵਾਲੀ ਮਿਊਨੀਸ਼ਨਜ਼ ਇੰਡੀਆ ਲਿਮਿਟਡ, ਜੋ ਹਾਈ-ਐਕਸਪਲੋਸਿਵ ਆਰਟੀਲਰੀ ਰਾਊਂਡ ਬਣਾਉਂਦੀ ਹੈ; ਅਤੇ ਅਲਫਾ ਐਲਸੈਕ ਡਿਫੈਂਸ ਐਂਡ ਐਰੋਸਪੇਸ ਸਿਸਟਮਜ਼ ਪ੍ਰਾਈਵੇਟ ਲਿਮਿਟਡ ਜੋ ਵਿਸਫੋਟਕ ਵਾਰਹੈੱਡ ਬਣਾਉਂਦੀ ਹੈ ਅਤੇ ਅਲਫਾ ਡਿਜ਼ਾਈਨ ਟੈਕਨਾਲੋਜੀਜ਼ ਅਤੇ ਐਲਬਿਟ ਸਿਸਟਮਜ਼ ਵਿਚਕਾਰ ਇੱਕ ਸਾਂਝਾ ਉੱਦਮ ਹੈ)। ਆਰਡਰ ਦੇਣ ਵਾਲੀਆਂ ਅਤੇ ਹਥਿਆਰ ਪ੍ਰਾਪਤ ਕਰਨ ਵਾਲੀਆਂ ਇਜ਼ਰਾਈਲੀ ਕੰਪਨੀਆਂ ਵਿੱਚ ਐਲਬਿਟ ਸਿਸਟਮਜ਼, ਰਫਾਇਲ ਐਡਵਾਂਸਡ ਡਿਫੈਂਸ ਸਿਸਟਮਜ਼ ਲਿਮਿਟਡ ਅਤੇ ਇਜ਼ਰਾਈਲ ਏਰੋਸਪੇਸ ਇੰਡਸਟਰੀਜ਼ ਲਿਮਿਟਡ ਸ਼ਾਮਲ ਹਨ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਭਾਰਤ ਨੇ ਆਰਮਜ਼ ਟਰੇਡ ਟਰਿਟੀ (ਏ ਟੀ ਟੀ) ਉੱਤੇ ਦਸਤਖ਼ਤ ਨਹੀਂ ਕੀਤੇ ਹਨ।

# ਮੈਟਾ ਇੰਡੀਆ ਮੁਖੀ ਵਿਰੁੱਧ ਕੇਸ

**ਹੈਦਰਾਬਾਦ** : ਇੱਥੇ ਸਾਈਬਰ ਕਰਾਈਮ ਪੁਲਸ ਨੇ ਕਾਕਰੋਚ ਜਨਤਾ ਪਾਰਟੀ ਦੀ ਅਗਵਾਈ ਹੇਠ ਹੋਏ ਨੀਟ ਪੇਪਰ ਲੀਕ ਵਿਰੋਧ ਪ੍ਰਦਰਸ਼ਨ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਨਿਸ਼ਾਨਾ ਬਣਾਉਣ ਵਾਲੀ ਕਥਿਤ ਤੌਰ 'ਤੇ ਤੋੜੀ-ਮਰੋੜੀ ਗਈ ਅਤੇ ਇਤਰਾਜ਼ਯੋਗ ਸਮੱਗਰੀ ਨੂੰ ਲੈ ਕੇ ਕਈ ਫੇਸਬੁੱਕ ਅਤੇ ਇੰਸਟਾਗ੍ਰਾਮ ਖਾਤਿਆਂ ਦੇ ਸੰਚਾਲਕਾਂ ਅਤੇ ਮੂਲ ਕੰਪਨੀ ਮੈਟਾ ਦੇ ਇੰਡੀਆ ਮੁਖੀ ਵਿਰੁੱਧ ਕੇਸ ਦਰਜ ਕਰ ਲਏ ਹਨ। ਐੱਫ ਆਈ ਆਰ ਦੇ ਅਨੁਸਾਰ 29 ਜੁਲਾਈ ਨੂੰ ਸ਼ਾਮ 7:40 ਵਜੇ ਟੀ. ਸਾਈ ਕਿਰਨ ਗੌੜ ਸੋਸ਼ਲ ਮੀਡੀਆ ਸੀ ਸੀ ਮੈਂਬਰ, ਬੀ ਜੇ ਪੀ ਤੇਲੰਗਾਨਾ ਵੱਲੋਂ ਇੱਕ ਸ਼ਿਕਾਇਤ ਪ੍ਰਾਪਤ ਹੋਈ ਸੀ।

# ਉਮਰ ਖਾਲਿਦ ਦੀ ਜ਼ਮਾਨਤ ਅਰਜ਼ੀ 'ਤੇ ਪੁਲਸ ਨੂੰ ਨੋਟਿਸ

**ਨਵੀਂ ਦਿੱਲੀ** : ਦਿੱਲੀ ਹਾਈ ਕੋਰਟ ਨੇ ਸ਼ੁੱਕਰਵਾਰ ਨੂੰ ਉੱਤਰ-ਪੂਰਬੀ ਦਿੱਲੀ ਵਿੱਚ ਫਰਵਰੀ 2020 ਦੇ ਦੰਗਿਆਂ ਦੇ ਪਿੱਛੇ ਦੀ ਵੱਡੀ ਸਾਜ਼ਿਸ਼ ਦੇ ਮਾਮਲੇ ਵਿੱਚ ਐਂਟੀ-ਟੈਰਰ ਕਾਨੂੰਨ ਯੂ ਏ ਪੀ ਏ ਤਹਿਤ ਦਰਜ ਕੇਸ ਵਿੱਚ ਜ਼ਮਾਨਤ ਦੀ ਮੰਗ ਕਰਨ ਵਾਲੇ ਕਾਰਕੁਨ ਉਮਰ ਖਾਲਿਦ ਦੀ ਅਰਜ਼ੀ 'ਤੇ ਸ਼ਹਿਰ ਦੀ ਪੁਲਸ ਦਾ ਪੱਖ ਮੰਗਿਆ ਹੈ। ਇਸ ਮਾਮਲੇ ਵਿੱਚ ਨੋਟਿਸ ਜਾਰੀ ਕਰਦਿਆਂ ਜਸਟਿਸ ਪ੍ਰਤਿਭਾ ਐੱਮ ਸਿੰਘ ਅਤੇ ਜਸਟਿਸ ਵਿਕਾਸ ਮਹਾਜਨ ਦੀ ਬੈਂਚ ਨੇ ਦਿੱਲੀ ਪੁਲਸ ਨੂੰ ਦੋ ਹਫ਼ਤਿਆਂ ਦੇ ਅੰਦਰ ਆਪਣਾ ਜਵਾਬ ਦਾਖ਼ਲ ਕਰਨ ਲਈ ਕਿਹਾ। ਖਾਲਿਦ ਦੇ ਵਕੀਲ ਨੇ ਕਿਹਾ ਕਿ ਸਤੰਬਰ 2020 ਵਿੱਚ ਆਪਣੀ ਗ੍ਰਿਫ਼ਤਾਰੀ ਤੋਂ ਬਾਅਦ ਇਹ ਕਾਰਕੁਨ ਦੀ ਤੀਜੀ ਜ਼ਮਾਨਤ ਅਰਜ਼ੀ ਹੈ ਅਤੇ ਉਹ ਸੁਪਰੀਮ ਕੋਰਟ ਦੁਆਰਾ ਹੋਰਨਾਂ ਸਹਿ-ਦੋਸ਼ੀਆਂ ਨੂੰ ਦਿੱਤੀ ਗਈ ਅਜਿਹੀ ਹੀ ਰਾਹਤ ਦੇ ਆਧਾਰ 'ਤੇ ਇਸ ਮਾਮਲੇ ਵਿੱਚ ਅੰਤਰਮ ਜ਼ਮਾਨਤ ਦੀ ਵੀ ਮੰਗ ਕਰ ਰਿਹਾ ਸੀ। ਬੈਂਚ ਨੇ ਕਿਹਾ ਕਿ ਉਹ 27 ਅਗਸਤ ਨੂੰ ਖਾਲਿਦ ਦੀ ਅਰਜ਼ੀ 'ਤੇ ਸੁਣਵਾਈ ਕਰੇਗੀ, ਜਿਸ ਦਿਨ ਸਹਿ-ਦੋਸ਼ੀ ਸ਼ਰਜੀਲ ਇਮਾਮ ਦੀ ਜ਼ਮਾਨਤ ਅਰਜ਼ੀ ਵੀ ਸੂਚੀਬੱਧ ਹੈ। ਖਾਲਿਦ ਨੇ ਹੇਠਲੀ ਅਦਾਲਤ ਦੇ 4 ਜੁਲਾਈ ਦੇ ਉਸ ਫ਼ੈਸਲੇ ਨੂੰ ਚੁਣੌਤੀ ਦਿੱਤੀ ਹੈ ਜਿਸ ਵਿੱਚ ਉਸ ਦੀ ਜ਼ਮਾਨਤ ਅਰਜ਼ੀ ਰੱਦ ਕਰ ਦਿੱਤੀ ਗਈ ਸੀ।

# ਭਾਰਤੀ ਕਿਸਾਨ ਯੂਨੀਅਨ ਏਕਤਾ ਮਝੈਲ ਦੀ ਅਹਿਮ ਮੀਟਿੰਗ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਮਝੈਲ ਜ਼ਿਲ੍ਹਾ ਫ਼ਿਰੋਜ਼ਪੁਰ, ਬਲਾਕ ਮਮਦੋਟ ਵੱਲੋਂ 5 ਅਗਸਤ 2026 ਨੂੰ ਪੰਜਾਬ ਭਰ ਦੇ ਡੀਸੀ ਦਫ਼ਤਰਾਂ ਅੱਗੇ ਦਿੱਤੇ ਜਾਣ ਵਾਲੇ ਧਰਨੇ ਦੀਆਂ ਤਿਆਰੀਆਂ ਲਈ ਇੱਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਭਾਰਤ-ਅਮਰੀਕਾ ਵਪਾਰ ਸਮਝੌਤੇ ਤੇ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਵਿਰੁੱਧ ਰੋਸ ਜਤਾਉਣ ਦੀ ਰਣਨੀਤੀ ਉਲੀਕੀ ਗਈ। ਮੀਟਿੰਗ ਦੀ ਅਗਵਾਈ ਦਵਿੰਦਰ ਸਿੰਘ ਫੁੱਲਰਵਾਨ ਤੇ ਜੀਵਨ ਸਿੰਘ ਸੋਢੀ ਨੇ ਵਿਸ਼ੇਸ਼ ਤੌਰ 'ਤੇ ਕੀਤੀ।

ਮੀਟਿੰਗ ਦੌਰਾਨ ਕਿਸਾਨਾਂ ਨੂੰ ਦਰਪੇਸ਼ ਮੌਜੂਦਾ ਗੰਭੀਰ ਮੁੱਦਿਆਂ 'ਤੇ ਡੂੰਘੀ ਵੀਚਾਰ-ਚਰਚਾ ਕੀਤੀ ਗਈ ਤੇ ਆਉਣ ਵਾਲੇ ਸੰਘਰਸ਼ਾਂ ਦੀ ਰੂਪ-ਰੇਖਾ ਉਲੀਕੀ ਗਈ। ਆਗੂਆਂ ਨੇ ਐਲਾਨ ਕੀਤਾ ਕਿ ਸੰਯੁਕਤ ਕਿਸਾਨ ਮੋਰਚਾ (ਗ਼ੈਰ-ਸਿਆਸੀ) ਭਾਰਤ ਦੇ ਸੱਦੇ 'ਤੇ 5 ਅਗਸਤ 2026 ਨੂੰ ਪੂਰੇ ਪੰਜਾਬ ਦੇ ਡੀ.ਸੀ. ਦਫ਼ਤਰਾਂ ਅੱਗੇ ਦੋ ਘੰਟੇ ਦਾ ਪੁਰਅਮਨ ਧਰਨਾ ਦਿੱਤਾ ਜਾਵੇਗਾ।

# ਅੱਜ-ਨਾਮਾ

ਕਾਫਲੇ ਮੋਰੱਕੋ ਤੋਂ ਆਏ ਪਰਵਾਸੀਆਂ ਦੇ,
ਨਿਕਲੇ ਉਹ ਵਿੱਚ ਸਪੇਨ ਸੀ ਜਾਣ ਬੇਲੀ।
ਰਾਹ ਵਿੱਚ ਖੜੀ ਸੀ ਫੋਰਸ ਸਪੇਨ ਵਾਲੀ,
ਬੰਦੂਕਾਂ ਲਈਆਂ ਸੀ ਓਸ ਨੇ ਤਾਣ ਬੇਲੀ।
ਦਬਕੇ ਮਾਰੇ ਨਹੀਂ ਕੋਈ ਸਨ ਕੰਮ ਆਏ,
ਮੱਚਿਆ ਪਿਆ ਸੀ ਖੂਬ ਘਮਸਾਣ ਬੇਲੀ।
ਗਰੀਬੀ ਮਾਰਿਆਂ ਦੇਸ਼ਾਂ ਦੇ ਹਾਲ ਜਿਹੜੇ,
ਕੋਈ ਨਾ ਓਸ ਤੋਂ ਕਦੀ ਅਣਜਾਣ ਬੇਲੀ।
ਸਾਹਮਣੇ ਖੜੀ ਸੀ ਲੋਕਾਂ ਨੂੰ ਮੌਤ ਦਿੱਸੀ,
ਪਿੱਛੇ ਮੁੜਨ ਤਾਂ ਦਿੱਸੇ ਪਈ ਭੁੱਖ ਬੇਲੀ।
ਚੁਣਨੀ ਗੋਲੀ ਤੇ ਭੁੱਖ 'ਚੋਂ ਇੱਕ ਜੀਹਨਾਂ,
ਉਹੋ ਬੱਸ ਜਾਣ ਦੇ ਉਨ੍ਹਾਂ ਦਾ ਦੁੱਖ ਬੇਲੀ।

-ਤੀਸ ਮਾਰ ਖਾਂ

# 3 ਪੁਲਸ ਅਧਿਕਾਰੀਆਂ ਦਾ ਵਿਦਾਇਗੀ ਪਾਰਟੀ ਮੌਕੇ ਸਨਮਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ੍ਰੀ ਮੁਕਤਸਰ ਸਾਹਿਬ ਪੁਲਸ ਵਿਭਾਗ ਵਿਚੋਂ ਸੇਵਾ ਮੁਕਤ ਹੋਏ ਪੁਲਸ ਅਧਿਕਾਰੀਆਂ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ। ਇਸ ਮੌਕੇ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਅਭਿਮੰਨਿਊ ਰਾਣਾ ਆਈ.ਪੀ.ਐਸ ਨੇ ਸੇਵਾ ਮੁਕਤ ਹੋਏ ਅਧਿਕਾਰੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਚੰਗੀ ਸਿਹਤ ਅਤੇ ਖੁਸ਼ਹਾਲ ਜੀਵਨ ਲਈ ਸ਼ੁਭਕਾਮਨਾਵਾਂ ਪ੍ਰਗਟਾਈਆਂ। ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਅੱਜ 3 ਪੁਲਸ ਕਰਮਚਾਰੀ ਆਪਣੀ ਸਰਵਿਸ ਪੂਰੇ ਕਰਦੇ ਹੋਏ ਰਿਟਾਇਰ ਹੋਏ ਹਨ ਜਿਨ੍ਹਾਂ ਵਿੱਚ ਏ.ਐਸ.ਆਈ ਗੁਰਮੀਤ ਸਿੰਘ, ਏ.ਐਸ.ਆਈ ਜਸਪਾਲ ਸਿੰਘ, ਏ.ਐਸ.ਆਈ ਹਰਿੰਦਰ ਸਿੰਘ ਸ਼ਾਮਲ ਹਨ।ਵਿਦਾਇਗੀ ਸਮਾਰੋਹ ਕਾਨਫਰੰਸ ਹਾਲ ਐਸ.ਐਸ.ਪੀ ਦਫਤਰ ਵਿੱਚ ਆਯੋਜਿਤ ਕੀਤਾ ਗਿਆ, ਜਿੱਥੇ ਜੋਰਾ ਸਿੰਘ ਡੀ.ਐਸ.ਪੀ (ਐਚ)ਅਤੇ ਦਫਤਰੀ ਸਟਾਫ ਵੀ ਮੌਜੂਦ ਸਨ।ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਨੇ ਕਿਹਾ ਕਿ ਇਹ ਸਮਾਂ ਸਾਡੇ ਪੁਲਸ ਪਰਿਵਾਰ ਲਈ ਬਹੁਤ ਹੀ ਖਾਸ ਤੇ ਗੌਰਵਪੂਰਨ ਹੈ ਜਦੋਂ ਅਸੀਂ ਆਪਣੇ ਉਨ੍ਹਾਂ ਅਧਿਕਾਰੀ ਨੂੰ ਸਨਮਾਨਿਤ ਕਰ ਰਹੇ ਹਾਂ ਜਿਨ੍ਹਾਂ ਨੇ ਤਨਦੇਹੀ ਨਾਲ ਡਿਊਟੀ ਕੀਤੀ ਹੈ।ਇਸ ਮੌਕੇ ਸਟੇਜ ਸੈਕਟਰੀ ਵਜੋਂ ਏ.ਐਸ.ਆਈ ਗੁਰਦੇਵ ਸਿੰਘ ਨੇ ਡਿਊਟੀ ਨਿਭਾਈ, ਏ.ਐਸ.ਆਈ. ਨਾਇਬ ਸਿੰਘ ਨੇ ਗੀਤ ਗਾ ਕੇ ਰਿਟਾਇਰਮੈਂਟ ਪਾਰਟੀ ਦੇ ਮਾਹੌਲ ਨੂੰ ਹੋਰ ਵੀ ਰੰਗੀਨ ਬਣਾਇਆ ਅਤੇ ਇਸ ਮੌਕੇ ਏ.ਐਸ.ਆਈ ਨੇਮਪਾਲ ਹੈਡ ਕਲਰਕ, ਕੁਲਬੀਰ ਸਿੰਘ ਅਕਾਊਂਟੈਂਟ, ਹਰਜਿੰਦਰ ਸਿੰਘ ਐਮ.ਟੀ.ਓ, ਅਤੇ ਦਫ਼ਤਰੀ ਸਟਾਫ ਹਾਜ਼ਰ ਸਨ।

# ਵਪਾਰੀ ਦੇ ਘਰੋਂ 15 ਲੱਖ ਨਕਦੀ ਤੇ ਸੋਨੇ ਦੇ ਗਹਿਣੇ ਚੋਰੀ




**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸ਼ਹਿਰ ਦੇ ਇੱਕ ਵਪਾਰੀ ਘਰੋਂ ਬੜੇ ਭੇਤਭਰੇ ਢੰਗ ਨਾਲ 15 ਲੱਖ ਰੁਪਏ ਦੀ ਨਕਦੀ ਤੇ ਸੋਨੇ ਦੇ ਗਹਿਣੇ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਆਟਾ ਚੱਕੀ ਚਲਾਉਂਦੇ ਵਪਾਰੀ ਅਭੈ ਕੁਮਾਰ ਨੇ ਦੱਸਿਆ ਕਿ ਆਪਣੀ ਪਤਨੀ ਸਮੇਤ ਗਊਸ਼ਾਲਾ ਵਿਖੇ ਪਸ਼ੂਆਂ ਨੂੰ ਚਾਰਾ ਪਾਉਣ ਲਈ ਗਿਆ ਸੀ। ਘਰ ਵਿਚ ਉਸ ਦਾ 13 ਸਾਲ ਦਾ ਪੁੱਤਰ ਮੌਜੂਦ ਸੀ ਅਤੇ ਉਸ ਦਿਨ ਉਹ ਬੀਮਾਰ ਵੀ ਸੀ। ਕੁਝ ਦਿਨ ਬਾਅਦ ਉਸ ਨੂੰ ਪੈਸੇ ਦੀ ਜ਼ਰੂਰਤ ਪਈ ਤਾਂ ਉਸ ਨੇ ਆਪਣੇ ਘਰ ਪੂਜਾ ਅਸਥਾਨ 'ਚ ਗੁਪਤ ਰੂਪ ਵਿਚ ਬਣਾਇਆ ਲਾਕਰ ਖੋਲ੍ਹਿਆ ਤਾਂ ਦੇਖ ਕੇ ਹੈਰਾਨ ਰਹਿ ਗਿਆ ਕਿ ਉਸ 'ਚੋਂ 15 ਲੱਖ ਰੁਪਏ ਤੇ ਸੋਨੇ ਦੇ ਗਹਿਣੇ ਚੋਰੀ ਹੋ ਚੁੱਕੇ ਸਨ। ਅਭੈ ਕੁਮਾਰ ਨੇ ਦੱਸਿਆ ਕਿ ਲਾਕਰ ਦਾ ਅਗਲਾ ਲਾਕ ਵੀ ਤੋੜਿਆ ਹੋਇਆ ਸੀ। ਜਦੋਂ ਉਸ ਨੇ ਆਪਣੇ ਘਰ ਵਿਚ ਮੌਜੂਦ ਪੁੱਤਰ ਨੂੰ ਪੁੱਛਿਆ ਕਿ ਉਸ ਦੀ ਗੈਰ-ਹਾਜ਼ਰੀ ਦੌਰਾਨ ਘਰ ਕੋਈ ਆਇਆ ਤਾਂ ਉਸ ਨੇ ਦੱਸਿਆ ਕਿ 2 ਵਿਅਕਤੀ ਆਏ ਸਨ ਜਿਨ੍ਹਾਂ ਨੇ ਉਸ ਨੂੰ ਰੁਮਾਲ ਨਾਲ ਕੁਝ ਸੁੰਘਾ ਦਿੱਤਾ ਅਤੇ ਉਨ੍ਹਾਂ ਕੋਲ ਇੱਕ ਤਿੱਖੀ ਵਸਤੂ ਵੀ ਮੌਜੂਦ ਸੀ। ਉਸ ਤੋਂ ਬਾਅਦ ਉਨ੍ਹਾਂ ਨੇ ਘਰ ਵਿਚ ਕੀ ਚੋਰੀ ਕੀਤਾ ਉਸ ਨੂੰ ਜਾਣਕਾਰੀ ਨਹੀਂ। ਵਪਾਰੀ ਅਭੈ ਕੁਮਾਰ ਨੇ ਦੱਸਿਆ ਕਿ ਉਸ ਨੇ ਘਰ ਦੇ ਆਸਪਾਸ ਲੱਗੇ ਸੀ.ਸੀ.ਟੀ.ਵੀ. ਕੈਮਰੇ ਦੇਖੇ ਤਾਂ ਉਸ ਵਿਚ ਨਜ਼ਰ ਆਇਆ ਕਿ 2 ਵਿਅਕਤੀ ਉਸ ਦੇ ਘਰ ਅੰਦਰ ਦਾਖਲ ਹੋ ਰਹੇ ਹਨ ਅਤੇ ਕੁਝ ਸਮੇਂ ਬਾਅਦ ਨਿਕਲ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਇੱਕ ਵਿਅਕਤੀ ਨੂੰ ਪਹਿਚਾਣਦੇ ਹਨ ਜਦ ਕਿ ਦੂਜੇ ਵਿਅਕਤੀ ਬਾਰੇ ਉਨ੍ਹਾਂ ਨੂੰ ਜਾਣਕਾਰੀ ਨਹੀਂ। ਥਾਣਾ ਮੁਖੀ ਚਰਨਜੀਤ ਸਿੰਘ ਨੇ ਕਿਹਾ ਕਿ ਉਨ੍ਹਾਂ ਕੋਲ ਚੋਰੀ ਦੀ ਸ਼ਿਕਾਇਤ ਪੁੱਜੀ ਹੈ ਅਤੇ ਮਾਮਲੇ ਦੀ ਜਾਂਚ ਕਰ ਜਲਦ ਚੋਰ ਕਾਬੂ ਕਰ ਲਏ ਜਾਣਗੇ।

# ਕੈਬਨਿਟ ਮੰਤਰੀ ਨੇ ਸਰਪੰਚਾਂ ਨੂੰ ਪੌਣੇ ਸੱਤ ਕਰੋੜ ਦੇ ਚੈੱਕ ਵੰਡੇ



**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਹਲਕਾ ਸਨੌਰ ਨੂੰ ਇੱਕ ਹੋਰ ਵੱਡਾ ਤੋਹਫ਼ਾ ਮਿਲਿਆ ਹੈ।ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਗੋਇਲ ਵੱਲੋਂ ਹਲਕਾ ਸਨੌਰ ਦੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਨੂੰ ਵਿਕਾਸ ਕਾਰਜਾਂ ਲਈ ਪੌਣੇ ਸੱਤ ਕਰੋੜ ਰੁਪਏ ਦੇ ਚੈੱਕ ਤਕਸੀਮ ਕੀਤੇ ਗਏ।ਇਸ ਮੌਕੇ ਪਿੰਡ ਹਡਾਣਾ ਵਿਖੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਰੱਖੀ ਗਈ ਇੱਕ ਛੋਟੀ ਜਿਹੀ ਜਨ ਸਭਾ ਵਿੱਚ ਸੰਗਤ ਦੇ ਠਾਠਾਂ ਮਾਰਦੇ ਇਕੱਠ ਨੇ ਵਿਸ਼ਾਲ ਰੈਲੀ ਦਾ ਰੂਪ ਧਾਰਨ ਕਰ ਲਿਆ। ਸਮਾਗਮ ਵਿੱਚ ਪਹੁੰਚੇ ਭਾਰੀ ਇਕੱਠ ਨੂੰ ਦੇਖਦਿਆਂ ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ ਰਣਜੋਧ ਸਿੰਘ ਹਡਾਣਾ ਦੀ ਕਾਰਜਸ਼ੈਲੀ ਅਤੇ ਲੋਕਪ੍ਰਿਯਤਾ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਆਖਿਆ ਕਿ ਹਲਕਾ ਸਨੌਰ ਵਿੱਚ 'ਆਪ' ਦਾ ਕਾਫ਼ਲਾ ਦਿਨ-ਬ-ਦਿਨ ਮਜ਼ਬੂਤ ਹੋ ਰਿਹਾ ਹੈ ਅਤੇ ਮਾਨ ਸਰਕਾਰ ਪਿੰਡਾਂ ਦੀ ਨੁਹਾਰ ਬਦਲਣ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦੇਵੇਗੀ।ਇਸ ਸਮਾਗਮ ਦੌਰਾਨ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਦਾ ਧੰਨਵਾਦ ਕਰਦਿਆਂ ਆਖਿਆਸ ਕਿ ਸਰਕਾਰ ਦਾ ਇੱਕੋ-ਇੱਕ ਮੁੱਖ ਟੀਚਾ ਹਲਕਾ ਸਨੌਰ ਦੇ ਹਰ ਪਿੰਡ ਅਤੇ ਢਾਣੀ ਤੱਕ ਵਿਕਾਸ ਦੀ ਰੋਸ਼ਨੀ ਪਹੁੰਚਾਉਣਾ ਹੈ।

# ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਸੌਂਪੇ ਕਿਸ਼ਤਾਂ ਦੇ ਮਨਜ਼ੂਰੀ ਪੱਤਰ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਮਕਾਨ ਨਿਰਮਾਣ ਲਈ ਮਨਜ਼ੂਰ ਹੋਈ ਵਿੱਤੀ ਸਹਾਇਤਾ ਦੀ ਅਗਲੀ ਪ੍ਰਕਿਰਿਆ ਨੂੰ ਅੱਗੇ ਵਧਾਉਂਦਿਆਂ ਵੀਰਵਾਰ ਨੂੰ ਨਗਰ ਕੌਂਸਲ ਬਾਘਾ ਪੁਰਾਣਾ ਵਿਖੇ ਇੱਕ ਸਮਾਗਮ ਦੌਰਾਨ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ 32 ਲਾਭਪਾਤਰੀਆਂ ਨੂੰ ਕਿਸ਼ਤਾਂ ਦੀ ਰਾਸ਼ੀ ਨਾਲ ਸਬੰਧਤ ਮਨਜ਼ੂਰੀ ਪੱਤਰ (ਫਾਰਮ) ਸੌਂਪੇ। ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਪਵਨ ਗੁਪਤਾ, ਉਪ ਪ੍ਰਧਾਨ ਧਰਮਿੰਦਰ ਰੱਖੜਾ, ਕੌਂਸਲਰ ਪ੍ਰਿਥੀ ਸਿੰਘ, ਪਾਰਟੀ ਆਗੂਆਂ ਅਤੇ ਨਗਰ ਕੌਂਸਲ ਦੇ ਅਧਿਕਾਰੀ ਵੀ ਮੌਜੂਦ ਰਹੇ। ਇਸ ਮੌਕੇ ਵਿਧਾਇਕ ਸੁਖਾਨੰਦ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਨਗਰ ਕੌਂਸਲ ਦੀ ਟੀਮ ਸ਼ਹਿਰ ਵਾਸੀਆਂ ਤੱਕ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਦਾ ਲਾਭ ਪਾਰਦਰਸ਼ੀ ਢੰਗ ਨਾਲ ਪਹੁੰਚਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

# ਊਧਮ ਸਿੰਘ ਦੇ ਸ਼ਹੀਦੀ ਦਿਵਸ ਮੌਕੇ ਵਿਸ਼ੇਸ਼ ਪ੍ਰਾਰਥਨਾ ਸਭਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਊਂਟ ਲਿਟਰਾ ਜ਼ੀ ਸਕੂਲ ਰਾਮਪੁਰਾ ਨੇ ਅਮਰ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਵਸ ਨੂੰ ਯਾਦ ਕਰਨ ਲਈ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ।ਜਿਸ ਦੀ ਸ਼ੁਰੂਆਤ 6ਵੀਂ ਇਨੋਵੇਟਰਜ ਦੇ ਵਿਦਿਆਰਥੀਆਂ ਵੱਲੋਂ ਪ੍ਰਾਰਥਨਾ ਨਾਲ ਕੀਤੀ ਗਈ।ਵਿਦਿਆਰਥੀਆਂ ਨੇ ਸ਼ਹੀਦ ਊਧਮ ਸਿੰਘ ਦੇ ਜੀਵਨ, ਉਨ੍ਹਾਂ ਦੀ ਅਦੁੱਤੀ ਹਿੰਮਤ, ਦੇਸ਼ ਭਗਤੀ ਅਤੇ ਆਜ਼ਾਦੀ ਸੰਗਰਾਮ ਵਿੱਚ ਉਨ੍ਹਾਂ ਦੇ ਬੇਮਿਸਾਲ ਯੋਗਦਾਨ ਬਾਰੇ ਪ੍ਰੇਰਨਾਦਾਇਕ ਵਿਚਾਰ ਸਾਂਝੇ ਕੀਤੇ।ਦੇਸ਼ ਭਗਤੀ ਦੇ ਭਾਸ਼ਣਾਂ, ਕਵਿਤਾਵਾਂ, ਗੀਤ ਅਤੇ ਪ੍ਰੇਰਨਾਦਾਇਕ ਪੇਸ਼ਕਾਰੀਆਂ ਰਾਹੀਂ ਵਿਦਿਆਰਥੀਆਂ ਨੇ ਮਹਾਨ ਇਨਕਲਾਬੀ ਨੂੰ ਦਿਲੋਂ ਸ਼ਰਧਾਂਜਲੀ ਭੇਟ ਕੀਤੀ।ਅੰਤ ਵਿੱਚ, ਸਕੂਲ ਦੇ ਮੈਨੇਜਿੰਗ ਡਾਇਰੈਕਟਰ ਗਗਨ ਬਾਂਸਲ, ਜਨਰਲ ਸਕੱਤਰ ਸ਼੍ਰੀਮਤੀ ਨਮਿਤਾ ਬਾਂਸਲ ਅਤੇ ਪ੍ਰਿੰਸੀਪਲ ਸ਼੍ਰੀਮਤੀ ਗੀਤਾ ਪਿੱਲੇ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਮਹਾਨ ਸ਼ਹੀਦ ਦੇ ਆਦਰਸ਼ਾਂ ਦੀ ਪਾਲਣਾ ਕਰਨ ਅਤੇ ਰਾਸ਼ਟਰ ਨਿਰਮਾਣ ਵਿੱਚ ਯੋਗਦਾਨ ਪਾਉਣ ਲਈ ਉਤਸ਼ਾਹਿਤ ਕੀਤਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## ਖੰਡ ਮਿੱਲ ਸੇਰੋਂ ਵਿਖੇ ਸ਼ਹੀਦ ਊਧਮ ਸਿੰਘ ਨੂੰ ਅਕੀਦਤ ਦੇ ਫੁੱਲ ਭੇਟ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਸੇਰੋਂ ਖੰਡ ਮਿੱਲ ਮੋਰਚੇ ਤੇ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਤੇ ਵਰਕਰਾਂ ਵੱਲੋਂ ਭਾਰਤ ਦੇਸ਼ ਦੀ ਅਣਖ ਅਤੇ ਗੈਰਤ ਦੀ ਲਾਜ ਰੱਖਣ ਵਾਲੇ ਮਹਾਨ ਸਪੂਤ ਸ਼ਹੀਦ ਊਧਮ ਸਿੰਘ ਉਰਫ਼ ਰਾਮ ਮੁਹੰਮਦ ਸਿੰਘ ਆਜ਼ਾਦ ਦੀ ਮਹਾਨ ਸ਼ਹਾਦਤ ਨੂੰ ਪ੍ਰਣਾਮ ਕਰਦਿਆਂ ਉਨ੍ਹਾਂ ਦੀ ਵਿਚਾਰਧਾਰਾ ਨੂੰ ਸਮਝਣ ਤੇ ਅਪਣਾਉਣ ਬਾਰੇ ਕਿਸਾਨ ਆਗੂਆਂ ਆਪਣੇ ਵਿਚਾਰ ਰੱਖੇ।ਆਗੂਆਂ ਕਿਹਾ ਕਿ ਸ਼ਹੀਦ ਊਧਮ ਸਿੰਘ ਦੇ ਕ੍ਰਾਂਤੀਕਾਰੀ ਵਿਚਾਰ ਤੇ ਸਮਾਜਵਾਦੀ ਫਲਸਫ਼ਾ ਸਾਡਾ ਰਾਹ ਦਸੇਰਾ ਹੈ।ਜੇਕਰ ਅੱਜ ਮਿਹਨਤਕਸ਼ ਜਨਤਾ ਨੇ ਕਾਰਪੋਰੇਟ ਘਰਾਣਿਆਂ ਦੇ ਸੰਗਲਾਂ 'ਚੋਂ ਬਾਹਰ ਆ ਕੇ ਅਸਲੀ ਆਰਥਿਕ ਅਤੇ ਸਮਾਜਿਕ ਆਜ਼ਾਦੀ ਦਾ ਨਿੱਘ ਮਾਣਨਾ ਹੈ ਤਾਂ ਸਾਨੂੰ ਰਾਮ ਮੁਹੰਮਦ ਸਿੰਘ ਆਜ਼ਾਦ ਉਰਫ਼ ਸ਼ਹੀਦ ਊਧਮ ਸਿੰਘ ਦੇ ਵਿਚਾਰਾਂ 'ਤੇ ਪਹਿਰਾ ਦਿੰਦਿਆਂ ਮਿਹਨਤਕਸ਼ ਲੋਕਾਂ ਦੇ ਮਸਲਿਆਂ ਦੇ ਹੱਲ ਲਈ ਵਿਸ਼ਾਲ ਸਾਂਝੇ ਸੰਘਰਸ਼ ਕਰਨੇ ਪੈਣਗੇ । ਕਿਸਾਨ ਆਗੂਆਂ ਹਰਜਿੰਦਰ ਸਿੰਘ ਟਾਂਡਾ, ਨਛੱਤਰ ਸਿੰਘ ਪੰਨੂ, ਮਨਜੀਤ ਸਿੰਘ ਬੱਗੂ, ਤਰਸੇਮ ਸਿੰਘ ਲੁਹਾਰ, ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਕਿਹਾ ਕਿ ਅੱਜ ਦੀਆਂ ਕੇਂਦਰ ਤੇ ਸੂਬਾਈ ਸਰਕਾਰਾਂ ਕਾਰਪੋਰੇਟ ਘਰਾਣਿਆਂ ਦੀਆਂ ਗੁਲਾਮ ਬਣ ਗਈਆਂ ਹਨ ।ਸਰਮਾਏਦਾਰ ਪੱਖੀ ਸਰਕਾਰਾਂ ਦਾ ਹਰ ਫੈਸਲਾ ਕਾਰਪੋਰੇਟ ਘਰਾਣਿਆਂ ਨੂੰ ਬਾਗੋ-ਬਾਗ਼ ਕਰਨ ਲਈ ਹੋ ਰਿਹਾ ਹੈ।ਇਸੇ ਲਈ ਸੇਰੋਂ ਖੰਡ ਮਿੱਲ ਵਰਗੇ ਸ਼ਾਨਦਾਰ ਸਹਿਕਾਰੀ ਅਦਾਰੇ ਜਾਣ ਬੁੱਝ ਕੇ ਖ਼ਤਮ ਕੀਤੇ ਜਾ ਰਹੇ ਹਨ ਜਾਂ ਨਿੱਜੀ ਹੱਥਾਂ ਵਿੱਚ ਦਿੱਤੇ ਜਾ ਰਹੇ ਹਨ।ਯਾਦ ਰਹੇ ਕਿ ਅੰਗਰੇਜ਼ ਸਾਮਰਾਜ ਵਿਰੁੱਧ ਸੰਘਰਸ਼ ਲੜਨ ਵਾਲੇ ਸ਼ਹੀਦ ਊਧਮ ਸਿੰਘ ਵਰਗੇ ਸਾਡੇ ਦੇਸ਼ ਦੇ ਸਾਰੇ ਕ੍ਰਾਂਤੀਕਾਰੀ ਯੋਧੇ ਸਾਮਰਾਜ ਦੀਆਂ ਨੀਤੀਆਂ ਨੂੰ ਚੰਗੀ ਤਰ੍ਹਾਂ ਸਮਝਦੇ ਸਨ।ਇਸ ਲਈ ਸਾਨੂੰ ਵੀ ਅੱਜ ਸੇਰੋਂ ਖੰਡ ਮਿੱਲ ਮੋਰਚੇ 'ਤੇ ਬੈਠਿਆਂ ਅਜਿਹੀ ਵਿਚਾਰਧਾਰਾ ਦੇ ਹਾਣੀ ਬਣਨ ਲਈ ਸੰਘਰਸ਼ਾਂ ਦੇ ਪਿੜ ਮੱਲਣ ਲਈ ਅੱਗੇ ਆਉਣਾ ਪਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਬਾਜ ਸਿੰਘ ਸਿੱਧੂ, ਜੱਸਾ ਸਿੰਘ ਕੱਦਗਿੱਲ, ਰੇਸ਼ਮ ਸਿੰਘ ਫੈਲੋਕੇ, ਸੁਖਚੈਨ ਸਿੰਘ ਸਰਹਾਲੀ, ਜਸਬੀਰ ਸਿੰਘ ਨਿੱਜਰਪੁਰਾ, ਰਤਨ ਸਿੰਘ ਢੰਡ, ਵਰਿਆਮ ਸਿੰਘ ਸਖੀਰਾ, ਕੇਹਰ ਸਿੰਘ ਮੁਗ਼ਲ ਚੱਕ, ਦਿਲਬਾਗ ਸਿੰਘ ਬਾਣੀਆਂ, ਅਨੋਖ ਸਿੰਘ ਕਾਹਲਵਾਂ, ਬਲਜਿੰਦਰ ਸਿੰਘ ਮੁੰਡਾ ਪਿੰਡ, ਸੁਲੱਖਣ ਸਿੰਘ ਤੁੜ, ਜਸਬੀਰ ਸਿੰਘ ਜਾਮਾਰਾਏ, ਅਜੀਤ ਸਿੰਘ ਜੌਣੇਕੇ ਸਮੇਤ ਬਹੁਤ ਸਾਰੇ ਕਿਸਾਨ ਆਗੂ ਹਾਜ਼ਰ ਸਨ ਜਿਨ੍ਹਾਂ ਨੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ ਦੇਣ ਲਈ 'ਸ਼ਹੀਦ ਊਧਮ ਸਿੰਘ ਅਮਰ ਰਹੇ' ਦੇ ਆਕਾਸ਼ ਗੂੰਜਾਊ ਨਾਅਰੇ ਲਗਾਏ।ਇਸ ਮੌਕੇ ਕਿਸਾਨ ਆਗੂਆਂ ਨੇ ਪਾਖੰਡੀ ਹਾਕਮਾਂ ਤੋਂ ਸੁਚੇਤ ਰਹਿਣ ਦੀ ਮਿਹਨਤਕਸ਼ ਲੋਕਾਂ ਨੂੰ ਅਪੀਲ ਕੀਤੀ।



## ਗੰਦੇ ਪਾਣੀ ਦੀ ਸਮੱਸਿਆ ਲੈ ਕੇ ਕਸਬਾ ਖੇਮਕਰਨ ਦੇ ਦੁਕਾਨਦਾਰਾਂ ਨੇ ਲਾਇਆ ਧਰਨਾ

**ਵਲਟੋਹਾ (ਰਣਜੀਤ ਸਿੰਘ ਵਲਟੋਹਾ)**- ਕਸਬਾ ਖੇਮਕਰਨ ਦੇ ਸਮੂਹ ਦੁਕਾਨਦਾਰਾਂ ਵੱਲੋਂ ਆਪਣੀਆਂ ਦੁਕਾਨਾਂ ਬੰਦ ਰੱਖ ਕੇ ਕਸਬੇ ਦੇ ਮੇਨ ਚੌਂਕ ਵਿਖੇ ਨਗਰ ਪੰਚਾਇਤ ਦੇ ਪ੍ਰਧਾਨ ਅਤੇ ਪ੍ਰਸ਼ਾਸਨ ਦੇ ਵਿਰੁੱਧ ਗੰਦੇ ਪਾਣੀ ਦੀ ਨਿਕਾਸੀ ਨਾ ਹੋਣ ਕਰਕੇ ਅਤੇ ਬੀਤੇ ਦਿਨ ਆਪਣੀ ਫਰਿਆਦ ਲੈ ਕੇ ਨਗਰ ਪੰਚਾਇਤ ਦੇ ਦਫਤਰ ਗਏ ਦੁਕਾਨਦਾਰਾਂ ਨਾਲ ਦੁਰਵਿਹਾਰ ਕਰਨ ਅਤੇ ਧਮਕਾਉਣ ਦੇ ਵਿਰੋਧ ਵਿੱਚ ਧਰਨਾ ਪ੍ਰਦਰਸ਼ਨ ਕੀਤਾ ਗਿਆ। ਧਰਨਾਕਾਰੀ ਆਗੂਆਂ ਦੀ ਮੰਗ ਸੀ ਕਿ ਖੇਮਕਰਨ ਦੇ ਤਹਿਸੀਲ ਬਾਜ਼ਾਰ ਵਿੱਚੋਂ ਗੰਦੇ ਪਾਣੀ ਦੀ ਨਿਕਾਸੀ ਤੁਰੰਤ ਕਰਵਾਈ ਜਾਵੇ ਪਰ ਨਗਰ ਪੰਚਾਇਤ ਖੇਮਕਰਨ ਦੇ ਜ਼ਿੰਮੇਵਾਰ ਅਧਿਕਾਰੀਆਂ ਵੱਲੋਂ ਦੁਕਾਨਦਾਰਾਂ ਨਾਲ ਤਾਨਾਸ਼ਾਹੀ ਵਾਲਾ ਰਵੱਈਆ ਅਪਣਾਉਂਦੇ ਹੋਏ ਉਹਨਾਂ ਦੀ ਗੱਲ ਸੁਣਨ ਦੀ ਬਜਾਏ ਦਫਤਰ ਵਿੱਚੋਂ ਬਾਹਰ ਜਾਣ ਲਈ ਧਮਕੀਆਂ ਵੀ ਦਿੱਤੀਆਂ ਗਈਆਂ ਜਿਸ ਦੇ ਰੋਸ ਵਜੋਂ ਦੁਕਾਨਦਾਰਾਂ ਨੇ ਇਸ ਹੋਈ ਵਧੀਕੀ ਵਿਰੁੱਧ ਜੰਮ ਕੇ ਪ੍ਰਦਰਸ਼ਨ ਕੀਤਾ।ਇਸ ਧਰਨੇ ਵਿੱਚ ਧਾਰਮਿਕ, ਰਾਜਨੀਤਿਕ, ਸਮਾਜਿਕ ਪਾਰਟੀਆਂ ਦੇ ਆਗੂ ਵਿਜੇ ਸਿੰਘ ਪੱਤੂ, ਸਾਬਕਾ ਪ੍ਰਧਾਨ ਗੁਰਬੀਰ ਸਿੰਘ ਖੇੜਾ, ਸਾਬਕਾ ਕੌਂਸਲਰ ਵਰਿਆਮ ਸਿੰਘ ਚੱਠੂ, ਸਾਬਕਾ ਕੌਂਸਲਰ ਰਵੇਲ ਸਿੰਘ ਭੂਰਾ, ਰਮਨ ਕੁਮਾਰ ਧਵਨ, ਸਾਬਕਾ ਕੌਂਸਲਰ ਕਾਮਰੇਡ ਅਨੂਪ ਸਿੰਘ ਭੋਲਾ, ਤਜਿੰਦਰ ਕੁਮਾਰ ਗੋਰਖਾ, ਪਵਨ ਕੁਮਾਰ ਵੇਦੀ, ਅਸ਼ਵਨੀ ਕੁਮਾਰ ਸ਼ਰਮਾ ਪ੍ਰਧਾਨ ਸ੍ਰੀ ਸਨਾਤਨ ਧਰਮ ਸਭਾ ਵੱਲੋਂ ਆਪਣੇ ਭਾਸ਼ਣ ਦੌਰਾਨ ਦੁਕਾਨਦਾਰਾਂ ਨਾਲ ਕੀਤੀ ਗਈ ਬਦਸਲੂਕੀ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਅਤੇ ਦੁਕਾਨਦਾਰਾਂ ਨਾਲ ਡੱਟ ਕੇ ਖਲੋਣ ਦਾ ਵਿਸ਼ਵਾਸ ਵੀ ਦਵਾਇਆ ਗਿਆ। ਦੁਕਾਨਦਾਰਾਂ ਦੇ ਇਸ ਸੰਘਰਸ਼ ਨੂੰ ਵੇਖਦੇ ਹੋਏ ਹਲਕਾ ਵਿਧਾਇਕ ਸਰਵਣ ਸਿੰਘ ਧੁੰਨ ਵੱਲੋਂ ਆਪਣੇ ਸਿਆਸੀ ਸਲਾਹਕਾਰ ਹੀਰਾ ਸਿੰਘ ਭੁੱਲਰ ਅਤੇ ਕਾਰਜ ਅਫਸਰ ਖੇਮਕਰਨ ਧਰਮਪਾਲ ਸਿੰਘ, ਚੇਅਰਮੈਨ ਬਲਜੀਤ ਸਿੰਘ ਖਹਿਰਾ ਅਤੇ ਥਾਣਾ ਮੁਖੀ ਖੇਮਕਰਨ ਇੰਸਪੈਕਟਰ ਕਵਲਜੀਤ ਰਾਏ ਨੂੰ ਧਰਨਾਕਾਰੀਆਂ ਨੂੰ ਸ਼ਾਂਤ ਕਰਨ ਵਾਸਤੇ ਮੌਕੇ 'ਤੇ ਭੇਜਿਆ ਜਿਨ੍ਹਾਂ ਨੇ ਦੁਕਾਨਦਾਰਾਂ ਨੂੰ ਵਿਸ਼ਵਾਸ ਦਵਾਇਆ ਕਿ ਉਨ੍ਹਾਂ ਨਾਲ ਹੋਈ ਇਸ ਬਦਸਲੂਕੀ ਦੀ ਮੁਆਫੀ ਮੰਗੀ। ਹਲਕਾ ਵਿਧਾਇਕ ਨਾਲ ਜਲਦ ਹੀ ਇੱਕ ਸ਼ਹਿਰ ਦੇ ਹਿੱਤ ਵਿੱਚ ਮੀਟਿੰਗ ਕਰਵਾਉਣ ਦਾ ਵਿਸ਼ਵਾਸ ਵੀ ਦਵਾਇਆ। ਇਸ ਮੌਕੇ ਦੁਕਾਨਦਾਰਾਂ ਵੱਲੋਂ ਪਹੁੰਚੇ ਹੋਏ ਆਗੂਆਂ ਨੂੰ ਆਪਣਾ ਮੰਗ ਪੱਤਰ ਵੀ ਦਿੱਤਾ। ਧਰਨੇ 'ਚ ਸੰਮਾ ਸਿੰਘ, ਹਨੀ ਅਬਰੋਲ, ਅਨਮੋਲ ਬਜਾਜ, ਕ੍ਰਿਸ਼ਨ ਲਾਲ, ਵਿਕਾਸ ਵਿਜ, ਅਮਰਜੀਤ ਮਹਿਤਾ, ਸੁਰਿੰਦਰ ਪਾਲ ਚੌਧਰੀ, ਸੁਨੀਲ ਮਹਿਤਾ, ਵਿਜੇ ਕੁਮਾਰ ਵੱਤਾ, ਪਵਨ ਕੁਮਾਰ, ਦਵਿੰਦਰ ਭੰਡਾਰੀ, ਹਰਜੀਤ ਸਿੰਘ ਘਈ, ਕਰਨੈਲ ਸਿੰਘ ਮੰਡ, ਸਤਨਾਮ ਸਿੰਘ, ਸਿਮਰਨਜੀਤ ਸਿੰਘ, ਪ੍ਰਦੀਪ ਭੰਡਾਰੀ, ਅਮਿਤ ਵਿੱਜ, ਵਿਪਨ ਕਪੂਰ, ਨਿਰਮਲ ਸਿੰਘ ਪੱਤੂ, ਭਗਵਾਨ ਸਿੰਘ, ਜਸਵੰਤ ਸਿੰਘ, ਚੈਂਚਲ ਸਿੰਘ, ਝਰਮਲ ਸਿੰਘ, ਸੁਖਜਿੰਦਰ ਸਿੰਘ, ਰਕੇਸ਼ ਕੁਮਾਰ, ਪ੍ਰਦੀਪ ਕੁਮਾਰ, ਪੁਨੀਤ ਪਾਸੀ, ਡਾ. ਮੇਹਰ ਸਿੰਘ, ਇੰਸਪੈਕਟਰ ਕਸ਼ਮੀਰ ਸਿੰਘ, ਕੇਸ਼ਵ ਮਹਿਤਾ, ਰਾਜ ਕੁਮਾਰ ਮਹਿਤਾ, ਰੋਹਿਤ ਸ਼ਰਮਾ, ਜਨਕ ਰਾਜ ਮਹਿਤਾ, ਸਫੀ ਸ਼ਰਮਾ, ਡਾਕਟਰ ਰੂਪ ਸਿੰਘ, ਰਮੇਸ਼ ਕੁਮਾਰ, ਸਲਵਿੰਦਰ ਸਿੰਘ, ਰਮਨ ਕੁਮਾਰ ਚਾਵਲਾ, ਹਰਜਿੰਦਰ ਸਿੰਘ, ਮੇਜਰ ਸਿੰਘ ਚੱਠੂ, ਨੰਬਰਦਾਰ ਕਾਲਾ ਭੁੱਲਰ, ਲੇਖ ਰਾਮ, ਕੁਲਵੰਤ ਕੁਮਾਰ, ਪ੍ਰੇਮ ਕੁਮਾਰ ਧੀਰ, ਸੋਨਾ ਬਜਾਜ, ਬੀਕੇ ਟੇਲਰ, ਪ੍ਰਭਮੀਤ ਸਿੰਘ, ਵਨੀਤ ਕੁਮਾਰ ਪਾਸੀ, ਦਰਸ਼ਨ ਪੁਰੀ, ਤਰਸੇਮ ਲਾਲ ਖੰਨਾ ਅਤੇ ਵੱਡੀ ਗਿਣਤੀ ਵਿੱਚ ਦੁਕਾਨਦਾਰ ਤੇ ਕਿਸਾਨ ਆਗੂ ਹਾਜ਼ਰ ਸਨ।



## ਸਫ਼ਾਈ ਸੇਵਕਾਂ ਦੇ ਹੱਕ 'ਚ ਸਰਕਾਰ ਦਾ ਪੁਤਲਾ ਫੂਕਿਆ

**ਛੇਹਰਟਾ/ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)**- ਸਟਰੀਟ ਲਾਈਟ ਵਰਕਰ ਯੂਨੀਅਨ (ਸੀਟੂ) ਵੱਲੋਂ ਸਾਥੀ ਤਰਸੇਮ ਸਿੰਘ ਦਿਓਲ ਦੀ ਪ੍ਰਧਾਨਗੀ ਹੇਠ ਸੀਟੂ ਦਫ਼ਤਰ ਪੁਤਲੀਘਰ ਵਿਚ ਇਕੱਠ ਕਰਕੇ ਬਰਨਾਲੇ ਵਿਚ ਸਫ਼ਾਈ ਸੇਵਕਾਂ ਉਤੇ ਹੋਈ ਲਾਠੀਚਾਰਜ ਦੀ ਸਖ਼ਤ ਨਿਖੇਧੀ ਕੀਤੀ ਗਈ। ਇਸ ਮੌਕੇ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਸੁੱਚਾ ਸਿੰਘ ਅਜਨਾਲਾ ਨੇ ਸਫ਼ਾਈ ਸੇਵਕਾਂ ਦੀਆਂ ਹੱਕੀ ਮੰਗਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਹੱਕੀ ਮੰਗਾਂ ਮੰਨਣ ਦੀ ਥਾਂ ਬੀਬੀਆਂ-ਭੈਣਾਂ 'ਤੇ ਘੋਰ ਅੱਤਿਆਚਾਰ ਕੀਤਾ ਗਿਆ। ਸ਼ਰੇਆਮ ਲਾਠੀਚਾਰਜ ਕਰਕੇ ਬੀਬੀਆਂ ਦੇ ਸਿਰ ਪਾੜ ਦਿੱਤੇ ਗਏ ਤੇ ਲੱਤਾਂ-ਬਾਂਹਾਂ ਤੋੜ ਦਿੱਤੀਆਂ ਗਈਆਂ। ਕਾਮਰੇਡ ਅਜਨਾਲਾ ਨੇ ਸੀਟੂ ਵੱਲੋਂ ਨਗਰ ਨਿਗਮ ਸਫ਼ਾਈ ਸੇਵਕਾਂ ਦੀਆਂ ਮੰਗਾਂ ਦੀ ਹਿਮਾਇਤ ਕਰਦੇ ਹੋਏ ਸੰਘਰਸ਼ ਦੀ ਪੂਰਨ ਹਿਮਾਇਤ ਕੀਤੀ। ਇਸ ਮੌਕੇ ਸਾਥੀ ਵਾਸੂਦੇਵ ਜਨਰਲ ਸਕੱਤਰ ਨਗਰ ਨਿਗਮ ਸਟਰੀਟ ਲਾਈਟ ਵਰਕਰ ਯੂਨੀਅਨ, ਕਾਮਰੇਡ ਜਸਬੀਰ ਸਿੰਘ ਝਬਾਲ ਜਨਰਲ ਸਕੱਤਰ ਖੇਤ ਮਜ਼ਦੂਰ ਯੂਨੀਅਨ, ਚਰਨਜੀਤ ਮਜੀਠਾ, ਕਿਰਪਾ ਰਾਮ, ਭਗਵੰਤ ਸਿੰਘ ਪ੍ਰਧਾਨ ਨਗਰ ਨਿਗਮ ਵਰਕਰ ਯੂਨੀਅਨ ਨੇ ਵੀ ਸੰਬੋਧਨ ਕੀਤਾ। ਵਰਕਰਾਂ ਨੇ ਪੁਤਲੀਘਰ ਚੌਕ ਤਕ ਮਾਰਚ ਕੀਤਾ ਅਤੇ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਸਾੜ ਕੇ ਰੋਸ ਪ੍ਰਗਟਾਇਆ। ਇਸ ਮੌਕੇ ਭਗਵੰਤ ਸਿੰਘ, ਰੋਹਿਤ, ਭੁਪਿੰਦਰ ਸਿੰਘ, ਕੁਲਵੰਤ ਸਿੰਘ, ਮੇਜਰ ਸਿੰਘ, ਹਰਜਿੰਦਰ ਸਿੰਘ, ਕਪਲ, ਪ੍ਰਤਾਪ ਸਿੰਘ ਖਾਪੜਖੇੜੀ ਆਦਿ ਹਾਜ਼ਰ ਸਨ।



## ਦੌੜਾਕ ਮਾਸਟਰ ਰਮਨ ਸ਼ਰਮਾ ਨੇ ਗੁਰਦਾਸਪੁਰ ਦਾ ਨਾਂਅ ਰੁਸ਼ਨਾਇਆ

**ਗੁਰਦਾਸਪੁਰ, (ਜਨਕ ਮਹਾਜਨ)**- ਪੰਜਾਬ ਨੈਸ਼ਨਲ ਬੈਂਕ ਦੀ ਪ੍ਰਮੁੱਖ ਸ਼ਾਖਾ ਦੀ ਮਦਦ ਨਾਲ ਪੰਜਾਬ ਦੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਜ਼ਿਲ੍ਹਾ ਵਿਖੇ ਗਮਾਡਾ ਸਪੋਰਟਸ ਕੰਪਲੈਕਸ ਸੈਕਟਰ 78 ਵਿਚ ਇਕ ਵਿਸ਼ਾਲ ਮੈਰਾਥਨ ਕਰਵਾਈ ਗਈ ਜਿਸ ਵਿਚ ਬਹੁਤ ਸਾਰੇ ਦੌੜਾਕਾਂ ਨੇ ਭਾਗ ਲਿਆ। ਇਸ ਦੌੜ ਦਾ ਮੁੱਖ ਟੀਚਾ ਜੰਗਲਾਂ ਦੀ ਦੇਖ-ਰੇਖ ਕਰਨੀ ਕਰਨੀ, ਵਾਤਾਵਰਨ ਨੂੰ ਸਾਫ ਸੁਥਰਾ ਰੱਖਣਾ, ਨਸ਼ਿਆਂ ਦਾ ਵਿਰੋਧ ਕਰਨਾ ਅਤੇ ਕਾਰਗਿਲ ਵਿਜੇ ਦਿਵਸ ਨੂੰ ਯਾਦ ਕਰਨਾ ਸੀ। ਇਸ ਦੌੜ ਵਿਚ ਜ਼ਿਲ੍ਹਾ ਗੁਰਦਾਸਪੁਰ ਤੋਂ ਦੌੜਾਕ ਮਾਸਟਰ ਰਮਨ ਸ਼ਰਮਾ ਨੇ ਪੰਜ ਕਿਲੋਮੀਟਰ ਦੌੜ ਵਿਚ ਭਾਗ ਲਿਆ ਤੇ ਆਪਣੇ ਉਮਰ ਵਰਗ ਵਿਚ ਪਹਿਲਾ ਸਥਾਨ ਪ੍ਰਾਪਤ ਕੀਤਾ। ਜ਼ਿਕਰਯੋਗ ਮੈਰਾਥਨ ਦੌੜਾਕ ਰਮਨ ਸ਼ਰਮਾ ਜ਼ਿਲਾ ਗੁਰਦਾਸਪੁਰ ਦੇ ਬਲਾਕ ਦੀਨਾਨਗਰ ਦੇ ਸਰਕਾਰੀ ਹਾਈ ਸਕੂਲ ਚੇਚੀਆਂ ਛੋੜੀਆਂ ਵਿਖੇ ਅੰਗਰੇਜ਼ੀ ਦੇ ਅਧਿਆਪਕ ਹਨ ਤੇ ਪਹਿਲਾਂ ਵੀ ਕਈ ਦੌੜਾਂ ਜਿੱਤ ਕੇ ਜ਼ਿਲ੍ਹਾ ਗੁਰਦਾਸਪੁਰ ਦਾ ਨਾਂਅ ਰੌਸ਼ਨ ਕਰ ਚੁੱਕੇ ਹਨ। ਗੱਲਬਾਤ ਦੌਰਾਨ ਉਨ੍ਹਾਂ ਨੇ ਦੱਸਿਆ ਕਿ ਮੈਰਾਥਨ ਦੌੜ ਵਿੱਚ ਭਾਗ ਲੈ ਕੇ ਉਨ੍ਹਾਂ ਨੂੰ ਬਹੁਤ ਚੰਗਾ ਲੱਗਦਾ ਹੈ। ਉਨ੍ਹਾਂ ਨੌਜਵਾਨਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਮਾੜੀਆਂ ਆਦਤਾਂ ਨੂੰ ਛੱਡ ਕੇ ਆਪਣਾ ਧਿਆਨ ਖੇਡਾਂ ਵੱਲ ਵੱਧ ਤੋਂ ਦੇਣ ਤਾਂ ਜੋ ਮਾਨਸਿਕ ਤਣਾਓ ਘੱਟ ਅਤੇ ਸਰੀਰ ਤੰਦਰੁਸਤ ਰਹਿ ਸਕੇ। ਉਨ੍ਹਾਂ ਨੇ ਪੰਜਾਬ ਸਰਕਾਰ ਅਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ ਜ਼ਿਲ੍ਹੇ ਅੰਦਰ ਦੌੜਾਂ ਦਾ ਸੰਥੈਟਿਕ ਟਰੈਕ ਬਣਾਇਆ ਜਾਵੇ ਜਿਸ ਦਾ ਨੌਜਵਾਨ ਅਤੇ ਦੌੜਾਕ ਲਾਭ ਲੈ ਸਕਣ।



## ਆਈ ਆਰ ਬੀ ਬਟਾਲੀਅਨ ਫੋਰਥ ਦੇ ਚਾਰ ਸੇਵਾਮੁਕਤ ਕਰਮਚਾਰੀਆਂ ਨੂੰ ਦਿੱਤੀ ਵਿਦਾਇਗੀ ਪਾਰਟੀ



**ਪਠਾਨਕੋਟ (ਦਵਿੰਦਰ ਸਿੰਘ)**- ਆਈ ਆਰ ਬੀ ਬਟਾਲੀਅਨ ਫੋਰਥ ਦੇ ਹੈੱਡਕੁਆਰਟਰ ਵਿਖੇ ਬਟਾਲੀਅਨ ਦੇ [illegible] ਸੇਵਾਮੁਕਤ ਕਰਕੇ ਵਿਦਾਇਗੀ ਪਾਰਟੀ ਦਿੱਤੀ ਗਈ। ਬਟਾਲੀਅਨ ਦੇ ਕਮਾਂਡੈਂਟ ਸਰਦਾਰ ਬਹਾਦੁਰ ਸਿੰਘ ਪੀ ਪੀ ਐਸ ਨੇ ਦੱਸਿਆ ਕਿ ਬਟਾਲੀਅਨ ਦੇ ਇੰਸਪੈਕਟਰ ਨਰਿੰਦਰ ਸਿੰਘ, ਜਿਨ੍ਹਾਂ ਨੇ 35 ਸਾਲ ਦੀ ਸੇਵਾ ਨਿਭਾਈ, ਏ ਐਸ ਆਈ ਵਿਜੈ ਕੁਮਾਰ, ਜਿਨ੍ਹਾਂ ਨੇ 33 ਸਾਲ ਦੀ ਸੇਵਾ ਕੀਤੀ, ਹੈੱਡਕੁਆਰਟਰ ਐਚ ਸੀ ਰੂਪ ਸਿੰਘ, ਜਿਨ੍ਹਾਂ ਨੇ 34 ਸਾਲ ਦੀ ਸੇਵਾ ਨਿਭਾਈ, ਅਤੇ ਏ ਐਸ ਆਈ ਜਸਵੀਰ ਸਿੰਘ, ਜਿਨ੍ਹਾਂ ਨੇ ਆਪਣੀ 34 [illegible] ਲੇਖਾਕਾਰ ਅਤੇ ਸੁਪਰਿੰਟੈਂਡੈਂਟ ਬਲਵਿੰਦਰ ਕੁਮਾਰ, ਇੰਸਪੈਕਟਰ ਚਿਰੰਜੀ ਲਾਲ, ਸਬ ਇੰਸਪੈਕਟਰ ਸਤੀਸ਼ ਕੁਮਾਰ, ਸਬ ਇੰਸਪੈਕਟਰ ਜਰਨੈਲ ਸਿੰਘ, ਐਸ ਆਈ ਹਰਜਿੰਦਰ ਸਿੰਘ, ਏ ਐਸ ਆਈ ਤਾਰਾ ਸਿੰਘ, ਏ ਐਸ ਆਈ ਬਲਦੇਵ ਸਿੰਘ, ਏ ਐਸ ਆਈ ਕੁਲਵਿੰਦਰ ਸਿੰਘ, ਏ ਐਸ ਆਈ ਸੁਖਵਿੰਦਰ ਸਿੰਘ, ਐਚ ਸੀ ਸੁਖਜਿੰਦਰ ਸਿੰਘ, ਗਗਨ ਤਿਵਾੜੀ, ਕੰਵਰ ਸੰਦੀਪ ਸਿੰਘ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

## ਸੜਕ ਹਾਦਸਿਆਂ ਦੌਰਾਨ ਜ਼ਖ਼ਮੀਆਂ ਦੀ ਤੁਰੰਤ ਮਦਦ ਕਰਨਾ ਸਾਡਾ ਨੈਤਿਕ ਫਰਜ਼ : ਆਰ ਟੀ ਓ ਰੋਬਿਨਜੀਤ ਕੌਰ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਜ਼ਿਲ੍ਹਾ ਟਰਾਂਸਪੋਰਟ ਅਫ਼ਸਰ ਗੁਰਦਾਸਪੁਰ (ਆਰ.ਟੀ.ਓ.) ਰੋਬਿਨਜੀਤ ਕੌਰ ਨੇ ਕਿਹਾ ਕਿ ਸੜਕ ਹਾਦਸਿਆਂ ਵਿੱਚ ਜ਼ਖ਼ਮੀ ਹੋਏ ਲੋਕਾਂ ਦੀ ਜਾਨ ਬਚਾਉਣ ਲਈ ਸਰਕਾਰ ਵੱਲੋਂ ਚਲਾਈ ਜਾ ਰਹੀ ਪ੍ਰਧਾਨ ਮੰਤਰੀ [illegible] ਰਾਹੀਂ ਚਲਾਈ ਜਾਂਦੀ ਹੈ। ਹਿੱਟ-ਐਂਡ-ਰਨ ਮਾਮਲਿਆਂ ਵਿੱਚ ਲਾਗਤ ਸਰਕਾਰ ਦੁਆਰਾ ਕੀਤੀ ਜਾਂਦੀ ਹੈ। ਆਰ.ਟੀ.ਓ ਰੋਬਿਨਜੀਤ ਕੌਰ ਨੇ ਦੱਸਿਆ ਕਿ ਰਾਹ ਵੀਰ (ਗੁੱਡ ਸਮਾਰੀਟਨ ) ਸਕੀਮ ਦੇ ਤਹਿਤ, ਜੋ ਕੋਈ ਵੀ ਵਿਅਕਤੀ ਹਾਦਸੇ ਦੇ ਪਹਿਲੇ 60 [illegible] ਹਨ। ਉਨ੍ਹਾਂ ਕਿਹਾ ਕਿ ਭਾਰਤੀ ਸੜਕਾਂ 'ਤੇ ਵਾਹਨ ਹਾਦਸੇ ਵਿੱਚ ਸ਼ਾਮਲ ਹਰੇਕ ਭਾਰਤੀ ਅਤੇ ਵਿਦੇਸ਼ੀ ਨਾਗਰਿਕ ਇਸ ਯੋਜਨਾ ਦਾ ਲਾਭ ਲੈਣ ਦੇ ਯੋਗ ਹੈ ਅਤੇ ਇਸ ਲਈ ਵਾਹਨ ਬੀਮਾ ਜ਼ਰੂਰੀ ਨਹੀਂ ਹੈ। ਦੁਰਘਟਨਾ ਦੀ ਸਥਿਤੀ ਵਿੱਚ ਐਂਬੂਲੈਂਸ ਅਤੇ ਨਜ਼ਦੀਕੀ ਸੂਚੀਬੱਧ ਹਸਪਤਾਲ ਬਾਰੇ ਜਾਣਕਾਰੀ ਲਈ 112 ਹੈਲਪਲਾਈਨ 'ਤੇ ਤੁਰੰਤ ਸੰਪਰਕ ਕੀਤਾ ਜਾ ਸਕਦਾ ਹੈ। ਇਹ ਯੋਜਨਾ ਈ-ਡਾਰ ਅਤੇ ਰਾਸ਼ਟਰੀ ਸਿਹਤ ਅਥਾਰਟੀ ਦੇ ਟੀ.ਐਮ.ਐਸ 2.0 ਪੋਰਟਲ [illegible] ਬਾਅਦ ਇਨਾਮ ਦੀ ਰਕਮ ਜ਼ਿਲ੍ਹਾ ਮੁਲਾਂਕਣ ਕਮੇਟੀ ਦੀ ਸਿਫ਼ਾਰਸ਼ ਦੇ ਆਧਾਰ 'ਤੇ ਪੀ.ਐਫ.ਐਮ.ਐਸ. ਰਾਹੀਂ ਸਿੱਧੇ ਲਾਭਪਾਤਰੀ ਦੇ ਬੈਂਕ ਖਾਤੇ ਵਿੱਚ ਟਰਾਂਸਫਰ ਕੀਤੀ ਜਾਂਦੀ ਹੈ। ਆਰ.ਟੀ.ਓ ਨੇ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੜਕ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨ ਅਤੇ ਦੁਰਘਟਨਾ ਦੀ ਸਥਿਤੀ ਵਿੱਚ ਮਨੁੱਖਤਾ ਦਿਖਾਉਂਦੇ ਹੋਏ ਜ਼ਖ਼ਮੀ ਵਿਅਕਤੀ ਦੀ ਮਦਦ ਕਰਨ, ਕਿਉਂਕਿ ਤੁਹਾਡੀ ਸਮੇਂ ਸਿਰ ਮਦਦ ਕਿਸੇ ਦੀ ਜਾਨ ਬਚਾ ਸਕਦੀ ਹੈ।



## ਨਸ਼ੀਲੀਆਂ ਗੋਲੀਆਂ ਤੇ ਡਰੱਗ ਮਨੀ ਸਮੇਤ ਨੌਜਵਾਨ ਕਾਬੂ

**ਧਾਰੀਵਾਲ (ਮਨਦੀਪ ਵਿੱਕੀ)**- ਥਾਣਾ [illegible] 1000 ਰੁਪਏ ਡਰੱਗ ਮਨੀ ਬਰਾਮਦ ਹੋਈ ਹੈ।ਮੁਲਜ਼ਮ ਦੀ ਪਛਾਣ ਪਤਰਸ ਉਰਫ ਜਿੱਦੀ ਪੁੱਤਰ ਸ਼ਿੰਦਾ ਵਾਸੀ ਦੀਨਪੁਰ ਵਜੋਂ ਹੋਈ।ਪੁਲਸ ਨੇ ਪਤਰਸ ਉਰਫ ਜਿੱਦੀ ਨੂੰ 20 ਨਸ਼ੀਲੀਆਂ ਗੋਲੀਆਂ ਅਤੇ ਇਕ ਹਜ਼ਾਰ ਰੁਪਏ ਡਰੱਗ ਮਨੀ ਸਮੇਤ ਗ੍ਰਿਫਤਾਰ ਕਰਕੇ ਉਸ ਵਿਰੁੱਧ ਮੁਕਦਮਾ ਦਰਜ ਕਰ ਲਿਆ ਹੈ।

## ਮੁਹੱਲਾ ਸਲਾੜੀ ਖੱਡ ਨੂੰ ਜਾਂਦੀ ਲਿੰਕ ਸੜਕ ਦੀ ਹਾਲਤ ਖ਼ਸਤਾ

**ਪਠਾਨਕੋਟ (ਦਵਿੰਦਰ ਸਿੰਘ)**- ਜ਼ਿਲ੍ਹਾ ਪਠਾਨਕੋਟ ਦੇ ਅਰਧ-ਪਹਾੜੀ ਖੇਤਰ ਧਾਰ ਕਲਾਂ ਬਲਾਕ ਅਧੀਨ ਆਉਂਦੀ ਗ੍ਰਾਮ ਪੰਚਾਇਤ ਸੁਕਰੇਤ ਦੇ ਮੁਹੱਲਾ ਸਲਾੜੀ ਖੱਡ ਨੂੰ ਜਾਂਦੀ ਖਸਤਾਹਾਲ ਲਿੰਕ ਸੜਕ ਦੇ ਮਾਮਲੇ ਨੂੰ ਲੈ ਕੇ ਮੁਹੱਲਾ ਵਾਸੀਆਂ ਨੇ ਦੋ ਵਾਰ ਮੰਡੀ ਬੋਰਡ ਵਿਭਾਗ ਦੇ ਐਸ.ਡੀ.ਓ. ਨੂੰ ਜਾਣਕਾਰੀ ਦੇਣ ਦੇ ਬਾਵਜੂਦ ਵਿਭਾਗ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ। ਇਸ ਕਾਰਨ ਮੁਹੱਲੇ ਦਾ ਹੋਰ ਇਲਾਕਿਆਂ ਨਾਲ ਸੰਪਰਕ ਲਗਭਗ ਟੁੱਟ ਗਿਆ ਹੈ।ਮੁਹੱਲਾ ਵਾਸੀਆਂ ਨੇ ਮੰਡੀ ਬੋਰਡ ਵਿਭਾਗ ਨੂੰ ਆਖ਼ਰੀ ਚੇਤਾਵਨੀ ਦਿੰਦਿਆਂ ਕਿਹਾ ਹੈ ਕਿ ਜੇਕਰ ਸ਼ੁੱਕਰਵਾਰ ਸ਼ਾਮ ਤੱਕ ਖਸਤਾਹਾਲ ਲਿੰਕ ਸੜਕ ਨੂੰ ਵਾਹਨਾਂ ਦੀ ਆਵਾਜਾਈ ਯੋਗ ਨਾ ਬਣਾਇਆ ਗਿਆ ਤਾਂ ਉਹ ਸ਼ਨੀਵਾਰ ਨੂੰ ਮਜਬੂਰਨ ਪਠਾਨਕੋਟ-ਡਲਹੌਜ਼ੀ-ਚੰਬਾ ਰਾਸ਼ਟਰੀ ਮਾਰਗ 'ਤੇ ਧਰਨਾ ਦੇ ਕੇ ਜਾਮ ਲਗਾਉਣ ਅਤੇ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਗੇ।ਇਸ ਸਬੰਧੀ ਪੰਚ ਸਲਾੜੀ ਖੱਡ ਓਮ ਪ੍ਰਕਾਸ਼ ਨੇ ਦੱਸਿਆ ਕਿ ਵਿਭਾਗ ਅਤੇ ਪ੍ਰਸ਼ਾਸਨ ਉਨ੍ਹਾਂ ਦੀ ਸੜਕ ਦੀ ਸਮੱਸਿਆ ਵੱਲ ਕੋਈ ਧਿਆਨ ਨਹੀਂ ਦੇ ਰਹੇ। ਇਸ ਲਈ ਉਨ੍ਹਾਂ ਕੋਲ ਰਾਸ਼ਟਰੀ ਮਾਰਗ ਨੂੰ ਜਾਮ ਕਰਕੇ ਆਪਣਾ ਮਾਮਲਾ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਉਣ ਤੋਂ ਇਲਾਵਾ ਹੋਰ ਕੋਈ ਚਾਰਾ ਨਹੀਂ ਬਚਿਆ।





## 'ਮੇਰੀ ਰਸੋਈ ਸਕੀਮ' ਤਹਿਤ ਪਿੰਡ ਪੁਰਾਣਾ ਤਨੇਲ 'ਚ ਰਾਸ਼ਨ ਕਿੱਟਾਂ ਤਕਸੀਮ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਆਮ ਲੋਕਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਨਿਰੰਤਰ ਜਨ-ਜਨ ਤੱਕ ਪਹੁੰਚ ਰਹੀਆਂ ਹਨ।ਇਸੇ ਲੜੀ ਤਹਿਤ ਮੁੱਖ ਮੰਤਰੀ ਵੱਲੋਂ ਸ਼ੁਰੂ ਕੀਤੀ ਗਈ ਮੇਰੀ ਰਸੋਈ ਸਕੀਮ ਰਾਜ ਦੇ ਲਗਭਗ 33.86 ਲੱਖ ਪਰਿਵਾਰਾਂ ਲਈ ਵੱਡੀ ਰਾਹਤ ਦਾ ਸਬੱਬ ਬਣ ਰਹੀ ਹੈ।ਪਿੰਡ ਪੁਰਾਣਾ ਤਨੇਲ 'ਚ ਵੀ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਦੀ ਵੰਡ ਕੀਤੀ ਗਈ।ਇਸ ਮੌਕੇ ਗੱਲਬਾਤ ਕਰਦਿਆਂ ਸਰਪੰਚ ਮਨਦੀਪ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਦਾ ਮੁੱਖ ਮਨੋਰਥ ਹਰ ਲੋੜਵੰਦ ਤੱਕ ਬਿਨਾਂ ਕਿਸੇ ਪੱਖਪਾਤ ਦੇ ਬੁਨਿਆਦੀ ਸਹੂਲਤਾਂ ਪਹੁੰਚਾਉਣਾ ਹੈ।ਮੇਰੀ ਰਸੋਈ ਸਕੀਮ ਨਾਲ ਜਿੱਥੇ ਗਰੀਬ ਅਤੇ ਮੱਧਮ ਵਰਗੀ ਪਰਿਵਾਰਾਂ ਦੇ ਰਸੋਈ ਦਾ ਬਜਟ ਸੁਖਾਲਾ ਹੋਇਆ ਹੈ, ਉਥੇ ਹੀ ਉਨ੍ਹਾਂ ਨੂੰ ਮਿਆਰੀ ਰਾਸ਼ਨ ਵੀ ਮੁਹੱਈਆ ਕਰਵਾਇਆ ਜਾ ਰਿਹਾ ਹੈ। ਪੁਰਾਣਾ ਤਨੇਲ ਦੇ ਨਿਵਾਸੀਆਂ ਨੇ ਮਾਨ ਸਰਕਾਰ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਗਿੱਲ ਅਤੇ ਮੁੱਖ ਮੰਤਰੀ ਦਾ ਧੰਨਵਾਦ ਕੀਤਾ।ਪਿੰਡ ਵਾਸੀਆਂ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਕੋਈ ਸਰਕਾਰ ਅਸਲ ਮਾਇਨਿਆਂ ਚ ਆਮ ਲੋਕਾਂ ਦੇ ਦਰਾਂ 'ਤੇ ਪਹੁੰਚ ਕੇ ਉਨ੍ਹਾਂ ਦੇ ਚੁੱਲ੍ਹੇ ਦਾ ਫ਼ਿਕਰ ਕਰ ਰਹੀ ਹੈ।ਇਸ ਮੌਕੇ ਪ੍ਰਕਾਸ਼ ਸਿੰਘ, ਬਿੱਟੂ ਸਿੰਘ, ਅਰਪਣ ਸਿੰਘ, ਸੁਭਾਸ਼ ਸਿੰਘ, ਮੰਗਲ ਸਿੰਘ, ਪਰਮਜੀਤ ਸਿੰਘ ਡਿੱਪੂ ਹੋਲਡਰ ਅਤੇ ਵੱਡੀ ਗਿਣਤੀ 'ਚ ਪਿੰਡ ਵਾਸੀ ਹਾਜ਼ਰ ਸਨ।

## ਸੱਕੀ ਨਾਲੇ ਦੀ ਸਫ਼ਾਈ ਲਈ ਭਾਰਤੀ ਫ਼ੌਜ ਤੋਂ ਮਿਲੀ ਪ੍ਰਵਾਨਗੀ : ਧਾਲੀਵਾਲ

**ਅੰਮ੍ਰਿਤਸਰ (ਜਗਦੀਸ਼ ਕਮਲੇਸ਼)**- ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਦੇ ਯਤਨਾਂ ਸਦਕਾ ਸੱਕੀ ਨਾਲੇ ਦੇ ਆਖਰੀ ਹਿੱਸੇ ਦੀ ਸਫ਼ਾਈ ਲਈ ਭਾਰਤੀ ਫ਼ੌਜ ਵੱਲੋਂ ਲੋੜੀਂਦੀ ਪ੍ਰਵਾਨਗੀ (ਐੱਨ. ਓ. ਸੀ.) ਦੇ ਦਿੱਤੀ ਗਈ ਹੈ।ਇਸ ਨਾਲ ਲੰਬੇ ਸਮੇਂ ਤੋਂ ਲਟਕਿਆ ਇਹ ਅਹਿਮ ਮਸਲਾ ਹੱਲ ਹੋਣ ਦਾ ਰਾਹ ਪੱਧਰਾ ਹੋ ਗਿਆ ਹੈ।ਧਾਲੀਵਾਲ ਨੇ ਦੱਸਿਆ ਕਿ ਸੱਕੀ ਨਾਲੇ ਦਾ ਪਿੰਡ ਲੋਧੀ ਗੁੱਜਰ ਤੋਂ ਰਾਵੀ ਦਰਿਆ ਤੱਕ ਲਗਭਗ 5 ਕਿਲੋਮੀਟਰ ਦਾ ਹਿੱਸਾ ਭਾਰਤੀ ਫ਼ੌਜ ਦੇ ਅਧੀਨ ਆਉਂਦਾ ਹੈ।ਫ਼ੌਜ ਦੀ ਪ੍ਰਵਾਨਗੀ ਨਾ ਹੋਣ ਕਾਰਨ ਇਸ ਖੇਤਰ ਵਿੱਚ ਡੀਸਿਲਟਿੰਗ ਨਹੀਂ ਹੋ ਸਕਦੀ ਸੀ, ਜਿਸ ਕਾਰਨ ਨਾਲੇ ਵਿੱਚ ਵੱਡੀ ਮਾਤਰਾ ਵਿੱਚ ਗਾਰ ਅਤੇ ਮਿੱਟੀ ਜੰਮ ਗਈ ਸੀ ਅਤੇ ਪਾਣੀ ਦੀ ਨਿਕਾਸੀ ਬਹੁਤ ਹੌਲੀ ਹੋ ਰਹੀ ਸੀ।ਉਨ੍ਹਾਂ ਦੱਸਿਆ ਕਿ ਭਾਰਤੀ ਫ਼ੌਜ ਦੇ ਉੱਚ ਅਧਿਕਾਰੀਆਂ ਬ੍ਰਿਗੇਡੀਅਰ ਐੱਸ. ਐੱਸ. ਛਿੱਲਰ (ਐੱਸ.ਐੱਮ.), ਬ੍ਰਿਗੇਡੀਅਰ ਸੁਖਬੀਰ ਸਿੰਘ (ਐੱਸ. ਐੱਮ.) ਅਤੇ ਕਮਾਂਡਿੰਗ ਅਫ਼ਸਰ ਐਂਟਨੀ ਗੌਬਿਨਜ਼ ਡੀ ਨਾਲ ਸੁਖਾਵੇਂ ਮਾਹੌਲ ਵਿੱਚ ਹੋਈ ਮੀਟਿੰਗ ਦੌਰਾਨ ਇਸ ਕੰਮ ਲਈ ਪ੍ਰਵਾਨਗੀ ਦੇ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਜਿਵੇਂ ਹੀ ਪਾਣੀ ਦਾ ਪੱਧਰ ਘਟੇਗਾ, ਇਸ ਖੇਤਰ ਵਿੱਚ ਵੱਡੇ ਪੱਧਰ ਤੇ ਡੀਸਿਲਟਿੰਗ ਦਾ ਕੰਮ ਸ਼ੁਰੂ ਕਰਵਾਇਆ ਜਾਵੇਗਾ।ਇਸ ਨਾਲ ਸੱਕੀ ਨਾਲੇ ਵਿੱਚ ਪਾਣੀ ਦੀ ਨਿਕਾਸੀ ਸੁਚਾਰੂ ਹੋਵੇਗੀ ਅਤੇ ਕਿਸਾਨਾਂ ਦੀਆਂ ਫ਼ਸਲਾਂ, ਗਰੀਬ ਮਜ਼ਦੂਰਾਂ ਅਤੇ ਆਮ ਲੋਕਾਂ ਦੇ ਘਰਾਂ ਨੂੰ ਬਰਸਾਤ ਦੌਰਾਨ ਹੋਣ ਵਾਲੇ ਨੁਕਸਾਨ ਤੋਂ ਬਚਾਅ ਮਿਲੇਗਾ।ਉਨ੍ਹਾਂ ਕਿਹਾ ਕਿ ਭਾਰਤੀ ਫ਼ੌਜ ਦੇ ਸਹਿਯੋਗ ਨਾਲ ਅੱਜ ਦੀ ਮੀਟਿੰਗ ਦੌਰਾਨ ਇਸ ਅਹਿਮ ਲੋਕ ਹਿੱਤ ਦੇ ਮਸਲੇ ਦਾ ਸਫ਼ਲਤਾ ਪੂਰਵਕ ਹੱਲ ਕੱਢ ਲਿਆ ਗਿਆ ਹੈ।ਇਸ ਮੌਕੇ ਸੁਪਰਿੰਟੈਂਡਿੰਗ ਇੰਜੀਨੀਅਰ (ਐੱਸ. ਈ.) ਮਹੇਸ਼ ਸਿੰਘ, ਕਾਰਜਕਾਰੀ ਇੰਜੀਨੀਅਰ (ਐਕਸ.ਈ.ਐੱਨ.) ਅੰਕੁਸ਼ ਚੌਧਰੀ ਅਤੇ ਜੂਨੀਅਰ ਇੰਜੀਨੀਅਰ (ਜੇ.ਈ.) ਕਮਲਪ੍ਰੀਤ ਸਿੰਘ ਵੀ ਹਾਜ਼ਰ ਸਨ।



## ਜ਼ੋਨਲ ਟੂਰਨਾਮੈਂਟ ਮਜੀਠਾ ਦਾ ਸ਼ਾਨਦਾਰ ਆਗਾਜ਼, ਖਿਡਾਰੀਆਂ ਨੇ ਦਿਖਾਇਆ ਭਰਪੂਰ ਦਮਖਮ

**ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ)**- ਸੇਂਟ ਸੋਵਰੇਨ ਕਾਨਵੈਂਟ ਸਕੂਲ ਚਵਿੰਡਾ ਦੇਵੀ 'ਚ ਜ਼ੋਨਲ ਲੈਵਲ ਬਲਾਕ ਟੂਰਨਾਮੈਂਟ (ਮਜੀਠਾ ਬਲਾਕ) ਦਾ ਸ਼ਾਨਦਾਰ ਆਗਾਜ਼ ਹੋਇਆ।ਇਸ ਟੂਰਨਾਮੈਂਟ ਵਿੱਚ ਗੱਤਕਾ, ਬੈਡਮਿੰਟਨ ਅਤੇ ਕਰਾਟੇ ਮੁਕਾਬਲੇ ਕਰਵਾਏ ਗਏ।ਟੂਰਨਾਮੈਂਟ ਦਾ ਉਦਘਾਟਨ ਸੇਂਟ ਸੋਵਰੇਨ ਕਾਨਵੈਂਟ ਸਕੂਲ ਚਵਿੰਡਾ ਦੇਵੀ ਦੀ ਮਨੈਜਮੈਂਟ ਦੁਆਰਾ ਕੀਤਾ ਗਿਆ।

ਇਸ ਮੌਕੇ ਇਲਾਕੇ ਦੇ ਵੱਖ-ਵੱਖ ਸਕੂਲ ਦੀਆਂ ਟੀਮਾਂ ਨੇ ਹਿੱਸਾ ਲਿਆ।ਖਿਡਾਰੀਆਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਦਰਸ਼ਕਾਂ ਦਾ ਮਨ ਮੋਹ ਲਿਆ।ਜੇਤੂ ਟੀਮਾਂ ਨੂੰ ਟਰਾਫ਼ੀ ਅਤੇ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ। ਸੇਂਟ ਸੋਵਰੇਨ ਕਾਨਵੈਂਟ ਸਕੂਲ ਕਰਾਟੇ ਟੀਮ ਦੇ ਗੋਲਡ ਮੈਡਲ 9, ਸਿਲਵਰ ਮੈਡਲ 1 ਹਾਸਲ ਕਰਕੇ 9 ਵਿਦਿਆਰਥੀ ਜ਼ਿਲ੍ਹਾ ਪੱਧਰ ਲਈ ਚੁਣੇ ਗਏ।ਬੈਡਮਿੰਟਨ ਵਿੱਚੋਂ ਲੜਕੀਆਂ ਨੇ ਪਹਿਲਾ ਸਥਾਨ ਅਤੇ ਲੜਕਿਆਂ ਨੇ ਤੀਸਰਾ ਸਥਾਨ ਹਾਸਲ ਕੀਤਾ। ਗਤਕਾ ਟੀਮ ਵਿੱਚੋਂ ਗੋਲਡ ਮੈਡਲ 2, ਸਿਲਵਰ ਮੈਡਲ 5 ਅਤੇ ਬ੍ਰੌਂਜ਼ 1 ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਇਸ ਮੌਕੇ ਸਕੂਲ ਦੇ ਕੋਆਰਡੀਨੇਟਰ ਪਾਰੁਲ ਸੁੰਦਰ, ਕੋਚ ਅੰਗਰੇਜ਼ ਸਿੰਘ, ਕੋਚ ਸੁਖਦੇਵ ਸਿੰਘ, ਕੋਚ ਮਨਜਿੰਦਰ ਸਿੰਘ ਅਤੇ ਸਮੂਹ ਸਟਾਫ਼ ਸ਼ਾਮਿਲ ਸੀ।ਸਕੂਲ ਦੇ ਚੇਅਰਮੈਨ ਅਸ਼ਵਨੀ ਕਪੂਰ, ਐੱਮ.ਡੀ ਕੋਮਲ ਕਪੂਰ, ਡਾਇਰੈਕਟਰ ਸ਼ਵੀ ਕਪੂਰ ਅਤੇ ਪ੍ਰਿੰਸੀਪਲ ਨਿਤਿਕਾ ਸੇਠੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਦੀਆਂ ਹਨ।ਇਹ ਮੈਚ ਮੈਡਮ ਗੁਰਿੰਦਰਪਾਲ ਕੌਰ, ਅੰਮ੍ਰਿਤਪ੍ਰੀਤ ਸਿੰਘ, ਸੀਮਾ ਰਾਣੀ, ਸਿਮਰਜੀਤ ਕੌਰ, ਰੁਪਿੰਦਰ ਕੌਰ (ਪੀ. ਟੀ. ਆਈ), ਰਮਨਦੀਪ ਕੌਰ, ਭੁਪਿੰਦਰ ਕੌਰ, ਰੁਪਿੰਦਰ ਕੌਰ(ਵਡਾਲਾ), ਜਸਵੰਤ ਕੌਰ, ਜਗਦੀਪ ਸਿੰਘ, ਹਰਦੀਪ ਸਿੰਘ, ਜਸਵਿੰਦਰ ਕੌਰ, ਗੁਰਜਿੰਦਰ ਸਿੰਘ, ਆਕਾਸ਼ਦੀਪ ਸਿੰਘ, ਅੰਕੁਸ਼ ਅਤੇ ਗੁਰਪ੍ਰੀਤ ਕੌਰ ਕੋਚ ਦੀ ਅਗਵਾਈ ਹੇਠ ਹੋਇਆ।



## ਵਜ਼ੀਰ ਭੁੱਲਰ ਵਿਖੇ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ

**ਬਿਆਸ (ਪਰਮਜੀਤ ਸਿੰਘ ਰੱਖੜਾ)**- ਪਿੰਡ ਵਜ਼ੀਰ ਭੁੱਲਰ ਦੇ ਗੁਰਦੁਆਰਾ ਬਾਬਾ ਭਾਈ ਭਾਨਾ ਜੀ ਵਿਖੇ ਸਿਵਲ ਸਰਜਨ ਡਾਕਟਰ ਰਸ਼ਮੀ ਵਿੱਜ ਅਤੇ ਬਾਬਾ ਬਕਾਲਾ ਸਾਹਿਬ ਦੇ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਨੀਰਜ ਭਾਟੀਆ ਵੱਲੋਂ ਅੱਖਾਂ ਦਾ ਮੁਫਤ ਜਾਂਚ ਕੈਂਪ ਲਗਾਇਆ ਗਿਆ। ਇਸ ਮੌਕੇ ਡਾਕਟਰ ਕੁਲਦੀਪ ਸਿੰਘ ਅਤੇ ਡਾਕਟਰ ਬਿਕਰਮਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਕੈਂਪ ਦੌਰਾਨ 216 ਮਰੀਜ਼ਾਂ ਦਾ ਚੈੱਕ ਅਪ ਕੀਤਾ ਗਿਆ, ਜਿਨ੍ਹਾਂ ਨੂੰ ਅੱਖਾਂ ਵਿੱਚ ਪਾਉਣ ਲਈ ਦਾਰੂ ਅਤੇ 137 ਮਰੀਜ਼ਾਂ ਨੂੰ ਨਿਗ੍ਹਾ ਦੀਆਂ ਐਨਕਾਂ ਮੁਫ਼ਤ ਦਿੱਤੀਆਂ ਗਈਆਂ ਅਤੇ 10 ਮਰੀਜ਼ਾਂ ਦੇ ਫ੍ਰੀ ਆਪਰੇਸ਼ਨ ਕਰਨ ਲਈ ਗੁਰੂ ਨਾਨਕ ਦੇਵ ਹਸਪਤਾਲ ਅੰਮ੍ਰਿਤਸਰ ਵਿੱਚ ਰੈਫਰ ਕੀਤਾ ਗਿਆ।ਇਸ ਮੌਕੇ ਪਿੰਡ ਦੇ ਸਾਬਕਾ ਸਰਪੰਚ ਬਾਬਾ ਅਵਤਾਰ ਸਿੰਘ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਅਮਰਜੀਤ ਸਿੰਘ ਅੰਬਾ, ਸਾਬਕਾ ਸਰਪੰਚ ਜਸਵੰਤ ਸਿੰਘ, ਸਾਬਕਾ ਸਰਪੰਚ ਸਤਵਿੰਦਰ ਕੌਰ, ਸੂਬੇਦਾਰ ਸਰਦੂਲ ਸਿੰਘ, ਤਰਸੇਮ ਸਿੰਘ ਹੀਰਾ, ਹੈੱਡ ਗ੍ਰੰਥੀ ਬਾਬਾ ਸਵਿੰਦਰ ਸਿੰਘ, ਕਾਮਰੇਡ ਹਰਜਿੰਦਰ ਸਿੰਘ, ਰੇਸ਼ਮ ਸਿੰਘ, ਡਾਕਟਰ ਬਲਵਿੰਦਰ ਸਿੰਘ ਬੋਹੜੀ, ਸੁਲੱਖਣ ਸਿੰਘ, ਥਾਣੇਦਾਰ ਜਸਵਿੰਦਰ ਸਿੰਘ, ਬਲਦੇਵ ਸਿੰਘ ਭੱਪੀ, ਬੂਟਾ ਸਿੰਘ ਭੁੱਲਰ, ਗਿਆਨ ਸਿੰਘ, ਹਰਜੀਤ ਸਿੰਘ, ਅਮਰਬੀਰ ਸਿੰਘ ਲਾਡੀ, ਹੀਰਾ ਸਿੰਘ, ਅਮਰਜੀਤ ਸਿੰਘ ਕਾਲਾ, ਕਾਲਾ ਵਪਾਰੀ, ਕੰਵਲਜੀਤ ਸਿੰਘ, ਬਲਕਾਰ ਸਿੰਘ, ਮੈਂਬਰ ਹਰਪਾਲ ਸਿੰਘ, ਮੈਂਬਰ ਕਸ਼ਮੀਰ ਸਿੰਘ, ਕਪੂਰ ਸਿੰਘ, ਕਰਮਜੀਤ ਸਿੰਘ, ਬਾਬਾ ਦਰਸ਼ਨ ਸਿੰਘ, ਬਲਦੇਵ ਸਿੰਘ, ਗੁਰਪ੍ਰੀਤ ਸਿੰਘ ਭੁੱਟੋ, ਬਲਬੀਰ ਸਿੰਘ, ਮੰਗਲ ਸਿੰਘ, ਜਰਨੈਲ ਸਿੰਘ ਕੋਟ ਮਹਿਤਾਬ ਅਤੇ ਪਿੰਡ ਦੇ ਹੋਰ ਪਤਵੰਤੇ ਹਾਜ਼ਰ ਸਨ।ਕੈਂਪ ਵਿੱਚ ਆਏ ਸਾਰੇ ਹੀ ਮਰੀਜ਼ਾਂ ਅਤੇ ਪਤਵੰਤਿਆਂ ਲਈ ਚਾਹ ਮਠਿਆਈਆਂ ਦਾ ਲੰਗਰ ਅਤੁੱਟ ਵਰਤਾਇਆ ਗਿਆ।



## ਬੀ ਐੱਡ ਸਮੈਸਟਰ ਚੌਥੇ ਦਾ ਨਤੀਜਾ 100 ਫੀਸਦੀ ਰਿਹਾ

**ਧਾਰੀਵਾਲ, (ਮਨਦੀਪ ਵਿੱਕੀ)**- ਬਾਬਾ ਬੰਦਾ ਸਿੰਘ ਬਹਾਦਰ ਕਾਲਜ ਆਫ ਐਜੂਕੇਸ਼ਨ ਧਾਰੀਵਾਲ ਬੀ.ਐੱਡ ਸਮੈਸਟਰ ਚੌਥਾ ਦਾ ਨਤੀਜਾ ਸ਼ਾਨਦਾਰ ਤੇ 100 ਫੀਸਦੀ ਰਿਹਾ। ਸਾਰੇ ਵਿਦਿਆਰਥੀਆਂ ਨੇ ਵਧੀਆ ਅੰਕਾਂ ਨਾਲ ਵਧੀਆ ਦਰਜਾ ਪ੍ਰਾਪਤ ਕੀਤਾ ਹੈ।ਕਾਲਜ ਦੇ ਚੇਅਰਮੈਨ ਅਮਰਜੀਤ ਸਿੰਘ ਚਾਹਲ ਨੇ ਦੱਸਿਆ ਕਿ ਇਸ ਨਤੀਜੇ ਵਿੱਚ ਕਾਲਜ ਦੀ ਹੋਣਹਾਰ ਵਿਦਿਆਰਥਣ ਸਮੀਕਸ਼ਾ, ਰਾਜਨਪ੍ਰੀਤ ਕੌਰ, ਅਮਨਪ੍ਰੀਤ, ਲਵਪ੍ਰੀਤ ਕੌਰ ਭੁਪਿੰਦਰ ਕੌਰ ਨੇ ਪਹਿਲਾ ਦਰਜਾ, ਜਸਵਿੰਦਰ ਕੌਰ, ਖੁਸ਼ੀ, ਤਜਿੰਦਰ ਸ਼ਰਮਾ ਨੇ ਕਰਮਵਾਰ ਦੂਜਾ ਦਰਜਾ ਅਤੇ ਸੁਖਬੀਰ ਕੌਰ, ਹਰਜਿੰਦਰ ਕੌਰ ਨੇ ਕਰਮਵਾਰ ਤੀਸਰਾ ਦਰਜਾ ਹਾਸਲ ਕੀਤਾ।ਇਸ ਮੌਕੇ ਕਾਲਜ ਦੇ ਚੇਅਰਮੈਨ ਸਰਦਾਰ ਅਮਰਜੀਤ ਸਿੰਘ ਚਾਹਲ ਨੇ ਵਿਦਿਆਰਥੀਆਂ ਨੂੰ ਵਧੀਆ ਨਤੀਜੇ ਆਉਣ 'ਤੇ ਵਧਾਈ ਦੇ ਪਾਤਰ ਦੱਸਿਆ ਅਤੇ ਭਵਿੱਖ ਵਿੱਚ ਵਧੀਆ ਅਧਿਆਪਕ ਬਣ ਕੇ ਸਮਾਜ ਦੀ ਸੇਵਾ ਕਰਨ ਦੀ ਪ੍ਰੇਰਨਾ ਵੀ ਦਿੱਤੀ।ਉਨ੍ਹਾਂ ਨੇ ਇਸ ਵਧੀਆ ਕਾਰਗੁਜ਼ਾਰੀ ਲਈ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਇਸ ਮੌਕੇ ਪ੍ਰਿੰਸੀਪਲ ਹਰਤਾਜ ਸਿੰਘ ਸੰਧੂ ਨੇ ਵਿਦਿਆਰਥੀਆਂ ਅਤੇ ਸਮੂਹ ਸਟਾਫ ਨੂੰ ਵਧਾਈ ਦਿੰਦੇ ਹੋਏ ਬੱਚਿਆਂ ਨੂੰ ਚੰਗੇ ਭਵਿੱਖ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ।ਉਨ੍ਹਾਂ ਨੇ ਦੱਸਿਆ ਕਿ ਬਾਬਾ ਬੰਦਾ ਸਿੰਘ ਬਹਾਦਰ ਕਾਲਜ ਜੀਟੀ ਰੋਡ ਦੇ ਮੁੱਖ ਮਾਰਗ ਉਪਰ ਸਥਿਤ ਹੋਣ ਕਰਕੇ ਵਿਦਿਆਰਥੀਆਂ ਨੂੰ ਕਿਸੇ ਵੀ ਪ੍ਰਕਾਰ ਦੀਆਂ ਆਵਾਜਾਈ ਸਬੰਧੀ ਕੋਈ ਵੀ ਮੁਸ਼ਕਿਲਾਂ ਦਾ ਸਾਹਮਣਾ ਨਹੀਂ ਕਰਨਾ ਪੈਂਦਾ।ਬਾਬਾ ਬੰਦਾ ਸਿੰਘ ਬਹਾਦਰ ਕਾਲਜ ਵਿਖੇ ਬੀਐੱਡ ਦੇ ਦਾਖਲਾ ਅਤੇ ਡੀ ਐਲ ਐਡ ਕੋਰਸ ਦੇ ਰਜਿਸਟਰੇਸ਼ਨ ਸਬੰਧੀ ਵਿਦਿਆਰਥੀਆਂ ਵਿੱਚ ਕਾਫੀ ਉਤਸਾਹ ਪਾਇਆ ਜਾ ਰਿਹਾ ਹੈ।ਕਾਲਜ ਵਿੱਚ ਦਾਖਲੇ ਸਬੰਧੀ ਕਿਸੇ ਪ੍ਰਕਾਰ ਦੀ ਵੀ ਇਹ ਸੂਚਨਾ ਲੈਣ ਲਈ ਸਥਾਪਤ ਹੈਲਪ ਡੈਸਕ ਨੰਬਰ 8437069000 ਤੇ ਸੰਪਰਕ ਕੀਤਾ ਜਾ ਸਕਦਾ ਹੈ।



## ਰੋਟਰੀ ਕਲੱਬ ਆਸਥਾ ਨੇ ਦੋ ਜ਼ਰੂਰਤਮੰਦਾਂ ਦੀਆਂ ਅੱਖਾਂ ਦੀ ਸਰਜਰੀ ਕਰਵਾਈ



**ਅੰਮ੍ਰਿਤਸਰ (ਅਰੋੜਾ)** : ਰੋਟਰੀ ਇੰਟਰਨੈਸ਼ਨਲ ਦੇ ਨਾਲ ਮੁੱਖ ਖੇਤਰ ਦੇ ਜ਼ਰੂਰਤਮੰਦ ਰੋਗੀਆਂ ਦੇ ਮੁਫਤ ਇਲਾਜ ਦੇ ਲਈ ਚਲਾਈ ਗਈ ਮੁਹਿੰਮ ਦੇ ਤਹਿਤ ਰੋਟਰੀ ਕਲੱਬ ਆਸਥਾ ਵੱਲੋਂ ਆਪਣੇ ਸਥਾਈ ਪ੍ਰੋਜੈਕਟ ਨੂੰ ਅੰਜਾਮ ਦਿੰਦੇ ਹੋਏ ਕਲੱਬ ਦੇ ਪ੍ਰਧਾਨ ਸਮਾਜ ਸੇਵਕ ਗਊ ਗਰੀਬ ਦੇ ਰਕਸ਼ੱਕ ਇੰਜੀਨੀਅਰ ਅਸ਼ੋਕ ਸ਼ਰਮਾ, ਸਕੱਤਰ ਸਰਬਜੀਤ ਸਿੰਘ ਅਤੇ ਪ੍ਰੋਜੈਕਟ ਚੇਅਰਮੈਨ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਦੀ ਦੇਖ-ਰੇਖ ਵਿਖੇ ਦੋ ਜ਼ਰੂਰਤਮੰਦ ਰੋਗੀਆ ਦੀਆਂ ਅੱਖਾਂ ਦੀ ਸਰਜਰੀ ਕਰਵਾਈ ਗਈ।

ਕਲੱਬ ਦੇ ਸਾਬਕਾ ਪ੍ਰਧਾਨ ਅੰਦੇਸ਼ ਭੱਲਾ, ਸਹਾਇਕ ਗਵਰਨਰ ਕੇ. ਐੱਸ. ਚੱਠਾ ਨੇ ਦੱਸਿਆ ਕਿ ਇੱਕ ਰੋਗੀ ਦੀਨਾ ਨਾਥ ਜਿਸ ਨੂੰ ਰੋਟੇਰੀਅਨ ਵਿਨੋਦ ਕਪੂਰ ਨੇ ਰੈਫਰ ਕੀਤਾ ਸੀ।ਦੂਸਰਾ ਰੋਗੀ ਦਿਨੇਸ਼ ਕੁਮਾਰ ਜਿਸ ਨੂੰ ਸਾਬਕਾ ਗਵਰਨਰ ਅੰਧ ਵਿਦਿਆਲਾ ਦੇ ਸਕੱਤਰ ਅਰੁਣ ਕਪੂਰ ਵੱਲੋਂ ਰੈਫਰ ਕੀਤਾ ਗਿਆ।ਇਨ੍ਹਾਂ ਦੋਵਾਂ ਰੋਗੀਆਂ ਦੀਆਂ ਅੱਖਾਂ ਦੀ ਸਰਜਰੀ ਨਿਰਮਲਜੋਤ ਨੇਤਰ ਹਸਪਤਾਲ ਦੇ ਡਾਕਟਰ ਭੁਪਿੰਦਰ ਸਿੰਘ ਵੱਲੋਂ ਕੀਤੀ ਗਈ। ਇਸ ਸਰਜਰੀ ਦਾ ਸਾਰਾ ਖਰਚ ਰੋਟੇਰੀਅਨ ਵਿਨੋਦ ਕਪੂਰ ਅਤੇ ਰੋਟਰੀ ਕਲੱਬ ਆਸਥਾ ਦੇ ਮੈਂਬਰਾ ਵੱਲੋਂ ਕੀਤਾ ਗਿਆ।ਇਸ ਮੌਕੇ ਸਰਬਜੀਤ ਸਿੰਘ, ਅਸ਼ਵਨੀ ਅਵਸਥੀ, ਮਨਮੋਹਨ ਸਿੰਘ, ਕੇ. ਐੱਸ. ਚੱਠਾ, ਜਤਿੰਦਰ ਸਿੰਘ, ਅਮਨ ਸ਼ਰਮਾ, ਰੋਟਰੀ ਆਸਥਾ ਦੇ ਚਾਰਟਡ ਪ੍ਰਧਾਲ ਆਉਣ ਵਾਲੇ ਗਵਰਨਰ ਐੱਚ. ਐੱਸ. ਯੋਗੀ, ਗੁਰਮੀਤ ਸਿੰਘ ਸਮੇਤ ਰੋਟਰੀ ਕਲੱਬ ਆਸਥਾ ਦੇ ਹੋਰ ਮੈਂਬਰ ਮੌਜੂਦ ਸਨ।

## ਜੀਐੱਨਡੀ ਅਕੈਡਮੀ ਦੇ ਖਿਡਾਰੀਆਂ ਕੌਮੀ ਮੁਕਾਬਲਿਆਂ 'ਚ ਗੋਲਡ ਤੇ ਸਿਲਵਰ ਦੇ ਮੈਡਲ ਜਿੱਤੇ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਗੁਰੂ ਨਾਨਕ ਦੇਵ ਅਕੈਡਮੀ ਝਬਾਲ ਰੋਡ, ਨੂਰਦੀ, ਤਰਨ ਤਾਰਨ ਦੇ ਖਿਡਾਰੀਆਂ ਨੇ ਨੈਸ਼ਨਲ ਪੱਧਰ ਦੇ ਫੁੱਟਬਾਲ ਅਤੇ ਵਾਲੀਬਾਲ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਗੋਲਡ ਅਤੇ ਸਿਲਵਰ ਮੈਡਲ ਜਿੱਤ ਕੇ ਸਕੂਲ, ਆਪਣੇ ਮਾਪਿਆਂ ਅਤੇ ਤਰਨ ਤਾਰਨ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ।ਫੁੱਟਬਾਲ ਨੈਸ਼ਨਲ ਅੰਡਰ-19 ਮੁਕਾਬਲਿਆਂ ਵਿੱਚ ਅਭੀਜੋਤਵੀਰ ਸਿੰਘ, ਗਗਨਪ੍ਰੀਤ ਸਿੰਘ, ਵੰਸ਼ਦੀਪ ਸਿੰਘ ਅਤੇ ਪ੍ਰਭਨੂਰ ਸਿੰਘ ਨੇ ਗੋਲਡ ਮੈਡਲ ਹਾਸਲ ਕੀਤਾ।ਇਸੇ ਤਰ੍ਹਾਂ ਵਾਲੀਬਾਲ ਅੰਡਰ-14 ਵਰਗ ਵਿੱਚ ਅਰਮਾਨਦੀਪ ਸਿੰਘ, ਐਸ਼ਮੀਤ ਸਿੰਘ ਅਤੇ ਗੁਰਸ਼ਰਨ ਸਿੰਘ ਨੇ ਵੀ ਗੋਲਡ ਮੈਡਲ ਆਪਣੇ ਨਾਮ ਕੀਤਾ।ਵਾਲੀਬਾਲ ਅੰਡਰ-19 ਵਰਗ ਵਿੱਚ ਲਕਸ਼ਦੀਪ ਸਿੰਘ, ਪ੍ਰਭਨੂਰ ਸਿੰਘ ਅਤੇ ਆਲਮਪ੍ਰੀਤ ਸਿੰਘ ਨੇ ਸਿਲਵਰ ਮੈਡਲ ਜਿੱਤ ਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਮੁਕਾਬਲਿਆਂ ਤੋਂ ਵਾਪਸੀ 'ਤੇ ਸਕੂਲ ਪਹੁੰਚੇ ਜੇਤੂ ਖਿਡਾਰੀਆਂ ਦਾ ਪ੍ਰਿੰਸੀਪਲ ਮੈਡਮ ਜਸਪਾਲ ਕੌਰ ਸਿੱਧੂ ਨੇ ਨਿੱਘਾ ਸਵਾਗਤ ਕੀਤਾ ਅਤੇ ਖਿਡਾਰੀਆਂ ਦੀ ਇਸ ਸ਼ਾਨਦਾਰ ਉਪਲਬਧੀ ਲਈ ਉਨ੍ਹਾਂ ਨੂੰ ਵਧਾਈ ਦਿੱਤੀ।ਇਸ ਮੌਕੇ ਉਨ੍ਹਾਂ ਨੇ ਕੋਚ ਰਜੇਸ਼ ਥਾਪਾ ਦੀ ਮਿਹਨਤ ਅਤੇ ਸਮਰਪਣ ਦੀ ਵੀ ਭਰਪੂਰ ਸ਼ਲਾਘਾ ਕਰਦਿਆਂ ਨੈਸ਼ਨਲ ਪੱਧਰ ਤੇ ਮਿਲੀ ਇਸ ਸਫਲਤਾ ਲਈ ਵਧਾਈ ਦਿੱਤੀ।ਸਮਾਗਮ ਦੌਰਾਨ ਕੋਆਰਡੀਨੇਟਰ ਰੁਬਲਦੀਪ ਕੌਰ, ਰਾਜਵਿੰਦਰ ਕੌਰ, ਅਨੂਪ੍ਰੀਤ ਕੌਰ, ਡੀ. ਪੀ. ਮਲਕੀਤ ਕੌਰ, ਤਰਲੋਚਨ ਸਿੰਘ, ਕਰਨਪ੍ਰੀਤ ਸਿੰਘ ਅਤੇ ਪਿਯੂਸ਼ ਅਰੋੜਾ ਸਮੇਤ ਸਕੂਲ ਦਾ ਸਟਾਫ਼ ਵੀ ਹਾਜ਼ਰ ਸੀ।ਸਾਰਿਆਂ ਨੇ ਜੇਤੂ ਖਿਡਾਰੀਆਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਹੋਰ ਵਿਦਿਆਰਥੀਆਂ ਨੂੰ ਵੀ ਖੇਡਾਂ ਵਿੱਚ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ।



## ਮੰਨਾ ਦੀ ਅਗਵਾਈ 'ਚ ਲਖਬੀਰ ਸਿੰਘ ਪਰਿਵਾਰ ਸਮੇਤ ਭਾਜਪਾ 'ਚ ਸ਼ਾਮਿਲ



**ਬਿਆਸ, ਰਈਆ (ਪਰਮਜੀਤ ਸਿੰਘ ਰੱਖੜਾ, ਡੀ. ਕੇ. ਰੈਡੀ)**- ਹਲਕਾ ਬਾਬਾ ਬਕਾਲਾ ਸਾਹਿਬ ਤੇ ਅਧੀਨ ਆਉਂਦੇ ਪਿੰਡ ਦਨਿਆਲ ਤੋਂ ਭਾਜਪਾ ਨੂੰ ਉਸ ਵੇਲੇ ਵੱਡਾ ਬਲ ਮਿਲਿਆ ਜਦੋਂ ਪਿੰਡ ਦੇ ਲਖਬੀਰ ਸਿੰਘ ਨੇ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਸਾਬਕਾ ਚੀਫ ਪਾਰਲੀਮਾਨੀ ਸਕੱਤਰ ਤੇ ਅੰਮ੍ਰਿਤਸਰ ਦਿਹਾਤੀ ਦੇ ਕਾਰਜਕਾਰੀ ਪ੍ਰਧਾਨ ਮਨਜੀਤ ਸਿੰਘ ਮੰਨਾ ਦੀ ਅਗਵਾਈ ਹੇਠ ਭਾਜਪਾ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਮੰਨਾ ਨੇ ਲਖਬੀਰ ਸਿੰਘ ਨੂੰ ਪਾਰਟੀ ਦਾ ਨਿਸ਼ਾਨ ਦੇ ਕੇ ਸਨਮਾਨਿਤ ਕੀਤਾ ਤੇ ਕਿਹਾ ਕਿ ਪਾਰਟੀ ਵਿੱਚ ਇਸ ਪਰਿਵਾਰ ਨੂੰ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ।ਲਖਬੀਰ ਸਿੰਘ ਨੇ ਕਿਹਾ ਕਿ ਮਨਜੀਤ ਸਿੰਘ ਮੰਨਾ ਦੇ ਕੰਮਾਂ ਨੂੰ ਦੇਖਦੇ ਹੋਏ ਅਸੀਂ ਭਾਜਪਾ ਵਿੱਚ ਸ਼ਾਮਿਲ ਹੋਏ ਹਾਂ। ਉਨ੍ਹਾਂ ਕਿਹਾ ਕਿ ਮੰਨਾ ਨੇ ਹਲਕਾ ਬਾਬਾ ਬਕਾਲਾ ਸਾਹਿਬ ਤੋਂ ਵਿਧਾਇਕ ਹੁੰਦਿਆਂ ਵੀ ਹਲਕੇ ਅੰਦਰ ਬਹੁਤ ਕੰਮ ਕਰਵਾਏ ਹਨ। ਲੋਕ ਅੱਜ ਵੀ ਮੰਨਾ ਦੇ ਕੀਤੇ ਹੋਏ ਕੰਮਾਂ ਨੂੰ ਯਾਦ ਕਰਦੇ ਹਨ।ਇਸ ਮੌਕੇ ਮੰਨਾ ਨੇ ਕਿਹਾ ਕਿ ਲੋਕ ਪੰਜਾਬ ਦੇ ਵਿੱਚ ਭਾਜਪਾ ਦੀ ਸਰਕਾਰ ਬਣਾਉਣਾ ਚਾਹੁੰਦੇ ਹਨ ਕਿਉਂਕਿ ਉਨ੍ਹਾਂ ਨੂੰ ਪਤਾ ਹੈ ਕਿ ਭਾਜਪਾ ਇਕ ਅਜਿਹੀ ਪਾਰਟੀ ਹੈ ਜੋ ਪੰਜਾਬ ਨੂੰ ਦੁਬਾਰਾ ਤੋਂ ਲੀਹ 'ਤੇ ਲਿਆ ਸਕਦੀ ਹੈ।

ਇਸ ਮੌਕੇ ਅੰਮ੍ਰਿਤਸਰ ਦਿਹਾਤੀ ਦੇ ਜਨਰਲ ਸੈਕਟਰੀ ਰਜੇਸ਼ ਟਾਂਗਰੀ, ਸਰਕਲ ਪ੍ਰਧਾਨ ਰਾਜੇਸ਼ ਦਨਿਆਲ, ਸਰਕਲ ਪ੍ਰਧਾਨ ਕਰਮ ਸਿੰਘ, ਸਰਕਲ ਪ੍ਰਧਾਨ ਸਰਬਰਿੰਦਰ ਸਿੰਘ ਬੌਬੀ, ਸਰਕਲ ਪ੍ਰਧਾਨ ਕੈਪਟਨ ਜਸਪਾਲ ਸਿੰਘ, ਸਰਕਲ ਪ੍ਰਧਾਨ ਲਾਟ ਬਿਆਸ ਚਾਂਦ ਡੇਅਰੀ ਵਾਲੇ, ਸਰਕਲ ਪ੍ਰਧਾਨ ਗੁਰਚਰਨ ਸਿੰਘ, ਮਲੂਕ ਸਿੰਘ ਮੱਧ, ਬਲਜੀਤ ਸਿੰਘ ਬਿਆਸ, ਮਾਨ ਸਿੰਘ, ਲਖਬੀਰ ਸਿੰਘ, ਜੱਸ ਭੋਰਸ਼ੀ, ਦਲਜੀਤ ਸਿੰਘ, ਗਾਂਧੀ ਭਿੰਡਰ, ਦਲਜੀਤ ਸਿੰਘ ਭਿੰਡਰ, ਰਵੀ ਟਪਿਆਲਾ, ਪਿੰਦਰ ਦੋਲੋਨੰਗਲ ਆਦਿ ਹਾਜ਼ਰ ਸਨ।

## ਗੁਰਪ੍ਰੀਤ ਸਿੰਘ ਭੋਆ ਯੂਥ ਵਿੰਗ ਹਲਕਾ ਮਜੀਠਾ ਦੇ ਕੋਆਰਡੀਨੇਟਰ ਨਿਯੁਕਤ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਆਮ ਆਦਮੀ ਪਾਰਟੀ (ਆਪ) ਵੱਲੋਂ ਸੰਗਠਨ ਨੂੰ ਮਜ਼ਬੂਤ ਕਰਨ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਗੁਰਪ੍ਰੀਤ ਸਿੰਘ ਭੋਆ-ਫਤਿਹਗੜ੍ਹ ਨੂੰ ਯੂਥ ਵਿੰਗ ਹਲਕਾ ਮਜੀਠਾ ਦਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ।ਇਸ ਮੌਕੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਗੁਰਪ੍ਰੀਤ ਸਿੰਘ ਭੋਆ ਨੂੰ ਸਿਰੋਪਾਓ ਬਖ਼ਸ਼ਿਸ਼ ਕਰਕੇ ਉਚੇਚੇ ਤੌਰ 'ਤੇ ਸਨਮਾਨਿਤ ਕੀਤਾ ਗਿਆ ਅਤੇ ਮੂੰਹ ਮਿੱਠਾ ਕਰਵਾ ਕੇ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ ਗਈ।ਇਸ ਮੌਕੇ ਹਲਕਾ ਇੰਚਾਰਜ ਸ੍ਰ. ਤਲਬੀਰ ਸਿੰਘ ਗਿੱਲ ਨੇ ਆਖਿਆ ਕਿ ਆਮ ਆਦਮੀ ਪਾਰਟੀ ਹਮੇਸ਼ਾ ਮਿਹਨਤੀ ਅਤੇ ਜੁਝਾਰੂ ਵਰਕਰਾਂ ਦਾ ਮਾਣ-ਸਤਿਕਾਰ ਕਰਦੀ ਹੈ।ਗੁਰਪ੍ਰੀਤ ਸਿੰਘ ਭੋਆ ਦੀ ਨਿਯੁਕਤੀ ਨਾਲ ਹਲਕਾ ਮਜੀਠਾ ਵਿੱਚ ਯੂਥ ਵਿੰਗ ਨੂੰ ਹੋਰ ਬਲ ਮਿਲੇਗਾ ਅਤੇ ਨੌਜਵਾਨ ਵੱਡੀ ਗਿਣਤੀ ਵਿੱਚ ਪਾਰਟੀ ਨਾਲ ਜੁੜਨਗੇ।ਨਵੀਂ ਜ਼ਿੰਮੇਵਾਰੀ ਮਿਲਣ 'ਤੇ ਗੁਰਪ੍ਰੀਤ ਸਿੰਘ ਭੋਆ ਨੇ ਪਾਰਟੀ ਹਾਈਕਮਾਂਡ ਅਤੇ ਹਲਕਾ ਇੰਚਾਰਜ ਸ੍ਰ. ਤਲਬੀਰ ਸਿੰਘ ਗਿੱਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਲਗਨ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਦਿਨ-ਰਾਤ ਮਿਹਨਤ ਕਰਨਗੇ।ਇਸ ਮੌਕੇ ਐੱਸ. ਸੀ. ਵਿੰਗ ਹਲਕਾ ਮਜੀਠਾ, ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹਿਜ਼ਾਦਾ, ਸਰਪੰਚ ਗੁਰਪਿੰਦਰ ਸਿੰਘ ਝੰਡੇ, ਦਲੇਰ ਸਿੰਘ ਜਿਲਾ ਜੁਆਇੰਟ ਸੈਕਟਰੀ, ਹਰਪ੍ਰੀਤ ਸਿੰਘ, ਨਿਸ਼ਾਨ ਸਿੰਘ ਚੰਦ, ਜੋਬਨਜੀਤ ਸਿੰਘ, ਸਿਕੰਦਰ ਸਿੰਘ, ਕੁਲਮੀਤ ਸਿੰਘ, ਪਰਮਜੀਤ ਸਿੰਘ ਸ਼ਹਿਜ਼ਾਦਾ ਅਤੇ ਜੋਬਨਪ੍ਰੀਤ ਸਿੰਘ ਅਤੇ ਪਾਰਟੀ ਦੇ ਹੋਰ ਆਗੂ ਅਤੇ ਵਰਕਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ, ਜਿਨ੍ਹਾਂ ਨੇ ਗੁਰਪ੍ਰੀਤ ਸਿੰਘ ਭੋਆ ਨੂੰ ਸ਼ੁਭਕਾਮਨਾਵਾਂ ਦਿੱਤੀਆਂ।



## 21 ਲੱਖ 10 ਹਜ਼ਾਰ ਰੁਪਏ ਦੀ ਠੱਗੀ ਮਾਰਨ ਵਾਲੇ ਤਿੰਨ ਠੱਗਾਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਪੁਰਾਣਾ ਸ਼ਾਲਾ ਪੁਲਸ ਵੱਲੋਂ ਇਕ ਨੌਜਵਾਨ ਨੂੰ ਵਿਦੇਸ਼ ਭੇਜਣ ਦੇ ਨਾਂਅ ਹੇਠ 21 ਲੱਖ 10 ਹਜ਼ਾਰ ਰੁਪਏ ਦੀ ਠੱਗੀ ਮਾਰਨ ਵਾਲੇ ਇਕ ਔਰਤ ਸਮੇਤ 3 ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਏ.ਐੱਸ.ਆਈ. ਚੈਂਚਲ ਸਿੰਘ ਨੇ ਦੱਸਿਆ ਕਿ ਇਹ ਉਪ ਪੁਲਸ ਕਪਤਾਨ ਦੁਆਰਾ ਕੀਤੀ ਗਈ ਜਾਂਚ ਪੜਤਾਲ ਵਿਚ ਪਾਇਆ ਗਿਆ ਕਿ ਗੁਰਮੀਤ ਸਿੰਘ ਪੁੱਤਰ ਸੁਖਬੀਰ ਸਿੰਘ ਵਾਸੀ ਛੀਨਾ ਬੇਟ ਨੂੰ ਵਿਦੇਸ਼ ਭੇਜਣ ਦੇ ਨਾਂਅ 'ਤੇ ਡੇਵਿਡ ਅਰੋੜਾ ਪੁੱਤਰ ਕੇਵਲ ਕੁਮਾਰ ਵਾਸੀ ਮੁਦਕੀ ਰੋਡ ਵਾਰਡ ਨੰਬਰ 12 ਬਾਘਾ ਪੁਰਾਣਾ ਮੋਗਾ, ਮਨਦੀਪ ਕੌਰ, ਗੁਰਦੀਪ ਸਿੰਘ ਵਾਸੀ ਐਕਸਪ੍ਰੈੱਸ ਇੰਟਰੀ ਇਮੀਗ੍ਰੇਸ਼ਨ ਸਰਵਿਸ 35 ਸੀ ਸੈਕਟਰ 36 ਚੰਡੀਗੜ੍ਹ, ਅਵਿੰਦਰ ਸਿੰਘ ਪੁੱਤਰ ਅਮਰਦੀਪ ਵਾਸੀ ਸੈਕਟਰ 55 ਫੇਸ ਐੱਸ ਏ ਐੱਸ ਨਗਰ ਨੇ 21 ਲੱਖ 10 ਹਜ਼ਾਰ ਰੁਪਏ ਦੀ ਠੱਗੀ ਮਾਰੀ ਹੈ। ਪੁਲਸ ਨੇ ਕਥਿਤ ਦੋਸ਼ੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ। ਜਦੋਂ ਇਸ ਮਾਮਲੇ ਸਬੰਧੀ ਐੱਸ.ਐੱਚ.ਓ. ਪੁਰਾਣਾ ਸ਼ਾਲਾ ਕੁਲਵਿੰਦਰ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਮਾਨਯੋਗ ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਦੇ ਆਦੇਸ਼ਾਂ 'ਤੇ ਟੀਮਾਂ ਬਣਾ ਕੇ ਕਥਿਤ ਦੋਸ਼ੀਆਂ ਨੂੰ ਟੀਮਾਂ ਬਣਾ ਕੇ ਜਲਦੀ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ।

## 'ਆਪ' ਦੇ ਪੰਜਾਬ ਵਾਈਸ ਪ੍ਰਧਾਨ ਬਣਨ ਮਗਰੋਂ ਕਾਦੀਆਂ ਹਲਕੇ 'ਚ ਪਹੁੰਚੇ ਜਗਰੂਪ ਸੇਖਵਾਂ ਦਾ ਵਰਕਰਾਂ ਦੇ ਸਮਰਥਕਾਂ ਵੱਲੋਂ ਭਰਵਾਂ ਸਵਾਗਤ

**ਧਾਰੀਵਾਲ, (ਮਨਦੀਪ ਵਿੱਕੀ)**- ਆਮ ਆਦਮੀ ਪਾਰਟੀ ਦੇ ਪੰਜਾਬ ਵਾਈਸ ਪ੍ਰਧਾਨ ਬਣਨ ਮਗਰੋਂ ਕਾਦੀਆਂ ਹਲਕੇ ਵਿੱਚ ਪਹੁੰਚੇ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦਾ ਪਾਰਟੀ ਵਰਕਰਾਂ ਅਤੇ ਸਮਰਥਕਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।ਇਸ ਮੌਕੇ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਜਸ ਕਾਲਜ ਸੇਖਵਾਂ ਵਿਖੇ ਪਾਰਟੀ ਵਰਕਰਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਚੁਣੌਤੀਆਂ ਹਮੇਸ਼ਾ ਆਉਂਦੀਆਂ ਰਹਿੰਦੀਆਂ ਹਨ ਪਰ ਪਾਰਟੀ ਦੀਆਂ ਨੀਤੀਆਂ 'ਤੇ ਖਰੇ ਉਤਰਨ ਵਾਲਿਆਂ ਨੂੰ ਪਾਰਟੀ ਹਮੇਸ਼ਾ ਸਮੇਂ ਸਮੇਂ 'ਤੇ ਮਾਣ ਸਨਮਾਨ ਦਿੰਦੀ ਹੈ। ਉਨ੍ਹਾਂ ਨੇ ਐਲਾਨ ਕੀਤਾ ਕਿ 2027 ਵਿੱਚ ਫਿਰ ਮੁੱਖ ਮੰਤਰੀ ਭਗਵੰਤ ਮਾਨ ਦੀ ਹੀ ਸਰਕਾਰ ਬਣੇਗੀ।ਜਗਰੂਪ ਸੇਖਵਾਂ ਨੇ ਹਲਕਾ ਕਾਦੀਆਂ ਬਾਰੇ ਕਿਹਾ ਕਿ ਗੁਰਇਕਬਾਲ ਸਿੰਘ ਮਾਹਲ ਦੇ ਆਮ ਆਦਮੀ ਪਾਰਟੀ ਵਿੱਚ ਆਉਣ ਨਾਲ ਪਾਰਟੀ ਹੋਰ ਮਜ਼ਬੂਤ ਹੋਈ ਹੈ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਹਲਕਾ ਕਾਦੀਆਂ ਤੋਂ ਆਮ ਆਦਮੀ ਪਾਰਟੀ ਦੀ ਵੱਡੀ ਲੀਡ ਨਾਲ ਜਿੱਤ ਹੋਵੇਗੀ। ਜਗਰੂਪ ਸਿੰਘ ਸੇਖਵਾਂ ਨੇ ਐਲਾਨ ਕੀਤਾ ਕਿ ਜਿੱਥੇ ਵੀ ਪਾਰਟੀ ਉਨ੍ਹਾਂ ਦੀ ਡਿਊਟੀ ਲਾਵੇਗੀ ਉਹ ਕਾਦੀਆਂ ਨਾਲ ਪੂਰੇ ਪੰਜਾਬ ਵਿੱਚ ਵੀ ਡੱਟ ਕੇ ਆਪਣੀ ਜ਼ਿੰਮੇਵਾਰੀ ਪੂਰੀ ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ 2027 ਵਿੱਚ ਮੁੜ ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਦੀ ਅਗਵਾਈ ਵਾਲੀ ਸਰਕਾਰ ਬਣਾਉਣਗੇ।ਉਨ੍ਹਾਂ ਕਿਹਾ ਪੰਜਾਬ ਸਰਕਾਰ ਵੱਲੋਂ ਹਲਕਾ ਕਾਦੀਆਂ ਵਿੱਚ ਸੜਕਾਂ ਦੇ ਨਿਰਮਾਣ ਲਈ 168 ਕਰੋੜ ਰੁਪਏ ਜਾਰੀ ਕੀਤੇ ਗਏ ਸਨ ਅਤੇ ਹਲਕੇ ਦੀਆਂ ਬਹੁਤ ਸਾਰੀਆਂ ਸੜਕਾਂ ਦਾ ਕੰਮ ਲਗਭਗ ਪੂਰਾ ਹੋ ਚੁੱਕਾ ਹੈ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਕਾਦੀਆਂ ਵਿੱਚ ਪੈਂਦੀਆਂ ਦੋ ਨਗਰ ਕੌਂਸਲਾਂ ਧਾਰੀਵਾਲ ਅਤੇ ਕਾਦੀਆਂ ਵਿੱਚ ਨਗਰ ਕੌਂਸਲ ਕਮੇਟੀਆਂ ਇਸ ਵਾਰ ਆਮ ਆਦਮੀ ਪਾਰਟੀ ਦੀਆਂ ਬਣਨ ਨਾਲ ਇਨ੍ਹਾਂ ਸ਼ਹਿਰਾਂ ਅੰਦਰ ਹੁਣ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਆਵੇਗੀ।ਇਸ ਮੌਕੇ ਪ੍ਰਿੰਸੀਪਲ ਹਰਭਜਨ ਸਿੰਘ ਸੇਖਵਾਂ, ਕਾਮਰੇਡ ਗੁਰਮੇਜ ਸਿੰਘ, ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਕਾਦੀਆਂ ਮੋਹਨ ਸਿੰਘ, ਸਰਪੰਚ ਗੁਰਦੀਪ ਸਿੰਘ ਕੂੰਟਾਂ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜਤਿੰਦਰ ਕੌਰ ਖੂੰਡੀ, ਸੁਖਦੇਵ ਗੋਲਡੀ ਡੇਹਰੀਵਾਲ, ਕੌਂਸਲਰ ਰਮੇਸ਼ ਕੁਮਾਰ ਮੇਸਾ ਧਾਰੀਵਾਲ, ਸੋਹਨ ਸਿੰਘ ਨੈਨੇਕੋਟ, ਬਲਵਿੰਦਰ ਸਿੰਘ ਸਲਾਹਪੁਰ, ਸਿਕੰਦਰ ਐੱਮਸੀ, ਲੱਕੀ ਐੱਮਸੀ, ਸਾਬੀ, ਬਾਘਾ, ਜੀਵਨ ਸਿੰਘ ਰਾਜਪੁਰਾ, ਸਰਪੰਚ ਅਰਜਨ ਸਿੰਘ ਰਾਜਪੁਰਾ, ਸਤਨਾਮ ਸਿੰਘ, ਹਰਜਿੰਦਰ ਸਿੰਘ, ਬਲਜੀਤ ਸਿੰਘ ਬੁੱਢਾ ਬਾਲਾ, ਸਿੰਗਾਰਾ ਸਿੰਘ ਠੱਕਰਸੰਧੂ ਆਦਿ ਸਮੇਤ ਪਾਰਟੀ ਵਰਕਰ ਅਤੇ ਸਮਰਥਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



ਨਵਾਂ ਜ਼ਮਾਨਾ
ਸ਼ਨੀਵਾਰ, 1 ਅਗਸਤ 2026

# ਭਗਵਾਂ ਏਜੰਡੇ 'ਤੇ ਅਮਲ ਜਾਰੀ

ਸ਼ੁੱਕਰਵਾਰ ਦੀਆਂ ਅਖਬਾਰਾਂ ਵਿੱਚ ਮਹਿਲਾ ਅਤੇ ਪੁਰਸ਼ ਹਾਕੀ ਟੀਮ ਦੇ ਕਪਤਾਨ ਸਲੀਮਾ ਟੇਟੇ ਅਤੇ ਹਰਮਨਪ੍ਰੀਤ ਸਿੰਘ ਦੀ ਤਸਵੀਰ ਭਗਵਾਂ ਜਰਸੀ ਵਿੱਚ ਨਜ਼ਰ ਆਈ। ਇਸ ਨੂੰ ਦੇਖ ਕੇ ਜਾਪਿਆ ਕਿ ਪੇਪਰ-ਲੀਕ ਖਿਲਾਫ ਜਨਰਲ ਜ਼ੈੱਡ ਪ੍ਰਦਰਸ਼ਨਕਾਰੀਆਂ ਦੇ ਹੱਥੋਂ ਆਪਣੀ ਸ਼ਰਮਨਾਕ ਹਾਰ ਦੇ ਬਾਵਜੂਦ ਨਰਿੰਦਰ ਮੋਦੀ ਸਰਕਾਰ ਦੀ ਆਪਣੇ ਹਿੰਦੂਤਵ ਏਜੰਡੇ ਨੂੰ, ਭਾਵੇਂ ਛੋਟਾ ਹੋਵੇ ਜਾਂ ਵੱਡਾ, ਅੱਗੇ ਵਧਾਉਣ ਦੀ ਭੁੱਖ ਅਜੇ ਵੀ ਘੱਟ ਨਹੀਂ ਹੋਈ ਹੈ। ਵੀਰਵਾਰ ਨੂੰ ਹੀ ਸੰਸਦ ਨੇ ਰੌਲੇ-ਰੱਪੇ ਦੇ ਵਿਚਕਾਰ ਇੱਕ ਸੋਧ ਪਾਸ ਕੀਤੀ, ਜਿਸ ਨਾਲ ਰਾਸ਼ਟਰੀ ਗੀਤ ਵੰਦੇ ਮਾਤਰਮ ਦੇ ਕਿਸੇ ਵੀ ਅਪਮਾਨ ਨੂੰ ਸਜ਼ਾਯੋਗ ਅਪਰਾਧ ਬਣਾ ਦਿੱਤਾ ਗਿਆ। ਇਹ ਦੋਵੇਂ ਘਟਨਾਵਾਂ ਦਰਸਾਉਂਦੀਆਂ ਹਨ ਕਿ ਜਨਰਲ ਜ਼ੈੱਡ ਪ੍ਰਦਰਸ਼ਨਕਾਰੀਆਂ ਵੱਲੋਂ ਪ੍ਰਧਾਨ ਮੰਤਰੀ ਦੇ ਅਜਿੱਤ ਹੋਣ ਦੀ ਆਭਾ ਨੂੰ ਦਿੱਤੇ ਗਏ ਝਟਕੇ ਦੇ ਬਾਵਜੂਦ ਉਨ੍ਹਾ ਦੀ ਸਰਕਾਰ ਆਪਣੇ ਸੱਭਿਆਚਾਰਕ-ਰਾਸ਼ਟਰਵਾਦੀ ਏਜੰਡੇ ਪ੍ਰਤੀ ਵਚਨਬੱਧ ਹੈ।

ਜਰਸੀ ਦਾ ਰੰਗ ਨੀਲੇ ਤੋਂ ਭਗਵਾਂ ਕਰਨ ਨੂੰ ਓਡੀਸ਼ਾ ਦੇ ਸਾਬਕਾ ਮੁੱਖ ਮੰਤਰੀ ਨਵੀਨ ਪਟਨਾਇਕ ਨੇ ਸਭ ਤੋਂ ਭੈੜੀ ਕਿਸਮ ਦੀ ਛੋਟੀ ਰਾਜਨੀਤੀ ਕਰਾਰ ਦਿੱਤਾ ਹੈ। ਪਟਨਾਇਕ, ਜਿਨ੍ਹਾਂ ਦੀ ਪਿਛਲੀ ਸਰਕਾਰ ਨੇ ਔਖੇ ਵੇਲਿਆਂ ਵਿੱਚ ਭਾਰਤੀ ਹਾਕੀ ਟੀਮਾਂ ਨੂੰ ਸਪਾਂਸਰ ਕੀਤਾ ਸੀ, ਨੇ ਕਿਹਾ, "ਸਿਰਫ ਇਸ ਲਈ ਕਿ ਓਡੀਸ਼ਾ ਵਿੱਚ ਸਰਕਾਰ ਬਦਲ ਗਈ ਹੈ, ਸਾਡੀ ਰਾਸ਼ਟਰੀ ਟੀਮ ਦੀ ਜਰਸੀ ਦਾ ਰੰਗ ਨਹੀਂ ਬਦਲਣਾ ਚਾਹੀਦਾ। ਦਹਾਕਿਆਂ ਤੋਂ ਇਸ ਰੰਗ ਨੇ ਸਾਨੂੰ ਉਮੀਦ, ਜਿੱਤ, ਹਾਰ ਅਤੇ ਖੇਡ ਉੱਤਮਤਾ ਦੀ ਭਾਲ ਵਿੱਚ ਇੱਕਜੁੱਟ ਕੀਤਾ ਹੈ। ਅਸੀਂ ਨੀਲੇ ਰੰਗ ਦੀ ਜਰਸੀ ਪਾਉਣ ਵਾਲੇ ਆਪਣੇ ਪੁਰਸ਼ਾਂ ਅਤੇ ਮਹਿਲਾਵਾਂ ਨਾਲ ਰੋਏ, ਹੱਸੇ, ਜਸ਼ਨ ਮਨਾਏ ਅਤੇ ਮਾਣ ਨਾਲ ਖੜ੍ਹੇ ਹੋਏ ਹਾਂ। ਨੀਲੀ ਜਰਸੀ ਪਹਿਨ ਕੇ ਸਾਡੀਆਂ ਟੀਮਾਂ ਨੇ ਵਿਸ਼ਵ ਮੰਚ 'ਤੇ ਰਾਸ਼ਟਰੀ ਗੀਤ ਵੱਜਦੇ ਹੋਏ ਉਲੰਪਿਕ ਤਮਗੇ ਜਿੱਤੇ ਹਨ। ਨੀਲਾ ਰੰਗ ਸਿਰਫ ਇੱਕ ਰੰਗ ਨਹੀਂ, ਦੇਸ਼ ਦੀ ਖੇਡ ਵਿਰਾਸਤ ਨਾਲ ਜੁੜੀ ਇੱਕ ਭਾਵਨਾ ਹੈ। ਸਾਡੀ ਨੀਲੀ ਜਰਸੀ ਸਾਡੇ ਲਈ ਉਹੀ ਹੈ, ਜੋ ਅਰਜਨਟੀਨਾ ਲਈ ਧਾਰੀਆਂ ਵਾਲੀ ਅਤੇ ਬ੍ਰਾਜ਼ੀਲ ਲਈ ਪੀਲੀ ਜਰਸੀ ਹੈ।" ਸਾਬਕਾ ਕਪਤਾਨ ਵੀਰੇਨ ਰਾਸਕਿਨਹਾ ਨੇ ਫੈਸਲੇ ਨੂੰ ਸ਼ਰਮਨਾਕ ਕਰਾਰ ਦਿੰਦਿਆਂ ਰੰਗ ਬਦਲਣ ਦੇ ਪਿੱਛੇ ਦੇ ਤਰਕ 'ਤੇ ਸਵਾਲ ਉਠਾਏ ਹਨ। ਇੱਕ ਹੋਰ ਸਾਬਕਾ ਕਪਤਾਨ ਧਨਰਾਜ ਪਿੱਲੇ ਨੇ ਕਿਹਾ ਹੈ, "ਮੈਨੂੰ ਸਮਝ ਨਹੀਂ ਆਉਂਦਾ ਕਿ ਇੰਨੇ ਸਾਲਾਂ ਬਾਅਦ ਇਹ ਅਚਾਨਕ ਕਿਉਂ ਬਦਲ ਗਿਆ ਹੈ। 1928 ਦੀ ਉਲੰਪਿਕ ਟੀਮ ਤੋਂ ਲੈ ਕੇ ਧਿਆਨ ਚੰਦ, ਬਲਬੀਰ ਸਿੰਘ ਸੀਨੀਅਰ, ਮੁਹੰਮਦ ਸ਼ਾਹਿਦ, ਜ਼ਫਰ ਇਕਬਾਲ ਅਤੇ ਇੱਥੋਂ ਤੱਕ ਕਿ 1980 ਦੀ ਮਾਸਕੋ ਉਲੰਪਿਕ ਸੋਨ ਤਮਗਾ ਜੇਤੂ ਟੀਮ ਤੱਕ, ਹਰ ਕੋਈ ਨੀਲੀ ਜਰਸੀ ਵਿੱਚ ਖੇਡਿਆ।" ਭਾਰਤ ਦੇ ਮਹਾਨ ਡਿਫੈਂਡਰਾਂ ਵਿੱਚੋਂ ਇੱਕ ਪਰਗਟ ਸਿੰਘ ਨੇ ਕਿਹਾ ਹੈ, "ਦੇਸ਼ ਵਿੱਚ ਹਰ ਚੀਜ਼ ਦਾ ਭਗਵਾਂਕਰਨ ਕੀਤਾ ਜਾ ਰਿਹਾ ਹੈ-ਸਿੱਖਿਆ, ਇਤਿਹਾਸ ਅਤੇ ਹੁਣ ਖੇਡਾਂ ਦਾ ਵੀ। ਇਹ ਚਿੰਤਾਜਨਕ ਹੈ।"

2023 ਦੇ ਇੱਕ ਰੋਜ਼ਾ ਵਿਸ਼ਵ ਕੱਪ ਦੌਰਾਨ ਭਾਰਤੀ ਕ੍ਰਿਕਟ ਟੀਮ ਦੀ ਭਗਵਾਂ ਅਭਿਆਸ ਕਿੱਟ 'ਤੇ ਵੀ ਇਸੇ ਤਰ੍ਹਾਂ ਦਾ ਹੰਗਾਮਾ ਹੋਇਆ ਸੀ, ਜਿਸ ਕਾਰਨ ਭਾਰਤੀ ਕ੍ਰਿਕਟ ਕੰਟਰੋਲ ਬੋਰਡ ਨੇ ਸਪੱਸ਼ਟ ਕੀਤਾ ਸੀ ਕਿ ਟੀਮ ਮੈਚਾਂ ਵਿੱਚ ਰਵਾਇਤੀ ਨੀਲੀ ਜਰਸੀ ਪਹਿਨੇਗੀ।

ਵਿਆਪਕ ਆਲੋਚਨਾ ਦਾ ਸਾਹਮਣਾ ਕਰਦੇ ਹੋਏ, ਹਾਕੀ ਇੰਡੀਆ ਨੇ ਤਕਨੀਕੀ ਆਧਾਰ 'ਤੇ ਅਤੇ ਨਾਲ ਹੀ ਭਗਵੇਂ ਰੰਗ ਨਾਲ ਜੁੜੇ 'ਰਾਸ਼ਟਰੀ ਮਾਣ' ਦੇ ਆਧਾਰ 'ਤੇ ਜਰਸੀ ਦੇ ਰੰਗ ਵਿੱਚ ਤਬਦੀਲੀ ਨੂੰ ਜਾਇਜ਼ ਠਹਿਰਾਉਣ ਦੀ ਕੋਸ਼ਿਸ਼ ਕਰਦਿਆਂ ਦਾਅਵਾ ਕੀਤਾ ਹੈ ਕਿ ਇਹ ਫੈਸਲਾ ਖਿਡਾਰੀਆਂ ਅਤੇ ਸਹਾਇਕ ਸਟਾਫ ਨਾਲ ਸਲਾਹ-ਮਸ਼ਵਰੇ ਤੋਂ ਬਾਅਦ ਲਿਆ ਗਿਆ ਹੈ। ਇਹ ਦੇਖਿਆ ਗਿਆ ਕਿ ਨੀਲੀ ਵਰਦੀ ਕੌਮਾਂਤਰੀ ਹਾਕੀ ਪਿੱਚਾਂ ਦੇ ਨੀਲੇ ਸਿੰਥੈਟਿਕ ਰੰਗ ਨਾਲ ਰਲਦੀ ਸੀ। ਇਸ ਨਾਲ ਖਿਡਾਰੀਆਂ ਨੂੰ ਭੁਲੇਖਾ ਪੈਂਦਾ ਸੀ। ਇਸ ਤੋਂ ਇਲਾਵਾ ਸਾਡੇ ਰਾਸ਼ਟਰੀ ਝੰਡੇ ਦੇ ਰੰਗਾਂ ਵਿੱਚੋਂ ਇੱਕ ਭਗਵਾਂ ਰੰਗ ਡੂੰਘਾ ਮਹੱਤਵ ਰੱਖਦਾ ਹੈ, ਜੋ ਹਿੰਮਤ, ਕੁਰਬਾਨੀ ਅਤੇ ਰਾਸ਼ਟਰੀ ਸਵੈਮਾਣ ਦਾ ਪ੍ਰਤੀਕ ਹੈ।

ਵਿਡੰਬਨਾ ਦੇਖੋ ਕਿ ਜਰਸੀ ਦਾ ਰੰਗ ਬਦਲਣ ਵੇਲੇ ਹਾਕੀ ਇੰਡੀਆ ਦੇ ਪ੍ਰਧਾਨ ਤੇ ਸਾਬਕਾ ਕਪਤਾਨ ਦਿਲੀਪ ਟਿਰਕੀ ਨੂੰ ਵੀ ਹਨੇਰੇ ਵਿੱਚ ਰੱਖਿਆ ਗਿਆ। ਭਾਰਤ ਲਈ 412 ਕੌਮਾਂਤਰੀ ਮੈਚ ਖੇਡਣ ਵਾਲੇ ਟਿਰਕੀ ਨੇ ਹਾਕੀ ਇੰਡੀਆ ਦੇ ਅਧਿਕਾਰੀਆਂ ਤੋਂ ਫੈਸਲੇ ਦੇ ਆਧਾਰ, ਅਪਣਾਈ ਗਈ ਪ੍ਰਕਿਰਿਆ ਅਤੇ ਉਨ੍ਹਾਂ ਹਾਲਾਤ ਬਾਰੇ ਲਿਖਤੀ ਸਪੱਸ਼ਟੀਕਰਨ ਮੰਗਿਆ ਹੈ, ਜਿਨ੍ਹਾਂ ਦੇ ਤਹਿਤ ਬਦਲਾਅ ਨੂੰ ਮਨਜ਼ੂਰੀ ਦਿੱਤੀ ਗਈ ਅਤੇ ਲਾਗੂ ਕੀਤਾ ਗਿਆ।

# ਪੜਾਅ ਪੂਰ ਹੋ, ਮੰਜ਼ਿਲ ਅਭੀ ਆਗੇ ਹੈ

**ਪ੍ਰਿੰਸੀਪਲ ਗਿਆਨ ਸਿੰਘ ਦੁਸਾਂਝ**

ਵਿਚਾਰ ਆਪੋ, ਆਪਣੇ! ਜਿੱਥੋਂ ਤੱਕ ਸਾਡੀ ਸਮਝ ਹੈ ਕਿ ਭਾਰਤ ਦੇ ਸੰਘਰਸ਼ਸ਼ੀਲ ਵਿਦਿਆਰਥੀਆਂ ਅਤੇ ਲੋਕਾਂ ਨੇ ਲੰਘੀ 25 ਜੁਲਾਈ ਨੂੰ 'ਅੜੀਅਲ' ਕੇਂਦਰੀ ਸਰਕਾਰ ਦੀਆਂ ਗੋਡਣੀਆਂ ਲੁਆ ਕੇ ਸਿੱਖਿਆ ਮੰਤਰੀ, ਜਿਸ ਨੂੰ ਸ਼ਕਤੀਸ਼ਾਲੀ ਆਰ ਐੱਸ ਐੱਸ ਦਾ ਥਾਪੜਾ ਪ੍ਰਾਪਤ ਸੀ, ਪ੍ਰਭਾਵਸ਼ੀਲ ਧਰਮਿੰਦਰ ਪ੍ਰਧਾਨ ਨੂੰ ਤਿਆਗ ਪੱਤਰ ਦੇਣ ਲਈ ਮਜਬੂਰ ਕਰ ਦਿੱਤਾ। ਸਾਡੀ ਸੋਚ ਹੈ ਕਿ ਇਹ ਰਾਜਤੰਤਰ ਉੱਪਰ ਲੋਕਤੰਤਰ ਦੀ ਇਤਿਹਾਸਕ ਜਿੱਤ ਹੈ। ਸੋ, ਇਸ ਸੰਘਰਸ਼ ਦੇ ਸੰਘਰਸ਼ਸ਼ੀਲ ਵਿਦਿਆਰਥੀਆਂ ਸਮੇਤ ਡਟ ਕੇ ਸਾਥ ਦੇਣ ਵਾਲੇ ਭਾਰਤ ਭਰ ਦੇ ਜਮਹੂਰੀਅਤ-ਪਸੰਦ ਅਤੇ ਇਨਸਾਫ਼-ਪਸੰਦ ਲੋਕ ਵੀ ਵਧਾਈ ਦੇ ਪਾਤਰ ਹਨ, ਪਰ ਇਸ ਸੰਘਰਸ਼ ਨੂੰ ਸਿਰਫ਼ ਬੀ ਜਾਂ ਏ ਟੀਮ ਦੀ ਸੋਚੀ, ਸਮਝੀ ਸਾਜ਼ਿਸ਼ ਸਮਝਣਾ ਹੀ ਠੀਕ ਨਹੀਂ ਹੋਵੇਗਾ। ਜਦ ਨੀਟ ਪੇਪਰ ਲੀਕ ਹੋ ਗਿਆ, ਤਦ ਸੰਘਰਸ਼ ਦਾ ਮੈਦਾਨ ਤਾਂ ਸਭ ਲਈ ਖੁੱਲ੍ਹਾ ਸੀ, ਪਰ ਖਲਾਅ ਕਦੇ ਨਹੀਂ ਰਹਿੰਦੇ। ਤਨਜ਼ੀਆ ਅੰਦਾਜ਼ ਵਿੱਚ ਅਭਿਜੀਤ ਦੀਪਕੇ ਨੇ ਵਿਦੇਸ਼ ਤੋਂ ਇਸ ਦਾ ਆਗਾਜ਼ ਕੀਤਾ ਅਤੇ ਦੇਖਦੇ-ਦੇਖਦੇ ਵਿਦਿਆਰਥੀ, ਲੋਕ ਆਉਂਦੇ ਗਏ ਅਤੇ ਕਾਫ਼ਲਾ ਬਣਦਾ ਗਿਆ:-

*"ਹਮ ਅਕੇਲੇ ਹੀ ਚਲੇ ਥੇ, ਜਾਨਿਬੇ ਮੰਜ਼ਿਲ,*
*ਲੋਗ ਆਤੇ ਗਏ ਔਰ ਕਾਫ਼ਿਲਾ ਬਣਤਾ ਗਿਆ।"*

ਸੰਗਰਾਮ ਵਿੱਚ ਜੁੜੇ ਅਤੇ ਜੁਟੇ ਵਿਦਿਆਰਥੀਆਂ ਨੇ ਆਪਣੀਆਂ ਦੋ ਹੋਰ ਮੰਗਾਂ ਵੀ ਇਸ "ਅਜਿੱਤ" ਸਰਕਾਰ ਤੋਂ ਮਨਵਾ ਲਈਆਂ: ਮੁਕੱਦਮੇ ਵਾਪਸ ਲਓ ਅਤੇ ਅਚਾਨਕ ਪੇਪਰ ਲੀਕੇਜ਼ ਉਪਰੰਤ ਪ੍ਰੀਖਿਆ ਦੁਬਾਰਾ ਲੈਣ ਦਾ ਐਲਾਨ ਸੁਣ ਕੇ ਸੁੰਨ ਹੋਏ ਜਿਨ੍ਹਾਂ ਵਿਦਿਆਰਥੀਆਂ ਨੇ ਆਪਾ ਵਾਰਿਆ ਸੀ, ਉਨ੍ਹਾਂ ਦੇ ਮਾਪਿਆਂ ਨੂੰ ਯੋਗ ਮੁਆਵਜ਼ਾ ਦੇਣਾ, ਨਿਰਸੰਦੇਹ ਸਰਕਾਰ ਕੁੜਿੱਕੀ ਵਿੱਚ ਹੈ ਅਤੇ "ਜੋ ਵਾਅਦਾ ਕੀਆ, ਵੋਹ ਨਿਭਾਨਾ ਪੜੇਗਾ।" ਨਹੀਂ ਤਾਂ ਬਹੁਤ ਪਛਤਾਉਣਾ ਪਵੇਗਾ। ਇਸ ਅੰਦੋਲਨ ਦੀ ਖਾਸੀਅਤ ਇਹ ਵੀ ਰਹੀ ਕਿ ਇਸ ਵਿੱਚ ਸਭ ਧਰਮਾਂ ਦੇ ਬਾਸ਼ਿੰਦਿਆਂ ਵਿਸ਼ੇਸ਼ ਕਰਕੇ ਸਿੱਖਾਂ ਨੇ ਬਹੁਤ ਯੋਗਦਾਨ ਪਾਇਆ।

ਨਵੀਂ ਦਿੱਲੀ ਦੇ ਜੰਤਰ ਮੰਤਰ ਉਪਰ 20 ਜੂਨ ਨੂੰ ਧਰਨਾ, ਪ੍ਰਦਰਸ਼ਨ ਆਰੰਭ ਕਰ ਦਿੱਤਾ ਗਿਆ। 28 ਜੂਨ ਨੂੰ ਸਿੱਖਿਆ ਸ਼ਾਸਤਰੀ, ਸੋਨਮ ਵਾਂਗਚੁੱਕ ਨੇ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ ਅਤੇ ਗਾਂਧੀਵਾਦੀ, ਅੰਨਾ ਹਜ਼ਾਰੇ ਨੇ ਮੌਨ ਵਰਤ ਰੱਖਿਆ। 20 ਜੁਲਾਈ ਦਾ ਪਾਰਲੀਮੈਂਟ ਹਾਊਸ ਵੱਲ ਮਾਰਚ ਵਿਰੋਧ ਅਤੇ ਰੋਸ ਦਾ ਸਿਖਰ ਸੀ। ਨੌਜਵਾਨ ਲੜਕੇ ਅਤੇ ਲੜਕੀਆਂ ਨੇ ਬਹੁਤ ਬਹਾਦਰੀ ਨਾਲ ਹੰਝੂ ਗੈਸ ਦੇ ਧੂੰਏਂ ਵਿੱਚ ਨਿਰਦਈ ਪੁਲਸ ਦੀਆਂ ਲਾਠੀਆਂ ਸਹਾਰੀਆਂ ਅਤੇ ਗੋਲੀਆਂ ਵੀ ਸਹੀਆਂ। ਪੈਲੇਟ ਗੰਨਾਂ ਦੀ ਵੀ ਪ੍ਰਵਾਹ ਨਹੀਂ ਕੀਤੀ। ਸਾਨੂੰ ਇਹ ਦਰਦਨਾਕ ਦ੍ਰਿਸ਼ ਦੇਖ ਕੇ ਹਿੰਦੁਸਤਾਨ ਗ਼ਦਰ ਪਾਰਟੀ ਦੇ ਹੀਰੋ, ਨੌਜਵਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਇਹ ਸੰਦੇਸ਼ ਯਾਦ ਆ ਗਿਆ:

*"ਸੇਵਾ ਦੇਸ਼ ਦੀ ਜ਼ਿੰਦੜੀ ਏ ਬੜੀ ਔਖੀ, ਗੱਲਾਂ ਕਰਨੀਆਂ ਢੇਰ ਸੁਖੱਲੀਆਂ ਨੇ,*
*ਜਿਨ੍ਹਾਂ ਦੇਸ਼ ਸੇਵਾ ਵਿੱਚ ਪੈਰ ਪਾਇਆ, ਉਨ੍ਹਾਂ ਲੱਖ ਮੁਸੀਬਤਾਂ ਝੱਲੀਆਂ ਨੇ।"*
*(ਗ਼ਦਰ ਦੀਆਂ ਗੂੰਜਾਂ)*

2014 ਤੋਂ ਜਦ ਤੋਂ ਮੋਦੀ ਸਰਕਾਰ ਨਵੀਂ ਦਿੱਲੀ ਦੇ ਸਿੰਘਾਸਨ ਉਪਰ ਬਿਰਾਜਮਾਨ ਹੋਈ, ਇਸ ਨੇ ਨੌਜਵਾਨ ਬੇਰੁਜ਼ਗਾਰਾਂ ਨੂੰ ਵਧੇਰੇ ਸਬਜ਼ਬਾਗ਼ ਦਿਖਾਏ ਕਿ ਦੋ ਕਰੋੜ ਨੌਕਰੀਆਂ ਦਿਆਂਗੇ, ਪਰ, ਇਸ ਨੇ ਫ਼ਿਰਕੂ ਧਰੁਵੀਕਰਨ ਲਈ ਅੱਡੀ-ਚੋਟੀ ਦਾ ਜ਼ੋਰ ਲਾ ਕੇ ਹੀ ਭਗਵਾਂ ਪਰਚਮ ਦੇਸ਼ ਦੇ ਵੱਡੇ ਭਾਗ ਉਪਰ ਲਹਿਰਾਅ ਦਿੱਤਾ। ਅਜੇ ਵੀ ਐੱਸ ਆਈ ਆਰ ਦਾ ਸਹਾਰਾ ਲਿਆ ਜਾ ਰਿਹਾ ਹੈ:

*"ਇੱਬਤਦਾਇ ਇਸ਼ਕ ਹੋਤਾ ਹੈ ਕਿਆ।*
*ਆਗੇ, ਆਗੇ ਦੇਖੀਏ ਹੋਤਾ ਹੈ ਕਿਆ।"*

ਪਰ, ਸ਼ੇਅਰੋ-ਸ਼ਾਇਰੀ ਅਤੇ ਲੱਛੇਦਾਰ ਭਾਸ਼ਨਾਂ ਨਾਲ ਤਾਂ ਲੋਕਾਂ ਖਾਸ ਕਰਕੇ ਬੇਰੁਜ਼ਗਾਰ ਨੌਜਵਾਨਾਂ ਦੇ ਢਿੱਡ ਭਰਨੇ ਨਹੀਂ ਸਨ ਅਤੇ ਪੜ੍ਹਾਈ ਵਿੱਚ ਰੁੱਝੇ ਅਤੇ ਨੀਟ ਵਰਗੀਆਂ ਪ੍ਰਤੀਯੋਗਤਾਵਾਂ ਪਾਸ ਕਰਕੇ ਵੀ ਚੰਗੀਆਂ ਸੇਵਾ ਸਹੂਲਤਾਂ ਦੀ ਝਾਕ ਰੱਖਣ ਵਾਲੇ ਨੌਜਵਾਨਾਂ ਨੂੰ ਆਪਣਾ ਭਵਿੱਖ ਵੀ ਕਾਲਾ ਸਿਆਹ ਨਜ਼ਰ ਆ ਰਿਹਾ ਹੈ, ਪਰ, ਜਿਹਾ ਕਿ ਬ੍ਰਿਟਿਸ਼ ਸ਼ਾਇਰ ਸ਼ੈਲੇ ਨੇ ਇਹ ਸ਼ੇਅਰ ਅਰਜ਼ ਕੀਤਾ ਸੀ ਕਿ "ਹਰ ਬੱਦਲ ਵਿੱਚ ਚਾਂਦੀ ਵਰਗੀ ਇੱਕ ਚਮਕਦਾਰ ਲਕੀਰ ਹੁੰਦੀ ਹੈ", ਵਿਦਿਆਰਥੀਆਂ ਅਤੇ ਨੌਜਵਾਨਾਂ ਦਾ ਰੋਹ ਜੁਆਲਮੁਖੀ ਪਹਾੜ ਦੇ ਲਾਵੇ ਵਾਂਗ ਫੁੱਟ ਕੇ ਬਾਹਰ ਆ ਗਿਆ ਅਤੇ ਜਲਵਾ ਦਿਖਾ ਗਿਆ। ਜੇ ਹੁਣ ਵੀ ਖੱਬੇ ਪੱਖੀ ਅਤੇ ਜਮਹੂਰੀ ਪਾਰਟੀਆਂ ਨੇ ਆਪਣੇ ਵਿਦਿਆਰਥੀ ਅਤੇ ਨੌਜਵਾਨ ਵਿੰਗਾਂ ਨੂੰ ਚੰਗੇਰੀ ਤਰ੍ਹਾਂ ਸੰਗਠਤ ਕਰਕੇ ਸੰਘਰਸ਼ਾਂ ਦੇ ਰਾਹ ਨਾ ਪਾਇਆ, ਤਦ ਸਮਝ ਲਿਓ ਕਿ ਵਕਤ ਅਤੇ ਜੁਆਰਭਾਟਾ ਕਿਸੇ ਦਾ ਕਦੇ ਇੰਤਜ਼ਾਰ ਨਹੀਂ ਕਰਦੇ। ਯਾਦ ਰੱਖੋ, ਸੱਟ ਉਸ ਵੇਲੇ ਮਾਰਨੀ ਚਾਹੀਦੀ ਹੈ,ਜਦ ਲੋਹਾ ਗਰਮ ਹੋਵੇ। ਕੁਝ ਉਦਾਹਰਨਾਂ ਸਨਮੁੱਖ ਕਰਨ ਦੀ ਆਗਿਆ ਦਿਓ:

1966 ਦੀ ਜੁਲਾਈ ਦੇ ਅੰਤਲੇ ਅਤੇ ਅਗਸਤ ਦੇ ਅਰੰਭਕ ਦਿਨ, ਯੂ ਪੀ ਦੀ ਬੇਲਗਾਮ ਪੁਲਸ ਨੇ ਮੇਰਠ ਦੇ ਮੁਜ਼ਾਹਰੀਨ ਵਿਦਿਆਰਥੀਆਂ ਉੱਪਰ ਅੰਧਾਧੁੰਦ ਤਸ਼ੱਦਦ ਕੀਤਾ। ਭਾਰਤ ਭਰ ਦੇ ਕਾਲਜਾਂ ਦੇ ਵਿਦਿਆਰਥੀਆਂ ਨੇ ਹੜਤਾਲਾਂ ਕਰਕੇ ਅਤੇ ਮੁਜ਼ਾਹਰਿਆਂ ਰਾਹੀਂ ਮੁਜ਼ੱਮਤ ਕੀਤੀ। ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਅਤੇ ਮੌਜੂਦਾ ਲੀਡਰਾਂ ਨੇ 3 ਨਵੰਬਰ 1966 ਨੂੰ ਪਟਿਆਲਾ ਵਿਖੇ ਵਿਦਿਆਰਥੀ ਕਨਵੈਨਸ਼ਨ ਸੱਦ ਲਈ। ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਕੌਮੀ ਜਨਰਲ ਸਕੱਤਰ ਸਾਥੀ ਚੰਦਰਾਪਨ ਨੇ ਆਪਣੇ ਜੋਸ਼ੀਲੇ ਸੰਬੋਧਨ ਵਿੱਚ ਚਰਚਿਤ ਕੋਠਾਰੀਆ ਐਜੂਕੇਸ਼ਨ ਕਮਿਸ਼ਨ ਦੀਆਂ ਦੂਰਰਸ ਸਿਫ਼ਾਰਸ਼ਾਂ ਉਪਰ ਚਾਨਣ ਪਾਉਂਦਿਆਂ ਲਾਗੂ ਕਰਵਾਉਣ ਲਈ ਸੰਘਰਸ਼ ਕਰਨ ਦਾ ਸੱਦਾ ਦਿੱਤਾ। ਸੰਬੰਧਤ ਪੈਪਸੂ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਲੀਡਰ ਸਾਥੀ ਜੋਗਿੰਦਰ ਸਿੰਘ ਭਸੀਨ ਨੇ ਇਸ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਨੂੰ ਪੁਨਰ-ਸੁਰਜੀਤ ਕਰਨ ਲਈ ਵੰਗਾਰਿਆ ਤਾਂ ਕਿ 1936 ਤੋਂ ਹੀ ਸੰਘਰਸ਼ਸ਼ੀਲ ਇਸ ਜਥੇਬੰਦੀ ਦੇ ਸ਼ਾਨਾਮੱਤੇ ਅਤੇ ਸਫ਼ਲਤਾਵਾਂ ਨਾਲ ਭਰੇ ਇਤਿਹਾਸ ਨੂੰ ਹੋਰ ਚਾਰ, ਚੰਨ੍ਹ ਲਾਏ ਜਾ ਸਕਣ। ਅਸੀਂ ਜਲੰਧਰ ਤੋਂ ਵਿਦਿਆਰਥੀਆਂ ਦਾ ਜਥਾ ਲੈ ਕੇ ਗਏ ਸੀ ਅਤੇ ਸਾਥੀ ਬੰਤ ਸਿੰਘ ਬਰਾੜ ਮੋਗਾ ਤੋਂ। ਸਾਥੀ ਦਰਸ਼ਨ ਸਿੰਘ ਬਾਗੀ ਨੇ ਵੀ ਨਵੀਂ ਜਥੇਬੰਦੀ ਸਾਜਣ ਦਾ ਹੋਕਾ ਦਿੱਤਾ, ਪਰ ਭਾਰੀ ਬਹੁਸੰਮਤੀ ਨੇ ਫੈਸਲਾ ਕੀਤਾ ਇਤਿਹਾਸਕ ਯਾਦਾਂ ਨੂੰ ਸੁਰਜੀਤ ਕਰਨ ਲਈ ਪੁਰਾਣੀ ਜਥੇਬੰਦੀ ਨੂੰ ਹੀ ਨਵਿਆਉਣ ਦਾ। ਸਿੱਟੇ ਵਜੋਂ ਸਾਡੇ ਵਰਗੇ ਸਾਰੇ ਹਾਜ਼ਰੀਨ ਵਿਦਿਆਰਥੀ ਸਿਰਧੜ ਦੀ ਬਾਜ਼ੀ ਲਾਉਣ ਲਈ ਰਣਤੱਤੇ ਮੈਦਾਨ ਵਿੱਚ ਕੁੱਦ ਪਏ ਅਤੇ ਜਦ ਐੱਮ ਏ/ਐੱਮ ਐੱਸ ਸੀ ਦੀਆਂ ਡਿਗਰੀਆਂ ਮਿਲਣੀਆਂ ਸਨ, ਤਦ ਨਾਲ ਰੁਜ਼ਗਾਰ ਦੇ ਸਰਟੀਫੀਕੇਟ ਨਾ ਮਿਲਣ ਕਰਕੇ ਡਿਗਰੀਆਂ ਲੈਣ ਤੋਂ ਹੀ ਨਾਂਹ ਕਰ ਦਿੱਤੀ ਸੀ।

1968 ਦੇ ਮਾਰਚ ਮਹੀਨੇ ਦੀ ਵਾਰਤਾ ਹੈ। ਇਸ ਮਹੀਨੇ ਦੀ 17 ਤਰੀਕ ਨੂੰ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਅਤੇ ਸਰਬ ਭਾਰਤ ਨੌਜਵਾਨ ਸਭਾ ਨੇ ਸੰਘਰਸ਼ ਦੇ ਝੰਡੇ ਬੁਲੰਦ ਕੀਤੇ ਕਿ ਆ ਰਹੀ 23 ਮਾਰਚ ਨੂੰ ਸ਼ਹੀਦੇ-ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ 37ਵੀਂ ਬਰਸੀ ਮੌਕੇ ਸਰਕਾਰੀ ਛੁੱਟੀ ਕੀਤੀ ਜਾਵੇ। ਪਹਿਲਾਂ ਸਾਂਝੇ ਫਰੰਟ ਦੇ ਮੁੱਖ ਮੰਤਰੀ, ਜਸਟਿਸ ਗੁਰਨਾਮ ਸਿੰਘ ਨੇ ਕੋਰਾ ਜਵਾਬ ਦੇ ਦਿੱਤਾ ਸੀ। ਜਦ ਅਗਲੇ ਮੁੱਖ ਮੰਤਰੀ ਸ. ਲਛਮਣ ਸਿੰਘ ਗਿੱਲ ਬਣੇ, ਤਦ ਫਿਰ ਘੋਲ ਦਾ ਢੋਲ ਵੱਜ ਗਿਆ। ਸੰਘਰਸ਼ਸ਼ੀਲ ਸਾਥੀ ਵਿਦਿਆਰਥੀ ਹੀ ਜੇਲ੍ਹ ਨਹੀਂ ਗਏ, ਸਗੋਂ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਅਤੇ ਇਸਤਰੀ ਜਥੇਬੰਦੀਆਂ ਨੇ ਵੀ ਸ਼ਮੂਲੀਅਤ ਕੀਤੀ। ਸਿੱਟਾ, ਖੱਬੀ ਖਾਂ ਮੁੱਖ ਮੰਤਰੀ ਨੇ 19 ਮਾਰਚ ਨੂੰ ਹੀ ਸਰਕਾਰੀ ਛੁੱਟੀ ਦਾ ਐਲਾਨ ਕਰ ਦਿੱਤਾ। ਪਰ ਸੰਗਰਾਮੀ ਵਿਦਿਆਰਥੀਆਂ ਤੇ ਲੋਕਾਂ ਦੇ ਰੋਹ ਅੱਗੇ ਕੋਈ ਮੰਤਰੀ, ਸੰਤਰੀ ਸ਼ਹੀਦੀ ਦਿਹਾੜੇ ਸਮੇਂ ਸ਼ਰਧਾ ਦੇ ਫੁੱਲ ਵੀ ਅਰਪਣ ਕਰਨ ਨਹੀਂ ਬਹੁੜਿਆ।

ਮੁੱਖ ਮੰਤਰੀ ਗਿੱਲ ਸਾਹਿਬ ਦੇ ਹੀ ਚਹੇਤੇ ਮੰਤਰੀ ਸ. ਬਖਤਾਵਰ ਸਿੰਘ ਨੇ 18 ਦਸੰਬਰ 1967 ਨੂੰ ਪੁਲਸ ਵਾਲਿਆਂ ਤੋਂ ਡੰਡਾ ਫੜ ਕੇ ਫਿਰੋਜ਼ਪੁਰ ਦੇ ਹੜਤਾਲੀ ਅਤੇ ਮੁਜ਼ਾਹਰੇ ਕਰ ਰਹੇ ਵਿਦਿਆਰਥੀ ਬਹੁਤ ਖੜਕਾਏ। ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਦੇ ਪ੍ਰਧਾਨ ਸਾਥੀ ਜੋਗਿੰਦਰ ਦਿਆਲ ਨੇ ਪੰਜਾਬ ਦੇ ਕਾਲਜਾ ਵਿੱਚ ਘੁੰਮ ਕੇ ਵਿਦਿਆਰਥੀਆਂ ਦੇ ਰੋਹ ਦਾ ਝੱਖੜ ਝੁਲਾ ਦਿੱਤਾ। ਸਾਥੀ ਬੰਤ ਸਿੰਘ ਬਰਾੜ ਅਤੇ ਸਾਥੀ ਜਗਰੂਪ ਸਿੰਘ ਬਰਾੜ ਨੇ ਮੁੱਖ ਮੰਤਰੀ ਦੇ ਸੰਬੋਧਨ ਮੌਕੇ ਮੋਗਾ ਵਿਖੇ ਵਿਸ਼ਾਲ ਪੰਡਾਲ ਹੀ ਪੁੱਟ ਸੁੱਟਿਆ ਅਤੇ ਅਸੀਂ ਚੰਡੀਗੜ੍ਹ ਸਕੱਤਰੇਤ ਅੱਗੇ ਭੁੱਖ ਹੜਤਾਲ ਕਰ ਦਿੱਤੀ। ਮੁੱਖ ਮੰਤਰੀ ਨੇ ਐੱਮ ਐੱਲ ਸੀ ਸ. ਗੁਰਚਰਨ ਸਿੰਘ ਕਿਸ਼ਨਪੁਰਾ ਕਲਾਂ ਨੂੰ ਭੇਜਿਆ ਕਿ ਉਹ ਕਸੂਰਵਾਰ ਵਜ਼ੀਰ ਨੂੰ ਘਿਉ ਵਿੱਚੋਂ ਵਾਲ ਵਾਂਗ ਕੱਢ ਦੇਣਗੇ, ਅੰਦੋਲਨ ਬੰਦ ਕਰ ਦਿਓ। ਸਟੂਡੈਂਟਸ ਐਕਸ਼ਨ ਕਮੇਟੀ ਦੇ ਆਗੂਆਂ ਨੇ ਕਿਹਾ ਕਿ ਪਹਿਲਾਂ ਉਸ ਅਜੋਕੇ "ਨਾਦਰਸ਼ਾਹ" ਨੂੰ ਡਿਸਮਿਸ ਕਰੋ। ਮੁੱਖ ਮੰਤਰੀ ਨੇ ਤੁਰੰਤ ਪ੍ਰਭਾਵ ਨਾਲ ਅਜਿਹਾ ਹੀ ਕੀਤਾ, ਪਰ ਸੰਗਰਾਮੀਏ ਵਿਦਿਆਰਥੀਆਂ, ਨੌਜਵਾਨਾਂ ਅਤੇ ਵਿਸ਼ੇਸ਼ ਕਰਕੇ ਵਿਰੋਧੀ ਪਾਰਟੀ ਨਾਲ ਸੰਬੰਧਤ ਲੋਕਾਂ ਨੇ 1 ਜਨਵਰੀ 1968 ਨੂੰ ਪੰਜਾਬ ਅਸੈਂਬਲੀ ਦਾ ਘਿਰਾਓ ਕਰਕੇ ਮੰਗ ਕੀਤੀ ਕਿ ਦਲ-ਬਦਲੂਆਂ ਦੀ ਸਰਕਾਰ ਨੂੰ ਹੀ ਡਿਸਮਿਸ ਕਰੋ। ਇਹ ਮੰਗ ਅੱਗੇ ਵਧਦੀ ਗਈ ਅਤੇ 10 ਅਗਸਤ, 1968 ਵਿੱਚ ਇਹ ਭਾਣਾ ਵੀ ਬੀਤ ਗਿਆ। ਸੋ, ਮਘਦਾ ਮੁੱਦਾ ਠੀਕ ਹੋਵੇ, ਸਮੇਂ ਸਿਰ ਉਠਾਇਆ ਜਾਵੇ ਅਤੇ ਵਿਸ਼ਾਲ ਲੋਕਬੰਦੀ ਕਰਕੇ ਸ਼ਾਂਤਮਈ ਸੰਗਰਾਮ ਨੂੰ ਸਫ਼ਲ ਬਣਾਇਆ ਜਾਵੇ।

ਹੁਣ ਅਸਾਂ ਉਮਰ ਦੇ ਪਚਾਸੀਵੇਂ ਡੰਡੇ ਨੂੰ ਹੱਥ ਪਾ ਲਿਆ ਹੈ। ਅਨੇਕਾਂ ਹੋਰ ਜੇਤੂ ਸੰਘਰਸ਼ਾਂ ਦੀਆਂ ਯਾਦਾਂ ਸਾਨੂੰ ਭੁੱਲੀਆਂ ਨਹੀਂ। ਅਸੀਂ ਸਮਝਦੇ ਹਾਂ ਕਿ ਮਲੋਟ ਅਤੇ ਮੋਗਾ ਦੇ ਰੀਗਲ ਸਿਨੇਮਾ ਦੇ ਪੀੜਤ ਵਿਦਿਆਰਥੀਆਂ ਦਾ ਜੇਤੂ ਸੰਘਰਸ਼ ਅਤੇ 1969 ਦਾ ਸੰਸਦ ਵੱਲ ਮਾਰਚ ਵੀ ਸੁਨਹਿਰੀ ਅੱਖਰਾਂ ਵਿੱਚ ਲਿਖਣਯੋਗ ਹਨ ਅਤੇ ਹੋਰ ਕਈ ਜਿੱਤੇ ਸੰਘਰਸ਼ ਵੀ। ਸੋ, ਸਮੇਂ ਅਤੇ ਸਥਾਨ ਨੂੰ ਮੁੱਖ ਰੱਖ ਕੇ ਸੰਕੁਚਿਤ ਹੋਣਾ ਹੀ ਕਾਫ਼ੀ ਹੈ। ਪਰ, ਅਸੀਂ ਇਹ ਜ਼ਰੂਰ ਅੰਚਿਤ ਕਰਾਂਗੇ ਕਿ ਇਤਿਹਾਸਕ ਮੋਗਾ ਐਜੀਟੇਸ਼ਨ ਵੇਲੇ ਪਹਿਲੀਵਾਰ ਪੂਰਾ ਪੰਜਾਬ ਬੰਦ ਕੀਤਾ ਗਿਆ ਲੜ ਰਹੇ ਵਿਦਿਆਰਥੀਆਂ ਸਾਹਿਤ ਸਭ ਪੰਜਾਬੀ ਸੂਰਬੀਰਾਂ ਦੀ ਲਾਜਵਾਬ ਮਦਦ ਸਦਕਾ।

ਅਸੀਂ ਸਿਰਫ਼ ਇਹ ਕਹਿਣਾ ਚਾਹੁੰਦੇ ਹਾਂ ਕਿ ਖੱਬੇ ਪੱਖੀ ਅਤੇ ਜਮਹੂਰੀ ਪਾਰਟੀਆਂ ਸਾਂਝੀ ਤਾਲਮੇਲ ਕਮੇਟੀ ਬਣਾ ਕੇ ਅਗਲੇ ਸੰਘਰਸ਼ ਵਿੱਢਣ ਅਤੇ ਉਨ੍ਹਾਂ ਦਾ ਦਮ ਭਰਨ ਵਾਲੀਆਂ ਵਿਦਿਆਰਥੀ ਅਤੇ ਨੌਜਵਾਨ ਜਥੇਬੰਦੀਆਂ ਵੀ ਅਜਿਹਾ ਹੀ ਕਰਨ ਅਜੇ ਸਿਰਫ਼ ਪ੍ਰੀਖਿਆ ਪ੍ਰਬੰਧ ਹੀ ਨਹੀਂ, ਭਗਵਾਂ ਰੰਗਿਆ ਸਮੁੱਚਾ ਸਿੱਖਿਆ ਪ੍ਰਬੰਧ ਹੀ ਬਦਲਨਾ ਪਵੇਗਾ, ਸਿੱਖਿਆ ਦੇ ਖੇਤਰ ਵਿੱਚ ਨਿੱਜੀਕਰਨ ਰੋਕਣਾ ਪਵੇਗਾ ਤਾਂ ਕਿ ਗਰੀਬ ਅਤੇ ਮੱਧ ਵਰਗੀ ਲੋਕਾਂ ਦੇ ਬੱਚੇ ਉਚੇਰੀ ਸਿੱਖਿਆ ਅਤੇ ਸਿਖਲਾਈ ਪ੍ਰਾਪਤ ਕਰਕੇ ਚੰਗਾ ਕਿੱਤਾ ਅਤੇ ਰੁਜ਼ਗਾਰ ਪ੍ਰਾਪਤ ਕਰਨਾ। ਹੋਰ ਵੀ ਕਈ ਅਜਿਹੇ ਕਾਰਜ ਕਰਨ ਯੋਗ ਹਨ। ਇਨਾ ਹੀ ਕਹਿਣਾ ਕਾਫ਼ੀ ਹੈ ਚਲਣਾ ਸੰਭਲ ਕੇ ਲੋਕੋ, ਅਜੇ ਬਰਸਾਤ ਬਾਕੀ ਹੈ। ਰਹਿਣਾ ਜਾਗਦੇ ਲੋਕੋ, ਅਜੇ ਰਾਤ ਬਾਕੀ ਹੈ।" (ਕੰਵਲ ਦਾ ਨਾਵਲ ਰਾਤ ਬਾਕੀ ਹੈ)

# ਸੰਪਰਕ : 99152-43184

# ਰੱਬ ਦਾ ਦੂਜਾ ਰੂਪ : ਮਾਂ

**ਜਗਦੇਵ ਸ਼ਰਮਾ ਬੁਗਰਾ**

*ਮੈਂ ਰੱਬ ਨਹੀਂ ਦੇਖਿਆ ਦੁਨੀਆ 'ਤੇ,*
*ਮੈਨੂੰ ਰੱਬ ਵਰਗੀ ਮੇਰੀ ਮਾਂ ਲਗਦੀ।*

94 ਨੂੰ ਪਾਰ ਕਰਕੇ ਮੇਰੀ ਮਾਂ ਨੇ ਅੱਜ ਅੰਤਿਮ ਸਵਾਸ ਲਏ ।ਇਉਂ ਮਹਿਸੂਸ ਹੋਇਆ ਜਿਵੇਂ ਜ਼ਿੰਦਗੀ ਵਿੱਚ ਕਦੇ ਵੀ ਪੂਰਾ ਨਾ ਹੋਣ ਵਾਲਾ ਘਾਟਾ ਪੈ ਗਿਆ ਹੋਵੇ । ਉਮਰਾਂ ਮਾਇਨੇ ਨਹੀਂ ਰੱਖਦੀਆਂ, ਮਾਇਨੇ ਰੱਖਦਾ ਹੈ ਉਹ ਅੰਸ਼ ਜਿਸ ਨੂੰ ਮਾਤਾ ਨੇ ਗਰਭ ਦੌਰਾਨ ਨਾੜੂਏ ਰਾਹੀਂ ਆਪਣੇ ਖੂਨ ਨਾਲ ਸਿੰਜਿਆ ਹੁੰਦਾ ਹੈ ।

ਛੇ ਭੈਣਾਂ ਵਿੱਚੋਂ ਸਭ ਤੋਂ ਛੋਟੀ ਮੇਰੀ ਮਾਂ ਨੂੰ ਉਸ ਦਾ ਪੇਕਾ ਘਰ ਅੱਜ ਵੀ ਭਾਗਾਂ ਵਾਲੀ ਮੰਨਦਾ ਹੈ ਕਿਉਂਕਿ ਉਸ ਤੋਂ ਬਾਅਦ ਮੇਰੇ ਨਾਨੇ ਦੇ ਘਰ ਮੇਰੇ ਦੋ ਮਾਮੇ ਜੰਮੇ ਸਨ ਅਤੇ ਮੇਰੀ ਮਾਂ ਦੇ ਅਸੀਂ ਤਿੰਨ ਬੇਟੇ ਹੀ ਸਾਂ, ਬਿਨਾਂ ਕਿਸੇ ਧੀ ਦੇ । ਮੇਰੇ ਨਾਨਾ ਜੀ ਕਿਸੇ ਵੀ ਸ਼ੁੱਭ ਕੰਮ ਨੂੰ ਜਾਣ ਤੋਂ ਪਹਿਲਾਂ ਮੇਰੀ ਮਾਂ ਦੇ ਪੈਰੀਂ ਹੱਥ ਲਾ ਕੇ ਜਾਇਆ ਕਰਦੇ ਸਨ । ਜ਼ਮਾਨੇ ਭਲੇ ਸਨ, ਪੜ੍ਹਾਈ ਦੀ ਅਣਹੋਂਦ ਕਾਰਨ ਧੀਆਂ ਨਾਲੋਂ ਪੁੱਤਰਾਂ ਨੂੰ ਜ਼ਿਆਦਾ ਲੋਚਿਆ ਜਾਂਦਾ ਸੀ। ਮੇਰੀ ਮਾਂ ਦੱਸਿਆ ਕਰਦੀ ਸੀ ਕਿ ਹੱਲਿਆਂ ਵੇਲੇ ਨਾਲ ਦੇ ਪਿੰਡੋਂ ਇੱਕ ਮੁਸਲਮਾਨ ਪਰਿਵਾਰ ਜਾਨ ਬਚਾਉਣ ਖਾਤਰ ਮੇਰੇ ਨਾਨੇ ਦੇ ਗੰਨੇ ਦੇ ਖੇਤ ਵਿੱਚ ਲੁਕ ਗਿਆ । ਸਬੱਬੀਂ ਖੇਤ ਗਈ ਮੇਰੀ ਮਾਂ ਨੂੰ ਭਿਣਕ ਪੈ ਗਈ ਸੀ । ਮੇਰੀ ਮਾਂ ਹਨੇਰੇ ਸਵੇਰੇ ਤਿੰਨ ਦਿਨ ਉਹਨਾਂ ਚਾਰ ਜੀਆਂ ਦੇ ਪਰਿਵਾਰ ਨੂੰ ਗੰਨਿਆਂ ਦੇ ਖੇਤ ਵਿਚ ਖਾਣਾ ਪਹੁੰਚਾ ਕੇ ਆਉਂਦੀ ਰਹੀ । ਇਹ ਗੱਲ ਮੇਰੇ ਨਾਨੇ ਕੋਲੋਂ ਵੀ ਲੁਕੋ ਕੇ ਰੱਖੀ ਗਈ ਸੀ । ਪਤਾ ਲੱਗਣ 'ਤੇ ਮੇਰਾ ਨਾਨਾ ਅੱਧੀ ਰਾਤ ਤੋਂ ਬਾਅਦ ਖੇਤਾਂ ਵਿੱਚੋਂ ਦੀ ਹੁੰਦੇ ਰਸਤਿਆਂ ਰਾਹੀਂ ਜਾ ਕੇ ਉਸ ਪਰਿਵਾਰ ਨੂੰ ਸੁਨਾਮ ਕੈਂਪ ਵਿੱਚ ਪਹੁੰਚਾ ਕੇ ਆਇਆ ਸੀ।

ਬੁਣਾਈ, ਕਢਾਈ, ਸਿਲਾਈ ਦੀ ਮਾਹਰ, ਮੇਰੀ ਮਾਂ ਨੇ ਪਹਿਲਾਂ ਇਹ ਕੰਮ ਆਪਣੀਆਂ ਖੁਦ ਦੀਆਂ ਜਿਠਾਣੀਆਂ ਨੂੰ ਸਿਖਾਇਆ, ਫਿਰ ਆਪਣੀਆਂ ਦੋ ਨਣਦਾਂ ਨੂੰ ਮਾਹਿਰ ਬਣਾਇਆ, ਆਪਣੇ ਜੇਠਾਂ ਜਿਠਾਣੀਆਂ ਦੀਆਂ ਕੁੜੀਆਂ ਨੂੰ ਸਿਉਣਾ ਪ੍ਰੋਣਾ ਸਿਖਾਇਆ, ਕਿਉਂਕਿ ਉਸ ਦੇ ਆਪਣੇ ਖੁਦ ਦੇ ਕੋਈ ਧੀ ਨਹੀਂ ਸੀ । ਇਹੀ ਸਿੱਖਿਆ ਉਸ ਨੇ ਆਪਣੀਆਂ ਪੋਤੀਆਂ ਨੂੰ ਵੀ ਦਿੱਤੀ । ਉਸ ਦੀਆਂ ਨੂੰਹਾਂ ,ਪੋਤ ਨੂੰਹਾਂ ਵੀ ਇਸ ਪੱਖੋਂ ਉਸ ਦੀਆਂ ਧੰਨਵਾਦੀ ਹਨ। ਇਸ ਤਰ੍ਹਾਂ ਤਿੰਨ ਪੀਹੜੀਆਂ ਉਸ ਕਾਰਨ ਸਹੁੰਨਰੀਆਂ ਕਹਾਈਆਂ ਅਤੇ ਸਹੁਰੇ ਘਰੋਂ ਮਾਣ ਖੱਟਿਆ । ਦਰੀਆਂ, ਝੋਲੇ, ਨਾਲੇ, ਭੜੋਲੇ, ਭੜੋਲੀਆਂ, ਹਾਰੇ, ਮੱਟੀਆਂ, ਮਿੱਟੀ ਦੇ ਚੁੱਲ੍ਹੇ ਬਣਾਉਣ ਦੀ ਸ਼ੌਕੀਨ ਸੀ ਮੇਰੀ ਮਾਂ । ਮੇਰੇ ਮਾਤਾ ਜੀ ਦੁਆਰਾ ਕੰਧੋਲੀਆਂ ਉੱਤੇ ਵਾਹੀਆਂ ਮੋਰਨੀਆਂ ਨੂੰ ਲੋਕ ਖੜ੍ਹ ਖੜ੍ਹ ਦੇਖਿਆ ਕਰਦੇ ਸਨ। ਗੋਹਲੇ ਵੋਹਟੀਆਂ ਬਣਾਉਣਾ ਵੀ ਉਸ ਦੀ ਕਲਾ ਵਿੱਚ ਸ਼ਾਮਲ ਸੀ। ਗਰਮੀ ਗਰਮੀ ਮੇਰੀ ਮਾਂ ਹਰ ਰੋਜ਼ ਪਾਣੀ ਦੇ ਪੰਜ ਘੜੇ ਪਾਣੀ ਦੇ ਭਰ ਕੇ ਬੱਸ ਅੱਡੇ ਤੇ ਧਰ ਕੇ ਆਉਂਦੀ ਰਹੀ ਸੀ ਤਾਂ ਕਿ ਗਰਮੀ ਦੇ ਦਿਨਾਂ ਵਿੱਚ ਕੋਈ ਰਾਹੀ ਪਾਂਧੀ ਪਿਆਸਾ ਨਾ ਜਾਵੇ।

ਗੁਰੂ ਘਰ ਤੋਂ ਸਵੇਰੇ ਚਾਰ ਵਜੇ ਦਾ ਸੁਨੇਹਾ ਸੁਣਦਿਆਂ ਹੀ ਉਹ ਮੈਨੂੰ ਅਤੇ ਮੇਰੇ ਭਰਾ ਨੂੰ ਜਗਾ ਕੇ ਪੜ੍ਹਨ ਬਹਾ ਦਿੰਦੀ ਅਤੇ ਆਪ ਚੁੱਲ੍ਹੇ 'ਤੇ ਚਾਹ ਧਰ ਦਿੰਦੀ । ਅਸੀਂ ਸਾਡੀ ਮਾਂ ਨੂੰ ਕਹਿ ਰੱਖਿਆ ਸੀ ਕਿ ਇੱਕ ਵਾਰੀ ਜਗਾਉਣ ਤੋਂ ਬਾਅਦ ਅਤੇ ਚਾਹ ਲੈ ਕੇ ਆਉਣ ਤੋਂ ਪਹਿਲਾਂ ਜੇਕਰ ਅਸੀਂ ਰਜ਼ਾਈ ਨਾ ਛੱਡੀ ਹੋਈ ਤਾਂ ਬੇਸ਼ਕ ਦੋ ਚਪੇੜਾਂ ਧਰ ਦੇਵੀਂ , ਪ੍ਰੰਤੂ ਚਪੇੜਾਂ ਖਾਣ ਦਾ ਸਬੱਬ ਅਸੀਂ ਕਦੇ ਬਣਨ ਹੀ ਨਹੀਂ ਸੀ ਦਿੱਤਾ । ਜੇਕਰ



ਸਬੱਬ ਬਣ ਵੀ ਜਾਂਦਾ ,ਉਸ ਨੇ ਕਿਹੜਾ ਮਾਰਨਾ ਸੀ ।

ਮੈਂ ਡਾਕਖਾਨੇ ਵਿੱਚ ਕਲਰਕ ਲੱਗ ਗਿਆ ਸਾਂ ,ਕੁੱਛ ਸਮੇਂ ਬਾਅਦ ਮੈਂ ਬੈਂਕ ਵਿਚ ਸਿਲੈਕਟ ਹੋ ਗਿਆ ਸਾਂ । ਡਾਕਖਾਨੇ ਵਿੱਚੋਂ ਅਸਤੀਫਾ ਦੇ ਕੇ ਮੈਂ ਬੈਂਕ ਜੋਇਨ ਕਰਨ ਚਲਿਆ ਗਿਆ ।ਮੇਰੇ ਦਾਸਤਾਵੇਜ਼ਾਂ ਵਿੱਚ ਕੁੱਛ ਤਰੁੱਟੀਆਂ ਹੋਣ ਕਾਰਨ ਮੈਨੂੰ ਵਾਪਸ ਭੇਜ ਦਿੱਤਾ ਗਿਆ । ਮਮਤਾ ਦੀ ਮੂਰਤ ਨੂੰ ਇਹ ਗੱਲ ਸੁਣਦਿਆਂ ਹੀ ਚਿੰਤਾ ਨੇ ਆ ਘੇਰਿਆ, ਐਧਰੋਂ ਤਾਂ ਜਵਾਬ ਦੇ ਆਇਆ, ਜੇ ਕਿਧਰੇ ਓਧਰੋਂ ਜਵਾਬ ਮਿਲ ਗਿਆ, ਕੀ ਬਣੂ ? ਚੰਗਾ ਭਲਾ ਨੌਕਰੀ ਲੱਗਿਆ ਵਿਹਲਾ ਹੋ ਕੇ ਬਹਿਜੂ । ਮਾਂ ਦਾ ਫ਼ਿਕਰ ਵਾਜਬ ਸੀ।

ਮੈਂ ਕਾਗਜ਼ ਪੱਤਰ ਪੂਰੇ ਕਰਕੇ ਤੀਜੇ ਦਿਨ ਬੈਂਕ ਦੀ ਨੌਕਰੀ ਕਰਕੇ ਘਰ ਮੁੜਿਆ, ਤਾਂ ਮੇਰੀ ਮਾਂ ਨੇ ਸੁਖ ਦਾ ਸਾਹ ਲਿਆ ਅਤੇ ਉਹ ਗੁਰੂ ਘਰ ਸ਼ੁਕਰਾਨਾ ਕਰਨ ਚਲੀ ਗਈ ਸੀ ।

ਬਿਨਾਂ ਕਿਸੇ ਬਾਹਰਲੇ ਬੰਦੇ ਦੀ ਸਹਾਇਤਾ ਲਿਆਂ ਮੇਰੇ ਪਿਤਾ ਜੀ , ਮਾਤਾ ਜੀ , ਅਤੇ ਅਸੀਂ ਤਿੰਨੋ ਭਰਾ ਸ਼ਾਮ ਤੱਕ ਇੱਕ ਪੂਰੀ ਰੇਹੜੀ ( ਗੱਡੇ ਦਾ ਸੁਧਰਿਆ ਰੂਪ ) ਜਿੰਨੇ ਗੰਨੇ ਘੜ ਕੇ ਸ਼ੂਗਰ ਮਿੱਲ ਤੋਰ ਦਿੰਦੇ ਸਾਂ । ਮੇਰੇ ਮਾਤਾ ਜੀ ਸਾਰਾ ਦਿਨ ਖੇਤ ਵਿੱਚ ਮਿੱਟੀ ਨਾਲ ਮਿੱਟੀ ਹੋ ਕੇ ਸ਼ਾਮ ਸਵੇਰੇ ਚੁੱਲ੍ਹਾ ਚੌਕਾ ਵੀ ਖੁਦ ਕਰਦੀ ਹੁੰਦੀ ਸੀ ਕਿਉਂਕਿ ਸਾਡਾ ਹਾਲੇ ਵਿਆਹ ਨਹੀਂ ਹੋਇਆ ਸੀ ।ਝੋਨਾ ਲਗਾਉਣ ਦੇ ਸੀਜ਼ਨ ਵਿੱਚ ਸਕੂਲੋਂ ਛੁੱਟੀਆਂ ਹੁੰਦੀਆਂ ਸਨ । ਇੱਕ ਸਾਲ ਅਸੀਂ ਪੰਜੇ ਪਰਿਵਾਰਿਕ ਮੈਂਬਰਾਂ ਨੇ ਬਿਨਾਂ ਕਿਸੇ ਮਜ਼ਦੂਰ ਦੇ,30 ਵਿੱਘੇ ਝੋਨਾ ਆਪ ਹੀ ਲਗਾ ਲਿਆ ਸੀ ।ਖੇਤੋਂ ਪੱਠੇ ਵੱਢ ਕੇ ਲਿਆਉਣਾ,ਪਸ਼ੂਆਂ ਦੀ ਸਾਂਭ ਸੰਭਾਲ ਕਰਨੀ, ਮੇਰੀ ਮਾਂ ਹੀ ਕਰਦੀ । ਮਾਰਚ ਦੇ ਆਖਰੀ ਦਿਨ ਵਿੱਚ ,ਜਦੋਂ ਦਾਣਿਆਂ ਵਾਲੀ ਭੜੋਲੀ ਖਾਲੀ ਹੋ ਜਾਂਦੀ, ਮੇਰੀ ਮਾਂ ਰੋਜ਼ ਜੋਗੇ ਦਾਣੇ ਥਾਪੀ ਨਾਲ ਪੱਕੀਆਂ ਹੋਈਆਂ ਬੱਲੀਆਂ ਕੁੱਟ ਕੇ ਤਿਆਰ ਕਰਦੀ, ਘਰ ਚੱਕੀ 'ਤੇ ਪੀਹੰਦੀ ਅਤੇ ਰੋਟੀ ਦਾ ਜੁਗਾੜ ਕਰਦੀ। ਉਖਲੀ 'ਚ ਜੀਰੀ ਕੁੱਟਣੀ, ਚੌਲ ਤਿਆਰ ਕਰਨੇ ਵੀ ਉਸੀ ਦੇ ਹਿੱਸੇ ਆਇਆ ।

ਸੰਯੁਕਤ ਪਰਿਵਾਰ ਦੇ ਮੁਖੀ ਵੱਲੋਂ ਜਦੋਂ ਇਹ ਫ਼ੁਰਮਾਨ ਹੋ ਗਿਆ ਕਿ ਪਰਿਵਾਰ ਦੇ ਕਿਸੇ ਵੀ ਬੱਚੇ ਨੂੰ ਦਸਵੀਂ ਤੋਂ ਅੱਗੇ ਨਹੀਂ ਪੜ੍ਹਾਇਆ ਜਾਵੇਗਾ ਤਾਂ ਪੜ੍ਹਾਈ ਦੀ ਕਦਰਦਾਨ ਮੇਰੀ ਅਨਪੜ੍ਹ ਮਾਂ ਨੇ ਸਾਡੇ ਪਿਤਾ ਜੀ ਨੂੰ ਪਰਿਵਾਰ ਤੋਂ ਵੱਖ ਹੋਣ ਨੂੰ ਸਲਾਹ ਦਿੱਤੀ । ਉਸ ਵੱਲੋਂ ਉਸ ਟਾਈਮ ਲਏ ਗਏ ਸਿਆਣੇ ਫੈਸਲੇ ਕਾਰਨ ਅੱਜ ਅਸੀਂ ਕੁੱਛ ਬਣ ਸਕੇ ਹਾਂ ਨਹੀਂ ਤਾਂ ਹੋ ਸਕਦਾ ਸੀ ਸਾਨੂੰ ਦਸ ਪੜ੍ਹਿਆਂ ਨੂੰ ਕੋਈ ਵਧੀਆ ਨੌਕਰੀ ਨਾ ਮਿਲਦੀ।

ਜਿਹੜੀ ਗੱਲ ਸਮਝ ਤੋਂ ਪਰ੍ਹੇ ਰਹੀ, ਰੱਬ ਪ੍ਰਤੀ ਇੱਕ ਗਿਲਾ ਜ਼ਰੂਰ ਰਹੇਗਾ, ਉਹ ਇਹ ਕਿ ਏਨੀ ਧਾਰਮਿਕ, ਮਿਹਨਤੀ ਅਤੇ ਉੱਚੇ ਵਿਚਾਰਾਂ ਦੀ ਧਾਰਨੀ ਸਾਡੀ ਮਾਂ ਨੂੰ ਰੱਬ ਨੇ ਆਖਰੀ ਉਮਰੇ ਐਨੇ ਸਰੀਰਕ ਦੁੱਖ ਕਿਉਂ ਦਿੱਤੇ ?

# ਸੰਪਰਕ : 98727-87243

# ਸੇਰੋਂ ਖੰਡ ਮਿੱਲ ਕੰਮ ਵਾਲੇ ਹੱਥ ਮੰਗਦੀ

ਸਮੇਂ ਦੀਆਂ ਸਰਕਾਰਾਂ ਬਹੁਤ ਰੌਲਾ ਪਾਉਂਦੀਆਂ ਹਨ ਕਿ ਪੰਜਾਬ ਵਿੱਚ ਝੋਨੇ ਹੇਠ ਰਕਬਾ ਘਟਾ ਕੇ ਧਰਤੀ ਹੇਠਲਾ ਪਾਣੀ ਬਚਾਇਆ ਜਾਵੇ। ਇਸ ਲਈ ਪੰਜਾਬ ਦੀ ਖੇਤੀ ਵਿੱਚ ਮੁੱਖ ਤੌਰ 'ਤੇ ਬੀਜੇ ਜਾਂਦੇ ਕਣਕ-ਝੋਨੇ ਦਾ ਬਦਲ ਚਾਹੀਦਾ ਹੈ, ਭਾਵ ਫ਼ਸਲੀ ਵੰਨ-ਸੁਵੰਨਤਾ। ਕਿਸਾਨ ਹਮੇਸ਼ਾ ਫ਼ਸਲੀ ਵੰਨ-ਸੁਵੰਨਤਾ ਲਈ ਤਿਆਰ ਰਹਿੰਦਾ ਹੈ,ਪਰ ਉਸ ਦਾ ਤਜਰਬਾ ਬਹੁਤ ਕੌੜਾ ਹੈ, ਕਿਉਂਕਿ ਹੋਰ ਫ਼ਸਲਾਂ ਅਕਸਰ ਰੁਲ਼ ਜਾਂਦੀਆਂ ਹਨ, ਸਰਕਾਰ ਖਰੀਦ ਗਰੰਟੀ ਨਹੀਂ ਦੇਂਦੀ,ਵਪਾਰੀ ਭਾਅ ਨਹੀਂ ਦਿੰਦਾ।

ਗੰਨਾ ਇੱਕ ਅਜਿਹੀ ਫ਼ਸਲ ਹੈ, ਜਿਸ ਨੂੰ ਲਾਉਣ ਲਈ ਕਿਸਾਨ ਸੌਖਾ ਤਿਆਰ ਹੋ ਜਾਂਦਾ ਹੈ, ਬਸ਼ਰਤੇ ਕਿ ਨੇੜੇ ਖੰਡ ਮਿੱਲ ਹੋਵੇ ਅਤੇ ਉਸ ਦਾ ਗੰਨਾ ਚੁੱਕਿਆ ਜਾਵੇ ।

ਪਿਛਲੇ ਸਮੇਂ 'ਚ ਸਰਕਾਰਾਂ ਨੇ ਬਹੁਤ ਸਾਰੀਆਂ ਸਹਿਕਾਰੀ ਖੰਡ ਮਿੱਲਾਂ ਆਨੇ-ਬਹਾਨੇ ਬੰਦ ਕਰ ਦਿੱਤੀਆਂ ਹਨ, ਜਦੋਂ ਕਿ ਇਹ ਕਿਸੇ ਤਰ੍ਹਾਂ ਵੀ ਘਾਟੇ ਵਾਲਾ ਸੌਦਾ ਨਹੀਂ ਹੋ ਸਕਦਾ।

ਆਪਾਂ ਗੱਲ ਕਰਨ ਲੱਗੇ ਹਾਂ ਸੇਰੋਂ ਖੰਡ ਮਿੱਲ ਦੀ, ਜੋ 2006 ਵਿੱਚ ਬੰਦ ਕਰ ਦਿੱਤੀ ਗਈ। ਇਹ ਮਿੱਲ ਪੰਜਾਬ ਦੀਆਂ ਸਭ ਖੰਡ ਮਿੱਲਾਂ ਤੋਂ ਜ਼ਿਆਦਾ ਪੈਦਾਵਾਰ ਤੇ ਵੱਧ ਅਨੁਪਾਤ ਵਿੱਚ ਵੱਧ ਖੰਡ ਪੈਦਾ ਕਰਨ ਵਾਲੀ ਸੀ। ਇਸ ਦਾ ਸਥਾਨ ਅੰਮ੍ਰਿਤਸਰ-ਬਠਿੰਡਾ ਹਾਈਵੇ 'ਤੇ ਤਰਨ ਤਾਰਨ ਤੋਂ ਅੱਠ ਕਿਲੋਮੀਟਰ ਦੂਰ ਹਰੀਕੇ ਪੱਤਣ ਵੱਲ ਹੈ।

ਇਹ ਮਿੱਲ ਸੁਨਹਿਰੀ ਸੁਪਨੇ ਨਾਲ ਇਸੇ ਇਲਾਕੇ ਦੇ ਜੰਮਪਲ ਸਰਦਾਰ ਮਨੋਹਰ ਸਿੰਘ ਗਿੱਲ ਆਈ ਏ ਐੱਸ, ਜੋ ਕੈਬਨਿਟ ਸਕੱਤਰ ਅਤੇ ਬਾਅਦ ਵਿੱਚ ਮੁੱਖ ਚੋਣ ਕਮਿਸ਼ਨਰ ਤੇ ਕੇਂਦਰ ਸਰਕਾਰ ਵਿੱਚ ਮੰਤਰੀ ਵੀ ਰਹੇ, ਨੇ ਵਿਉਂਤਬੰਦੀ ਤੇ ਚਾਰਾਜ਼ੋਈ ਕਰਕੇ ਮਨਜ਼ੂਰ ਕਰਵਾਈ ਤੇ ਬਹੁਤ ਤੇਜ਼ੀ ਨਾਲ ਇਸ ਨੂੰ ਸੰਪੂਰਨ ਕਰਵਾ ਕੇ ਚਾਲੂ ਕਰਵਾਈ। 1983-84 ਵਿੱਚ ਵਿਚਾਰ ਅਧੀਨ ਆ ਕੇ ਛੇਤੀ ਹੀ ਇਸ ਲਈ 98 ਏਕੜ ਜ਼ਮੀਨ ਮਾਮੂਲੀ ਕੀਮਤ 'ਤੇ ਹਾਸਲ ਕਰ ਲਈ ਗਈ । ਇਸ ਦੀ ਸਮੁੱਚੀ ਤਿਆਰੀ ਕਰਕੇ 1987 ਵਿੱਚ ਇਸ ਮਿੱਲ ਨੇ ਖੰਡ ਬਣਾਉਣੀ ਸ਼ੁਰੂ ਕਰ ਦਿੱਤੀ। ਇਸ ਮਿੱਲ ਵਾਸਤੇ ਜ਼ਮੀਨ ਲੈਣ ਤੋਂ ਲੈ ਕੇ ਮੁਲਾਜ਼ਮਾਂ, ਮਜ਼ਦੂਰਾਂ ਤੇ ਅਫਸਰਾਂ ਲਈ ਸੋਲਾਂ ਏਕੜ ਵਿੱਚ ਇੱਕ ਵਧੀਆ ਰਿਹਾਇਸ਼ੀ ਕਾਲੋਨੀ ਉਸਾਰ ਕੇ ਅਤੇ ਮਿੱਲ ਦੀ ਪੂਰੀ ਵੱਡੀ ਬਿਲਡਿੰਗ ਤੇ ਮਸ਼ੀਨਰੀ ਸਮੇਤ ਇਸ ਨੂੰ ਚਾਲੂ ਕਰਨ ਲਈ ਲੱਗਭੱਗ 14-15 ਕਰੋੜ ਰੁਪਏ ਖ਼ਰਚ ਆਇਆ । ਅੱਜਕੱਲ੍ਹ ਇਸ ਕਲੋਨੀ ਵਿੱਚ ਤਰਨ ਤਾਰਨ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਦੀ ਰਿਹਾਇਸ਼ ਹੁੰਦੀ ਹੈ।



ਬਲਕਾਰ ਸਿੰਘ ਵਲਟੋਹਾ

ਇਸ ਮਿੱਲ ਦੇ ਚੱਲਣ ਨਾਲ ਸਭ ਤੋਂ ਵੱਧ ਫਾਇਦਾ ਬਿਆਸ ਦਰਿਆ ਦੇ ਕੰਢੇ ਵਸੇ ਪਿੰਡਾਂ ਦੇ ਕਿਸਾਨਾਂ ਨੂੰ ਹੋਇਆ, ਜਿਹਨਾਂ ਦੀ ਜ਼ਮੀਨ ਦਰਿਆ ਦੇ ਮੰਡ ਏਰੀਏ ਵਿੱਚ ਹੈ । ਉੱਥੇ ਅਕਸਰ ਬਰਸਾਤ ਰੁੱਤ ਵਿੱਚ ਹਰ ਸਾਲ ਪਾਣੀ ਚੜ੍ਹ ਆਉਂਦਾ ਹੈ ਤੇ ਉਸ ਨਾਲ ਝੋਨਾ ਆਦਿ ਸਾਉਣੀ ਦੀਆਂ ਫ਼ਸਲਾਂ ਤਬਾਹ ਹੋ ਜਾਂਦੀਆਂ ਹਨ, ਪਰ ਇਸ ਖੇਤਰ ਵਿੱਚ ਗੰਨੇ ਦੀ ਫ਼ਸਲ ਬਹੁਤ ਸ਼ਾਨਦਾਰ ਹੁੰਦੀ ਰਹੀ ਹੈ, ਜੋ ਆਮ ਪਾਣੀ ਦੀ ਮਾਰ ਸੌਖਿਆਂ ਝੱਲ ਜਾਂਦੀ ਸੀ। ਬਾਕੀ ਤਰਨ ਤਾਰਨ ਦੇ ਇਲਾਕੇ ਵਿੱਚ ਵੀ ਗੰਨੇ ਦੀ ਫ਼ਸਲ ਕਾਫੀ ਬੀਜੀ ਜਾਣ ਲੱਗ ਪਈ ਸੀ । ਗੰਨੇ ਦੀ ਛਿਲਾਈ, ਢੁਆਈ ਮੌਕੇ ਮਜ਼ਦੂਰਾਂ ਨੂੰ ਵੀ ਵੱਡੀ ਪੱਧਰ 'ਤੇ ਰੁਜ਼ਗਾਰ ਮਿਲਦਾ ਸੀ । ਮਿੱਲ ਦੇ ਨੇੜੇ-ਤੇੜੇ ਚਾਹ-ਰੋਟੀ ਦੀਆਂ ਦੁਕਾਨਾਂ ਕਾਫੀ ਖੁੱਲ੍ਹ ਗਈਆਂ ਸਨ । ਮਿੱਲ ਦਾ ਆਪਣਾ ਪੈਟਰੋਲ ਪੰਪ ਵੀ ਸੀ । ਇਸ ਤਰ੍ਹਾਂ ਇਸ ਮਿੱਲ ਦਾ ਫ਼ਸਲੀ ਵੰਨ-ਸੁਵੰਨਤਾ ਤੇ ਰੁਜ਼ਗਾਰ ਵਿੱਚ ਵੱਡਾ ਯੋਗਦਾਨ ਸੀ।

1987 ਤੋਂ 1997 ਤੱਕ ਇਹ ਮਿੱਲ ਲੋੜ ਤੋਂ ਕਥਿਤ ਤਿੰਨ ਗੁਣਾ ਵੱਧ ਮੁਲਾਜ਼ਮ-ਮਜ਼ਦੂਰ ਰੱਖ ਕੇ ਵੀ ਅਤੇ ਉਹਨਾਂ ਨੂੰ ਠੀਕ ਤਨਖਾਹਾਂ ਦੇ ਕੇ ਵੀ ਕਿਸੇ ਘਾਟੇ ਵਿੱਚ ਨਹੀਂ ਸੀ । (ਉਦੋਂ ਪੰਜਾਬ ਦੇ ਹਾਲਾਤ ਐਸੇ ਸਨ ਕਿ ਰੱਖਣੇ ਪਏ- ਮਿੱਲ ਦੇ ਇੱਕ ਸਾਬਕਾ ਅਧਿਕਾਰੀ ਅਨੁਸਾਰ )

ਇਸ ਇਲਾਕੇ ਦੇ ਗੰਨੇ ਦੀ ਫ਼ਸਲ ਦਾ ਝਾੜ ਪੰਜਾਬ ਦੀਆਂ ਬਾਕੀ ਖੰਡ ਮਿੱਲਾਂ ਦੇ ਮੁਕਾਬਲੇ ਕਾਫ਼ੀ ਵੱਧ ਸੀ। ਗਿਆਰਾਂ ਕਿੱਲੋ ਖੰਡ ਪ੍ਰਤੀ ਕੁਇੰਟਲ ਗੰਨੇ ਵਿੱਚੋਂ, ਜਦੋਂ ਕਿ ਬਾਕੀ ਮਿੱਲਾਂ ਦੀ ਔਸਤ ਨੌਂ ਕਿੱਲੋ ਸੀ । ਇਸ ਮਿੱਲ ਨੂੰ ਹੋਰ ਸ਼ਾਨਦਾਰ ਉਪਜ ਦਿਵਾਉਣ ਵਿੱਚ ਇੱਕ ਐੱਸ ਐਚ ਕਲਸੀ ਨਾਂਅ ਦੇ ਮੈਨੇਜਰ ਦਾ ਬਹੁਤ ਵੱਡਾ ਯੋਗਦਾਨ ਸੀ । ਉਸ ਨੇ ਇਸ ਦੀਆਂ ਤਕਨੀਕੀ ਲੋੜਾਂ ਨੂੰ ਹੋਰ ਵਧੀਆ ਕਰਕੇ ਇਸ ਮਿੱਲ ਨੂੰ ਚਾਰ ਚੰਨ ਲਾਏ। ਇਸ ਮਿੱਲ ਦੀ 1250 ਟਨ ਗੰਨਾ ਪੀੜਨ ਦੀ ਰੋਜ਼ਾਨਾ ਦੀ ਸਮਰੱਥਾ ਬਣ ਗਈ।

1997 ਤੋਂ ਬਾਅਦ ਇੱਕ ਸਥਾਨਕ ਕੈਬਨਿਟ ਮੰਤਰੀ ਵੱਲੋਂ ਇਸ ਮਿੱਲ ਨੂੰ ਚੱਕ ਮਾਰਨ ਦੀ ਇਲਾਕੇ ਵਿੱਚ ਤੇ ਸਾਬਕਾ ਮੁਲਾਜ਼ਮਾਂ ਵਿੱਚ ਕਾਫ਼ੀ ਚਰਚਾ ਹੈ। ਇਹ ਵੀ ਚਰਚਾ ਹੈ ਕਿ ਏਧਰ ਦਾ ਹੀ ਇੱਕ ਹੋਰ ਮੰਤਰੀ ਮਿੱਲ ਬੰਦ ਕਰਵਾ ਕੇ ਇਸ ਨੂੰ ਖੁਦ ਖ਼ਰੀਦਣਾ ਚਾਹੁੰਦਾ ਸੀ। ਫਿਰ ਇੱਕ ਸਨਅਤਕਾਰ ਸਿਆਸਤਦਾਨ ਦੀ ਵੀ ਇਸ ਮਿੱਲ ਵੱਲ ਮਾੜੀ ਨਜ਼ਰ ਦੀ ਚਰਚਾ ਹੈ।

2006 ਵਿੱਚ ਇਹ ਮਿੱਲ ਬੰਦ ਕਰ ਦਿੱਤੀ ਗਈ। ਫਿਰ ਇੱਕ ਸਨਅਤਕਾਰ ਕੰਪਨੀ ਆਨੰਦ ਵੈਸਲੇਜ਼ ਨੇ ਇਸ ਨੂੰ ਠੇਕੇ 'ਤੇ ਚਲਾਉਣ ਲਈ 4.77 ਕਰੋੜ ਦਾ ਠੇਕਾ ਕੀਤਾ, ਪਰ ਨੇਪਰੇ ਨਹੀਂ ਚੜ੍ਹਿਆ। ਫਿਰ 2007 ਦੌਰਾਨ ਬਣੀ ਅਕਾਲੀ ਸਰਕਾਰ ਨੇ ਇਸ ਨੂੰ ਮੁੜ ਚਾਲੂ ਕਰਨ ਦਾ ਵਾਅਦਾ ਕੀਤਾ, ਪਰ ਵਾਅਦਾ ਵਫ਼ਾ ਨਾ ਹੋਇਆ। ਹੁਣ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਇਸ ਮਿੱਲ ਦੀ ਗਰਾਊਂਡ ਵਿੱਚ ਕੀਤੀ ਰੈਲੀ ਮੌਕੇ ਇਸ ਮਿੱਲ ਨੂੰ ਮੁੜ ਚਲਾਉਣ ਦਾ ਵਾਅਦਾ ਕੀਤਾ।

ਜਦੋਂ ਜਨਵਰੀ 2026 ਵਿੱਚ ਇਹ ਗੱਲ ਚਰਚਾ ਵਿੱਚ ਆਈ ਤਾਂ ਸੰਯੁਕਤ ਕਿਸਾਨ ਮੋਰਚਾ ਨਾਲ ਸੰਬੰਧਤ ਕਿਸਾਨ ਜਥੇਬੰਦੀਆਂ ਉਦੋਂ ਤੋਂ ਸੰਘਰਸ਼ ਦਾ ਪਿੜ ਮੱਲ ਕੇ ਸਰਕਾਰ ਨੂੰ ਇਹ ਮਿੱਲ ਮੁੜ ਚਾਲੂ ਕਰਨ ਦਾ ਵਾਅਦਾ ਪੂਰਾ ਕਰਨ ਲਈ ਕਹਿ ਰਹੀਆਂ ਹਨ। 21 ਮਈ ਤੋਂ ਇੱਥੇ ਮਿੱਲ ਦੀ ਜਗ੍ਹਾ 'ਤੇ ਨੈਸ਼ਨਲ ਹਾਈਵੇ 'ਤੇ ਡੀ ਸੀ ਤਰਨ ਤਾਰਨ ਦੀ ਰਿਹਾਇਸ਼ ਦੇ ਐਨ ਸਾਹਮਣੇ ਕਿਸਾਨਾਂ ਵੱਲੋਂ ਦਿਨ-ਰਾਤ ਦਾ ਪੱਕਾ ਮੋਰਚਾ ਲਾਇਆ ਹੋਇਆ ਹੈ।

ਜ਼ਿਕਰਯੋਗ ਹੈ ਕਿ ਇਹ ਮਿੱਲ ਸਹਿਕਾਰੀ ਹੋਣ ਕਰਕੇ ਇਸ ਵਿੱਚ 60 ਪ੍ਰਤੀਸ਼ਤ ਹਿੱਸਾ ਕਿਸਾਨਾਂ ਦਾ ਹੈ । ਇਸ ਦੀ ਮਲਕੀਅਤ ਤਬਦੀਲ ਕਰਨ ਲੱਗਿਆਂ 60 ਪ੍ਰਤੀਸ਼ਤ ਭਾਈਵਾਲਾਂ ਨੂੰ ਪੁੱਛਿਆ ਹੀ ਨਹੀਂ ਗਿਆ। ਇਸ ਮਿੱਲ ਲਈ ਜ਼ਮੀਨ ਪ੍ਰਾਪਤ ਕਰਨ ਸਮੇਂ ਇਹ ਜ਼ਿਕਰ ਸੀ ਕਿ ਇਹ ਮਿੱਲ ਦੇ ਵਾਸਤੇ ਹੋਵੇਗਾ, ਇਸ ਦੀ ਵਰਤੋਂ ਕਿਸੇ ਹੋਰ ਮਕਸਦ ਲਈ ਨਹੀਂ ਕੀਤੀ ਜਾਵੇਗੀ । ਸਿਰਫ਼ 15 ਲੱਖ ਰੁਪਏ ਵਿੱਚ ਖ਼ਰੀਦੀ ਜ਼ਮੀਨ ਨੈਸ਼ਨਲ ਹਾਈਵੇ 'ਤੇ ਹੋਣ ਕਾਰਨ ਅੱਜ ਅਰਬਾਂ ਰੁਪਏ ਦੀ ਹੈ। ਪੁੱਡਾ ਰਾਹੀਂ ਕਾਬੂ ਕੀਤਾ ਇਸ ਦਾ ਵੱਡਾ ਹਿੱਸਾ ਕਿਸ ਦਾ ਫਾਇਦਾ ਕਰੂ, ਇਹ ਰੱਬ ਹੀ ਜਾਣੇ। ਜਦੋਂ ਕਿ ਇਸ ਮਿੱਲ ਦੀ ਬਹੁਕੀਮਤੀ ਮਸ਼ੀਨਰੀ ਤੇ ਬਿਲਡਿੰਗ ਅਜੇ ਉਸੇ ਤਰ੍ਹਾਂ ਖੜੀ ਕਾਮੇ ਹੱਥਾਂ ਨੂੰ ਉਡੀਕ ਰਹੀ ਹੈ।

'ਨਾਲੇ ਪੁੰਨ ਤੇ ਨਾਲੇ ਫ਼ਲੀਆਂ' ਦੀ ਕਹਾਵਤ ਅਨੁਸਾਰ ਜੇ ਭਗਵੰਤ ਮਾਨ ਇਸ ਮਿੱਲ ਨੂੰ ਮੁੜ ਚਲਾਉਣ ਦਾ ਵਾਅਦਾ ਪੂਰਾ ਕਰਦਾ ਹੈ ਤਾਂ ਸਰਕਾਰ ਜਾਂ ਸਹਿਕਾਰੀ ਵਿਭਾਗ ਦਾ ਇੱਕ ਧੇਲਾ ਨਹੀਂ ਲੱਗਦਾ, ਕਿਉਂਕਿ ਨੈਸ਼ਨਲ ਹਾਈਵੇ ਚੌੜਾ ਹੋਣ ਮੌਕੇ ਇਸ ਮਿੱਲ ਦੀ ਸੜਕ ਨਾਲ ਲੱਗਦੀ ਜ਼ਮੀਨ ਦਾ 2014 ਵਿੱਚ ਨੌਂ ਕਰੋੜ ਰੁਪਏ ਇਸ ਮਿੱਲ ਦੇ ਖਾਤੇ ਵਿੱਚ ਜਮ੍ਹਾਂ ਹਨ। ਅੱਜ ਉਹ ਸਧਾਰਨ ਵਿਆਜ ਲੱਗ ਕੇ ਵੀ ਵੀਹ ਕਰੋੜ ਦੇ ਨੇੜੇ-ਤੇੜੇ ਹੋਣਗੇ।ਇਹ ਪੈਸਾ ਖਰਚ ਕੇ ਹੀ ਇਸ ਮਿੱਲ ਨੂੰ ਦੁਬਾਰਾ ਚਲਾਇਆ ਜਾ ਸਕਦਾ ਹੈ।ਇਸ ਮਿੱਲ ਨੂੰ ਮੁੜ ਚਾਲੂ ਕਰਨ ਲਈ ਸ਼ੂਗਰਫੈੱਡ ਦੇ ਕੁਝ ਦਿਆਨਤਦਾਰ ਅਧਿਕਾਰੀ ਵੀ ਉਤਾਵਲੇ ਹਨ। ਭਗਵੰਤ ਮਾਨ ਸਰਕਾਰ ਨੂੰ ਆਪਣਾ ਵਾਅਦਾ ਪੂਰਾ ਕਰਦਿਆਂ ਮਿੱਲ ਮੁੜ ਚਾਲੂ ਕਰਨ ਲਈ ਸ਼ੂਗਰਫੈੱਡ ਨੂੰ ਕਹਿਣਾ ਚਾਹੀਦਾ ਹੈ। ਖ਼ਰਚ ਸਰਕਾਰ ਦਾ ਆਉਣਾ ਕੋਈ ਨਹੀਂ, ਮੁਫ਼ਤ ਟੌਹਰ ਆ ਬਣਾਉਣ ਦੀ ਹਿੰਮਤ ਕਰੇ।

# ਸੰਪਰਕ : 81465-55075

# ਭਾਰਤ ਅਮਰੀਕਾ ਵਪਾਰ ਸੰਧੀ ਖਿਲਾਫ ਕਨਵੈਨਸ਼ਨ ਤੇ ਮੁਜ਼ਾਹਰਾ




**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਭਾਰਤ ਅਮਰੀਕਾ ਵਪਾਰ ਵਾਰਤਾ ਨੂੰ ਸਿਰੇ ਚੜ੍ਹਾਉਣ ਲਈ ਮੋਦੀ ਹਕੂਮਤ ਵੱਲੋਂ ਕੀਤੀਆਂ ਜਾ ਰਹੀਆਂ ਪੇਸ਼ਬੰਦੀਆਂ ਖਿਲਾਫ ਮੁਹਿੰਮ ਦਾ ਆਗਾਜ਼ ਕਰਦਿਆਂ ਸ਼ੁੱਕਰਵਾਰ ਇਨਕਲਾਬੀ ਕੇਂਦਰ ਪੰਜਾਬ ਤੇ ਲੋਕ ਮੋਰਚਾ ਪੰਜਾਬ ਵੱਲੋਂ ਸਥਾਨਕ ਟੀਚਰਜ਼ ਹੋਮ ਵਿਖੇ ਕਨਵੈਨਸ਼ਨ ਕਰਨ ਉਪਰੰਤ ਸ਼ਹਿਰ ਅੰਦਰ ਮੁਜ਼ਾਹਰਾ ਕੀਤਾ ਗਿਆ।ਕਨਵੈਨਸ਼ਨ ਦੀ ਸ਼ੁਰੂਆਤ ਸ਼ਹੀਦ ਊਧਮ ਸਿੰਘ ਨੂੰ ਉਨ੍ਹਾਂ ਦੇ 86ਵੇਂ ਸ਼ਹੀਦੀ ਦਿਹਾੜੇ 'ਤੇ ਸ਼ਰਧਾਂਜਲੀ ਦੇਣ ਨਾਲ ਕੀਤੀ ਗਈ।ਇਸ ਉਪਰੰਤ ਹਾਜ਼ਰ ਲੋਕਾਂ ਨੂੰ ਸੰਬੋਧਨ ਕਰਦਿਆਂ ਲੋਕ ਮੋਰਚਾ ਪੰਜਾਬ ਦੇ ਸਕੱਤਰ ਜਗਮੇਲ ਸਿੰਘ ਤੇ ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਨਰਾਇਣ ਦੱਤ ਨੇ ਕਿਹਾ ਕਿ ਭਾਰਤ ਅਮਰੀਕਾ ਵਪਾਰ ਵਾਰਤਾ ਦੇ ਸਿਰੇ ਚੜ੍ਹਨ ਨਾਲ ਭਾਰਤ ਦੀ ਖੇਤੀ ਮੰਡੀ ਵਿਦੇਸ਼ੀ ਵਸਤਾਂ ਲਈ ਖੁੱਲ੍ਹ ਜਾਣੀ ਹੈ ਤੇ ਇਸ ਦੇ ਕਿਸਾਨਾਂ ਉੱਤੇ ਬਹੁਤ ਮਾਰੂ ਅਸਰ ਪੈਣੇ ਹਨ।ਸਨਅਤੀ ਵਸਤਾਂ ਦੇ ਮਾਮਲੇ ਵਿੱਚ ਇਹ ਮੰਡੀ ਪਹਿਲਾਂ ਹੀ ਖੋਲ੍ਹੀ ਜਾ ਚੁੱਕੀ ਹੈ ਤੇ ਹੁਣ ਇਸ ਵਾਰਤਾ ਸਦਕਾ ਹੋਰ ਸਨਅਤੀ ਵਸਤਾਂ ਦੀ ਦਰਾਮਦ ਹੋਣੀ ਹੈ ਤੇ ਸਾਡੀ ਪਹਿਲਾਂ ਹੀ ਸੋਕੜੇ ਦਾ ਸ਼ਿਕਾਰ ਸਨਅਤ ਨੇ ਹੋਰ ਮਰੁੰਡੇ ਜਾਣਾ ਹੈ।ਨਾ ਸਿਰਫ ਭਾਰਤੀ ਉਤਪਾਦਕਾਂ ਉੱਤੇ ਸਗੋਂ ਖਪਤਕਾਰਾਂ ਉੱਤੇ ਵੀ ਵਿਦੇਸ਼ੀ ਵਸਤਾਂ ਦੀ ਦਰਾਮਦ ਨੇ ਵੱਡੇ ਅਸਰ ਪਾਉਣੇ ਹਨ।ਪਹਿਲਾਂ ਖੇਤੀ ਖੇਤਰ ਅੰਦਰ ਸੇਬਾਂ ਦੀ ਦਰਾਮਦ ਨੇ ਹਿਮਾਚਲ ਤੇ ਕਸ਼ਮੀਰ ਦੇ ਸੇਬ ਉਤਪਾਦਕਾਂ ਉੱਤੇ ਬੇਹੱਦ ਮਾਰੂ ਅਸਰ ਪਾਇਆ ਹੈ।ਹੁਣ ਮੱਕੀ ਤੇ ਹੋਰ ਫਸਲੀ ਵਸਤਾਂ ਦੀ ਦਰਾਮਦ ਨੇ ਦੇਸ਼ ਦੇ ਬਾਕੀ ਹਿੱਸਿਆਂ ਦੇ ਕਿਸਾਨਾਂ ਨੂੰ ਵੀ ਕੰਗਾਲੀ ਦੇ ਮੂੰਹ ਧੱਕਣਾ ਹੈ ਤੇ ਭਾਰਤ ਦੇ ਖੇਤੀ ਸੰਕਟ ਨੂੰ ਹੋਰ ਵਿਸ਼ਾਲ ਕਰਨਾ ਹੈ।

ਆਗੂਆਂ ਨੇ ਕਿਹਾ ਕਿ ਇਹ ਸਮਝੌਤਾ ਵਾਰਤਾ ਪੂਰੀ ਤਰ੍ਹਾਂ ਸਾਮਰਾਜੀ ਦਬਾਅ ਅੱਗੇ ਲਿਫ ਕੇ ਤੇ ਦੇਸ਼ ਦੇ ਹਿੱਤਾਂ ਨੂੰ ਦਾਅ ਉੱਤੇ ਲਾ ਕੇ ਕੀਤੀ ਜਾ ਰਹੀ ਹੈ।ਇਸ ਦਾ ਮੰਤਵ ਭਾਰਤੀ ਖੇਤੀ ਮੰਡੀ ਨੂੰ ਸਾਮਰਾਜੀ ਲੁੱਟ ਲਈ ਪੜਾਅਵਾਰ ਖੋਲ੍ਹਣਾ ਹੈ।ਇਸ ਲਈ ਲੋਕਾਂ ਨੂੰ ਇਸ ਹੋਣ ਜਾ ਰਹੀ ਸੰਧੀ ਖਿਲਾਫ ਵੱਡੀ ਲਾਮਬੰਦੀ ਕਰਨ ਤੇ ਇਸ ਨੂੰ ਠੱਲ੍ਹਣ ਲਈ ਨਿਤਰਨਾ ਚਾਹੀਦਾ ਹੈ।ਉਨ੍ਹਾਂ ਮੰਗ ਕੀਤੀ ਕਿ ਭਾਰਤ ਅਮਰੀਕਾ ਵਪਾਰ ਵਾਰਤਾ ਰੱਦ ਕੀਤੀ ਜਾਵੇ, ਸਾਮਰਾਜੀਆਂ ਨਾਲ ਹੋਈਆਂ ਪਹਿਲੀਆਂ ਸਾਰੀਆਂ ਅਣਸਾਂਵੀਆਂ ਸੰਧੀਆਂ ਤੇ ਸਮਝੌਤੇ ਰੱਦ ਕੀਤੇ ਜਾਣ ਅਤੇ ਭਾਰਤੀ ਹਾਕਮਾਂ ਵੱਲੋਂ ਸਾਮਰਾਜੀ ਦਬਾਅ ਅੱਗੇ ਲਿਫ਼ਣਾ ਬੰਦ ਕੀਤਾ ਜਾਵੇ।ਆਗੂਆਂ ਨੇ ਸਮੂਹ ਲੋਕਾਂ ਨੂੰ ਇਸ ਮੁਹਿੰਮ ਦਾ ਹਿੱਸਾ ਬਣਨ ਦਾ ਸੱਦਾ ਦਿੱਤਾ ਹੈ।ਅੱਜ ਦੇ ਇਸ ਸਮਾਗਮ 'ਚ ਸਟੇਜ ਸਕੱਤਰ ਦੀ ਭੂਮਿਕਾ ਸੁਖਵਿੰਦਰ ਸਿੰਘ ਨੇ ਨਿਭਾਈ ਤੇ ਨੂਰਦੀਪ, ਮੰਦਰ ਜੱਸੀ, ਹਰਦੀਪ ਮਲੋਟ, ਜੈਨ ਜ਼ੀ ਗਰੁੱਪ ਬਠਿੰਡਾ ਤੇ ਅਮ੍ਰਿਤ ਪਾਲ ਬਠਿੰਡਾ ਨੇ ਇਨਕਲਾਬੀ ਗੀਤ ਪੇਸ਼ ਕੀਤੇ।

# ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਸੈਮੀਨਾਰ ਤੇ ਮੋਟਰਸਾਈਕਲ ਮਾਰਚ ਕਰਕੇ ਮਨਾਇਆ



**ਮੋਗਾ (ਇਕਬਾਲ ਸਿੰਘ ਖਹਿਰਾ)**

ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਨੌਜਵਾਨ ਭਾਰਤ ਸਭਾ ਵੱਲੋਂ ਸੁਤੰਤਰਤਾ ਸੈਨਾਨੀ ਹਾਲ ਮੋਗਾ ਵਿਖੇ ਇੱਕ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਦਾ ਵਿਸ਼ਾ 'ਬ੍ਰਿਟਿਸ਼ ਸਾਮਰਾਜ ਖਿਲਾਫ ਊਧਮ ਸਿੰਘ ਦਾ ਯੋਗਦਾਨ ਤੇ ਮੌਜੂਦਾ ਸਮੇਂ ਵਿੱਚ ਸਾਮਰਾਜ ਵੱਲੋਂ ਥੋਪੀਆਂ ਜਾ ਰਹੀਆਂ ਨਿਹੱਕੀ ਜੰਗਾਂ' ਰਿਹਾ।ਸੈਮੀਨਾਰ ਨੂੰ ਨੌਜਵਾਨ ਭਾਰਤ ਸਭਾ ਦੇ ਸੂਬਾ ਜਨਰਲ ਸਕੱਤਰ ਕਰਮਜੀਤ ਮਾਣੂੰਕੇ ਤੇ ਜ਼ਿਲ੍ਹਾ ਪ੍ਰਧਾਨ ਰਾਜਦੀਪ ਸਿੰਘ ਨੇ ਸੰਬੋਧਨ ਕੀਤਾ।ਉਨ੍ਹਾਂ ਸ਼ਹੀਦ ਊਧਮ ਸਿੰਘ ਦੇ ਬਲੀਦਾਨ ਨੂੰ ਯਾਦ ਕਰਦਿਆਂ ਕਿਹਾ ਕਿ ਊਧਮ ਸਿੰਘ ਬਦਲੇ ਦੀ ਭਾਵਨਾ ਤੋਂ ਪਾਰ ਸਮਾਜਿਕ ਪਰਿਵਰਤਨ ਨੂੰ ਪ੍ਰਣਾਇਆ ਹੋਇਆ ਸੀ।ਉਸ ਨੇ ਗਦਰ ਲਹਿਰ ਵਿੱਚ ਕੰਮ ਕੀਤਾ, ਉਹ ਰਾਜਨੀਤਕ ਕਾਰਕੁੰਨ ਸੀ।ਉਹ ਸਾਮਰਾਜਵਾਦ ਦਾ ਵਿਰੋਧੀ ਸੀ ਤੇ ਇਸ ਦੇ ਖਿਲਾਫ ਅੰਦੋਲਨ ਨੂੰ ਤੇਜ਼ ਕਰਨਾ ਚਾਹੁੰਦਾ ਸੀ।ਫਿਰਕਾਪ੍ਰਸਤੀ ਖਿਲਾਫ ਆਪਣੀ ਸੋਚ ਦਾ ਪ੍ਰਗਟਾਵਾ ਕਰਦਿਆਂ ਉਸ ਨੇ ਆਪਣਾ ਨਾਮ ਮੁਹੰਮਦ ਸਿੰਘ ਆਜ਼ਾਦ ਰੱਖਿਆ।

ਉਨ੍ਹਾਂ ਕਿਹਾ ਕਿ ਊਧਮ ਸਿੰਘ ਸਾਮਰਾਜਵਾਦ ਦਾ ਵਿਰੋਧੀ ਸੀ, ਇਸ ਕਰਕੇ ਉਸ ਦੀ ਕੁਰਬਾਨੀ ਤੋਂ ਸੇਧ ਲੈ ਕੇ ਅੱਜ ਵੀ ਸਾਮਰਾਜ ਵਲੋਂ ਕੌਮਾਂ ਉਪਰ ਥੋਪੀਆਂ ਜਾ ਰਹੀਆਂ ਜੰਗਾਂ, ਨਿੱਜੀਕਰਨ, ਉਦਾਰੀਕਰਨ ਤੇ ਵਿਸ਼ਵੀਕਰਨ ਦੁਆਰਾ ਕੀਤੀ ਜਾ ਰਹੀ ਲੁੱਟ ਖਿਲਾਫ ਸੰਘਰਸ਼ ਤੇਜ਼ ਕਰਨ ਦੀ ਜ਼ਰੂਰਤ ਹੈ।ਸਟੇਜ ਸਕੱਤਰ ਦੀ ਭੂਮਿਕਾ ਸਭਾ ਦੇ ਜ਼ਿਲ੍ਹਾ ਕਮੇਟੀ ਮੈਂਬਰ ਬ੍ਰਿਜ ਰਾਜਿਆਣਾ ਨੇ ਨਿਭਾਈ, ਸਭਾ ਦੇ ਆਗੂ ਸਾਧੂ ਸਿੰਘ ਵੱਲੋਂ ਸਭ ਦਾ ਧੰਨਵਾਦ ਕੀਤਾ ਗਿਆ।ਸੈਮੀਨਾਰ ਉਪਰੰਤ ਮੋਗਾ ਘੰਟਾ ਘਰ ਵਾਲੇ ਚੌਕ ਤੋਂ ਮੇਨ ਚੌਕ ਤੱਕ ਇੱਕ ਮੋਟਰਸਾਈਕਲ ਮਾਰਚ ਕੱਢਿਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਭਾਗ ਲੈਂਦਿਆਂ ਸ਼ਹੀਦ ਨੂੰ ਸੱਚੀ ਸ਼ਰਧਾਂਜਲੀ ਭੇਟ ਕੀਤੀ।ਇਸ ਮੌਕੇ ਨੌਜਵਾਨ ਭਾਰਤ ਸਭਾ ਦੇ ਆਗੂ ਗੁਰਪ੍ਰੀਤ ਸਿੰਘ, ਸੁਰਜੀਤ ਸਿੰਘ ਸੇਖਾ, ਵਿਸ਼ਾਲ, ਰਵੀ ਆਦਿ, ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਦੇ ਆਗੂ ਗੁਰਪ੍ਰੀਤ ਸਿੰਘ ਸੇਖਾ ਆਦਿ ਹਾਜ਼ਰ ਸਨ।

# ਸ਼ਾਰਟ ਸਰਕਟ ਕਾਰਨ ਗੁਹਾਰੇ ਨੂੰ ਲੱਗੀ ਅੱਗ, 4 ਪਸ਼ੂਆਂ ਦੀ ਮੌਤ, ਢਾਈ ਲੱਖ ਦਾ ਨੁਕਸਾਨ



**ਮਾਲੇਰਕੋਟਲਾ (ਅਸਗਰ ਪਰਿਹਾਰ)**

ਮਾਲੇਰਕੋਟਲਾ ਨੇੜਲੇ ਪਿੰਡ ਸ਼ੇਰਵਾਨੀ ਕੋਟ ਵਿਖੇ ਬਿਜਲੀ ਦੇ ਸ਼ਾਰਟ ਸਰਕਟ ਕਾਰਨ ਵਾਪਰੇ ਇੱਕ ਦਰਦਨਾਕ ਹਾਦਸੇ 'ਚ ਚਾਰ ਪਸ਼ੂਆਂ ਦੀ ਸੜ ਕੇ ਅਤੇ ਧੂੰਏਂ ਨਾਲ ਦਮ ਘੁੱਟ ਕੇ ਮੌਤ ਹੋ ਗਈ।ਇਸ ਹਾਦਸੇ 'ਚ ਪੀੜਤ ਕਿਸਾਨ ਦਾ ਲਗਭਗ ਢਾਈ ਲੱਖ ਰੁਪਏ ਦਾ ਵਿੱਤੀ ਨੁਕਸਾਨ ਹੋਣ ਦਾ ਅੰਦਾਜ਼ਾ ਹੈ।

ਜਾਣਕਾਰੀ ਦਿੰਦਿਆਂ ਪੀੜਤ ਰਸੀਦ ਮੁਹੰਮਦ ਪੁੱਤਰ ਮੇਹਰ ਦੀਨ ਨੇ ਦੱਸਿਆ ਕਿ ਉਸ ਦੇ ਪਸ਼ੂਆਂ ਵਾਲੇ ਬਰਾਂਡੇ 'ਚ ਪਾਥੀਆਂ ਦਾ ਗੁਹਾਰਾ ਲਗਾਇਆ ਹੋਇਆ ਸੀ।ਪਹਿਲਾਂ ਤਾਂ ਅੰਦਾਜ਼ਾ ਲਗਾਇਆ ਜਾ ਰਿਹਾ ਸੀ ਕਿ ਸ਼ਾਇਦ ਰਾਤ ਵੇਲੇ ਮੱਖੀ-ਮੱਛਰ ਭਜਾਉਣ ਲਈ ਲਾਈ ਧੂਣੀ ਤੋਂ ਅੱਗ ਫੈਲੀ ਹੋਵੇਗੀ, ਪਰ ਬਾਅਦ ਵਿੱਚ ਪਤਾ ਲੱਗਾ ਕਿ ਅੱਗ ਬਿਜਲੀ ਦੇ ਸ਼ਾਰਟ ਸਰਕਟ ਕਾਰਨ ਗੁਹਾਰੇ ਨੂੰ ਲੱਗੀ ਸੀ।

ਅੱਗ ਇੰਨੀ ਭਿਆਨਕ ਸੀ ਕਿ ਬਰਾਂਡਾ 'ਤੰਦੂਰ' ਦੀ ਤਰ੍ਹਾਂ ਤਪਣ ਲੱਗ ਪਿਆ ਤੇ ਕਿੱਲਿਆਂ ਨਾਲ ਬੰਨ੍ਹੇ ਹੋਏ ਪਸ਼ੂਆਂ ਨੂੰ ਬਾਹਰ ਨਿਕਲਣ ਦਾ ਮੌਕਾ ਨਹੀਂ ਮਿਲਿਆ।ਅੱਗ ਦੇ ਅਸਹਿ ਸੇਕ ਤੇ ਜ਼ਹਿਰੀਲੇ ਧੂੰਏਂ ਕਾਰਨ ਤਿੰਨ ਵੱਡੇ ਪਸ਼ੂ ਅਤੇ ਇੱਕ ਛੋਟਾ ਵੱਛਾ ਤੜਫ਼-ਤੜਫ਼ ਕੇ ਦਮ ਤੋੜ ਗਏ।ਸਵੇਰੇ ਕਰੀਬ 4 ਵਜੇ ਜਦੋਂ ਘਟਨਾ ਦਾ ਪਤਾ ਲੱਗਾ ਤਾਂ ਪਿੰਡ ਵਾਸੀਆਂ ਨੇ ਮੌਕੇ 'ਤੇ ਇਕੱਠੇ ਹੋ ਕੇ ਸਾਂਝੇ ਯਤਨਾਂ ਨਾਲ ਅੱਗ 'ਤੇ ਕਾਬੂ ਪਾਇਆ, ਪਰ ਉਦੋਂ ਤੱਕ ਸਭ ਕੁਝ ਸਵਾਹ ਹੋ ਚੁੱਕਾ ਸੀ।ਘਟਨਾ ਦੀ ਸੂਚਨਾ ਮਿਲਦੇ ਹੀ ਸਰਕਾਰੀ ਪਸ਼ੂ ਹਸਪਤਾਲ ਦੀ ਟੀਮ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ।ਐੱਸ.ਵੀ.ਓ. ਡਾ. ਵਿਕਰਮ ਕਪੂਰ ਨੇ ਦੱਸਿਆ ਕਿ ਪਸ਼ੂਆਂ ਦੀ ਮੌਤ ਜ਼ਿਆਦਾ ਧੂੰਏਂ ਕਾਰਨ ਦਮ ਘੁੱਟਣ ਤੇ ਅੱਗ ਦੀ ਅੱਤ ਦੀ ਗਰਮੀ (ਸੇਕ) ਕਾਰਨ ਹੋਈ ਹੈ।

ਪਿੰਡ ਦੇ ਸਰਪੰਚ ਸੁਰਿੰਦਰਜੀਤ ਸਿੰਘ ਨੇ ਮੌਕੇ 'ਤੇ ਪਹੁੰਚ ਕੇ ਪੀੜਤ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ।ਉਨ੍ਹਾਂ ਕਿਹਾ ਕਿ ਰਸੀਦ ਮੁਹੰਮਦ ਇੱਕ ਗਰੀਬ ਪਰਿਵਾਰ ਨਾਲ ਸਬੰਧਤ ਹੈ ਤੇ ਇਸ ਹਾਦਸੇ ਨਾਲ ਉਸ ਦੀ ਰੋਜ਼ੀ-ਰੋਟੀ ਦਾ ਸਾਧਨ ਖੁੱਸ ਗਿਆ ਹੈ।ਸਰਪੰਚ ਤੇ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਪੀੜਤ ਪਰਵਾਰ ਨੂੰ ਤੁਰੰਤ ਬਣਦੀ ਵਿੱਤੀ ਸਹਾਇਤਾ ਦਿੱਤੀ ਜਾਵੇ ਤਾਂ ਜੋ ਹੋਏ ਨੁਕਸਾਨ ਦੀ ਭਰਪਾਈ ਹੋ ਸਕੇ।ਉਨ੍ਹਾਂ ਪਸ਼ੂ ਪਾਲਕ ਭਰਾਵਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਬਰਾਂਡਿਆਂ 'ਚ ਬਿਜਲੀ ਦੀਆਂ ਤਾਰਾਂ ਤੇ ਮੱਛਰਾਂ ਲਈ ਲਗਾਈਆਂ ਜਾਣ ਵਾਲੀਆਂ ਧੂਣੀਆਂ 'ਤੇ ਖਾਸ ਨਜ਼ਰ ਰੱਖਣ, ਤਾਂ ਜੋ ਅਜਿਹੇ ਦਰਦਨਾਕ ਹਾਦਸਿਆਂ ਤੋਂ ਬਚਿਆ ਜਾ ਸਕੇ।

## ਕਾਤਰਾਂ

### ਸਕੂਟਰੀ ਚੋਰੀ ਮਾਮਲੇ 'ਚ ਔਰਤ ਤੇ ਨੌਜਵਾਨ ਕਾਬੂ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਨੇ ਕੁਝ ਦਿਨ ਪਹਿਲਾਂ ਸੀਨੀਅਰ ਅਕਾਲੀ ਆਗੂ ਦੀ ਸਕੂਟਰੀ ਚੋਰੀ ਕਰਨ ਵਾਲੀ ਸੰਦੀਪ ਕੌਰ ਵਾਸੀ ਉਧੋਵਾਲ ਅਤੇ ਰੋਬਿਨਪ੍ਰੀਤ ਸਿੰਘ ਵਾਸੀ ਨਾਨੋਵਾਲ ਨੂੰ ਗ੍ਰਿਫ਼ਤਾਰ ਕੀਤਾ ਹੈ। ਥਾਣਾ ਮੁਖੀ ਚਰਨਜੀਤ ਸਿੰਘ ਨੇ ਦੱਸਿਆ ਕਿ ਮਾਛੀਵਾੜਾ ਸ਼ਹਿਰ ਦੇ ਸੀਨੀਅਰ ਅਕਾਲੀ ਆਗੂ ਦਵਿੰਦਰ ਸਿੰਘ ਬਵੇਜਾ ਦੀ ਸਕੂਟਰੀ ਕੁਝ ਦਿਨ ਪਹਿਲਾਂ ਦੁਰਗਾ ਸ਼ਕਤੀ ਮੰਦਰ ਨੇੜਿਓਂ ਚੋਰੀ ਹੋ ਗਈ ਸੀ ਜਿਸ ਸਬੰਧੀ ਪੁਲਸ ਵਲੋਂ ਮਾਮਲਾ ਦਰਜ ਕਰ ਕੇ ਜਾਂਚ ਕੀਤੀ ਗਈ। ਥਾਣਾ ਮੁਖੀ ਨੇ ਦੱਸਿਆ ਕਿ ਇਹ ਦੋਵੇਂ ਨਸ਼ਾ ਕਰਨ ਦੇ ਆਦੀ ਹਨ ਤੇ ਉਨ੍ਹਾਂ ਨੇ ਨਸ਼ੇ ਦੀ ਪੂਰਤੀ ਲਈ ਸਕੂਟਰੀ ਚੋਰੀ ਕੀਤੀ ਤੇ ਵੇਚਣ ਦੀ ਫਿਰਾਕ ਵਿਚ ਸਨ।

### ਨਕਦੀ ਭਰਿਆ ਪਰਸ ਵਾਪਸ ਕਰਕੇ ਇਮਾਨਦਾਰੀ ਦਿਖਾਈ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**-ਸਥਾਨਕ ਸ਼ਹਿਰ ਦੇ ਇੱਕ ਸੇਵਾਮੁਕਤ ਪੁਲਸ ਕਰਮਚਾਰੀ ਦਾ ਡਿੱਗਾ ਨਕਦੀ ਭਰਿਆ ਪਰਸ ਵਾਪਸ ਕਰਕੇ ਨੌਜਵਾਨ ਨੇ ਈਮਾਨਦਾਰੀ ਦਿਖਾਈ। ਸੇਵਾ ਮੁਕਤ ਪੁਲਸ ਕਰਮਚਾਰੀ ਦਾ ਇੱਕ ਪਰਸ ਚਰਨ ਕੰਵਲ ਚੌਂਕ ਨੇੜੇ ਡਿੱਗ ਗਿਆ ਸੀ ਜਿਸ ਵਿਚ ਨਕਦੀ ਤੇ ਉਸ ਦੇ ਪਹਿਚਾਣ ਪੱਤਰ ਵਾਲੇ ਦਸਤਾਵੇਜ ਸਨ। ਇਹ ਪਰਸ ਨੌਜਵਾਨ ਤੇਜਿੰਦਰ ਸਿੰਘ ਸਚਦੇਵਾ ਨੂੰ ਮਿਲਿਆ ਜਿਸ ਨੇ ਈਮਾਨਦਾਰੀ ਦਿਖਾਉਂਦਿਆਂ ਸੁਖਦੇਵ ਸਿੰਘ ਨੂੰ ਲੱਭ ਕੇ ਉਸ ਨੂੰ ਵਾਪਸ ਦੇ ਦਿੱਤਾ। ਸੁਖਦੇਵ ਸਿੰਘ ਨੇ ਤੇਜਿੰਦਰ ਸਿੰਘ ਸਚਦੇਵਾ ਦਾ ਧੰਨਵਾਦ ਕੀਤਾ ਅਤੇ ਉਸ ਦੀ ਈਮਾਨਦਾਰੀ ਦੀ ਸ਼ਲਾਘਾ ਕੀਤੀ।

### ਨੂਰ ਚਹਲ ਦਾ ਨਵਾਂ ਰੋਮਾਂਟਿਕ ਗੀਤ 'ਹਾਰੇ' ਰਿਲੀਜ਼

**ਲੁਧਿਆਣਾ (ਜਸਬੀਰ ਸਿੰਘ ਸੋਢੀ)**-ਨੂਰ ਚਹਲ ਆਪਣੇ ਨਵੇਂ ਰੋਮਾਂਟਿਕ ਟਰੈਕ 'ਹਾਰੇ' ਨਾਲ ਇੱਕ ਵਾਰ ਫਿਰ ਸਰੋਤਿਆਂ ਦੇ ਰੂਬਰੂ ਹੋਈ ਹੈ।ਨੂਰ ਨੇ ਪੀਯੂਸ਼ ਅੰਭੋਰੇ ਤੇ ਯੁਵੇਦ ਨਾਲ ਮਿਲ ਕੇ ਇਸ ਗੀਤ ਨੂੰ ਲਿਖਿਆ, ਕੰਪੋਜ਼ ਕੀਤਾ ਤੇ ਆਪਣੀ ਸੁਰੀਲੀ ਆਵਾਜ਼ ਦਿੱਤੀ ਹੈ।ਐਫਰੋਬੀਟ ਤੋਂ ਪ੍ਰੇਰਿਤ ਰਿਦਮ, ਮੇਲੋਡਿਕ ਪੌਪ ਤੇ ਨੂਰ ਦੀ ਭਾਵਪੂਰਣ ਗਾਇਕੀ ਇਸ ਟਰੈਕ ਨੂੰ ਵਿਲੱਖਣ ਬਣਾਉਂਦੀ ਹੈ।ਆਕਰਸ਼ਕ ਧੁਨ, ਸਕਾਰਾਤਮਕ ਊਰਜਾ ਤੇ ਸਹਿਜ ਬੋਲ ਇਸ ਗੀਤ ਨੂੰ ਸਰੋਤਿਆਂ ਦੇ ਦਿਲਾਂ ਨਾਲ ਜੋੜਦੇ ਹਨ।ਨੂਰ ਚਹਲ ਨੇ ਕਿਹਾ ਕਿ 'ਹਾਰੇ' ਉਨ੍ਹਾਂ ਖ਼ੂਬਸੂਰਤ ਪਲਾਂ ਦੀ ਕਹਾਣੀ ਹੈ, ਜਦੋਂ ਹੌਲੀ-ਹੌਲੀ ਇਹ ਅਹਿਸਾਸ ਹੁੰਦਾ ਹੈ ਕਿ ਕੋਈ ਤੁਹਾਡੀ ਜ਼ਿੰਦਗੀ ਵਿੱਚ ਬਹੁਤ ਖਾਸ ਬਣ ਚੁੱਕਾ ਹੈ।

### ਉਜੀਵਨ ਸਮਾਲ ਫਾਈਨੈਂਸ ਬੈਂਕ ਚੋਟੀ ਦੀਆਂ 10 ਕੰਪਨੀਆਂ 'ਚ ਸ਼ਾਮਲ

**ਲੁਧਿਆਣਾ (ਜਸਬੀਰ ਸਿੰਘ ਸੋਢੀ)**-ਉਜੀਵਨ ਸਮਾਲ ਫਾਈਨੈਂਸ ਬੈਂਕ (ਉਜੀਵਨ ਐਸ ਐਫ ਬੀ), ਭਾਰਤ ਦੇ ਪ੍ਰਮੁੱਖ ਛੋਟੇ ਵਿੱਤ ਬੈਂਕਾਂ ਵਿੱਚੋਂ ਇੱਕ, ਨੇ ਅੱਜ ਐਲਾਨ ਕੀਤਾ ਕਿ ਉਸ ਨੇ 2026 ਲਈ ਕੰਮ ਕਰਨ ਵਾਲੀਆਂ ਭਾਰਤ ਦੀਆਂ ਚੋਟੀ ਦੀਆਂ 100 ਸਭ ਤੋਂ ਵਧੀਆ ਕੰਪਨੀਆਂ ਵਿੱਚ 8ਵਾਂ ਸਥਾਨ ਪ੍ਰਾਪਤ ਕੀਤਾ ਹੈ, ਜੋ ਕਿ ਇਸ ਦੀ ਪਿਛਲੀ ਰੈਂਕਿੰਗ ਤੋਂ ਇੱਕ ਮਹੱਤਵਪੂਰਨ ਉਛਾਲ ਹੈ।ਉਜੀਵਨ ਐਸ ਐਫ ਬੀ ਨੂੰ ਬੀ ਐਫ ਐਸ ਆਈ 2026 ਵਿੱਚ ਭਾਰਤ ਦੇ ਸਭ ਤੋਂ ਵਧੀਆ ਕਾਰਜ ਸਥਾਨਾਂ (ਬੇਸਟ ਵਰਕ ਪਲੇਸਜ਼) ਵਿੱਚ ਚੋਟੀ ਦੇ 25 ਅਤੇ ਸਿਹਤ ਅਤੇ ਤੰਦਰੁਸਤੀ 2026 ਵਿੱਚ ਭਾਰਤ ਦੇ ਸਭ ਤੋਂ ਵਧੀਆ ਕਾਰਜ ਸਥਾਨਾਂ ਵਿੱਚ ਚੋਟੀ ਦੇ 10 ਵਿੱਚ ਵੀ ਮਾਨਤਾ ਦਿੱਤੀ ਗਈ ਹੈ।ਸ਼੍ਰੀਮਤੀ ਚੰਦਰਲੇਖਾ ਚੌਧਰੀ, ਹੈੱਡ ਮਨੁੱਖੀ ਸਰੋਤ, ਉਜੀਵਨ ਐਸ ਐਫ ਬੀ, ਨੇ ਕਿਹਾ ਕਿ ਵਧੀਆ ਕੰਪਨੀਆਂ ਵਿੱਚ ਇਹ ਮਾਨਤਾ ਵਿਸ਼ੇਸ਼ ਮਹੱਤਵ ਰੱਖਦੀ ਹੈ।

# ਵਿਆਹੁਤਾ ਦੀ ਮੌਤ, ਪਤੀ 'ਤੇ ਮਾਮਲਾ ਦਰਜ

ਮਾਨਸਾ (ਆਤਮਾ ਸਿੰਘ ਪਮਾਰ)-ਥਾਣਾ ਝੁਨੀਰ ਪੁਲਸ ਨੇ ਇੱਕ ਵਿਆਹੁਤਾ ਔਰਤ ਦੀ ਮੌਤ ਦੇ ਮਾਮਲੇ 'ਚ ਉਸ ਦੇ ਪਤੀ ਖ਼ਿਲਾਫ਼ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।ਪੁਲਸ ਦੇ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਜਗਜੀਤ ਸਿੰਘ ਨੇ ਦੱਸਿਆ ਕਿ ਪਿੰਡ ਦਾਨੇਵਾਲਾ ਦੇ ਰਹਿਣ ਵਾਲੇ ਹਰਜੀਵਨ ਸਿੰਘ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੋਸ਼ ਲਗਾਇਆ ਹੈ ਕਿ ਉਸ ਦੀ ਭੈਣ ਸ਼ਮਿੰਦਰ ਕੌਰ ਦਾ ਵਿਆਹ ਕਰੀਬ 18 ਸਾਲ ਪਹਿਲਾਂ ਹਰਜੀਵਨ ਸਿੰਘ ਨਾਲ ਹੋਇਆ ਸੀ।

ਸ਼ਿਕਾਇਤਕਰਤਾ ਅਨੁਸਾਰ, ਵਿਆਹ ਤੋਂ ਕਰੀਬ ਪੰਜ ਸਾਲ ਬਾਅਦ ਹੀ ਮੁਲਜ਼ਮ ਉਸ ਦੀ ਭੈਣ ਨਾਲ ਅਕਸਰ ਝਗੜਾ ਕਰਦਾ ਸੀ ਤੇ ਸ਼ੱਕ ਦੇ ਆਧਾਰ 'ਤੇ ਉਸ ਨੂੰ ਮਾਨਸਿਕ ਤੌਰ 'ਤੇ ਤੰਗ-ਪ੍ਰੇਸ਼ਾਨ ਕਰਦਾ ਰਹਿੰਦਾ ਸੀ।30 ਜੁਲਾਈ 2026 ਨੂੰ ਸ਼ਮਿੰਦਰ ਕੌਰ ਦੀ ਤਬੀਅਤ ਵਿਗੜ ਗਈ, ਜਿਸ ਤੋਂ ਬਾਅਦ ਉਸ ਦੀ ਮੌਤ ਹੋ ਗਈ।ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ ਦੇ ਆਧਾਰ 'ਤੇ ਦਾਨੇਵਾਲਾ ਵਾਸੀ ਹਰਜੀਵਨ ਸਿੰਘ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ।ਸਹਾਇਕ ਥਾਣੇਦਾਰ ਜਗਜੀਤ ਸਿੰਘ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਜਾਰੀ ਹੈ ਤੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਨ ਲਈ ਕਾਰਵਾਈ ਕੀਤੀ ਜਾ ਰਹੀ ਹੈ।

# ਦੇਸ਼ ਲਈ ਕੁਰਬਾਨੀਆਂ ਦੇਣ ਵਾਲੇ ਸੂਰਬੀਰ ਕੌਮ ਦਾ ਸਰਮਾਇਆ : ਨਾਇਬ ਸਿੰਘ ਸੈਣੀ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪਟਿਆਲਾ ਦੇ ਹਲਕਾ ਸਨੌਰ ਸਥਿਤ ਸ਼ਹੀਦ ਊਧਮ ਸਿੰਘ ਪਾਰਕ ਵਿਖੇ ਪਹੁੰਚ ਕੇ ਮਹਾਨ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਉਨ੍ਹਾਂ ਸ਼ਹੀਦ ਦੀ ਯਾਦ ਵਿੱਚ 11 ਲੱਖ ਰੁਪਏ ਦੀ ਸਹਾਇਤਾ ਦੇਣ ਦਾ ਐਲਾਨ ਵੀ ਕੀਤਾ।ਸੈਣੀ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਨੇ ਦੇਸ਼ ਦੀ ਆਜ਼ਾਦੀ ਲਈ ਆਪਣਾ ਜੀਵਨ ਕੁਰਬਾਨ ਕਰਕੇ ਇਤਿਹਾਸ ਰਚਿਆ ਤੇ ਉਨ੍ਹਾਂ ਦੀ ਸ਼ਹਾਦਤ ਹਰ ਭਾਰਤੀ ਲਈ ਪ੍ਰੇਰਣਾ ਦਾ ਸਰੋਤ ਹੈ।ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀਆਂ ਯਾਦਗਾਰਾਂ ਦੀ ਸੰਭਾਲ ਤੇ ਨੌਜਵਾਨਾਂ ਨੂੰ ਉਨ੍ਹਾਂ ਦੇ ਇਤਿਹਾਸ ਨਾਲ ਜੋੜਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।ਇਸ ਉਪਰੰਤ ਉਹ ਸਨੌਰ ਦੇ ਇੱਕ ਨਿੱਜੀ ਪੈਲੇਸ ਵਿਖੇ ਕੰਬੋਜ ਭਲਾਈ ਮੰਚ ਵੱਲੋਂ ਪ੍ਰਧਾਨ ਹਰਦੀਪ ਸਿੰਘ ਕੰਬੋਜ ਤੇ ਬੇਜੇਪੀ ਆਗੂ ਅਮਨ ਢੋਟ ਦੀ ਅਗਵਾਈ ਹੇਠ ਕਰਵਾਏ ਸਮਾਗਮ ਵਿੱਚ ਸ਼ਾਮਲ ਹੋਏ।ਇਸ ਮੌਕੇ ਸਾਬਕਾ ਕੇਂਦਰੀ ਮੰਤਰੀ ਪਰਨੀਤ ਕੌਰ, ਹਰਪਾਲ ਕੰਬੋਜ, ਚੌਧਰੀ ਓਮ ਪ੍ਰਕਾਸ਼, ਇੰਦਰੀ ਦੇ ਵਿਧਾਇਕ ਰਾਮ ਕੁਮਾਰ, ਬਲਵਿੰਦਰ ਸਿੰਘ ਕਰਤਾਰਪੁਰ, ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਭੰਗੂ ਸਮੇਤ ਭਾਜਪਾ ਦੇ ਆਗੂਆਂ, ਸਮਾਜ ਸੇਵੀਆਂ ਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਹਾਜ਼ਰੀ ਭਰੀ।ਆਪਣੇ ਸੰਬੋਧਨ ਦੌਰਾਨ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਦਾ ਜੀਵਨ ਦੇਸ਼ ਭਗਤੀ, ਹਿੰਮਤ ਤੇ ਕੁਰਬਾਨੀ ਦੀ ਅਦੁੱਤੀ ਮਿਸਾਲ ਹੈ। ਉਨ੍ਹਾਂ ਨੌਜਵਾਨਾਂ ਨੂੰ ਸ਼ਹੀਦਾਂ ਦੇ ਆਦਰਸ਼ਾਂ ਤੋਂ ਪ੍ਰੇਰਣਾ ਲੈ ਕੇ ਦੇਸ਼ ਤੇ ਸਮਾਜ ਦੀ ਸੇਵਾ ਲਈ ਅੱਗੇ ਆਉਣ ਦਾ ਸੱਦਾ ਦਿੱਤਾ।ਪੰਜਾਬ ਦੇ ਮੌਜੂਦਾ ਹਾਲਾਤਾਂ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਦਾ ਸੁਪਨਾ ਉਹ ਨਹੀਂ ਸੀ, ਜੋ ਅੱਜ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਦੀ ਸਥਿਤੀ ਬਣਾ ਦਿੱਤੀ ਹੈ।ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀ ਸੋਚ ਤੇ ਉਨ੍ਹਾਂ ਦੇ ਆਦਰਸ਼ਾਂ ਨੂੰ ਅਮਲ ਵਿੱਚ ਲਿਆਉਣਾ ਸਮੇਂ ਦੀ ਲੋੜ ਹੈ।ਸਮਾਗਮ ਦੌਰਾਨ ਹਾਜ਼ਰ ਲੋਕਾਂ ਨੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਸਹਿਤ ਨਮਨ ਕੀਤਾ।ਇਸ ਮੌਕੇ ਭਾਜਪਾ ਆਗੂ ਅਮਨਦੀਪ ਸਿੰਘ, ਅਮਨ ਢੋਟ, ਹਰਵਿੰਦਰ ਹਰਪਾਲਪੁਰ, ਹਰਮੇਸ਼ ਗੋਇਲ ਡਕਾਲਾ, ਨਿਸ਼ਾ ਰਿਸ਼ੀ, ਡਾ. ਸ਼ੰਕਰ, ਮਨੀਸ਼ ਸਿੰਗਲਾ, ਨਰੇਸ਼ ਭਾਟੀਆ, ਬਿੱਟੂ ਭਾਟੀਆ, ਅੰਕੁਰ ਸਿੰਗਲਾ, ਅਮਨਦੀਪ ਸਿੰਘ ਐੱਸ.ਸੀ. ਪ੍ਰਧਾਨ ਬਹਾਦਰਗੜ੍ਹ, ਰਾਜਦੀਪ ਸਿੰਘ ਯੁਵਾ ਮੈਂਬਰ ਤੇ ਦਲਜੀਤ ਸਿੰਘ ਯੁਵਾ ਮੈਂਬਰ ਤੇ ਹੋਰ ਹਾਜ਼ਰ ਸਨ।

# ਟਰੱਕ ਦੀ ਟੱਕਰ ਤੋਂ ਬਾਅਦ ਸਕੂਟੀ ਨੂੰ ਲੱਗੀ ਅੱਗ, ਦੋ ਦੀ ਮੌਕੇ 'ਤੇ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਚੰਡੀਗੜ੍ਹ-ਸਰਹਿੰਦ ਮੁੱਖ ਮਾਰਗ 'ਤੇ ਪਿੰਡ ਪੀਰ ਜੈਨ ਨੇੜੇ ਬੀਤੇ ਦਿਨ ਇੱਕ ਦਰਦਨਾਕ ਸੜਕ ਹਾਦਸਾ ਵਾਪਰ ਜਾਣ ਦੀ ਸੂਚਨਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਚੰਡੀਗੜ੍ਹ ਵੱਲੋਂ ਆ ਰਹੇ ਇੱਕ ਤੇਜ਼ ਰਫ਼ਤਾਰ ਟਰੱਕ ਨੇ ਇੱਕ ਜੁਪੀਟਰ ਸਕੂਟੀ ਨੂੰ ਟੱਕਰ ਮਾਰ ਦਿੱਤੀ।ਟੱਕਰ ਇੰਨੀ ਜ਼ਬਰਦਸਤ ਸੀ ਕਿ ਸਕੂਟੀ ਟਰੱਕ ਹੇਠਾਂ ਜਾ ਵੜੀ, ਜਿਸ ਨੂੰ ਤੁਰੰਤ ਅੱਗ ਲੱਗ ਗਈ।ਕੁਝ ਹੀ ਪਲਾਂ ਵਿੱਚ ਅੱਗ ਨੇ ਟਰੱਕ ਤੇ ਸਕੂਟੀ ਦੋਵਾਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ ਤੇ ਦੋਵੇਂ ਵਾਹਨ ਸੜ ਕੇ ਸੁਆਹ ਹੋ ਗਏ।ਇਸ ਭਿਆਨਕ ਹਾਦਸੇ ਵਿੱਚ ਸਕੂਟੀ ਸਵਾਰ ਦੋਵਾਂ ਵਿਅਕਤੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ।ਮ੍ਰਿਤਕਾਂ ਦੀ ਪਛਾਣ ਪਿੰਡ ਕੋਟਲਾ ਬਜਵਾੜਾ ਦੇ ਵਸਨੀਕ 42 ਸਾਲਾ ਮਨਦੀਪ ਸਿੰਘ ਤੇ ਪਿੰਡ ਮਾਨੂਪੁਰ ਦੀ ਵਸਨੀਕ 25 ਸਾਲਾ ਪੂਜਾ ਵਜੋਂ ਹੋਈ ਹੈ।ਮਨਦੀਪ ਸਿੰਘ ਪੇਸ਼ੇ ਤੋਂ ਕਾਰਪੇਂਟਰ ਸੀ।ਹਾਦਸੇ ਦੀ ਸੂਚਨਾ ਮਿਲਦੇ ਹੀ ਪੰਜਾਬ ਪੁਲਸ ਦੀ ਸੜਕ ਸੁਰੱਖਿਆ ਫੋਰਸ ਦੇ ਜਵਾਨ ਤੇ ਥਾਣਾ ਬਡਾਲੀ ਆਲਾ ਸਿੰਘ ਦੀ ਪੁਲਸ ਮੌਕੇ 'ਤੇ ਪਹੁੰਚ ਗਈ।ਪੁਲਸ ਤੇ ਸਥਾਨਕ ਲੋਕਾਂ ਨੇ ਮਿਲ ਕੇ ਅੱਗ 'ਤੇ ਕਾਬੂ ਪਾਇਆ ਤੇ ਆਵਾਜਾਈ ਨੂੰ ਮੁੜ ਸੁਚਾਰੂ ਬਣਾਇਆ।ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਰਾਮ ਸਿੰਘ ਨੇ ਦੱਸਿਆ ਕਿ ਪੁਲਸ ਨੇ ਦੋਵੇਂ ਹਾਦਸਾਗ੍ਰਸਤ ਵਾਹਨਾਂ ਨੂੰ ਕਬਜ਼ੇ ਵਿੱਚ ਲੈ ਲਿਆ ਹੈ ਅਤੇ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਭੇਜ ਦਿੱਤਾ ਗਿਆ ਹੈ।ਹਾਦਸੇ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

# ਸਕੂਲ ਬੱਸ ਡਰਾਈਵਰ, ਐੱਮ ਡੀ ਤੇ ਪ੍ਰਿੰਸੀਪਲ ਖ਼ਿਲਾ.ਫ ਕੇਸ ਦਰਜ

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਵੀਰਵਾਰ ਨੂੰ ਪਾਤੜਾਂ ਜਾਖਲ ਰੋਡ ਉੱਤੇ ਪਿੰਡ ਖਾਨੇਵਾਲ ਨੇੜੇ ਵਾਪਰੇ ਦਰਦਨਾਕ ਸੜਕ ਹਾਦਸੇ ਵਿੱਚ ਦੋ ਮੋਟਰਸਾਈਕਲ ਸਵਾਰ ਸਕੂਲੀ ਵਿਦਿਆਰਥੀਆਂ ਦੀ ਮੌਤ ਦੇ ਮਾਮਲੇ ਵਿੱਚ ਥਾਣਾ ਪੁਲਸ ਨੇ ਮ੍ਰਿਤਕ ਦੇ ਪਿਤਾ ਰਾਜੂ ਸਿੰਘ ਵਾਸੀ ਪਿੰਡ ਹਰਿਆਊ ਕਲਾਂ ਦੀ ਸ਼ਿਕਾਇਤ 'ਤੇ ਸਕੂਲ ਵੈਨ ਦੇ ਡਰਾਈਵਰ, ਸਕੂਲ ਦੀ ਐੱਮ ਡੀ ਤੇ ਪ੍ਰਿੰਸੀਪਲ ਖ਼ਿਲਾਫ਼ ਕੇਸ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਸ਼ਿਕਾਇਤਕਰਤਾ ਰਾਜੂ ਸਿੰਘ ਨੇ ਪੁਲਸ ਨੂੰ ਦੱਸਿਆ ਕਿ 30 ਜੁਲਾਈ ਨੂੰ ਸਵੇਰੇ ਕਰੀਬ 7:30 ਵਜੇ ਉਸ ਦਾ ਪੁੱਤਰ ਪ੍ਰਿੰਸ ਕੁਮਾਰ ਆਪਣੇ ਦੋਸਤ ਮੋਹਿਤ ਸਿੰਘ ਨਾਲ ਮੋਟਰਸਾਈਕਲ 'ਤੇ ਸਵਾਰ ਹੋ ਕੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੰਗਾ (ਜ਼ਿਲ੍ਹਾ ਸੰਗਰੂਰ) ਵਿੱਚ ਪੜ੍ਹਾਈ ਲਈ ਜਾ ਰਹੇ ਸਨ।ਜਦੋਂ ਉਹ ਜਾਖਲ ਰੋਡ 'ਤੇ ਪਹੁੰਚੇ ਤਾਂ ਦੋਸ਼ੀ ਸਕੂਲ ਵੈਨ ਡਰਾਈਵਰ ਨੇ ਤੇਜ਼ ਰਫ਼ਤਾਰ ਤੇ ਲਾਪ੍ਰਵਾਹੀ ਨਾਲ ਵੈਨ ਚਲਾਉਂਦੇ ਹੋਏ ਉਨ੍ਹਾਂ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਦੋਵਾਂ ਵਿਦਿਆਰਥੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ।ਉਨ੍ਹਾਂ ਦੋਸ਼ ਲਾਇਆ ਕਿ ਸਕੂਲ ਵੈਨ ਵਿੱਚ ਸਮਰੱਥਾ ਤੋਂ ਵੱਧ ਵਿਦਿਆਰਥੀ ਬਿਠਾਏ ਹੋਏ ਸਨ।ਇਸ ਸ਼ਿਕਾਇਤ ਦੇ ਆਧਾਰ 'ਤੇ ਪੁਲਸ ਨੇ ਸਕੂਲ ਵੈਨ ਦੇ ਡਰਾਈਵਰ, ਸਕੂਲ ਦੀ ਐੱਮ ਡੀ ਸੁਖਦੀਪ ਕੌਰ ਤੇ ਪ੍ਰਿੰਸੀਪਲ ਕ੍ਰਿਸ਼ਨ ਰਾਣਾ ਵਾਸੀ ਮੰਡੀ (ਹਿਮਾਚਲ ਪ੍ਰਦੇਸ਼) ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ।ਮਾਮਲੇ ਸਬੰਧੀ ਡੀਐੱਸਪੀ ਪਾਤੜਾਂ ਗੁਰਦੀਪ ਸਿੰਘ ਸੰਧੂ ਨੇ ਦੱਸਿਆ ਕਿ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਜਾਰੀ ਹੈ।

## ਨਵੇਂ ਮਸਟਰੋਲ ਜਾਰੀ ਕਰਨ ਤੇ ਬਕਾਇਆ ਅਦਾਇਗੀਆਂ ਦੀ ਮੰਗ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਸ਼ਹੀਦ ਕਾਮਰੇਡ ਅਮੋਲਕ ਭਵਨ ਵਿਖੇ ਨਰੇਗਾ ਮਜ਼ਦੂਰਾਂ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਕਾਮਰੇਡ ਵੀਰ ਸਿੰਘ ਕੰਮੇਆਣਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਮਜ਼ਦੂਰਾਂ ਨੂੰ ਆ ਰਹੀਆਂ ਦਰਪੇਸ਼ ਮੁਸ਼ਕਲਾਂ 'ਤੇ ਗੰਭੀਰ ਚਰਚਾ ਕੀਤੀ ਗਈ ਅਤੇ ਨਰੇਗਾ ਮਜ਼ਦੂਰਾਂ ਦੇ ਨਵੇਂ ਮਸਟਰੋਲ ਜਾਰੀ ਕਰਨ ਦੀ ਜ਼ੋਰਦਾਰ ਮੰਗ ਕੀਤੀ ਗਈ।ਮੀਟਿੰਗ ਦੌਰਾਨ ਵੱਖ-ਵੱਖ ਪਿੰਡਾਂ ਤੋਂ ਆਏ ਨਰੇਗਾ ਮਜ਼ਦੂਰਾਂ ਦੀਆਂ ਸਮੱਸਿਆਵਾਂ ਸੁਣਨ ਤੋਂ ਬਾਅਦ ਇਨ੍ਹਾਂ ਦੇ ਤੁਰੰਤ ਹੱਲ ਲਈ ਪ੍ਰਸ਼ਾਸਨਿਕ ਅਧਿਕਾਰੀ (ਏ.ਡੀ.ਸੀ.) ਨਾਲ ਫੋਨ 'ਤੇ ਰਾਬਤਾ ਕਾਇਮ ਕੀਤਾ ਗਿਆ।ਅਧਿਕਾਰੀ ਨੇ ਭਰੋਸਾ ਦਿਵਾਇਆ ਕਿ ਨਰੇਗਾ ਮਜ਼ਦੂਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਆਖਿਆ ਕਿ ਮਜ਼ਦੂਰਾਂ ਵੱਲੋਂ ਕੀਤੇ ਗਏ ਕੰਮਾਂ ਦੀਆਂ ਬਕਾਇਆ ਅਦਾਇਗੀਆਂ ਜਲਦ ਹੀ ਉਨ੍ਹਾਂ ਦੇ ਖਾਤਿਆਂ ਵਿੱਚ ਪਾ ਦਿੱਤੀਆਂ ਜਾਣਗੀਆਂ ਅਤੇ ਕਿਸੇ ਵੀ ਵਰਕਰ ਦੀ ਖੱਜਲ-ਖੁਆਰੀ ਨਹੀਂ ਹੋਣ ਦਿੱਤੀ ਜਾਵੇਗੀ।

# ਯਾਦਗਾਰ ਸਭਾ ਨੇ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**

ਸ਼ਹੀਦ ਊਧਮ ਸਿੰਘ ਯਾਦਗਾਰ ਸਭਾ (ਰਜਿ.) ਜਲਾਲਾਬਾਦ ਵੱਲੋਂ ਸਭਾ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼ ਥਿੰਦ ਦੀ ਅਗਵਾਈ ਹੇਠ ਸਥਾਨਕ ਸ਼ਹੀਦ ਊਧਮ ਸਿੰਘ ਚੌਕ ਵਿਖੇ ਸ਼ਹੀਦ ਊਧਮ ਸਿੰਘ ਉਰਫ ਰਾਮ ਮੁਹੰਮਦ ਆਜ਼ਾਦ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਅੱਜ ਸਵੇਰੇ ਸਭਾ ਵੱਲੋਂ ਹੋਰ ਜਥੇਬੰਦੀਆਂ ਦੇ ਆਗੂ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਸ਼ਹੀਦ-ਏ-ਆਜ਼ਮ ਊਧਮ ਸਿੰਘ ਦੇ ਬੁੱਤ ਨੂੰ ਫੁੱਲਾਂ ਦੇ ਹਾਰ ਪਾ ਕੇ ਸ਼ਰਧਾਂਜਲੀ ਅਪਰਣ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਭਾ ਦੇ ਜਨਰਲ ਸਕੱਤਰ ਤੇਜਪਾਲ ਸਿੰਘ ਤੇ ਸਰਪ੍ਰਸਤ ਸਿੰਘ ਫੁੰਮਣ ਸਿੰਘ ਕਾਠਗੜ੍ਹ ਨੇ ਸ਼ਹੀਦ ਊਧਮ ਸਿੰਘ ਦੀ ਜੀਵਨੀ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਵੀ ਹਾਲਾਤ ਉਸ ਅੰਗਰੇਜ ਸਾਮਰਾਜ ਵਰਗੇ ਬਣਦੇ ਜਾ ਰਹੇ ਹਨ, ਜਿਸ ਤਰ੍ਹਾਂ ਸੈਂਟਰ ਵਿੱਚ ਬੈਠੇ ਹੁਕਮਰਾਨ ਹੱਕ ਮੰਗਣ ਵਾਲੇ ਲੋਕਾਂ 'ਤੇ ਡਾਂਗਾਂ, ਅਥਰੂ-ਗੈਸ ਤੇ ਗੋਲੀਆਂ ਨਾਲ ਜ਼ੁਲਮ ਕੀਤਾ ਜਾ ਰਿਹਾ ਹੈ। ਸਭਾ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼ ਥਿੰਦ ਨੇ ਕਿਹਾ ਕਿ ਸਾਨੂੰ ਸ਼ਹੀਦ ਊਧਮ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨਾ ਚਾਹੀਦਾ ਹੈ ਤੇ ਨੌਜਵਾਨ ਪੀੜ੍ਹੀ ਨੂੰ ਬੇਨਤੀ ਹੈ ਕਿ ਅੱਗੇ ਆਉਣ ਤੇ ਉਨ੍ਹਾਂ ਮਹਾਨ ਸ਼ਹੀਦਾਂ ਦੀ ਸੋਚ ਨੂੰ ਘਰ-ਘਰ ਵਿੱਚ ਜਨਤਕ ਕੀਤਾ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਕੇਸ਼ ਹਾਂਡਾ, ਬਲਦੇਵ ਰਾਜ ਭੜੋਲੀਵਾਲਾ, ਪ੍ਰੇਮ ਥਿੰਦ, ਪਰਮਜੀਤ ਸਿੰਘ, ਗੁਰਚਰਨ ਸਿੰਘ ਲਹੋਰੀਆ, ਬੀਪੀਈਓ ਓਮ ਪ੍ਰਕਾਸ਼, ਕ੍ਰਿਸ਼ਨ ਬਲਦੇਵ, ਸੋਹਨ ਲਾਲ, ਸੂਬਾ ਸਿੰਘ ਨੰਬਰਦਾਰ, ਗੁਰਵਿੰਦਰ ਸਿੰਘ ਮੰਨੇਵਾਲਾ ਮੌਜੂਦ ਸੀ।

ਇਸ ਦੇ ਇਲਾਵਾ ਕਾਂਗਰਸ ਪਾਰਟੀ ਓਬੀਸੀ ਸੈੱਲ ਪੰਜਾਬ ਦੇ ਸਾਬਕਾ ਚੇਅਰਮੈਨ ਰਾਜ ਬਖਸ਼ ਕੰਬੋਜ ਵੀ ਆਪਣੇ ਸਾਥੀਆਂ ਸਮੇਤ ਪੁੱਜੇ ਤੇ ਸ਼ਹੀਦ ਊਧਮ ਸਿੰਘ ਦੇ ਬੁੱਤ ਨੂੰ ਹਾਰ ਪਾ ਕੇ ਸ਼ਰਧਾਂਜਲੀ ਭੇਟ ਕੀਤੀ। ਇਸੇ ਤਰ੍ਹਾਂ ਹੀ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨੇ ਪੰਜਾਬ (ਰਜਿ.31) ਦੇ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਪੀ.ਡਬਲਯੂ.ਡੀ. ਫੀਲਡ ਤੇ ਵਰਕਸ਼ਾਪ ਵਰਕਰਜ਼ ਯੂਨੀਅਨ ਦੇ ਬ੍ਰਾਂਚ ਪ੍ਰਧਾਨ ਪਰਮਜੀਤ ਸਿੰਘ, ਫੁੰਮਣ ਸਿੰਘ ਨੇ ਵੀ ਆਪਣੇ ਸਾਥੀਆਂ ਸਮੇਤ ਪੁੱਜ ਕੇ ਮਹਾਨ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਮਹਾਨ ਸ਼ਹੀਦਾਂ ਦੀ ਵਿਚਾਰਧਾਰਾ ਵਾਲਾ ਸਮਾਜ ਸਿਰਜਣ ਲਈ ਅਹਿਦ ਲਿਆ।

## ਡਾ. ਅਮਰਬੀਰ ਸਿੰਘ ਬਣੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫਰੀਦਕੋਟ ਦੇ ਮੈਡੀਕਲ ਸੁਪਰਡੈਂਟ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ/ਐਲਿਗਜੈਂਡਰ ਡਿਸੂਜਾ)**-ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਫਰੀਦਕੋਟ ਵਿੱਚ ਪਿਛਲੇ ਦਿਨਾਂ ਤੋਂ ਵੱਡੀ ਪੱਧਰ 'ਤੇ ਰੱਦੋਬਦਲ ਹੋ ਰਹੀ ਹੈ। ਇਨ੍ਹਾਂ ਨਿਯੁਕਤੀਆਂ ਤੋਂ ਲਗਦਾ ਹੈ ਮੈਡੀਕਲ ਕਾਲਜ ਤੇ ਹਸਪਤਾਲ ਫਰੀਦਕੋਟ ਵਿੱਚ ਪਹਿਲਾਂ ਨਾਲੋਂ ਜ਼ਿਆਦਾ ਸੁਧਾਰ ਹੋਣ ਦੀ ਉਮੀਦ ਹੈ।ਇਸ ਤੋਂ ਪਹਿਲਾਂ ਡਾ. ਗਿਰੀਸ਼ ਸਾਹਨੀ ਨੇ ਬਤੌਰ ਰਜਿਸਟ੍ਰਾਰ ਚਾਰਜ ਸੰਭਾਲਿਆ ਸੀ, ਉਪਰੰਤ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਦਾ ਕਾਰਜਭਾਰ ਮਨਜੀਤ ਸਿੰਘ ਬਰਾੜ (ਆਈ.ਏ.ਐੱਸ.) ਸਕੱਤਰ ਮੈਡੀਕਲ ਸਿੱਖਿਆ ਤੇ ਖੋਜ ਪੰਜਾਬ ਸਰਕਾਰ ਨੂੰ ਦਿੱਤਾ ਗਿਆ ਸੀ।ਅੱਜ ਡਾ. ਅਮਰਬੀਰ ਸਿੰਘ ਬੋਪਾਰਾਏ ਨੂੰ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਫਰੀਦਕੋਟ ਮੈਡੀਕਲ ਸੁਪਰਡੈਂਟ ਲਗਾਇਆ ਗਿਆ ਹੈ।ਇਸ ਤੋਂ ਪਹਿਲਾਂ ਇਹ ਅਹੁਦਾ ਡਾ. ਨੀਤੂ ਕੁੱਕੜ ਦੇ ਕੋਲ ਸੀ।



ਡਾ. ਬੋਪਾਰਾਏ ਅਹੁਦਾ ਸੰਭਾਲਣ ਉਪਰੰਤ ਗੁਰਦੁਆਰਾ ਟਿੱਲਾ ਬਾਬਾ ਫਰੀਦ ਵਿਖੇ ਨਤਮਸਤਕ ਹੋਣ ਲਈ ਗਏ ਤੇ ਉਨ੍ਹਾਂ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਯੂਨੀਵਰਸਿਟੀ ਦਾ ਇੰਜੀਨੀਅਰਿੰਗ ਵਿੰਗ ਤੇ ਹੋਰ ਸਟਾਫ ਮੈਂਬਰ ਉਨ੍ਹਾ ਨਾਲ ਸਨ।ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਦੀ ਬਖਸ਼ਿਸ਼ ਕੀਤੀ ਗਈ।ਡਾ. ਬੋਪਾਰਾਏ ਦੀ ਮੈਡੀਕਲ ਸੁਪਰਡੈਂਟ ਦੀ ਨਿਯੁਕਤੀ 'ਤੇ ਰੋਟਰੀ ਕਲੱਬ ਦੇ ਮੈਂਬਰਾਂ ਨੇ ਖੁਸ਼ੀ ਦਾ ਇਜ਼ਹਾਰ ਕੀਤਾ।ਦਵਿੰਦਰ ਸਿੰਘ ਪੰਜਾਬ ਮੋਟਰਜ਼ ਪ੍ਰਧਾਨ ਤੇ ਕੇ. ਪੀ. ਸਿੰਘ ਸਰਾਂ ਸੈਕਟਰੀ ਨੇ ਡਾ. ਬੋਪਾਰਾਏ ਨੂੰ ਵਧਾਈਆਂ ਤੇ ਸ਼ੁੱਭ ਕਾਮਨਾਵਾਂ ਦਿੱਤੀਆਂ।ਇਸ ਮੌਕੇ ਯੈੱਸ ਫ਼ਾਰ ਲਾਇਫ ਦੇ ਸੀਨੀਅਰ ਮੈਂਬਰ ਅਰਵਿੰਦ ਛਾਬੜਾ ਤੇ ਕੇ. ਪੀ. ਸਿੰਘ ਸਰਾਂ ਪੱਤਰ ਪ੍ਰੇਰਕ ਨੇ ਡਾ. ਬੋਪਾਰਾਏ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸ਼ੁੱਭ-ਕਾਮਨਾਵਾਂ ਦਿੱਤੀਆਂ।

# ਗੁਰਦੁਆਰਾ ਲੰਗਰ ਸਾਹਿਬ ਵਿਖੇ ਸਾਲਾਨਾ ਬਰਸੀ ਸਮਾਗਮ 2 ਤੋਂ





**ਮੋਗਾ (ਇਕਬਾਲ ਸਿੰਘ ਖਹਿਰਾ)**-ਗੁਰੂ ਘਰਾਂ ਦੀ ਕਾਰ ਸੇਵਾ ਲਈ ਵਿਸ਼ਵ ਪ੍ਰਸਿੱਧ ਹਜ਼ੂਰ ਸਾਹਿਬ ਦੇ ਗੁਰਦੁਆਰਾ ਲੰਗਰ ਸਾਹਿਬ ਮੁੱਖ ਸੇਵਾਦਾਰ ਸੰਤ ਬਾਬਾ ਨਰਿੰਦਰ ਸਿੰਘ ਜੀ ਤੇ ਸੰਤ ਬਾਬਾ ਬਲਵਿੰਦਰ ਸਿੰਘ ਜੀ ਦੀ ਅਗਵਾਈ ਹੇਠ ਹਰ ਸਾਲ ਬ੍ਰਹਮ ਗਿਆਨੀ ਸੰਤ ਬਾਬਾ ਨਿਧਾਨ ਸਿੰਘ ਜੀ, ਸੰਤ ਬਾਬਾ ਹਰਨਾਮ ਸਿੰਘ ਜੀ, ਸੰਤ ਬਾਬਾ ਆਤਮਾ ਸਿੰਘ ਜੀ ਮੋਨੀ ਤੇ ਸੰਤ ਬਾਬਾ ਸ਼ੀਸ਼ਾ ਸਿੰਘ ਕਾਰ ਸੇਵਾ ਵਾਲਿਆਂ ਦੀ ਸਾਲਾਨਾ ਬਰਸੀ ਸਮਾਗਮ 2 ਤੋਂ 4 ਅਗਸਤ 2026 ਨੂੰ ਬੜੀ ਸ਼ਰਧਾਪੂਰਵਕ ਮਨਾਈ ਜਾਂਦੀ ਹੈ ਅਤੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਜਾਂਦਾ ਹੈ, ਜਿਸ ਵਿੱਚ ਪੰਥ ਪ੍ਰਸਿੱਧ ਕੀਰਤਨੀ ਜੱਥੇ, ਕਵੀਸ਼ਰ ਜਥੇ ਤੇ ਢਾਡੀ ਸਿੰਘ ਗੁਰਬਾਣੀ ਕੀਰਤਨ, ਵਾਰਾਂ ਤੇ ਗੁਰੂ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ।ਇਨ੍ਹਾਂ ਬਰਸੀ ਸਮਾਗਮਾਂ ਵਿੱਚ ਦੇਸ਼ ਤੇ ਵਿਦੇਸ਼ਾਂ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਗੁਰਦੁਆਰਾ ਲੰਗਰ ਸਾਹਿਬ ਹਜ਼ੂਰ ਸਾਹਿਬ ਵਿਖੇ ਪੁੱਜਣਗੀਆਂ।

ਇਨ੍ਹਾਂ ਸਮਾਗਮਾਂ ਦੌਰਾਨ 3 ਅਗਸਤ ਨੂੰ ਗੁਰਦੁਆਰਾ ਰਤਨਗੜ੍ਹ ਸਾਹਿਬ ਜੀ ਦੀ ਨਵੀਂ ਬਣੀ ਇਹ ਇਮਾਰਤ ਦਾ ਉਦਘਾਟਨ ਸਵੇਰੇ 11 ਵਜੇ ਸੰਤਾਂ ਮਹਾਂਪੁਰਸ਼ਾਂ ਦੀ ਮੌਜੂਦਗੀ ਵਿੱਚ ਕੀਤਾ ਜਾਵੇਗਾ।ਇਨ੍ਹਾਂ ਸਮੁੱਚੇ ਸਮਾਗਮਾਂ ਵਿੱਚ ਸੱਚਖੰਡ ਗੁਰਦੁਆਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਕੁਲਵੰਤ ਸਿੰਘ ਜੀ ਅਤੇ ਪੰਜ ਪਿਆਰੇ ਸਾਹਿਬਾਨ ਤੋਂ ਇਲਾਵਾ ਸੰਤ ਗੁਰਦੇਵ ਸਿੰਘ ਅਨੰਦਪੁਰ ਸਾਹਿਬ ਵਾਲੇ, ਸੰਤ ਬਾਬਾ ਕਸ਼ਮੀਰ ਸਿੰਘ ਭੂਰੀਵਾਲੇ (ਅੰਮ੍ਰਿਤਸਰ), ਸੰਤ ਬਾਬਾ ਬਲਬੀਰ ਸਿੰਘ 96 ਕਰੋੜੀ ਵਾਲੇ, ਸੰਤ ਬਾਬਾ ਤਰਨ ਸਿੰਘ ਸੰਤ ਬਾਬਾ ਤਾਰਨ ਵਾਲੇ, ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ (ਅੰਮ੍ਰਿਤਸਰ) ਸਮੇਤ ਬਹੁਤ ਸਾਰੇ ਸੰਤ ਅਤੇ ਪਤਵੰਤੇ ਹਾਜ਼ਰ ਹੋਣਗੇ।ਗੁਰਦੁਆਰਾ ਲੰਗਰ ਸਾਹਿਬ ਦੇ ਮੁੱਖ ਸੰਤ ਸੰਤ ਬਾਬਾ ਨਰਿੰਦਰ ਸਿੰਘ ਜੀ ਤੇ ਸੰਤ ਬਾਬਾ ਬਲਵਿੰਦਰ ਸਿੰਘ ਜੀ ਦੀ ਰਹਿਨੁਮਾਈ ਹੇਠ ਮਨਾਈ ਜਾਣ ਵਾਲੀ ਸਾਲਾਨਾ ਬਰਸੀ ਨੂੰ ਧਾਰਮਿਕ ਪ੍ਰੋਗਰਾਮਾਂ, ਕਾਰ ਸੇਵਾ, ਅਖੰਡ ਲੰਗਰ ਸੇਵਾ, ਕੀਰਤਨ, ਗੁਰਮਤਿ ਵਿਚਾਰ ਤੇ ਵੱਖ-ਵੱਖ ਅਧਿਆਤਮਿਕ ਗਤੀਵਿਧੀਆਂ ਰਾਹੀਂ ਹੋਰ ਵੀ ਸ਼ਾਨਦਾਰ ਤੇ ਬ੍ਰਹਮ ਬਣਾਉਣ ਲਈ ਤਿਆਰੀਆਂ ਚੱਲ ਰਹੀਆਂ ਹਨ।ਇਹ ਤਿਉਹਾਰ ਸ਼ਰਧਾਲੂਆਂ ਲਈ ਇੱਕ ਅਭੁੱਲ ਅਨੁਭਵ ਹੋਵੇਗਾ।

# ਦੇਸ਼ ਭਗਤ ਯੂਨੀਵਰਸਿਟੀ ਕੈਂਪਸ ਵਿਖੇ ਸਮਾਜ ਸੇਵੀ ਸੰਸਥਾਵਾਂ ਦਾ ਸਨਮਾਨ

## ਅਜਿਹੀਆਂ ਸੰਸਥਾਵਾਂ ਨੌਜਵਾਨਾਂ ਲਈ ਪ੍ਰੇਰਣਾ ਦਾ ਸਰੋਤ : ਡਾਕਟਰ ਜ਼ੋਰਾ ਸਿੰਘ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ)**-ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ. ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਵਿਖੇ ਦੇਸ਼ ਭਗਤ ਗਲੋਬਲ ਸਕੂਲ ਵਿਖੇ ਮੁਕਤਸਰ ਦੀਆਂ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ (ਐੱਨਜੀਓਜ਼) ਦੇ ਨੁਮਾਇੰਦਿਆਂ ਦਾ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ ਗਿਆ।ਇਸ ਮੌਕੇ ਸਮਾਜ ਭਲਾਈ, ਸਿੱਖਿਆ, ਸਿਹਤ ਤੇ ਮਨੁੱਖੀ ਸੇਵਾ ਦੇ ਖੇਤਰ ਵਿੱਚ ਸ਼ਲਾਘਾਯੋਗ ਯੋਗਦਾਨ ਪਾਉਣ ਵਾਲੀਆਂ ਸੰਸਥਾਵਾਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਸਮਾਜ ਦੀ ਤਰੱਕੀ ਵਿੱਚ ਐੱਨਜੀਓਜ਼ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ।ਉਨ੍ਹਾਂ ਕਿਹਾ ਕਿ ਅਜਿਹੀਆਂ ਸੰਸਥਾਵਾਂ ਨਿਸ਼ਕਾਮ ਭਾਵਨਾ ਨਾਲ ਸਮਾਜ ਦੀ ਸੇਵਾ ਕਰਦੀਆਂ ਹਨ ਤੇ ਨੌਜਵਾਨਾਂ ਲਈ ਪ੍ਰੇਰਣਾ ਦਾ ਸਰੋਤ ਹਨ। ਪ੍ਰੋ ਚਾਂਸਲਰ ਡਾ. ਤੇਜਿੰਦਰ ਕੌਰ ਨੇ ਕਿਹਾ ਕਿ ਸਿੱਖਿਆ ਦੇ ਨਾਲ-ਨਾਲ ਸਮਾਜ ਸੇਵਾ ਦੀ ਭਾਵਨਾ ਪੈਦਾ ਕਰਨਾ ਸਮੇਂ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਅਜਿਹੇ ਸਮਾਜ ਸੇਵੀ ਕਾਰਜਾਂ ਨਾਲ ਜੋੜ ਕੇ ਜ਼ਿੰਮੇਵਾਰ ਨਾਗਰਿਕ ਬਣਾਇਆ ਜਾ ਸਕਦਾ ਹੈ।ਸਕੂਲ ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਨੇ ਕਿਹਾ ਕਿ ਐੱਨਜੀਓਜ਼ ਵੱਲੋਂ ਮਨੁੱਖਤਾ ਦੀ ਭਲਾਈ ਲਈ ਕੀਤੇ ਜਾ ਰਹੇ ਉਪਰਾਲੇ ਬੇਹੱਦ ਸ਼ਲਾਘਾਯੋਗ ਹਨ।ਉਨ੍ਹਾਂ ਕਿਹਾ ਕਿ ਸਕੂਲ ਹਮੇਸ਼ਾ ਸਮਾਜਿਕ ਜਾਗਰੂਕਤਾ ਅਤੇ ਸੇਵਾ ਭਾਵਨਾ ਨੂੰ ਉਤਸ਼ਾਹਤ ਕਰਨ ਵਾਲੇ ਅਜਿਹੇ ਸਮਾਗਮ ਕਰਵਾਉਂਦਾ ਰਹੇਗਾ। ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਨੇ ਕਿਹਾ ਕਿ ਸਮਾਜ ਸੇਵਾ ਮਨੁੱਖੀ ਜੀਵਨ ਦਾ ਸਭ ਤੋਂ ਵੱਡਾ ਧਰਮ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਝਣ ਤੇ ਲੋੜਵੰਦਾਂ ਦੀ ਸਹਾਇਤਾ ਲਈ ਹਮੇਸ਼ਾ ਅੱਗੇ ਆਉਣ।ਸਮਾਗਮ ਦੇ ਅੰਤ ਵਿੱਚ ਮੁਕਤਸਰ ਦੀਆਂ ਵੱਖ-ਵੱਖ ਐੱਨਜੀਓਜ਼ ਦੇ ਨੁਮਾਇੰਦਿਆਂ ਨੂੰ ਯਾਦਗਾਰੀ ਚਿੰਨ੍ਹ ਤੇ ਸਨਮਾਨ ਪੱਤਰ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਡਾ. ਮੁਨੀਸ਼ ਜੋਸ਼ੀ, ਪ੍ਰਿੰਸੀਪਲ, ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ ਫਾਰਮੇਸੀ, ਪ੍ਰਿੰਸੀਪਲ ਰੁਪਿੰਦਰ ਕੌਰ ਬੁੱਟਰ, ਮਾਤਾ ਜਰਨੈਲ ਕੌਰ ਮੈਮੋਰੀਅਲ ਇੰਸਟੀਚਿਊਟ ਆਫ ਨਰਸਿੰਗ ਐਂਡ ਪੈਰਾ ਮੈਡੀਕਲ ਸਾਇੰਸਜ਼, ਵਾਈਸ ਪ੍ਰਿੰਸੀਪਲ ਮਨਜਿੰਦਰ ਕੌਰ, ਮਾਤਾ ਜਰਨੈਲ ਕੌਰ ਮੈਮੋਰੀਅਲ ਇੰਸਟੀਚਿਊਟ ਆਫ ਨਰਸਿੰਗ ਐਂਡ ਪੈਰਾ ਮੈਡੀਕਲ ਸਾਇੰਸਜ਼, ਸੁਪ੍ਰਿੰਟੈਂਡੈਂਟ ਮੇਜਰ ਮਹਿਤਾ, ਅਕਾਊਂਟੈਂਟ ਨਵਦੀਪ ਸਿੰਘ, ਸੁਪਰਵਾਈਜ਼ਰ ਦਿਲਬਾਗ਼ ਸਿੰਘ ਤੇ ਸਮੂਹ ਸਟਾਫ ਨੇ ਸਾਰੇ ਚੁਣੇ ਹੋਏ ਸਕੂਲ ਟੀਮ ਲੀਡਰਾਂ ਨੂੰ ਵਧਾਈ ਤੇ ਅਸ਼ੀਰਵਾਦ ਦਿੱਤਾ।ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪੇਸ਼ਕਾਰੀਆਂ ਵੀ ਪੇਸ਼ ਕੀਤੀਆਂ ਗਈਆਂ।ਅੰਤ ਵਿੱਚ ਰਾਸ਼ਟਰੀ ਗਾਨ ਨਾਲ ਸਮਾਰੋਹ ਦੀ ਸਮਾਪਤੀ ਹੋਈ।

# ਸੈਲੋ ਪਲਾਂਟ ਲਗਾਉਣ ਵਿਰੁੱਧ ਪੱਕਾ ਮੋਰਚਾ ਜਾਰੀ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਵੱਲੋਂ ਪਿੰਡ ਇਕਾਈ ਤੂਰਬੰਜਾਰਾ ਦੇ ਪ੍ਰਧਾਨ ਕਰਮ ਸਿੰਘ ਦੀ ਅਗਵਾਈ ਵਿੱਚ ਦੂਸਰੇ ਦਿਨ ਦਿਨ ਰਾਤ ਦੇ ਪੱਕਾ ਮੋਰਚੇ ਵਿੱਚ ਪਿੰਡ ਦੇ ਕਿਸਾਨਾਂ, ਮਜ਼ਦੂਰਾਂ ਤੇ ਔਰਤਾਂ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਸੈਲੋ ਪਲਾਂਟ ਲਗਾਉਣ ਵਾਲੀ ਕੰਪਨੀ ਤੇ ਪੰਜਾਬ ਸਰਕਾਰ ਦੇ ਬਰਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਮੌਕੇ ਬਲਾਕ ਦਿੜ੍ਹਬਾ ਦੇ ਪ੍ਰਧਾਨ ਹਰਜੀਤ ਸਿੰਘ ਮਹਿਲਾਂ ਤੇ ਜ਼ਿਲ੍ਹਾ ਖਜ਼ਾਨਚੀ ਅਮਨਦੀਪ ਸਿੰਘ ਮਹਿਲਾ ਨੇ ਦੱਸਿਆ ਕਿ ਪਿੰਡ ਦੇ ਬਿਲਕੁਲ ਨਾਲ ਲੱਗਦੀ ਹੱਦ ਵਿੱਚ ਪੀ ਯੂ ਬੀ ਐਗਰੀ ਲੋਸਟਿਕ ਪ੍ਰਾਈਵੇਟ ਲਿਮਿਟਡ ਕੰਪਨੀ ਵੱਲੋਂ ਸੈਲੋ ਪਲਾਂਟ ਲਗਾਇਆ ਜਾ ਰਿਹਾ ਹੈ, ਜਿਸ ਦਾ ਪਿੰਡ ਵਾਸੀਆਂ ਵੱਲੋਂ ਸਖਤ ਵਿਰੋਧ ਕੀਤਾ ਜਾ ਰਿਹਾ ਹੈ, ਕਿਉਂਕਿ ਸੈਲੋ ਕੰਪਨੀ ਸਾਰੀਆਂ ਹਦਾਇਤਾਂ ਨੂੰ ਛਿੱਕੇ ਟੰਗ ਕੇ ਧੱਕੇਸ਼ਾਹੀ ਨਾਲ ਸੈਲੋ ਪਲਾਟ ਲਗਾਉਣਾ ਚਾਹੁੰਦੀ ਹੈ, ਜਿਸ ਦਾ ਮਾਨਯੋਗ ਕੋਰਟ ਵਿੱਚ ਕੇਸ ਵੀ ਚੱਲ ਰਿਹਾ ਹੈ, 2 ਸਾਲ ਪਹਿਲਾਂ ਵੀ ਇਸੇ ਕੰਪਨੀ ਨੇ ਇਸ ਜਗ੍ਹਾ 'ਤੇ ਸੈਲੋ ਪਲਾਂਟ ਲਗਾਉਣ ਦੀ ਕੋਸ਼ਿਸ਼ ਕੀਤੀ ਸੀ। ਪਿੰਡ ਵਾਸੀਆਂ ਦੇ ਸਖਤ ਵਿਰੋਧ ਨੂੰ ਦੇਖਦਿਆਂ ਕੰਪਨੀ ਪਿੱਛੇ ਹੱਟ ਗਈ ਸੀ, ਹੁਣ ਦੁਬਾਰਾ ਫਿਰ ਤੋਂ ਧੱਕੇਸ਼ਾਹੀ ਨਾਲ ਪਿੰਡ ਦੀ ਹੱਦ ਵਿੱਚ ਸੈਲੋ ਪਲਾਂਟ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜਿਸ ਨੂੰ ਕਿਸੇ ਵੀ ਕੀਮਤ 'ਤੇ ਨਹੀਂ ਲੱਗਣ ਨਹੀਂ ਦਿੱਤਾ ਜਾਵੇਗਾ।

ਧਰਨੇ ਵਿੱਚ ਹਾਜ਼ਰ ਬਲਾਕ ਆਗੂ ਜਗਦੀਪ ਸਿੰਘ ਮਹਿਲਾ, ਜਗਜੀਤ ਸਿੰਘ, ਮਹਿਲਾ ਪਿੰਡ ਇਕਾਈ ਦੇ ਖਜ਼ਾਨਚੀ ਰਾਮ ਸਿੰਘ, ਜਰਨਲ ਸਕੱਤਰ ਧੰਨਾ ਸਿੰਘ, ਮੇਜਰ ਸਿੰਘ, ਦਰਸ਼ਨ ਸਿੰਘ, ਜੱਗੀ ਸਿੰਘ, ਮਨਦੀਪ ਸਿੰਘ, ਹਰਦੇਵ ਸਿੰਘ, ਬਲਵਿੰਦਰ ਸਿੰਘ, ਬੰਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

# ਸ਼ਹੀਦੀ ਦਿਹਾੜੇ ਮੌਕੇ ਨੌਜਵਾਨ ਭਾਰਤ ਸਭਾ ਵੱਲੋਂ ਮੋਟਰਸਾਈਕਲ ਮਾਰਚ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਨੌਜਵਾਨ ਭਾਰਤ ਸਭਾ ਵੱਲੋਂ ਸੂਬਾ ਪੱਧਰੀ ਸੱਦੇ ਤਹਿਤ ਪਾਤੜਾਂ ਵਿਖੇ ਵਿਸ਼ਾਲ ਮੋਟਰਸਾਈਕਲ ਮਾਰਚ ਕੱਢਿਆ ਗਿਆ।ਇਸ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਭਾਗ ਲਿਆ ਤੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਲੋਕ ਹਿੱਤਾਂ ਨਾਲ ਜੁੜੀਆਂ ਮੰਗਾਂ ਨੂੰ ਉਭਾਰਿਆ।ਮਾਰਚ ਉਪਰੰਤ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੇ ਘਰ ਪਹੁੰਚ ਕੇ ਉਨ੍ਹਾਂ ਦੀ ਗੈਰ-ਹਾਜ਼ਰੀ ਵਿੱਚ ਵਿਧਾਇਕ ਦੇ ਨਾਂਅ ਮੰਗ ਪੱਤਰ ਉਨ੍ਹਾਂ ਦੇ ਸਪੁੱਤਰ ਨੂੰ ਸੌਂਪਿਆ ਗਿਆ।

■ **ਲੋਕ ਮੰਗਾਂ ਸੰਬੰਧੀ ਵਿਧਾਇਕ ਦੇ ਨਾਂਅ ਮੰਗ ਪੱਤਰ ਸੌਂਪਿਆ**




ਮਾਰਚ ਦੀ ਅਗਵਾਈ ਕਰਦਿਆਂ ਨੌਜਵਾਨ ਭਾਰਤ ਸਭਾ ਦੇ ਸੂਬਾ ਕਮੇਟੀ ਮੈਂਬਰ ਦਵਿੰਦਰ ਛਬੀਲਪੁਰ ਜ਼ਿਲ੍ਹਾ ਆਗੂ ਖੁਸ਼ਵੰਤ ਹਨੀ, ਹਰਿੰਦਰ ਸੈਣੀਮਾਜਰਾ ਨੇ ਕਿਹਾ ਕਿ ਪਿੰਡਾਂ ਦੇ ਨੌਜਵਾਨਾਂ ਲਈ ਖੇਡ ਗਰਾਊਂਡ ਤੇ ਜਿੰਮਾਂ ਦਾ ਪ੍ਰਬੰਧ, ਕੱਚੇ ਘਰਾਂ ਵਿੱਚ ਰਹਿ ਰਹੇ ਗਰੀਬ ਪਰਿਵਾਰਾਂ ਨੂੰ ਬਣਦੀ ਵਿੱਤੀ ਸਹਾਇਤਾ, ਪਿੰਡਾਂ ਦੀਆਂ ਟੁੱਟੀਆਂ ਸੜਕਾਂ ਦੀ ਤੁਰੰਤ ਮੁਰੰਮਤ, ਪਾਤੜਾਂ ਤੋਂ ਪਟਿਆਲਾ ਤੱਕ ਬੱਸਾਂ ਦੇ ਰੂਟ ਤੇ ਗਿਣਤੀ ਵਿੱਚ ਵਾਧਾ ਤੇ ਪਾਤੜਾਂ ਦੇ ਸਰਕਾਰੀ ਹਸਪਤਾਲ ਵਿੱਚ 100 ਬੈੱਡਾਂ ਦਾ ਪ੍ਰਬੰਧ ਤੇ 24 ਘੰਟੇ ਐਮਰਜੈਂਸੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੀਆਂ ਮੰਗਾਂ ਸ਼ਾਮਲ ਸਨ।ਨੌਜਵਾਨ ਆਗੂ ਗੁਰਦੀਪ ਅਜ਼ਾਦ ਤੇ ਰਾਹੁਲ ਘੱਗਾ ਨੇ ਕਿਹਾ ਕਿ ਘੱਗਾ ਦੇ ਝੁੱਗੀਆਂ ਵਿੱਚ ਰਹਿ ਰਹੇ ਗਰੀਬ ਪਰਿਵਾਰਾਂ ਨੂੰ ਅਜੇ ਤੱਕ ਇਨਸਾਫ਼ ਨਹੀਂ ਮਿਲਿਆ ਤੇ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਲਗਾਤਾਰ ਅਣਡਿੱਠਾ ਕੀਤਾ ਜਾ ਰਿਹਾ ਹੈ।ਉਨ੍ਹਾਂ ਐਲਾਨ ਕੀਤਾ ਕਿ ਜੇਕਰ ਝੁੱਗੀਆਂ ਵਾਲੇ ਮਾਮਲੇ ਦਾ ਤੁਰੰਤ ਹੱਲ ਨਾ ਕੀਤਾ ਗਿਆ ਤਾਂ 5 ਅਗਸਤ ਨੂੰ ਘੱਗਾ ਦੇ ਝੁੱਗੀਆਂ ਵਾਲੇ ਮਾਮਲੇ ਨੂੰ ਲੈ ਕੇ ਪਾਤੜਾਂ-ਪਟਿਆਲਾ ਮੁੱਖ ਸੜਕ 'ਤੇ ਰੋਡ ਜਾਮ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਨਗਰ ਪੰਚਾਇਤ ਘੱਗਾ ਤੇ ਪਾਤੜਾਂ ਪ੍ਰਸ਼ਾਸਨ ਦੀ ਹੋਵੇਗੀ। ਇਸ ਦੌਰਾਨ ਆਗੂਆਂ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਲੋਕਾਂ ਦੀਆਂ ਜਾਇਜ਼ ਮੰਗਾਂ ਨੂੰ ਹੋਰ ਲੰਮਾ ਸਮਾਂ ਅਣਗੌਲਿਆ ਨਹੀਂ ਕੀਤਾ ਜਾ ਸਕਦਾ ਤੇ ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨੌਜਵਾਨ ਆਗੂ ਸੰਦੀਪ ਖੱਤਰੀ, ਮੰਗਾ ਸਮਾਣਾ, ਜਸਵੀਰ ਘੱਗਾ, ਰਾਹੁਲ ਘੱਗਾ, ਗੌਰਵ ਸ਼ੁਤਰਾਣਾ, ਪ੍ਰਦੀਪ ਨਾਨਕਪੁਰ, ਕਰਨ ਨਾਨਕਪੁਰ, ਖੁਸ਼ਦਿਲ ਖਾਨੇਵਾਲ, ਸੁਖਪਾਲ ਖਾਨੇਵਾਲ ਆਦਿ ਹਾਜ਼ਰ ਸਨ।

## ਕਾਰ ਤੇ ਪਿਕਅੱਪ ਟਕਰਾਏ, ਦਾਦੇ-ਪੋਤੇ ਦੀ ਮੌਤ



ਸਿਰਸਾ (ਸੁਰਿੰਦਰ ਪਾਲ ਸਿੰਘ)-ਸਿਰਸਾ ਖੇਤਰ ਦੇ ਪਿੰਡ ਪੋਹਰਕਾ ਨੇੜੇ ਇੱਕ ਸੜਕ ਹਾਦਸੇ ਵਿੱਚ ਦਾਦਾ ਤੇ ਪੋਤੇ ਦੀ ਮੌਤ ਹੋ ਗਈ ਅਤੇ ਇੱਕ ਔਰਤ ਗੰਭੀਰ ਜ਼ਖਮੀ ਹੋ ਗਈ। ਮ੍ਰਿਤਕਾਂ ਵਿੱਚ 7 ਸਾਲਾ ਕੇਸ਼ਵ ਤੇ ਉਸ ਦਾ ਦਾਦਾ ਓਮ ਪ੍ਰਕਾਸ਼ ਸ਼ਾਮਲ ਹਨ। ਮਿਲੀ ਜਾਣਕਾਰੀ ਅਨੁਸਾਰ ਸਿਰਸਾ ਦੇ ਵਸਨੀਕ ਓਮ ਪ੍ਰਕਾਸ਼, ਸੰਤੋਸ਼ ਰਾਣੀ (55), ਤੇ ਉਨ੍ਹਾਂ ਦਾ 7 ਸਾਲਾ ਪੋਤਾ ਜਦੋਂ ਐਲਨਾਬਾਦ ਤੋਂ ਸਿਰਸਾ ਜਾ ਰਹੇ ਸਨ ਤਾਂ ਪਿੰਡ ਪੋਹਰਕਾ ਨੇੜੇ ਉਨ੍ਹਾਂ ਦੀ ਕਾਰ ਸਾਹਮਣੇ ਤੋਂ ਆ ਰਹੀ ਪਿਕਅੱਪ ਨਾਲ ਟਕਰਾ ਗਈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਦੋਵੇਂ ਵਾਹਨ ਬੁਰੀ ਤਰ੍ਹਾਂ ਨੁਕਸਾਨੇ ਗਏ। ਘਟਨਾ ਦੀ ਸੂਚਨਾ ਮਿਲਦੇ ਹੀ ਸਥਾਨਕ ਲੋਕ ਤੇ ਪੁਲਸ ਮੌਕੇ 'ਤੇ ਪਹੁੰਚੇ ਅਤੇ ਜ਼ਖਮੀਆਂ ਨੂੰ ਤੁਰੰਤ ਐਲਨਾਬਾਦ ਸਿਵਲ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ 7 ਸਾਲਾ ਕੇਸ਼ਵ ਨੂੰ ਮ੍ਰਿਤਕ ਐਲਾਨ ਦਿੱਤਾ ਅਤੇ ਜ਼ਖਮੀ ਓਮ ਪ੍ਰਕਾਸ਼ ਤੇ ਸੰਤੋਸ਼ ਰਾਣੀ ਨੂੰ ਸਿਰਸਾ ਰੈਫਰ ਕਰ ਦਿੱਤਾ ਅਤੇ ਬਾਅਦ ਵਿੱਚ ਇਲਾਜ ਦੌਰਾਨ ਓਮ ਪ੍ਰਕਾਸ਼ ਦੀ ਮੌਤ ਹੋ ਗਈ। ਪੁਲਸ ਵੱਲੋਂ ਹਾਦਸੇ ਦੀ ਜਾਂਚ ਜਾਰੀ ਹੈ।

## ਕੌਮਾਂਤਰੀ ਹਵਾਈ ਅੱਡਾ ਹਲਵਾਰਾ 'ਤੇ ਵਿਦਿਆਰਥੀਆਂ ਨੇ ਲਈ ਸਿਖਲਾਈ



ਰਾਏਕੋਟ (ਸੰਤੋਖ ਗਿੱਲ)-ਕੌਮਾਂਤਰੀ ਹਵਾਈ ਅੱਡਾ ਹਲਵਾਰਾ 'ਤੇ ਵੱਖ-ਵੱਖ ਸਿੱਖਿਆ ਸੰਸਥਾਵਾਂ ਦੇ ਵਿਦਿਆਰਥੀਆਂ ਨੇ ਇੱਕ ਮਹੀਨੇ ਦਾ ਹਵਾਈ ਜਹਾਜ਼ ਸੰਚਾਲਨ ਸਿਖਲਾਈ ਪ੍ਰੋਗਰਾਮ ਸਫਲਤਾਪੂਰਵਕ ਪੂਰਾ ਕੀਤਾ ਹੈ।ਗੁਲਜ਼ਾਰ ਸਕੂਲ ਆਫ਼ ਮੈਨੇਜਮੈਂਟ ਖੰਨਾ, ਪੰਜਾਬ ਕਾਲਜ ਆਫ਼ ਟੈਕਨੀਕਲ ਐਜੂਕੇਸ਼ਨ ਲੁਧਿਆਣਾ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ, ਲੁਧਿਆਣਾ ਗਰੁੱਪ ਆਫ਼ ਕਾਲਜਿਜ਼ ਤੇ ਸ਼ੂਲਿਨੀ ਯੂਨੀਵਰਸਿਟੀ ਸੋਲਨ ਦੇ ਵਿਦਿਆਰਥੀਆਂ ਨੇ ਇਸ ਸਿਖਲਾਈ ਪ੍ਰੋਗਰਾਮ ਵਿੱਚ ਭਾਗ ਲਿਆ।ਸਿਖਲਾਈ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੂੰ ਹਵਾਈ ਅੱਡੇ ਦੇ ਰੋਜ਼ਾਨਾ ਸੰਚਾਲਨ ਦਾ ਪ੍ਰੈਕਟੀਕਲ ਤਜਰਬਾ ਕਰਨ ਦਾ ਮੌਕਾ ਦਿੱਤਾ ਗਿਆ।ਉਨ੍ਹਾਂ ਨੂੰ ਯਾਤਰੀਆਂ ਦੀ ਚੈੱਕ-ਇਨ ਪ੍ਰਕਿਰਿਆ, ਸੁਰੱਖਿਆ ਜਾਂਚ, ਆਗਮਨ ਤੇ ਰਵਾਨਗੀ ਪ੍ਰਬੰਧਨ, ਬੋਰਡਿੰਗ, ਸਾਮਾਨ ਦੀ ਸਾਂਭ-ਸੰਭਾਲ, ਗਾਹਕ ਸੇਵਾ, ਏਅਰਪੋਰਟ ਸੁਰੱਖਿਆ ਮਾਪਦੰਡਾਂ ਤੇ ਵੱਖ-ਵੱਖ ਵਿਭਾਗਾਂ ਵਿਚਾਲੇ ਤਾਲਮੇਲ ਬਾਰੇ ਵਿਸਤ੍ਰਿਤ ਸਿਖਲਾਈ ਦਿੱਤੀ ਗਈ। ਕੌਮਾਂਤਰੀ ਹਵਾਈ ਅੱਡਾ ਹਲਵਾਰਾ ਦੇ ਡਾਇਰੈਕਟਰ ਜਗੀਰ ਸਿੰਘ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਅਕਾਦਮਿਕ ਸਿੱਖਿਆ ਤੇ ਹਵਾਬਾਜ਼ੀ ਉਦਯੋਗ ਦੀਆਂ ਲੋੜਾਂ ਵਿਚਕਾਰ ਪਾੜਾ ਘਟਾਉਣ ਤੇ ਨੌਜਵਾਨਾਂ ਨੂੰ ਸ਼ਹਿਰੀ ਹਵਾਬਾਜ਼ੀ ਖੇਤਰ ਵਿੱਚ ਸਫਲ ਭਵਿੱਖ ਬਣਾਉਣ ਦਾ ਸੁਨਹਿਰੀ ਮੌਕਾ ਦਿੰਦੇ ਹਨ।

## ਸ਼ਹੀਦੀ ਦਿਵਸ ਮੌਕੇ ਮਾਤਾ ਗੁਜਰੀ ਸਕੂਲ ਵਿਖੇ ਵਿਸ਼ੇਸ਼ ਸਭਾ



ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਵਿਖੇ ਮਹਾਨ ਸ਼ਹੀਦ ਸ਼ਹੀਦ ਊਧਮ ਸਿੰਘ ਜੀ ਦੇ ਸ਼ਹੀਦੀ ਦਿਵਸ ਨੂੰ ਸਮਰਪਤ ਵਿਸ਼ੇਸ਼ ਸਵੇਰ ਦੀ ਸਭਾ ਬਹੁਤ ਹੀ ਸ਼ਰਧਾ ਤੇ ਦੇਸ਼ ਭਗਤੀ ਦੇ ਜਜ਼ਬੇ ਨਾਲ ਮਨਾਈ ਗਈ।ਇਹ ਸਮਾਗਮ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਭੁਪਿੰਦਰ ਸਿੰਘ, ਪ੍ਰਧਾਨ ਸ੍ਰੀਮਤੀ ਰਵਿੰਦਰ ਕੌਰ, ਪ੍ਰਿੰਸੀਪਲ ਸ੍ਰੀਮਤੀ ਪੂਨਮ ਧੀਮਾਨ ਦੀ ਅਗਵਾਈ ਤੇ ਐਕਟੀਵਿਟੀ ਇੰਚਾਰਜ ਸ੍ਰੀਮਤੀ ਸਰਨਜੀਤ ਕੌਰ ਦੀ ਦੇਖ-ਰੇਖ ਹੇਠ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਸ਼ਬਦ ਤੇ ਭਲੇ ਦੀ ਅਰਦਾਸ ਨਾਲ ਹੋਈ।ਇਸ ਤੋਂ ਬਾਅਦ ਵਿਦਿਆਰਥੀਆਂ ਨੇ ਸ਼ਹੀਦ ਊਧਮ ਸਿੰਘ ਜੀ ਦੀ ਮਹਾਨ ਕੁਰਬਾਨੀ ਨੂੰ ਸਮਰਪਤ ਪ੍ਰਭਾਵਸ਼ਾਲੀ ਕਵੀਸ਼ਰੀ ਤੇ ਦੇਸ਼ ਭਗਤੀ ਭਰਿਆ ਗੀਤ ਪੇਸ਼ ਕਰਕੇ ਸਮੁੱਚੀ ਸਭਾ ਨੂੰ ਭਾਵੁਕ ਕਰ ਦਿੱਤਾ।ਵਿਦਿਆਰਥੀਆਂ ਨੇ ਸ਼ਹੀਦ ਊਧਮ ਸਿੰਘ ਜੀ ਦੇ ਜੀਵਨ, ਜਲ੍ਹਿਆਂਵਾਲਾ ਬਾਗ ਕਤਲੇਆਮ ਤੋਂ ਬਾਅਦ ਇਨਸਾਫ਼ ਲਈ ਉਨ੍ਹਾਂ ਦੇ ਅਟੱਲ ਸੰਕਲਪ ਤੇ ਦੇਸ਼ ਦੀ ਆਜ਼ਾਦੀ ਲਈ ਦਿੱਤੀ ਮਹਾਨ ਕੁਰਬਾਨੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਇਸ ਮੌਕੇ ਸਕੂਲ ਸਟਾਫ਼ ਵੱਲੋਂ ਵਿਦਿਆਰਥੀਆਂ ਨੂੰ ਦੇਸ਼ ਪ੍ਰੇਮ, ਸੱਚਾਈ, ਇਮਾਨਦਾਰੀ ਤੇ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਸਕੂਲ ਦਾ ਸਮੂਹ ਸਟਾਫ਼, ਵਿਦਿਆਰਥੀ ਤੇ ਪ੍ਰਬੰਧਕ ਕਮੇਟੀ ਦੇ ਮੈਂਬਰ ਹਾਜ਼ਰ ਸਨ।

## ਸੜਕ ਨਿਰਮਾਣ ਦੀ ਤਕਨੀਕੀ ਜਾਂਚ ਕਰਵਾਈ ਜਾਵੇ : ਗੋਲਡੀ



ਧੂਰੀ (ਮਹਿੰਦਰ ਸਿੰਘ ਸੱਗੂ)-ਸੀਨੀਅਰ ਕਾਂਗਰਸੀ ਆਗੂ ਤੇ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਨੇ ਭੈਣੀਆਂ ਦੀ ਸਾਂਝੇ ਤੌਰ ਤੇ ਬਣ ਰਹੀ ਸੜਕ ਦੇ ਨਿਰਮਾਣ ਦੀ ਗੁਣਵੱਤਾ 'ਤੇ ਸਵਾਲ ਉਠਾਉਂਦਿਆਂ ਉੱਚ ਪੱਧਰੀ ਜਾਂਚ ਦੀ ਮੰਗ ਕੀਤੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੇ ਹਲਕੇ ਵਿੱਚ ਹੀ ਸੜਕ ਨਿਰਮਾਣ ਸਬੰਧੀ ਹੋਣ ਵਾਲੇ ਘਟੀਆ ਕੰਮ ਤੇ ਮਿਆਰੀ ਸਮੱਗਰੀ ਨਾ ਵਰਤਣ ਦੀਆਂ ਸ਼ਿਕਾਇਤਾਂ ਸਾਹਮਣੇ ਆ ਰਹੀਆਂ ਹਨ।ਗੋਲਡੀ ਨੇ ਕਿਹਾ ਕਿ ਜੇ ਮੁੱਖ ਮੰਤਰੀ ਦੇ ਆਪਣੇ ਹਲਕੇ ਵਿੱਚ ਵਿਕਾਸ ਕਾਰਜਾਂ ਦੀ ਇਹ ਸਥਿਤੀ ਹੈ ਤਾਂ ਬਾਕੀ ਪੰਜਾਬ ਦੀ ਹਾਲਤ ਦਾ ਅੰਦਾਜ਼ਾ ਲਾਇਆ ਜਾ ਸਕਦਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਦੇ ਵਿਕਾਸ ਦੇ ਦਾਅਵੇ ਜ਼ਮੀਨੀ ਹਕੀਕਤ ਨਾਲ ਮੇਲ ਨਹੀਂ ਖਾਂਦੇ।ਉਨ੍ਹਾਂ ਮੰਗ ਕੀਤੀ ਕਿ ਸੜਕ ਨਿਰਮਾਣ ਦੀ ਨਿਰਪੱਖ ਤੇ ਤਕਨੀਕੀ ਜਾਂਚ ਕਰਵਾਈ ਜਾਵੇ ਅਤੇ ਜੇਕਰ ਕਿਸੇ ਤਰ੍ਹਾਂ ਦੀ ਅਣਗਹਿਲੀ ਜਾਂ ਮਾਪਦੰਡਾਂ ਦੀ ਉਲੰਘਣਾ ਸਾਹਮਣੇ ਆਉਂਦੀ ਹੈ ਤਾਂ ਸਬੰਧਤ ਅਧਿਕਾਰੀਆਂ ਤੇ ਠੇਕੇਦਾਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਟਿਕਾਊ ਤੇ ਮਿਆਰੀ ਵਿਕਾਸ ਦੀ ਲੋੜ ਹੈ।

## 3 ਨਵੇਂ ਆਮ ਆਦਮੀ ਕਲੀਨਿਕਾਂ ਦਾ ਵਿਧਾਇਕ ਸੇਖੋਂ ਵੱਲੋਂ ਉਦਘਾਟਨ



ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਮਿਆਰੀ, ਆਧੁਨਿਕ ਤੇ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਹਲਕਾ ਵਿਧਾਇਕ ਫ਼ਰੀਦਕੋਟ ਸ. ਗੁਰਦਿੱਤ ਸਿੰਘ ਸੇਖੋਂ ਨੇ ਪਿੰਡ ਨਵਾਂ ਕਿਲ੍ਹਾ, ਕੰਮੇਆਣਾ ਜ਼ਿਲ੍ਹਾ ਫ਼ਰੀਦਕੋਟ ਤੇ ਪਿੰਡ ਪੱਖੀ ਕਲਾਂ ਵਿਖੇ ਨਵੇਂ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਕਰ ਕੇ ਲੋਕਾਂ ਨੂੰ ਸਮਰਪਤ ਕੀਤਾ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਮਨੋਰਥ ਹਰ ਨਾਗਰਿਕ ਤੱਕ ਬਿਹਤਰ ਸਿਹਤ ਸਹੂਲਤਾਂ ਪਹੁੰਚਾਉਣਾ ਹੈ ਤਾਂ ਜੋ ਕਿਸੇ ਵੀ ਗਰੀਬ ਜਾਂ ਲੋੜਵੰਦ ਵਿਅਕਤੀ ਨੂੰ ਇਲਾਜ ਲਈ ਆਰਥਿਕ ਬੋਝ ਨਾ ਝੱਲਣਾ ਪਵੇ।ਉਨ੍ਹਾਂ ਮੌਕੇ 'ਤੇ ਮੌਜੂਦ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਲੀਨਿਕਾਂ ਵਿੱਚ ਆਉਣ ਵਾਲੇ ਹਰ ਮਰੀਜ਼ ਨੂੰ ਸਮੇਂ ਸਿਰ ਤੇ ਗੁਣਵੱਤਾ ਭਰਪੂਰ ਸੇਵਾਵਾਂ ਯਕੀਨੀ ਬਣਾਈਆਂ ਜਾਣ।ਇਸ ਉਦਘਾਟਨੀ ਸਮਾਰੋਹ ਦੌਰਾਨ ਮਾਰਕਿਟ ਕਮੇਟੀ ਫ਼ਰੀਦਕੋਟ ਦੇ ਚੇਅਰਮੈਨ ਅਮਨਦੀਪ ਸਿੰਘ ਬਾਬਾ, ਡਾ. ਰਮਨਦੀਪ ਸਿੰਗਲਾ, ਸੀਨੀਅਰ ਮੈਡੀਕਲ ਅਫ਼ਸਰ ਡਾ. ਸਰਵਦੀਪ ਸਿੰਘ ਰੋਮਾਣਾ, ਮੈਡੀਕਲ ਅਫ਼ਸਰ ਡਾ. ਯੁਵਰਾਜ ਸਿੰਘ, ਲੇਖ ਸੁਪਰਡੈਂਟ ਇਕਬਾਲ ਸਿੰਘ ਧਾਲੀਵਾਲ, ਡੀ.ਐੱਸ.ਪੀ. ਰਾਜਦੀਪ ਸਿੰਘ ਬਰਾੜ, ਫਾਰਮੇਸੀ ਅਫ਼ਸਰ ਸੁਖਦੀਪ ਸਿੰਘ ਸ਼ਰਮਾ, ਬਲਾਕ ਐਜੂਕੇਟਰ ਰਾਜਿੰਦਰ ਕੁਮਾਰ, ਸਿਹਤ ਵਿਭਾਗ ਦੇ ਹੋਰ ਅਧਿਕਾਰੀ, ਡਾਕਟਰ, ਸਟਾਫ਼ ਮੈਂਬਰ ਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

## ਪੰਜਾਬੀ ਯੂਨੀਵਰਸਿਟੀ ਕੈਂਪਸ ਵਿਖੇ ਲਾਇਨਜ਼ ਕਲੱਬ ਰਾਮਾ ਹੋਪ ਤੇ ਈਕੋ ਕਲੱਬ ਨੇ ਪੌਦੇ ਲਗਾਏ



ਤਲਵੰਡੀ ਸਾਬੋ (ਜਗਦੀਪ ਗਿੱਲ)-ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ ਲਾਇਨਜ਼ ਕਲੱਬ ਰਾਮਾ ਹੋਪ ਤੇ ਈਕੋ ਕਲੱਬ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਵੱਲੋਂ ਸਾਂਝੇ ਤੌਰ 'ਤੇ ਕੈਂਪਸ ਅਧਿਕਾਰੀਆਂ, ਕਰਮਚਾਰੀਆਂ ਤੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਕੈਂਪਸ ਵਿੱਚ ਫੁੱਲਦਾਰ ਬੂਟੇ ਲਗਾਏ ਗਏ।ਕੈਂਪਸ ਨੂੰ ਹਰਾ-ਭਰਿਆ, ਪ੍ਰਦੂਸ਼ਣ ਮੁਕਤ ਤੇ ਸੁੰਦਰ ਰੱਖਣ ਲਈ ਵੱਡੀ ਗਿਣਤੀ ਵਿੱਚ ਬੂਟੇ ਲਗਾਉਣ ਦਾ ਸ਼ੁਭ ਕਾਰਜ ਕੈਂਪਸ ਡਾਇਰੈਕਟਰ ਡਾ. ਅਮਨਦੀਪ ਸਿੰਘ ਦੀ ਯੋਗ ਅਗਵਾਈ ਹੇਠ ਨੇਪਰੇ ਚੜ੍ਹਿਆ।ਇਸ ਮੌਕੇ ਲਾਇਨਜ਼ ਕਲੱਬ ਪ੍ਰਧਾਨ ਸ੍ਰੀ ਭੂਸ਼ਨ ਜਿੰਦਲ, ਜਿਨ੍ਹਾਂ ਦੀ ਪਹਿਲਕਦਮੀ ਸਦਕਾ ਇਸ ਕਾਰਜ ਦਾ ਆਯੋਜਨ ਹੋਇਆ, ਤੋਂ ਇਲਾਵਾ ਕਲੱਬ ਦੇ ਮੈਂਬਰ ਜੀਵਨ ਸਿੰਘ, ਬਿਰਧ ਆਸ਼ਰਮ ਰਾਮਾਂ ਮੰਡੀ ਦੇ ਸੰਚਾਲਕ ਇੰਜ. ਹਰਜਿੰਦਰ ਸਿੰਘ, ਰਾਜ ਨਰਸਿੰਗ ਹੋਮ ਤਲਵੰਡੀ ਸਾਬੋ ਤੋਂ ਡਾ. ਦਿਨੇਸ਼, ਚੌਧਰੀ ਮੈਡੀਕਲ ਹਾਲ ਤੋਂ ਡਾ ਵਿਜੇਪਾਲ, ਉੱਘੇ ਰਾਜਨੀਤਕ ਵਿਸ਼ਲੇਸ਼ਕ ਤੇ ਪੰਜਾਬ ਸਵੀਟਸ ਤੋਂ ਪੁਨੀਤ ਗਰਗ ਦੇ ਨਾਮ ਜ਼ਿਕਰਯੋਗ ਹਨ।ਇਨ੍ਹਾਂ ਤੋਂ ਇਲਾਵਾ ਪੰਜਾਬੀ ਯੂਨੀਵਰਸਿਟੀ ਕੈਂਪਸ ਦੇ ਪ੍ਰੋਫੈਸਰ ਸਾਹਿਬਾਨ ਡਾ. ਜਗਤਾਰ ਸਿੰਘ, ਡਾ. ਲਖਵੀਰ ਸਿੰਘ, ਡਾ. ਦਿਆਲ ਭਟਨਾਗਰ, ਡਾ. ਹਰਪ੍ਰੀਤ ਸਿੰਘ ਤੇ ਡਾ. ਗੁਰਵਿੰਦਰ ਸਿੰਘ ਦੇ ਨਾਲ-ਨਾਲ ਕੈਂਪਸ ਦੇ ਬਾਗਬਾਨੀ ਵਿਭਾਗ ਦੇ ਗਾਰਡਨਰ ਸੁਰਿੰਦਰ ਸਿੰਘ ਵੀ ਹਾਜ਼ਰ ਸਨ।ਇਸ ਉਪਰੰਤ ਕੈਂਪਸ ਡਾਇਰੈਕਟਰ ਵੱਲੋਂ ਲਾਇਨਜ਼ ਕਲੱਬ ਦੇ ਮੈਂਬਰ ਸਾਹਿਬਾਨ ਨਾਲ ਦਫ਼ਤਰ ਵਿਖੇ ਬੈਠ ਕੇ ਵਾਤਾਵਰਨ ਨੂੰ ਸ਼ੁੱਧ ਬਣਾਉਣ ਲਈ ਸਹਿਯੋਗ ਕਰਨ ਲਈ ਚਰਚਾ ਕੀਤੀ।

## ਮਾਸਟਰ ਮਾਈਂਡ ਇੰਸ. ਵੱਲੋਂ ਮੁਫ਼ਤ ਸਕਿੱਲ ਕੋਰਸਾਂ ਦਾ ਐਲਾਨ



ਸਮਰਾਲਾ (ਸੁਰਜੀਤ ਸਿੰਘ)-ਆਰਥਿਕ ਤੌਰ 'ਤੇ ਕਮਜ਼ੋਰ, ਵਿਧਵਾ ਤੇ ਤਲਾਕਸ਼ੁਦਾ ਔਰਤਾਂ ਨੂੰ ਸਵੈ-ਨਿਰਭਰ ਬਣਾਉਣ ਦੇ ਉਦੇਸ਼ ਨਾਲ ਮਾਸਟਰ ਮਾਈਂਡ ਇੰਸਟੀਚਿਊਟ ਮਾਛੀਵਾੜਾ ਸਾਹਿਬ ਵੱਲੋਂ ਮੁਫ਼ਤ ਸਕਿੱਲ ਕੋਰਸ ਸ਼ੁਰੂ ਕਰਨ ਦਾ ਫ਼ੈਸਲਾ ਲਿਆ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਮੁਖੀ ਅੰਮ੍ਰਿਤਪਾਲ ਨੇ ਦੱਸਿਆ ਕਿ ਸੰਸਥਾ ਦਾ ਮਕਸਦ 10ਵੀਂ ਜਾਂ 12ਵੀਂ ਪਾਸ ਔਰਤਾਂ ਨੂੰ ਹੁਨਰਮੰਦ ਬਣਾ ਕੇ ਉਨ੍ਹਾਂ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਕਰਨਾ ਹੈ।ਉਨ੍ਹਾਂ ਕਿਹਾ ਕਿ ਇੰਸਟੀਚਿਊਟ 'ਚ ਕੰਪਿਊਟਰ, ਅਕਾਊਂਟਸ ਤੇ ਬਿਊਟੀ ਨਾਲ ਸਬੰਧਤ ਵੱਖ-ਵੱਖ ਕੋਰਸਾਂ ਦੀ ਮੁਫ਼ਤ ਸਿਖਲਾਈ ਦਿੱਤੀ ਜਾਵੇਗੀ, ਤਾਂ ਜੋ ਉਹ ਰੁਜ਼ਗਾਰ ਹਾਸਲ ਕਰਨ ਜਾਂ ਆਪਣਾ ਕੰਮ ਸ਼ੁਰੂ ਕਰਨ ਦੇ ਯੋਗ ਬਣ ਸਕਣ।ਉਨ੍ਹਾਂ ਦੱਸਿਆ ਕਿ ਯੋਗ ਵਿਧਵਾ ਤੇ ਤਲਾਕਸ਼ੁਦਾ ਔਰਤਾਂ ਤੋਂ ਅਰਜ਼ੀਆਂ ਦੀ ਮੰਗ ਕੀਤੀ ਜਾ ਰਹੀ ਹੈ, ਦਾਖ਼ਲੇ ਤੇ ਪੜ੍ਹਾਈ ਪੂਰੀ ਤਰ੍ਹਾਂ ਮੁਫ਼ਤ ਹੋਣਗੇ।ਉਨ੍ਹਾਂ ਸਮਾਜ ਸੇਵੀ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਇਸ ਉਪਰਾਲੇ ਵਿੱਚ ਸਹਿਯੋਗ ਦੇਣ, ਤਾਂ ਜੋ ਵੱਧ ਤੋਂ ਵੱਧ ਲੋੜਵੰਦ ਔਰਤਾਂ ਇਸ ਯੋਜਨਾ ਦਾ ਲਾਭ ਲੈ ਕੇ ਸਨਮਾਨ ਨਾਲ ਆਪਣਾ ਭਵਿੱਖ ਸੰਵਾਰ ਸਕਣ।ਲੋੜਵੰਦ ਔਰਤਾਂ ਸੰਸਥਾ ਦੇ ਦਫ਼ਤਰ ਅਨਾਜ ਮੰਡੀ ਮਾਛੀਵਾੜਾ ਸਾਹਿਬ ਦੇ ਸਾਹਮਣੇ ਪੰਜਾਬ ਐਂਡ ਸਿੰਧ ਬੈਂਕ ਦੇ ਉੱਪਰ ਪਹੁੰਚ ਕੇ ਜਾਣਕਾਰੀ ਹਾਸਲ ਕਰਨ।

## ਬਰਸਟ ਵੱਲੋਂ ਵੱਖ-ਵੱਖ ਪਿੰਡਾਂ 'ਚ ਸੜਕੀ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ

■ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ : ਬਰਸਟ



ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਦੇ ਵੱਖ-ਵੱਖ ਪਿੰਡਾਂ ਵਿੱਚ ਕੁੱਲ 7.70 ਕਰੋੜ ਰੁਪਏ ਦੀ ਲਾਗਤ ਵਾਲੇ ਸੜਕੀ ਵਿਕਾਸ ਪ੍ਰੋਜੈਕਟਾਂ ਦਾ ਰਿਬਨ ਕੱਟ ਕੇ ਸ਼ੁਭ ਆਰੰਭ ਕੀਤਾ ਗਿਆ।ਇਸ ਮੌਕੇ ਸ੍ਰ. ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਰ ਪਿੰਡ ਤੇ ਹਰ ਖੇਤਰ ਨੂੰ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਨ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ ਤੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦਾ ਚਹੁੰਪੱਖੀ ਵਿਕਾਸ ਕੀਤਾ ਜਾ ਰਿਹਾ ਹੈ।ਪੰਜਾਬ ਸਰਕਾਰ ਨੇ ਹਰ ਖੇਤਰ ਮਿਸਾਲੀ ਕਾਰਜ ਕਰਕੇ ਦਿਖਾਏ ਹਨ, ਜਿਸ ਤੋਂ ਲੋਕ ਬਹੁਤ ਖ਼ੁਸ਼ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਦ੍ਰਿੜ੍ਹ ਹੈ ਤੇ ਪਾਰਦਰਸ਼ੀ ਢੰਗ ਨਾਲ ਕੰਮ ਕਰ ਰਹੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਹਲਕਾ ਸਮਾਣਾ ਦੇ ਵਿਕਾਸ ਲਈ ਅਜਿਹੇ ਹੋਰ ਲੋਕ-ਭਲਾਈ ਪ੍ਰੋਜੈਕਟ ਲਗਾਤਾਰ ਸ਼ੁਰੂ ਕੀਤੇ ਜਾਣਗੇ। ਇਸ ਮੌਕੇ ਇਲਾਕਾ ਵਾਸੀਆਂ ਵੱਲੋਂ ਪੰਜਾਬ ਸਰਕਾਰ ਅਤੇ ਸ. ਹਰਚੰਦ ਸਿੰਘ ਬਰਸਟ ਦਾ ਧੰਨਵਾਦ ਕੀਤਾ।ਇਸ ਮੌਕੇ ਸੁੱਖਾ ਸਟੀਲ ਵਾਇਸ ਚੇਅਰਮੈਨ ਜ਼ਿਲ੍ਹਾ ਬਲਾਕ ਸੰਮਤੀ, ਰਣੀ ਮਾਹਲਾ ਚੇਅਰਮੈਨ ਮਾਰਕਿਟ ਕਮੇਟੀ ਭਵਾਨੀ, ਬਲਜਿੰਦਰ ਸਿੰਘ ਬਲਾਕ ਸੰਮਤੀ ਮੈਂਬਰ, ਲਖਵਿੰਦਰ ਸਿੰਘ ਸਰਪੰਚ ਖੇੜੀ ਬਰਨਾ, ਕ੍ਰਿਸ਼ਨ ਸਿੰਘ ਸਰਪੰਚ ਮੱਵੀ ਸੱਪਾਂ, ਅਵਤਾਰ ਸਿੰਘ ਸਰਪੰਚ ਮੱਦੋਮਾਜਰਾ, ਗੁਰਦੀਪ ਸਿੰਘ ਸਰਪੰਚ ਦੇਵੀਗੜ੍ਹ ਨਗਰ, ਕ੍ਰਿਸ਼ਨ ਲਾਲ ਸਰਪੰਚ ਗਾਜੇਵਾਸ, ਸਤਨਾਮ ਸਿੰਘ ਸਰਪੰਚ ਦੁੱਲੜ, ਸ਼ੰਕਰ ਸਿੰਘ ਸਰਪੰਚ ਖੇੜਕੀ, ਪਰਗਟ ਸਰਪੰਚ ਚੁਤੇਹਰਾ, ਜਰਨੈਲ ਸਿੰਘ ਤੇ ਸਮੂਹ ਨਗਰ ਨਿਵਾਸੀ ਮੌਜੂਦ ਰਹੇ।

## 2027 'ਚ ਪੰਜਾਬ ਅੰਦਰ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇਗੀ : ਅਕਾਲੀ ਆਗੂ

■ ਬਾਘਾ ਪੁਰਾਣਾ ਹਲਕੇ 'ਚ ਜਥੇਦਾਰ ਮਾਹਲਾ ਨੂੰ ਮਿਲ ਰਿਹੈ ਭਰਪੂਰ ਸਮਰਥਨ



ਬਾਘਾ ਪੁਰਾਣਾ (ਮਨੀ ਸਿੰਗਲਾ)-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂਆਂ ਨੇ ਦਾਅਵਾ ਕੀਤਾ ਹੈ ਕਿ ਸਾਲ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਸੂਬੇ ਦੀ ਜਨਤਾ ਇੱਕ ਵਾਰ ਫਿਰ ਸ਼੍ਰੋਮਣੀ ਅਕਾਲੀ ਦਲ ਨੂੰ ਸੱਤਾ ਦੀ ਕਮਾਨ ਸੌਂਪੇਗੀ।ਉਨ੍ਹਾਂ ਕਿਹਾ ਕਿ ਬਾਘਾ ਪੁਰਾਣਾ ਵਿਧਾਨ ਸਭਾ ਹਲਕੇ ਤੋਂ ਪਾਰਟੀ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਵੱਡੇ ਫਰਕ ਨਾਲ ਜਿੱਤ ਹਾਸਲ ਕਰਨਗੇ।ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਲਦੇਵ ਸਿੰਘ ਸਾਬਕਾ ਚੇਅਰਮੈਨ ਤੇ ਸਰਕਲ ਪ੍ਰਧਾਨ ਘੋਲੀਆ, ਤਰਲੋਚਨ ਸਿੰਘ ਕਾਲੇਕੇ, ਹਰਜਿੰਦਰ ਸਿੰਘ ਗਿੱਲ (ਕੈਨੇਡਾ), ਮਨਪ੍ਰੀਤ ਸਿੰਘ ਗਿੱਲ (ਕੈਨੇਡਾ) ਯੂਥ ਆਗੂ, ਕੁਲਦੀਪ ਸਿੰਘ ਗਿੱਲ, ਰਿੱਕਾ ਨੰਬਰਦਾਰ, ਗੁਰਸੇਵਕ ਸਿੰਘ ਗਿੱਲ ਤੇ ਗੁਰਸ਼ਰਨ ਸਿੰਘ ਲੱਖਾ ਨੇ ਸਾਂਝੇ ਤੌਰ 'ਤੇ ਕੀਤਾ।ਆਗੂਆਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਪਾਰਟੀ ਲਗਾਤਾਰ ਲੋਕਾਂ ਦੇ ਮੁੱਦਿਆਂ ਨੂੰ ਉਠਾ ਰਹੀ ਹੈ ਤੇ ਪੰਜਾਬ ਦੇ ਲੋਕ ਉਨ੍ਹਾਂ ਨੂੰ ਆਪਣਾ ਲੋਕਪ੍ਰਿਯ ਨੇਤਾ ਮੰਨ ਚੁੱਕੇ ਹਨ।ਚੇਅਰਮੈਨ ਬਲਦੇਵ ਸਿੰਘ ਚੇਅਰਮੈਨ ਤੇ ਤਰਲੋਚਨ ਸਿੰਘ ਕਾਲੇਕੇ ਨੇ ਦਾਅਵਾ ਕੀਤਾ ਕਿ ਸਾਲ 2027 ਦੀਆਂ ਚੋਣਾਂ ਵਿੱਚ ਪੰਜਾਬ ਦੀ ਜਨਤਾ ਆਪਣਾ ਫ਼ਤਵਾ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿੱਚ ਦੇਵੇਗੀ ਤੇ ਪਾਰਟੀ ਮੁੜ ਸੱਤਾ ਵਿੱਚ ਆਵੇਗੀ।ਉਨ੍ਹਾਂ ਬਾਘਾ ਪੁਰਾਣਾ ਹਲਕੇ ਬਾਰੇ ਗੱਲ ਕਰਦਿਆਂ ਕਿਹਾ ਕਿ ਇੱਥੇ ਪਾਰਟੀ ਵਰਕਰ ਪਿੰਡ-ਪਿੰਡ ਤੇ ਘਰ-ਘਰ ਤੱਕ ਪਹੁੰਚ ਕਰਕੇ ਲੋਕਾਂ ਨਾਲ ਸੰਪਰਕ ਕਰ ਰਹੇ ਹਨ, ਜਿਸ ਕਾਰਨ ਅਕਾਲੀ ਦਲ ਦੇ ਹੱਕ ਵਿੱਚ ਲਗਾਤਾਰ ਮਾਹੌਲ ਬਣ ਰਿਹਾ ਹੈ।ਹਰਜਿੰਦਰ ਗਿੱਲ ਤੇ ਮਨਪ੍ਰੀਤ ਗਿੱਲ ਨੇ ਦਾਅਵਾ ਕੀਤਾ ਕਿ ਇਸ ਵਾਰ ਹਲਕੇ ਵਿੱਚ ਸ਼੍ਰੋਮਣੀ ਅਕਾਲੀ ਦਲ ਦਾ ਝੰਡਾ ਲਹਿਰਾਏਗਾ ਤੇ ਜਥੇਦਾਰ ਤੀਰਥ ਸਿੰਘ ਮਾਹਲਾ ਆਪਣੇ ਸਿਆਸੀ ਵਿਰੋਧੀਆਂ ਨੂੰ ਸਖ਼ਤ ਟੱਕਰ ਦਿੰਦਿਆਂ ਵੱਡੀ ਲੀਡ ਨਾਲ ਜਿੱਤ ਦਰਜ ਕਰਨਗੇ।

ਕੁਲਦੀਪ ਗਿੱਲ, ਰਿੱਕਾ ਨੰਬਰਦਾਰ, ਗੁਰਸੇਵਕ ਸਿੰਘ ਗਿੱਲ ਤੇ ਗੁਰਸ਼ਰਨ ਸਿੰਘ ਲੱਖਾ ਨੇ ਕਿਹਾ ਕਿ ਪਾਰਟੀ ਵਰਕਰ ਭਾਰੀ ਉਤਸ਼ਾਹ ਨਾਲ ਚੋਣਾਂ ਦੀ ਤਿਆਰੀ ਵਿੱਚ ਜੁਟੇ ਹੋਏ ਹਨ ਤੇ ਲੋਕਾਂ ਦੇ ਸਹਿਯੋਗ ਸਦਕਾ ਸ਼੍ਰੋਮਣੀ ਅਕਾਲੀ ਦਲ ਪੰਜਾਬ ਵਿੱਚ ਮੁੜ ਮਜ਼ਬੂਤ ਸਿਆਸੀ ਤਾਕਤ ਵਜੋਂ ਉਭਰੇਗਾ।ਆਗੂਆਂ ਨੇ ਵਿਸ਼ਵਾਸ ਪ੍ਰਗਟਾਇਆ ਕਿ ਆਉਣ ਵਾਲੀਆਂ ਚੋਣਾਂ ਵਿੱਚ ਲੋਕ ਵਿਕਾਸ ਤੇ ਆਪਣੇ ਹਿੱਤਾਂ ਨੂੰ ਧਿਆਨ 'ਚ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਹੱਕ 'ਚ ਫ਼ੈਸਲਾ ਦੇਣਗੇ।

## ਚਲਦੀ ਬੱਸ 'ਚੋਂ ਡਿੱਗਣ ਨਾਲ ਵਿਦਿਆਰਥਣ ਜ਼ਖ਼ਮੀ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਮਹਿਲ ਕਲਾਂ ਤੋਂ ਬਰਨਾਲਾ ਪੜ੍ਹਨ ਜਾ ਰਹੀ ਵਿਦਿਆਰਥਣ ਹਰਮਨਜੋਤ ਕੌਰ ਦੇ ਚਲਦੀ ਬੱਸ 'ਚੋਂ ਡਿੱਗਣ ਕਾਰਨ ਜ਼ਖਮੀਂ ਹੋਣ ਦਾ ਪਤਾ ਲੱਗਿਆ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਬੱਸ ਸਟੈਂਡ ਮਹਿਲ ਕਲਾਂ ਤੋਂ ਬੱਸ ਵਿੱਚ ਚੜ੍ਹੀ ਇਹ ਵਿਦਿਆਰਥਣ ਭਾਰੀ ਭੀੜ ਹੋਣ ਕਾਰਨ ਤਾਕੀ ਦੇ ਦੂਜੇ ਸਟੈਪ 'ਤੇ ਖੜ੍ਹੀ ਸੀ ਅਤੇ ਅਚਾਨਕ ਸੜਕ 'ਤੇ ਖੜ੍ਹੇ ਇੱਕ ਟਰੱਕ ਨੂੰ ਪਾਸ ਦਿੰਦੇ ਸਮੇਂ ਬੱਸ ਮੋੜਨ ਨਾਲ ਉਹ ਬੱਸ ਤੋਂ ਬਾਹਰ ਸੜਕ 'ਤੇ ਜਾ ਡਿੱਗੀ।ਇਸ ਦੌਰਾਨ ਪਿੱਛੇ ਆ ਰਹੇ ਇੱਕ ਕਾਰ ਸਵਾਰ ਨੇ ਜ਼ਖ਼ਮੀ ਵਿਦਿਆਰਥਣ ਨੂੰ ਆਪਣੀ ਕਾਰ ਰਾਹੀਂ ਸਿਵਲ ਹਸਪਤਾਲ ਬਰਨਾਲਾ ਪਹੁੰਚਾਇਆ, ਜਿੱਥੇ ਡਾਕਟਰਾਂ ਦੀ ਟੀਮ ਵੱਲੋਂ ਇਲਾਜ ਸ਼ੁਰੂ ਕਰਨ ਤੋਂ ਬਾਅਦ ਫਿਲਹਾਲ ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾ ਰਹੀ ਹੈ।

## ਲਾਲਾ ਕਸਤੂਰੀ ਲਾਲ ਵਿੱਦਿਆ ਮੰਦਰ ਵਿਖੇ ਗੁਰੂ ਪੂਰਨਿਮਾ ਦਾ ਦਿਹਾੜਾ ਮਨਾਇਆ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਰਾਮਪੁਰਾ ਫੂਲ ਵਿਖੇ ਗੁਰੂ ਪੂਰਨਿਮਾ ਦਾ ਪਾਵਨ ਦਿਹਾੜਾ ਸ਼ਰਧਾ, ਭਗਤੀ ਤੇ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਗੁਰੂ ਵੰਦਨਾ ਤੇ ਦੀਪ ਪ੍ਰਜਵਲਨ ਨਾਲ ਕੀਤੀ ਗਈ। ਇਸ ਮੌਕੇ ਵਿਦਿਆਰਥੀਆਂ ਨੇ ਆਪਣੇ ਗੁਰੂਜਨਾਂ ਤੇ ਅਧਿਆਪਕਾਂ ਦਾ ਤਿਲਕ ਲਗਾ ਕੇ, ਮੌਲੀ ਬੰਨ੍ਹ ਕੇ ਤੇ ਫੁੱਲਾਂ ਦੀ ਵਰਖਾ ਕਰਕੇ ਸਨਮਾਨ ਕੀਤਾ। ਵਿਦਿਆਰਥੀਆਂ ਨੇ ਮਹਾਰਿਸ਼ੀ ਵੇਦ ਵਿਆਸ ਜੀ ਦੇ ਜੀਵਨ, ਗੁਰੂ ਪੂਰਨਿਮਾ ਦੇ ਮਹੱਤਵ ਤੇ ਗੁਰੂ-ਸ਼ਿਸ਼ ਪ੍ਰੰਪਰਾ ਬਾਰੇ ਪ੍ਰੇਰਨਾਦਾਇਕ ਭਾਸ਼ਣ, ਕਵਿਤਾਵਾਂ ਤੇ ਸੱਭਿਆਚਾਰਕ ਪੇਸ਼ਕਾਰੀਆਂ ਪੇਸ਼ ਕੀਤੀਆਂ। ਉਨ੍ਹਾਂ ਆਪਣੇ ਪਹਿਲੇ ਗੁਰੂ ਮਾਤਾ-ਪਿਤਾ ਤੇ ਦੂਜੇ ਗੁਰੂ ਅਧਿਆਪਕ ਸਾਹਿਬਾਨਾਂ ਪ੍ਰਤੀ ਜੀਵਨ ਭਰ ਸਤਿਕਾਰ, ਅਨੁਸ਼ਾਸਨ ਤੇ ਉੱਚੇ ਆਦਰਸ਼ਾਂ ਦੀ ਪਾਲਣਾ ਕਰਨ ਦਾ ਸੰਕਲਪ ਲਿਆ।ਸਕੂਲ ਦੇ ਪ੍ਰਿੰਸੀਪਲ ਸੰਜੀਵ ਕੁਮਾਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਗੁਰੂ ਵਿਦਿਆਰਥੀਆਂ ਦੇ ਜੀਵਨ ਦੇ ਸੱਚੇ ਮਾਰਗਦਰਸ਼ਕ ਹੁੰਦੇ ਹਨ।ਉਨ੍ਹਾਂ ਸਮੂਹ ਅਧਿਆਪਕ ਪਰਵਾਰ ਵੱਲੋਂ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਪੂਰੀ ਨਿਸ਼ਠਾ, ਇਮਾਨਦਾਰੀ ਤੇ ਸਮਰਪਣ ਨਾਲ ਕਾਰਜ ਕਰਨ ਦਾ ਸੰਕਲਪ ਦੁਹਰਾਇਆ।ਇਸ ਮੌਕੇ ਆਰਟ ਐਂਡ ਕ੍ਰਾਫਟ ਵਿਭਾਗ ਦੇ ਅਧਿਆਪਕ ਸਾਹਿਬਾਨ ਕੁਲਵਿੰਦਰ ਕੌਰ ਤੇ ਕਰਮਜੀਤ ਕੌਰ ਨੇ ਵਿਦਿਆਰਥੀਆਂ ਨੂੰ ਸੁੰਦਰ ਗ੍ਰੀਟਿੰਗ ਕਾਰਡ ਬਣਾਉਣ ਦੀ ਵਿਧੀ ਸਿਖਾਈ। ਵਿਦਿਆਰਥੀਆਂ ਨੇ ਆਪਣੀਆਂ ਕਲਾਸ ਇੰਚਾਰਜ ਅਧਿਆਪਕਾਂ ਲਈ ਆਕਰਸ਼ਕ ਗ੍ਰੀਟਿੰਗ ਕਾਰਡ ਤਿਆਰ ਕਰਕੇ ਉਨ੍ਹਾਂ ਨੂੰ ਭੇਟ ਕੀਤੇ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼ ਤੇ ਮੈਨੇਜਰ ਗੁਰਪ੍ਰੀਤ ਸਿੰਘ ਨੇ ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਗੁਰੂ ਪੂਰਨਿਮਾ ਦੀਆਂ ਹਾਰਦਿਕ ਵਧਾਈਆਂ ਦਿੰਦਿਆਂ ਭਾਰਤੀ ਗੁਰੂ-ਸ਼ਿਸ਼ ਪ੍ਰੰਪਰਾ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਉਪ-ਪ੍ਰਿੰਸੀਪਲ ਵਿਕਰਮਜੀਤ ਸਿੰਘ, ਕੋਆਰਡੀਨੇਟਰ ਨਿਰਮਲਜੀਤ ਕੌਰ ਤੇ ਜੋਤੀ ਖੁਰਾਣਾ ਤੋਂ ਇਲਾਵਾ ਸਮੂਹ ਸਟਾਫ ਹਾਜ਼ਰ ਸੀ।

## ਡਿਪਟੀ ਡਾਇਰੈਕਟਰ ਵੱਲੋਂ ਟੀਮ ਸਮੇਤ ਵੱਖ-ਵੱਖ ਗਊਸ਼ਾਲਾਵਾਂ ਦਾ ਨਿਰੀਖਣ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ)-ਜ਼ਿਲ੍ਹਾ ਪਸ਼ੂ ਭਲਾਈ ਸੁਸਾਇਟੀ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ-ਕਮ-ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਦੀ ਅਗਵਾਈ ਤੇ ਜ਼ਿਲ੍ਹਾ ਪਸ਼ੂ ਭਲਾਈ ਸੁਸਾਇਟੀ ਸ੍ਰੀ ਮੁਕਤਸਰ ਸਾਹਿਬ ਦੇ ਮੈਂਬਰ ਸਕੱਤਰ ਕਮ-ਵਧੀਕ-ਡਿਪਟੀ ਕਮਿਸ਼ਨਰ ਡੇਵੀ ਗੋਇਲ ਦੇ ਦਿਸ਼ਾ ਨਿਰਦੇਸ਼ 'ਤੇ ਡਾ. ਗੁਰਦਿੱਤ ਸਿੰਘ ਔਲਖ ਡਿਪਟੀ ਡਾਇਰੈਕਟਰ-ਕਮ-ਜ਼ਿਲ੍ਹਾ ਗਊ ਭਲਾਈ ਅਫਸਰ ਵੱਲੋਂ ਜ਼ਿਲ੍ਹੇ ਦੀਆਂ ਨੰਦੀ ਨਸਲ ਸੁਧਾਰ ਗਊਸ਼ਾਲਾ ਕਮੇਟੀ, ਗੁਰੂ ਹਰਸਹਾਏ ਰੋਡ, ਗਊਸ਼ਾਲਾ ਕਮੇਟੀ ਟਿੱਬੀ ਸਾਹਿਬ ਰੋਡ, ਕਾਮਧੇਨੂੰ ਨਸਲ ਸੁਧਾਰ ਗਊਸ਼ਾਲਾ, ਕ੍ਰਿਸ਼ਨ ਕਨ੍ਹੱਈਆ ਗਊ ਧਾਮ ਸੇਵਾ ਸੰਮਤੀ, ਰਾਧੇ-ਕ੍ਰਿਸ਼ਨ ਗਊ ਸੇਵਾ ਸੰਮਤੀ ਮਲੋਟ ਰੋਡ ਦਾ ਨਿਰੀਖਣ ਕੀਤਾ ਗਿਆ।ਇਸ ਦੌਰਾਨ ਗਊਸ਼ਾਲਾ ਦੇ ਪ੍ਰਬੰਧਕਾਂ ਨਾਲ ਮੀਟਿੰਗ ਕਰਕੇ ਗਊਸ਼ਾਲਾ ਦੇ ਰੱਖ-ਰਖਾਵ, ਇਲਾਜ ਤੇ ਵੱਖ ਵੱਖ ਬਿਮਾਰੀਆਂ ਤੋਂ ਟੀਕਾਕਰਨ ਸਬੰਧੀ ਸਮੀਖਿਆ ਕੀਤੀ ਅਤੇ ਗਊਸ਼ਾਲਾ ਦੇ ਪ੍ਰਬੰਧਕਾਂ ਤੋਂ ਗਊਸ਼ਾਲਾਵਾਂ ਦੇ ਸੁਧਾਰ ਸੰਬੰਧੀ ਸੁਝਾਅ ਪ੍ਰਾਪਤ ਕੀਤੇ। ਟਿੱਬੀ ਸਾਹਿਬ ਗਊਸ਼ਾਲਾ ਦੇ ਨਿਰੀਖਣ ਮੌਕੇ ਡਾ. ਗੁਰਦਿੱਤ ਸਿੰਘ ਔਲਖ ਨੇ ਕੇਂਦਰ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਪਸ਼ੂ ਭਲਾਈ ਸਕੀਮਾਂ ਬਾਰੇ ਜਾਣਕਾਰੀ ਦਿੱਤੀ।ਗਊਸ਼ਾਲਾ ਕਮੇਟੀ ਦੇ ਪ੍ਰਧਾਨ ਅਮ੍ਰਿਤ ਲਾਲ ਖੁਰਾਣਾ ਨੇ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਜ਼ਿਲ੍ਹਾ ਪਸ਼ੂ ਭਲਾਈ ਸੁਸਾਇਟੀ ਵੱਲੋਂ ਸਮੇਂ-ਸਮੇਂ ਸਿਰ ਗਊਸ਼ਾਲਾ ਦਾ ਦੌਰਾ ਕੀਤਾ ਜਾਂਦਾ ਹੈ ਤੇ ਗਊ ਭਲਾਈ ਦੇ ਨੇਕ ਕਾਰਜਾਂ 'ਚ ਸਹਿਯੋਗ ਦਿੱਤਾ ਜਾਂਦਾ ਹੈ।ਇਸ ਮੌਕੇ ਡਾ. ਕੇਵਲ ਸਿੰਘ ਸੀਨੀਅਰ ਵੈਟਨਰੀ ਅਫਸਰ, ਡਾ. ਅਮਨਦੀਪ ਸੇਠੀ, ਡਾ. ਅਮਰਿੰਦਰਜੀਤ ਬਰਾੜ, ਡਾ. ਸਮਰਾਟ ਖੁਰਾਣਾ, ਵੀ ਆਈ ਦੀਪਜੋਤ ਸਿੰਘ, ਵੀ ਆਈ ਦੀਪਕ ਚੁੱਘ, ਵੀ ਆਈ ਚੈਨਦੀਪ ਸਿੰਘ, ਪ੍ਰਧਾਨ ਅਮ੍ਰਿਤ ਲਾਲ ਖੁਰਾਣਾ, ਸੁਰਿੰਦਰ ਕੁਮਾਰ, ਪ੍ਰਧਾਨ ਜੀਵਨ ਸ਼ਰਮਾ, ਚੇਅਰਮੈਨ ਇੰਦਰਜੀਤ, ਨਰੇਸ਼ ਗੋਇਲ, ਵਿਪਨ ਕੁਮਾਰ, ਰਾਜ ਕੁੱਕੜ, ਡਾ. ਸਤਪਾਲ ਆਦਿ ਹਾਜ਼ਰ ਸਨ।

## ਚੋਰੀਸ਼ੁਦਾ ਮੋਟਰਸਾਈਕਲ ਸਣੇ 3 ਗ੍ਰਿਫ਼ਤਾਰ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਵੈਰੋਕੇ ਦੀ ਪੁਲਸ ਵੱਲੋਂ ਚੋਰੀਸ਼ੁਦਾ ਇਕ ਮੋਟਰਸਾਇਕਲ ਸਣੇ 3 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ।

ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਕਸ਼ਮੀਰ ਲਾਲ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਥਾਣਾ ਵੈਰੋਕੇ ਇਲਾਕੇ ਵਿੱਚ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਲਈ ਰਵਾਨਾ ਸੀ ਤੇ ਜਦੋਂ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਤਾਰੇਵਾਲਾ ਪਹੁੰਚੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਅਬਲਖਸ਼, ਅਕਾਸ਼ਦੀਪ ਸਿੰਘ ਤੇ ਗੁਰਪ੍ਰੀਤ ਸਿੰਘ ਉਰਫ ਗੋਰੀ ਮੋਟਰਸਾਈਕਲ ਚੋਰੀ ਕਰਨ ਦੇ ਆਦੀ ਹਨ ਅਤੇ ਅੱਜ ਵੀ ਮੋਟਰਸਾਈਕਲ ਚੋਰੀ ਕਰਕੇ ਵੇਚ ਰਹੇ ਹਨ, ਜਿਸ 'ਤੇ ਪੁਲਸ ਪਾਰਟੀ ਨੇ ਸੇਮਨਾਲਾ ਤਾਲੇਵਾਲਾ ਦੇ ਕੋਲ ਪੁਲ 'ਤੇ ਨਾਕਾਬੰਦੀ ਕੀਤੀ ਗਈ ਤੇ ਇਕ ਚੋਰੀ ਦਾ ਮੋਟਰਸਾਈਕਲ ਦੇ ਨਾਲ ਅਲਬਖਸ਼ ਵਾਸੀ ਚੱਕ ਪਾਲੀਵਾਲਾ, ਅਕਾਸ਼ਦੀਪ ਸਿੰਘ ਵਾਸੀ ਮੀਨਿਆਂ ਵਾਲਾ ਤੇ ਗੁਰਪ੍ਰੀਤ ਸਿੰਘ ਉਰਫ ਗੋਰੀ ਵਾਸੀ ਕਾਠਗੜ੍ਹ ਨੂੰ ਕਾਬੂ ਕੀਤਾ ਗਿਆ ਹੈ। ਥਾਣਾ ਵੈਰੋਕੇ ਵਿਖੇ ਪੁਲਸ ਨੇ ਮੁਕੱਦਮਾ ਦਰਜ ਕੀਤਾ ਹੈ।

## ਮੀਰੀ ਪੀਰੀ ਖਾਲਸਾ ਮਾਰਚ ਦਾ ਸੰਗਤਾਂ ਵੱਲੋਂ ਨਿੱਘਾ ਸਵਾਗਤ



ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)

ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਮੀਰੀ ਪੀਰੀ ਦਿਵਸ ਨੂੰ ਸਮਰਪਤ ਮੀਰੀ ਪੀਰੀ ਖਾਲਸਾ ਮਾਰਚ (ਨਗਰ ਕੀਰਤਨ) ਸ਼ਹਿਰ ਵਿਖੇ ਪਹੁੰਚਣ 'ਤੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਗਿਆਨੀ ਕੁਲਦੀਪ ਸਿੰਘ ਗੜਗੱਜ (ਕਾਰਜਕਾਰੀ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਅਗਵਾਈ ਹੇਠ ਚੱਲ ਰਹੇ ਇਸ ਨਗਰ ਕੀਰਤਨ ਵਿੱਚ ਸੰਗਤਾਂ ਨੇ ਗੁਰੂ ਸਾਹਿਬ ਜੀ ਦੀ ਪਾਲਕੀ ਅਤੇ ਪੁਰਾਤਨ ਸ਼ਸਤਰਾਂ ਦੇ ਦਰਸ਼ਨ ਦੀਦਾਰੇ ਕੀਤੇ। ਮੀਰੀ ਪੀਰੀ ਦੇ ਮਾਲਕ, ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਮੀਰੀ ਪੀਰੀ ਦਿਵਸ ਨੂੰ ਸਮਰਪਿਤ ਵਿਸ਼ੇਸ਼ 'ਮੀਰੀ ਪੀਰੀ ਖਾਲਸਾ ਮਾਰਚ' ਨਗਰ ਕੀਰਤਨ ਫਿਰੋਜ਼ਪੁਰ ਸ਼ਹਿਰ ਵਿਖੇ ਪਹੁੰਚਿਆ। ਇੱਥੇ ਪਹੁੰਚਣ 'ਤੇ ਦੂਰ-ਦੁਰਾਡੇ ਤੋਂ ਆਈਆਂ ਵੱਡੀ ਗਿਣਤੀ ਸੰਗਤਾਂ ਨੇ ਨਗਰ ਕੀਰਤਨ ਦਾ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਨਿੱਘਾ ਸਵਾਗਤ ਕੀਤਾ। ਦੱਸਣਯੋਗ ਹੈ ਕਿ ਇਹ ਮਹਾਨ ਨਗਰ ਕੀਰਤਨ 27 ਜੁਲਾਈ ਨੂੰ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ, ਸ੍ਰੀ ਗੋਇੰਦਵਾਲ ਸਾਹਿਬ (ਤਰਨ ਤਾਰਨ) ਤੋਂ ਅਰੰਭ ਹੋਇਆ ਸੀ। ਵੱਖ-ਵੱਖ ਪੜਾਅ ਤੈਅ ਕਰਦਿਆਂ ਅਤੇ ਸੰਗਤਾਂ ਨੂੰ ਨਿਹਾਲ ਕਰਦਿਆਂ ਇਹ ਨਗਰ ਕੀਰਤਨ 29 ਜੁਲਾਈ ਨੂੰ ਗੁਰਦੁਆਰਾ ਜਾਮਨੀ ਸਾਹਿਬ (ਪਾਤਸ਼ਾਹੀ ਦਸਵੀਂ, ਬਜੀਦਪੁਰ ਸਾਹਿਬ, ਫਿਰੋਜ਼ਪੁਰ) ਵਿਖੇ ਰਾਤ ਦੇ ਵਿਸ਼ਰਾਮ ਲਈ ਰੁਕਿਆ ਸੀ। ਇਸ ਤੋਂ ਬਾਅਦ 30 ਜੁਲਾਈ ਦੀ ਸਵੇਰ ਨੂੰ ਅਰੰਭ ਹੋ ਕੇ ਇਹ ਸ਼ਹਿਰ ਵਿੱਚ ਦਾਖਲ ਹੋਇਆ। ਇਸ ਨਗਰ ਕੀਰਤਨ ਦੀ ਰੂਹਾਨੀ ਅਗਵਾਈ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਜੀ ਗੜਗੱਜ, ਕਾਰਜਕਾਰੀ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਕਰ ਰਹੇ ਹਨ। ਸ਼ਹਿਰ ਵਿੱਚ ਆਗਮਨ ਸਮੇਂ ਵੱਖ-ਵੱਖ ਸਿੱਖ ਸੰਸਥਾਵਾਂ ਅਤੇ ਆਮ ਸ਼ਰਧਾਲੂਆਂ ਵੱਲੋਂ ਨਗਰ ਕੀਰਤਨ ਵਿੱਚ ਸ਼ਾਮਲ ਸੰਗਤਾਂ ਲਈ ਥਾਂ-ਥਾਂ 'ਤੇ ਲੰਗਰ ਲਗਾਏ ਗਏ। ਇਸ ਨਗਰ ਕੀਰਤਨ ਨੂੰ ਆਯੋਜਿਤ ਕਰਨ ਦਾ ਮੁੱਖ ਉਦੇਸ਼ ਉਨ੍ਹਾਂ ਸ਼ਰਧਾਲੂਆਂ ਨੂੰ ਗੁਰੂ ਸਾਹਿਬ ਜੀ ਦੇ ਪੁਰਾਤਨ ਸ਼ਸਤਰਾਂ ਦੇ ਦਰਸ਼ਨ ਕਰਵਾਉਣਾ ਹੈ ਜੋ ਸ੍ਰੀ ਅਕਾਲ ਤਖ਼ਤ ਸਾਹਿਬ ਜਾਂ ਹੋਰ ਇਤਿਹਾਸਕ ਅਸਥਾਨਾਂ 'ਤੇ ਆਪ ਨਹੀਂ ਜਾ ਸਕਦੇ। ਇਸ ਦੇ ਨਾਲ ਹੀ ਸੰਗਤਾਂ ਨੂੰ ਸਿੱਖੀ ਸਿਧਾਂਤਾਂ ਨਾਲ ਜੋੜਨਾ, ਗੁਰੂ ਸਾਹਿਬਾਨ ਵੱਲੋਂ ਦਰਸਾਏ ਸੱਚੇ-ਸੁੱਚੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦੇਣਾ ਅਤੇ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਵਰਗੀ ਭੈੜੀ ਲਾਹਣਤ ਤੇ ਕੋੜ੍ਹ ਤੋਂ ਦੂਰ ਰੱਖਣਾ ਹੈ। ਵੱਖ-ਵੱਖ ਪਿੰਡਾਂ, ਨਗਰਾਂ ਅਤੇ ਕਸਬਿਆਂ ਤੋਂ ਹੁੰਦਾ ਹੋਇਆ ਇਹ ਨਗਰ ਕੀਰਤਨ ਅੱਜ ਰਾਤ ਦੇ ਠਹਿਰਾਅ ਲਈ ਗੁਰਦੁਆਰਾ ਖ਼ਾਲਸਾ ਦੀਵਾਨ, ਫਰੀਦਕੋਟ ਵਿਖੇ ਪਹੁੰਚੇਗਾ, ਜਿੱਥੇ ਸੰਗਤਾਂ ਵੱਲੋਂ ਜੈਕਾਰਿਆਂ ਦੀ ਗੂੰਜ ਨਾਲ ਇਸ ਦਾ ਸਵਾਗਤ ਕੀਤਾ ਜਾਵੇਗਾ।

## ਬਾਲ ਤੀਜ ਮੇਲਾ ਭਲਕੇ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)-ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਵੱਲੋਂ 2 ਅਗਸਤ ਨੂੰ ਸਵੇਰੇ 11:00 ਵਜੇ ਸਥਾਨਕ ਸਿਟੀ ਹੋਟਲ ਦੇ ਗੋਲਡਨ ਮੂਮੈਂਟਸ ਹਾਲ ਵਿਖੇ ਚੌਦਾਂ ਸਾਲ ਤੋਂ ਘੱਟ ਉਮਰ ਦੀਆਂ ਲੜਕੀਆਂ ਦਾ 'ਬਾਲ ਤੀਜ ਮੇਲਾ' ਮਨਾਇਆ ਜਾਵੇਗਾ।ਇਸ ਮੌਕੇ ਸਥਾਨਕ ਨਗਰ ਕੌਂਸਲ ਦੀ ਪਹਿਲੀ ਵਾਰ ਇਸਤਰੀ ਪ੍ਰਧਾਨ ਚੁਣੀ ਜਾਣ ਵਾਲੀ ਯੋਗਿਤਾ ਗੁੰਬਰ ਸਮਾਰੋਹ ਦੇ ਮੁੱਖ ਮਹਿਮਾਨ ਹੋਣਗੇ।ਸਮਾਰੋਹ ਵਿੱਚ ਬਤੌਰ ਵਿਸ਼ੇਸ਼ ਮਹਿਮਾਨ ਸ਼ਿਰਕਤ ਕਰਨ ਵਾਲੇ ਨਗਰ ਕੌਂਸਲ ਚੋਣਾਂ ਵਿੱਚ ਸਭ ਤੋਂ ਵੱਧ ਵੋਟਾਂ ਪ੍ਰਾਪਤ ਕਰਨ ਵਾਲੇ ਗੁਰਪਿੰਦਰ ਸਿੰਘ ਸ਼ੈਲੀ ਸੀਨੀਅਰ ਮੀਤ ਪ੍ਰਧਾਨ ਹੋਣਗੇ।ਬਾਲ ਤੀਜ ਮੇਲਾ ਸਮਾਰੋਹ ਮੌਕੇ ਪਹੁੰਚੀਆਂ ਸ਼ਖ਼ਸੀਅਤਾਂ ਨੂੰ ਸਮੁੱਚੇ ਮਿਸ਼ਨ ਵੱਲੋਂ ਛੋਟੀਆਂ ਬੱਚੀਆਂ ਨੰਦਿਤਾ ਤੇ ਮਹਿਨਾਜ ਵੱਲੋਂ ਬੁੱਕੇ ਦੇ ਕੇ ਸਨਮਾਨਤ ਕੀਤਾ ਜਾਵੇਗਾ।ਸਮਾਰੋਹ ਦੀ ਸਮਾਪਤੀ ਉਪਰੰਤ ਭਾਗ ਲੈਣ ਵਾਲੀਆਂ ਸਾਰੀਆਂ ਬੱਚੀਆਂ ਨੂੰ ਮਿਸ਼ਨ ਵੱਲੋਂ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨ ਦੁਆਰਾ ਸਨਮਾਨਤ ਕੀਤਾ ਜਾਵੇਗਾ। ਸਭਨਾਂ ਲਈ ਚਾਹ-ਪਾਣੀ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇਗਾ।

## ਲੁੱਟਖੋਹ ਦੇ ਦੋਸ਼ 'ਚ 4 ਵਿਰੁੱਧ ਮੁਕੱਦਮਾ ਦਰਜ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਅਮੀਰ ਖਾਸ ਦੀ ਪੁਲਸ ਨੇ ਇਕ ਵਿਅਕਤੀ ਪਾਸੋਂ ਮੋਟਰਸਾਈਕਲ, ਸੋਨੇ ਦੀ ਮੁੰਦਰੀ ਤੇ ਨਗਦੀ ਖੋਹਣ ਵਾਲੇ 4 ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਜਸਪਾਲ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਰਾਜ ਕੁਮਾਰ ਪੁੱਤਰ ਵੱਟੂ ਸਿੰਘ ਵਾਸੀ ਦੁੱਲੇਕੇ ਨੱਥੂ ਵਾਲਾ ਵੱਲੋਂ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਉਹ 28 ਜੁਲਾਈ 2026 ਨੂੰ ਕਰੀਬ 7 ਵਜੇ ਸ਼ਾਮ ਨੂੰ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਜਲਾਲਾਬਾਦ ਨੂੰ ਆ ਰਿਹਾ ਸੀ ਤਾਂ ਜਦੋਂ ਉਹ ਪੁਲ ਨਹਿਰ ਰੁਕਨਾ ਕਾਸਮ ਕੇ ਪੁੱਜਾ ਤਾਂ 4 ਵਿਅਕਤੀਆਂ ਨੇ ਉਸ ਦਾ ਮੋਟਰਸਾਈਕਲ ਰੋਕ ਕੇ ਕਾਪੇ ਦਿਖਾ ਕੇ ਉਸ ਪਾਸੋਂ ਮੋਬਾਇਲ, ਸੋਨੇ ਦੀ ਮੁੰਦਰੀ, 2200 ਰੁਪਏ ਤੇ ਮੋਟਰਸਾਈਕਲ ਖੋਹ ਲਿਆ ਅਤੇ ਉਸ ਨਾਲ ਕੁੱਟਮਾਰ ਕੀਤੀ, ਜਿਸ 'ਤੇ ਪੁਲਸ ਨੇ ਮੁਦੱਈ ਰਾਜ ਕੁਮਾਰ ਦੇ ਬਿਆਨਾਂ ਦੇ ਅਧਾਰ 'ਤੇ ਰਿੰਕੂ ਪੁੱਤਰ ਗੁਰਮੁੱਖ ਸਿੰਘ ਵਾਸੀ ਥਾਰਾ ਸਿੰਘ ਵਾਲਾ ਤੇ 3 ਅਣਪਛਾਤੇ ਵਿਅਕਤੀਆਂ ਵਿਰੁੱਧ ਥਾਣਾ ਅਮੀਰ ਖਾਸ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

## ਰੋਟਰੀ ਕਲੱਬ ਸਿਟੀ ਵੱਲੋਂ ਭੋਜਨ ਤੇ ਸਟੇਸ਼ਨਰੀ ਵੰਡ ਸਮਾਰੋਹ



ਸਮਾਣਾ (ਗੁਰਪਿਆਰ ਸਿੰਘ ਬੱਲ)-ਰੋਟਰੀ ਕਲੱਬ ਸਮਾਣਾ ਸਿਟੀ ਵੱਲੋਂ ਵੀਰਵਾਰ ਨੂੰ ਜ਼ਿਲ੍ਹਾ ਫਸਟ ਲੇਡੀ ਰੋਟੇਰੀਅਨ ਸਾਰੀ ਸਿੰਗਲਾ ਦੀ ਵਿਸ਼ੇਸ਼ ਹਾਜ਼ਰੀ ਹੇਠ ਮਹਿਲਾ ਸੇਵਾ ਪ੍ਰੋਜੈਕਟ ਸਫਲਤਾਪੂਰਵਕ ਨੇਪਰੇ ਚਾੜ੍ਹਿਆ ਗਿਆ।ਪ੍ਰੋਗਰਾਮ ਦੇ ਪਹਿਲੇ ਚਰਨ ਵਿੱਚ, ਸਤੀ ਮੰਦਿਰ ਬਿਰਧ ਆਸ਼ਰਮ ਵਿਖੇ ਇੱਕ ਵਿਸ਼ੇਸ਼ ਭੋਜਨ ਵੰਡ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਆਸ਼ਰਮ ਦੇ ਬਜ਼ੁਰਗਾਂ ਨੂੰ ਪੂਰੇ ਸਤਿਕਾਰ ਅਤੇ ਪ੍ਰੇਮ ਸਹਿਤ ਭੋਜਨ ਛਕਾਇਆ ਗਿਆ।ਇਸ ਉਪਰੰਤ, ਸਤੀ ਮੰਦਰ ਸਕੂਲ ਦੇ ਲੋੜਵੰਦ ਵਿਦਿਆਰਥੀਆਂ ਨੂੰ ਭੋਜਨ ਅਤੇ ਸਟੇਸ਼ਨਰੀ ਸਮੱਗਰੀ ਵੰਡੀ ਗਈ।ਇਹ ਪੂਰਾ ਆਯੋਜਨ ਕਲੱਬ ਪ੍ਰਧਾਨ ਰੋਟੇਰੀਅਨ ਵਾਨਿਕਾ ਗੋਇਲ, ਸਕੱਤਰ ਰੋਟੇਰੀਅਨ ਸਾਨੂ ਗਰਗ, ਅਤੇ ਖਜ਼ਾਨਚੀ ਰੋਟੇਰੀਅਨ ਸੀਮਾ ਗਰਗ ਦੀ ਸਾਂਝੀ ਅਗਵਾਈ ਹੇਠ ਸੰਪੰਨ ਹੋਇਆ।

## ਗਾਜੇਵਾਸ ਤੇ ਕੁਲਬੁਰਛਾਂ 'ਚ ਗੁਰੂ ਰਵਿਦਾਸ ਜੀ ਬਾਰੇ ਡਾਕੂਮੈਂਟਰੀ ਦਿਖਾਈ



ਸਮਾਣਾ (ਗੁਰਪਿਆਰ ਸਿੰਘ ਬੱਲ)-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐੱਲ.ਈ.ਡੀ. ਸਕਰੀਨ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ।ਸਮਾਣਾ ਦੇ ਪਿੰਡ ਗਾਜੇਵਾਸ ਤੇ ਕਲਬੁਰਛਾਂ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ।ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਨ੍ਹਾ ਹੀ ਪ੍ਰਸੰਗਕ ਹੈ ਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ।ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਹਰਗੋਬਿੰਦ ਪਬਲਿਕ ਸਕੂਲ ਵਿਖੇ ਊਧਮ ਸਿੰਘ ਦਾ ਸ਼ਹੀਦੀ ਦਿਵਸ ਮਨਾਇਆ



ਬਠਿੰਡਾ (ਰਾਜੀਵ ਗੋਇਲ)-ਹਰਗੋਬਿੰਦ ਪਬਲਿਕ ਸਕੂਲ ਕਾਂਗੜ ਵਿਖੇ ਸਕੂਲ ਦੇ ਪ੍ਰਿੰਸੀਪਲ ਸੋਨੂੰ ਕੁਮਾਰ ਕਾਂਗੜ ਦੀ ਅਗਵਾਈ 'ਚ ਸਕੂਲੀ ਵਿਦਿਆਰਥੀਆਂ ਵੱਲੋਂ ਸ਼ਹੀਦੀ ਦਿਵਸ ਮਨਾਇਆ ਗਿਆ। ਸਕੂਲ ਪ੍ਰਿੰਸੀਪਲ ਸੋਨੂੰ ਕਾਂਗੜ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਸ਼ਹੀਦ ਦੇਸ਼ ਦਾ ਸਰਮਾਇਆ ਹਨ ਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਪ੍ਰਤੀ ਦੇਸ਼ ਦੇ ਬੱਚੇ ਤੇ ਨੌਜਵਾਨਾਂ ਨੂੰ ਜਾਣਕਾਰੀ ਦੇਣਾ ਸਾਡਾ ਮੁੱਢਲਾ ਫਰਜ਼ ਹੈ। ਇਸ ਮੌਕੇ ਧਾਰਮਿਕ ਵਿਸ਼ੇ ਦੇ ਅਧਿਆਪਕਾਂ ਪਲਵਿੰਦਰ ਕੌਰ ਨੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਬੱਚਿਆਂ ਨੂੰ ਸ਼ਹੀਦ ਊਧਮ ਸਿੰਘ ਦੇ ਜੀਵਨ ਤੇ ਕੁਰਬਾਨੀਆਂ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ। ਸਕੂਲ ਦੇ ਵਿਦਿਆਰਥੀਆਂ ਨੇ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਵਸ 'ਤੇ ਕਵੀਸ਼ਰੀ ਤੇ ਕਵਿਤਾਵਾਂ ਪੇਸ਼ ਕੀਤੀਆਂ। ਇਸ ਮੌਕੇ ਸਕੂਲ ਦਾ ਸਟਾਫ਼ ਨੀਤੂ ਸ਼ਰਮਾ, ਬਲਵਿੰਦਰ ਕੌਰ, ਰਣਜੀਤ ਕੌਰ, ਸਵਰਨਜੀਤ ਕੌਰ, ਗੁਰਪ੍ਰੀਤ ਕੌਰ, ਪਵਨਪ੍ਰੀਤ ਕੌਰ, ਜਸਵੀਰ ਕੌਰ, ਤਰਨਵੀਰ ਕੌਰ, ਰਣਦੀਪ ਕੌਰ, ਲਵਪ੍ਰੀਤ ਕੌਰ, ਅਮਨਦੀਪ ਕੌਰ, ਜਸਪ੍ਰੀਤ ਕੌਰ, ਦਵਿੰਦਰ ਕੁਮਾਰ ਆਦਿ ਹਾਜ਼ਰ ਸਨ।

## ਬੈਂਸ ਪਰਵਾਰ ਵੱਲੋਂ ਸਰਕਾਰੀ ਸਕੂਲ ਨੂੰ ਇਨਵਰਟਰ ਦਾਨ



ਗੁਰੂਸਰ (ਸੁਧਾਰ ਸੰਤੋਖ ਗਿੱਲ)-ਸਖ਼ਤ ਗਰਮੀ ਤੇ ਲਗਾਤਾਰ ਬਿਜਲੀ ਕੱਟਾਂ ਤੋਂ ਪ੍ਰੇਸ਼ਾਨ ਗ਼ਰੀਬ ਸਕੂਲੀ ਵਿਦਿਆਰਥੀਆਂ ਦੀ ਸਮੱਸਿਆ ਨੂੰ ਦੇਖਦਿਆਂ ਪਿੰਡ ਐਤੀਆਣਾ ਦੇ ਸਵਰਗੀ ਨਾਜ਼ਰ ਸਿੰਘ ਬੈਂਸ ਦੇ ਪੁੱਤਰ ਹਰੀ ਸਿੰਘ ਅਤੇ ਪਰਿਵਾਰ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਐਤੀਆਣਾ ਨੂੰ ਇਨਵਰਟਰ ਤੇ ਬੈਟਰੀਆਂ ਦਾਨ ਕੀਤੀਆਂ ਗਈਆਂ ਹਨ।ਸਾਬਕਾ ਸਰਪੰਚ ਲਖਵੀਰ ਸਿੰਘ ਨੇ ਦੱਸਿਆ ਕਿ ਪਿਛਲੇ ਦਿਨਾਂ ਵਿੱਚ ਲਗਾਤਾਰ ਬਿਜਲੀ ਕੱਟ ਲੱਗਣ ਕਾਰਨ ਵਿਦਿਆਰਥੀ ਬਹੁਤ ਪ੍ਰੇਸ਼ਾਨ ਸਨ।ਉਨ੍ਹਾਂ ਦੱਸਿਆ ਕਿ ਬੈਂਸ ਪਰਿਵਾਰ ਪਹਿਲਾਂ ਵੀ ਪਿੰਡ ਦੇ ਵਿਕਾਸ ਕਾਰਜਾਂ ਵਿੱਚ ਯੋਗਦਾਨ ਪਾਉਂਦੇ ਰਹਿੰਦੇ ਹਨ।ਇਸ ਮੌਕੇ ਸਹਿਕਾਰੀ ਸਭਾ ਦੇ ਪ੍ਰਧਾਨ ਇੰਦਰਜੀਤ ਸਿੰਘ ਸਿੱਧੂ, ਮੁੱਖ ਅਧਿਆਪਕ ਬਲਜੀਤ ਸਿੰਘ, ਦਪਿੰਦਰ ਸਿੰਘ, ਦਰਸ਼ਨਾਂ ਰਾਣੀ, ਮਨਪ੍ਰੀਤ ਕੌਰ ਤੇ ਆਮ ਆਦਮੀ ਪਾਰਟੀ ਦੇ ਆਗੂ ਐਡਵੋਕੇਟ ਲਵਪ੍ਰੀਤ ਸਿੰਘ ਵੀ ਮੌਜੂਦ ਸਨ।

## ਧਰਮਿੰਦਰ ਸਿੰਘ ਸੀ ਪੀ ਐੱਫ ਕਰਮਚਾਰੀ ਯੂਨੀਅਨ ਦੇ ਜ਼ੋਨਲ ਇੰਚਾਰਜ ਬਣੇ

### ਸੰਦੀਪ ਸਿੰਘ ਵਾਲੀਆਂ ਸੂਬਾ ਮੀਤ ਪ੍ਰਧਾਨ ਨਿਯੁਕਤ



ਮਾਨਸਾ (ਆਤਮਾ ਸਿੰਘ ਪਮਾਰ)-ਪੁਰਾਣੀ ਪੈਨਸ਼ਨ ਬਹਾਲੀ ਲਈ ਸੂਬੇ ਭਰ 'ਚ ਲਗਾਤਾਰ ਸੰਘਰਸ਼ ਕਰ ਰਹੀ ਸੀ.ਪੀ.ਐੱਫ. ਕਰਮਚਾਰੀ ਯੂਨੀਅਨ ਪੰਜਾਬ ਨੇ ਸੰਗਠਨ ਦੀ ਹੋਰ ਮਜ਼ਬੂਤੀ ਲਈ ਅਹਿਮ ਨਿਯੁਕਤੀਆਂ ਦਾ ਕੀਤੀਆਂ ਹਨ।ਸੂਬਾ ਪ੍ਰਧਾਨ ਸੁਖਜੀਤ ਸਿੰਘ ਨੇ ਗੱਲਬਾਤ ਦੌਰਾਨ ਦੱਸਿਆ ਕਿ ਧਰਮਿੰਦਰ ਸਿੰਘ ਹੀਰੇਵਾਲਾ ਨੂੰ ਜੋਨਲ ਇੰਚਾਰਜ, ਮਾਲਵਾ-2 ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਨੂੰ ਬਰਨਾਲਾ, ਸੰਗਰੂਰ, ਮਲੇਰਕੋਟਲਾ, ਬਠਿੰਡਾ ਤੇ ਮਾਨਸਾ ਜ਼ਿਲ੍ਹਿਆਂ 'ਚ ਯੂਨੀਅਨ ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਤੇ ਕਰਮਚਾਰੀਆਂ ਨੂੰ ਇਕਜੁੱਟ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।ਸੰਦੀਪ ਸਿੰਘ ਵਾਲੀਆਂ ਨੂੰ ਸੂਬਾ ਮੀਤ ਪ੍ਰਧਾਨ ਨਿਯੁਕਤ ਕਰਕੇ ਯੂਨੀਅਨ ਦੀ ਸੂਬਾ ਪੱਧਰੀ ਟੀਮ ਨੂੰ ਹੋਰ ਮਜ਼ਬੂਤ ਕਰਨ ਵੱਲ ਧਿਆਨ ਦਿੱਤਾ ਗਿਆ ਹੈ।ਆਗੂਆਂ ਨੇ ਕਿਹਾ ਕਿ ਪੁਰਾਣੀ ਪੈਨਸ਼ਨ ਕੋਈ ਖ਼ੈਰਾਤ ਨਹੀਂ, ਸਗੋਂ ਕਰਮਚਾਰੀਆਂ ਦਾ ਸੰਵਿਧਾਨਕ ਹੱਕ ਹੈ।ਇਸ ਦੀ ਬਹਾਲੀ ਲਈ ਸੰਘਰਸ਼ ਹੋਰ ਤੇਜ਼, ਸੁਚੱਜੇ ਤੇ ਪ੍ਰਭਾਵਸ਼ਾਲੀ ਢੰਗ ਨਾਲ ਜਾਰੀ ਰੱਖਿਆ ਜਾਵੇਗਾ।ਨਵ-ਨਿਯੁਕਤ ਆਗੂਆਂ ਧਰਮਿੰਦਰ ਸਿੰਘ ਹੀਰੇਵਾਲਾ ਤੇ ਸੰਦੀਪ ਸਿੰਘ ਵਾਲੀਆਂ ਨੇ ਇਸ ਮੌਕੇ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਕਰਮਚਾਰੀਆਂ ਦੇ ਹੱਕਾਂ ਦੀ ਰੱਖਿਆ, ਸੰਗਠਨ ਦੇ ਵਿਸਥਾਰ ਤੇ ਪੁਰਾਣੀ ਪੈਨਸ਼ਨ ਬਹਾਲੀ ਦੀ ਲੜਾਈ ਨੂੰ ਹਰ ਪੱਧਰ 'ਤੇ ਮਜ਼ਬੂਤ ਕਰਨ 'ਚ ਕੋਈ ਕਸਰ ਬਾਕੀ ਨਹੀਂ ਛੱਡਣਗੇ।ਜਥੇਬੰਦੀ ਨੇ ਸਮੂਹ ਸੀ.ਪੀ.ਐੱਫ. ਕਰਮਚਾਰੀਆਂ ਨੂੰ ਸੱਦਾ ਦਿੱਤਾ ਕਿ ਉਹ ਆਪਸੀ ਏਕਤਾ ਮਜ਼ਬੂਤ ਕਰਦਿਆਂ ਇਸ ਲੋਕ-ਹਿੱਤ ਤੇ ਕਰਮਚਾਰੀ-ਹਿੱਤ ਦੀ ਲੜਾਈ 'ਚ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਉਣ, ਤਾਂ ਜੋ ਪੁਰਾਣੀ ਪੈਨਸ਼ਨ ਬਹਾਲੀ ਲਈ ਸਰਕਾਰ 'ਤੇ ਲਗਾਤਾਰ ਦਬਾਅ ਬਣਾ ਕੇ ਇਸ ਨੂੰ ਮੁੜ ਤੋਂ ਲਾਗੂ ਕਰਵਾਇਆ ਜਾ ਸਕੇ।ਇਸ ਮੌਕੇ ਪ੍ਰਭਜੋਤ ਸਿੰਘ, ਮਲਕੀਤ ਸਿੰਘ ਖਿਆਲਾ, ਗੁਰਲਾਲ ਸਿੰਘ, ਹਰਵਿੰਦਰ ਸਿੰਘ, ਸੁਰਿੰਦਰ ਸਿੰਘ, ਪ੍ਰਦੀਪ ਕੁਮਾਰ, ਗੁਣਸ਼ੀਲ ਕੁਮਾਰ, ਹਰਦੀਪ ਸਿੰਘ, ਰਵਿੰਦਰ ਮਾਨਸਾ, ਨਰਿੰਦਰ ਮਾਨਸਾ, ਜਸਕਰਨ ਬਰ੍ਹੇ, ਰੋਮੀ ਆਦਮਕੇ, ਮਾਨਤ ਸਿੰਘ ਅੱਕਾਂਵਾਲੀ ਤੇ ਲਕਸ਼ਵੀਰ ਲੱਕੀ ਹਾਜ਼ਰ ਸਨ।

## ਸ਼ਹੀਦਾਂ ਦੇ ਅਧੂਰੇ ਮਿਸ਼ਨ ਨੂੰ ਪੂਰਾ ਕਰਨ ਤੇ ਕਾਰਪੋਰੇਟ ਲੁੱਟ ਖ਼ਿਲਾਫ਼ ਲੋਕ ਲਹਿਰ ਉਸਾਰਨ ਦੀ ਅਪੀਲ



ਰਾਏਕੋਟ (ਸੰਤੋਖ ਗਿੱਲ)-ਕਾਮਾਗਾਟਾਮਾਰੂ ਯਾਦਗਾਰ ਕਮੇਟੀ ਦੀ ਸ਼ਹਿਜ਼ਾਦ ਇਕਾਈ ਵੱਲੋਂ ਪਿੰਡ ਵਾਸੀਆਂ ਤੇ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਸ਼ਹੀਦ ਊਧਮ ਸਿੰਘ ਸੁਨਾਮ ਦੀ 86ਵੀਂ ਬਰਸੀ ਮੌਕੇ ਸਮਾਗਮ ਕਰਵਾਇਆ ਗਿਆ।ਸਮਾਗਮ ਦੌਰਾਨ ਦੇਸੀ-ਵਿਦੇਸ਼ੀ ਕਾਰਪੋਰੇਟ ਘਰਾਣਿਆਂ ਦੀ ਲੁੱਟ ਵਿਰੁੱਧ ਸੰਘਰਸ਼ ਤੇਜ਼ ਕਰਨ ਤੇ ਸ਼ਹੀਦਾਂ ਦੇ ਅਧੂਰੇ ਮਿਸ਼ਨ ਨੂੰ ਅੱਗੇ ਵਧਾਉਣ ਦਾ ਸੱਦਾ ਦਿੱਤਾ ਗਿਆ। ਸਮਾਗਮ ਦੀ ਪ੍ਰਧਾਨਗੀ ਐਡਵੋਕੇਟ ਕੁਲਦੀਪ ਸਿੰਘ ਕਿਲ੍ਹਾ ਰਾਏਪੁਰ, ਜਸਦੇਵ ਸਿੰਘ ਲਲਤੋਂ, ਮਲਕੀਤ ਸਿੰਘ ਬੱਦੋਵਾਲ, ਸ਼ਿੰਦਰ ਸਿੰਘ ਜਵੱਦੀ, ਜਸਵੰਤ ਸਿੰਘ ਮਾਨ ਤੇ ਜੋਗਿੰਦਰ ਸਿੰਘ ਸ਼ਹਿਜ਼ਾਦ ਨੇ ਕੀਤੀ। ਸਮਾਗਮ ਦੀ ਸ਼ੁਰੂਆਤ ਦੋ ਮਿੰਟ ਦਾ ਮੌਨ ਧਾਰ ਕੇ ਸ਼ਹੀਦ ਊਧਮ ਸਿੰਘ ਤੇ ਹੋਰ ਦੇਸ਼ ਭਗਤਾਂ ਨੂੰ ਸ਼ਰਧਾਂਜਲੀ ਭੇਟ ਕਰਨ ਨਾਲ ਹੋਈ।ਲੋਕ ਕਵੀਸ਼ਰ ਰਾਮ ਸਿੰਘ ਹਠੂਰ ਨੇ ਇਨਕਲਾਬੀ ਗੀਤਾਂ ਤੇ ਕਵੀਸ਼ਰੀ ਰਾਹੀਂ ਦੇਸ਼ ਭਗਤੀ ਦਾ ਮਾਹੌਲ ਸਿਰਜਿਆ।ਵੱਖ-ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਸ਼ਹੀਦ ਊਧਮ ਸਿੰਘ ਦੇ ਸੰਘਰਸ਼ਮਈ ਜੀਵਨ, ਜਲ੍ਹਿਆਂਵਾਲਾ ਬਾਗ਼ ਕਤਲੇਆਮ ਦਾ ਬਦਲਾ ਲੈਣ ਲਈ ਕੀਤੀ ਇਤਿਹਾਸਕ ਕਾਰਵਾਈ ਤੇ ਉਨ੍ਹਾਂ ਦੀ ਸ਼ਹਾਦਤ ਤੇ ਗ਼ਦਰ ਪਾਰਟੀ, ਬੱਬਰ ਅਕਾਲੀ ਲਹਿਰ, ਹਿੰਦੁਸਤਾਨ ਸੋਸ਼ਲਿਸਟ ਰਿਪਬਲਿਕਨ ਐਸੋਸੀਏਸ਼ਨ ਸਮੇਤ ਵੱਖ-ਵੱਖ ਇਨਕਲਾਬੀ ਧਾਰਾਵਾਂ ਨਾਲ ਉਨ੍ਹਾਂ ਦੇ ਸਬੰਧਾਂ ਦਾ ਜ਼ਿਕਰ ਕੀਤਾ।ਬੁਲਾਰਿਆਂ ਨੇ ਸ਼ਹੀਦ ਊਧਮ ਸਿੰਘ ਦਾ ਸੁਪਨਾ ਲੋਕ-ਪੱਖੀ, ਜਮਹੂਰੀ ਤੇ ਕਿਰਤੀ ਵਰਗ ਦੀ ਸਰਦਾਰੀ ਵਾਲਾ ਸਮਾਜ ਸਿਰਜਣ ਲਈ ਸੰਘਰਸ਼ ਜਾਰੀ ਰੱਖਣ ਦਾ ਸੱਦਾ ਦਿੱਤਾ।ਇਸ ਮੌਕੇ ਕਿਸਾਨ ਮੋਰਚੇ ਸਮੇਤ ਹੋਰ ਘੋਲਾਂ ਵਿੱਚ ਭਾਗ ਲੈਣ ਵਾਲੇ ਕਈ ਵਿਅਕਤੀਆਂ ਦਾ ਸਨਮਾਨ ਕੀਤਾ ਗਿਆ।ਸਰਪੰਚ ਸਿਕੰਦਰ ਸਿੰਘ ਸ਼ਹਿਜ਼ਾਦ, ਪ੍ਰੇਮ ਸਿੰਘ ਸ਼ਹਿਜ਼ਾਦ, ਕਾਮਰੇਡ ਬਲਵਿੰਦਰ ਸਿੰਘ ਸ਼ਹਿਜ਼ਾਦ, ਮਹਿੰਦਰ ਸਿੰਘ ਗਰੇਵਾਲ ਸਮੇਤ ਹੋਰ ਅਹਿਮ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ।

## ਸਿਟੀਜ਼ਨ ਵੈੱਲਫੇਅਰ ਕੌਂਸਲ ਨੇ ਸ਼ਹੀਦੀ ਦਿਹਾੜਾ ਮਨਾਇਆ



ਜਲਾਲਾਬਾਦ (ਜੀਤ ਕੁਮਾਰ)-ਸਿਟੀਜਨ ਵੈੱਲਫੇਅਰ ਕੌਂਸਲ ਜਲਾਲਾਬਾਦ ਵੱਲੋਂ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਜਲਾਲਾਬਾਦ ਵਿਖੇ ਆਦਮ-ਕੱਦ ਬੁੱਤ ਨੂੰ ਫੁੱਲਾਂ ਦੇ ਹਾਰ ਪਾ ਕੇ ਸ਼ਰਧਾਂਜਲੀ ਭੇਟ ਕੀਤੀ ਗਈ ਤੇ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਇਸ ਮੌਕੇ ਕੌਂਸਲ ਦੇ ਪ੍ਰਧਾਨ ਪ੍ਰਕਾਸ਼ ਦੋਸ਼ੀ ਨੇ ਸ਼ਹੀਦ ਊਧਮ ਸਿੰਘ ਜੀ ਦੇ ਕੁਰਬਾਨੀ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਸੁਪਨਿਆਂ ਦਾ ਸਮਾਜ ਬਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਸ਼ਹੀਦ ਊਧਮ ਸਿੰਘ ਦੀ ਜੀਵਨੀ 'ਤੇ ਵਿਸਥਾਰ ਨਾਲ ਚਾਨਣਾ ਪਾਇਆ। ਇਸ ਮੌਕੇ ਸਿਟੀਜਨ ਵੈੱਲਫੇਅਰ ਕੌਂਸਲ ਦੇ ਪ੍ਰਧਾਨ ਪ੍ਰਕਾਸ਼ ਦੋਸ਼ੀ, ਜਨਰਲ ਸਕੱਤਰ ਦੁਨੀ ਚੰਦ ਬੱਤਰਾ, ਕੈਸ਼ੀਅਰ ਅਸ਼ੋਕ ਗਗਨੇਜਾ, ਸਤੀਸ਼ ਚਰਾਇਆ, ਦੇਵ ਰਾਜ ਸ਼ਰਮਾ, ਕੇਦਾਰ ਨਾਥ ਨਾਗਪਾਲ ਮੇਜਰ ਸਿੰਘ, ਰਾਜ ਗਗਨੇਜਾ ਸਰਪ੍ਰਸਤ, ਨਿਸ਼ਾਨ ਸਿੰਘ ਨਿੱਝਰ, ਪ੍ਰਵੇਸ਼ ਖੰਨਾ, ਪੂਰਨ ਭਗਤ ਮੱਕੜ, ਬਲਬੀਰ ਸਿੰਘ ਰਹੇਜਾ, ਮਦਨ ਲਾਲ ਗੁੰਬਰ, ਰੰਜੀਵ ਦਹੂਜਾ, ਗੁਰਜਿੰਦਰ ਧਮੀਜਾ, ਸੁਖ ਨਰਾਇਣ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਮੌਜੂਦ ਸਨ।

# ਭਰਾਜ ਨੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਾਈ



ਭਵਾਨੀਗੜ੍ਹ/ਸੰਗਰੂਰ (ਰਾਜ ਖੁਰਮੀ/ਪ੍ਰਵੀਨ ਸਿੰਘ) ਵਿਧਾਇਕ ਨਰਿੰਦਰ ਕੌਰ ਭਰਾਜ ਨੇ ਪਿੰਡ ਝਨੇੜੀ ਤੇ ਭਵਾਨੀਗੜ੍ਹ ਦੇ ਵਾਰਡ ਨੰਬਰ 5 ਅਤੇ 12 ਵਿੱਚ ਕਰਵਾਈ ਲੋਕ ਮਿਲਣੀ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਸੁਣਦਿਆਂ ਪਿੰਡ ਝਨੇੜੀ ਵਿੱਚ ਪਬਲਿਕ ਸ਼ੈੱਡ ਦੇ ਨਿਰਮਾਣ ਲਈ 10 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ।ਇਸ ਦੇ ਨਾਲ ਹੀ ਉਨ੍ਹਾਂ ਲਗਭਗ 17 ਲੱਖ ਰੁਪਏ ਦੀ ਲਾਗਤ ਨਾਲ ਸਟੇਡੀਅਮ ਤੇ ਧਾਰਮਿਕ ਸਥਾਨਾਂ ਨੂੰ ਜਾਂਦੇ ਰਸਤੇ ਨੂੰ ਇੰਟਰਲਾਕ ਟਾਈਲਾਂ ਨਾਲ ਪੱਕਾ ਕਰਨ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਵੀ ਕਰਵਾਈ।ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਤੇ ਸ਼ਹਿਰੀ ਖੇਤਰਾਂ ਦੇ ਸੰਤੁਲਿਤ ਵਿਕਾਸ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਬੁਨਿਆਦੀ ਸਹੂਲਤਾਂ ਵਿੱਚ ਸੁਧਾਰ ਲਿਆਉਣਾ ਸਰਕਾਰ ਦੀ ਮੁੱਖ ਤਰਜੀਹ ਹੈ ਤੇ ਵਿਕਾਸ ਕਾਰਜਾਂ ਵਿੱਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਪਿੰਡ ਝਨੇੜੀ ਵਿੱਚ ਪਬਲਿਕ ਸ਼ੈੱਡ ਦੀ ਮੰਗ ਲੰਬੇ ਸਮੇਂ ਤੋਂ ਕੀਤੀ ਜਾ ਰਹੀ ਸੀ, ਜਿਸ ਨੂੰ ਧਿਆਨ ਵਿੱਚ ਰੱਖਦਿਆਂ 10 ਲੱਖ ਰੁਪਏ ਦੀ ਗ੍ਰਾਂਟ ਮਨਜ਼ੂਰ ਕੀਤੀ ਗਈ ਹੈ।ਸ਼ੈੱਡ ਦੇ ਬਣਨ ਨਾਲ ਪਿੰਡ ਵਾਸੀਆਂ ਨੂੰ ਸਮਾਜਿਕ, ਧਾਰਮਿਕ ਅਤੇ ਹੋਰ ਜਨਤਕ ਸਮਾਗਮਾਂ ਲਈ ਸੁਵਿਧਾਜਨਕ ਸਥਾਨ ਉਪਲਬਧ ਹੋਵੇਗਾ।ਵਿਧਾਇਕ ਨੇ ਕਿਹਾ ਕਿ ਕਰੀਬ 17 ਲੱਖ ਰੁਪਏ ਦੀ ਲਾਗਤ ਨਾਲ ਸਟੇਡੀਅਮ ਤੇ ਧਾਰਮਿਕ ਸਥਾਨਾਂ ਨੂੰ ਜਾਣ ਵਾਲੇ ਰਸਤੇ ਨੂੰ ਇੰਟਰਲਾਕ ਟਾਈਲਾਂ ਨਾਲ ਪੱਕਾ ਕੀਤਾ ਜਾ ਰਿਹਾ ਹੈ, ਜਿਸ ਨਾਲ ਆਵਾਜਾਈ ਸੁਗਮ ਹੋਵੇਗੀ ਤੇ ਪਿੰਡ ਦੀਆਂ ਬੁਨਿਆਦੀ ਸਹੂਲਤਾਂ ਵਿੱਚ ਹੋਰ ਸੁਧਾਰ ਆਵੇਗਾ।

# ਦੇਸ਼ ਤੇ ਸੂਬੇ ਦੀ ਅਣਖ ਨੂੰ ਜਗਾਉਣ 'ਚ ਸ਼ਹੀਦ ਊਧਮ ਸਿੰਘ ਦੀ ਸ਼ਹਾਦਤ ਬੇਮਿਸਾਲ : ਵਿਧਾਇਕ ਰਾਏ



ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) ਸ਼ਹੀਦ ਊਧਮ ਸਿੰਘ ਜੀ ਦੇ 86ਵੇਂ ਸ਼ਹੀਦੀ ਦਿਹਾੜੇ ਮੌਕੇ ਸ਼ਹੀਦ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਰੋਜ਼ਾ ਸ਼ਰੀਫ ਨੇੜੇ ਸਥਿਤ ਸ਼ਹੀਦੀ ਸਮਾਰਕ ਵਿਖੇ ਰੱਖੇ ਪ੍ਰੋਗਰਾਮ ਮੌਕੇ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ, ਵਧੀਕ ਡਿਪਟੀ ਕਮਿਸ਼ਨਰ (ਜ) ਅਮਰਬੀਰ ਕੌਰ ਭੁੱਲਰ, ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਕਰੁਣ ਗੁਪਤਾ, ਤਹਿਸੀਲਦਾਰ ਵਿਸ਼ਾਲ ਵਰਮਾ, ਪ੍ਰਧਾਨ ਨਗਰ ਕੌਂਸ਼ਲ ਆਸ਼ਾ ਰਾਣੀ ਸਮੇਤ ਹੋਰਨਾਂ ਵੱਖ-ਵੱਖ ਸ਼ਖ਼ਸੀਅਤਾਂ ਨੇ ਮਹਾਨ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਸਾਡੇ ਦੇਸ਼ ਅਤੇ ਸੂਬੇ ਦੀ ਅਣਖ ਨੂੰ ਜਗਾਉਣ ਵਿੱਚ ਸ਼ਹੀਦ ਊਧਮ ਸਿੰਘ ਜੀ ਦੀ ਸ਼ਹਾਦਤ ਬੇਮਿਸਾਲ ਹੈ, ਜਿਸ ਨੂੰ ਨਤਮਸਤਕ ਹੋਣਾ ਸਾਡੀ ਸਾਰਿਆਂ ਦੀ ਜਿੰਮੇਵਾਰੀ ਹੈ। ਵਧੀਕ ਡਿਪਟੀ ਕਮਿਸ਼ਨਰ(ਜਨਰਲ) ਸ੍ਰੀਮਤੀ ਅਮਰਬੀਰ ਕੌਰ ਭੁੱਲਰ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਜੀ ਦਾ ਨਾਂਅ ਇਤਿਹਾਸ ਵਿੱਚ ਉਸ ਬਹਾਦਰ ਯੋਧੇ ਦੇ ਰੂਪ ਵਿੱਚ ਦਰਜ ਹੈ, ਜਿਨ੍ਹਾਂ ਨੇ ਸੱਤ ਸਮੁੰਦਰ ਪਾਰ ਜਾ ਕੇ ਦੇਸ਼ ਦੇ ਸਵੈਮਾਣ ਦੀ ਰਾਖੀ ਕੀਤੀ।ਉਨ੍ਹਾਂ ਦੀ ਮਹਾਨ ਸ਼ਹਾਦਤ ਅੱਜ ਵੀ ਸਾਡੇ ਲਈ ਦੇਸ਼ ਸੇਵਾ ਦੀ ਸਭ ਤੋਂ ਵੱਡੀ ਪ੍ਰੇਰਣਾ ਹੈ।

# ਗਰੀਨ ਮਿਸ਼ਨ ਸੁਸਾਇਟੀ ਨੇ ਵਿਦਿਆਰਥੀਆਂ ਨੂੰ ਸਟੇਸ਼ਨਰੀ ਵੰਡੀ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਇੱਕ ਦਾਨੀ ਸਮਾਜ ਸੇਵੀ ਵੱਲੋਂ ਆਪਣਾ ਨਾਮ ਗੁਪਤ ਰੱਖਣ ਦੀ ਸ਼ਰਤ 'ਤੇ ਗਰੀਨ ਮਿਸ਼ਨ ਵੈਲਫੇਅਰ ਸੁਸਾਇਟੀ (ਰਜਿ.) ਦੇ ਸਹਿਯੋਗ ਨਾਲ ਸਰਕਾਰੀ ਪ੍ਰਾਇਮਰੀ ਸਕੂਲ ਲਹਿਰਾ ਧੂਰਕੋਟ ਵਿਖੇ ਲੋੜਵੰਦ ਬੱਚਿਆਂ ਨੂੰ ਕਾਪੀਆਂ ਤੇ ਸਟੇਸ਼ਨਰੀ ਵੰਡੀ ਗਈ। ਗਰੀਨ ਮਿਸ਼ਨ ਵੈਲਫੇਅਰ ਸੁਸਾਇਟੀ ਦੇ ਕਨਵੀਨਰ ਧਰਮਪਾਲ ਢੱਡਾ, ਐਡਵੋਕੇਟ ਕ੍ਰਿਸ਼ਨ ਚੰਦ ਜੈਨ, ਬਲਦੇਵ ਜਿੰਦਲ, ਜਸ਼ਲਪ੍ਰੀਤ ਸਿੰਘ ਸਿੱਧੂ, ਗੁਰਗਿਆਨ ਸਿੰਘ (ਜੇ. ਈ.), ਦਕਸ਼ ਗਰਗ ਤੇ ਸਾਬਕਾ ਸੈਨਿਕ ਨਾਜਰ ਸਿੰਘ ਨਾਫ਼ਰੀਆ (ਮੈਂਬਰ ਰੇਲਵੇ ਬੋਰਡ) ਤੋਂ ਇਲਾਵਾ ਸਮਾਜ ਸੇਵੀ ਬਲਜਿੰਦਰ ਸਿੰਘ (ਰਿਟਾ. ਪ੍ਰਿੰਸੀਪਲ) ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਆਪਣੀ ਜ਼ਿੰਮੇਵਾਰੀ ਬਾਖ਼ੂਬੀ ਨਿਭਾਈ। ਸਮਾਰੋਹ ਦੌਰਾਨ ਹੋਇਆ ਸਾਰਾ ਖ਼ਰਚਾ ਗੁਪਤ ਦਾਨੀ ਵੱਲੋਂ ਦਿੱਤਾ ਗਿਆ। ਉਨ੍ਹਾਂ ਨੇ ਗਰੀਨ ਮਿਸ਼ਨ ਵੈਲਫੇਅਰ ਸੁਸਾਇਟੀ ਵੱਲੋਂ ਸਮਾਜ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਹਰ ਸਾਲ ਇਸੇ ਤਰ੍ਹਾਂ ਸਹਿਯੋਗ ਦੇਣ ਦਾ ਵਾਅਦਾ ਵੀ ਕੀਤਾ। ਗਰੀਨ ਮਿਸ਼ਨ ਵੈਲਫੇਅਰ ਸੁਸਾਇਟੀ ਵੱਲੋਂ ਦਾਨੀ ਪਰਿਵਾਰ ਦੀ ਤਰੱਕੀ, ਚੜ੍ਹਦੀ ਕਲਾ, ਤੰਦਰੁਸਤੀ ਤੇ ਲੰਮੀ ਉਮਰ ਦੀ ਅਰਦਾਸ ਕੀਤੀ ਗਈ। ਸੁਸਾਇਟੀ ਦੇ ਅਹੁਦੇਦਾਰਾਂ ਨੇ ਆਮ ਸੰਗਤ ਨੂੰ ਅਪੀਲ ਕੀਤੀ ਕਿ ਉਹ ਵੀ ਅਜਿਹੇ ਨੇਕ ਤੇ ਸਮਾਜ ਭਲਾਈ ਦੇ ਕਾਰਜਾਂ ਵਿੱਚ ਆਪਣਾ ਯੋਗਦਾਨ ਪਾਉਣ ਲਈ ਸੁਸਾਇਟੀ ਨਾਲ ਜੁੜਨ।

# ਮਹਿਲਾ ਕਮਿਸ਼ਨ ਨੇ ਔਰਤਾਂ ਨੂੰ ਕੀਤਾ ਜਾਗਰੂਕ



ਮਲੋਟ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ/ਓਮ ਪ੍ਰਕਾਸ਼ ਸੇਖੂ) ਪੰਜਾਬ ਰਾਜ ਮਹਿਲਾ ਕਮਿਸ਼ਨ ਵੱਲੋਂ ਮਿਮਿਟ ਮਲੋਟ ਵਿਖੇ ਅਵੇਅਰਨੈਸ ਪ੍ਰੋਗਰਾਮ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਪ੍ਰਧਾਨਗੀ ਡਾ. ਬਲਜੀਤ ਕੌਰ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲਕ ਵਿਕਾਸ ਪੰਜਾਬ ਨੇ ਕੀਤੀ।ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਹਮੇਸ਼ਾ ਹੀ ਔਰਤਾਂ ਦੀ ਰੱਖਿਆ ਲਈ ਕੰਮ ਕਰ ਰਹੀ ਹੈ ਤਾਂ ਜੁ ਉਨ੍ਹਾਂ ਨੂੰ ਆਤਮ ਨਿਰਭਰ ਬਣਾਇਆ ਜਾ ਸਕੇ ਅਤੇ ਆਪਣੇ ਪੈਰਾਂ 'ਤੇ ਖੜ੍ਹਾ ਹੋ ਕੇ ਸਮਾਜ ਵਿੱਚ ਆਪਣੇ ਪਰਵਾਰ ਦਾ ਨਾਂਅ ਰੋਸ਼ਨ ਕਰ ਸਕੇ।ਸ੍ਰੀਮਤੀ ਰਾਜ ਲਾਲ ਗਿੱਲ ਚੇਅਰਮੈਨ ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਦੱਸਿਆ ਕਿ ਕਮਿਸ਼ਨ ਔਰਤਾਂ 'ਤੇ ਹੋਣ ਵਾਲੇ ਅੱਤਿਆਚਾਰਾਂ ਨੂੰ ਰੋਕਣ, ਘਰੇਲੂ ਹਿੰਸਾ ਦੀ ਰੋਕਥਾਮ ਤੇ ਔਰਤਾਂ ਨੂੰ ਇਨਸਾਫ ਦਿਵਾਉਣ ਲਈ ਆਪਣਾ ਅਹਿਮ ਰੋਲ ਅਦਾ ਕਰ ਰਿਹਾ ਹੈ ਅਤੇ ਉਨ੍ਹਾਂ ਦੇ ਅਧਿਕਾਰਾਂ ਅਤੇ ਹੱਕਾਂ ਸਬੰਧੀ ਜਾਗਰੂਕ ਕੀਤਾ ਜਾ ਰਿਹਾ

# ਗੋਲੇਵਾਲਾ ਗਊਸ਼ਾਲਾ ਦੇ ਵਿਕਾਸ ਕਾਰਜਾਂ ਲਈ ਮੁੱਖ ਮੰਤਰੀ ਨੂੰ ਭੇਜਿਆ ਮੰਗ ਪੱਤਰ

ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਸਮਾਜ ਸੇਵੀ ਅਰਸ਼ ਸੱਚਰ ਨੇ ਪਿੰਡ ਗੋਲੇਵਾਲਾ ਸਥਿਤ ਸਰਕਾਰੀ ਗਊਸ਼ਾਲਾ ਦਾ ਦੌਰਾ ਕਰਕੇ ਉੱਥੋਂ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ।ਉਨ੍ਹਾਂ ਗਊਸ਼ਾਲਾ ਦੇ ਸੇਵਾਦਾਰਾਂ ਤੇ ਸੰਬੰਧਿਤ ਅਧਿਕਾਰੀਆਂ ਨਾਲ ਮੁਲਾਕਾਤ ਕਰਕੇ ਮੌਜੂਦਾ ਹਾਲਾਤ ਤੇ ਸਮੱਸਿਆਵਾਂ ਬਾਰੇ ਜਾਣਕਾਰੀ ਹਾਸਲ ਕੀਤੀ।ਅਰਸ਼ ਸੱਚਰ ਨੇ ਆਖਿਆ ਕਿ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਕਾਰਾਤਮਕ ਕਦਮਾਂ ਕਾਰਨ ਗਊਸ਼ਾਲਾ ਦੀ ਸਥਿਤੀ ਵਿੱਚ ਪਹਿਲਾਂ ਨਾਲੋਂ ਕਾਫ਼ੀ ਸੁਧਾਰ ਆਇਆ ਹੈ, ਜਿਸ ਲਈ ਸਰਕਾਰ ਤੇ ਪ੍ਰਸ਼ਾਸਨ ਧੰਨਵਾਦ ਦੇ ਪਾਤਰ ਹਨ।ਉਨ੍ਹਾਂ ਕਿਹਾ ਕਿ ਨਿਰੀਖਣ ਦੌਰਾਨ ਕੁਝ ਅਹਿਮ ਮੁੱਦੇ ਸਾਹਮਣੇ ਆਏ ਹਨ, ਜਿਨ੍ਹਾਂ ਦੇ ਹੱਲ ਲਈ ਮੁੱਖ ਮੰਤਰੀ ਪੰਜਾਬ, ਡਿਪਟੀ ਕਮਿਸ਼ਨਰ ਫਰੀਦਕੋਟ ਅਤੇ ਡਿਪਟੀ ਡਾਇਰੈਕਟਰ (ਪੇਂਡੂ ਵਿਕਾਸ ਤੇ ਪੰਚਾਇਤ) ਨੂੰ ਵਿਸਥਾਰਪੂਰਵਕ ਮੰਗ ਪੱਤਰ ਭੇਜਿਆ ਗਿਆ ਹੈ।ਮੰਗ ਪੱਤਰ ਵਿੱਚ ਮੁੱਦੇ ਚੁੱਕੇ ਗਏ ਕਿ ਗਊਸ਼ਾਲਾ ਦੀ ਟੁੱਟੀ ਹੋਈ ਚਾਰਦੀਵਾਰੀ ਤੇ ਫੈਂਸਿੰਗ ਦੀ ਤੁਰੰਤ ਮੁਰੰਮਤ ਕੀਤੀ ਜਾਵੇ। ਇਸ ਤੋਂ ਇਲਾਵਾ 2240 ਫੁੱਟ ਚਾਰਦੀਵਾਰੀ, 200 ਫੁੱਟ ਪਾਰਟੀਸ਼ਨ ਵਾਲ ਤੇ ਨਵੀਂ ਮੋਟਰ ਲਗਾਉਣ ਦੇ ਕੰਮ ਨੂੰ ਤਰਜੀਹ ਦਿੱਤੀ ਜਾਵੇ।ਗਊਸ਼ਾਲਾ ਤੱਕ ਜਾਣ ਵਾਲੇ ਖਰਾਬ ਕੱਚੇ ਰਸਤੇ ਦੀ ਮੁਰੰਮਤ ਕਰਕੇ ਇਸ ਨੂੰ ਪੱਕਾ ਕੀਤਾ ਜਾਵੇ।ਗਊ ਸੈੱਸ ਤੋਂ ਇਕੱਠੇ ਹੋਏ ਫੰਡਾਂ ਰਾਹੀਂ ਲੰਬਿਤ ਪਏ ਵਿਕਾਸ ਕਾਰਜਾਂ ਨੂੰ ਜਲਦ ਪੂਰਾ ਕੀਤਾ ਜਾਵੇ।ਗਊਸ਼ਾਲਾ ਵਿੱਚ ਮੌਜੂਦਾ 4 ਕ੍ਰਮਚਾਰੀਆਂ ਦੀ ਥਾਂ ਘੱਟੋ-ਘੱਟ 2 ਹੋਰ ਕ੍ਰਮਚਾਰੀ ਤਾਇਨਾਤ ਕੀਤੇ ਜਾਣ।ਇਸ ਦੇ ਨਾਲ ਸੀਸੀਟੀਵੀ ਕੈਮਰੇ, ਰਾਤ ਦੀਆਂ ਲਾਈਟਾਂ, ਪੀਣ ਵਾਲੇ ਪਾਣੀ, ਚਾਰੇ ਦੀ ਸਟੋਰੇਜ, ਸ਼ੈਡਾਂ ਦੀ ਮੁਰੰਮਤ ਤੇ ਨਿਯਮਤ ਵੈਟਰਨਰੀ ਜਾਂਚ ਯਕੀਨੀ ਬਣਾਈ ਜਾਵੇ।

# ਸਿਲਵਰ ਓਕਸ ਸਕੂਲ 'ਚ ਵਣਮਹਾਂਉਤਸਵ ਮਨਾਇਆ



ਰਾਮਪੁਰਾ ਫੂਲ (ਦਰਸ਼ਨ ਜਿੰਦਲ) ਸਿਲਵਰ ਓਕਸ ਸਕੂਲ ਵਿਖੇ ਵਣ ਮਹਾਂਉਤਸਵ ਮਨਾਇਆ ਗਿਆ, ਜਿਸ ਦਾ ਉਦੇਸ਼ ਰੁੱਖ ਲਾਉਣ ਅਤੇ ਵਾਤਾਵਰਣ ਸੰਭਾਲ ਦੇ ਮਹੱਤਵ ਬਾਰੇ ਜਾਗਰੂਕਤਾ ਫੈਲਾਉਣਾ ਸੀ।ਵਣ ਮਹਾਂਉਤਸਵ ਸਾਨੂੰ ਇਹ ਸੰਦੇਸ਼ ਦਿੰਦਾ ਹੈ ਕਿ ਲਾਇਆ ਗਿਆ ਹਰ ਪੌਦਾ ਇੱਕ ਸਿਹਤਮੰਦ ਵਾਤਾਵਰਣ ਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਸੁਨਹਿਰੇ ਭਵਿੱਖ ਵੱਲ ਇੱਕ ਮਹੱਤਵਪੂਰਨ ਕਦਮ ਹੈ।ਸਕੂਲ ਦੇ ਅਧਿਆਪਕਾਂ ਤੇ ਸਟਾਫ ਵੱਲੋਂ ਸਕੂਲ ਦੇ ਬਾਹਰ ਰਾਹਗੀਰਾਂ ਨੂੰ ਪੌਦੇ ਵੰਡੇ ਗਏ ਤੇ ਉਨ੍ਹਾਂ ਨੂੰ ਪੌਦੇ ਲਾ ਕੇ ਉਨ੍ਹਾਂ ਦੀ ਸੰਭਾਲ ਕਰਨ ਲਈ ਪ੍ਰੇਰਿਤ ਕੀਤਾ ਗਿਆ।ਇਸ ਉਪਰਾਲੇ ਨੂੰ ਸਮਾਜ ਵੱਲੋਂ ਭਰਪੂਰ ਪ੍ਰਸ਼ੰਸਾ ਮਿਲੀ ਤੇ ਵਾਤਾਵਰਣ ਸੰਭਾਲ ਦਾ ਸੰਦੇਸ਼ ਸਕੂਲ ਦੀਆਂ ਹੱਦਾਂ ਤੋਂ ਬਾਹਰ ਤੱਕ ਵੀ ਪਹੁੰਚਿਆ।ਸਮਾਗਮ ਦੌਰਾਨ ਇੱਕ ਵਿਸ਼ੇਸ਼ ਫੀਡਬੈਕ ਕਾਰਨਰ ਵੀ ਸਥਾਪਤ ਕੀਤਾ ਗਿਆ, ਜਿੱਥੇ ਮਾਪਿਆਂ ਤੇ ਰਾਹਗੀਰਾਂ ਨੇ ਸਕੂਲ ਦੀ ਇਸ ਸ਼ਲਾਘਾਯੋਗ ਪਹਿਲ ਦੀ ਸ਼ਲਾਘਾ ਕੀਤੀ ਅਤੇ ਆਪਣੇ ਕੀਮਤੀ ਵਿਚਾਰ ਅਤੇ ਸੁਝਾਅ ਸਾਂਝੇ ਕੀਤੇ, ਜਿਸ ਨਾਲ ਇਹ ਸਮਾਗਮ ਹੋਰ ਵੀ ਅਰਥਪੂਰਨ ਬਣ ਗਿਆ।

# ਸਰਕਾਰੀ ਆਈ ਟੀ ਆਈ ਨਕੋਦਰ ਵਿੱਚ ਦਾਖਲੇ ਸ਼ੁਰੂ



ਜਲੰਧਰ ( ਨ ਜ਼ ਸ)- ਪੰਜਾਬ ਸਰਕਾਰ ਵੱਲੋਂ ਸਥਾਪਿਤ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ (ਆਈ ਟੀ ਆਈ) ਨਕੋਦਰ ਵਿੱਚ ਸੈਸ਼ਨ 2026- 27 ਲਈ ਵੱਖ ਵੱਖ ਟਰੇਡਾਂ ਵਿਚ ਦਾਖਲੇ ਸ਼ੁਰੂ ਹੋ ਚੁੱਕੇ ਹਨ। ਸੰਸਥਾ ਦੇ ਪ੍ਰਿੰਸੀਪਲ ਮੁਕੇਸ਼ ਕੁਮਾਰ ਨੇ ਇਹ ਜਾਣਕਾਰੀ ਦਿੰਦਿਆਂ ਦਸਿਆ ਕਿ ਸੰਸਥਾ ਵਿਚ ਇਲੈਕਟ੍ਰੀਸ਼ਨ,ਰੈਫ੍ਰਿਜਰੇਸ਼ਨ ਐਂਡ ਏਅਰ ਕੰਡੀਸ਼ਨਿੰਗ, ਪਲੰਬਰ, ਫਿਟਰ, ਵੈਲਡਰ, ਮਕੈਨਿੱਕ ਟਰੈਕਟਰ, ਕੋਪਾ, ਫੈਸ਼ਨ ਡਿਜਾਈਨਿੰਗ ਐਂਡ ਟੈਕਨਾਲੋਜੀ ਵਰਗੀਆਂ ਰੁਜ਼ਗਾਰ ਮੁਖੀ ਟਰੇਡਾਂ ਵਿਚ ਸਿਖਲਾਈ ਦਿੱਤੀ ਜਾਂਦੀ ਹੈ। ਦਾਖਲੇ ਲਈ ਯੋਗਤਾ ਘੱਟੋ ਘੱਟ ਮੈਟਰਿਕ ਪਾਸ ਤੇ ਅਠਵੀਂ ਪਾਸ ਹੈ ਅਤੇ ਉੱਚ ਯੋਗਤਾ ਵਾਲੇ ਉਮੀਦਵਾਰ ਵੀ ਦਾਖਲਾ ਲੈ ਸਕਦੇ ਹਨ। ਸਲਾਨਾ ਫੀਸ 3400 ਰੁਪਏ ਹੈ। ਅਨੁਸੂਚਿਤ ਜਾਤੀ ਨਾਲ ਸਬੰਧਤ ਯੋਗ ਉਮੀਦਵਾਰਾਂ ਜਿਨ੍ਹਾਂ ਦੇ ਮਾਪਿਆਂ ਦੀ ਸਲਾਨਾ ਆਮਦਨ ਢਾਈ ਲੱਖ ਤੋਂ ਘੱਟ ਹੈ , ਨੂੰ ਸਰਕਾਰੀ ਨਿਯਮਾਂ ਮੁਤਾਬਕ ਵਜ਼ੀਫਾ ਵੀ ਦਿੱਤਾ ਜਾਂਦਾ ਹੈ।

# ਗੁਰੂਹਰਸਹਾਏ 'ਚ 300 ਲੋੜਵੰਦ ਪਰਵਾਰਾਂ ਨੂੰ ਵੰਡੀਆਂ ਰਾਸ਼ਨ ਕਿੱਟਾਂ



ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਪੰਜਾਬ ਸਰਕਾਰ ਵੱਲੋਂ ਚਲਾਈ ਗਈ 'ਮੇਰੀ ਰਸੋਈ ਯੋਜਨਾ' ਤਹਿਤ ਗੁਰੂਹਰਸਹਾਏ ਦੇ ਪਿੰਡ ਚੱਕ ਰਾਓ ਕੇ, ਰਾਜਾ ਰਾਏ ਤੇ ਫਾਰੂ ਵਾਲਾ ਵਿਖੇ ਵਿਧਾਇਕ ਫੌਜਾ ਸਿੰਘ ਸਰਾਰੀ ਵੱਲੋਂ ਲੋੜਵੰਦ ਪਰਵਾਰਾਂ ਨੂੰ 300 ਦੇ ਕਰੀਬ ਰਾਸ਼ਨ ਕਿੱਟਾਂ ਦੀ ਵੰਡ ਕੀਤੀ ਗਈ। ਵਿਧਾਇਕ ਨੇ ਆਖਿਆ ਕਿ ਸਰਕਾਰ ਦਾ ਮੁੱਖ ਮਕਸਦ ਹਰ ਗਰੀਬ ਪਰਿਵਾਰ ਤੱਕ ਬੁਨਿਆਦੀ ਸਹੂਲਤਾਂ ਪੁਚਾਉਣਾ ਹੈ ਤਾਂ ਜੁ ਕੋਈ ਭੁੱਖਾ ਨਾ ਰਹੇ। ਪੰਜਾਬ ਸਰਕਾਰ ਦੀਆਂ ਜਨ-ਕਲਿਆਣਕਾਰੀ ਨੀਤੀਆਂ ਨੂੰ ਹੇਠਲੇ ਪੱਧਰ ਤੱਕ ਪੁਚਾਉਣ ਦੀ ਲੜੀ ਦੇ ਤਹਿਤ ਹਲਕਾ ਗੁਰੂਹਰਸਹਾਏ ਵਿਖੇ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। 'ਮੇਰੀ ਰਸੋਈ ਯੋਜਨਾ' ਦੇ ਅਧੀਨ ਗੁਰੂਹਰਸਹਾਏ ਦੇ ਵਿਧਾਇਕ ਫੌਜਾ ਸਿੰਘ ਸਰਾਰੀ ਨੇ ਪਿੰਡ ਚੱਕ ਰਾਓ ਕੇ, ਰਾਜਾ ਰਾਏ ਤੇ ਫਾਰੂ ਵਾਲਾ ਦੇ ਨਿਵਾਸੀਆਂ ਨਾਲ ਮੁਲਾਕਾਤ ਕੀਤੀ ਅਤੇ ਇਲਾਕੇ ਦੇ ਲਗਭਗ 300 ਲੋੜਵੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਤਕਸੀਮ ਕੀਤੀਆਂ।

# 33 ਫ਼ੀਸਦੀ ਸਬਸਿਡੀ 'ਤੇ ਸਰ੍ਹੋਂ 'ਚੋਂ ਤੇਲ ਕੱਢਣ ਵਾਲੇ ਯੂਨਿਟ ਲਈ ਅਰਜ਼ੀਆਂ ਦੀ ਮੰਗ : ਖੇਤੀਬਾੜੀ ਅਫ਼ਸਰ



ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਡਾ. ਬਲਵਿੰਦਰ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਐੱਨਐਮਈਓ-ਓਐੱਸ ਸਕੀਮ ਅਧੀਨ ਸਰ੍ਹੋਂ 'ਚੋਂ ਤੇਲ ਕੱਢਣ ਵਾਸਤੇ ਇੱਕ ਆਇਲ ਐਕਸਟਰੈਕਸ਼ਨ ਯੂਨਿਟ ਸਥਾਪਤ ਕੀਤਾ ਜਾਣਾ ਹੈ। ਮੁੱਖ ਖੇਤੀਬਾੜੀ ਅਫ਼ਸਰ ਨੇ ਕਿਹਾ ਕਿ ਸਕੀਮ ਦੀਆਂ ਸ਼ਰਤਾਂ ਮੁਤਾਬਕ ਜ਼ਿਲ੍ਹੇ ਅਧੀਨ ਕੋਈ ਵੀ ਫਾਰਮ ਪ੍ਰੋਡਿਊਸਰ ਆਰਗੈਨਾਈਜੇਸ਼ਨ, ਕੋਆਪ੍ਰੇਟਿਵ, ਸਰਕਾਰੀ/ਗ਼ੈਰ-ਸਰਕਾਰੀ ਇੰਡਸਟਰੀ ਤੇ ਕਾਰਪੋਰੇਸ਼ਨ ਜਾਂ ਪਹਿਲਾਂ ਸਥਾਪਤ ਤੇਲ ਬੀਜ ਪ੍ਰੋਸੈਸਿੰਗ ਯੂਨਿਟ 33 ਪ੍ਰਤੀਸ਼ਤ ਸਬਸਿਡੀ ਵੱਧ ਤੋਂ ਵੱਧ 9.90 ਲੱਖ ਤੇ ਯੂਨਿਟ ਲੈਣ ਲਈ 8 ਅਗਸਤ ਤੱਕ ਦਫ਼ਤਰ ਮੁੱਖ ਖੇਤੀਬਾੜੀ ਅਫ਼ਸਰ, ਫ਼ਿਰੋਜ਼ਪੁਰ ਅਰਜ਼ੀ ਦੇ ਸਕਦੇ ਹਨ। ਉਨ੍ਹਾਂ ਦੱਸਿਆ ਕਿ ਜ਼ਿਆਦਾ ਅਰਜ਼ੀਆਂ ਪ੍ਰਾਪਤ ਹੋਣ ਦੀ ਸੂਰਤ 'ਚ ਜ਼ਿਲ੍ਹਾ ਪੱਧਰ ਤੇ ਆਇਲਸੀਡਸ ਮਿਸ਼ਨ ਤਹਿਤ ਬਣੀ ਜ਼ਿਲ੍ਹਾ ਐਗਜ਼ੀਕਿਊਟਿਵ ਕਮੇਟੀ ਦਾ ਫ਼ੈਸਲਾ ਅੰਤਿਮ ਹੋਵੇਗਾ। ਅੰਤਮ ਮਿਤੀ 8 ਅਗਸਤ ਤੋਂ ਬਾਅਦ ਕੋਈ ਵੀ ਅਰਜ਼ੀ ਵਿਚਾਰੀ ਨਹੀਂ ਜਾਵੇਗੀ।


## ਦਰੱਖਤਾਂ ਦੀ ਬੋਲੀ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਗ੍ਰਾਮ ਪੰਚਾਇਤ ਪਿੰਡ ਵੜੈਚ ਬਲਾਕ ਕਲਾਨੌਰ ਜਿਲ੍ਹਾ ਗੁਰਦਾਸਪੁਰ ਵੱਲੋਂ ਸਕੂਲ ਦੀ ਗਰਾਊਂਡ ਵਿੱਚ ਲੱਗੇ ਦਰਖਤਾਂ ਦੀ ਖੁੱਲੀ ਬੋਲੀ ਮਿਤੀ 7 ਅਗਸਤ 2026 ਦਿਨ ਸ਼ੁਕਰਵਾਰ ਨੂੰ ਪਿੰਡ ਦੇ ਸਰਕਾਰੀ ਸਕੂਲ ਵਿੱਚ ਪੰਚਾਇਤ ਅਫਸਰ ਦੀ ਨਿਗਰਾਨੀ ਹੇਠ ਕਰਵਾਈ ਜਾ ਰਹੀ ਹੈ ਕੋਈ ਵੀ ਸੱਜਣ ਬੋਲੀ ਦੇ ਸਕਦਾ ਹੈ।

ਪੰਚਾਇਤ ਅਫਸਰ

## ਹਾਇਰ ਐਜੂਕੇਸ਼ਨ ਇੰਸਟੀਚਿਊਟ ਸੋਸਾਇਟੀ
## ਜੀ. ਕੇ. ਐੱਸ. ਐੱਮ. ਸਰਕਾਰੀ ਕਾਲਜ, ਟਾਂਡਾ ਉੜਮੁੜ

**Walk -In Interview**

ਕੰਪਿਊਟਰ ਸਾਇੰਸ ਵਿਸ਼ੇ ਵਿਚ HEIS ਦੇ ਅਧੀਨ ਕੰਟਰੈਕਟ ਦੇ ਆਧਾਰ 'ਤੇ ਇਕ ਅਸਿਸਟੈਂਟ ਪ੍ਰੋਫੈਸਰ ਦੀ ਜ਼ਰੂਰਤ ਹੈ। ਯੋਗਤਾ, ਪੰਜਾਬ ਯੂਨੀਵਰਸਿਟੀ/ਪੰਜਾਬ ਸਰਕਾਰ ਦੀਆਂ ਸ਼ਰਤਾਂ ਅਨੁਸਾਰ ਅਤੇ ਮਿਹਨਤਾਨਾ HEIS ਦੇ ਨਿਯਮਾਂ/ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਲਣਯੋਗ ਹੋਵੇਗਾ। ਇੰਟਰਵਿਊ ਮਿਤੀ 07.08.2026 ਦਿਨ ਸ਼ੁੱਕਰਵਾਰ ਨੂੰ ਸਵੇਰੇ 10.00 ਵਜੇ ਪ੍ਰਿੰਸੀਪਲ ਦਫ਼ਤਰ ਵਿਖੇ ਹੋਵੇਗੀ। ਇੰਟਰਵਿਊ ਸਮੇਂ ਅਸਲ ਸਰਟੀਫਿਕੇਟਾਂ ਸਹਿਤ ਉਨ੍ਹਾਂ ਦੀਆਂ ਸਵੈ-ਤਸਦੀਕੀ ਨਕਲਾਂ ਪੇਸ਼ ਕੀਤੀਆਂ ਜਾਣ। ਉਮੀਦਵਾਰਾਂ ਨੂੰ ਇੰਟਰਵਿਊ 'ਤੇ ਪੇਸ਼ ਹੋਣ ਲਈ ਕੋਈ ਟੀ ਏ/ਡੀ ਏ ਨਹੀਂ ਦਿੱਤਾ ਜਾਵੇਗਾ।

ਸਹੀ/-ਪ੍ਰਧਾਨ HEIS / ਪ੍ਰਿੰਸੀਪਲ,
ਜੀ. ਕੇ. ਐੱਸ. ਐੱਮ. ਸਰਕਾਰੀ ਕਾਲਜ,
ਟਾਂਡਾ ਉੜਮੁੜ (ਹੁਸ਼ਿਆਰਪੁਰ)।






## Change of Name

I, Darick S/o Vijay Kumar R/o H.no. 43, Basti Sheikh, Major Colony, Jalandhar, Punjab have added my surname as Mall and changed my name from Darick to Darick Mall. All concerned please note

I, hitherto to known as Ishween alias Ishween Kaur daughter of Sukhjinder Singh resident of H. No.190A/8, Krishna Nagar, Near Adarsh Nagar, Jalandhar-144001, Punjab India have changed my name and shall hereafter be known as Ishween Kaur.

I, Khushdip Singh S/O Jaswinder Singh R/O Vill. Hassanpur Khurd, Teh. Balachaur Distt, SBS Nagar Punjab Have Changed My Name To Singh Khushdeep. All Please Note.

I, Sangeeta Verma W/o Sh. Sanjiv Kumar Verma R/o 307, Janpath Estate, JP Farms-5, Canal Road, Ayali Kalan, Ludhiana-142027, have changed my name from Sangeeta to Sangeeta Verma.

I, Harjit Kaur W/O Sukhbir Singh R/O 1266, Gali Narain Singh, Chowk Pragdas, Amritsar,Punjab have changed my name from Harjit Kaur to Harjeet Kaur.Concerned note.

I, Amandeep Kumar S/o Gopal R/o VPO Purhiran, Distt. Hoshiarpur Punjab 146001 Declare that my name is Amandeep Kumar. My surname is Kumar and my given name is Amandeep. Concerned note.

I, Kulbhushan Lal S/o Bishamber Dass R/o H.no.2, Gali no. 15, Pawan Nagar, Batala Road, Amritsar - 143001(pb) have changed my name from Kulbhushan Lal to Kulbhushan Sharma, please note.

I Jasmeet Kaur Sandhu D/O Charandeep Singh R/O Vill Bagge Wala Po Mallan Wala Distt Ferozepur . Have Change My Name Jasmeet Kaur Sandhu To Jasmeet Kaur.

I, Sarbjit Singh S/o Pargat Singh R/o Village Nangal Pannuan, Tehsil Majitha District Amritsar have changed my name from Sarbjit Singh to Sarabjit Singh.

I, Gurbir Singh S/o Jaswinder Singh R/o Village Doblian, Tehsil and District Tarn Taran have declare that Gurbir is my Given name and Singh is my Surname.

I, Simranpreet Singh S/o Sukhjit Singh R/o VPO Bhangala, Tehsil Phillaur, Distt. Jalandhar - 144033, Punjab have changed my name from Simranpreet Singh to Simranpreet as given name Singh as surname. All concerned please note.

I, Kanthan W/O Malkiat Ram R/O Vpo. Sarai Khas, Distt. Jalandhar, Punjab Have Changed My Name From Kanthan To Kanta. All Concerned Note.

I, Laljeet Singh S/o Makhan Singh R/o Manawala, Distt. Amritsar, Punjab-143109 have changed my name from Laljeet Singh to Laljit Singh Bajwa.

I, Gurwinderpal Singh S/o Shashpal Singh R/o Village Dhariwal, PO Bagga Kalan, Dhariwal, Tehsil Ajnala, Distt. Amritsar, Punjab-143101 have changed my name from Gurwinderpal Singh to Singh is my surname and Gurwinderpal is my given name.

I Harpreet Singh S/o Hakikat Singh of Sidhupur,Tehsil Shahkot, Distt. Jalandhar, (Punjab), Singh is to be surnamed.

I, Vikas s/o Kuldip Ram r/o St.No.5, Mohalla Dharamkot, Tehsil Phagwara, Kapurthala have changed my name to Vikas Ram (surname as Ram) All Please Note.

I, Gagandeep Gill w/o Jatinderjit Singh r/o H.No. 32/103, Shanker Garden Colony, Jalandhar declare that Gagandeep Gill and Gagandeep Kaur Gill is one and the same person. All Please Note.

## Change of Name

I, Kuldeep Ram s/o Amar Chand r/o St.No.5, Mohalla Dharamkot, Tehsil Phagwara, Kapurthala have changed my name to Kuldip Ram. All Please Note.

I, Rajinder Pal s/o Mohan Lal r/o Vill. Fatehpur, Po. Kot Badal Khan, Tehsil Phillaur, Jalandhar have changed my Given name as Rajinder & Surname as Pal. All Please Note.

I, Gurpreet Singh S/o Prem Lal R/o Vill. Lakhan Kalan, Distt. Kapurthala, Punjab have changed my name from Gurpreet Singh to Singh Gurpreet (Surname as Singh) All Please Note.

I, Param Jit Singh S/o Joginder Singh R/o Raipur Rasulpur, Jalandhar have changed my name from Param Jit Singh to Parm Jit Singh. All Please Note.

I, Satnam Singh S/o Surjit Singh R/o Vill. Dhabulian, Po. Khiranwali, Distt. Kapurthala, Punjab have changed my name from Satnam Singh to Singh Satnam (Surname as Singh) All Please Note.

I, hitherto known as SATISH JAIN S/o OM PARKASH JAIN residing at H.No. 13-14, Chotti Baradari, Part 1, Jalandhar, Punjab-144022 have changed my name and shall hereafter be known as SATISH KUMAAR JAIN.

I, SIMRANJEET SINGH S/o Jasveer Singh R/o Charik Road, Kothe Patti Mohabatt, Distt. Moga have changed my name from SIMRANJEET SINGH to SINGH SIMRANJEET.

I, Radhika W/o Kunal Sangar R/o House No. B-VI/658, Sodal Road, Basti Bhure Khan, Jalandhar, Punjab-144004 have changed my name from Radhika to Radhika Sangar. All concerned please note.

I, Harjinder Singh son of Kulwinder Singh resident of Village Dialpur, Post Office Begewal, Tehsil and District Amritsar, Punjab-143601 have changed my name from Harjinder Singh to Given Name Harjinder & Surname as Singh. All concerned please note.

I Rajwant Kaur W/O Kuldip Singh R/O Ward Number 02, VPO Begowal Tehsil Bholath District Kapurthala declare that have changed my name from Rajwant Kaur to Kaur as surname and given name is Rajwant. Please note.

I, Parveen S/o Harmesh Lal R/o H.NO-412, Chougitti, Jalandhar,I-144009,Punjab have changed my minor son name from Mohit to Mohit Kumar Virdi

I,Charanjit s/o Par Braham,r/o E.G.287,Bashir Pura,Jalandhar have changed my name from Charanjit to Charanjit Guglani,all concerned note please

I, Baljinder Kumar S/o Dharam Pal R/o 40 Thind Enclave Jalandhar declare my Given name as Baljinder and Surname as Kumar vide affidavit dated 22/07/2026.

I, Meena Kumari D/o Dharam Pal R/o 40 Thind Enclave Jalandhar declare my Given name as Meena and Surname as Kumari vide affidavit dated 22/07/2026.

I, Nidhi Rani W/o Gurdiyal, R/o H.No. 530, Shaheed Bhagat Singh Colony, Jalandhar declare that Nidhi Rani and Prachi Khand Puri is one and same person and both these names belongs to me

## ਬੇਦਖਲੀ ਨੋਟਿਸ

ਮੈਂ ਰਜਨੀ ਪਤਨੀ ਜੋਗਿੰਦਰ ਪਾਲ ਵਾਸੀ 148 ਗਲੀ ਨੰਬਰ 3 ਨੇੜੇ ਸ਼ਿਵ ਮੰਦਿਰ ਭਗਤ ਪੁਰਾ ਫਗਵਾੜਾ ਜਿਲਾਂ ਕਪੂਰਥਲਾਂ ਦੀ ਹਲਫੀਆ ਬਿਆਨ ਕਰਦੀ ਹਾਂ ਮੇਰੀ ਲੜਕੀ ਨਿਸ਼ਾਂ ਰਾਣੀ ਪਤਨੀ ਰਮਨਦੀਪ ਆਪਣੀ ਮਰਜੀ ਕਰਦੀ ਹੈ ਤੇ ਮੇਰੇ ਨਾਲ ਲੜਾਈ ਝਗੜਾ ਕਰਦੀ ਹੈ। ਮੇਰੇ ਕਹਿਣੇ ਵਿੱਚ ਨਹੀਂ ਹੈ ਨੂੰ ਅਪਣੀ ਚੱਲ ਅੱਚਲ ਜਾਇਦਾਦ ਵਿੱਚੋਂ ਬੇਦਖਲ ਕਰ ਦਿੱਤਾ ਹੈ ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈ ਪਰਮਜੀਤ ਕੌਰ ਪਤਨੀ ਲੇਟ ਦਲਬੀਰ ਸਿੰਘ ਵਾਸੀ ਨੱਥੂਚੱਕ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦੀ ਰਹਿਣ ਵਾਲੀ ਹਾਂ। ਮੇਰਾ ਲੜਕਾ ਅੰਮ੍ਰਿਤਪਾਲ ਸਿੰਘ ਮੇਰੇ ਕਹਿਣੇ ਤੋ ਬਾਹਰ ਹੈ। ਮੈਂ ਆਪਣੇ ਲੜਕੇ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ।

ਮੈਂ ਨਰਿੰਦਰ ਕੌਰ ਪਤਨੀ ਹਰਭਜਨ ਸਿੰਘ ਵਾਸੀ ਪਿੰਡ ਚਾਹਲ, ਡਾਕਖਾਨਾ ਕਾਠਗੜ੍ਹ ਤਹਿਸੀਲ ਬਲਾਚੌਰ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਬਿਆਨ ਕਰਦੀ ਹਾਂ ਕਿ ਪਹਿਲਾ ਮੇਰਾ ਲੜਕਾ ਰਣਜੀਤ ਸਿੰਘ ਅਤੇ ਉਸਦੀ ਪਤਨੀ ਬਲਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਸਨ ਇਸ ਲਈ ਮੈਂ ਉਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਭਾਰਤ ਵਰਸ ਵਿਚ ਕਿਤੇ ਵੀ ਹੈ ਤੋਂ ਬੇਦਖਲ਼ ਕੀਤਾ ਸੀ । ਹੁਣ ਉਹ ਮੇਰਾ ਕਹਿਣਾ ਮੰਨਦੇ ਹਨ। ਸਬੰਧਿਤ ਨੋਟ ਕਰਨ ।

ਮੈਂ, ਮੰਗਤ ਰਾਮ ਪੁੱਤਰ ਨਰੰਜਨ ਸਿੰਘ ਵਾਸੀ ਪਿੰਡ ਧੀਰਪੁਰ, ਡਾਕ. ਦਿਆਲਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਜੋਤੀ ਪਤਨੀ ਵਿਜੈ ਕੁਮਾਰ, ਜੋ ਮੇਰੇ ਕਹਿਣੇ ਅਤੇ ਕੰਟਰੋਲ ਤੋਂ ਬਾਹਰ ਹੈ ਤੇ ਮੇਰੀ ਤੇ ਮੇਰੇ ਪਰਵਾਰ ਦੀ ਇੱਜ਼ਤ-ਮਾਣ ਨਹੀਂ ਕਰਦੀ। ਮੈਂ ਜੋਤੀ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਅਤੇ ਅੱਜ ਤੋਂ ਇਸ ਨਾਲੋਂ ਸਾਰੇ ਰਿਸ਼ਤੇ ਤੋੜਦਾ ਹਾਂ। ਮੇਰਾ ਜਾਂ ਮੇਰੇ ਪਰਵਾਰ ਦਾ ਇਸ ਨਾਲ ਕੋਈ ਰਿਸ਼ਤਾ ਨਹੀਂ ਹੋਵੇਗਾ। ਜੋ ਵੀ ਇਸ ਨਾਲ ਲੈਣ-ਦੇਣ ਜਾਂ ਸੰਬੰਧ ਰੱਖੇਗਾ, ਉਹ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ ਅਮਰਜੀਤ ਮਸੀਹ ਪੁੱਤਰ ਫ਼ਜ਼ਲ ਮਸੀਹ ਵਾਸੀ ਪਿੰਡ ਰਾਊਵਾਲ ਡਾਕਖਾਨਾ ਧਿਆਨਪੁਰ ਤਹਿਸੀਲ ਡੇਰਾ ਬਾਬਾ ਨਾਨਕ ਜ਼ਿਲ੍ਹਾ ਗੁਰਦਾਸਪੁਰ ਬਿਆਨ ਹਲਫੀਆ ਕਰਦਾ ਹਾਂ,ਕਿ ਮੇਰਾ ਪੁੱਤਰ ਐਜਕ ਮਸੀਹ ਅਤੇ ਉਸਦੀ ਪਤਨੀ ਪਾਸ਼ਨਾ ਕੁਝ ਵੀ ਗਲਤ ਕੰਮ ਕਰਦੇ ਹਨ ਜਾ ਕਿਸੇ ਨਾਲ ਠੱਗੀ ਮਾਰਦੇ ਹਨ ,ਉਹ ਖੁਦ ਜਿੰਮੇਵਾਰ ਹੋਣਗੇ । ਮੇਰਾ ਅਤੇ ਮੇਰੇ ਪਰਿਵਾਰ ਦਾ ਉਨਾਂ ਨਾਲ ਕੋਈ ਲੈਣਾ ਦੇਣਾ ਨਹੀਂ ਹੈ । ਮੈਂ ਆਪਣੇ ਪੁੱਤਰ ਐਜਕ ਮਸੀਹ ਅਤੇ ਨੂੰਹ ਪਾਸ਼ਨਾ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋ ਬੇਦਖ਼ਲ ਕਰਦਾ ਹਾਂ, ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ ਜਸਵੰਤ ਸਿੰਘ ਪੁੱਤਰ ਸ੍ਰ:ਮੰਗਲ ਸਿੰਘ ਵਾਸੀ ਪਿੰਡ ਚੱਕ ਮੁਕੰਦ, ਜ਼ਿਲਾ ਅੰਮ੍ਰਿਤਸਰ ਇਹ ਬਿਆਨ ਕਰਦੀ ਹਾ ਕਿ ਮੇਰਾ ਲੜਕਾ ਰਣਬੀਰ ਸਿੰਘ ਮੇਰੇ ਕਹਿਣੇ ਤੋ ਬਾਹਰ ਹੈ। ਇਸ ਨੂੰ ਮੈ ਆਪਣੀ ਚੱਲ- ਅਚੱਲ ਜਾਇਦਾਦ ਤੋ ਬੇਦਖਲ ਕਰਦਾ ਹਾ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜਿੰਮੇਦਾਰ ਹੋਵੇਗਾ।ਸੰਬੰਧਿਤ ਨੋਟ ਕਰਨ।

ਮੈਂ ਸੁਮਨ ਪਤਨੀ ਲੇਟ ਸ਼੍ਰੀ ਕੱਕੀ ਵਾਸੀ ਮਕਾਨ ਨੰ.ਐਮ-3/753, ਨੂਰੀ ਮੁਹੱਲਾ, ਗੇਟ ਬਗਤਾ ਵਾਲਾ, ਅੰਮ੍ਰਿਤਸਰ ਇਹ ਬਿਆਨ ਕਰਦੀ ਹਾ ਕਿ ਮੇਰੀ ਲੜਕੀ ਨੀਲੂ,ਇਸਦਾ ਪਤੀ ਮਿੱਠੁਨ, ਇੰਨਾਂ ਦੀ ਲੜਕੀ ਮਹਿਕ ਅਤੇ ਲੜਕਾ ਜਸ਼ਨ ਮੇਰੇ ਕਹਿਣੇ ਤੋ ਬਾਹਰ ਹਨ। ਇੰਨਾਂ ਸਾਰਿਆ ਨੂੰ ਮੈ ਆਪਣੀ ਚੱਲ- ਅਚੱਲ ਜਾਇਦਾਦ ਤੋ ਬੇਦਖਲ ਕਰਦੀ ਹਾ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜਿੰਮੇਦਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਸਰਵਨ ਕੁਮਾਰ ਪੁੱਤਰ ਕੰਨਿਯਾ ਰਾਮ, ਵਾਸੀ 415/2, ਰੇਗਰ ਬਸਤੀ, ਪੱਟੀ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਆਂਚਲ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਉਸ ਨੇ ਆਪਣੀ ਮਰਜ਼ੀ ਨਾਲ ਵਿਆਹ ਕਰਵਾ ਲਿਆ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਅਸੀਂ ਅਜੈ ਕੁਮਾਰ ਪੁੱਤਰ ਮੋਹਨ ਲਾਲ ਅਤੇ ਰਜਨੀ ਬਾਲਾ ਪਤਨੀ ਅਜੈ ਕੁਮਾਰ ,ਵਾਸੀ ਮਕਾਨ ਨੰਬਰ 120/5 ,ਕ੍ਰਿਸ਼ਨਾ ਨਗਰ , ਡਾਕਖਾਨਾ ਬਸਤੀ ਗੁਜਾਂ , ਜਲੰਧਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰੋਹਿਤ ਅਤੇ ਉਸਦੀ ਪਤਨੀ ਕਵਿਤਾ ਸਾਡੇ ਕਹਿਣੇ ਤੋਂ ਬਾਹਰ ਹਨ । ਇਸ ਲਈ ਅਸੀਂ ਇਹਨਾਂ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਹਨਾ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ, ਪੰਕਜ ਸ਼ਰਮਾ ਪੁੱਤਰ ਵੈਸ਼ਨੋ ਦਾਸ ਵਾਸੀ ਮੁੱਹਲਾ ਡੋਗਰਾ ਠਠਿਆਰੀ ਗੇਟ ਨੇੜੇ ਗੁਰਦੁਆਰਾ ਕੰਧ ਸਾਹਿਬ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਹੇਸ਼ ਵਸ਼ਿਸ਼ਠ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਸਾਰੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਰਵਿੰਦਰ ਕੁਮਾਰ ਪੁੱਤਰ ਵੈਦ ਪ੍ਰਕਾਸ਼ ਵਾਸੀ ਮਕਾਨ ਨੰ. 496/5, ਸ਼ਹੀਦ ਬਾਬੂ ਲਾਭ ਸਿੰਘ ਨਗਰ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪ੍ਰਿੰਸ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅੱਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਕਾਂਤਾ ਦੇਵੀ ਪਤਨੀ ਲੇਟ ਰੋਸ਼ਨ ਲਾਲ ਵਾਸੀ ਮਕਾਨ ਨੰ. 122/7, ਨਜ਼ਦੀਕ ਸਰਕਾਰੀ ਸਕੂਲ ਲੜਕੀਆਂ ਦਾ, ਭਾਰਗੋ ਕੈਂਪ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਵਿੱਕੀ ਅਤੇ ਉਸਦੀ ਪਤਨੀ ਰਾਧਿਕਾ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਦਿਲਪ੍ਰੀਤ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਸ਼ਾਮਪੁਰ, ਡਾਕ: ਭੁੱਲਰ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਪੁਨੀਤ ਸਿੰਘ ਅਤੇ ਮੇਰੀ ਲੜਕੀ ਅੰਤਰਪ੍ਰੀਤ ਕੋਰ ਅਤੇ ਮੇਰੀ ਪਤਨੀ ਬਲਬੀਰ ਕੋਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਪ੍ਰੀਤੀ ਵਾਲਿਆ ਪਤਨੀ ਲੇਟ ਇਕਬਾਲ ਸਿੰਘ ਵਾਲਿਆ ਵਾਸੀ ਈ ਜੈ 354, ਨਿਆਂ ਬਾਜ਼ਾਰ, ਪੱਕਾ ਬਾਗ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਕਮਲਦੀਪ ਕੋਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਆਪਣੀ ਲੜਕੀ, ਉਸ ਦੇ ਪਤੀ ਅਤੇ ਬੱਚਿਆਂ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ, ਅਰੁਣ ਕੁਮਾਰ ਗੌਤਮ, ਪੁੱਤਰ ਸ੍ਰੀ ਰਵੀ ਦੱਤ ਗੌਤਮ, ਅਤੇ ਸੁਨੀਤਾ ਗੌਤਮ, ਪਤਨੀ ਸ੍ਰੀ ਅਰੁਣ ਕੁਮਾਰ ਗੌਤਮ, ਦੋਵੇਂ ਨਿਵਾਸੀ ਮਕਾਨ ਨੰਬਰ 7, ਸ਼ਿਵ ਐਨਕਲੇਵ, ਬੈਕਸਾਈਡ ਭੀਮ ਜੀ ਪੈਲੇਸ, ਦੀਪ ਨਗਰ, ਜਲੰਧਰ, ਇਹ ਘੋਸ਼ਣਾ ਕਰਦੇ ਹਾਂ ਕਿ ਸਾਡਾ ਪੁੱਤਰ ਹਿਮਾਂਸ਼ੂ ਗੌਤਮ ਅਤੇ ਉਸਦੀ ਪਤਨੀ ਰਿੰਪੀ ਗੌਤਮ ਸਾਡੇ ਕਹਿਣ (ਕੰਟਰੋਲ) ਤੋਂ ਬਾਹਰ ਹਨ। ਅਸੀਂ ਉਨ੍ਹਾਂ ਨੂੰ ਆਪਣੀ ਸਾਰੀ ਚੱਲ ਅਤੇ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੇ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਬਲਵਿੰਦਰ ਸਿੰਘ ਪੁੱਤਰ ਹਰਨਾਮ ਸਿੰਘ, ਵਾਸੀ ਪਿੰਡ ਕਾਦੀਆਂਵਾਲੀ, ਡਾਕਖਾਨਾ ਭੋਪਰ ਸੈਦਾ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਜਤਿੰਦਰ ਸਿੰਘ ਅਤੇ ਮੇਰੀ ਨੂੰਹ ਕਿਰਨਦੀਪ ਕੌਰ ਦੋਨੋਂ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

## ਆਮ ਸੂਚਨਾ

ਮੈਂ ਸਤਵੀਰ ਸਿੰਘ ਪੁੱਤਰ ਮੰਗਤ ਸਿੰਘ ਵਾਸੀ ਛਪੜੀ ਵਿਹੜਾ, ਧਰਮਪੁਰਾ ਰੋਡ ਬਰੇਟਾ ਜ਼ਿਲ੍ਹਾ ਮਾਨਸਾ ਹਰ ਆਮ ਅਤੇ ਖਾਸ ਨੂੰ ਸੂਚਿਤ ਕਰਦਾ ਹਾਂ ਕਿ ਜਿੱਥੇ ਮੈਂ ਰਹਿ ਰਿਹਾ ਹਾਂ, ਉਹ ਮੇਰੀ ਵਿਰਾਸਤੀ ਰਕਬਾ ਹੈ, ਮੇਰੇ ਹਿੱਸੇ ਵਿੱਚ ਆਇਆ ਹੈ ਅਤੇ ਮੈਂ ਇਸਦਾ ਹਾਊਸ ਟੈਕਸ ਭਰ ਰਿਹਾ ਹਾਂ । ਮੈਂ ਇਸ ਰਕਬੇ ਦਾ ਨਕਸ਼ਾ ਨਗਰ ਕੌਂਸਲ ਬਰੇਟਾ ਵੱਲੋ ਪਾਸ ਕਰਵਾਉਣਾ ਚਾਹੁੰਦਾ ਹਾਂ । ਜੇਕਰ ਕਿਸੇ ਨੂੰ ਕੋਈ ਵੀ ਇਤਰਾਜ਼ ਹੋਵੇ ਤਾਂ ਉਹ 30 ਦਿਨਾਂ ਦੇ ਅੰਦਰ ਅੰਦਰ ਆਪਣਾ ਇਤਰਾਜ਼ ਨਗਰ ਕੌਂਸਲ ਦਫਤਰ ਬਰੇਟਾ ਨੂੰ ਪੇਸ਼ ਕਰ ਸਕਦਾ ਹੈ।

ਮੈਂ ਜਸਵੀਰ ਸਿੰਘ ਪੁੱਤਰ ਨਥੂ ਸਿੰਘ ਵਾਸੀ ਬੱਧਨੀ ਕਲਾਂ ਜਿਲਾ ਮੋਗਾ ਸੂਚਿਤ ਕਰਦਾ ਹਾਂ ਕੇ ਮੈਂ ਆਪਣੀ ਲੜਕੀ ਕੋਮਲਪ੍ਰੀਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਬੇਦਖਲ ਕਰ ਦਿਤਾ ਸੀ ਪ੍ਰੰਤੂ ਹੁਣ ਕੋਮਲਪ੍ਰੀਤ ਕੌਰ ਮੇਰੇ ਕਹਿਣੇ ਵਿੱਚ ਹੈ, ਜਿਸ ਕਾਰਨ ਮੈ ਉਸ ਦੀ ਬੇਦਖਲੀ ਵਾਪਸ ਲੈ ਰਿਹਾ ਹਾਂ,ਸਬੰਧਤ ਨੋਟ ਕਰਨ।

## ਨਾਂਅ ਦੀ ਬਦਲੀ

ਮੈਂ ਬਲਿਹਾਰ ਰਾਮ ਪੁੱਤਰ ਪੋਲੋ ਰਾਮ ਪਿੰਡ ਮੰਢਾਲੀ ਤਹਿਸੀਲ ਬੰਗਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਬਿਆਨ ਕਰਦਾ ਹਾਂ ਕਿ ਮੈਂ ਆਪਣਾ ਨਾਂਅ ਬਲਿਹਾਰ ਰਾਮ ਤੋਂ ਬਦਲ ਕੇ ਸੁੱਖ ਰਾਮ ਰੱਖ ਲਿਆ। ਸੰਬੰਧਤ ਨੋਟ ਕਰਨ।

ਮੈਂ, Ranjeet Kaur ਪਤਨੀਂ ਗੁਰਸੇਵਕ ਸਿੰਘ, ਪਿੰਡ ਜਾਤੀ ਮਾਜਰਾ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ Ranjit Kaur ਰੱਖ ਲਿਆ ਹੈ।

ਮੈਂ ਤਰਲੋਕ ਰਾਜ ਪੁੱਤਰ ਤੀਰਥ ਰਾਮ ਵਾਸੀ ਪਿੰਡ ਤੇ ਡਾਕਘਰ ਬੱਸੀ ਗੁਲਾਮ ਹੁਸੈਨ ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਨੇ ਆਪਣੇ ਨਾਬਾਲਗ ਲੜਕੇ ਦਾ ਨਾਮ ਪੰਕਜ ਤੋਂ ਬਦਲ ਕੇ ਪੰਕਜ ਪਲਾਹਾ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈ ਅਵਤਾਰ ਸਿੰਘ ਗਿੱਲ ਪੁੱਤਰ ਸਰਵਣ ਸਿੰਘ ਪਿੰਡ ਗਿੱਲ ਡਾਕਖਾਨਾ ਚਮਿਆਰਾ ਜਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕੀ ਮੈ ਆਪਣਾ ਨਾਮ ਅਵਤਾਰ ਸਿੰਘ ਗਿੱਲ ਤੋਂ ਬਦਲ ਕੇ ਅਵਤਾਰ ਸਿੰਘ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## AUCTION NOTICE

One Gill Fine MS E-Rickshaw Regd. No. PB-08-FN-8937 Model 2024 Chassis No. MD9VBKFP24E151128, being open for auction at my office M/s Jalandhar Cargo Advances Ltd. 5th Floor, 556-B, Cool Road, Jalandhar on dated 03-08-2026 at 11.00 A.M. Interested parties may remain present for the auction. Terms & conditions shall be announced at the time of auction.

For Jalandhar Cargo Advances Ltd.
Director

## COURT NOTICE

(U/o 5 Rule 20 CPC)
In the Court of
Ms. Harpreet Kaur Randhawa
District and Sessions Judge
Ludhiana
CNR No. PBLD01-004556-2025
Next Date:- 07-09-2026
Sanjeev Jain
Vs.
Rajesh Aggarwal
Publication Issued To:
Rajesh Aggarwal
S/o Satpal Aggarwal, Address-301, Sita Nagar, Ludhiana.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 07-09-2026 at 10.00 a.m.

For details logon to https://highcourtchd.gov.in/?mod=district_notice&district=mogacourt.

District and Sessions Judge
Ludhiana
Dated, this day of 27-07-2026

## COURT NOTICE

In the Court of
Ms. Icy Jaswal
Judicial Magistrate - Ist Class
Ludhiana
COMA/8913/2024
CNR No.:- PBLD03-031260-2024
Next Date:-21-08-2026
Jiwan Goel
Vs.
M/S Style Gallery
Detail Of Offence:-
Notice To:
M/S Style Gallery
Near Bugga Bus Stand, Main Road, Amloh-147001, Through Its Prop. Mahesh Kumar Goyal

In above titled case, the accused could not be served. It is ordered that accused should appear in person or through counsel on 21-08-2026 at 10.00 a.m.

For details logon to https://highcourtchd.gov.in/?mod=district_notice&district=mogacourt.

Judicial Magistrate - Ist Class,
Ludhiana
Dated, this day of 27-07-2026

## Utkarsh Small Finance Bank
## PUBLIC NOTICE

Notice is hereby given that the original sale deed and other related property documents in respect of the below-mentioned property have been lost/misplaced.

**Details of the Property:** Property measuring 4 Marla with 5.5 feet Karam being 4/80 share of 4 Kanal bearing Khasra no. 198 min, Vakia Rakba Village Fatehchak Jarai, Tehsil & District Tarn Taran.

**Property Owner:** Nageen Singh s/o Nachttar Singh

**Property Address:** Property measuring 4 Marla with 5.5 feet Karam being 4/80 share of 4 Kanal bearing Khasra no. 198 min, Vakia Rakba Village Fatehchak Jarai, Tehsil & District Tarn Taran.

**Sale Deed No.:** 2596

**Date of Sale Deed:** 03/12/2015

**Property Description:** Property measuring 4 Marla with 5.5 feet Karam being 4/80 share of 4 Kanal bearing Khasra no.198 min, Vakia Rakba Village Fatehchak Jarai, Tehsil & District Tarn Taran.

The undersigned intends to apply for certified copies of the said documents. If any person has any objection or claim regarding the said property or documents, they are requested to notify the undersigned within 15 days from the date of publication of this notice, failing which, it will be presumed that no objection exists and the necessary steps will be taken to obtain certified copies and execute an indemnity bond.

Contact Details:
Name: Vikas Verma, Advocate
Address: 264, Basant Avenue, Amritsar
Phone: 9815156302
Email: vikasverma264@gmail.com

## UMMEED HOUSING FINANCE PVT. LTD

Registered office at: Unit 2009-14,20th Floor, Magnum Global Park, Golf Course Extension Road,Sec-58, Gurugram (Haryana)-122011)
CIN: U65922HR2016PTC057984.

ਅੰਤਿਕਾ IV [(ਦੇਖੋ ਰੂਲ 8 (1)] ਕਬਜ਼ਾ ਨੋਟਿਸ

ਜਦੋਂਕਿ ਨਿਮਨਹਸਤਾਖਰੀ ਨੇ 'ਸਕਿਉਰਿਟੀਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ (ਐਕਟ 2002 (54 ਆਫ 2002) ਅਧੀਨ ਉਮੀਦ ਹਾਊਸਿੰਗ ਫਾਈਨਾਂਸ ਪ੍ਰਾਈ: ਲਿਮ: ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ (ਰੂਲ 3) ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਏ ਕਰਜ਼ਦਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਸਮੇਤ ਅਸਲ ਅਦਾਇਗੀ ਦੀ ਮਿਤੀ ਤੱਕ ਚਾਰਜਿਜ਼ ਅਤੇ ਖਰਚੇ ਨੋਟਿਸ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਵਾਪਸ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਸੰਬੰਧਤ ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਵਾਪਸ ਅਦਾ ਕਰਨ 'ਚ ਅਸਫਲ ਰਹੇ ਹਨ ਅਤੇ ਉਨ੍ਹਾਂ ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਿਟੀ ਇੰਟਰੈੱਸਟ ਇਨਫੋਰਸਮੈਂਟ ਰੂਲਜ਼, 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈ ਜਾਇਦਾਦ ਦਾ ਇਸ ਮਿਤੀ ਨੂੰ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ ਨੂੰ ਖਾਸ ਕਰ ਅਤੇ ਆਮ ਜਨਤਾ ਨੂੰ ਆਮ ਤੌਰ 'ਤੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਵੀ ਸੌਦੇਬਾਜ਼ੀ ਨਾ ਕਰਨ ਅਤੇ ਜਾਇਦਾਦ ਸੰਬੰਧੀ ਕੀਤੀ ਗਈ ਕੋਈ ਵੀ ਸੌਦੇਬਾਜ਼ੀ ਉਮੀਦ ਹਾਊਸਿੰਗ ਫਾਈਨਾਂਸ ਪ੍ਰਾਈ: ਲਿਮ: ਨੂੰ ਰਕਮ ਅਤੇ ਉਸ ਉੱਪਰ ਅਗਲਾ ਵਿਆਜ, ਲਾਗਤਾਂ ਅਤੇ ਚਾਰਜਿਜ਼ ਆਦਿ ਨੂੰ ਨਿਮਨਲਿਖਤ ਨਿਰਧਾਰਤ ਮਿਤੀਆਂ ਤੋਂ ਮੁਕੰਮਲ ਅਦਾਇਗੀ ਤੱਕ ਹੱਕਦਾਰ ਬਣਾਏਗੀ।

ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ ਸੈਕਸ਼ਨ (8) ਦੀਆਂ ਵਿਵਸਥਾਵਾਂ ਅਧੀਨ ਸਕਿਉਰਡ ਐੱਸਟਸ ਨੂੰ ਪੁਨਰ ਗ੍ਰਹਿਣ ਗਰਨ ਲਈ ਦਿੱਤੇ ਗਏ ਸਮੇਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ ਗਰੰਟਰਾਂ, ਸਕਿਉਰਟੀਜ਼, ਬਕਾਇਆ ਰਕਮਾਂ, ਡਿਮਾਂਡ ਨੋਟਿਸ ਸੈਕਸ਼ਨ 13 (2) ਅਧੀਨ ਭੇਜੇ ਗਏ ਹਨ ਅਤੇ ਇਸ ਅਧੀਨ ਦਾਅਵਾ ਕੀਤੀ ਗਈ ਰਕਮ ਅਤੇ ਕਬਜ਼ੇ ਦੀ ਮਿਤੀ ਹੇਠਾਂ ਦਰਸਾਏ ਅਨੁਸਾਰ ਹੈ :

| ਲੜੀ ਨੰ. | ਕਰਜ਼ਦਾਰ, ਸਹਿ-ਕਰਜ਼ਦਾਰ, ਗਰੰਟਰ ਦਾ ਨਾਂਅ ਅਤੇ ਪਤਾ ਕਰਜ਼ਾ ਖਾਤਾ ਨੰ. ਅਤੇ ਕਰਜ਼ਾ ਰਾਸ਼ੀ | ਡਿਮਾਂਡ ਨੋਟਿਸ ਦੀ ਮਿਤੀ | ਸੰਕੇਤਕ ਕਬਜ਼ੇ ਦੀ ਮਿਤੀ |
|---|---|---|---|
| 1. | 1. ਰਾਣੀ ਪਤਨੀ ਅਮਿਤ ਕੁਮਾਰ (ਕਰਜ਼ਦਾਰ)<br>2. ਅਮਿਤ ਕੁਮਾਰ ਪੁੱਤਰ ਤੇਜਪਾਲ ਸਿੰਘ (ਸਹਿ-ਕਰਜ਼ਦਾਰ) ਦੋਵੇਂ ਵਾਸੀ-1496/1, ਸੈਕਟਰ 30 ਬੀ, ਚੰਡੀਗੜ੍ਹ-160030, ਨਾਲ ਹੀ : ਮਕਾਨ ਨੰ. 235, ਪਿੰਡ ਕੰਬਾਲਾ, ਚੰਡੀਗੜ੍ਹ-160103<br>ਕਰਜ਼ਾ ਨੰ. : LXCHD02918-190003837<br>ਕਰਜ਼ਾ ਇਕਰਾਰਨਾਮਾ ਮਿਤੀ : 31 ਜਨਵਰੀ 2019<br>ਕਰਜ਼ਾ ਰਾਸ਼ੀ : ਰੁਪਏ 9,52,840/- | 13-May-26<br>ਬਕਾਇਆ ਰਕਮ ਰੁਪਏ 'ਚ<br>13 ਮਈ 2026 ਨੂੰ ਰੁਪਏ 11,11,838/- (ਗਿਆਰਾਂ ਲੱਖ ਗਿਆਰਾਂ ਹਜ਼ਾਰ ਅੱਠ ਸੌ ਅਠੱਤੀ ਰੁਪਏ ਕੇਵਲ) + 14 ਮਈ 2026 ਤੋਂ ਅਗਲਾ ਵਿਆਜ ਅਤੇ ਹੋਰ ਚਾਰਜਿਜ਼ | 30-Jul-2026 |

ਸਕਿਉਰਡ ਐੱਸਟ ਦਾ ਵੇਰਵਾ : ਜਾਇਦਾਦ ਫਲੈਟ ਨੰ. 18 ਸੀ, ਦੂਜੀ ਮੰਜ਼ਲ, ਖਸਰਾ ਨੰ. 23//19/3(2-11), 22/1(0-18), 29 (1-14), ਕਿੱਤੇ 3, ਰਕਬਾ 5 ਕਨਾਲ 3 ਮਰਲੇ 1/103 ਹਿੱਸਾ ਬਕਦਰ 0 ਕਨਾਲ 1 ਮਰਲਾ, ਵਾਕਾ ਰਕਬਾ ਨੈਨਾ ਫਿਲੌਰ, ਅੰਬਿਕਾ ਵਿਹਾਰ, ਹੱਦਬਸਤ ਨੰ. 184, ਨੇੜੇ ਬੱਸ ਸਟੈਂਡ ਖਰੜ, ਤਹਿਸੀਲ ਖਰੜ, ਜ਼ਿਲ੍ਹਾ ਮੁਹਾਲੀ ਨਾਲ ਸੰਬੰਧਤ ਸਭ ਕੁੱਝ। ਹੱਦਾਂ 25.01.2019 ਦੀ ਤਕਨੀਕੀ ਰਿਪੋਰਟ ਮੁਤਾਬਕ, ਉੱਤਰ : ਫਲੈਟ ਨੰ. 17 ਸੀ, ਦੱਖਣ : ਨਾਲਾ, ਪੂਰਬ : ਗਲੀ, ਪੱਛਮ : ਹੋਰ ਮਾਲਕ

ਮਿਤੀ : 01 ਅਗਸਤ 2026 | ਅਧਿਕਾਰਤ ਅਫਸਰ, ਸ੍ਰੀ ਗੌਰਵ ਤ੍ਰਿਪਾਠੀ ਮੋਬਾਇਲ-9650055701
ਸਥਾਨ : ਗੁਰੂਗ੍ਰਾਮ, ਹਰਿਆਣਾ | ਉਮੀਦ ਹਾਊਸਿੰਗ ਫਾਇਨਾਂਸ ਪ੍ਰਾਈ. ਲਿਮ.

## ਉਤਰ ਰੇਲਵੇ
### ਈ-ਨਿਵਿਦਾ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਜਨਰਲ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜਨ ਲਾਗਤ(ਰੁ.) | ਬਿਆਨਾ ਰਾਸ਼ੀ (ਰੁ.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ | ਵੈਬ ਸਾਈਟ |
|---|---|---|---|---|---|---|
| 251-ਬਿਜਲੀ T-25-R1-2025-26 | ਫਿਰੋਜਪੁਰ ਡਵੀਜਨ ਵਿਚ ਵਖ-ਵਖ ਥਾਵਾਂ (ਸਟੇਸ਼ਨ, ਸਰਵਿਸ ਬਿਲਡਿੰਗ, ਰਿਹਾਇਸ਼ੀ ਬਿਲਡਿੰਗ ਅਤੇ ਐਲਸੀ ਗੇਟ) ਤੇ ਸੋਲਰ ਪਾਵਰ ਪਲਾਂਟ ਲਗਾਉਣ ਨਾਲ ਜੁੜਿਆ ਇਲੈਕਟ੍ਰੀਕਲ ਸਬੰਧਿਤ ਬਿਜਲੀ ਕੰਮ। | ਰੁ. 11,05,35,584.10 | ਰੁ. 22,10,700.00 | 06 ਮਹੀਨੇ | 20.08.2026 15:00 ਵਜੇ ਦੇ ਬਾਅਦ | www.ireps.gov.in |

ਨੰ. 251-ਬਿਜਲੀ ਟੈਂਡਰ ਨੋਟਿਸ ਨੰ. 27-ਆਰ1-ਬਿਜਲੀ-2025-26 ਮਿਤੀ:- 30.07.2026 2640/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉਤਰ ਰੇਲਵੇ
### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| S.N. | Catalogue No. | Nature of Contract |
|---|---|---|
| ਈ-ਨੀਲਾਮੀ ਦੀ ਮਿਤੀ : 12.08.2026 | | |
| 1 | EAFZR-MIS26-17 | (ਕ) ਅੰਮ੍ਰਿਤਸਰ ਰੇਲਵੇ ਸਟੇਸ਼ਨ ਉਤੇ ਟ੍ਰੈਵੇਲ ਹੇਲਪ ਡੇਸਕ ਦੀ ਸਥਾਪਨਾ ਅਤੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ।<br>(ਖ) ਲੁਧਿਆਣਾ ਰੇਲਵੇ ਸਟੇਸ਼ਨ ਉਤੇ (ਕਾਲੋਨੀ ਨੰ. 10 ਜਗਰਾਉਂ ਬ੍ਰਿਜ ਦੀ ਦੀਵਾਰ ਦੇ ਨਾਲ) ਫੂਡ ਵੈਨ ਦੀ ਸਥਾਪਨਾ ਅਤੇ ਸੰਚਾਲਨ।<br>(ਗ) ਲੁਧਿਆਣਾ ਰੇਲਵੇ ਸਟੇਸ਼ਨ ਤੇ ਟੀਟੀਈ ਰੇਸਟ ਹਾਊਸ ਦੇ ਨੇੜੇ ਛੋਟੀ ਫੂਡ ਵੈਨ ਦੀ ਸਥਾਪਨਾ ਅਤੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ।<br>(ਘ) ਅੰਮ੍ਰਿਤਸਰ ਰੇਲਵੇ ਸਟੇਸ਼ਨ ਤੇ ਸਿੰਗਲ ਬ੍ਰਾਂਡ ਪ੍ਰੀਮਿਸਮ ਸਟੋਰ ਦੀ ਸਥਾਪਨਾ ਅਤੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ। |
| 2 | EAFZR-CTG26-7 | (ਕ) ਫਗਵਾੜਾ ਰੇਲਵੇ ਸਟੇਸ਼ਨ ਤੇ ਕੈਟਰਿੰਗ ਸਟਾਲ ਦੇ ਲਈ ਠੇਕੇ ਦਾ ਅਲਾਟਮੈਂਟ।<br>(ਖ) ਮਖੂ ਰੇਲਵੇ ਸਟੇਸ਼ਨ ਤੇ ਕੈਟਰਿੰਗ ਸਟਾਲ ਦੇ ਲਈ ਠੇਕੇ ਦਾ ਅਲਾਟਮੈਂਟ। |
| ਈ-ਨੀਲਾਮੀ ਦੀ ਮਿਤੀ : 13.08.2026 | | |
| 3 | EAFZR-PnU26-8 | (ਕ) ਮੁਕਤਸਰ ਰੇਲਵੇ ਸਟੇਸ਼ਲ ਉਤੇ ਪੇ ਐਂਡ ਯੂਜ ਪਖਾਨਿਆਂ ਦੇ ਸੰਚਾਲਨ ਅਤੇ ਰਖਰਖਾਅ ਦੇ ਲਈ ਠੇਕੇ ਦਾ ਅਲਾਟਮੈਂਟ।<br>(ਖ) ਕੋਟਕਪੂਰਾ ਰੇਲਵੇ ਸਟੇਸ਼ਨ ਉਤੇ ਪੇ ਐਂਡ ਯੂਜ ਪਖਾਨਿਆਂ ਦੇ ਸੰਚਾਲਨ ਅਤੇ ਰਖਰਖਾਅ ਦੇ ਲਈ ਠੇਕੇ ਦਾ ਅਲਾਟਮੈਂਟ। |
| 4 | EAFZR-ADVT26-18 | ਟ੍ਰੇਨ ਨੰਬਰ 146830/79/82/81, 14622/21/26/25, 12408/07 ਅਤੇ 20424/23 ਦੇ ਡੱਬਿਆਂ ਦੇ ਬਾਹਰੀ ਹਿਸੇ ਤੇ ਵਿਨਾਇਲ ਰੈਪਿੰਗ ਦੁਆਰ ਵਿਗਿਆਪਨ ਅਧਿਕਾਰ ਲਈ ਠੇਕੇ ਦਾ ਅਲਾਟਮੈਂਟ। |
| 5 | EAFZR-WVM26-3 | ਅੰਮ੍ਰਿਤਸਰ, ਢੰਡਾਰੀ ਕਲਾਂ, ਫਿਰੋਜਪੁਰ ਕੈਂਟ ਅਤੇ ਫਗਵਾੜਾ ਰੇਲਵੇ ਸਟੇਸ਼ਨਾਂ ਤੇ ਵਾਟਰ ਵੇਂਡਿੰਗ ਮਸ਼ੀਨਾਂ ਦੇ ਪ੍ਰਾਵਧਾਨ ਅਤੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ। |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ।
ਨੰ.NR-FZR0COML(NFR)/18/2024 ਤਾਰੀਕ : 31.07.2026 2654/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਸਫ਼ਾਈ ਸੇਵਕਾਂ ਦੇ ਹਿੱਤਾਂ ਲਈ 'ਆਪ' ਸਰਕਾਰ ਨੇ ਲਏ ਇਤਿਹਾਸਕ ਫ਼ੈਸਲੇ : ਵਿਧਾਇਕ

**ਡੇਰਾਬੱਸੀ (ਵਿਨੇ ਕੁਮਾਰ ਜੈਨ)**- ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸਫ਼ਾਈ ਸੇਵਕਾਂ ਅਤੇ ਸੀਵਰਮੈਨਾਂ ਦੇ ਹਿੱਤਾਂ ਦੀ ਰੱਖਿਆ ਲਈ ਕਈ ਇਤਿਹਾਸਕ ਫ਼ੈਸਲੇ ਲਏ ਹਨ। ਉਨ੍ਹਾਂ ਨਾਰਾਜ਼ ਧਿਰਾਂ ਨੂੰ ਅਪੀਲ ਕੀਤੀ ਕਿ ਉਹ ਹੜਤਾਲ ਦੀ ਥਾਂ ਗੱਲਬਾਤ ਦਾ ਰਾਹ ਅਪਣਾਉਣ ਤਾਂ ਜੋ ਆਮ ਜਨਤਾ ਨੂੰ ਸਾਫ਼-ਸਫ਼ਾਈ ਵਰਗੀਆਂ ਬੁਨਿਆਦੀ ਸੇਵਾਵਾਂ ਵਿੱਚ ਕਿਸੇ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਰੰਧਾਵਾ ਨੇ ਕਿਹਾ ਕਿ ਸਫ਼ਾਈ ਸੇਵਕ ਸਮਾਜ ਦੀ ਰੀੜ੍ਹ ਦੀ ਹੱਡੀ ਹਨ। ਸਰਕਾਰ ਨੇ ਉਨ੍ਹਾਂ ਦੀਆਂ ਸੇਵਾਵਾਂ ਨੂੰ ਮੁੱਖ ਰੱਖਦਿਆਂ ਮਹੀਨਾਵਾਰ ਤਨਖ਼ਾਹ 10 ਹਜ਼ਾਰ ਰੁਪਏ ਤੋਂ ਵਧਾ ਕੇ 20 ਹਜ਼ਾਰ ਰੁਪਏ ਕਰਨ ਦਾ ਵੱਡਾ ਫ਼ੈਸਲਾ ਕੀਤਾ ਹੈ। ਇਸ ਤੋਂ ਇਲਾਵਾ ਠੇਕੇਦਾਰੀ ਪ੍ਰਣਾਲੀ ਖ਼ਤਮ ਕਰਕੇ 3 ਸਾਲ ਦੀ ਸੇਵਾ ਪੂਰੀ ਕਰ ਚੁੱਕੇ ਆਊਟਸੋਰਸ ਮੁਲਾਜ਼ਮਾਂ ਨੂੰ ਸਿੱਧੇ ਸਰਕਾਰੀ ਕੰਟਰੈਕਟ 'ਤੇ ਲਿਆਉਣ ਅਤੇ 5 ਸਾਲ ਦੀ ਸੇਵਾ ਵਾਲਿਆਂ ਨੂੰ ਪੱਕਾ ਕਰਨ ਲਈ ਸਪੱਸ਼ਟ ਨੀਤੀ ਉਲੀਕੀ ਗਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਹਮੇਸ਼ਾ ਮਸਲੇ ਗੱਲਬਾਤ ਨਾਲ ਹੱਲ ਕੀਤੇ ਹਨ, ਜਿਸ ਦੀ ਮਿਸਾਲ ਬਿਜਲੀ ਬੋਰਡ, ਆਮ ਆਦਮੀ ਕਲੀਨਿਕਾਂ ਅਤੇ ਮਨਰੇਗਾ ਕਰਮਚਾਰੀਆਂ ਦੀਆਂ ਮੰਗਾਂ ਦਾ ਹੱਲ ਹੈ।

ਵਿਧਾਇਕ ਨੇ ਦੱਸਿਆ ਕਿ ਮਾਨਸੂਨ ਦੇ ਮੱਦੇਨਜ਼ਰ ਡਰੇਨਾਂ ਦੀ ਸਫ਼ਾਈ ਤੇ ਡੀ-ਸਿਲਟਿੰਗ ਦਾ ਕੰਮ ਪਹਿਲਾਂ ਹੀ ਮੁਕੰਮਲ ਕਰ ਲਿਆ ਗਿਆ ਹੈ। ਇਸ ਤੋਂ ਇਲਾਵਾ 300 ਯੂਨਿਟ ਮੁਫ਼ਤ ਬਿਜਲੀ, 10 ਲੱਖ ਤੱਕ ਦਾ ਸਿਹਤ ਬੀਮਾ ਅਤੇ ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਦਵਾਈਆਂ ਇਤਿਹਾਸਕ ਪ੍ਰਾਪਤੀਆਂ ਹਨ। ਇਸ ਮੌਕੇ ਡੇਰਾਬੱਸੀ, ਜ਼ੀਰਕਪੁਰ ਅਤੇ ਲਾਲੜੂ ਨਗਰ ਕੌਂਸਲਾਂ ਦੇ ਪ੍ਰਧਾਨ, ਸੀਨੀਅਰ ਵਾਇਸ ਪ੍ਰਧਾਨ, ਵਾਇਸ ਪ੍ਰਧਾਨ, ਕੌਂਸਲਰ ਅਤੇ 'ਆਪ' ਆਗੂ ਵੱਡੀ ਗਿਣਤੀ 'ਚ ਹਾਜ਼ਰ ਸਨ।



## ਐੱਲ ਪੀ ਯੂ ਭਾਰਤ ਦੇ ਸਭ ਤੋਂ ਵਿਆਪਕ ਕੈਂਪਸ ਸੁਰੱਖਿਆ ਈਕੋਸਿਸਟਮ 'ਚੋਂ ਇੱਕ ਬਣਿਆ

**ਜਲੰਧਰ (ਸ਼ੈਲੀ ਐਲਬਰਟ)**- ਹਰ ਸਾਲ ਹਜ਼ਾਰਾਂ ਵਿਦਿਆਰਥੀਆਂ ਦੇ ਉੱਚ ਸਿੱਖਿਆ ਲਈ ਆਪਣੇ ਘਰ ਛੱਡਣ ਦੇ ਨਾਲ, ਸੁਰੱਖਿਆ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਦੋਵਾਂ ਲਈ ਇੱਕ ਵੱਡੀ ਚਿੰਤਾ ਬਣ ਗਈ ਹੈ। ਵਿਦਿਅਕ ਕੈਂਪਸਾਂ ਵਿੱਚ ਅਣਅਧਿਕਾਰਤ ਪ੍ਰਵੇਸ਼, ਰੈਗਿੰਗ, ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਅਤੇ ਸੁਰੱਖਿਆ ਉਲੰਘਣਾਵਾਂ ਦੀਆਂ ਵਧਦੀਆਂ ਘਟਨਾਵਾਂ ਨੇ ਯੂਨੀਵਰਸਿਟੀਆਂ ਨੂੰ ਸਿਰਫ਼ ਰਵਾਇਤੀ ਸੁਰੱਖਿਆ ਉਪਾਵਾਂ 'ਤੇ ਨਿਰਭਰ ਕਰਨ ਤੋਂ ਬਦਲ ਕੇ ਉੱਨਤ ਅਤੇ ਤਕਨਾਲੋਜੀ-ਅਧਾਰਤ ਸੁਰੱਖਿਆ ਪ੍ਰਣਾਲੀਆਂ ਨੂੰ ਅਪਣਾਉਣ ਦੀ ਜ਼ਰੂਰਤ ਕੀਤੀ ਹੈ ਜੋ ਇੱਕ ਸੁਰੱਖਿਅਤ ਸਿੱਖਣ ਵਾਤਾਵਰਣ ਨੂੰ ਯਕੀਨੀ ਬਣਾਉਂਦੇ ਹਨ।

ਇਨ੍ਹਾਂ ਵਿਕਸਤ ਚੁਣੌਤੀਆਂ ਨੂੰ ਸੰਬੋਧਿਤ ਕਰਦੇ ਹੋਏ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲਪੀਯੂ) ਨੇ ਭਾਰਤ ਦੇ ਸਭ ਤੋਂ ਵਿਆਪਕ ਕੈਂਪਸ ਸੁਰੱਖਿਆ ਈਕੋਸਿਸਟਮ ਵਿੱਚੋਂ ਇੱਕ ਬਣਾਇਆ ਹੈ। ਤਕਨਾਲੋਜੀ, ਸਿਖਲਾਈ ਪ੍ਰਾਪਤ ਸਟਾਫ ਅਤੇ ਸਖ਼ਤ ਸੰਸਥਾਗਤ ਨੀਤੀਆਂ ਮਿਲ ਕੇ 35,000 ਤੋਂ ਵੱਧ ਵਿਦਿਆਰਥੀਆਂ ਲਈ ਇੱਕ ਸੁਰੱਖਿਅਤ ਵਾਤਾਵਰਣ ਪ੍ਰਦਾਨ ਕਰਦੀਆਂ ਹਨ। ਯੂਨੀਵਰਸਿਟੀ ਨੇ ਇੱਕ 360-ਡਿਗਰੀ ਸੁਰੱਖਿਆ ਢਾਂਚਾ ਲਾਗੂ ਕੀਤਾ ਹੈ, ਜਿਸ ਵਿੱਚ 7,200 ਤੋਂ ਵੱਧ ਸੀਸੀਟੀਵੀ ਕੈਮਰੇ, 200 ਤੋਂ ਵੱਧ ਪੇਸ਼ੇਵਰ ਸਿਖਲਾਈ ਪ੍ਰਾਪਤ ਸੁਰੱਖਿਆ ਕਰਮਚਾਰੀ, ਉੱਨਤ ਨਿਗਰਾਨੀ ਪ੍ਰਣਾਲੀਆਂ, ਅਤੇ ਇੱਕ ਸਮਰਪਿਤ ਸੁਰੱਖਿਆ ਕੰਟਰੋਲ ਰੂਮ ਸ਼ਾਮਲ ਹੈ ਜੋ ਕੈਂਪਸ ਦੀ 24×7 ਨਿਗਰਾਨੀ ਕਰਦਾ ਹੈ। ਕੈਂਪਸ ਤੱਕ ਪਹੁੰਚ ਏਆਈ-ਸਮਰੱਥ ਚਿਹਰੇ ਦੀ ਪਛਾਣ ਤਕਨਾਲੋਜੀ ਦੁਆਰਾ ਹੋਰ ਸੁਰੱਖਿਅਤ ਕੀਤੀ ਗਈ ਹੈ, ਜਿਸ ਨਾਲ ਸਿਰਫ਼ ਰਜਿਸਟਰਡ ਅਤੇ ਅਧਿਕਾਰਤ ਕਰਮਚਾਰੀ ਹੀ ਆਗਿਆ ਦਿੰਦੇ ਹਨ, ਅਤੇ ਟਰਨਸਟਾਇਲ ਗੇਟ ਅਤੇ ਸਮਾਰਟ ਬੈਰੀਅਰ ਸਾਰੀਆਂ ਗਤੀਵਿਧੀਆਂ ਦੀ ਨਿਗਰਾਨੀ ਕਰਦੇ ਹਨ। ਯੂਨੀਵਰਸਿਟੀ ਦੀ ਪਰੇਸ਼ਾਨੀ ਲਈ ਜ਼ੀਰੋ-ਟੌਲਰੈਂਸ ਨੀਤੀ ਹੈ ਅਤੇ ਇਹ ਯੂਜੀਸੀ ਦੇ ਰੈਗਿੰਗ ਵਿਰੋਧੀ ਨਿਯਮਾਂ ਨੂੰ ਸਖ਼ਤੀ ਨਾਲ ਲਾਗੂ ਕਰਦੀ ਹੈ।



## ਊਧਮ ਸਿੰਘ ਦੇ ਸ਼ਹੀਦੀ ਦਿਹਾੜੇ 'ਤੇ ਸ਼ਰਧਾਂਜਲੀ ਸਮਾਗਮ

**ਅੱਡਾ ਸਰਾਂ/ ਟਾਂਡਾ ਉੜਮੁੜ (ਜਸਵੀਰ ਕਾਜਲ)**- ਐੱਚ ਆਈ ਐੱਮ ਟੀ. ਕਾਲਜ, ਟਾਂਡਾ ਵਿਖੇ ਮਹਾਨ ਕ੍ਰਾਂਤੀਕਾਰੀ ਤੇ ਦੇਸ਼ ਦੀ ਆਜ਼ਾਦੀ ਲਈ ਆਪਣਾ ਸਰਵੋਤਮ ਬਲਿਦਾਨ ਦੇਣ ਵਾਲੇ ਸ਼ਹੀਦ ਸਰਦਾਰ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਇੱਕ ਪ੍ਰਭਾਵਸ਼ਾਲੀ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਅਤੇ ਸਮੂਹ ਸਟਾਫ ਨੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਉਨ੍ਹਾਂ ਦੇ ਦੇਸ਼ ਲਈ ਕੀਤੇ ਅਦੁੱਤੀ ਯੋਗਦਾਨ ਨੂੰ ਯਾਦ ਕੀਤਾ। ਸਮਾਗਮ ਦੌਰਾਨ ਵਿਦਿਆਰਥੀਆਂ ਨੇ ਹੱਥਾਂ ਵਿੱਚ ਸ਼ਹੀਦ ਊਧਮ ਸਿੰਘ ਦੀਆਂ ਤਸਵੀਰਾਂ ਫੜ ਕੇ ਉਨ੍ਹਾਂ ਦੇ ਬਲਿਦਾਨ ਨੂੰ ਨਮਨ ਕੀਤਾ ਅਤੇ ਦੇਸ਼ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਦਾ ਸੰਕਲਪ ਲਿਆ। ਇਸ ਮੌਕੇ ਕਾਲਜ ਦੀ ਵਾਈਸ ਪ੍ਰਿੰਸੀਪਲ ਡਾ. ਭਾਨੂ ਪ੍ਰਿਆ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਸਰਦਾਰ ਊਧਮ ਸਿੰਘ ਦਾ ਜੀਵਨ ਅਦੁੱਤੀ ਦੇਸ਼ ਭਗਤੀ, ਸਾਹਸ ਅਤੇ ਅਟੁੱਟ ਸੰਕਲਪ ਦੀ ਮਿਸਾਲ ਹੈ। ਉਨ੍ਹਾਂ ਕਿਹਾ ਕਿ ਜਲ੍ਹਿਆਂਵਾਲਾ ਬਾਗ ਕਤਲੇਆਮ ਦਾ ਬਦਲਾ ਲੈ ਕੇ ਸ਼ਹੀਦ ਊਧਮ ਸਿੰਘ ਨੇ ਸੰਸਾਰ ਨੂੰ ਇਹ ਸੰਦੇਸ਼ ਦਿੱਤਾ ਕਿ ਭਾਰਤੀ ਕਦੇ ਵੀ ਆਪਣੇ ਦੇਸ਼ ਅਤੇ ਆਪਣੇ ਸ਼ਹੀਦਾਂ ਨਾਲ ਹੋਏ ਅਨਿਆਂ ਨੂੰ ਨਹੀਂ ਭੁੱਲਦੇ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਮਹਾਨ ਸ਼ਹੀਦਾਂ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ। ਕਾਲਜ ਦੇ ਚੇਅਰਮੈਨ ਡਾ. ਰਿੱਤ ਟੰਡਨ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਦੇਸ਼ ਦੀ ਆਜ਼ਾਦੀ ਹਜ਼ਾਰਾਂ ਦੇਸ਼ਭਗਤਾਂ ਦੀਆਂ ਕੁਰਬਾਨੀਆਂ ਦਾ ਨਤੀਜਾ ਹੈ। ਇਸ ਮੌਕੇ ਭਾਰਤ ਰਤਨ ਟੰਡਨ, ਦਿਸ਼ਾਂਤ ਕੁਮਾਰ, ਅਮਨਦੀਪ ਕੁਮਾਰ, ਹਰਪ੍ਰੀਤ ਸਿੰਘ, ਡਾ. ਭਾਨੂ ਪ੍ਰਿਆ, ਹਰਪ੍ਰੀਤ ਕੌਰ, ਅੰਕਿਤਾ ਕੁਮਾਰੀ, ਅਨਮੋਲ ਕੌਰ, ਜੀਵਨ ਕੌਰ, ਅਮਨਦੀਪ ਕੌਰ, ਹਰਜਿੰਦਰ ਕੌਰ, ਸਿਮਰਨ, ਖੁਸ਼ਪ੍ਰੀਤ ਕੌਰ, ਜੈਸਮੀਨ ਕੌਰ, ਗੁਰਪ੍ਰੀਤ ਕੌਰ, ਅਰਸ਼ਪ੍ਰੀਤ ਕੌਰ, ਨਵਰਤ ਕੌਰ, ਖੁਸ਼ਪ੍ਰੀਤ ਕੌਰ ਅਤੇ ਸਮੂਹ ਸਟਾਫ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੇ ਸ਼ਹੀਦ ਸਰਦਾਰ ਊਧਮ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾਂ ਦੇ ਬਲਿਦਾਨ ਨੂੰ ਸਦਾ ਯਾਦ ਰੱਖਣ ਅਤੇ ਦੇਸ਼ ਦੀ ਸੇਵਾ ਲਈ ਸਮਰਪਿਤ ਰਹਿਣ ਦਾ ਪ੍ਰਣ ਲਿਆ।



## ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ : ਦੀਪਕ ਧੀਰ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਮਹਾਨ ਕ੍ਰਾਂਤੀਕਾਰੀ ਸ਼ਹੀਦ-ਏ-ਆਜ਼ਮ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਕਰਵਾਏ ਗਏ ਸ਼ਰਧਾਂਜਲੀ ਸਮਾਗਮ ਦੌਰਾਨ ਸਾਬਕਾ ਪ੍ਰਧਾਨ ਨਗਰ ਕੌਂਸਲ ਅਤੇ ਸੀਨੀਅਰ ਆਗੂ ਦੀਪਕ ਧੀਰ ਰਾਜੂ ਨੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਨਮਨ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਦੀਪਕ ਧੀਰ ਰਾਜੂ ਨੇ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਸ਼ਹੀਦਾਂ ਵੱਲੋਂ ਦਿੱਤੀਆਂ ਕੁਰਬਾਨੀਆਂ ਸਾਡੇ ਲਈ ਪ੍ਰੇਰਣਾ ਸਰੋਤ ਹਨ ਅਤੇ ਅੱਜ ਅਸੀਂ ਉਨ੍ਹਾਂ ਦੀ ਬਦੌਲਤ ਹੀ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਉਨ੍ਹਾਂ ਕਿਹਾ ਕਿ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਆਪਣੀ ਨੌਜਵਾਨ ਪੀੜ੍ਹੀ ਅਤੇ ਬੱਚਿਆਂ ਨੂੰ ਸ਼ਹੀਦਾਂ ਦੇ ਜੀਵਨ, ਸੰਘਰਸ਼ ਅਤੇ ਬਲਿਦਾਨ ਦੀਆਂ ਕਹਾਣੀਆਂ ਤੋਂ ਜਾਣੂ ਕਰਵਾਈਏ, ਤਾਂ ਜੋ ਉਨ੍ਹਾਂ ਦੇ ਮਨਾਂ ਵਿੱਚ ਦੇਸ਼-ਪ੍ਰੇਮ, ਕੁਰਬਾਨੀ ਅਤੇ ਸੇਵਾ ਦੀ ਭਾਵਨਾ ਪੈਦਾ ਹੋ ਸਕੇ। ਇਸ ਮੌਕੇ ਸਮਾਗਮ ਵਿੱਚ ਹਾਜ਼ਰ ਹੋਰ ਆਗੂਆਂ ਅਤੇ ਵਰਕਰਾਂ ਨੇ ਵੀ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਉਨ੍ਹਾਂ ਦੇ ਦੱਸੇ ਰਾਹ 'ਤੇ ਚੱਲਣ ਦਾ ਸੰਕਲਪ ਲਿਆ।

## ਮਿਸ਼ਨ ਹਰਿਆਲੀ ਤਹਿਤ ਵੱਖ-ਵੱਖ ਸਕੂਲਾਂ 'ਚ ਲਾਏ ਪੌਦੇ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਐਂਡ ਐਸੋਸੀਏਸ਼ਨ ਦੇ ਜ਼ਿਲਾ ਪ੍ਰਧਾਨ ਸੁਖਵਿੰਦਰ ਸਿੰਘ ਅਰੋੜਾ ਦੀ ਅਗਵਾਈ ਹੇਠ ਮਿਸ਼ਨ ਹਰਿਆਲੀ ਤਹਿਤ ਵੱਖ-ਵੱਖ ਸਕੂਲਾਂ ਵਿੱਚ ਪੌਦੇ ਲਾਉਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ ਕੜੀ ਤਹਿਤ ਵਿੱਚ ਇਨੋਸੈਂਟ ਜੂਨੀਅਰ ਸਕੂਲ ਉੜਮੜ ਅਤੇ ਸਰ ਮਾਡਲ ਸਕੂਲ ਬੈਂਸ ਅਵਾਨ ਵਿਖੇ ਵੱਖ-ਵੱਖ ਕਿਸਮ ਦੇ ਪੌਦੇ ਲਾਏ ਗਏ। ਇਸ ਮੌਕੇ ਜ਼ਿਲਾ ਪ੍ਰਧਾਨ ਸੁਖਵਿੰਦਰ ਸਿੰਘ ਅਰੋੜਾ ਅਤੇ ਫੈਡਰੇਸ਼ਨ ਆਗੂ ਰਜਿੰਦਰ ਸਿੰਘ ਮਾਰਸ਼ਲ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਜ਼ਿਲੇ ਦੇ ਹੋਰ ਸਕੂਲਾਂ ਵਿੱਚ ਵੀ ਇਸ ਮੁਹਿੰਮ ਤਹਿਤ ਪੌਦੇ ਲਾਉਣ ਦਾ ਕੰਮ ਜਾਰੀ ਰਹੇਗਾ ਅਤੇ ਫੈਡਰੇਸ਼ਨ ਪ੍ਰਧਾਨ ਜਗਜੀਤ ਸਿੰਘ ਧੂਰੀ ਵੱਲੋਂ ਮਿੱਥਿਆ ਗਿਆ 9 ਲੱਖ ਪੌਦੇ ਲਗਾਉਣ ਦਾ ਟੀਚਾ ਜਲਦ ਹੀ ਪੂਰਾ ਕਰ ਲਿਆ ਜਾਵੇਗਾ। ਇਨੋਸੈਂਟ ਜੂਨੀਅਰ ਸਕੂਲ ਉੜਮੜ ਦੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਜਨਤਕ ਥਾਵਾਂ ਤੇ ਵੀ ਛਾਂਦਾਰ ਬੂਟੇ ਲਗਾ ਕੇ ਆਪਣੀ ਸਮਾਜਿਕ ਜ਼ਿੰਮੇਵਾਰੀ ਨੂੰ ਪੂਰਾ ਕੀਤਾ ਗਿਆ। ਇਸ ਮੌਕੇ ਜਿਲਾ ਪ੍ਰਧਾਨ ਸੁਖਵਿੰਦਰ ਸਿੰਘ ਅਰੋੜਾ ਨੇ ਜਿਲਾ ਹੁਸ਼ਿਆਰਪੁਰ ਦੀਆਂ ਵੱਖ-ਵੱਖ ਸਕੂਲ ਪ੍ਰਬੰਧਕ ਕਮੇਟੀਆਂ ਨੂੰ ਅਪੀਲ ਕੀਤੀ ਕਿ ਇਸ ਬਣਦੀ ਹੋਈ ਜ਼ਿੰਮੇਵਾਰੀ ਵਿੱਚ ਆਪਣਾ ਵੱਧ ਤੋਂ ਵੱਧ ਯੋਗਦਾਨ ਪਾਉਣ। ਪ੍ਰਧਾਨ ਸੁਖਵਿੰਦਰ ਸਿੰਘ ਅਰੋੜਾ ਨੇ ਹੋਰ ਕਿਹਾ ਕਿ ਅੱਜ ਇਸ ਇਨਸਾਨ ਨੇ ਆਪਣੀਆਂ ਲੋੜਾਂ ਦੀ ਖਾਤਰ ਧਰਤੀ ਤੋਂ ਵੱਡੀ ਗਿਣਤੀ ਵਿੱਚ ਰੁੱਖਾਂ ਨੂੰ ਕੱਟਣਾ ਸ਼ੁਰੂ ਕਰ ਦਿੱਤਾ ਹੈ ਅਤੇ ਜਿਸ ਗਿਣਤੀ ਵਿੱਚ ਰੁੱਖਾਂ ਦੀ ਕਟਾਈ ਹੋ ਰਹੀ ਹੈ ਉਸ ਗਿਣਤੀ ਵਿੱਚ ਰੁੱਖ ਨਹੀਂ ਲਗਾਏ ਜਾ ਰਹੇ ਜੇਕਰ ਇਹੀ ਹਾਲਾਤ ਰਹੇ ਤਾਂ ਰੁੱਖਾਂ ਦੀ ਘਾਟ ਦੇ ਕਾਰਨ ਧਰਤੀ ਤੇ ਪ੍ਰਦੂਸ਼ਣ ਵੱਧ ਜਾਵੇਗਾ ਅਤੇ ਸਾਡਾ ਸਾਹ ਲੈਣਾ ਵੀ ਔਖਾ ਹੋ ਜਾਏਗਾ ਹੋ ਜਾਵੇਗਾ। ਸਾਨੂੰ ਮਿਸ਼ਨ ਹਰਿਆਲੀ ਤਹਿਤ ਇਸ ਤੋਂ ਵੱਧ ਪੌਦੇ ਲਗਾ ਕੇ ਉਹਨਾਂ ਦੀ ਦੇਖ ਭਾਲ ਕਰਨੀ ਚਾਹੀਦੀ ਹੈ।

ਉਹਨਾਂ ਨੇ ਹੋਰ ਦੱਸਿਆ ਕਿ ਮਿਸ਼ਨ ਹਰਿਆਲੀ ਦੇ ਦੌਰਾਨ ਸਭ ਤੋਂ ਵੱਧ ਪੌਦੇ ਲਾਉਣ ਵਾਲੇ ਤਿੰਨ ਸਕੂਲਾਂ ਦੇ ਪ੍ਰਿੰਸੀਪਲਾਂ ਅਤੇ ਪ੍ਰਬੰਧਕਾਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ। ਇਸ ਮੌਕੇ ਕੋਆਰਡੀਨੇਟਰ ਨਰਿੰਦਰ ਕੌਰ, ਮੈਡਮ ਕਮਲਜੀਤ ਕੌਰ, ਹਰਪ੍ਰੀਤ ਕੌਰ, ਅਨੀਤਾ ਰਾਣੀ, ਪਲਕ, ਪ੍ਰਭਜੋਤ ਕੌਰ, ਬਵਿਤਾ ਰਾਣੀ ਅਤੇ ਹੋਰ ਸਟਾਫ ਮੈਂਬਰ ਵੀ ਹਾਜ਼ਰ ਸਨ।



## ਪੰਜਾਬ 'ਵਰਸਿਟੀ ਵੱਲੋਂ ਬਿਨਾਂ ਲੇਟ ਫੀਸ ਦਾਖ਼ਲੇ ਦੀ ਤਰੀਕ 15 ਅਗਸਤ ਤੱਕ ਵਧਾਉਣ ਦਾ ਸਵਾਗਤ

**ਮਾਹਿਲਪੁਰ (ਸ਼ਗਨੀ)**- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਮਾਨਤਾ ਪ੍ਰਾਪਤ ਕਾਲਜਾਂ ਵਿੱਚ ਸੈਸ਼ਨ 2026-27 ਵਿੱਚ ਦਾਖ਼ਲਾ ਲੈਣ ਵਾਲੇ ਵਿਦਿਆਰਥੀਆਂ ਨੂੰ ਬਿਨਾਂ ਲੇਟ ਫੀਸ ਤੋਂ ਦਾਖ਼ਲੇ ਦੀ ਤਰੀਕ 15 ਅਗਸਤ ਤੱਕ ਵਧਾਉਣ ਦੇ ਫ਼ੈਸਲੇ ਦਾ ਖੇਤਰ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਮਾਹਿਲਪੁਰ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਨੇ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਜਿਹੜੇ ਵਿਦਿਆਰਥੀ ਬਾਰ੍ਹਵੀਂ ਦੀ ਪ੍ਰੀਖਿਆ ਤੋਂ ਬਾਅਦ ਕਿਸੇ ਵੀ ਕੋਰਸ ਵਿੱਚ ਅਜੇ ਤੱਕ ਦਾਖ਼ਲ ਨਹੀਂ ਹੋਏ ਉਨ੍ਹਾਂ ਲਈ ਯੂਨੀਵਰਸਿਟੀ ਵੱਲੋਂ ਬਿਨਾਂ ਕੋਈ ਲੇਟ ਫੀਸ ਲੈਣ ਦਾ ਫ਼ੈਸਲਾ ਸ਼ਲਾਘਾਯੋਗ ਹੈ। ਉਨ੍ਹਾਂ ਦੱਸਿਆ ਕਿ ਖ਼ਾਲਸਾ ਕਾਲਜ ਮਾਹਿਲਪੁਰ ਵਿੱਚ ਚੱਲਦੇ ਵੱਖ ਵੱਖ ਸਥਾਪਿਤ ਅਤੇ ਨਵੇਂ ਕੋਰਸਾਂ ਵਿੱਚ ਦਾਖ਼ਲੇ ਨਿਰਵਿਘਨ ਜਾਰੀ ਹਨ ਅਤੇ ਨਵੇਂ ਸੈਸ਼ਨ ਦੀ ਪੜ੍ਹਾਈ ਵੀ ਸ਼ੁਰੂ ਹੋ ਚੁੱਕੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਕਾਲਜ ਵਿਚ ਵਿਦਿਆਰਥੀਆਂ ਦੇ ਦਾਖ਼ਲੇ ਸੰਬੰਧੀ ਚੱਲ ਰਹੇ ਵਿਸ਼ੇਸ਼ ਦਾਖ਼ਲਾ ਅਤੇ ਕਾਊਂਸਲਿੰਗ ਸੈੱਲ ਵਿੱਚ ਪੁੱਜ ਕੇ ਆਪਣਾ ਦਾਖ਼ਲਾ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਕਾਲਜ ਵੱਲੋਂ ਪੋਸਟ ਮੈਟ੍ਰਿਕ ਸਕਾਲਰਸ਼ਿਪ ਅਧੀਨ ਯੋਗ ਐਸ ਸੀ, ਐਸ ਟੀ ਵਿਦਿਆਰਥੀਆਂ ਤੋਂ ਸਿਰਫ਼ ਯੂਨੀਵਰਸਿਟੀ ਫੀਸ ਹੀ ਲਈ ਜਾ ਰਹੀ ਹੈ ਅਤੇ ਸੰਸਥਾ ਵਿੱਚ ਹੋਰ ਵੱਖ ਵੱਖ ਵਜ਼ੀਫ਼ਾ ਰਾਸ਼ੀ ਸਕੀਮਾਂ ਵੀ ਸਫਲਤਾ ਸਹਿਤ ਚੱਲ ਰਹੀਆਂ ਹਨ। ਉਹਨਾਂ ਕਿਹਾ ਕਿ ਕਾਲਜ ਵਿਚ ਅਨੇਕਾਂ ਨਵੇਂ ਹੁਨਰ ਕੇਂਦਰਿਤ ਅਤੇ ਰੁਜ਼ਗਾਰ ਮੁਖੀ ਕੋਰਸ ਵੀ ਆਰੰਭ ਕੀਤੇ ਗਏ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਨਿਯਮਤ ਤੌਰ 'ਤੇ ਕਲਾਸਾਂ ਵਿੱਚ ਹਾਜ਼ਰ ਰਹਿਣ ਅਤੇ ਦਾਖ਼ਲੇ ਤੋਂ ਵਾਂਝੇ ਵਿਦਿਆਰਥੀਆਂ ਨੂੰ ਕਾਲਜ ਵਿੱਚ ਆਪਣਾ ਦਾਖ਼ਲਾ ਯਕੀਨੀ ਬਣਾਉਣ ਦੀ ਅਪੀਲ ਕੀਤੀ।



## ਪਿੰਡ ਕਟਾਰੀਆਂ ਵਿਖੇ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ



**ਬੰਗਾ (ਅਵਤਾਰ ਕਲੇਰ)**- ਮਹਾਨ ਕ੍ਰਾਂਤੀਕਾਰੀ ਸ਼ਹੀਦ ਊਧਮ ਸਿੰਘ ਜੀ ਦੇ ਸ਼ਹੀਦੀ ਦਿਵਸ 'ਤੇ ਪਿੰਡ ਕਟਾਰੀਆਂ ਵਿਖੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ। ਬਸਪਾ ਆਗੂ ਪ੍ਰਵੀਨ ਬੰਗਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਜਲ੍ਹਿਆਂ ਵਾਲਾ ਬਾਗ ਦੇ ਕਤਲੇਆਮ ਕਰਨ ਵਾਲੇ ਨੂੰ ਲੰਡਨ ਜਾ ਕੇ ਗੋਲੀਆਂ ਮਾਰ ਕੇ ਬਦਲਾ ਲਿਆ ਸੀ। ਇਹਨਾਂ ਸ਼ਹੀਦਾਂ ਦੀ ਬਦੌਲਤ ਹੀ ਸਾਡਾ ਦੇਸ਼ ਅਜ਼ਾਦ ਹੋਇਆ। ਪਰ ਐਨੇ ਸਾਲ ਬੀਤ ਜਾਣ ਦੇ ਬਾਵਜੂਦ ਵੀ ਸ਼ਹੀਦਾਂ ਦੇ ਸੁਪਨੇ ਸਾਕਾਰ ਨਹੀਂ ਹੋਏ। ਸ਼ਹੀਦਾਂ ਦੇ ਸੁਪਨਿਆਂ ਦਾ ਦੇਸ਼ ਬਣਾਉਣ ਲਈ ਸਾਨੂੰ ਦੋਬਾਰਾ ਲੜਾਈ ਲੜਨੀ ਪਵੇਗੀ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀ ਸ਼ਹਾਦਤ ਦੇ ਦ੍ਰਿੜ੍ਹ ਇਰਾਦੇ ਅਤੇ ਕੁਰਬਾਨੀ ਦੁਨੀਆਂ ਤੱਕ ਆਉਣ ਵਾਲੀ ਪੀੜ੍ਹੀ ਲਈ ਪ੍ਰੇਰਣਾ ਦਾ ਸਰੋਤ ਰਹੇਗੀ। ਆਉ ਉਨ੍ਹਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਸੰਕਲਪ ਲਈਏ।

## ਸੇਵਾਮੁਕਤੀ ਮੌਕੇ ਲੈਕਚਰਾਰ ਸਨਮਾਨਤ

**ਗੜ੍ਹਸ਼ੰਕਰ, (ਫੂਲਾ ਸਿੰਘ ਬੀਰਮਪੁਰ)**- ਲੈਕਚਰਾਰ ਅਤੇ ਜੀ ਟੀ ਯੂ ਦੇ ਬਲਾਕ ਪ੍ਰਧਾਨ ਪਵਨ ਕੁਮਾਰ ਗੋਇਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਖੋਵਾਲ ਬੀਹੜਾਂ ਤੋਂ ਸ਼ਾਨਦਾਰ ਸੇਵਾਵਾਂ ਨਿਭਾਉਣ ਉਪਰੰਤ ਸੇਵਾਮੁਕਤ ਹੋ ਗਏ। ਉਨ੍ਹਾਂ ਦੀ ਸੇਵਾਮੁਕਤੀ ਦੇ ਮੌਕੇ 'ਤੇ ਗੜ੍ਹਸ਼ੰਕਰ ਦੇ ਹੋਟਲ ਆੱਇਸਿਸ ਵਿੱਚ ਸਨਮਾਨ ਸਮਾਰੋਹ ਕਰਵਾਇਆ ਗਿਆ। ਸਮਾਰੋਹ ਦੌਰਾਨ ਸਿੱਖਿਆ ਖੇਤਰ ਅਤੇ ਸਮਾਜ ਸੇਵੀ ਸੰਸਥਾਵਾਂ ਨਾਲ ਸਬੰਧਤ ਸ਼ਖ਼ਸੀਅਤਾਂ ਵੱਲੋਂ ਲੈਕਚਰਾਰ ਪਵਨ ਕੁਮਾਰ ਗੋਇਲ ਅਤੇ ਉਨ੍ਹਾਂ ਦੀ ਧਰਮ ਪਤਨੀ ਜਾਨਕੀ ਅਗਰਵਾਲ ਨੂੰ ਸਨਮਾਨਤ ਕੀਤਾ ਗਿਆ। ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਅਮਨਦੀਪ ਸ਼ਰਮਾ, ਪੈਨਸ਼ਨਰ ਆਗੂ ਸ਼ਾਮ ਸੁੰਦਰ ਕਪੂਰ, ਬਲਵੰਤ ਰਾਮ, ਲੈਕਚਰਾਰ ਨਰੇਸ਼ ਕੁਮਾਰ, ਲੈਕਚਰਾਰ ਰਾਜ ਕੁਮਾਰ, ਗਵਰਨਮੈਂਟ ਟੀਚਰਜ਼ ਯੂਨੀਅਨ ਦੇ ਜ਼ਿਲ੍ਹਾ ਆਗੂ ਅਮਰ ਸਿੰਘ ਟਾਂਡਾ, ਸੁਨੀਲ ਸ਼ਰਮਾ, ਪ੍ਰੀਤਪਾਲ ਸਿੰਘ ਚੌਟਾਲਾ ਅਤੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਸ਼ਿਰਕਤ ਕਰਦਿਆਂ ਪਵਨ ਕੁਮਾਰ ਗੋਇਲ ਵੱਲੋਂ ਨਿਭਾਈਆਂ ਸ਼ਾਨਦਾਰ ਸੇਵਾਵਾਂ, ਸਿੱਖਿਆ ਖੇਤਰ ਵਿੱਚ ਪਾਏ ਯੋਗਦਾਨ ਅਤੇ ਸਮਾਜ ਸੇਵਾ ਲਈ ਕੀਤੇ ਜਾ ਰਹੇ ਕਾਰਜਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ। ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਅਮਨਦੀਪ ਸ਼ਰਮਾ, ਅਮਰ ਸਿੰਘ ਟਾਂਡਾ, ਸੁਨੀਲ ਸ਼ਰਮਾ, ਪ੍ਰੀਤਪਾਲ ਸਿੰਘ ਚੌਟਾਲਾ, ਸ਼ਾਮ ਸੁੰਦਰ ਕਪੂਰ, ਲੈਕਚਰਾਰ ਰਾਜ ਕੁਮਾਰ, ਲੈਕਚਰਾਰ ਨਰੇਸ਼ ਕੁਮਾਰ, ਪ੍ਰਿੰਸੀਪਲ ਡਾ. ਅਮਨਦੀਪ ਹੀਰਾ, ਸਮਾਜ ਸੇਵੀ ਗੋਲਡੀ ਸਿੰਘ ਬੀਹੜਾਂ, ਸ਼ਿੰਗਾਰਾ ਰਾਮ ਭੱਜਲ, ਬਲਵੰਤ ਰਾਮ, ਜੀ ਟੀ ਯੂ ਬਲਾਕ ਗੜ੍ਹਸ਼ੰਕਰ-2 ਦੇ ਪ੍ਰਧਾਨ ਅਸ਼ਵਨੀ ਰਾਣਾ, ਨਰੇਸ਼ ਕੁਮਾਰ ਬੀਐਨਓ, ਹਰਦੀਪ ਕੁਮਾਰ, ਸੰਧੂ ਵਰਿਆਣਵੀ, ਪ੍ਰਿੰਸੀਪਲ ਡਾ. ਬਿੱਕਰ ਸਿੰਘ, ਜਸਵੀਰ ਸਿੰਘ ਰੇਂਜਰ, ਭਾਗ ਸਿੰਘ ਬੀਆਰਸੀ, ਹਰਪਾਲ ਸਹੋਤਾ ਬੀ ਆਰ ਸੀ, ਰਾਮ ਸਰੂਪ ਬੀਆਰਸੀ, ਨਿਤਿਨ ਸੁਮਨ, ਹੈੱਡਮਾਸਟਰ ਸੰਦੀਪ ਬਡੇਸਰੋਂ, ਰਾਜ ਕੁਮਾਰ ਪੀਟੀ, ਦਿਲਾਵਰ ਸਿੰਘ, ਗਗਨਦੀਪ ਥਾਂਦੀ, ਸਰਬਜੀਤ ਸਿੰਘ ਹੈੱਡਮਾਸਟਰ, ਰੇਣੂ ਸ਼ਰਮਾ ਸਮੇਤ ਵੱਡੀ ਗਿਣਤੀ ਵਿੱਚ ਰਿਸ਼ਤੇਦਾਰ ਅਤੇ ਅਧਿਆਪਕ ਹਾਜ਼ਰ ਸਨ।



## ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼ 'ਚ ਖ਼ੂਨਦਾਨ ਕੈਂਪ

**ਜਲੰਧਰ (ਸ਼ੈਲੀ ਐਲਬਰਟ)** ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼ ਨੇ ਸਮਾਜਿਕ ਜ਼ਿੰਮੇਵਾਰੀ ਪ੍ਰਤੀ ਆਪਣੀ ਵਚਨਬੱਧਤਾ ਨੂੰ ਮਜ਼ਬੂਤ ਕਰਦਿਆਂ ਵਾਰਿਅਰਜ਼ ਐਨਜੀਓ, ਸਿਵਲ ਹਸਪਤਾਲ ਜਲੰਧਰ ਅਤੇ ਇੰਡੀਅਨ ਰੈੱਡ ਕ੍ਰਾਸ ਸੋਸਾਇਟੀ, ਜਲੰਧਰ ਸ਼ਾਖਾ ਦੇ ਸਹਿਯੋਗ ਨਾਲ ਕੈਂਪਸ ਵਿੱਚ ਖ਼ੂਨਦਾਨ ਕੈਂਪ ਲਗਾਇਆ। ਕੈਂਪ ਨੂੰ ਵਿਦਿਆਰਥੀਆਂ, ਅਧਿਆਪਕਾਂ ਅਤੇ ਸਟਾਫ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਅਤੇ 100 ਤੋਂ ਵੱਧ ਯੂਨਿਟ ਖ਼ੂਨ ਇਕੱਠਾ ਕੀਤਾ ਗਿਆ। ਖ਼ੂਨਦਾਨ ਕੈਂਪ ਦਾ ਉਦਘਾਟਨ ਸੀਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਪ੍ਰੋ. (ਡਾ.) ਮਨਬੀਰ ਸਿੰਘ ਅਤੇ ਮੁੱਖ ਮਹਿਮਾਨ ਨਗਰ ਨਿਗਮ ਜਲੰਧਰ ਦੇ ਡਿਪਟੀ ਮੇਅਰ ਮਲਕੀਤ ਸਿੰਘ ਸੁਭਾਨਾ ਨੇ ਸਾਂਝੇ ਤੌਰ 'ਤੇ ਕੀਤਾ।

ਉਨ੍ਹਾਂ ਨੇ ਇੱਛਾ ਅਨੁਸਾਰ ਖ਼ੂਨਦਾਨ ਨੂੰ ਮਨੁੱਖਤਾ ਦੀ ਮਹਾਨ ਸੇਵਾ ਦੱਸਦਿਆਂ ਨੌਜਵਾਨਾਂ ਨੂੰ ਅਜਿਹੀਆਂ ਲੋਕ-ਭਲਾਈ ਮੁਹਿੰਮਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸੀਨੀਅਰ ਰਾਜਨੀਤਿਕ ਆਗੂ ਸੁਰਿੰਦਰ ਸਿੰਘ ਸੋਢੀ, ਡੀ ਐੱਸ ਪੀ ਸੁਭਾਸ਼ ਅਰੋੜਾ, ਇੰਪਰੂਵਮੈਂਟ ਟਰੱਸਟ ਜਲੰਧਰ ਦੇ ਚੇਅਰਮੈਨ ਅਤੇ ਲੋਕ ਸਭਾ ਇੰਚਾਰਜ ਰਮਨੀਕ ਸਿੰਘ ਰੰਧਾਵਾ, ਟ੍ਰੇਡ ਵਿੰਗ ਦੇ ਸੁਮਿਤ ਸ਼ਰਮਾ, ਵਾਰਿਅਰਜ਼ ਐੱਨ ਜੀ ਓ ਦੇ ਚੇਅਰਮੈਨ ਅਜੈ ਸ਼ਰਮਾ, ਸਿਵਲ ਹਸਪਤਾਲ ਜਲੰਧਰ ਦੇ ਜ਼ਿਲ੍ਹਾ ਪਰਵਾਰ ਭਲਾਈ ਅਫ਼ਸਰ ਡਾ. ਵਰਿੰਦਰ ਰਿਆੜ, ਬਾਕਸਿੰਗ ਐਸੋਸੀਏਸ਼ਨ ਜਲੰਧਰ ਦੇ ਸਕੱਤਰ ਵਰਿੰਦਰ ਥਾਪਾ ਅਤੇ ਵਰੁਣ ਕੋਹਲੀ ਅਤੇ ਬਾਬਾ ਸੋਢਲ ਮੰਦਰ ਦੇ ਪ੍ਰਧਾਨ ਪੰਕਜ ਚੱਢਾ ਹਾਜ਼ਰ ਸਨ। ਸਿਵਲ ਹਸਪਤਾਲ ਜਲੰਧਰ ਦੇ ਡਾਕਟਰਾਂ ਅਤੇ ਸਿਹਤ ਕਰਮਚਾਰੀਆਂ ਨੇ ਇੰਡੀਅਨ ਰੈੱਡ ਕ੍ਰਾਸ ਸੋਸਾਇਟੀ, ਜਲੰਧਰ ਸ਼ਾਖਾ ਦੇ ਸਹਿਯੋਗ ਨਾਲ ਸਾਰੇ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਕਰਦਿਆਂ ਖ਼ੂਨਦਾਨ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਪੂਰਾ ਕਰਵਾਇਆ। ਪ੍ਰੋ. (ਡਾ.) ਮਨਬੀਰ ਸਿੰਘ ਨੇ ਕਿਹਾ ਕਿ ਖ਼ੂਨਦਾਨ ਮਨੁੱਖਤਾ ਲਈ ਸਭ ਤੋਂ ਵੱਡੀਆਂ ਸੇਵਾਵਾਂ ਵਿੱਚੋਂ ਇੱਕ ਹੈ। ਇੱਕ ਯੂਨਿਟ ਖ਼ੂਨ ਕਿਸੇ ਲੋੜਵੰਦ ਨੂੰ ਨਵੀਂ ਜ਼ਿੰਦਗੀ ਦੇ ਸਕਦਾ ਹੈ। ਉਨ੍ਹਾਂ ਕਿਹਾ ਕਿ ਸੀਟੀ ਗਰੁੱਪ ਆਪਣੇ ਵਿਦਿਆਰਥੀਆਂ ਵਿੱਚ ਸੇਵਾ, ਸੰਵੇਦਨਸ਼ੀਲਤਾ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਵਿਕਸਿਤ ਕਰਨ ਲਈ ਲਗਾਤਾਰ ਅਜਿਹੇ ਉਪਰਾਲੇ ਕਰਦਾ ਰਹਿੰਦਾ ਹੈ। ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਉਤਸ਼ਾਹਪੂਰਣ ਭਾਗੀਦਾਰੀ ਇਸ ਸੋਚ ਦੀ ਮਿਸਾਲ ਹੈ।



## ਪ੍ਰਿੰਸ ਦੁਸਾਂਝ ਦੇ ਪਿਤਾ ਬਲਵੀਰ ਸਿੰਘ ਨੂੰ ਵੱਖ-ਵੱਖ ਆਗੂਆਂ ਵਲੋਂ ਸ਼ਰਧਾਂਜਲੀਆਂ ਭੇਟ

**ਦੁਸਾਂਝ ਕਲਾਂ, (ਸੁਰਿੰਦਰਪਾਲ ਕੁੱਕੂ)**- ਯੂਥ ਕਾਂਗਰਸ ਬਲਾਕ ਰੁੜਕਾ ਕਲਾਂ ਦੇ ਪ੍ਰਧਾਨ ਪ੍ਰਿੰਸ ਦੁਸਾਂਝ ਦੇ ਸਤਿਕਾਰਯੋਗ ਪਿਤਾ ਬਲਵੀਰ ਸਿੰਘ ਦਾ ਕੁਝ ਦਿਨ ਪਹਿਲਾਂ ਦੇਹਾਂਤ ਹੋ ਗਿਆ ਸੀ।

ਉਨ੍ਹਾਂ ਦੇ ਨਮਿੱਤ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਨਵੀਂ ਆਬਾਦੀ ਪਿੰਡ ਦੁਸਾਂਝ ਕਲਾਂ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦਾ ਭੋਗ ਪਾਇਆ ਗਿਆ, ਉਪਰੰਤ ਕੀਰਤਨੀ ਜਥੇ ਵੱਲੋਂ ਵੈਰਾਗ ਮਈ ਕੀਰਤਨ ਕਰਕੇ ਆਇਆਂ ਸੰਗਤਾਂ ਨੂੰ ਗੁਰਬਾਣੀ ਇਤਿਹਾਸ ਨਾਲ ਜੋੜਿਆ। ਉਪਰੰਤ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ, ਜਿਸ 'ਚ ਨਵਜੋਤ ਸਿੰਘ ਦਾਹੀਆ, ਰਜਿੰਦਰ ਸਿੰਘ ਸੰਧੂ ਅਤੇ ਹਲਕਾ ਫਿਲੌਰ ਦੇ ਵਿਧਾਇਕ ਚੌਧਰੀ ਬਿਕਰਮਜੀਤ ਸਿੰਘ ਨੇ ਸਵਰਗੀ ਬਲਵੀਰ ਸਿੰਘ ਦੇ ਜੀਵਨ, ਸਮਾਜ ਸੇਵਾ ਅਤੇ ਸਾਦਗੀ ਭਰੇ ਸੁਭਾਅ ਨੂੰ ਯਾਦ ਕਰਦਿਆਂ ਆਪਣੇ ਵਿਚਾਰ ਪੇਸ਼ ਕੀਤੇ। ਉਨ੍ਹਾਂ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਨ੍ਹਾਂ ਦੀ ਰੂਹ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੀ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ੇ, ਚਰਨਜੀਤ ਸਿੰਘ ਚੰਨੀ ਐਮ ਪੀ ਜਲੰਧਰ ਤੇ ਐਮ ਐਲ ਏ ਫਗਵਾੜਾ ਬਲਵਿੰਦਰ ਸਿੰਘ ਧਾਲੀਵਾਲ ਵੱਲੋਂ ਸ਼ੋਕ ਸੰਦੇਸ਼ ਪੜ੍ਹ ਕੇ ਸੁਣਾਏ ਗਏ। ਇਸ ਮੌਕੇ ਹਲਕਾ ਫਿਲੌਰ ਦੇ ਵਿਧਾਇਕ ਚੌਧਰੀ ਬਿਕਰਮਜੀਤ ਸਿੰਘ, ਨਵਜੋਤ ਦਾਹੀਆ ਇੰਚਾਰਜ ਵਿਧਾਨ ਸਭਾ ਨਕੋਦਰ, ਸਮਾਜ ਸੇਵਕ ਰਜਿੰਦਰ ਸੰਧੂ ਫਿਲੌਰ, ਸਾਬਕ ਚੈਅਰਮੈਨ ਰਾਮ ਲੁਭਾਇਆ, ਜ਼ਿਲ੍ਹਾ ਪ੍ਰਧਾਨ ਯੂਥ ਕਾਂਗਰਸ ਜਲੰਧਰ ਦੀ ਅਗਵਾਈ ਸਮੁਚੀ ਜ਼ਿਲ੍ਹਾ ਲੀਡਰਸ਼ਿਪ, ਸੁਰਜੀਤ ਸਿੰਘ ਸਾਬਕ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਦੇਸਰਾਜ ਮੱਲ, ਸਰਪੰਚ ਨਿਰਮਲ ਕੁਮਾਰ, ਜਸਵੀਰ ਪੰਚ, ਚੌਧਰੀ ਮਨੋਹਰ ਲਾਲ, ਮਾ. ਗੁਰਮੀਤ ਰਾਮ ਤੋਂ ਇਲਾਵਾਂ ਰਿਸ਼ਤੇਦਾਰ ਭਾਰੀ ਗਿਣਤੀ ਵਿੱਚ ਆਦਿ ਹਾਜ਼ਰ ਸਨ।



## ਮਹਿਲਾ ਲਾਭਪਾਤਰੀਆਂ ਦੇ ਖਾਤਿਆਂ 'ਚ ਅੱਜ ਜਮ੍ਹਾਂ ਹੋਣਗੇ 36.34 ਕਰੋੜ : ਚੱਬੇਵਾਲ

**ਫਗਵਾੜਾ, (ਜਸਵਿੰਦਰ ਢੱਡਾ)** ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਭਲਕੇ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਕਪੂਰਥਲਾ ਜ਼ਿਲ੍ਹੇ ਦੀਆਂ 1,03,413 ਮਹਿਲਾ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ 36.34 ਕਰੋੜ ਰੁਪਏ ਸਿੱਧੇ ਜਮ੍ਹਾਂ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀ ਵਰਗ ਨਾਲ ਸਬੰਧਤ ਯੋਗ ਮਹਿਲਾ ਲਾਭਪਾਤਰੀਆਂ ਨੂੰ ਜੁਲਾਈ, ਅਗਸਤ ਅਤੇ ਸਤੰਬਰ ਮਹੀਨਿਆਂ ਲਈ 1,500 ਰੁਪਏ ਪ੍ਰਤੀ ਮਹੀਨਾ ਦੇ ਹਿਸਾਬ ਨਾਲ ਕੁੱਲ 4,500 ਰੁਪਏ ਦਿੱਤੇ ਜਾਣਗੇ, ਜਦਕਿ ਹੋਰ ਵਰਗਾਂ ਦੀਆਂ ਯੋਗ ਮਹਿਲਾਵਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਦੇ ਹਿਸਾਬ ਨਾਲ ਤਿੰਨ ਮਹੀਨਿਆਂ ਦੀਆਂ ਕਿਸ਼ਤਾਂ ਵਜੋਂ ਕੁੱਲ 3,000 ਰੁਪਏ ਜਾਰੀ ਕੀਤੇ ਜਾਣਗੇ। ਡਾ. ਚੱਬੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦਾ ਮਕਸਦ ਮਹਿਲਾਵਾਂ ਨੂੰ ਆਰਥਿਕ ਸੁਰੱਖਿਆ ਅਤੇ ਸਨਮਾਨ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਗੱਲ ਲਈ ਵਚਨਬੱਧ ਹੈ ਕਿ ਹਰ ਯੋਗ ਲਾਭਪਾਤਰੀ ਨੂੰ ਪਾਰਦਰਸ਼ੀ ਅਤੇ ਸਮੇਂ ਸਿਰ ਵਿੱਤੀ ਸਹਾਇਤਾ ਮਿਲੇ ਅਤੇ ਕੋਈ ਵੀ ਯੋਗ ਮਹਿਲਾ ਇਸ ਯੋਜਨਾ ਦੇ ਲਾਭ ਤੋਂ ਵਾਂਝੀ ਨਾ ਰਹੇ। ਉਨ੍ਹਾਂ ਅੱਗੇ ਦੱਸਿਆ ਕਿ ਇਸ ਵਿੱਤੀ ਸਹਾਇਤਾ ਦੇ ਜਾਰੀ ਹੋਣ ਸਬੰਧੀ ਭਲਕੇ ਆਸ਼ੀਸ਼ ਕਾਂਟੀਨੈਂਟਲ, ਫਗਵਾੜਾ ਵਿਖੇ ਇੱਕ ਵਿਸ਼ਾਲ ਸਮਾਗਮ ਕਰਵਾਇਆ ਜਾਵੇਗਾ। ਉਨ੍ਹਾਂ ਸਮੂਹ ਯੋਗ ਮਹਿਲਾ ਲਾਭਪਾਤਰੀਆਂ ਨੂੰ ਇਸ ਸਮਾਗਮ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਇਹ ਵੀ ਦੱਸਿਆ ਕਿ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਨੂੰ ਸੁਚਾਰੂ ਢੰਗ ਨਾਲ ਯਕੀਨੀ ਬਣਾਉਣ ਅਤੇ ਮੌਕੇ 'ਤੇ ਹੀ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕਰਨ ਲਈ ਸਮਾਗਮ ਸਥਾਨ 'ਤੇ ਇੱਕ ਵਿਸ਼ੇਸ਼ ਸਹਾਇਤਾ ਡੈਸਕ ਵੀ ਸਥਾਪਤ ਕੀਤਾ ਜਾਵੇਗਾ।



## ਲੁੱਟ ਖੋਹ ਦੀ ਨੀਅਤ ਨਾਲ ਨੌਜਵਾਨ ਨੇ ਘਰ ਅੰਦਰ ਦਾਖਲ ਹੋਣ ਦੀ ਕੀਤੀ ਕੋਸ਼ਿਸ਼

### ਮੁਹੱਲਾ ਵਾਸੀਆਂ ਦੀ ਚੌਕਸੀ ਕਾਰਨ ਬਿਨਾ ਚੋਰੀ ਕੀਤੇ ਬੇਰੰਗ ਮੁੜਨਾ ਪਿਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਮੁਹੱਲਾ ਬਹਾਦਰਪੁਰ ਗੇਟ ਦੇ ਬਾਹਰ, ਰਾਮ ਗਲੀ ਵਿਚ ਚੋਰ ਨੇ 3-4 ਘਰਾਂ ਵਿਚ ਇੱਕ ਅਣਪਛਾਤਾ ਚੋਰ ਜਿਸ ਨੇ ਨੀਲੇ ਰੰਗ ਦੇ ਕੱਪੜੇ ਪਾਏ ਹੋਏ ਸਨ ਚੋਰੀ ਜਾਂ ਲੁੱਟ-ਖੋਹ ਦੀ ਨੀਅਤ ਨਾਲ ਲੁਕ-ਛੁਪੇ ਕੇ ਘਰਾਂ ਅੰਦਰ ਦਖਲ ਹੋਣ ਦੀ ਕੋਸ਼ਿਸ਼ ਕੀਤੀ ਪਰ ਮੁਹੱਲੇ ਵਾਲਿਆਂ ਦੀ ਚੋਕਸੀ ਕਰਕੇ ਵਾਰਦਾਤ ਹੋਣ ਤੋਂ ਬਚ ਗਈ ਤੇ ਅਣਪਛਾਤਾ ਨੌਜਵਾਨ (ਚੋਰ) ਬਿਨਾ ਚੋਰੀ ਕੀਤੇ ਬੇਰੰਗ ਮੁੜ ਗਿਆ। ਵੀਰਵਾਰ ਸ਼ਾਮ ਤਕਰੀਬਨ 5.30 ਵਜੇ ਤੋਂ ਬਾਦ ਇਕ ਸ਼ਾਤਰ ਚੋਰ ਨਕਲੀ ਪਲੰਬਰ ਬਣ ਕੇ ਮਕਾਨਾਂ ਦੀਆਂ ਛੱਤਾਂ ਦੇ ਪਿਛਲੇ ਪਾਸਿਓ ਚਤੁਰਾਈ ਨਾਲ ਦਾਖਲ ਹੋਇਆ ਅਤੇ ਸਭ ਤੋਂ ਪਹਿਲਾਂ ਉਸ ਨੇ ਸਮਾਜ ਸੇਵੀ ਰਜਿੰਦਰ ਮੋਦਗਿੱਲ ਦੇ ਮਕਾਨ ਦੀ ਛੱਤ ਉਪਰ ਕੈਂਚੀ ਗੇਟ ਖੋਲਣ ਦੀ ਕੋਸ਼ਿਸ਼ ਕੀਤੀ ਪਰ ਗੇਟ ਲੱਗਾ ਹੋਣ ਕਰਕੇ ਉਹ ਕਾਮਯਾਬ ਨਾ ਹੋਇਆ ਉਸ ਨੇ ਕੈਂਚੀ ਗੇਟ ਬਾਹਰੋਂ ਲਗਾ ਦਿੱਤਾ। ਫਿਰ ਨਾਲ ਦੇ ਮਕਾਨ ਪੰਡਿਤ ਰਵਿੰਦਰ ਸ਼ਰਮਾ ਦਾ ਸੀ ਉਥੇ ਦਾਖਲ ਹੋਇਆ ਅਤੇ ਉਥੇ ਆਲਾ-ਦੁਆਲਾ ਦੇਖਣ ਤੋਂ ਬਾਅਦ ਛੱਤ ਉਪਰ ਬੈਠ ਕੇ ਕਾਫੀ ਸੋਚ ਵਿਚਾਰ ਕਰਨ ਤੋਂ ਬਾਦ ਉਹਨਾਂ ਦੀ ਕੋਠੀ ਤੋਂ ਲੁਕ ਛੁਪ ਕੇ ਛਾਲ ਮਾਰ ਕੇ ਜੈਨ ਦੇ ਘਰ ਗਿਆ ਅਤੇ ਫਿਰ ਲਲਿਤ ਗੁਪਤਾ ਦੇ ਮਕਾਨ ਤੇ ਗਿਆ ਅਤੇ ਉਹਨਾਂ ਦੀਆਂ ਪੌੜੀਆਂ ਦਾ ਦਰਵਾਜਾ ਲੱਗਾ ਹੋਣ ਕਰਕੇ ਬਿੰਦਰ ਕੌਰ ਸੈਣੀ ਦੇ ਮਕਾਨ ਦੀ ਛੱਤ ਤੇ ਚੜ ਗਿਆਸ਼ ਉਸ ਨੇ ਅਚਾਨਕ ਉਸ ਨੂੰ ਦੇਖ ਲਿਆ ਅਤੇ ਉਸ ਨੂੰ ਪੁੱਛਿਆ ਤੂੰ ਇੱਥੇ ਕੀ ਕਰ ਰਿਹਾ ਹੈ ਭਾਈ ਤੂੰ ਕੌਣ ਆ ਕਿਧਰੋ ਆਇਆ ਹੈ ਤੇ ਇੱਥੇ ਕੀ ਕਰਦਾ ਪਿਆ ਤਾਂ ਉਸ ਅਣਪਛਾਤਾ ਨੌਜਵਾਨ (ਚੋਰ) ਨੇ ਘਬਰਾਈ ਹੋਈ ਆਵਾਜ ਵਿਚ ਕਿਹਾ ਮੈਂ ਨਾਲ ਦੇ ਮਕਾਨ ਵਿਚ ਪਲੰਬਰ ਦਾ ਕੰਮ ਕਰ ਰਿਹਾ ਹੈ ਮਾਤਾ ਤੂੰ ਕੀ ਲੈਣਾ ਦੇਣਾ। ਇਹ ਕਹਿ ਕੇ ਉਹ ਜਿਹੜੇ ਰਸਤੇ ਆਇਆ ਸੀ ਇਕ ਦਮ ਉਸੇ ਰਸਤੇ ਬੇਰੰਗ ਵਾਪਸ ਮੁੜ ਕੇ ਮੌਕੇ ਤੋ ਫਰਾਰ ਹੋ ਗਿਆ ਤਾਂ ਜੋ ਉਹ ਕਿਤੇ ਮੁਹੱਲੇ ਵਾਲਿਆ ਦੀ ਪਕੜ 'ਚ ਨਾ ਆ ਜਾਵੇ। ਮੁਹੱਲੇ ਵਾਲਿਆਂ ਦੀ ਸੂਝਬੂਝ ਅਤੇ ਬਾਹਦਰੀ ਨਾਲ ਵਾਰਦਾਤ ਹੋਣ ਤੋਂ ਬਚ ਗਈ। ਆਸ ਪਾਸ ਦੇ ਘਰਾਂ ਦੇ ਸੀ ਸੀ ਟੀ ਵੀ ਕੈਮਰਿਆਂ ਦੀ ਸਾਰੇ ਗੁਆਂਢੀਆਂ ਵਲੋ ਜਾਂਚ ਕੀਤੀ ਉਸ ਵਿਚ ਉਸ ਦਾ ਚਿਹਰਾ ਅਤੇ ਉਸ ਦੀ ਫੋਟੋ ਆ ਗਈਂ। ਉਸ ਦੇ ਹੱਥ ਵਿਚ ਹਥਿਆਰ ਵਰਗੀ ਨੋਕੀਲੀ ਚੀਜ ਅਤੇ ਸੁੰਘਾਉਣ ਵਾਲਾ ਕੱਪੜਾ ਇਕ ਹੱਥ ਤੇ ਲਪੇਟਿਆ ਦਿਖਿਆ ਜਿਸ ਨਾਲ ਵਾਰਦਾਤ ਦੀ ਨੀਅਤ ਦਾ ਅੰਦਾਜਾ ਲਗਾਇਆ ਗਿਆ ਹੈ। ਇਸ ਮੌਕੇ ਤੇ ਰਵਿੰਦਰ ਸ਼ਰਮਾ, ਆਸ਼ਾ ਸ਼ਰਮਾ, ਗੀਟਾ ਕੁਮਾਰੀ, ਜੋਤੀ ਗੁਪਤਾ, ਲਲਿਤ ਗੁਪਤਾ, ਕੁਲਦੀਪ ਸੈਣੀ, ਬਿੰਦਰ ਕੌਰ, ਸ਼ਤੀਸ ਜਸਵਾਲ ਆਦਿ ਹਾਜ਼ਰ ਸਨ।



## ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੀ ਮੀਟਿੰਗ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜਿਲਾ ਹੁਸ਼ਿਆਰਪੁਰ ਜ਼ਿਲ੍ਹਾ ਕਮੇਟੀ ਦੀ ਇੱਕ ਵਿਸ਼ੇਸ਼ ਮੀਟਿੰਗ ਲਹੋਰੀਆ ਮੁਹੱਲਾ ਉੜਮੁੜ ਟਾਂਡਾ ਵਿਖੇ ਹੋਈ।

ਜਥੇਬੰਦੀ ਦੇ ਸੂਬਾਈ ਆਗੂ ਸ਼ਵਿੰਦਰ ਸਿੰਘ ਚੁਤਾਲਾ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਭੁੱਲਾ ਬਾਠ ਦੀ ਅਗਵਾਈ ਵਿੱਚ ਹੋਈ ਇਸ ਮੀਟਿੰਗ ਦੌਰਾਨ ਕਮੇਟੀ ਮੈਂਬਰਾਂ ਤੋਂ ਇਲਾਵਾ ਵੱਖ-ਵੱਖ ਪਿੰਡਾਂ ਤੋਂ ਕਿਸਾਨਾਂ ਨੇ ਭਾਗ ਲੈਂਦੇ ਹੋਏ ਕਿਸਾਨੀ ਮੁੱਦਿਆਂ ਪ੍ਰਤੀ ਆਵਾਜ਼ ਬੁਲੰਦ ਕੀਤੀ। ਮੀਟਿੰਗ ਦੌਰਾਨ ਸੰਬੋਧਨ ਕਰਦੇ ਹੋਏ ਪ੍ਰਧਾਨ ਪਰਮਜੀਤ ਸਿੰਘ ਭੁੱਲਾ ਨੇ ਜਿੱਥੇ ਕਿਸਾਨੀ ਮੰਗਾਂ ਨੂੰ ਪੂਰੀਆਂ ਕਰਨ ਲਈ ਕੇਂਦਰ ਅਤੇ ਸਰਕਾਰ ਨੂੰ ਅਪੀਲ ਕੀਤੀ ਉੱਥੇ ਹੀ ਉਹਨਾਂ ਨੇ ਬੀਤੇ ਦਿਨੀ ਜੰਤਰ ਮੰਤਰ ਤੇ ਨੌਜਵਾਨਾ ਵੱਲੋਂ ਸੰਘਰਸ਼ ਦੌਰਾਨ ਪ੍ਰਾਪਤ ਕੀਤੀ ਗਈ ਜਿੱਤ ਤੇ ਮੁਬਾਰਕਬਾਦ ਦਿੱਤੀ। ਇਸ ਮੌਕੇ ਉਨ੍ਹਾਂ ਨੇ ਮੌਜੂਦਾ ਸਮੇਂ ਵਿੱਚ ਸੂਬੇ ਭਰ ਵਿੱਚ ਸਫਾਈ ਸੇਵਕਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਦੀ ਖਾਤਰ ਕੀਤੀ ਜਾ ਰਹੀ ਹੜਤਾਲ ਦਾ ਸਮਰਥਨ ਕੀਤਾ ਅਤੇ ਬਰਨਾਲਾ ਵਿੱਚ ਸ਼ਾਂਤਮਈ ਰੋਸ ਪ੍ਰਗਟ ਕਰ ਰਹੇ ਸਫਾਈ ਕਰਮਚਾਰੀਆਂ ਦੌਰਾਨ ਔਰਤਾਂ ਉੱਪਰ ਕੀਤਾ ਗਏ ਲਾਠੀ ਚਾਰਜ ਦੀ ਨਿੰਦਾ ਕੀਤੀ। ਮੀਟਿੰਗ ਦੌਰਾਨ ਜਥੇਬੰਦੀ ਵੱਲੋਂ ਜ਼ਿਲ੍ਹਾ ਪੁਲਸ ਕੋਲ ਪਏ ਜਥੇਬੰਦੀ ਨਾਲ ਸੰਬੰਧਿਤ ਮਸਲਿਆਂ ਨੂੰ ਹੱਲ ਕਰਨ ਲਈ ਅਪੀਲ ਕੀਤੀ ਗਈ ਅਤੇ ਚੇਤਾਵਨੀ ਦਿੱਤੀ ਗਈ ਕਿ ਉਸ ਨੇ ਉਹਨਾਂ ਦੇ ਪੈਂਡਿੰਗ ਮਸਲੇ ਹੱਲ ਨਾ ਕੀਤੇ ਤਾਂ ਉਹ ਧਰਨਾ ਲਾਉਣ ਲਈ ਮਜਬੂਰ ਹੋਣਗੇ ਜਿਸ ਦੀ ਜਿੰਮੇਵਾਰੀ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਜ਼ਿਲ੍ਹਾ ਸਕੱਤਰ ਕੁਲਦੀਪ ਸਿੰਘ ਬੇਗੋਵਾਲ, ਸੀਨੀਅਰ ਮੀਤ ਪ੍ਰਧਾਨ ਕਸ਼ਮੀਰ ਸਿੰਘ ਫੱਤਾ ਕੁੱਲਾ, ਜੋਨ ਪ੍ਰਧਾਨ ਨਿਸ਼ਾਨ ਸਿੰਘ ਮੁਲਤਾਨੀ , ਜਿਲਾ ਕੈਸ਼ੀਅਰ ਗੁਰਜੀਤ ਸਿੰਘ ਕੰਗ, ਸਹਾਇਕ ਸਕੱਤਰ ਜੱਗੀ ਗਿੱਲ, ਵਲੰਟੀਅਰ ਇੰਚਾਰਜ ਦਵਿੰਦਰ ਸਿੰਘ ਕਾਹਲੋਂ, ਲੰਗਰ ਇੰਚਾਰਜ ਸੁਖਵੀਰ ਸਿੰਘ ਜੋੜਾ, ਤਰਸੇਮ ਸਿੰਘ ਰੜਾ, ਅੱਡਾ ਸਰਾਂ ਜੋਨ ਦੇ ਪ੍ਰਧਾਨ ਉਪਕਾਰ ਸਿੰਘ, ਰਮਨਦੀਪ ਸਿੰਘ, ਜਿਲਾ ਪ੍ਰੈਸ ਸਕੱਤਰ ਗਣੇਸ਼ ਦੁਸਾਂਝ ਨੱਥੂ ਪੁਰੀਆ ਆਦਿ ਵੀ ਮੌਜੂਦ ਸਨ।

## ਪ੍ਰੈੱਸ ਵੈਲਫੇਅਰ ਕਲੱਬ ਨੇ ਸ਼ਹੀਦ ਊਧਮ ਸਿੰਘ ਨੂੰ ਦਿੱਤੀ ਸ਼ਰਧਾਂਜਲੀ

**ਬਲਾਚੌਰ (ਜਸਵਿੰਦਰ ਬੈਂਸ)**- ਸ਼ਹੀਦ ਊਧਮ ਸਿੰਘ ਸੁਨਾਮ ਦੇ ਸ਼ਹੀਦੀ ਦਿਹਾੜੇ ਮੌਕੇ ਸ਼ਹੀਦ ਊਧਮ ਸਿੰਘ ਪ੍ਰੈਸ ਵੈਲਫੇਅਰ ਕਲੱਬ (ਰਜਿ.) ਬਲਾਚੌਰ ਵੱਲੋਂ ਸ਼ਿਵਾਲਿਕ ਹੋਟਲ, ਬਲਾਚੌਰ ਵਿਖੇ ਕਲੱਬ ਦੇ ਪ੍ਰਧਾਨ ਨਰੇਸ਼ ਧੌਲ ਦੀ ਅਗਵਾਈ ਹੇਠ ਇੱਕ ਪ੍ਰਭਾਵਸ਼ਾਲੀ ਅਤੇ ਭਾਵਪੂਰਣ ਸਮਾਗਮ ਕਰਵਾਇਆ ਗਿਆ। ਇਸ ਮੌਕੇ ਉੱਘੇ ਹੋਟਲ ਕਾਰੋਬਾਰੀ ਸੰਤੋਖ ਸਿੰਘ ਸ਼ਿਵਾਲਿਕ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਸ਼ਹੀਦ ਊਧਮ ਸਿੰਘ ਦੀ ਤਸਵੀਰ ਅੱਗੇ ਫੁੱਲ ਮਾਲਾਵਾਂ ਭੇਟ ਕਰਕੇ ਅਤੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਕੀਤੀ ਗਈ। ਮੁੱਖ ਮਹਿਮਾਨ ਸੰਤੋਖ ਸਿੰਘ ਸ਼ਿਵਾਲਿਕ, ਪ੍ਰਧਾਨ ਨਰੇਸ਼ ਧੌਲ ਅਤੇ ਕਲੱਬ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਨੇ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਉਨ੍ਹਾਂ ਦੀ ਅਦੁੱਤੀ ਕੁਰਬਾਨੀ ਨੂੰ ਨਮਨ ਕੀਤਾ। ਆਪਣੇ ਸੰਬੋਧਨ ਦੌਰਾਨ ਸੰਤੋਖ ਸਿੰਘ ਸ਼ਿਵਾਲਿਕ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਨੇ ਜਲਿਆਂਵਾਲਾ ਬਾਗ ਦੇ ਨਿਰਦੋਸ਼ ਸ਼ਹੀਦਾਂ ਦਾ ਬਦਲਾ ਲੈ ਕੇ ਦੁਨੀਆ ਨੂੰ ਇਨਸਾਫ਼, ਸਵੈ-ਸਨਮਾਨ ਅਤੇ ਦੇਸ਼ ਭਗਤੀ ਦਾ ਅਮਰ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਸ਼ਹੀਦ-ਏ-ਆਜ਼ਮ ਭਗਤ ਸਿੰਘ, ਸ਼ਹੀਦ ਊਧਮ ਸਿੰਘ ਅਤੇ ਹੋਰ ਅਨੇਕਾਂ ਆਜ਼ਾਦੀ ਦੇ ਪਰਵਾਨਿਆਂ ਦੀਆਂ ਕੁਰਬਾਨੀਆਂ ਸਦਕਾ ਹੀ ਅੱਜ ਦੇਸ਼ ਆਜ਼ਾਦੀ ਦਾ ਨਿੱਘ ਮਾਣ ਰਿਹਾ ਹੈ। ਪ੍ਰਧਾਨ ਨਰੇਸ਼ ਧੌਲ ਨੇ ਆਪਣੇ ਵਿਚਾਰਾਂ ਵਿੱਚ ਕਿਹਾ ਕਿ ਸ਼ਹੀਦ ਊਧਮ ਸਿੰਘ ਅਣਖ, ਗੈਰਤ, ਦੇਸ਼ ਪ੍ਰੇਮ ਅਤੇ ਬਹਾਦਰੀ ਦੇ ਸਦੀਵੀ ਪ੍ਰਤੀਕ ਹਨ। ਇਸ ਮੌਕੇ ਸੀਨੀਅਰ ਪੱਤਰਕਾਰ ਵਿਨੋਦ ਬੈਂਸ ਨੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਲੱਬ ਵੱਲੋਂ ਕਰਵਾਏ ਗਏ ਇਸ ਯਾਦਗਾਰੀ ਸਮਾਗਮ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਪ੍ਰਧਾਨ ਨਰੇਸ਼ ਧੌਲ ਸਮੇਤ ਸਮੁੱਚੀ ਟੀਮ ਨੂੰ ਵਧਾਈ ਦਿੱਤੀ।



## ਨੌਜਵਾਨ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚੱਲਣ : ਕਾਹਲੋਂ




**ਅੱਡਾਂ ਸਰਾਂ/ਟਾਂਡਾ (ਜਸਵੀਰ ਕਾਜਲ)**- ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਸਮਾਗਮ ਸ਼ਹੀਦ ਭਗਤ ਸਿੰਘ ਕ੍ਰਾਂਤਕਾਰੀ ਸੁਸਾਇਟੀ ਪੰਜਾਬ ਵੱਲੋ ਪਿੰਡ ਸਹਿਜੋਵਾਲ ਮੂਸਾ ਵਿਖੇ ਕਰਵਾਇਆ ਗਿਆ। ਜਿਸ ਵਿੱਚ ਬੁੱਧੀਜੀਵੀ, ਅਨਹਦ ਕੇਅਰ ਸੈਂਟਰ ਸਹਿਜੋਵਾਲ, ਵਿਲੇਜ ਡਿਵੈਲਪਮੈਂਟ ਸੁਸਾਇਟੀ ਦੇ ਮੈਂਬਰ, ਯੁਵਕ ਸੇਵਾਵਾ ਕਲੱਬਅਤੇ ਨੌਜਵਾਨਾਂ ਨੇ ਭਾਗ ਲਿਆ। ਇਸ ਮੌਕੇ ਪੰਜਾਬ ਦੇ ਅਣਖੀਲੇ ਸ਼ਹੀਦ ਊਧਮ ਸਿੰਘ ਦੇ ਜੀਵਨ, ਘਟਨਾਵਾਂ, ਸੋਚ ਅਤੇ ਬਲਿਦਾਨ ਸਬੰਧੀ ਵਿਚਾਰ ਪੇਸ਼ ਕੀਤੇ ਗਏ। ਇਸ ਮੌਕੇ ਸੰਬੋਧਨ ਕਰਦਿਆ ਰਵਿੰਦਰ ਸਿੰਘ ਕਾਹਲੋਂ ਪ੍ਰਧਾਨ ਸ਼ਹੀਦ ਭਗਤ ਸਿੰਘ ਕ੍ਰਾਂਤਕਾਰੀ ਸੁਸਾਇਟੀ ਪੰਜਾਬ ਰਜਿ: ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਪੰਜਾਬ ਦੇ ਅਣਖੀਲੇ ਮਹਾਨ ਸ਼ਹੀਦ ਹੋਏ ਹਨ ਜਿਨ੍ਹਾਂ ਨੇ ਦੁਸ਼ਮਣ ਦੇ ਗੜ੍ਹ ਵਿੱਚ ਜਾ ਕੇ ਲੱਖਾਂ ਪੰਜਾਬੀਆ ਦੀ ਸ਼ਹਾਦਤ ਦਾ ਬਦਲਾ ਲਿਆ। ਜਿਹੜੀਆਂ ਕੌਮਾਂ ਆਪਣੇ ਸ਼ਹੀਦਾਂ ਨੂੰ ਭੁੱਲ ਜਾਦੀਆਂ ਨੇ ਉਹ ਜਿਆਦਾ ਦੇਰ ਤੱਕ ਜਿਊਦੀਆਂ ਨਹੀ ਰਹਿੰਦੀਆ ਇਸ ਲਈ ਨੌਜਵਾਨ ਵਰਗ ਨੂੰ ਅਪੀਲ ਹੈ ਕਿ ਉਹ ਸ਼ਹੀਦਾਂ ਦੇ ਦਰਸਾਏ ਮਾਰਗ ਤੇ ਚੱਲਣ ਤਾਂ ਜੋ ਮਹਿੰਗੇ ਮੁੱਲ ਦੀ ਮਿਲੀ ਇਸ ਅਜ਼ਾਦੀ ਨੂੰ ਬਰਕਰਾਰ ਰੱਖਿਆ ਜਾ ਸਕੇ।

ਇਸ ਮੌਕੇ ਲਖਵੀਰ ਸਿੰਘ ਐਮ.ਡੀ. ਅਨਹਦ ਆਯੁਰਵੈਦ ਨੇ ਦੱਸਿਆ ਕਿ ਸ਼ਹੀਦ ਊਧਮ ਸਿੰਘ ਨੇ ਜੱਲਿਆਂ ਵਾਲੇ ਬਾਂਗ ਦਾ ਬਦਲਾ ਲੈ ਪੰਜਾਬੀ ਅਣਖ ਅਤੇ ਗੈਰਤ ਦੀ ਮਿਸਾਲ ਕਾਇਮ ਕੀਤੀ ਸੀਜਿਸ ਤੇ ਸਾਨੂੰ ਮਾਣ ਹੈ। ਇਸ ਮੌਕੇ ਰਾਜਵੀਰ ਕੌਰ, ਅਮਰਜੀਤ ਕੌਰ, ਪਰਮਿੰਦਰ ਕੌਰ, ਰਣਜੀਤ ਕੌਰ, ਅਨੁਸ਼ਕਾ, ਮਨਜੀਤ ਕੌਰ, ਰੇਖਾ ਰਾਣੀ, ਕਿਰਨ, ਸੁਰਿੰਦਰ ਕੌਰ, ਮਨੋਂਜ ਜੋਤੀ ਸਰਪੰਚ ਸਹਿਜੋਵਾਲ, ਜਸਨੂਰ ਸਿੰਘ, ਤਾਨੀਆ, ਆਸ਼ਾ ਦੇਵੀ, ਜੋਗਿੰਦਰ ਕੌਰ, ਨੀਸ਼ਾ ਆਦਿਵਿਸ਼ੇਸ਼ ਤੌਰ ਤੇ ਹਾਜ਼ਰ ਸਨ।

## 'ਨਸ਼ਾ ਮੁਕਤ ਯੁਵਾ ਫ਼ੌਰ ਵਿਕਸਿਤ ਭਾਰਤ ਮੁਹਿੰਮ' ਤਹਿਤ ਹੋਣਗੇ ਵੱਖ-ਵੱਖ ਮੁਕਾਬਲੇ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਯੁਵਾ ਪ੍ਰੋਗਰਾਮ ਅਤੇ ਖੇਡ ਮੰਤਰਾਲੇ, ਭਾਰਤ ਸਰਕਾਰ ਦੇ ਤਹਿਤ ਮੇਰਾ ਯੁਵਾ ਭਾਰਤ ਦੁਆਰਾ ਚਲਾਈ ਜਾ ਰਹੀ "ਨਸ਼ਾ ਮੁਕਤ ਯੁਵਾ ਫ਼ੌਰ ਵਿਕਸਿਤ ਭਾਰਤ" ਮੁਹਿੰਮ ਤਹਿਤ ਵੱਖ-ਵੱਖ ਮੁਕਾਬਲਿਆਂ ਦਾ ਆਯੋਜਨ ਕੀਤਾ ਜਾਵੇਗਾ। ਇਨ੍ਹਾਂ ਮੁਕਾਬਲਿਆਂ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ, ਉਨ੍ਹਾਂ ਨੂੰ ਰਾਸ਼ਟਰ ਨਿਰਮਾਣ ਲਈ ਪ੍ਰੇਰਿਤ ਕਰਨਾ ਅਤੇ ਉਨ੍ਹਾਂ ਦੀ ਰਚਨਾਤਮਕ ਅਤੇ ਸੱਭਿਆਚਾਰਕ ਪ੍ਰਤਿਭਾ ਨੂੰ ਮੰਚ ਪ੍ਰਦਾਨ ਕਰਨਾ ਹੈ। ਇੱਕ ਸਰਕਾਰੀ ਬੁਲਾਰੇ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ "ਨਸ਼ਾ ਮੁਕਤ ਯੁਵਾ ਫ਼ੌਰ ਵਿਕਸਿਤ ਭਾਰਤ" ਮੁਹਿੰਮ ਤਹਿਤ ਮੁਕਾਬਲਿਆਂ ਵਿੱਚ ਹਿੱਸਾ ਲੈਣ ਦੇ ਚਾਹਵਾਨ ਨੌਜਵਾਨ "ਮਈ ਭਾਰਤ" ਪੋਰਟਲ 'ਤੇ ਜਾ ਕੇ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਮੁਕਾਬਲਿਆਂ ਲਈ ਨਸ਼ਾ ਮੁਕਤੀ ਅਤੇ ਵਿਕਸਿਤ ਭਾਰਤ ਦੀ ਥੀਮ 'ਤੇ ਵੱਖ-ਵੱਖ ਵਿਸ਼ੇ ਤੈਅ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਮੁਕਾਬਲੇਬਾਜ਼ੀ ਗਤੀਵਿਧੀਆਂ ਤਹਿਤ ਲੋਕ ਗੀਤ, ਐਕਟ ਜਾਂ ਮੀਮ ਐਕਟ ਪ੍ਰਦਰਸ਼ਨ, ਲਘੂ ਫ਼ਿਲਮ ਅਤੇ ਰੀਲ ਮੁਕਾਬਲਾ, ਪੇਂਟਿੰਗ, ਵਾਦ-ਵਿਵਾਦ ਅਤੇ ਨਾਅਰਾ ਲੇਖਣ ਦਾ ਆਯੋਜਨ ਕੀਤਾ ਜਾਵੇਗਾ। ਇਸ ਤਹਿਤ ਜੇਤੂਆਂ ਨੂੰ ਜ਼ਿਲ੍ਹਾ ਪੱਧਰ ਅਤੇ ਰਾਜ ਪੱਧਰ ਦੇ ਪੜਾਵਾਂ ਵਿੱਚ ਹਿੱਸਾ ਲੈਣ ਦਾ ਮੌਕਾ ਮਿਲੇਗਾ। ਰਾਜ ਪੱਧਰ ਦੇ ਜੇਤੂਆਂ ਨੂੰ 14-15 ਅਗਸਤ 2026 ਨੂੰ ਰਾਸ਼ਟਰੀ ਪੱਧਰੀ ਪ੍ਰੋਗਰਾਮ ਵਿੱਚ ਹਿੱਸਾ ਲੈਣ ਦਾ ਮੌਕਾ ਮਿਲੇਗਾ।

## ਸੰਗਤ ਦੀਆਂ ਭਾਵਨਾਵਾਂ ਦਾ ਸਤਿਕਾਰ ਕਰੇ ਭਾਜਪਾ, ਤੁਰੰਤ ਖੋਲ੍ਹੇ ਕਰਤਾਰਪੁਰ ਕੋਰੀਡੋਰ : ਧਾਲੀਵਾਲ

**ਫਗਵਾੜਾ, (ਜਸਵਿੰਦਰ ਢੱਡਾ)**- ਕਾਂਗਰਸ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਹੈ ਕਿ ਸੁਰੱਖਿਆ ਕਾਰਨਾਂ ਦਾ ਹਵਾਲਾ ਦੇ ਕੇ ਬੰਦ ਕੀਤੇ ਗਏ ਕਰਤਾਰਪੁਰ ਸਾਹਿਬ ਕੋਰੀਡੋਰ ਨੂੰ ਬਿਨਾਂ ਕਿਸੇ ਬੇਲੋੜੀ ਦੇਰੀ ਦੇ ਮੁੜ ਖੋਲ੍ਹਿਆ ਜਾਵੇ, ਤਾਂ ਜੋ ਦੇਸ਼-ਵਿਦੇਸ਼ ਦੇ ਲੱਖਾਂ ਸ਼ਰਧਾਲੂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਕਰਤਾਰਪੁਰ ਦੇ ਦਰਸ਼ਨ ਕਰ ਸਕਣ। ਉਨ੍ਹਾਂ ਕਿਹਾ ਕਿ ਆਸਥਾ ਨਾਲ ਜੁੜੇ ਫ਼ੈਸਲਿਆਂ ਨੂੰ ਸੁਰੱਖਿਆ ਦੇ ਨਾਂਅ ਤੇ ਅਣਮਿੱਥੇ ਸਮੇਂ ਲਈ ਟਾਲਣਾ ਠੀਕ ਨਹੀਂ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਕੋਰੀਡੋਰ ਨਾ ਖੋਲ੍ਹਣ ਦੇ ਫ਼ੈਸਲੇ 'ਤੇ ਮੁੜ ਵਿਚਾਰ ਕੀਤਾ ਜਾਵੇ।ਧਾਲੀਵਾਲ ਨੇ ਕਿਹਾ ਕਿ 7 ਮਈ 2025 ਤੋਂ ਸੁਰੱਖਿਆ ਕਾਰਨਾਂ ਦਾ ਹਵਾਲਾ ਦੇ ਕੇ ਭਾਜਪਾ ਦੀ ਕੇਂਦਰ ਸਰਕਾਰ ਨੇ ਕਰਤਾਰਪੁਰ ਸਾਹਿਬ ਕੋਰੀਡੋਰ ਬੰਦ ਰੱਖਿਆ ਹੋਇਆ ਹੈ। ਸੁਰੱਖਿਆ ਪ੍ਰਬੰਧ ਕਰਨਾ ਸਰਕਾਰ ਦੀ ਜ਼ਿੰਮੇਵਾਰੀ ਹੈ, ਪਰ ਇਸ ਦੇ ਨਾਲ-ਨਾਲ ਸ਼ਰਧਾਲੂਆਂ ਦੀ ਧਾਰਮਿਕ ਆਸਥਾ ਦਾ ਸਤਿਕਾਰ ਕਰਨਾ ਵੀ ਉਨਾ ਹੀ ਜ਼ਰੂਰੀ ਹੈ। ਕੇਂਦਰ ਸਰਕਾਰ ਨੂੰ ਸੁਰੱਖਿਆ ਦੇ ਸਾਰੇ ਲੋੜੀਂਦੇ ਪ੍ਰਬੰਧ ਕਰਦਿਆਂ ਜਲਦ ਤੋਂ ਜਲਦ ਕੋਰੀਡੋਰ ਖੋਲ੍ਹਣਾ ਚਾਹੀਦਾ ਹੈ, ਤਾਂ ਜੋ ਸ਼ਰਧਾਲੂ ਬਿਨਾਂ ਕਿਸੇ ਰੁਕਾਵਟ ਦੇ ਗੁਰੂ ਘਰ ਦੇ ਦਰਸ਼ਨ ਕਰ ਸਕਣ। ਉਨ੍ਹਾਂ ਕਿਹਾ ਕਿ ਜਦੋਂ ਵੀ ਕਰਤਾਰਪੁਰ ਸਾਹਿਬ ਕੋਰੀਡੋਰ ਬੰਦ ਰਹਿੰਦਾ ਹੈ ਤਾਂ ਹਜ਼ਾਰਾਂ ਸ਼ਰਧਾਲੂ ਸ੍ਰੀ ਗੁਰੂ ਨਾਨਕ ਦੇਵ ਦੀ ਪਾਵਨ ਕਰਮਭੂਮੀ 'ਤੇ ਮੱਥਾ ਟੇਕਣ ਤੋਂ ਵਾਂਝੇ ਰਹਿ ਜਾਂਦੇ ਹਨ। ਇਹ ਸਿਰਫ਼ ਯਾਤਰਾ ਦਾ ਮਾਮਲਾ ਨਹੀਂ, ਸਗੋਂ ਕਰੋੜਾਂ ਲੋਕਾਂ ਦੀ ਧਾਰਮਿਕ ਆਸਥਾ ਅਤੇ ਭਾਵਨਾਵਾਂ ਨਾਲ ਜੁੜਿਆ ਹੋਇਆ ਮੁੱਦਾ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਕਰੋੜਾਂ ਸ਼ਰਧਾਲੂਆਂ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਕਰਤਾਰਪੁਰ ਸਾਹਿਬ ਕੋਰੀਡੋਰ ਨੂੰ ਜਲਦ ਤੋਂ ਜਲਦ ਖੋਲ੍ਹਿਆ ਜਾਵੇ।\



## ਸ਼ਹੀਦ ਊਧਮ ਸਿੰਘ ਨੂੰ ਕੌਮੀ ਸ਼ਹੀਦ ਐਲਾਨਣ ਦੀ ਮੰਗ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਸਥਾਨਕ ਗਾਂਧੀ ਪਾਰਕ ਵਿੱਚ ਸਥਿਤ ਲਾਇਬ੍ਰੇਰੀ ਵਿੱਚ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਇਕਾਈ ਗੜ੍ਹਸ਼ੰਕਰ ਵੱਲੋਂ ਦੇਸ਼ ਦੇ ਮਹਾਨ ਸ਼ਹੀਦ ਊਧਮ ਸਿੰਘ ਦੀ ਸ਼ਹੀਦੀ ਦਿਹਾੜੇ 'ਤੇ ਵਿਚਾਰ ਚਰਚਾ ਕਰਵਾਈ ਗਈ। ਇਸ ਵਿਚਾਰ ਚਰਚਾ ਦੀ ਪ੍ਰਧਾਨਗੀ ਡੀ ਟੀ ਐਫ ਆਗੂ ਭੁਪਿੰਦਰ ਸਿੰਘ ਸੜੋਆ, ਖੁਸ਼ਵਿੰਦਰ ਕੌਰ ਅਤੇ ਕਿਸਾਨ ਆਗੂ ਸ਼ਮਸ਼ੇਰ ਸਿੰਘ ਚੱਕ ਸਿੰਘਾਂ ਨੇ ਕੀਤੀ ਪ੍ਰੋਗਰਾਮ ਦੀ ਸ਼ੁਰੂਆਤ ਵਿਵੇਕ ਕੁਲੇਵਾਲ ਨੇ ਇਕ ਇਨਕਲਾਬੀ ਗੀਤ ਨਾਲ ਕੀਤੀ।ਇਸ ਮੌਕੇ ਵੱਖ-ਵੱਖ ਬੁਲਾਰਿਆਂ ਮੁਕੇਸ਼ ਕੁਮਾਰ, ਸੁਖਦੇਵ ਡਾਨਸੀਵਾਲ, ਤਰਕਸ਼ੀਲ ਆਗੂ ਜੋਗਿੰਦਰ ਕੁਲੇਵਾਲ, ਕਿਸਾਨ ਆਗੂ ਹਰਮੇਸ਼ ਸਿੰਘ ਢੇਸੀ, ਪ੍ਰਿੰਸੀਪਲ ਬਿ ?ਕਰ ਸਿੰਘ,ਸਤਨਾਮ ਸਿੰਘ ਸੂਨੀ, ਨਰੰਜਣ ਸਿੰਘ ਚਾਂਦਪੁਰੀ ਅਤੇ ਮਨਜੀਤ ਸਿੰਘ ਬੰਗਾ ਵੱਲੋਂ ਆਜ਼ਾਦੀ ਸੰਗਰਾਮ ਵਿੱਚ ਸ਼ਹੀਦਾਂ ਵਲੋਂ ਪਾਏ ਗਏ ਯੋਗਦਾਨ ਅਤੇ ਅਜੋਕੇ ਸਮੇਂ ਵਿੱਚ ਉਹਨਾਂ ਦੀ ਵਿਚਾਰਧਾਰਾ ਦੀ ਸਾਰਥਿਕਤਾ ਬਾਰੇ ਵਿਸਥਾਰ ਤਹਿਤ ਚਰਚਾ ਕੀਤੀ ਗਈ। ਸਰਕਾਰ ਤੋਂ ਮੰਗ ਕੀਤੀ ਗਈ ਕਿ ਸ਼ਹੀਦ ਊਧਮ ਸਿੰਘ ਨੂੰ ਕੌਮੀ ਸ਼ਹੀਦ ਐਲਾਨਿਆ ਜਾਵੇ। ਸ਼ਹੀਦ ਊਧਮ ਸਿੰਘ ਨਾਲ ਸਬੰਧਤ ਦੇਸ਼ ਵਿਦੇਸ਼ ਵਿੱਚ ਪਈਆਂ ਯਾਦਗਾਰੀ ਵਸਤਾਂ ਚਿੱਠੀਆਂ ਅਸਤੀ ਕਲਸ਼, ਰਿਵਾਲਵਰ, ਡਾਇਰੀ, ਚਾਕੂ ਅਤੇ ਹੋਰ ਦਸਤਾਵੇਜ ਸੁਨਾਮ ਵਿਖੇ ਬਣਾਏ ਅਜਾਇਬ ਘਰ ਵਿੱਚ ਲਿਆਂਦੇ ਜਾਣ, ਸ਼ਹੀਦ ਊਧਮ ਸਿੰਘ ਦੇ ਨਾਂਅ 'ਤੇ ਅਸਲੀ ਫੋਟੋ ਵਾਲਾ ਡਾਕ ਟਿਕਟ ਜਾਰੀ ਕੀਤਾ ਜਾਵੇ,ਸ਼ਹੀਦ ਊਧਮ ਸਿੰਘ ਦੇ ਘਰ ਦੀ ਸੰਭਾਲ ਸਹੀ ਢੰਗ ਨਾਲ ਕੀਤੀ ਜਾਵੇ ਅਤੇ ਸ਼ਹੀਦ ਭਗਤ ਸਿੰਘ ਤੇ ਉਸਦੇ ਸਾਥੀਆਂ ਦੇ ਫਿਰੋਜ਼ਪੁਰ ਦੇ ਤੂੜੀ ਬਾਜ਼ਾਰ ਵਿਚਲੇ ਟਿਕਾਣੇ ਨੂੰ ਕੌਮੀ ਵਿਰਾਸਤ ਐਲਾਨਿਆ ਜਾਵੇ। ਇਸ ਸਮੇਂ ਪ੍ਰਿੰਸੀਪਲ ਦਰਬਾਰਾ ਸਿੰਘ, ਹੰਸ ਰਾਜ ਗੜ੍ਹਸ਼ੰਕਰ, ਸਤਪਾਲ ਕਲੇਰ,ਲੈਕਚਰਾਰ ਜਸਵਿੰਦਰ ਸਿੰਘ ਜੱਸੋਵਾਲ,ਸੁਰਿੰਦਰ ਕੁਮਾਰ ਗੋਲੇਵਾਲ,ਪਿੰਕੀ ਰਸੂਲਪੁਰ, ਸੰਜੀਵ ਕੁਮਾਰ ਪੀਟੀ ਆਈ, ਮਨਦੀਪ ਕੁਮਾਰ,ਪਰਮਜੀਤ ਪਰਮਜੀਤ ਸਿੰਘ ਚੌਹੜਾ ਅਤੇ ਪਵਨ ਕੁਮਾਰ ਆਦਿ ਹਾਜ਼ਰ ਸਨ।



# ਓ ਟੀ ਐੱਸ-2025 ਨੂੰ ਮਿਲਿਆ ਭਰਵਾਂ ਹੁੰਗਾਰਾ

**167.23 ਕਰੋੜ ਜਮ੍ਹਾਂ ਹੋਏ, 534.54 ਕਰੋੜ ਰੁਪਏ ਦੀ ਰਾਹਤ ਦਿੱਤੀ ਗਈ : ਚੀਮਾ**



ਚੰਡੀਗੜ੍ਹ (ਗੁਰਜੀਤ ਬਿੱਲਾ)- ਪੰਜਾਬ ਦੇ ਵਿੱਤ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸ਼ੁੱਕਰਵਾਰ ਨੂੰ ਐਲਾਨ ਕੀਤਾ ਕਿ ਜੀ ਐਸ ਟੀ ਤੋਂ ਪਹਿਲਾਂ ਦੇ ਟੈਕਸ ਬਕਾਏ ਲਈ ਪੰਜਾਬ ਯਕਮੁਸ਼ਤ ਨਿਪਟਾਰਾ (ਓ.ਟੀ.ਐਸ-2025) ਸਕੀਮ ਨੂੰ ਭਰਵਾਂ ਹੁੰਗਾਰਾ ਮਿਲਿਆ ਹੈ, ਜਿਸ ਤਹਿਤ ਕਰਦਾਤਿਆਂ ਦੁਆਰਾ ਹੁਣ ਤੱਕ 167.23 ਕਰੋੜ ਰੁਪਏ ਜਮ੍ਹਾਂ ਕਰਵਾਏ ਗਏ ਹਨ ਅਤੇ ਟੈਕਸ, ਵਿਆਜ ਅਤੇ ਜੁਰਮਾਨੇ ਵਿੱਚ 534.54 ਕਰੋੜ ਰੁਪਏ ਦੀ ਛੋਟ ਦਿੱਤੀ ਗਈ ਹੈ। ਕਰਦਾਤਿਆਂ ਦੀ ਮੰਗ ਦਾ ਹਵਾਲਾ ਦਿੰਦੇ ਹੋਏ ਵਿੱਤ ਮੰਤਰੀ ਨੇ ਕਿਹਾ, 'ਪੰਜਾਬ ਸਰਕਾਰ ਇੱਕ ਆਖਰੀ ਮੌਕਾ ਦੇ ਰਹੀ ਹੈ ਅਤੇ ਬਾਕੀ ਰਹਿੰਦੇ ਯੋਗ ਕਰਦਾਤਿਆਂ ਨੂੰ ਆਪਣੇ ਲੰਬੇ ਸਮੇਂ ਤੋਂ ਲਟਕਦੇ ਵਿਵਾਦਾਂ ਦਾ ਨਿਪਟਾਰਾ ਕਰਨ ਅਤੇ ਵੱਡੀ ਕਾਨੂੰਨੀ ਰਾਹਤ ਦਾ ਲਾਭ ਲੈਣ ਦੇ ਸਮਰੱਥ ਬਣਾਉਣ ਲਈ ਓ.ਟੀ.ਐਸ-2025 ਦੀ ਮਿਆਦ 31 ਜੁਲਾਈ 2026 ਤੋਂ ਵਧਾ ਕੇ 30 ਸਤੰਬਰ 2026 ਕਰਨ ਦਾ ਫੈਸਲਾ ਕੀਤਾ ਹੈ।' ਇੱਥੇ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਸਕੀਮ ਦੀ ਕਾਰਗੁਜ਼ਾਰੀ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ, 30 ਜੁਲਾਈ 2026 ਤੱਕ ਆਬਕਾਰੀ ਅਤੇ ਕਰ ਵਿਭਾਗ ਨੂੰ 9,782 ਅਰਜ਼ੀਆਂ ਪ੍ਰਾਪਤ ਹੋਈਆਂ ਹਨ, ਜਿਨ੍ਹਾਂ ਵਿੱਚ ਕੁੱਲ 437.51 ਕਰੋੜ ਰੁਪਏ ਦੀ ਟੈਕਸ ਮੰਗ ਸ਼ਾਮਲ ਹੈ। ਇਹਨਾਂ ਅਰਜ਼ੀਆਂ ਦੇ ਮੁਕਾਬਲੇ ਕਰਦਾਤਿਆਂ ਨੇ 167.23 ਕਰੋੜ ਰੁਪਏ ਜਮ੍ਹਾਂ ਕਰਵਾਏ ਹਨ, ਜਦੋਂ ਕਿ ਰਾਜ ਸਰਕਾਰ ਨੇ ਛੋਟ ਰਾਹੀਂ 534.54 ਕਰੋੜ ਰੁਪਏ ਦੀ ਵੱਡੀ ਰਾਹਤ ਦਿੱਤੀ ਹੈ। ਇਹ ਅੰਕੜੇ ਸਰਕਾਰ ਦੀਆਂ ਪਾਰਦਰਸ਼ੀ ਅਤੇ ਕਾਰੋਬਾਰ-ਪੱਖੀ ਨੀਤੀਆਂ ਵਿੱਚ ਕਰਦਾਤਿਆਂ ਦੇ ਅਟੁੱਟ ਵਿਸ਼ਵਾਸ ਨੂੰ ਦਰਸਾਉਂਦੇ ਹਨ, ਜਿਸਦਾ ਉਦੇਸ਼ ਸਥਾਨਕ ਉਦਯੋਗਾਂ ਨੂੰ ਪੁਰਾਣੇ ਟੈਕਸ ਵਿਵਾਦਾਂ ਦੇ ਬੋਝ ਤੋਂ ਮੁਕਤ ਕਰਕੇ ਨਵੀਂ ਸ਼ੁਰੂਆਤ ਕਰਨ ਵਿੱਚ ਮਦਦ ਕਰਨਾ ਹੈ। ਆਬਕਾਰੀ ਤੇ ਕਰ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਜਿੱਥੇ ਰਾਜ ਸਰਕਾਰ ਲੋਕ-ਭਲਾਈ ਯੋਜਨਾਵਾਂ ਲਈ ਪੂਰੀ ਤਰ੍ਹਾਂ ਸਮਰਪਿਤ ਹੈ, ਉੱਥੇ ਹੀ ਲਗਾਤਾਰ ਟੈਕਸ ਨਾ ਭਰਨ ਵਾਲਿਆਂ ਤੋਂ ਸਰਕਾਰੀ ਖਜ਼ਾਨੇ ਦੀ ਰੱਖਿਆ ਕਰਨ ਲਈ ਵੀ ਉੰਨੀ ਹੀ ਸਖ਼ਤ ਹੈ।

## ਸਫ਼ਾਈ ਸੇਵਕ ਯੂਨੀਅਨ ਵੱਲੋਂ ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ ਭੇਟ



ਬੰਗਾ (ਅਵਤਾਰ ਕਲੇਰ)- ਸਫ਼ਾਈ ਸੇਵਕ ਯੂਨੀਅਨ ਨਵਾਂਸ਼ਹਿਰ ਨੇ ਅੱਜ ਦੀ ਹੜਤਾਲ ਦਾ ਦਿਨ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੀਤਾ ।ਇਸ ਮੌਕੇ ਨਗਰ ਕੌਂਸਲ ਨਵਾਂਸ਼ਹਿਰ ਵਿਖੇ ਧਰਨੇ ਤੇ ਬੈਠੇ ਸਫ਼ਾਈ ਸੇਵਕਾਂ ਅਤੇ ਇਫਟੂ ਦੇ ਆਗੂਆਂ ਨੇ ਸ਼ਹੀਦ ਊਧਮ ਸਿੰਘ ਦੀ ਤਸਵੀਰ ਤੇ ਫੁੱਲ ਪੱਤੀਆਂ ਭੇਟ ਕੀਤੀਆਂ।

ਇਸ ਮੌਕੇ ਇਫਟੂ ਦੇ ਸੂਬਾ ਪ੍ਰੈਸ ਸਕੱਤਰ ਜਸਬੀਰ ਦੀਪ, ਇਫਟੂ ਦੇ ਜ਼ਿਲ੍ਹਾ ਸਕੱਤਰ ਪਰਵੀਨ ਕੁਮਾਰ ਨਿਰਾਲਾ,ਮਿਉਂਸਪਲ ਮੁਲਾਜ਼ਮ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੰਨੀ ਬਘਾਨੀਆਂ, ਦੀਪਕ ਖੋਸਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਊਧਮ ਸਿੰਘ ਦੀ ਕੁਰਬਾਨੀ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ ਜਿਹਨਾਂ ਨੇ 21 ਸਾਲ ਬਾਅਦ ਕਾਕਟਸ ਹਾਲ ਲੰਡਨ ਵਿਚ ਜਲ੍ਹਿਆਂ ਵਾਲੇ ਬਾਗ਼ ਕਾਂਡ ਦੇ ਦੋਸ਼ੀ ਮਾਇਕਲ ਉਡਵਾਇਰ ਨੂੰ ਮਾਰਕੇ ਭਾਰਤੀਆਂ ਦੇ ਡੁੱਲ੍ਹੇ ਖ਼ੂਨ ਦਾ ਬਦਲਾ ਲਿਆ।ਉਹਨਾਂ ਕਿਹਾ ਊਧਮ ਸਿੰਘ ਨੇ ਆਪਣਾ ਨਾਂਅ ਰਾਮ ਮੁਹੰਮਦ ਸਿੰਘ ਰੱਖਕੇ ਸਾਰੇ ਧਰਮਾਂ ਦੀ ਆਜ਼ਾਦੀ ਦੀ ਸਾਂਝੀ ਲੜਾਈ ਅਤੇ ਫਿਰਕੂ ਸਦਭਾਵਨਾ ਦਾ ਸੁਨੇਹਾ ਦਿੱਤਾ ਅਤੇ ਫਿਰਕੂ ਵੰਡੀਆਂ ਪਾਉਣ ਵਾਲਿਆਂ ਤੋਂ ਸੁਚੇਤ ਰਹਿਣ ਲਈ ਕਿਹਾ ।ਇਸ ਮੌਕੇ ਰੇਹੜੀ ਵਰਕਰ ਯੂਨੀਅਨ ਦੇ ਪ੍ਰਧਾਨ ਹਰੇ ਰਾਮ,ਆਜ਼ਾਦ, ਆਤਮਾ ਰਾਮ, ਅਜੈ ਹੰਸ, ਮੰਗਾ, ਸਾਗਰ, ਲੋਕੇਸ਼ ਕਾਲੀਆ, ਸ਼ਰਬਿਲ ਖੋਸਲਾ ਆਦਿ ਵੀ ਮੌਜੂਦ ਸਨ।

## ਘਰੇਲੂ ਤੇ ਸਜਾਵਟੀ ਪੇਂਟ ਨੂੰ ਲੈੱਡ-ਮੁਕਤ ਬਣਾਉਣ ਲਈ ਦਿਸ਼ਾ-ਨਿਰਦੇਸ਼ ਜਾਰੀ



ਚੰਡੀਗੜ੍ਹ- ਜਨਤਕ ਸਿਹਤ ਦੀ ਰੱਖਿਆ ਕਰਨ ਅਤੇ ਵਾਤਾਵਰਨ ਨਿਯਮਾਂ ਦੀ ਸਖ਼ਤ ਪਾਲਣਾ ਨੂੰ ਯਕੀਨੀ ਬਣਾਉਣ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਘਰੇਲੂ ਅਤੇ ਸਜਾਵਟੀ ਪੇਂਟ ਨਿਯਮਾਂ, 2016 ਵਿੱਚ ਲੈੱਡ ਸਮੱਗਰੀ ਦੇ ਨਿਯਮ ਨੂੰ ਸਖ਼ਤੀ ਨਾਲ ਲਾਗੂ ਕਰਨ ਲਈ ਇੱਕ ਆਦੇਸ਼ ਜਾਰੀ ਕੀਤਾ ਹੈ। ਆਦੇਸ਼ ਵਿੱਚ ਸਾਰੇ ਸਬੰਧਤ ਫੀਲਡ ਦਫ਼ਤਰਾਂ ਨੂੰ ਤੁਰੰਤ ਪ੍ਰਭਾਵ ਨਾਲ ਸਹਿਮਤੀ ਪ੍ਰਕਿਰਿਆ ਵਿੱਚ ਲੈੱਡ ਸਮੱਗਰੀ ਦੀ ਪਾਲਣਾ ਨਾਲ ਸਬੰਧਤ ਵਿਸ਼ੇਸ਼ ਸ਼ਰਤਾਂ ਨੂੰ ਸ਼ਾਮਲ ਕਰਨ ਦੀ ਲੋੜ ਹੈ। ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਦੁਆਰਾ ਸੂਚਿਤ ਕੀਤੇ ਗਏ ਇਹ ਨਿਯਮ 90 ਪਾਰਟਸ ਪ੍ਰਤੀ ਮਿਲੀਅਨ ਤੋਂ ਵੱਧ ਲੈੱਡ ਵਾਲੇ ਘਰੇਲੂ ਅਤੇ ਸਜਾਵਟੀ ਪੇਂਟਾਂ ਦੇ ਨਿਰਮਾਣ, ਵਪਾਰ, ਆਯਾਤ ਅਤੇ ਨਿਰਯਾਤ 'ਤੇ ਪਾਬੰਦੀ ਲਗਾਉਂਦੇ ਹਨ। ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਵੀ ਦੇਸ਼ ਭਰ ਵਿੱਚ ਪ੍ਰਭਾਵਸ਼ਾਲੀ ਲਾਗੂ ਕਰਨ ਦੀ ਸਹੂਲਤ ਲਈ ਪਾਲਣਾ ਅਤੇ ਟੈਸਟਿੰਗ ਪ੍ਰਕਿਰਿਆਵਾਂ ਨਿਰਧਾਰਤ ਕੀਤੀਆਂ ਹਨ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੁਆਰਾ ਜਾਰੀ ਕੀਤੇ ਗਏ ਨਿਰਦੇਸ਼ਾਂ ਦੇ ਤਹਿਤ, ਪੇਂਟ ਨਿਰਮਾਤਾਵਾਂ ਨੂੰ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਘਰੇਲੂ ਅਤੇ ਸਜਾਵਟੀ ਪੇਂਟਸ ਵਿੱਚ ਲੈੱਡ ਦੀ ਮਾਤਰਾ 90 ਪੀ.ਪੀ.ਐਮ ਦੀ ਨਿਰਧਾਰਤ ਸੀਮਾ ਦੇ ਅੰਦਰ ਰਹੇ। ਨਿਰਮਾਤਾਵਾਂ ਨੂੰ ਨਿਰਧਾਰਤ ਮਾਪਦੰਡਾਂ ਦੀ ਪਾਲਣਾ ਦੀ ਪੁਸ਼ਟੀ ਕਰਨ ਵਾਲੀਆਂ ਮਾਨਤਾ ਪ੍ਰਾਪਤ ਪ੍ਰਯੋਗਸ਼ਾਲਾਵਾਂ ਜਾਂ ਏਜੰਸੀਆਂ ਤੋਂ ਪ੍ਰਮਾਣੀਕਰਣ ਵੀ ਪ੍ਰਾਪਤ ਕਰਨਾ ਹੋਵੇਗਾ ਅਤੇ ਰੈਗੂਲੇਟਰੀ ਅਥਾਰਟੀਆਂ ਦੁਆਰਾ ਤਸਦੀਕ ਦੀ ਸਹੂਲਤ ਲਈ ਡੀਲਰਾਂ ਅਤੇ ਪ੍ਰਚੂਨ ਵਿਕਰੇਤਾਵਾਂ ਨੂੰ ਅਜਿਹੇ ਸਰਟੀਫਿਕੇਟਾਂ ਦੀਆਂ ਕਾਪੀਆਂ ਪ੍ਰਦਾਨ ਕਰਨੀਆਂ ਪੈਣਗੀਆਂ। ਵਿਸ਼ਵ ਸਿਹਤ ਸੰਗਠਨ ਦੁਆਰਾ ਲੈੱਡ ਨੂੰ ਵਿਸ਼ਵ ਪੱਧਰ 'ਤੇ ਪ੍ਰਮੁੱਖ ਜਨਤਕ ਸਿਹਤ ਚਿੰਤਾ ਵਾਲੇ ਰਸਾਇਣਾਂ ਵਿੱਚੋਂ ਇੱਕ ਵਜੋਂ ਪਛਾਣਿਆ ਗਿਆ ਹੈ। ਅਧਿਐਨ ਦਰਸਾਉਂਦੇ ਹਨ ਕਿ ਲੈੱਡ ਦੇ ਸੰਪਰਕ ਦਾ ਕੋਈ ਸੁਰੱਖਿਅਤ ਪੱਧਰ ਨਹੀਂ ਹੈ, ਅਤੇ ਬੱਚੇ ਬਾਲਗਾਂ ਦੇ ਮੁਕਾਬਲੇ ਕਾਫ਼ੀ ਵੱਧ ਦਰ 'ਤੇ ਲੈੱਡ ਨੂੰ ਜਜ਼ਬ ਕਰਦੇ ਹਨ, ਜਿਸਦੇ ਨਤੀਜੇ ਵਜੋਂ ਦਿਮਾਗ ਦੇ ਵਿਕਾਸ ਅਤੇ ਹੋਰ ਮਹੱਤਵਪੂਰਨ ਅੰਗਾਂ 'ਤੇ ਨਾ ਬਦਲਣਯੋਗ ਪ੍ਰਭਾਵ ਪੈਂਦਾ ਹੈ।

## ਸ਼ਹੀਦੀ ਦਿਹਾੜੇ ਮੌਕੇ ਚੀਮਾ ਤੇ ਧੰਜੂ ਨੇ ਭੇਟ ਕੀਤੀ ਸ਼ਰਧਾਂਜਲੀ



ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਮਹਾਨ ਕ੍ਰਾਂਤੀਕਾਰੀ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਸੱਜਣ ਸਿੰਘ ਚੀਮਾ ਹਲਕਾ ਇੰਚਾਰਜ ਸੁਲਤਾਨਪੁਰ ਲੋਧੀ ਅਤੇ ਬਲਾਕ ਸੰਮਤੀ ਸੁਲਤਾਨਪੁਰ ਲੋਧੀ ਦੇ ਵਾਈਸ ਚੇਅਰਮੈਨ ਲਾਲ ਸਿੰਘ ਧੰਜੂ ਨੇ ਆਪਣੇ ਸਾਥੀਆਂ ਸਮੇਤ ਸ਼ਰਧਾ ਅਤੇ ਸਤਿਕਾਰ ਨਾਲ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਉਨ੍ਹਾਂ ਨੇ ਸ਼ਹੀਦ ਊਧਮ ਸਿੰਘ ਦੇ ਬੁੱਤ ਨੂੰ ਹਾਰ ਪਾ ਕੇ ਨਮਨ ਕੀਤਾ ਅਤੇ ਦੇਸ਼ ਦੀ ਆਜ਼ਾਦੀ ਲਈ ਦਿੱਤੀ ਗਈ ਉਨ੍ਹਾਂ ਦੀ ਅਦੁੱਤੀ ਕੁਰਬਾਨੀ ਨੂੰ ਯਾਦ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਸੱਜਣ ਸਿੰਘ ਚੀਮਾ ਨੇ ਕਿਹਾ ਕਿ ਸ਼ਹੀਦ ਕਿਸੇ ਵੀ ਕੌਮ ਦਾ ਅਨਮੋਲ ਸਰਮਾਇਆ ਹੁੰਦੇ ਹਨ। ਉਨ੍ਹਾਂ ਦੀਆਂ ਕੁਰਬਾਨੀਆਂ ਸਦਕਾ ਹੀ ਅੱਜ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਸ਼ਹੀਦਾਂ ਦੇ ਜੀਵਨ ਤੋਂ ਪ੍ਰੇਰਨਾ ਲੈਂਦਿਆਂ ਉਨ੍ਹਾਂ ਦੇ ਪਾਏ ਪੂਰਨਿਆਂ 'ਤੇ ਚੱਲਣਾ ਚਾਹੀਦਾ ਹੈ ਅਤੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਤਰੱਕੀ ਲਈ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਚੇਅਰਮੈਨ ਲਾਭ ਸਿੰਘ ਧੰਜੂ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਦਾ ਬਲਿਦਾਨ ਆਉਣ ਵਾਲੀਆਂ ਪੀੜ੍ਹੀਆਂ ਨੂੰ ਹਮੇਸ਼ਾ ਦੇਸ਼-ਪ੍ਰੇਮ, ਹਿੰਮਤ ਅਤੇ ਕੁਰਬਾਨੀ ਦਾ ਸੰਦੇਸ਼ ਦਿੰਦਾ ਰਹੇਗਾ। ਇਸ ਮੌਕੇ ਜਸਪਾਲ ਸਿੰਘ ਸਰਪੰਚ ਫੱਤੋਵਾਲ , ਗੁਰਦੇਵ ਸਿੰਘ ਪੱਪਾ ਸਰਪੰਚ ਅਤੇ ਹਾਜ਼ਰ ਸਮੂਹ ਸਾਥੀਆਂ ਨੇ ਵੀ ਸ਼ਹੀਦ ਊਧਮ ਸਿੰਘ ਨੂੰ ਨਮਨ ਕਰਦਿਆਂ ਉਨ੍ਹਾਂ ਦੇ ਆਦਰਸ਼ਾਂ 'ਤੇ ਚੱਲਣ ਦਾ ਸੰਕਲਪ ਲਿਆ।



## ਪ੍ਰਾਈਮੋ ਕੈਮੀਕਲ ਲਿਮਿਟਡ ਨੇ ਮਨਾਇਆ ਰੁੱਖ ਲਗਾਓ ਦਿਵਸ


ਭਲਾਣ (ਹਰਭਜਨ ਢਿੱਲੋਂ, ਸੁਰਜੀਤ ਸਿੰਘ ਢੇਰ)- ਪ੍ਰਾਈਮੋ ਕੈਮੀਕਲ ਲਿਮਿਟਡ ਨੇ 1001 ਪੌਦਾ ਲਾ ਕੇ ਪ੍ਰਦੂਸ਼ਣ ਤੋਂ ਰਹਿਤ ਇੱਕ ਵੱਡਾ ਪੁੰਨ ਦਾ ਦ੍ਰਿੜ ਸੰਕਲਪ ਕੀਤਾ। ਇਸ ਪੌਦਾ ਦਿਵਸ ਅਭਿਆਨ ਦਾ ਆਯੋਜਨ ਚੇਅਰਮੈਨ ਸੁਖਬੀਰ ਸਿੰਘ ਦਹੀਆ, ਪ੍ਰਬੰਧਕ ਨਿਰਦੇਸ਼ਕ ਨਬੇਨ ਚੋਪੜਾ, ਨਿਰਦੇਸ਼ਕ ਜਤਨ ਦਹੀਆਂ, ਨਿਰਦੇਸ਼ਕ ਜਗਵੀਰ ਸਿੰਘ ਅਹਿਲਾਵਤ ਅਤੇ ਕੰਪਨੀ ਦੇ ਵੱਡੇ ਅਧਿਕਾਰੀ, ਕਰਮਚਾਰੀ ਅਤੇ ਅਨੇਕਾਂ ਮੈਂਬਰਾਂ ਨੇ ਇਸ ਮੌਕੇ ਹਿੱਸਾ ਲਿਆ। ਇਸ ਮੌਕੇ ਚੇਅਰਮੈਨ ਸੁਖਬੀਰ ਸਿੰਘ ਦਹੀਆ ਨੇ ਸਾਰੇ ਪਰਿਵਾਰਾਂ ਵੱਲੋਂ ਸਹਿਯੋਗ ਦੇਣ ਤੇ ਅਹਿਸਾਨ ਸਮਝਿਆ। ਉਹਨਾਂ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ ਹਵਾ ਦੇ ਨਾਲ ਹੀ ਚੰਗੀ ਸਿਹਤ ਦੇਣ ਦੀ ਜ਼ਿੰਮੇਵਾਰੀ ਬਣਦੀ ਹੈ। ਉਹਨਾਂ ਕਰਮਚਾਰੀਆਂ ਦੇ ਵਿਕਾਸ ਨਾਲ ਜੁੜੇ ਇਹੋ ਜਿਹੇ ਯਤਨ ਦੇ ਨਿਰੰਤਰ ਸਮਰਥਨ ਦੇਣੇ ਅਤੇ ਪ੍ਰਦੂਸ਼ਣ ਰਹਿਤ ਆਪਣੇ ਜੀਵਨ ਦਾ ਅਹਿਮ ਹਿੱਸਾ ਬਣਨ ਦੀ ਅਪੀਲ ਕੀਤੀ। ਪੌਦੇ ਲਗਾਉਣ ਉਪਰੰਤ ਸਾਰਿਆਂ ਦੇ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਜਿਸ ਵਿੱਚ ਕੰਪਨੀ ਦੇ ਸਾਰੇ ਕਰਮਚਾਰੀਆਂ, ਨੰਗਲ ਇਲਾਕੇ ਦੇ ਅਨੇਕ ਪਿੰਡਾਂ ਦੇ ਵਿਅਕਤੀਆਂ ਅਤੇ ਸ਼ਹਿਰੀ ਲੋਕਾਂ ਨੇ ਪ੍ਰਸ਼ਾਦਿ ਛਕਿਆ। ਇਹ ਪੌਦਾ ਦਿਵਸ ਦਾ ਆਯੋਜਨ ਚੰਗੀ ਸਿਹਤ ਦੇ ਲਈ ਪ੍ਰਦੂਸ਼ਣ ਰਹਿਤ ਕਰਨ ਲਈ ਪ੍ਰਾਈਮੋ ਕੈਮੀਕਲ ਲਿਮਿਟਡ ਦੀ ਮਹੱਤਤਾ ਦਾ ਮੀਲ ਪੱਥਰ ਸਿੱਧ ਹੋਇਆ।

## ਹਰਕਿਸ਼ਨ ਸੈਣੀ ਨੇ ਸੰਭਾਲਿਆ ਨਗਰ ਕੌਂਸਲ ਟਾਂਡਾ ਦੇ ਪ੍ਰਧਾਨ ਦਾ ਅਹੁਦਾ



ਟਾਂਡਾ ਉੜਮੁੜ (ਮਿਥਲੇਸ਼, ਗਰਗ, ਜਸਵਿੰਦਰ ਸੰਧੂ)- ਨਗਰ ਕੌਂਸਲ ਟਾਂਡਾ ਵਿੱਚ ਸ਼ੁੱਕਰਵਾਰ ਨੂੰ ਧਾਰਮਿਕ ਅਤੇ ਗੰਭੀਰ ਮਾਹੌਲ ਵਿੱਚ ਨਵ-ਨਿਯੁਕਤ ਪ੍ਰਧਾਨ ਹਰਕਿਸ਼ਨ ਸੈਣੀ ਨੇ ਵਿਧੀਵਤ ਤੌਰ 'ਤੇ ਆਪਣਾ ਕਾਰਜਭਾਰ ਸੰਭਾਲ ਲਿਆ। ਕਾਰਜਭਾਰ ਸੰਭਾਲਣ ਤੋਂ ਪਹਿਲਾਂ ਨਗਰ ਕੌਂਸਲ ਦਫ਼ਤਰ ਵਿੱਚ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਅਤੇ ਗੁਰਬਾਣੀ ਕੀਰਤਨ ਕਰਵਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਜਨ ਪ੍ਰਤੀਨਿਧੀਆਂ, ਆਮ ਆਦਮੀ ਪਾਰਟੀ ਦੇ ਆਗੂਆਂ, ਵਰਕਰਾਂ ਅਤੇ ਸ਼ਹਿਰ ਦੇ ਪਤਵੰਤੇ ਸੱਜਣਾਂ ਨੇ ਸ਼ਰਧਾ ਨਾਲ ਹਾਜ਼ਰੀ ਭਰੀ। ਧਾਰਮਿਕ ਸਮਾਗਮ ਦੀ ਸਮਾਪਤੀ ਉਪਰੰਤ ਵਿਧਾਇਕ ਜਸਵੀਰ ਸਿੰਘ ਰਾਜਾ ਦੀ ਮੌਜੂਦਗੀ ਵਿੱਚ ਹਰਕਿਸ਼ਨ ਸੈਣੀ ਨੇ ਪ੍ਰਧਾਨ ਦੇ ਅਹੁਦੇ ਦਾ ਕਾਰਜਭਾਰ ਸੰਭਾਲਿਆ। ਆਪਣੇ ਸੰਬੋਧਨ ਦੌਰਾਨ ਹਰਕਿਸ਼ਨ ਸੈਣੀ ਨੇ ਕਿਹਾ ਕਿ ਸ਼ਹਿਰ ਵਾਸੀਆਂ ਦੀਆਂ ਉਮੀਦਾਂ 'ਤੇ ਖਰਾ ਉਤਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਹੋਵੇਗੀ। ਵਿਧਾਇਕ ਜਸਵੀਰ ਸਿੰਘ ਰਾਜਾ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਨਗਰ ਕੌਂਸਲ ਮਿਲ ਕੇ ਟਾਂਡਾ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹਨ। ਸਮਾਗਮ ਦੌਰਾਨ ਆਮ ਆਦਮੀ ਪਾਰਟੀ ਦੇ ਕਈ ਅਹੁਦੇਦਾਰ, ਵਰਕਰ ਅਤੇ ਸ਼ਹਿਰ ਦੇ ਪਤਵੰਤੇ ਨਾਗਰਿਕ ਵੀ ਹਾਜ਼ਰ ਸਨ।ਆਮ ਆਦਮੀ ਪਾਰਟੀ ਦੇ ਕੌਂਸਲਰ ਪ੍ਰਵੀਣ ਖੰਨਾ, ਕੌਂਸਲਰ ਹਰਮੀਤ ਸਿੰਘ, ਕੌਂਸਲਰ ਜਸਵੰਤ ਕੌਰ ਮੁਲਤਾਨੀ, ਕੌਂਸਲਰ ਸਰੋਜ ਵਾਲਾ, ਕੌਂਸਲਰ ਸੇਠ ਰਾਮ ਸੇਠੀ, ਕੌਂਸਲਰ ਗੁਰਬਖ਼ਸ਼ ਕੌਰ, ਪਰਮਿੰਦਰ ਕੌਰ, ਮੰਜੀਤ ਕੌਰ, ਨਗਰ ਕੌਂਸਲ ਦੇ ਕਾਰਜਕਾਰੀ ਅਫ਼ਸਰ ਵਿਜੈ ਡੋਗਰਾ, ਕੇਸ਼ਵ ਸੈਣੀ, ਸੁਖਵਿੰਦਰ ਸਿੰਘ ਸ਼ਾਵਰ, ਹਰਮੀਤ ਸਿੰਘ ਔਲਖ, ਡੀਐਸਪੀ ਹਰਲੀਨ ਸਿੰਘ, ਡੀਐਸਪੀ ਦਵਿੰਦਰ ਸਿੰਘ ਬਾਜਵਾ, ਤਹਿਸੀਲਦਾਰ ਅਮਰਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਦੇ ਅਹੁਦੇਦਾਰ, ਵਰਕਰ ਅਤੇ ਸ਼ਹਿਰ ਦੇ ਪਤਵੰਤੇ ਸੱਜਣ ਹਾਜ਼ਰ ਸਨ।

## ਊਧਮ ਸਿੰਘ ਦੇ ਸ਼ਹੀਦੀ ਦਿਹਾੜੇ 'ਤੇ ਮੋਟਰਸਾਈਕਲ ਮਾਰਚ




ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਨੌਜਵਾਨ ਭਾਰਤ ਸਭਾ ਵੱਲੋਂ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਨ ਤੇ ਨਕੋਦਰ ਸ਼ਹਿਰ ਵਿਚ ਮੋਟਰਸਾਈਕਲ ਮਾਰਚ ਕੀਤਾ ਗਿਆ। ਇਸ ਮੌਕੇ ਨੌਜਵਾਨ ਭਾਰਤ ਸਭਾ ਦੇ ਸੂਬਾ ਮੀਤ ਪ੍ਰਧਾਨ ਮੰਗਲਜੀਤ ਪੰਡੋਰੀ ਅਤੇ ਜ਼ਿਲ੍ਹਾ ਸਕੱਤਰ ਸੋਨੂੰ ਲੋਹੀਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਊਧਮ ਸਿੰਘ ਦੀ ਕੁਰਬਾਨੀ ਕੇਵਲ ਬਦਲਾ ਲੈਣ ਲਈ ਨਹੀਂ ਸੀ। ਉਸਨੇ ਆਪਣੀ ਜਾਨ ਦੇਸ਼ ਅੰਦਰ ਬ੍ਰਿਟਿਸ਼ ਸਾਮਰਾਜ ਵਲੋਂ ਕੀਤੀ ਜਾ ਰਹੀ ਅੰਨੀ ਲੁੱਟ ਅਤੇ ਲੋਕਾਂ ਤੇ ਕੀਤੇ ਜਾ ਰਹੇ ਜ਼ਬਰ ਵਿਰੁੱਧ ਕੁਰਬਾਨ ਕੀਤੀ ਸੀ। ਉਸ ਨੇ ਗ਼ਦਰ ਪਾਰਟੀ ਦਾ ਸੁਨੇਹਾ ਲੋਕਾਂ ਤੱਕ ਲੈ ਕੇ ਜਾਣ ਦਾ ਹਰ ਯਤਨ ਕੀਤਾ। ਪਰ ਅੱਜ ਦੀ ਕੇਂਦਰ ਦੀ ਮੋਦੀ ਹਕੂਮਤ ਸਾਮਰਾਜ ਅੱਗੇ ਝੁਕੀ ਪਈ ਹੈ। ਅੱਜ ਦੇਸ਼ ਦਾ ਨੌਜਵਾਨ ਆਪਣੇ ਚੰਗੇ ਭਵਿੱਖ ਦੀ ਆਸ ਲਈ ਸੜਕਾਂ ਤੇ ਰੁਲ ਰਿਹਾ ਹੈ। ਆਪਣੇ ਹੱਕ ਦੀ ਗੱਲ ਕਰਨ ਵਾਲੇ ਨੌਜਵਾਨਾਂ ਤੇ ਲਾਠੀਚਾਰਜ ਅਤੇ ਪੈਲੇਟ ਗੰਨਾਂ ਦੀ ਵਰਤੋਂ ਕਰਕੇ ਜ਼ਖ਼ਮੀ ਕੀਤਾ। ਸਭਾ ਨੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਅਤੇ ਰੁਜ਼ਗਾਰ ਲਈ ਇਕੱਠੇ ਹੋਣ ਦਾ ਸੱਦਾ ਦਿੱਤਾ। ਇਸ ਮੌਕੇ ਜ਼ਿਲ੍ਹਾ ਵਿੱਤ ਸਕੱਤਰ ਸੁਖਦੇਵ ਮੰਡਿਆਲਾ, ਸਰੂਪ ਲਾਲ, ਮੁਸਲਿਮ ਭਾਈਚਾਰੇ ਦੇ ਆਗੂ ਮੁਹੰਮਦ ਖਾਲਿਦ ਤੇਜਦੀਪ, ਜਸਕਰਨ ਸਿੰਘ, ਸੋਮ ਲੰਗਾਹ, ਜਸਵਿੰਦਰ ਸਿੰਘ, ਤਾਰਾ ਸਿੰਘ ਧੱਕਾ ਬਸਤੀ ਆਦਿ ਨੇ ਸੰਬੋਧਨ ਕੀਤਾ।

## ਕੈਬਨਿਟ ਮੰਤਰੀ ਨੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਵੰਡੇ ਨਿਯੁਕਤੀ ਪੱਤਰ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਸਰਕਾਰ ਦੇ 'ਮਿਸ਼ਨ ਰੋਜ਼ਗਾਰ' ਤਹਿਤ ਸ਼ਾਮ ਚੁਰਾਸੀ ਹਲਕੇ ਦੀਆਂ ਨਵ-ਨਿਯੁਕਤ 28 ਆਂਗਣਵਾੜੀ ਵਰਕਰਾਂ ਅਤੇ 48 ਹੈਲਪਰਾਂ ਨੂੰ ਜੇਲਾਂ ਅਤੇ ਪ੍ਰਵਾਸੀ ਭਾਰਤੀ ਮਾਮਲ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਨਿਯੁਕਤੀ ਪੱਤਰ ਸੌਂਪੇ ਗਏ। ਨਿਯੁਕਤੀ ਪੱਤਰ ਸੌਂਪਣ ਵੇਲੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਾਰਦਰਸ਼ੀ ਅਤੇ ਯੋਗਤਾ-ਅਧਾਰਿਤ ਭਰਤੀ ਪ੍ਰਕਿਰਿਆ ਰਾਹੀਂ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦੇ ਆਪਣੇ ਵਾਅਦੇ ਨੂੰ ਲਗਾਤਾਰ ਪੂਰਾ ਕਰ ਰਹੀ ਹੈ। ਉਨ੍ਹਾਂ ਨੇ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਆਂਗਣਵਾੜੀ ਕੇਂਦਰ ਮਹਿਲਾਵਾਂ ਅਤੇ ਬੱਚਿਆਂ ਦੀ ਸਿਹਤ, ਪੋਸ਼ਣ ਅਤੇ ਸ਼ੁਰੂਆਤੀ ਸਿੱਖਿਆ ਨਾਲ ਜੁੜੀ ਸਰਕਾਰੀ ਵਿਵਸਥਾ ਦਾ ਅਹਿਮ ਹਿੱਸਾ ਹਨ। ਉਨ੍ਹਾਂ ਕਿਹਾ ਕਿ ਨਵੀਆਂ ਨਿਯੁਕਤੀਆਂ ਨਾਲ ਨਾ ਸਿਰਫ਼ ਬਾਲ ਵਿਕਾਸ ਸੇਵਾਵਾਂ ਹੋਰ ਪ੍ਰਭਾਵਸ਼ਾਲੀ ਹੋਣਗੀਆਂ, ਸਗੋਂ ਲੋੜਵੰਦ ਪਰਵਾਰਾਂ ਤੱਕ ਸਰਕਾਰੀ ਸਕੀਮਾਂ ਦਾ ਲਾਭ ਵੀ ਹੋਰ ਬਿਹਤਰ ਢੰਗ ਨਾਲ ਪਹੁੰਚੇਗਾ। ਕੈਬਨਿਟ ਮੰਤਰੀ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸਰਕਾਰ ਨੇ ਸੂਬੇ ਵਿਚ ਹੁਣ ਤੱਕ ਪੂਰੀ ਤਰ੍ਹਾਂ ਪਾਰਦਰਸ਼ੀ ਢੰਗ ਅਤੇ ਮੈਰਿਟ ਦੇ ਆਧਾਰ 'ਤੇ 68,228 ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਕਾਰਜਕਾਲ ਦੇ ਸ਼ੁਰੂ ਤੋਂ ਹੀ ਵੱਖ-ਵੱਖ ਵਿਭਾਗਾਂ ਵਿੱਚ ਵੱਡੇ ਪੱਧਰ 'ਤੇ ਭਰਤੀਆਂ ਕੀਤੀਆਂ ਹਨ ਜਿਸ ਸਦਕਾ ਸੂਬੇ ਦੇ ਨੌਜਵਾਨਾਂ ਦਾ ਸਰਕਾਰੀ ਭਰਤੀਆਂ 'ਚ ਵਿਸ਼ਵਾਸ ਬਹਾਲ ਹੋਇਆ ਹੈ ਅਤੇ ਉਹ ਮੁਕਾਬਲੇ ਵਾਲੀਆਂ ਪ੍ਰੀਖਿਆਵਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈ ਰਹੇ ਹਨ। ਇਸ ਮੌਕੇ ਸੀ ਡੀ ਪੀ ਓ ਰਵਿੰਦਰ ਕੌਰ,ਹਰਪ੍ਰੀਤ ਸਿੰਘ ਧਾਮੀ, ਕਮਲ ਧੂਤ ਵੀ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਡਾ. ਰਵਜੋਤ ਸਿੰਘ ਨੇ ਸਾਰੀਆਂ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨੂੰ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਦੇ ਸਫਲ ਅਤੇ ਲੋਕ ਸੇਵਾ ਨੂੰ ਸਮਰਪਿਤ ਕਾਰਜਕਾਲ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਬਲਵਿੰਦਰ ਸਿੰਘ ਧਾਲੀਵਾਲ ਨੇ ਕੀਤੀਆਂ ਹੋਰ ਅਹੁਦੇਦਾਰਾਂ ਦੀਆਂ ਨਿਯੁਕਤੀਆਂ



ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)- ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ (ਰਿਟਾ. ਆਈ.ਏ.ਐਸ.) ਨੇ ਜ਼ਿਲਾ ਪੱਧਰ 'ਤੇ ਕਾਂਗਰਸ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਜ਼ਿਲ੍ਹੇ ਅਤੇ ਯੂਥ ਵਿੰਗ ਵਿੱਚ ਹੋਰ ਅਹੁਦੇਦਾਰਾਂ ਦੀਆਂ ਨਿਯੁਕਤੀਆਂ ਕੀਤੀਆਂ ਹਨ। ਇਹਨਾਂ ਨਿਯੁਕਤੀਆਂ ਸਬੰਧੀ ਉਹਨਾਂ ਆਪਣੇ ਨਿਵਾਸ ਸਥਾਨ 'ਤੇ ਨਵੇਂ ਅਹੁਦੇਦਾਰਾਂ ਨੂੰ ਨਿਯੁਕਤੀ ਪੱਤਰ ਸੌਂਪੇ। ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਧਾਲੀਵਾਲ ਨੇ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਵਰ੍ਹਦਿਆਂ ਕਿਹਾ ਕਿ ਸਰਕਾਰ ਵੱਲੋਂ ਚੋਣਾਂ ਦੌਰਾਨ ਲੋਕਾਂ ਨਾਲ ਕੀਤੇ ਗਏ ਸਾਰੇ ਵਾਅਦੇ ਅਤੇ ਗਾਰੰਟੀਆਂ ਖੋਖਲੀਆਂ ਸਾਬਤ ਹੋਈਆਂ ਹਨ। ਉਨ੍ਹਾਂ ਦੋਸ਼ ਲਾਇਆ ਕਿ ਸੂਬਾ ਸਰਕਾਰ ਹਰ ਖੇਤਰ ਵਿੱਚ ਅਸਫਲ ਰਹੀ ਹੈ ਅਤੇ ਲੋਕ ਆਪਣੇ ਹੱਕਾਂ ਲਈ ਸੜਕਾਂ 'ਤੇ ਸੰਘਰਸ਼ ਕਰਨ ਲਈ ਮਜਬੂਰ ਹਨ। ਸਰਕਾਰ ਪੁਲਸ ਦੀਆਂ ਲਾਠੀਆਂ ਦੇ ਜ਼ੋਰ ਨਾਲ ਉਨ੍ਹਾਂ ਦੀ ਆਵਾਜ਼ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਵਿੱਚ ਜਾ ਕੇ ਉਨ੍ਹਾਂ ਦੇ ਦੁੱਖ-ਦਰਦ ਵਿੱਚ ਸ਼ਾਮਲ ਹੋਣ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ। ਉਨ੍ਹਾਂ ਦਾਅਵਾ ਕੀਤਾ ਕਿ ਸਾਲ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਬਾਅਦ ਸੂਬੇ ਵਿੱਚ ਕਾਂਗਰਸ ਮੁੜ ਸੱਤਾ ਵਿੱਚ ਆਵੇਗੀ। ਇਸ ਮੌਕੇ ਨਰੇਸ਼ ਭਾਰਦਵਾਜ ਬਲਾਕ ਪ੍ਰਧਾਨ ਫਗਵਾੜਾ ਸ਼ਹਿਰੀ, ਵਿੱਕੀ ਵਾਲੀਆ ਬਲਾਕ ਪ੍ਰਧਾਨ ਦਿਹਾਤੀ, ਕੌਂਸਲਰ ਸੰਜੀਵ ਬੁੱਗਾ, ਗੁਰਜੀਤ ਪਾਲ ਵਾਲੀਆ ਡੈਲੀਗੇਟ ਮੈਂਬਰ ਪੰਜਾਬ, ਜਸਵੰਤ ਸਿੰਘ ਨੀਟਾ, ਹਰਜੀਤ ਸਿੰਘ ਲਾਡੀ, ਅਗਮ ਪ੍ਰਸ਼ਰ ਜ਼ਿਲ੍ਹਾ ਯੂਥ ਪ੍ਰਧਾਨ, ਕਿਸ਼ੋਰ ਚਹਿਲ, ਸੀਨੀਅਰ ਆਗੂ ਵਿਨੋਦ ਵਰਮਾਨੀ ਅਤੇ ਹੋਰ ਕਾਂਗਰਸੀ ਆਗੂ ਵੀ ਹਾਜ਼ਰ ਸਨ ।

## ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ




ਸੁਲਤਾਨਪੁਰ ਲੋਧੀ, (ਹਨੀ)- ਫਾਲਕਨ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਮਹਾਨ ਕ੍ਰਾਂਤੀਕਾਰੀ, ਅਦੁੱਤੀ ਦੇਸ਼ਭਗਤ ਅਤੇ ਅਮਰ ਸ਼ਹੀਦ, ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਵਸ ਮੌਕੇ ਕਰਨਲ ਅਜੀਤ ਸਿੰਘ ਢਿੱਲੋਂ, ਮੈਨੇਜਿੰਗ ਡਾਇਰੈਕਟਰ ਨਵਦੀਪ ਕੌਰ ਢਿੱਲੋਂ ਨੇ ਵਿਦਿਆਰਥੀਆਂ ਨੂੰ ਸ਼ਹੀਦ ਊਧਮ ਸਿੰਘ ਦੀ ਮਹਾਨ ਸ਼ਹਾਦਤ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਵਿਦਿਆਰਥੀਆਂ ਨੇ ਸ਼ਹੀਦ ਊਧਮ ਸਿੰਘ ਦੇ ਜੀਵਨ, ਆਜ਼ਾਦੀ ਦੇ ਮਹਾਨ ਸੰਘਰਸ਼ ਵਿੱਚ ਉਨ੍ਹਾਂ ਦੇ ਅਮੁੱਲ ਯੋਗਦਾਨ ਅਤੇ ਦੇਸ਼ ਲਈ ਦਿੱਤੀ ਸਰਵੋੱਚ ਕੁਰਬਾਨੀ ਬਾਰੇ ਬਹੁਤ ਹੀ ਪ੍ਰਭਾਵਸ਼ਾਲੀ ਅਤੇ ਪ੍ਰੇਰਨਾਦਾਇਕ ਭਾਸ਼ਣ ਪੇਸ਼ ਕੀਤੇ। ਪ੍ਰਭਜੋਤ ਕੌਰ (ਜਮਾਤ 9ਵੀਂ), ਮੁਸਕਾਨ (ਜਮਾਤ 9ਵੀਂ), ਏਕਮਪ੍ਰੀਤ ਕੌਰ (ਜਮਾਤ 6ਵੀਂ), ਭਵਿਆ (ਜਮਾਤ 7ਵੀਂ) ਅਤੇ ਜਸ਼ਨਪ੍ਰੀਤ ਕੌਰ (+1) ਨੇ ਆਪਣੇ ਓਜਸਵੀ ਵਿਚਾਰਾਂ ਅਤੇ ਪ੍ਰਭਾਵਸ਼ਾਲੀ ਪੇਸ਼ਕਾਰੀ ਰਾਹੀਂ ਸ਼ਹੀਦ ਊਧਮ ਸਿੰਘ ਜੀ ਦੀ ਬਹਾਦਰੀ, ਦੇਸ਼ਭਗਤੀ ਅਤੇ ਕੁਰਬਾਨੀ ਨੂੰ ਜੀਵੰਤ ਰੂਪ ਵਿੱਚ ਪੇਸ਼ ਕੀਤਾ। ਉਨ੍ਹਾਂ ਦੇ ਵਿਚਾਰਾਂ ਨੇ ਹਾਜ਼ਰ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਮਨਾਂ ਵਿੱਚ ਦੇਸ਼-ਸੇਵਾ, ਹਿੰਮਤ ਅਤੇ ਰਾਸ਼ਟਰ ਪ੍ਰਤੀ ਸਮਰਪਣ ਦੀ ਭਾਵਨਾ ਨੂੰ ਹੋਰ ਪ੍ਰਬਲ ਕੀਤਾ। ਇਸ ਮੌਕੇ ਮੈਨੇਜਿੰਗ ਡਾਇਰੈਕਟਰ ਨਵਦੀਪ ਕੌਰ ਢਿੱਲੋਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸ਼ਹੀਦ ਊਧਮ ਸਿੰਘ ਜੀ ਦਾ ਜੀਵਨ ਸਾਨੂੰ ਅਨਿਆਂ ਅਤੇ ਜ਼ੁਲਮ ਦੇ ਵਿਰੁੱਧ ਨਿਡਰ ਹੋ ਕੇ ਖੜ੍ਹਨ, ਸੱਚ ਅਤੇ ਇਨਸਾਫ਼ ਦਾ ਸਾਥ ਦੇਣ ਅਤੇ ਮਾਤਭੂਮੀ ਦੀ ਸੇਵਾ ਲਈ ਹਮੇਸ਼ਾ ਸਮਰਪਿਤ ਰਹਿਣ ਦੀ ਪ੍ਰੇਰਨਾ ਦਿੰਦਾ ਹੈ। ਇਸ ਵਿਸ਼ੇਸ਼ ਪ੍ਰੇਰਨਾਦਾਇਕ ਮੌਕੇ ਵਾਈਸ ਪ੍ਰਿੰਸੀਪਲ ਰਵਿੰਦਰਜੀਤ ਕੌਰ ਨੇ ਵੀ ਵਿਦਿਆਰਥੀਆਂ ਨੂੰ ਆਪਣੇ ਦੇਸ਼ ਪ੍ਰਤੀ ਸੱਚੀ ਭਾਵਨਾ ਰੱਖਣ ਤੇ ਕੌਮ ਲਈ ਪਿਆਰ ਰੱਖਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਸਮੂਹ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਸ਼ਹੀਦ ਊਧਮ ਸਿੰਘ ਨੂੰ ਭਾਵਭਿੰਨੀ ਸ਼ਰਧਾਂਜਲੀ ਅਰਪਿਤ ਕਰਦਿਆਂ ਉਨ੍ਹਾਂ ਦੇ ਆਦਰਸ਼ਾਂ 'ਤੇ ਚੱਲਣ ਅਤੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ ਦਾ ਸੰਕਲਪ ਲਿਆ।

## ਕਾਨੂੰਨ-ਵਿਵਸਥਾ ਲਈ ਐੱਸ ਐੱਚ ਓ ਹੋਣਗੇ ਜ਼ਿੰਮੇਵਾਰ : ਪੁਲਸ ਕਮਿਸ਼ਨਰ




ਜਲੰਧਰ (ਸ਼ੈਲੀ ਐਲਬਰਟ)- ਜਲੰਧਰ ਦੇ ਨਵ-ਨਿਯੁਕਤ ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਨੇ ਅਹੁਦਾ ਸੰਭਾਲਦੇ ਹੀ ਸ਼ਹਿਰ 'ਚ ਕਾਨੂੰਨ-ਵਿਵਸਥਾ ਨੂੰ ਲੈ ਕੇ ਸਖ਼ਤ ਰੁਖ਼ ਅਪਣਾਇਆ ਹੈ। ਉਨ੍ਹਾਂ ਸਾਰੇ ਥਾਣਾ ਮੁਖੀਆਂ ਅਤੇ ਅਧਿਕਾਰੀਆਂ ਦੀ ਸਿੱਧੀ ਜਵਾਬਦੇਹੀ ਤੈਅ ਕਰ ਦਿੱਤੀ ਹੈ। ਹੁਣ ਕਿਸੇ ਵੀ ਇਲਾਕੇ 'ਚ ਅਪਰਾਧ ਹੋਣ 'ਤੇ ਸਬੰਧਤ ਐੱਸ ਐੱਚ ਓ ਅਤੇ ਅਧਿਕਾਰੀ ਜ਼ਿੰਮੇਵਾਰ ਹੋਣਗੇ। ਪੁਲਸ ਕਮਿਸ਼ਨਰ ਵੱਲੋਂ ਦਿਨ-ਰਾਤ ਗਸ਼ਤ ਤੇਜ਼ ਕਰਨ ਅਤੇ ਸੰਵੇਦਨਸ਼ੀਲ ਇਲਾਕਿਆਂ 'ਚ ਨਿਯਮਿਤ ਪੈਟਰੋਲਿੰਗ ਦੇ ਹੁਕਮ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਪੁਲਸ ਅਤੇ ਜਨਤਾ ਵਿਚਕਾਰ ਬਿਹਤਰ ਤਾਲਮੇਲ ਜ਼ਰੂਰੀ ਹੈ। [illegible] ਦੇ ਲੋਕਾਂ ਨਾਲ ਰਾਬਤਾ ਕਾਇਮ ਰੱਖੇ ਅਤੇ ਸ਼ਿਕਾਇਤਾਂ ਦਾ ਤੁਰੰਤ ਹੱਲ ਕਰੇ। ਬਾਜ਼ਾਰਾਂ, ਬੱਸ ਸਟੈਂਡ, ਰੇਲਵੇ ਸਟੇਸ਼ਨ, ਸਕੂਲ-ਕਾਲਜ ਅਤੇ ਧਾਰਮਿਕ ਸਥਾਨਾਂ 'ਤੇ ਨਿਯਮਿਤ ਚੈਕਿੰਗ ਵੀ ਹੋਵੇਗੀ। ਸਤਿੰਦਰ ਸਿੰਘ ਨੇ ਸਪੱਸ਼ਟ ਕੀਤਾ ਕਿ ਕਾਨੂੰਨ-ਵਿਵਸਥਾ 'ਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਹੋਵੇਗੀ। ਪੁਲਸ ਦਾ ਟੀਚਾ ਜਲੰਧਰ ਨੂੰ ਜੁਰਮ-ਮੁਕਤ ਅਤੇ ਸੁਰੱਖਿਅਤ ਸ਼ਹਿਰ ਬਣਾਉਣਾ ਹੈ।

## ਰਾਮ ਮੰਦਰ ਵਿਖੇ ਗੁਰੂ ਪੁੰਨਿਆ ਮੌਕੇ ਧਾਰਮਿਕ ਸਮਾਗਮ



ਮਹਿਟਿਆਣਾ (ਜਗਤਾਰ ਸਿੰਘ ਭੁੱਗਰਨੀ)- ਨਜ਼ਦੀਕੀ ਪਿੰਡ ਨਡਾਲੋਂ ਦੇ ਸ੍ਰੀ ਰਾਮ ਮੰਦਰ ਵਿਖੇ ਸੰਤ ਬਾਬਾ ਧਿਆਨ ਦਾਸ ਜੀ ਦੇ ਅਸ਼ੀਰਵਾਦ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਗੁਰ ਪੁੰਨਿਆ ਦਿਹਾੜੇ ਮੌਕੇ ਧਾਰਮਿਕ ਸਮਾਗਮ ਮੰਦਰ ਦੇ ਮੁੱਖ ਸੇਵਾਦਾਰ ਮਹੰਤ ਚਤੁਰਭੁਜ ਦਾਸ ਨਡਾਲੋਂ ਦੀ ਅਗਵਾਈ ਵਿੱਚ ਸ਼ਰਧਾਪੂਰਵਕ ਕਰਵਾਇਆ ਗਿਆ।ਇਸ ਮੌਕੇ [illegible]

## ਗੁਰਦੁਆਰਾ ਹਰੀਸਰ ਵਿਖੇ ਗੁਰੂ ਪੁੰਨਿਆਂ ਦਾ ਦਿਹਾੜਾ ਮਨਾਇਆ



ਮਹਟਿਆਣਾ (ਜਗਤਾਰ ਸਿੰਘ ਭੁੱਗਰਨੀ)- ਪਿੰਡ ਮਨਨਹਾਨਾ ਵਿਖੇ ਧੰਨ-ਧੰਨ 108 ਸੰਤ ਬਾਬਾ ਹਰੀ ਸਿੰਘ ਜੀ ਮਹਾਰਾਜ ਨੈਕੀ ਵਾਲਿਆਂ ਦੇ ਤਪ-ਅਸਥਾਨ ਕੁਟੀਆ ਅਮਰੂਦਾਂ ਵਾਲੀ ਗੁਰਦੁਆਰਾ ਹਰੀਸਰ ਡੇਰਾ ਮੰਨਣਹਾਨਾ ਵਿਖੇ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਅਮਰੀਕ ਸਿੰਘ ਨੈਕੀ ਵਾਲਿਆਂ ਦੀ ਅਗਵਾਈ ਵਿੱਚ ਸੰਤ ਬਾਬਾ ਹਰੀ ਸਿੰਘ ਨੈਕੀ ਵਾਲਿਆਂ ਨੂੰ ਸਮਰਪਿਤ ਗੁਰੂ ਪੁੰਨਿਆਂ ਦਾ ਦਿਹਾੜਾ ਬੜੀ ਸ਼ਰਧਾਪੂਰਵਕ ਮਨਾਇਆ ਗਿਆ।ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿੱਚ ਹੈੱਡ ਗ੍ਰੰਥੀ ਭਾਈ ਗੁਰਵਿੰਦਰ ਸਿੰਘ, ਤੇ ਹਜ਼ੂਰੀ ਰਾਗੀ ਭਾਈ ਪਰਦੀਪ ਸਿੰਘ ਦੇ ਜਥੇ ਆਦਿ ਨੇ ਕਥਾ ਕੀਰਤਨ ਅਤੇ ਗੁਰੂ ਮਹਿਮਾ ਸੁਣਾ ਕੇ ਆਈਆਂ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਸੰਤ-ਮਹਾਂਪੁਰਸ਼ ਤੇ ਪ੍ਰਮੁੱਖ ਸਖਸ਼ੀਅਤਾਂ ਨੇ ਵੀ ਸੰਤ ਬਾਬਾ ਹਰੀ ਸਿੰਘ ਨੈਕੀ ਵਾਲਿਆਂ ਦੇ ਸਮਾਧੀ ਸਥਲ ਤੇ ਨਤਮਸਤਕ ਹੋ ਕੇ ਆਪਣੀ ਹਾਜ਼ਰੀ ਲਗਾਈ ।ਇਸ ਮੌਕੇ ਖੀਰ ਪੂੜੇ ਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।ਇਸ ਮੌਕੇ ਸੰਤ ਬਾਬਾ ਅਮਰੀਕ ਸਿੰਘ ਨੈਕੀ ਵਾਲੇ, ਸੰਦੀਪ ਸੈਂਡੀ, ਭਾਈ ਪਰਮਜੀਤ ਸਿੰਘ ਪੰਮਾ, ਭੁਪਿੰਦਰ ਸਿੰਘ ਅਲਾਵਲਪੁਰ, ਪਰਮਜੀਤ ਸਿੰਘ ਰੱਕੜ, ਰਛਪਾਲ ਕਲੇਰ ਸਾਬਕਾ ਸਰਪੰਚ, ਮਾਸਟਰ ਬਲਵੀਰ ਸਿੰਘ ,ਅਰਜਨ ਦਾਸ, ਮਦਨ ਲਾਲ, ਮਨਜੀਤ ਸਿੰਘ ਲਾਂਗਰੀ,ਸਰਬਜੀਤ ਸਿੰਘ, ਭਾਈ ਮੰਗਾ, ਨਿੱਕਾ ਬਾਬਾ, ਆਦਿ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਕਲਰਕ ਰਿਸ਼ਵਤ ਮੰਗਣ ਤੇ ਚੜ੍ਹਿਆ ਵਿਜੀਲੈਂਸ ਦੇ ਅੜਿੱਕੇ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ (ਬੀ.ਪੀ.ਈ.ਓ.) ਦਫ਼ਤਰ ਹਾਜੀਪੁਰ ਵਿਖੇ ਤਾਇਨਾਤ ਇਕ ਕਲਰਕ ਵੱਲੋਂ ਅਧਿਆਪਕਾ ਦੀ ਚਾਈਲਡ ਕੇਅਰ ਲੀਵ (ਛੁੱਟੀ) ਮਨਜ਼ੂਰ ਕਰਵਾਉਣ ਦੇ ਬਦਲੇ ਰਿਸ਼ਵਤ ਮੰਗਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਸ਼ਿਕਾਇਤ ਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਕਲਰਕ ਖ਼ਿਲਾਫ਼ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ। ਸ਼ਿਕਾਇਤ ਕਰਤਾ ਅਨੁਸਾਰ ਉਸ ਦੀ ਪਤਨੀ ਸਰਕਾਰੀ ਐਲੀਮੈਂਟਰੀ ਸਕੂਲ ਪਿੰਡ ਸਹੋੜਾ ਕੰਢੀ (ਬਲਾਕ ਹਾਜੀਪੁਰ) ਵਿਖੇ ਬਤੌਰ ਈ.ਟੀ.ਟੀ. ਅਧਿਆਪਕਾ ਸੇਵਾਵਾਂ ਨਿਭਾ ਰਹੀ ਹੈ। ਉਨ੍ਹਾਂ ਦਾ ਅਸਲ ਪਿੰਡ ਸੁਲਤਾਨਪੁਰ (ਜ਼ਿਲ੍ਹਾ ਮਲੇਰਕੋਟਲਾ) ਤਾਇਨਾਤੀ ਵਾਲੀ ਜਗ੍ਹਾ ਤੋਂ ਕਰੀਬ 250 ਕਿਲੋਮੀਟਰ ਦੂਰ ਹੋਣ ਅਤੇ 9 ਮਹੀਨੇ ਦੀ ਛੋਟੀ ਬੱਚੀ ਦੀ ਦੇਖਭਾਲ ਲਈ ਉਹ ਪਿੰਡ ਨੰਗਲ ਬਿਹਾਲਾ ਵਿਖੇ ਕਿਰਾਏ 'ਤੇ ਰਹਿ ਰਹੇ ਹਨ। ਬੱਚੀ ਦੀ ਦੇਖਭਾਲ ਲਈ ਚਾਈਲਡ ਕੇਅਰ ਲੀਵ ਮਨਜ਼ੂਰ ਕਰਵਾਉਣ ਵਾਸਤੇ ਜਦੋਂ ਉਹ ਬੀ ਪੀ ਈ ਓ ਦਫ਼ਤਰ ਹਾਜੀਪੁਰ ਗਿਆ ਤਾਂ ਉੱਥੇ ਤਾਇਨਾਤ ਕਲਰਕ ਗਗਨਦੀਪ ਨੇ ਉਸ ਨਾਲ ਰਾਬਤਾ ਕਾਇਮ ਕੀਤਾ। ਕਥਿਤ ਦੋਸ਼ ਹੈ ਕਿ ਕਲਰਕ ਨੇ ਵਟਸਐਪ ਕਾਲ ਰਾਹੀਂ ਛੁੱਟੀ ਮਨਜ਼ੂਰ ਕਰਵਾਉਣ ਬਦਲੇ 10,000 ਰੁਪਏ ਰਿਸ਼ਵਤ ਦੀ ਮੰਗ ਕੀਤੀ। ਬੇਨਤੀ ਕਰਨ ਤੋਂ ਬਾਅਦ ਮਾਮਲਾ 5,000 ਰੁਪਏ 'ਚ ਤੈਅ ਹੋਇਆ। ਸ਼ਿਕਾਇਤ ਕਰਤਾ ਨੇ ਰਿਸ਼ਵਤ ਦੇਣ ਦੀ ਬਜਾਏ ਇਸ ਗੱਲਬਾਤ ਦੀ ਦੂਜੇ ਮੋਬਾਇਲ ਰਾਹੀਂ ਵੀਡੀਓ ਅਤੇ ਆਡੀਓ ਰਿਕਾਰਡਿੰਗ ਕਰ ਲਈ। ਉਸ ਨੇ ਇਹ ਰਿਕਾਰਡਿੰਗ ਪੈਨ ਡ੍ਰਾਈਵ ਵਿੱਚ ਪਾ ਕੇ ਅਤੇ 5,000 ਰੁਪਏ ਦੀ ਰਕਮ ਸਮੇਤ ਵਿਜੀਲੈਂਸ ਬਿਊਰੋ ਨੂੰ ਸੌਂਪਦਿਆਂ ਦੋਸ਼ੀ ਕਲਰਕ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਜਿਸ ਤੇ ਵਿਜੀਲੈਂਸ ਬਿਊਰੋ ਦੀ ਟੀਮ ਨੇ ਉਕਤ ਕਲਰਕ ਨੂੰ ਮੌਕੇ ਤੇ ਕਾਬੂ ਕਰ ਲਿਆ।

## ਖੇਤ ਮਜ਼ਦੂਰਾਂ ਵੱਲੋਂ ਸਫਾਈ ਕਰਮਾਚਾਰੀਆਂ 'ਤੇ ਜ਼ਬਰ ਦੀ ਸਖਤ ਨਿਖੇਧੀ

ਚੰਡੀਗੜ੍ਹ (ਗਿਆਨ ਸੈਦਪੁਰੀ)- ਸਫਾਈ ਕਰਮਚਾਰੀਆਂ ਵੱਲੋਂ ਪੰਜਾਬ ਬੰਦ ਦੇ ਸੱਦੇ ਦੌਰਾਨ ਪੰਜਾਬ ਭਰ ਵਿੱਚ ਕੀਤੇ ਪ੍ਰਦਰਸ਼ਨਾਂ ਦੌਰਾਨ ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ ਵੱਖ ਵੱਖ ਥਾਵਾਂ 'ਤੇ ਪਹੁੰਚ ਕੇ ਭਰਾਤਰੀ ਸਹਿਯੋਗ ਕੀਤਾ ਗਿਆ।ਪ੍ਰੈੱਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਯੂਨੀਅਨ ਦੇ ਸੂਬਾ ਪ੍ਰਧਾਨ ਜੋਰਾ ਸਿੰਘ ਨਸਰਾਲੀ ਤੇ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ ਨੇ ਦੱਸਿਆ ਕਿ ਜਥੇਬੰਦੀ ਵੱਲੋਂ ਬਠਿੰਡਾ,ਬਰਾਨਾਲਾ, ਭਗਤਾ, ਸ੍ਰੀ ਮੁਕਤਸਰ ਸਾਹਿਬ, ਗਿੱਦੜਬਾਹਾ, ਨਕੋਦਰ, ਫਰੀਦਕੋਟ , ਮਾਲੇਰਕੋਟਲਾ,ਮੂਣਕ ਆਦਿ ਥਾਵਾਂ 'ਤੇ ਸ਼ਮੂਲੀਅਤ ਕੀਤੀ ਗਈ। ਵੱਖ-ਵੱਖ ਥਾਵਾਂ 'ਤੇ ਜੁੜੇ ਇਕੱਠਾਂ ਨੂੰ ਸੂਬਾ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ, ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ, ਸੂਬਾ ਕਮੇਟੀ ਮੈਂਬਰ ਹਰਭਗਵਾਨ ਸਿੰਘ ਮੂਣਕ , ਸੂਬਾ ਕਮੇਟੀ ਮੈਂਬਰ ਗੁਰਪਾਲ ਸਿੰਘ ਨੰਗਲ ਸਮੇਤ ਜ਼ਿਲ੍ਹਾ ਆਗੂਆਂ ਨੇ ਸੰਬੋਧਨ ਕੀਤਾ। ਖੇਤ ਮਜ਼ਦੂਰ ਆਗੂਆਂ ਨੇ ਸਫਾਈ ਕਰਮਚਾਰੀਆਂ ਦੇ ਪ੍ਰਦਰਸ਼ਨ ਨੂੰ ਸਾਬੋਤਾਜ ਕਰਨ ਲਈ ਸਰਕਾਰ ਤੇ ਇਸ ਦੇ ਆਈ ਟੀ ਸੈਲ ਵੱਲੋਂ ਘੋਲ ਵਾਪਸ ਲੈਣ ਦੀਆਂ ਝੂਠੀਆਂ ਖਬਰਾਂ ਫੈਲਣ ਅਤੇ ਬਰਨਾਲਾ 'ਚ ਜ਼ਬਰ ਕਰਨ ਦੀ ਸਖ਼ਤ ਨਿਖੇਧੀ ਕੀਤੀ।


ਉਹਨਾਂ ਮੰਗ ਕੀਤੀ ਕਿ ਬਰਨਾਲਾ ਲਾਠੀਚਾਰਜ ਦੇ ਦੋਸ਼ੀ ਡੀ ਐਸ ਪੀ ਬੈਂਸ ਸਮੇਤ ਸਾਰੇ ਦੋਸ਼ੀ ਅਧਿਕਾਰੀਆਂ 'ਤੇ ਐਸ ਸੀ/ਐਸ ਟੀ ਐਕਟ ਅਤੇ ਹੋਰਨਾਂ ਧਰਾਵਾਂ ਤਹਿਤ ਕੇਸ ਦਰਜ ਕੀਤਾ ਜਾਵੇ, ਜ਼ਖਮੀਆਂ ਨੂੰ ਢੁਕਵਾਂ ਮੁਆਵਜ਼ਾ ਦਿੱਤਾ ਜਾਵੇ ਅਤੇ ਸਾਰੇ ਸਫ਼ਾਈ ਕਰਮਚਾਰੀਆਂ ਨੂੰ ਪੱਕੇ ਕੀਤਾ ਜਾਵੇ, ਕੰਮ ਭਾਰ ਅਨੁਸਾਰ ਸਫ਼ਾਈ ਕਰਮਚਾਰੀਆਂ ਦੀਆਂ ਨਵੀਆਂ ਅਸਾਮੀਆਂ ਪੈਦਾ ਕੀਤੀਆਂ ਜਾਣ, ਪੈਨਸ਼ਨ ਦਾ ਹੱਕ ਬਹਾਲ ਕੀਤਾ ਜਾਵੇ ਅਤੇ ਠੇਕਾ ਭਰਤੀ ਤੇ ਆਊਟਸੋਰਸ ਦੀ ਨੀਤੀ ਰੱਦ ਕਰਕੇ ਸਭਨਾਂ ਵਿਭਾਗਾਂ 'ਚ ਪੱਕੀ ਭਰਤੀ ਦੀ ਨੀਤੀ ਲਾਗੂ ਕੀਤੀ ਜਾਵੇ।

## ਵਿਧਾਇਕ ਦੀ ਧਰਮ ਪਤਨੀ ਵੱਲੋਂ ਤੀਰਥ ਯਾਤਰਾ ਲਈ ਬੱਸ ਰਵਾਨਾ



ਅੱਡਾ ਸਰਾਂ (ਜਸਵੀਰ ਕਾਜਲ)- ਨਜਦੀਕ ਪਿੰਡ ਕੰਧਾਲਾ ਜੱਟਾ ਵਿਖੇ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਵਲੋ ਮੁਫ਼ਤ ਤੀਰਥ ਯਾਤਰਾ ਯੋਜਨਾ ਸ਼ੁਰੂ ਕੀਤੀ ਗਈ ਇਸ ਸੰਬਧੀ ਹਲਕਾ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਦੇ ਧਰਮ ਪਤਨੀ ਰਮਨਦੀਪ ਕੋਰ ਗਿੱਲ ਵਲੋ ਤੀਰਥ ਯਾਤਰਾ ਲਈ ਜਾ ਰਹੀ ਬੱਸ ਨੂੰ ਸਰਬਤ ਦੇ ਭਲੇ ਦੀ ਅਰਦਾਸ ਕਰਨ ਉਪਰੰਤ ਰਵਾਨਾ ਕੀਤਾ। ਇਸ ਮੌਕੇ ਬਲਾਕ ਸੰਮਤੀ ਚੈਅਰਮੈਨ ਸੁਖਵਿੰਦਰ ਜੀਤ ਸਿੰਘ ਝਾਵਰ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਵਲੋ ਇਹ ਬਹੁਤ ਵੱਡਾ ਉਪਰਾਲਾ ਕੀਤਾ ਗਿਆ ਹੈ ਜਿਸ ਤਹਿਤ ਪਿੰਡਾਂ ਦੇ ਘਰਾਂ ਵਿਚ ਬੈਠੇ ਬਜ਼ੁਰਗ ਵੀ ਧਰਮਿਕ ਸਥਾਨਾਂ ਦੇ ਦਰਸ਼ਨ ਕਰਨ ਜਾ ਰਹੇ ਹਨ ਅਤੇ ਇਹ ਬੱਸ ਯਾਤਰਾ ਰਾਹੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਰ ਬਾਗਾ ਬਾਡਰ, ਰਾਮ ਤੀਰਥ ਮੰਦਰ ਆਦਿ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਜਾਣਗੇ। ਉਨਾ ਕਿਹਾ ਇਹ ਏ ਸੀ ਬੱਸਾ, ਏ ਸੀ ਰਹਾਇਸ਼, ਮੁਫਤ ਸਫਰ, ਲੰਗਰ ਆਦਿ ਦੀ ਸੁਵਿਧਾ ਮਿਲੇਗੀ। ਇਸ ਮੌਕੇ ਸਖਵਿਦਰਜੀਤ ਸਿੰਘ ਚੈਅਰਮੈਨ ਬਲਾਕ ਸੰਮਤੀ ਟਾਡਾਂ, ਰਾਜਵਿੰਦਰ ਕੋਰ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਪਵਨਦੀਪ ਕੋਰ ਸੰਮਤੀ ਮੈਂਬਰ ਕੰਧਾਲਾ ਜੱਟਾ, ਐਮ ਐਲ ਏ ਦੇ ਪੀ ਏ ਰਾਵੈਲ ਸਿੰਘ, ਦਲਜੀਤ ਸਿੰਘ ਪ੍ਰਧਾਨ, ਅੰਮ੍ਰਿਤਪਾਲ ਸਿੰਘ ਪ੍ਰਧਾਨ ਗੁਰਦੁਆਰਾ ਬਾਬਾ ਬਿਸਨ ਸਿੰਘ ਪ੍ਰਬੰਧਕ ਕਮੇਟੀ, ਕੈਪਟਨ ਸੁਰਿੰਦਰ ਸਿੰਘ ਸੀ ਏ, ਸਰਪੰਚ ਹਰਪ੍ਰੀਤ ਕੋਰ, ਬਲਦੇਵ ਸਿੰਘ ਪੰਚ, ਦਰਸਨਾ ਕੌਰ ਪੰਚ, ਇੰਦਰਜੀਤ ਸਿੰਘ ਪੰਚ, ਤਰਸੇਮ ਸਿੰਘ ਪੰਚ, ਮਨਦੀਪ ਸਿੰਘ ਮੰਨਾ, ਜਥੇਦਾਰ ਅਵਤਾਰ ਸਿੰਘ, ਭੁਪਿੰਦਰ ਸਿੰਘ ਨੰਬਰਦਾਰ, ਬਾਬਾ ਰਣਜੀਤ ਸਿੰਘ,ਹੈਡ ਗ੍ਰੰਥੀ, ਬਾਬਾ ਦਾਨ ਸਿੰਘ ਗ੍ਰੰਥੀ ਆਦਿ ਹਾਜਰ ਸਨ।

## ਬਾਲ ਕ੍ਰਿਸ਼ਨ ਆਨੰਦ ਦੀ ਬਰਸੀ ਮੌਕੇ ਧਾਰਮਿਕ ਸਮਾਗਮ



ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)- ਧੰਨ-ਧੰਨ ਬਾਬਾ ਜੀ ਦੋ ਗੁੱਤਾਂ ਵਾਲੇ ਡੇਰਾ ਬੈਕੁੰਠ ਧਾਮ ਭੁੱਲੇਵਾਲ ਗੁੱਜਰਾਂ ਵਿਖੇ ਸਵ. ਸੇਵਾਦਾਰ ਬਾਲ ਕ੍ਰਿਸ਼ਨ ਆਨੰਦ ਦੀ ਪਹਿਲੀ ਬਰਸੀ ਦੇ ਸਬੰਧ ਵਿੱਚ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਸੇਵਾਦਾਰ ਸੰਤ ਮਦਨ ਲਾਲ ਨੇ ਦੱਸਿਆ ਕਿ ਆਨੰਦ ਪਰਵਾਰ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸਭ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ, ਉਸ ਤੋਂ ਬਾਅਦ ਕੀਰਤਨ ਹੋਇਆ ਅਤੇ ਸੰਤਾਂ ਮਹਾਂਪੁਰਖਾਂ ਨੇ ਪ੍ਰਵਚਨ ਕਰਦਿਆਂ ਸਵਰਗੀ ਸੇਵਾਦਾਰ ਬਾਲ ਕ੍ਰਿਸ਼ਨ ਆਨੰਦ ਦੀ ਪਰਉਪਕਾਰੀ ਜ਼ਿੰਦਗੀ ਤੇ ਚਾਨਣਾ ਪਾਇਆ। ਇਸ ਮੌਕੇ ਸੰਤ ਬੀਬੀ ਮੀਨਾ ਦੇਵੀ ਜੀ ਡੇਰਾ ਰਤਨਪੁਰੀ ਜੇਜੋ ਦੁਆਬਾ, ਸੰਤ ਰਮੇਸ਼ ਦਾਸ ਸ਼ੇਰਪੁਰ, ਗੁਰਮੀਤ ਸਿੰਘ ਲੁਧਿਆਣਾ, ਕੁਲਵਿੰਦਰ ਸਿੰਘ ਕੈਂਡੋਵਾਲ, ਜਸ਼ਨ, ਅਮਰੀਕ ਸਿੰਘ, ਰਣਜੀਤ ਸਿੰਘ, ਠੇਕੇਦਾਰ ਹੀਰਾ ਲਾਲ ਰਾਜਸਥਾਨ, ਬੰਗਾ ਟੈਂਟ ਅੱਡਾ ਪਾਲਦੀ, ਰਜਿੰਦਰ ਕੁਮਾਰ ਨੰਗਲ ਖਿਡਾਰੀਆਂ, ਗੌਰਵ ਆਨੰਦ,ਮਹਿੰਦਰ ਪਾਲ, ਗੁਰਪ੍ਰੀਤ ਉਘੇ ਗਾਇਕ, ਪੰਕਜ, ਬਿੱਟੂ, ਹਕੂਮਤ, ਸੰਨੀ ਸਮੇਤ ਇਸ ਅਸਥਾਨ ਨਾਲ ਜੁੜੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਸ ਮੌਕੇ ਸੇਵਾਦਾਰ ਮਦਨ ਲਾਲ ਨੇ ਸਵਰਗੀ ਸੇਵਾਦਾਰ ਬਾਲ ਕ੍ਰਿਸ਼ਨ ਆਨੰਦ ਨੂੰ ਯਾਦ ਕਰਦਿਆਂ ਉਹਨਾਂ ਨੂੰ ਪ੍ਰਣਾਮ ਕੀਤਾ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਚੱਲਿਆ।

## ਖ਼ੂਨਦਾਨ ਕੈਂਪ 'ਚ 54 ਕਰਮਚਾਰੀਆਂ ਨੇ ਕੀਤਾ ਖ਼ੂਨਦਾਨ



ਮੋਹਾਲੀ (ਗੁਰਜੀਤ ਬਿੱਲਾ)- ਸਮਾਰਟ ਡੇਟਾ ਐਂਟਰਪ੍ਰਾਈਜ਼ਿਜ਼ ਨੇ ਆਪਣੇ 27ਵੇਂ ਸਥਾਪਨਾ ਦਿਵਸ ਨੂੰ ਮਨਾਉਣ ਲਈ ਇੱਕ ਸਵੈ-ਇੱਛਤ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ। ਇਹ ਕੈਂਪ ਮੋਹਾਲੀ ਦੇ ਸੈਕਟਰ 83 ਸਥਿਤ ਕੰਪਨੀ ਦੇ ਦਫ਼ਤਰ ਵਿੱਚ ਵਿਸ਼ਵਾਸ ਫਾਊਂਡੇਸ਼ਨ, ਪੰਚਕੂਲਾ, ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ, ਨਿਊ ਚੰਡੀਗੜ੍ਹ ਅਤੇ ਇੰਡੀਅਨ ਰੈੱਡ ਕਰਾਸ ਸੋਸਾਇਟੀ, ਜ਼ਿਲ੍ਹਾ ਸ਼ਾਖਾ, ਮੋਹਾਲੀ ਦੇ ਸਹਿਯੋਗ ਨਾਲ ਲਗਾਇਆ ਗਿਆ ਸੀ। ਕੈਂਪ ਵਿੱਚ ਕੰਪਨੀ ਦੇ ਸੀਨੀਅਰ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਉਤਸ਼ਾਹ ਨਾਲ ਸ਼ਿਰਕਤ ਕੀਤੀ। ਕੁੱਲ 69 ਕਰਮਚਾਰੀਆਂ ਨੇ ਖ਼ੂਨਦਾਨ ਕਰਨ ਲਈ ਰਜਿਸਟਰ ਕੀਤਾ। ਸਿਹਤ ਜਾਂਚ ਤੋਂ ਬਾਅਦ, 54 ਕਰਮਚਾਰੀਆਂ ਨੂੰ ਖ਼ੂਨਦਾਨ ਕਰਨ ਦੇ ਯੋਗ ਪਾਇਆ ਗਿਆ ਅਤੇ ਸਵੈ-ਇੱਛਾ ਨਾਲ ਮਨੁੱਖਤਾ ਦੀ ਸੇਵਾ ਵਿੱਚ ਯੋਗਦਾਨ ਪਾਇਆ। ਵੱਖ-ਵੱਖ ਸਿਹਤ ਕਾਰਨਾਂ ਕਰਕੇ, ਡਾਕਟਰਾਂ ਨੇ 15 ਕਰਮਚਾਰੀਆਂ ਨੂੰ ਖ਼ੂਨਦਾਨ ਨਾ ਕਰਨ ਦੀ ਸਲਾਹ ਦਿੱਤੀ। ਡਾ. ਨਵੀਨ ਬਾਂਸਲ ਦੀ ਨਿਗਰਾਨੀ ਹੇਠ, ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ, ਨਿਊ ਚੰਡੀਗੜ੍ਹ ਵਿਖੇ ਬਲੱਡ ਬੈਂਕ ਟੀਮ ਨੇ ਦਾਨੀਆਂ ਦੀ ਸਿਹਤ ਜਾਂਚ ਕੀਤੀ ਅਤੇ ਸੁਰੱਖਿਅਤ ਢੰਗ ਨਾਲ ਖ਼ੂਨ ਇਕੱਠਾ ਕੀਤਾ। ਮੈਡੀਕਲ ਟੀਮ ਨੇ ਖ਼ੂਨਦਾਨ ਕਰਨ ਤੋਂ ਪਹਿਲਾਂ ਅਤੇ ਬਾਅਦ ਵਿੱਚ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਵੀ ਦਾਨੀਆਂ ਨੂੰ ਜਾਣਕਾਰੀ ਦਿੱਤੀ। ਸਮਾਰਟ ਡੇਟਾ ਐਂਟਰਪ੍ਰਾਈਜ਼ਿਜ਼ ਦੇ ਸੀਨੀਅਰ ਅਧਿਕਾਰੀਆਂ ਨੇ ਕਿਹਾ ਕਿ ਕੰਪਨੀ ਆਪਣੇ ਸਥਾਪਨਾ ਦਿਵਸ ਨੂੰ ਸਮਾਜਿਕ ਸੇਵਾ ਨਾਲ ਮਨਾਉਣ ਵਿੱਚ ਵਿਸ਼ਵਾਸ ਰੱਖਦੀ ਹੈ। ਵਿਸ਼ਵਾਸ ਫਾਊਂਡੇਸ਼ਨ ਦੀ ਪ੍ਰਧਾਨ ਸਾਧਵੀ ਨੀਲਿਮਾ ਵਿਸ਼ਵਾਸ ਅਤੇ ਪ੍ਰਤੀਨਿਧੀਆਂ ਨੇ ਕੰਪਨੀ ਪ੍ਰਬੰਧਨ, ਖ਼ੂਨਦਾਨੀਆਂ, ਮੈਡੀਕਲ ਟੀਮ ਅਤੇ ਇੰਡੀਅਨ ਰੈੱਡ ਕਰਾਸ ਸੋਸਾਇਟੀ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਖ਼ੂਨ ਦਾ ਕੋਈ ਨਕਲੀ ਬਦਲ ਨਹੀਂ ਹੈ, ਅਤੇ ਹਸਪਤਾਲਾਂ ਵਿੱਚ ਖ਼ੂਨ ਦੀ ਜ਼ਰੂਰਤ ਸਿਰਫ ਸਵੈ-ਇੱਛਤ ਖ਼ੂਨਦਾਨੀਆਂ ਦੀ ਮਦਦ ਨਾਲ ਹੀ ਪੂਰੀ ਕੀਤੀ ਜਾ ਸਕਦੀ ਹੈ। ਕੈਂਪ ਦੇ ਅੰਤ ਵਿੱਚ ਸਾਰੇ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਅਤੇ ਤੋਹਫ਼ਿਆਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਵਿਸ਼ਵਾਸ ਫਾਊਂਡੇਸ਼ਨ ਤੋਂ ਸ਼ਿਸ਼ੂਪਾਲ ਪਠਾਨੀਆ, ਅਨਿਰੁੱਧ ਪਠਾਨੀਆ ਅਤੇ ਸੱਤਿਆ ਭੂਸ਼ਣ ਖੁਰਾਨਾ ਮੌਜੂਦ ਸਨ।

## ਵਿਧਾਇਕ ਜਿੰਪਾ ਨੇ 8 ਆਂਗਣਵਾੜੀ ਵਰਕਰਾਂ ਤੇ 38 ਹੈਲਪਰਾਂ ਨੂੰ ਸੌਂਪੇ ਨਿਯੁਕਤੀ ਪੱਤਰ

**ਖਾਲੀ ਅਸਾਮੀਆਂ ਨੂੰ ਭਰਨਾ ਪੰਜਾਬ ਸਰਕਾਰ ਦੀ ਪਹਿਲ : ਜਿੰਪਾ**



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)- ਪੰਜਾਬ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਦੇ ਹੋਏ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਸ਼ੁੱਕਰਵਾਰ ਨੂੰ 8 ਆਂਗਣਵਾੜੀ ਵਰਕਰਾਂ ਅਤੇ 38 ਆਂਗਣਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪੇ। ਇਸ ਮੌਕੇ ਉਨ੍ਹਾਂ ਸਾਰੇ ਚੁਣੇ ਗਏ ਉਮੀਦਵਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਮਾਜ ਦੇ ਕਮਜ਼ੋਰ ਅਤੇ ਲੋੜਵੰਦ ਵਰਗਾਂ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚਾਉਣ ਵਿੱਚ ਆਂਗਣਵਾੜੀ ਕਰਮਚਾਰੀਆਂ ਦੀ ਬਹੁਤ ਮਹੱਤਵਪੂਰਨ ਭੂਮਿਕਾ ਹੈ। ਵਿਧਾਇਕ ਜਿੰਪਾ ਨੇ ਕਿਹਾ ਕਿ ਸਮਾਜਿਕ ਸੁਰੱਖਿਆ ਵਿਭਾਗ ਦਾ ਕੰਮ ਬੇਹੱਦ ਮਹੱਤਵਪੂਰਨ ਹੈ ਅਤੇ ਪੰਜਾਬ ਸਰਕਾਰ ਦੀ ਪ੍ਰਾਥਮਿਕਤਾ ਹੈ ਕਿ ਵੱਖ-ਵੱਖ ਵਿਭਾਗਾਂ ਵਿੱਚ ਲੰਬੇ ਸਮੇਂ ਤੋਂ ਖਾਲੀ ਪਈਆਂ ਅਸਾਮੀਆਂ ਨੂੰ ਪਾਰਦਰਸ਼ੀ ਢੰਗ ਨਾਲ ਭਰ ਕੇ ਸਰਕਾਰੀ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਅਤੇ ਸਰਕਾਰੀ ਤੰਤਰ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਇਸੇ ਲੜੀ ਤਹਿਤ ਲੰਬੇ ਸਮੇਂ ਤੋਂ ਖਾਲੀ ਪਈਆਂ ਅਸਾਮੀਆਂ ਨੂੰ ਭਰਨ ਦੀ ਪ੍ਰਕਿਰਿਆ ਪੂਰੀ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਵਿਕਾਸ ਅਤੇ ਲੋਕ ਭਲਾਈ ਦੀਆਂ ਯੋਜਨਾਵਾਂ ਦਾ ਲਾਭ ਸਮਾਜ ਦੇ ਆਖ਼ਰੀ ਵਿਅਕਤੀ ਤੱਕ ਪਹੁੰਚਾਉਣਾ ਹੈ। ਇਸ ਲਈ ਸਾਰੇ ਵਿਭਾਗਾਂ ਨੂੰ ਸਰਗਰਮੀ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ ਤਾਂ ਜੋ ਆਮ ਲੋਕਾਂ ਨੂੰ ਸਮੇਂ ਸਿਰ ਅਤੇ ਬਿਹਤਰ ਸੇਵਾਵਾਂ ਮਿਲ ਸਕਣ। ਉਨ੍ਹਾਂ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨੂੰ ਪੂਰੀ ਨਿਸ਼ਠਾ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਦਾ ਸੱਦਾ ਦਿੱਤਾ। ਇਸ ਮੌਕੇ ਹੁਸ਼ਿਆਰਪੁਰ ਸਹਿਕਾਰੀ ਬੈਂਕ ਦੇ ਚੇਅਰਮੈਨ ਵਿਕਰਮ ਸ਼ਰਮਾ,ਕੌਂਸਲਰ ਪ੍ਰਵੀਨ ਸੈਣੀ, ਸੀਡੀਪੀਓ ਰਵਿੰਦਰ ਕੌਰ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।

## ਭਾਰਤੀਯ ਯੋਗ ਸੰਸਥਾਨ ਦੇ ਫਾਊਂਡਰ ਪ੍ਰਕਾਸ਼ ਲਾਲ ਦੀ ਬਰਸੀ ਮਨਾਈ



ਰੂਪਨਗਰ (ਰਜਿੰਦਰ ਸੈਣੀ)- ਭਾਰਤੀਯ ਯੋਗ ਸੰਸਥਾਨ ਰੂਪਨਗਰ ਖੇਤਰ ਇਕਾਈ ਵਲੋਂ ਸੰਸਥਾਨ ਦੇ ਫਾਉਡਰ ਸਵਰਗੀਆ ਪ੍ਰਕਾਸ਼ ਲਾਲ ਦਾ 17ਵਾਂ ਸਮਰਿਤੀ ਦਿਵਸ (ਬਰਸੀ) ਸਰਕਾਰੀ ਕਨਿਆ ਸੀਨੀਅਰ ਸਕੈਂਡਰੀ ਸਮਾਰਟ ਸਕੂਲ ਦੇ ਮਿੰਨੀ ਹਾਲ ਵਿਖੇ ਸੰਸਥਾਨ ਦੀਆ ਰੂਪਨਗਰ ਸ਼ਹਿਰ ਦੀਆ ਸਮੂਹ ਯੋਗ ਕਲਾਸਾ ਵਲੋਂ ਮਿਲਕੇ ਮਨਾਈ ਗਈ। ਸਮਾਗਮ ਦਾ ਅਰੰਭ ਸਭ ਤੋਂ ਵੱਡੀ ਉਮਰ ਦੇ ਯੋਗ ਸ਼ਿਖਸ਼ਕ ਕੇ. ਐਲ. ਕਪੂਰ, ਖੇਤਰੀ ਪ੍ਰਧਾਨ ਕੁਸਮ ਸ਼ਰਮਾ, ਖੇਤਰੀ ਮੰਤਰੀ ਰਾਜਿੰਦਰ ਸੈਣੀ, ਸੰਗਠਨ ਮੰਤਰੀ ਮੀਨਲ ਵਾਸੂਦੇਵਾ, ਖਜਾਨਚੀ ਹੰਸ ਰਾਜ ਤੇ ਕੇਂਦਰ ਪ੍ਰਮੁਖ ਮੋਨਿਕਾ ਵਾਸੂਦੇਵਾ ਨੇ ਜੋਤ ਜਲਾਕੇ ਕੀਤਾ। ਇਸ ਉਪਰੰਤ ਸੰਸਥਾਨ ਸੇ ਨਵੇਂ ਯੋਗ ਸਾਧਕਾ ਕੇਂਦਰ ਦੀਆ ਸਾਧਿਕਾਵਾ ਵਲੋਂ ਸਰਸਵਤੀ ਵੰਧਨਾ ਦਾ ਗਾਇਨ ਕੀਤਾ ਗਿਆ। ਯੋਗ ਆਸਣਾ ਦਾ ਅਭਿਆਸ ਵੀ ਨਵੇਂ ਯੋਗ ਕੇਂਦਰ ਦੇ ਨਵੇਂ ਨਿਯੁਕਤ ਸ਼ਿਖਸਕਾ ਅਨਿਤਾ, ਅਰਚਨਾ, ਬਲਬੀਰ ਕੌਰ, ਚਾਂਦ ਰਾਣਾ, ਗੁਰਜੀਤ ਕੌਰ, ਨੀਰੂ ਜੇਤਲੀ, ਰਮਾ ਰਾਣੀ ਤੇ ਰਣਜੀਤ ਕੌਰ ਵਲੋਂ ਬਹੁਤ ਹੀ ਵਧੀਆ ਢੰਗ ਨਾਲ ਕਰਵਾਇਆ ਗਿਆ। ਪ੍ਰਾਣਾਯਾਮ ਤੇ ਧਿਆਨ ਦਾ ਅਭਿਆਸ ਯੋਗ ਮਾਹਿਰ ਰਾਜਿੰਦਰ ਸੈਣੀ, ਹੰਸ ਰਾਜ ਤੇ ਮੋਨਕਾ ਵਾਸੂਦੇਵਾ ਨੇ ਕਰਵਾਇਆ। ਮੀਨਲ ਵਾਸੂਦੇਵਾ ਨੇ ਸਵਰਗੀ ਪ੍ਰਕਾਸ਼ ਲਾਲ ਦੇ ਜੀਵਨ ਤੇ ਚਾਨਣਾ ਪਾਉਂਦੇ ਹੋਏ ਉਨਹਾਂ ਵਲੋਂ ਯੋਗ ਬਾਰੇ ਦੇਸ਼ ਵਿਦੇਸ਼ 'ਚ ਕੀਤੇ ਪ੍ਰਸਾਰ ਤੇ ਪ੍ਰਚਾਰ ਬਾਰੇ ਜਾਣਕਾਰੀ ਸਾਂਝੀ ਕੀਤੀ।

ਸਮੂਚੇ ਪ੍ਰੋਗਰਾਮ ਦੀ ਅਗਵਾਈ ਖੇਤਰੀ ਪ੍ਰਧਾਨ ਕੁਸਮ ਸ਼ਰਮਾ ਦੀ ਅਗਵਾਈ 'ਚ ਹੋਈ ਤੇ ਰਾਜਿੰਦਰ ਸੈਣੀ ਨੇ ਸਮਰਿਤੀ ਦਿਵਸ ਨੂੰ ਸਫਲ ਢੰਗ ਨਾਲ ਮਨਾਉਣ ਲਈ ਸਭ ਦਾ ਧੰਨਵਾਦ ਕੀਤਾ।

## ਇਲੈਕਟਰੋ ਹੋਮਿਓਪੈਥਿਕ ਡਾਕਟਰ ਮੈਡੀਕਲ ਐਸੋਸੀਏਸ਼ਨ ਦਾ ਵਫਦ ਲਾਡੀ ਢੋਸ ਨੂੰ ਮਿਲਿਆ



**ਮੋਗਾ (ਇਕਬਾਲ ਸਿੰਘ ਖਹਿਰਾ)**-ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਨਾਲ ਇਲੈਕਟਰੋਹੋਮਿਓਪੈਥਿਕ ਡਾਕਟਰਾਂ ਦੇ ਵਫਦ ਨੇ ਮੁਲਾਕਾਤ ਕੀਤੀ। ਵਫਦ ਵਿੱਚ ਚੇਅਰਮੈਨ ਡਾ. ਜਗਤਾਰ ਸਿੰਘ ਸੇਖੋਂ, ਡਾ. ਸੰਜੀਵ ਜਨੇਜਾ ਫਰੀਦਕੋਟ, ਡਾ. ਹਰਮੀਤ ਸਿੰਘ ਲਾਡੀ ਧਰਮਕੋਟ ਅਤੇ ਇਲੈਕਟਰੋ ਹੋਮਿਓਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ ਦੇ ਮੈਂਬਰ ਸ਼ਾਮਲ ਸਨ।ਮੁਲਾਕਾਤ ਦੌਰਾਨ ਡਾਕਟਰਾਂ ਦੇ ਵਫਦ ਨੇ ਇਲੈਕਟਰੋ ਹੋਮਿਓਪੈਥੀ ਨਾਲ ਸੰਬੰਧਤ ਅਹਿਮ ਮਸਲਿਆਂ ਬਾਰੇ ਵਿਧਾਇਕ ਨਾਲ ਚਰਚਾ ਕੀਤੀ। ਵਫਦ ਨੇ ਅਪੀਲ ਕੀਤੀ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਸਮਾਂ ਨਿਸ਼ਚਿਤ ਕਰਵਾ ਕੇ ਇੱਕ ਵਿਸ਼ੇਸ਼ ਮੀਟਿੰਗ ਕਰਵਾਈ ਜਾਵੇ ਜਾਂ ਫਿਰ ਸਿਹਤ ਮੰਤਰੀ ਨਾਲ ਮੀਟਿੰਗ ਦਾ ਪ੍ਰਬੰਧ ਕੀਤਾ ਜਾਵੇ, ਤਾਂ ਜੋ ਇਲੈਕਟਰੋਹੋਮਿਓਪੈਥਿਕ ਡਾਕਟਰਾਂ ਦੀਆਂ ਮੰਗਾਂ ਅਤੇ ਮੁੱਦਿਆਂ ਨੂੰ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਜਾ ਸਕੇ।ਵਿਧਾਇਕ ਲਾਡੀ ਢੋਸ ਨੇ ਵਫਦ ਦੀ ਗੱਲ ਧਿਆਨ ਨਾਲ ਸੁਣੀ ਅਤੇ ਭਰੋਸਾ ਦਿੱਤਾ ਕਿ ਉਹ ਸਬੰਧਤ ਪੱਧਰ 'ਤੇ ਯੋਗ ਯਤਨ ਕਰਨਗੇ, ਤਾਂ ਜੋ ਡਾਕਟਰਾਂ ਦੀਆਂ ਮੰਗਾਂ ਬਾਰੇ ਸਰਕਾਰ ਨਾਲ ਚਰਚਾ ਹੋ ਸਕੇ।

## ਪਬਲਿਕ ਲਾਇਬ੍ਰੇਰੀ ਵਿਖੇ ਸਿਖਿਆਰਥੀਆਂ ਨੇ ਲਗਾਏ ਪੌਦੇ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸਥਾਨਕ ਪਬਲਿਕ ਲਾਇਬ੍ਰੇਰੀ ਵਿਖੇ ਲਾਇਬ੍ਰੇਰੀ 'ਚ ਪੜ੍ਹਣ ਆਉਣ ਵਾਲੇ ਸਿਖਿਆਰਥੀਆਂ ਵੱਲੋਂ ਪੌਦੇ ਲਗਾਏ ਗਏ।ਇਸ ਮੌਕੇ ਲਾਇਬ੍ਰੇਰੀ ਇੰਚਾਰਜ ਮੈਡਮ ਸਵਰਨਜੀਤ ਕੌਰ ਨੇ ਕਿਹਾ ਕਿ ਵਾਤਾਵਰਣ ਨੂੰ ਬਚਾਉਣ ਲਈ ਸਾਨੂੰ ਸਾਰਿਆਂ ਨੂੰ ਰਲ ਮਿਲਕੇ ਕੰਮ ਕਰਨਾ ਚਾਹੀਦਾ ਹੈ।ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ।ਰੁੱਖ ਲਗਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸੰਭਾਲ ਕਰਨਾ ਵੀ ਸਾਡਾ ਫਰਜ਼ ਹੈ।

## ਗੋਇਲ ਨੇ ਜਨਮ ਦਿਨ ਮੌਕੇ ਬੱਸ ਸਟੈਂਡ 'ਤੇ ਆਰ ਓ ਫਿਲਟਰ ਲਗਾਇਆ



**ਕੋਟਕਪੂਰਾ (ਟਫਤਾਰ ਭੁੱਲਰ)**-ਭਾਰੀ ਗਰਮੀ ਦੇ ਇਸ ਮੌਸਮ ਵਿੱਚ ਸਮਾਜ ਸੇਵਾ ਦੀ ਅਨੋਖੀ ਮਿਸਾਲ ਪੇਸ਼ ਕਰਦਿਆਂ ਸ੍ਰੀ ਬਾਲਾ ਜੀ ਲੰਗਰ ਸੇਵਾ ਸੁਸਾਇਟੀ ਅਤੇ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਕਰਨ ਗੋਇਲ ਨੇ ਆਪਣਾ ਜਨਮ ਦਿਨ ਸਮਾਜਿਕ ਸਰੋਕਾਰਾਂ ਨਾਲ ਮਨਾਇਆ।ਉਹਨਾਂ ਨੇ ਇਸ ਮੌਕੇ ਬੱਤੀਆਂ ਵਾਲਾ ਚੌਕ ਨੇੜੇ ਸਥਿਤ ਬੱਸ ਸਟੈਂਡ 'ਤੇ ਰਾਹਗੀਰਾਂ ਅਤੇ ਯਾਤਰੀਆਂ ਲਈ ਸ਼ੁੱਧ ਆਰ.ਓ. ਫਿਲਟਰ ਯੁਕਤ ਠੰਢੇ ਪਾਣੀ ਦਾ ਕੈਂਪਰ ਲਗਵਾਇਆ ਅਤੇ ਇਸ ਦਾ ਉਦਘਾਟਨ ਬੱਸ ਸਟੈਂਡ 'ਤੇ ਇੱਕ ਬਜ਼ੁਰਗ ਮਹਿਲਾ ਯਾਤਰੀ ਤੋਂ ਰਿਬਨ ਕਟਵਾ ਕੇ ਕਰਵਾਇਆ।ਪ੍ਰੋਗਰਾਮ ਦੌਰਾਨ ਕੰਸਲ ਮੇਮ ਬਰਾਂਚ ਅਤੇ ਸਥਾਨਕ ਲੋਕਾਂ ਨੇ ਕਰਨ ਗੋਇਲ ਦੇ ਇਸ ਯਤਨ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਜਨਮ ਦਿਨ ਵਰਗੇ ਨਿੱਜੀ ਮੌਕੇ ਨੂੰ ਸਮਾਜ ਸੇਵਾ ਨਾਲ ਜੋੜ ਕੇ ਮਨਾਉਣਾ ਇੱਕ ਬਹੁਤ ਹੀ ਸ਼ਲਾਘਾਯੋਗ ਅਤੇ ਪ੍ਰੇਰਣਾਦਾਇਕ ਪਹਿਲ ਹੈ।

## ਪੁਲਸ ਨੇ 2 ਨਾਬਾਲਗ ਲੜਕੀਆਂ ਨੂੰ ਸੁਰੱਖਿਅਤ ਬਚਾਇਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਅਭਿਮੰਨਿਊ ਰਾਣਾ, ਆਈ.ਪੀ.ਐਸ., ਸੀਨੀਅਰ ਕਪਤਾਨ ਪੁਲਿਸ, ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਜ਼ਿਲ੍ਹਾ ਪੁਲਿਸ ਵੱਲੋਂ ਕਾਨੂੰਨ-ਵਿਵਸਥਾ ਨੂੰ ਬਰਕਰਾਰ ਰੱਖਣ ਅਤੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾ ਰਹੀ ਹੈ। ਬੀਤੇ ਦਿਨੀਂ ਡਾਇਲ 112 'ਤੇ ਇੱਕ ਸੂਚਨਾ ਪ੍ਰਾਪਤ ਹੋਈ ਕਿ ਪਿੰਡ ਕਾਨਿਆਂਵਾਲੀ ਦੀਆਂ ਦੋ ਨਾਬਾਲਗ ਲੜਕੀਆਂ ਨੂੰ ਕਾਰ ਵਿੱਚ ਜਿਆਣ ਸਬੰਧੀ ਘਟਨਾ ਵਾਪਰੀ ਹੈ। ਸੂਚਨਾ ਮਿਲਦਿਆਂ ਹੀ ਪੁਲਿਸ ਵੱਲੋਂ ਸ਼ਿਕਾਇਤਕਰਤਾ ਦੇ ਬਿਆਨਾਂ ਦੇ ਆਧਾਰ 'ਤੇ ਥਾਣਾ ਸਦਰ, ਸ੍ਰੀ ਮੁਕਤਸਰ ਸਾਹਿਬ ਵਿਖੇ ਮੁਕੱਦਮਾ ਦਰਜ ਕੀਤਾ ਗਿਆ। ਅਭਿਮੰਨਿਊ ਰਾਣਾ, ਆਈ.ਪੀ.ਐਸ ਸੀਨੀਅਰ ਕਪਤਾਨ ਪੁਲਿਸ, ਸ੍ਰੀ ਮੁਕਤਸਰ ਸਾਹਿਬ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਮਨਮੀਤ ਸਿੰਘ ਢਿੱਲੋਂ ਕਪਤਾਨ ਪੁਲਿਸ (ਡੀ) ਅਤੇ ਜਸਪਾਲ ਸਿੰਘ ਉਪ ਕਪਤਾਨ ਪੁਲਿਸ (ਸਬ-ਡਵੀਜ਼ਨ) ਦੀ ਨਿਗਰਾਨੀ ਹੇਠ, ਇੰਸਪੈਕਟਰ ਹਰਪ੍ਰੀਤ ਸਿੰਘ ਮੁੱਖ ਅਫਸਰ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਅਤੇ ਪੁਲਿਸ ਪਾਰਟੀ ਦੀਆਂ ਵੱਖ-ਵੱਖ ਪੁਲਿਸ ਟੀਮਾਂ ਦਾ ਗਠਨ ਕਰਕੇ ਤੁਰੰਤ ਤਫਤੀਸ਼ ਸ਼ੁਰੂ ਕੀਤੀ ਗਈ।ਤਫਤੀਸ਼ ਦੌਰਾਨ ਪੁਲਿਸ ਟੀਮ ਨੇ ਤੇਜ਼ੀ ਅਤੇ ਸੂਝਬੂਝ ਨਾਲ ਕਾਰਵਾਈ ਕਰਦਿਆਂ ਸਿਰਫ਼ 4 ਘੰਟਿਆਂ ਦੇ ਅੰਦਰ ਦੋਵੇਂ ਨਾਬਾਲਗ ਲੜਕੀਆਂ ਨੂੰ ਸੁਰੱਖਿਅਤ ਬਰਾਮਦ ਕਰ ਲਿਆ। ਇਸ ਮਾਮਲੇ ਵਿੱਚ ਪੁਲਿਸ ਵੱਲੋਂ 03 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਇੱਕ ਬਾਲਗ ਅਤੇ ਦੋ ਨਾਬਾਲਗ ਸ਼ਾਮਲ ਹਨ।

## ਅੰਤਰ ਹਾਊਸ ਯੋਗ ਮੁਕਾਬਲੇ ਕਰਾਏ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਊਂਟ ਲਿਟਰਾ ਜ਼ੀ ਸਕੂਲ ਨੇ ਵਿਦਿਆਰਥੀਆਂ ਦੇ ਸਰੀਰਕ ਤੇ ਮਾਨਸਿਕ ਵਿਕਾਸ ਨੂੰ ਉਤਸ਼ਾਹਤ ਕਰਨ ਲਈ ਇੱਕ ਅੰਤਰ ਹਾਊਸ ਯੋਗਾ ਮੁਕਾਬਲੇ ਦਾ ਸਫ਼ਲਤਾਪੂਰਵਕ ਆਯੋਜਨ ਕੀਤਾ।ਵੱਖ-ਵੱਖ ਹਾਊਸਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਤਾੜਾਸਨ, ਵ੍ਰਿਕਸ਼ਾਸਨ, ਤ੍ਰਿਕੋਣਾਸਨ, ਭੁਜੰਗਾਸਨ ਤੇ ਪਦਮਾਸਨ ਸਮੇਤ ਸ਼ਾਨਦਾਰ ਯੋਗਾ ਆਸਣਾਂ ਦਾ ਪ੍ਰਦਰਸ਼ਨ ਕੀਤਾ। ਮੁਕਾਬਲੇ ਦੌਰਾਨ, ਭਾਗੀਦਾਰਾਂ ਨੇ ਸ਼ਾਨਦਾਰ ਸੰਤੁਲਨ, ਲਚਕਤਾ, ਅਨੁਸ਼ਾਸਨ ਤੇ ਆਤਮਵਿਸ਼ਵਾਸ ਦਾ ਪ੍ਰਦਰਸ਼ਨ ਕੀਤਾ। ਜੱਜਾਂ ਨੇ ਯੋਗ ਆਸਣਾਂ ਦੀ ਸ਼ੁੱਧਤਾ, ਪੇਸ਼ਕਾਰੀ, ਸੰਤੁਲਨ ਤੇ ਸਮੇਂ ਦੇ ਆਧਾਰ 'ਤੇ ਭਾਗੀਦਾਰਾਂ ਦਾ ਮੁਲਾਂਕਣ ਕੀਤਾ।ਇਸ ਮਕਾਬਲੇ ਵਿੱਚ 'ਦਾ ਵਿੰਚੀ' ਹਾਊਸ ਨੇ ਪਹਿਲਾ ਸਥਾਨ, 'ਕੋਲੰਬਸ' ਹਾਊਸ ਨੇ ਦੂਜਾ ਸਥਾਨ ਤੇ 'ਆਈਨਸਟਾਈਨ' ਹਾਊਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਸਕੂਲ ਦੇ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਸ਼੍ਰੀਮਤੀ ਨਮਿਤਾ ਬਾਂਸਲ ਤੇ ਸਕੂਲ ਪ੍ਰਿੰਸੀਪਲ ਸ਼੍ਰੀਮਤੀ ਗੀਤਾ ਪਿੱਲੇ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਯੋਗਾ ਇੱਕ ਸਿਹਤਮੰਦ ਜੀਵਨ ਸ਼ੈਲੀ ਦੀ ਨੀਂਹ ਹੈ ਤੇ ਇਸ ਨੂੰ ਰੋਜ਼ਾਨਾ ਜੀਵਨ ਦਾ ਇੱਕ ਅਨਿੱਖੜਵਾਂ ਅੰਗ ਬਣਾਇਆ ਜਾਣਾ ਚਾਹੀਦਾ ਹੈ।

## ਖੰਟ ਮਾਨਪੁਰ 'ਚ 57.01 ਕਰੋੜ ਦੇ ਸਿੰਚਾਈ ਪ੍ਰਾਜੈਕਟਾਂ ਦਾ ਉਦਘਾਟਨ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਦੇ ਜਲ ਸਰੋਤ ਤੇ ਭੂਮੀ ਤੇ ਜਲ ਸੰਭਾਲ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਪਿੰਡ ਖੰਟ ਮਾਨਪੁਰ ਵਿਖੇ ਕਰੀਬ 57.01 ਕਰੋੜ ਰੁਪਏ ਦੇ ਸਿੰਚਾਈ ਪ੍ਰਾਜੈਕਟਾਂ ਉਦਘਾਟਨ ਕੀਤਾ।ਇਨ੍ਹਾਂ ਸਿੰਚਾਈ ਪ੍ਰੋਜੈਕਟਾਂ ਨਾਲ 173 ਪਿੰਡਾਂ ਦੇ ਕਿਸਾਨਾਂ ਨੂੰ ਲਾਭ ਪਹੁੰਚੇਗਾ।ਉਨ੍ਹਾਂ ਨਾਲ ਹਲਕਾ ਬਸੀ ਪਠਾਨਾ ਦੇ ਵਿਧਾਇਕ ਰੁਪਿੰਦਰ ਸਿੰਘ ਹੈਪੀ ਵੀ ਮੌਜੂਦ ਸਨ। ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਕਿਸਾਨਾਂ ਦੇ ਖੇਤਾਂ ਤੱਕ ਸਿੰਚਾਈ ਲਈ ਨਹਿਰੀ ਪਾਣੀ ਪਹੁੰਚਾਉਣ ਵਿੱਚ ਇਹ ਪ੍ਰੋਜੈਕਟ ਲਾਹੇਵੰਦ ਸਾਬਤ ਹੋਣਗੇ।ਉਨ੍ਹਾਂ ਕਿਹਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਟੀਚਾ ਨਹਿਰੀ ਪਾਣੀ ਦੀ ਵੱਧ ਤੋਂ ਵੱਧ ਵਰਤੋਂ ਨੂੰ ਉਤਸ਼ਾਹਤ ਕਰਨਾ ਤੇ ਧਰਤੀ ਹੇਠਲੇ ਪਾਣੀ ਦੇ ਡਿੱਗਦੇ ਪੱਧਰ ਨੂੰ ਰੋਕਣਾ ਹੈ।ਉਨ੍ਹਾਂ ਕਿਹਾ ਮਾਈਨਰ ਪੱਕੇ ਹੋਣ ਤੋਂ ਪਹਿਲਾ 24 ਹਜ਼ਾਰ ਏਕੜ ਰਕਬੇ ਨੂੰ ਨਹਿਰੀ ਪਾਣੀ ਮਿਲ ਰਿਹਾ ਸੀ, ਜੋ ਹੁਣ ਵਧ ਕੇ 37 ਹਜ਼ਾਰ ਏਕੜ ਤੋਂ ਵਧੇਰੇ ਰਕਬੇ ਨੂੰ ਸਿੱਧਾ ਖੇਤਾਂ ਤੱਕ ਪਾਣੀ ਪਹੁੰਚ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਧਰਤੀ ਹੇਠਲੇ ਪਾਣੀ ਦੇ ਦਿਨੋ ਦਿਨ ਘੱਟ ਰਹੇ ਪੱਧਰ ਨੂੰ ਰੋਕਣ ਲਈ ਰਾਜ ਸਰਕਾਰ ਨੇ ਖੇਤਾਂ ਤੱਕ ਨਹਿਰੀ ਪਾਣੀ ਪੁਚਾਉਣ ਦੀ ਯੋਜਨਾ ਉਲੀਕੀ, ਜਿਸ ਵਿੱਚ ਵੱਡੀ ਕਾਮਯਾਬੀ ਮਿਲੀ ਹੈ। ਉਨ੍ਹਾਂ ਕਿਹਾ ਕਿ ਬਸੀ, ਸਰਹਿੰਦ, ਖੇੜੀ, ਭਾਮੀਆਂ, ਕੋਟਲਾ, ਗੋਬਿੰਦਗੜ੍ਹ ਡਿਸਟ੍ਰੀ ਮਾਈਨਰ ਦੇ 82.76 ਕਿਲੋਮੀਟਰ ਤੇ 58.85 ਕਿਲੋਮੀਟਰ ਪਾਇਪ ਲਾਈਨ ਤੇ ਖਾਲਿਆਂ ਦੇ ਕੰਮ ਮੁਕੰਮਲ ਹੋਣ ਨਾਲ ਜਿੱਥੇ ਪਾਣੀ, ਬਿਜਲੀ ਦੀ ਬੱਚਤ ਹੋਵੇਗੀ, ਉਥੇ ਟਿਊਬਵੈੱਲਾਂ 'ਤੇ ਕਿਸਾਨਾਂ ਦੀ ਨਿਰਭਰਤਾ ਘਟੇਗੀ ਅਤੇ ਸਿੰਚਾਈ 'ਤੇ ਆਉਣ ਵਾਲਾ ਖਰਚੇ ਦਾ ਬੋਝ ਘਟੇਗਾ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਪਾਣੀਆਂ ਦੇ ਮੁੱਦੇ 'ਤੇ ਸਿਰਫ਼ ਰਾਜਨੀਤੀ ਕੀਤੀ ਤੇ ਪੰਜਾਬ ਦੇ ਹਿੱਸੇ ਦੇ ਪਾਣੀ ਦੀ ਰਾਖੀ ਕਰਨ ਵਿੱਚ ਅਸਫ਼ਲ ਰਹੀਆਂ।ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਨੇ ਸੂਬੇ ਦੇ ਪਾਣੀਆਂ ਦੀ ਰਾਖੀ ਕਰਨ ਦੇ ਨਾਲ-ਨਾਲ ਨਹਿਰੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਠੋਸ ਕਦਮ ਚੁੱਕੇ ਹਨ ਤਾਂ ਜੁ ਕਿਸਾਨਾਂ ਨੂੰ ਲੰਬੇ ਸਮੇਂ ਲਈ ਭਰੋਸੇਯੋਗ ਸਿੰਚਾਈ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ।ਹਲਕਾ ਵਿਧਾਇਕ ਬੱਸੀ ਪਠਾਨਾ ਰੁਪਿੰਦਰ ਸਿੰਘ ਹੈਪੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਕਿਸਾਨਾਂ ਦੇ ਵਿਕਾਸ ਅਤੇ ਲੋਕ ਭਲਾਈ ਨੂੰ ਤਰਜ਼ੀਹ ਦੇ ਰਹੀ ਹੈ।

## ਡਾ. ਮਨਜੀਤ ਸਿੰਘ ਆਈਕੋਨਿਕ ਅਵਾਰਡ ਨਾਲ ਸਨਮਾਨਤ

**ਫਿਰੋਜ਼ਪੁਰ (ਗੁਰਬਚਨ ਸਿੰਘ)**-ਦਿੱਲੀ ਵਿੱਚ ਹਿਊਮਨ ਰਾਈਟਸ ਆਰਗਨਾਈਜ਼ੇਸ਼ਨ ਵੱਲੋਂ ਇਕ ਐਵਾਰਡ ਸਮਾਰੋਹ ਦਿੱਲੀ ਦੇ ਸੈਂਡੋਜ ਹਾਲ ਵਿੱਚ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਫਿਰੋਜ਼ਪੁਰ (ਪੰਜਾਬ) ਤੋਂ ਆਏ ਡਾ. ਮਨਜੀਤ ਸਿੰਘ ਨੂੰ ਉਨ੍ਹਾਂ ਦੇ ਸਮਾਜ ਸੇਵੀ ਕੰਮਾਂ ਕਰਕੇ ਆਈਕੋਨਿਕ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਕਰੋਨਾ ਦੇ ਦਿਨਾਂ ਵਿੱਚ ਕੀਤੇ ਗਏ ਉਨ੍ਹਾਂ ਵੱਲੋਂ ਸਮਾਜ ਸੇਵੀ ਕੰਮਾਂ ਨੂੰ ਕਾਫੀ ਸਰਾਹਿਆ ਗਿਆ। ਪੱਤਰਕਾਰਾਂ ਦੀ ਟੀਮ ਨਾਲ ਗੱਲਬਾਤ ਕਰਦੇ ਹੋਏ ਡਾ. ਮਨਜੀਤ ਸਿੰਘ ਨੇ ਕਿਹਾ ਕਿ ਇਹ ਮੇਰੀ ਜ਼ਿੰਦਗੀ ਦੀ ਬਹੁਤ ਵੱਡੀ ਉਪਲਬਧੀ ਹੈ।ਉਨ੍ਹਾ ਨੌਜਵਾਨਾਂ ਨੂੰ ਸੰਦੇਸ਼ ਦਿੱਤਾ ਕਿ ਸਾਨੂੰ ਸਭ ਨੂੰ ਰਲ ਕੇ ਸਮਾਜ ਦੀ ਸੇਵਾ ਕਰਨੀ ਚਾਹੀਦੀ ਹੈ। ਉਨ੍ਹਾਂ ਦੀ ਇਸ ਉਪਲਬਧੀ ਉੱਪਰ ਭਾਈ ਘਨੱਈਆ ਜੀ ਹੈਲਥ ਮਿਸ਼ਨ (ਪੰਜਾਬ) ਵੱਲੋਂ ਜਸਵਿੰਦਰ ਸਿੰਘ, ਡਾ. ਸਤਵੰਤ ਸਿੰਘ, ਪਾਸਟਰ ਸ਼ਿਮੋਨ, ਸੁਰਜੀਤ ਸਿੰਘ, ਜਗੀਰ ਸਿੰਘ, ਆਸ਼ਾ ਸ਼ਰਮਾ, ਜਗਤਾਰ ਸਿੰਘ, ਗੁਰਭੇਜ ਸਿੰਘ, ਜਸਪਾਲ ਸਿੰਘ ਜੱਜ, ਵਿਸ਼ਾਲ ਸ਼ਰਮਾ, ਸੰਸਥਾ ਦੇ ਬਾਕੀ ਮੈਂਬਰਾਂ, ਭਾਰਤ ਵਿਕਾਸ ਪ੍ਰੀਸ਼ਦ ਤੇ ਇਲਾਕੇ ਦੀਆਂ ਹੋਰ ਸੰਸਥਾਵਾਂ ਨੇ ਵਧਾਈ ਦਿੱਤੀ।



# ਤਨਖਾਹਾਂ ਨਾ ਮਿਲਣ 'ਤੇ ਭੜਕੇ ਜੰਗਲਾਤ ਕਾਮੇ

■ 17 ਨੂੰ ਵਿੱਤ ਮੰਤਰੀ ਦੇ ਹਲਕੇ ਦਿੜ੍ਹਬਾ 'ਚ ਕਰਨਗੇ ਪ੍ਰਦਰਸ਼ਨ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ (1406/22ਬੀ) ਚੰਡੀਗੜ੍ਹ ਨਾਲ ਸੰਬੰਧਤ ਜੰਗਲਾਤ ਕਾਮਿਆਂ ਦੀ ਇੱਕੋ ਇੱਕ ਸਿਰਮੌਰ ਤੇ ਸੰਘਰਸ਼ਸ਼ੀਲ ਜਥੇਬੰਦੀ ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾ ਕਮੇਟੀ ਦੇ ਫੈਸਲੇ 'ਤੇ 27 ਜੁਲਾਈ ਤੋਂ 30 ਜੁਲਾਈ ਤੱਕ ਸਰਕਾਰ ਨੂੰ ਮੰਗ ਪੱਤਰ ਦੇਣ ਦੀ ਕੜੀ ਤਹਿਤ ਜੰਗਲਾਤ ਵਰਕਰਜ਼ ਯੂਨੀਅਨ ਵੱਲੋਂ ਵਣ ਮੰਡਲ ਪਟਿਆਲਾ ਜੰਗਲੀ ਜੀਵ ਮੰਡਲ ਪਟਿਆਲਾ ਦੇ ਦਫਤਰ ਅੱਗੇ ਮੰਡਲ ਪ੍ਰਧਾਨ ਜਸਵਿੰਦਰ ਸਿੰਘ ਸੌਜਾ, ਸੇਰ ਸਿੰਘ ਸਰਹਿੰਦ, ਜਗਤਾਰ ਸਿੰਘ ਸਾਹਪੁਰ, ਭੁਪਿੰਦਰ ਸਿੰਘ ਸਾਧੋਹੇੜੀ ਤੇ ਜੋਗਾ ਸਿੰਘ ਵਜੀਦਪੁਰ ਦੀ ਪ੍ਰਧਾਨਗੀ ਹੇਠ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ।ਧਰਨੇ ਨੂੰ ਸੰਬੋਧਨ ਕਰਦਿਆ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸਨ ਦੇ ਆਗੂ ਦਰਸ਼ਨ ਸਿੰਘ ਬੇਲੂਮਾਜਰਾ, ਲਖਵਿੰਦਰ ਖਾਨਪੁਰ, ਜਸਵੀਰ ਸਿੰਘ ਖੋਖਰ, ਧਰਮਪਾਲ ਸਿੰਘ ਲੌਟ ਤੇ ਰਾਜਪਾਲ ਸਿੰਘ ਲਸੋਈ ਨੇ ਆਖਿਆ ਕਿ ਪੰਜਾਬ ਸਰਕਾਰ ਵਣ ਤੇ ਜੰਗਲੀ ਜੀਵ ਵਿਭਾਗ ਦੇ ਵਿੱਚ 30/30 ਸਾਲਾਂ ਤੋ ਕੰਮ ਕਰਦੇ ਕਾਮਿਆਂ ਨੂੰ ਪੱਕਿਆ ਨਹੀਂ ਕੀਤਾ ਜਾ ਰਿਹਾ, ਸਿਰਫ ਇਕ ਪਲੇਸਮੈਂਟ ਪੌਲਸੀ ਬਣਾ ਕੇ 58 ਸਾਲ ਵਿਭਾਗ ਵਿੱਚ 15 ਹਜ਼ਾਰ ਤਨਖਾਹ 'ਤੇ ਕੰਮ ਦੇਣਾ ਜੰਗਲਾਤ ਕਾਮਿਆਂ ਨਾਲ ਕੋਝਾ ਮਜਾਕ ਕੀਤਾ, ਵਿਭਾਗ ਵਿੱਚ ਡੇਲੀਵੇਜ਼ ਕਾਮਿਆਂ ਨੂੰ ਪਿਛਲੇ ਪੰਜ ਮਹੀਨੀਆਂ ਤੋਂ ਤਨਖਾਹਾਂ ਨਾ ਮਿਲਣ ਕਾਰਨ ਜੰਗਲਾਤ ਕਾਮਿਆਂ ਦੇ ਪਰਿਵਾਰ ਪ੍ਰੇਸ਼ਾਨ ਹਨ। ਲੋਕਾਂ ਨਾਲ ਲਭਾਉਣੇ ਵਾਅਦੇ ਕਰਨ ਵਾਲੀ ਸਰਕਾਰ ਨੇ ਲਗਭਗ ਸਾਡੇ 4 ਸਾਲ ਬੀਤ ਜਾਣ ਦੇ ਬਾਵਜੂਦ ਜੰਗਲਾਤ ਦਾ ਇੱਕ ਵੀ ਕਾਮਾ ਪੱਕਾ ਨਹੀਂ ਕੀਤਾ, ਜਿਸ ਕਾਰਨ ਜੰਗਲਾਤ ਕਾਮਿਆਂ ਵਿੱਚ ਭਾਰੀ ਰੋਸ ਤੇ ਬੇਚੈਨੀ ਪਾਈ ਜਾ ਰਹੀ ਹੈ। ਜੰਗਲਾਤ ਕਾਮਿਆਂ ਨੇ ਵਣ ਮੰਡਲ ਅਫਸਰ ਪਟਿਆਲਾ ਦੇ ਦਫਤਰ ਅੱਗੇ ਰੋਸ ਧਰਨਾ ਦਿੱਤਾ ਤੇ ਮਾਨਯੋਗ ਆਈ ਐੱਫ ਐੱਸ ਵਣ ਪਾਲ ਸਾਊਥ ਸਰਕਲ ਪਟਿਆਲਾ ਅਤੇ ਮਾਨਯੋਗ ਡਿਪਟੀ ਕਮਿਸ਼ਨਰ ਸਾਹਿਬ ਪਟਿਆਲਾ ਤੇ ਵਣ ਮੰਡਲ ਅਫਸਰ ਜੰਗਲੀ ਜੀਵ ਪਟਿਆਲਾ ਤੇ ਵਣ ਮੰਡਲ ਅਫਸਰ ਪਟਿਆਲਾ ਰਾਹੀਂ ਮੰਗ ਪੱਤਰ ਪੰਜਾਬ ਸਰਕਾਰ ਨੂੰ ਭੇਜਿਆ।ਉਨ੍ਹਾ ਫੈਸਲਾ ਕੀਤਾ ਕਿ ਜੇਕਰ ਸਰਕਾਰ ਨੇ ਜੰਗਲਾਤ ਤੇ ਜੰਗਲੀ ਜੀਵ ਦੇ ਕਾਮਿਆਂ ਦੀਆਂ ਮੰਗਾਂ ਦਾ ਹੱਲ ਨਾ ਕੀਤਾ, ਤਾਂ ਆਉਣ ਵਾਲੀ 10 ਅਗਸਤ ਵਣ ਭਵਨ ਦਫ਼ਤਰ ਮੋਹਾਲੀ ਵਿਖੇ ਰੋਸ ਧਰਨਾ-ਪ੍ਰਦਰਸ਼ਨ ਕਰਕੇ ਪੰਜਾਬ ਖਿਲਾਫ 17 ਅਗਸਤ ਨੂੰ ਵਿੱਤ ਮੰਤਰੀ ਪੰਜਾਬ ਦੇ ਹਲਕਾ ਦਿੜ੍ਹਬਾ ਵਿੱਚ ਸੂਬਾ ਪੱਧਰੀ ਇਕ ਵਿਸ਼ਾਲ ਰੋਸ ਧਰਨਾ ਦੇਣ ਉਪਰੰਤ ਪੱਕਾ ਮੋਰਚਾ ਸ਼ੁਰੂ ਕੀਤਾ ਜਾਵੇਗਾ।ਇਹ ਮੋਰਚਾ ਉਦੋਂ ਤੱਕ ਜਾਰੀ ਰਹੇਗਾ, ਜਦੋਂ ਤੱਕ ਜੰਗਲਾਤ ਕਾਮਿਆਂ ਦੀਆਂ ਮੰਗਾਂ ਦਾ ਹੱਲ ਨਹੀਂ ਹੁੰਦਾ।

## ਚੇਅਰਮੈਨ ਬਰਸਟ ਵੱਲੋਂ ਨੱਸੂਪੁਰ 'ਚ 2.58 ਕਰੋੜ ਦੇ ਸੜਕੀ ਪ੍ਰੋਜੈਕਟਾਂ ਦਾ ਉਦਘਾਟਨ

**ਸਮਾਣਾ (ਗੁਰਪਿਆਰ ਸਿੰਘ ਬੱਲ)**

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਵੱਲੋਂ ਪਿੰਡ ਨੱਸੂਪੁਰ ਵਿਖੇ 2.58 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੇ ਅਹਿਮ ਸੜਕੀ ਪ੍ਰੋਜੈਕਟਾਂ ਦਾ ਰਿਬਨ ਕੱਟ ਕੇ ਉਦਘਾਟਨ ਕੀਤਾ ਗਿਆ। ਇਸ ਸਮਾਰੋਹ ਦੌਰਾਨ ਇਲਾਕੇ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਪਿੰਡ ਵਾਸੀਆਂ ਵੱਲੋਂ ਪੰਜਾਬ ਸਰਕਾਰ ਅਤੇ ਸ. ਹਰਚੰਦ ਸਿੰਘ ਬਰਸਟ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਗਿਆ। ਇਸ ਸੜਕੀ ਪ੍ਰੋਜੈਕਟ ਬਾਰੇ ਜਾਣਕਾਰੀ ਦਿੰਦਿਆਂ ਚੇਅਰਮੈਨ ਬਰਸਟ ਨੇ ਦੱਸਿਆ ਕਿ ਇਸ 2.58 ਕਰੋੜ ਰੁਪਏ ਦੇ ਬਜਟ ਨਾਲ ਇਲਾਕੇ ਦੀਆਂ ਦੋ ਸੜਕਾਂ ਅਤੇ ਪਿੰਡ ਦੀ ਫਿਰਨੀ ਦਾ ਨਿਰਮਾਣ ਕਾਰਜ ਕਰਵਾਇਆ ਜਾ ਰਿਹਾ ਹੈ।ਇਨ੍ਹਾਂ ਵਿੱਚ ਪਟਿਆਲਾ-ਸਮਾਣਾ ਰੋਡ ਤੋਂ ਪਿੰਡ ਨੱਸੂਪੁਰ ਤੱਕ ਦੀ ਸੜਕ, ਪਿੰਡ ਨੱਸੂਪੁਰ ਦੀ ਫਿਰਨੀ ਵਾਇਆ ਸ਼ਮਸ਼ਾਨਘਾਟ ਅਤੇ ਅਸਰਪੁਰ ਤੋਂ ਨੱਸੂਪੁਰ ਤੱਕ ਦੀ ਸੜਕ ਸ਼ਾਮਲ ਹੈ। ਇਨ੍ਹਾਂ ਸੜਕਾਂ ਦੀ ਹਾਲਤ ਕਾਫੀ ਸਮੇਂ ਤੋਂ ਖਸਤਾ ਸੀ, ਜਿਸ ਕਾਰਨ ਆਲੇ-ਦੁਆਲੇ ਦੇ ਪਿੰਡਾਂ ਦੇ ਲੋਕਾਂ, ਰਾਹਗੀਰਾਂ ਅਤੇ ਖਾਸ ਕਰਕੇ ਕਿਸਾਨਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਇਸ ਮੌਕੇ ਮਹਿਲ ਸਿੰਘ ਸਰਪੰਚ ਨੱਸੂਪੁਰ, ਨਰਿੰਦਰ ਸਿੰਘ ਸਰਪੰਚ ਬਰਸਟ, ਰਾਮ ਸਿੰਘ ਸਰਪੰਚ ਫਤਿਹਪੁਰ, ਅਜੀਤ ਸਿੰਘ ਸਰਪੰਚ ਚੁੱਪਕੀ, ਗੁਰਵਿੰਦਰ ਸਿੰਘ ਸਰਪੰਚ ਕਾਕੜਾ, ਸੋਨੂੰ ਸਰਪੰਚ ਗੁਰੂ ਨਾਨਕ ਨਗਰ, ਜਗਸੀਰ ਸਿੰਘ ਸਰਪੰਚ ਗੁਰੂ ਤੇਗ ਬਹਾਦਰ ਨਗਰ, ਅੰਮ੍ਰਿਤਪਾਲ ਸਿੰਘ ਕਾਰਜਕਾਰੀ ਇੰਜੀਨੀਅਰ, ਪੰਕਜ ਮਹਿਰਾ ਐਸਡੀਓ, ਗਿੰਨੀ ਖੰਗੂੜਾ ਹਲਕਾ ਵਾਇਸ ਕੁਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ, ਜਸਵਿੰਦਰ ਸਿੰਘ ਬਲਾਕ ਪ੍ਰਧਾਨ, ਸਿਮਰਨ ਸਿੰਘ ਪੰਚ, ਪੂਰਨ ਸਿੰਘ ਪੰਚ, ਸਤਿੰਦਰਜੀਤ ਕੌਰ ਪੰਚ, ਸੁਖਵਿੰਦਰ ਕੌਰ ਪੰਚ, ਜਸਕਰਨ ਸਿੰਘ ਪੰਚ, ਬੂਟਾ ਸਿੰਘ, ਜਸਵੀਰ ਸਿੰਘ, ਹਰਜੀਤ ਸਿੰਘ, ਜਗਰਾਜ ਸਿੰਘ, ਸਾਹਿਬ ਸਿੰਘ, ਜੋਗਿੰਦਰ ਸਿੰਘ, ਅੰਗਰੇਜ ਸਿੰਘ, ਜਸਵੀਰ ਸਿੰਘ, ਮਨਿੰਦਰ ਸਿੰਘ, ਰਵਿੰਦਰਨਾਥ ਸਿੰਘ, ਜਸਵੀਰ ਸਿੰਘ, ਸ਼ਾਮ ਲਾਲ ਦੱਤ, ਜੈਂਕੀ ਮਹਿਰਾ, ਐਡਵੋਕੇਟ ਹਰਤੇਜ ਸੰਧੂ, ਜਸਪਾਲ ਸਿੰਘ ਬੀਬੀਪੁਰ, ਗੁਰਪਿਆਰ ਸਿੰਘ ਨਵਾਂ ਗਾਓ, ਬਿੰਦਰ ਨਾਗਰ, ਅੰਗਰੇਜ ਭੁੱਲਰ, ਹੇਮ ਰਾਜ ਚੁੱਪਕੀ, ਜਰਨੈਲ ਸਿੰਘ ਆਲਮਪੁਰ, ਡਾ. ਹਰਮੇਸ਼, ਸ਼ਾਮ ਸਿੰਘ ਅਟਾਰੀ, ਸ਼ਾਮ ਸਿੰਘ, ਅਮਰਜੀਤ ਸਿੰਘ ਨੱਸੂਪੁਰ, ਸੋਨੂੰ ਮਹਿਮਦਪੁਰ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।



## 30 ਲੱਖ ਦੀ ਧੋਖਾਧੜੀ ਦੇ ਦੋਸ਼ ਹੇਠ ਇੱਕ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-30 ਲੱਖ ਰੁਪਏ ਬਿਆਨਾ ਹਾਸਲ ਕਰਕੇ ਮਕਾਨ ਦੀ ਰਜਿਸਟਰੀ ਨਾ ਕਰਾਉਣ ਦੇ ਇੱਕ ਕਥਿਤ ਮਾਮਲੇ ਵਿੱਚ ਪੁਲਸ ਵੱਲੋਂ ਇੱਕ ਵਿਅਕਤੀ ਖ਼ਿਲਾਫ਼ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਜਾਣਕਾਰੀ ਅਨੁਸਾਰ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਅਨਮੋਲ ਵਧਵਾ ਵਾਸੀ ਬਸੀ ਪਠਾਣਾ ਨੇ ਦੋਸ਼ ਲਾਏ ਸਨ ਕਿ ਉਸ ਦਾ ਅਮਰਜੀਤ ਸਿੰਘ ਦੀ ਕੋਠੀ ਖਰੀਦਣ ਸਬੰਧੀ ਉਸ ਨਾਲ ਇਕਰਾਰਨਾਮਾ ਹੋਇਆ ਸੀ, ਜਿਸ ਦੇ ਮੁਤਾਬਕ ਉਸ ਨੇ 30 ਲੱਖ ਰੁਪਏ ਬਤੌਰ ਕੋਠੀ ਦਾ ਬਿਆਨਾ ਅਮਰਜੀਤ ਸਿੰਘ ਨੂੰ ਦੇ ਦਿੱਤਾ।ਇਕਰਾਰਨਾਮੇ ਵਿੱਚ ਰਜਿਸਟਰੀ ਦੀ ਮੁਕੱਰਰ ਕੀਤੀ ਗਈ ਤਰੀਕ ਵੀ ਲੰਘ ਗਈ, ਪਰ ਉਕਤ ਵਿਅਕਤੀ ਵੱਲੋਂ ਕੋਠੀ ਦੀ ਰਜਿਸਟਰੀ ਨਹੀ ਕਰਾਈ ਗਈ।ਸ਼ਿਕਾਇਤਕਰਤਾ ਨੇ ਦੋਸ਼ ਲਾਏ ਕਿ ਅਜਿਹਾ ਕਰਕੇ ਅਮਰਜੀਤ ਸਿੰਘ ਨੇ ਮਕਾਨ ਵੇਚਣ ਦੇ ਨਾਂਅ 'ਤੇ ਉਸ ਨਾਲ 30 ਲੱਖ ਰੁਪਏ ਦੀ ਧੋਖਾਧੜੀ ਕੀਤੀ ਹੈ। ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਮਰਜੀਤ ਸਿੰਘ ਵਾਸੀ ਫ਼ਤਹਿਗੜ੍ਹ ਸਾਹਿਬ ਵਿਰੁੱਧ ਅ/ਧ 316(2),318(4) ਬੀ ਐਨ ਐਸ ਤਹਿਤ ਮੁਕੱਦਮਾ ਦਰਜ ਕਰਕੇ ਪੁਲਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

## ਚੰਨੀ ਤੇ ਸੀਨੀਅਰ ਕਾਂਗਰਸੀ ਲੀਡਰਸ਼ਿਪ ਦੀ ਅਗਵਾਈ ਹੇਠ ਫ਼ਰੀਦਕੋਟ 'ਚ ਪ੍ਰਦਰਸ਼ਨ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਵੱਲੋਂ ਲਈ ਗਈ ਫ਼ਾਰਮੇਸੀ ਅਫ਼ਸਰ ਭਰਤੀ ਪ੍ਰੀਖਿਆ ਦੌਰਾਨ ਸਾਹਮਣੇ ਆਏ ਹਾਈ-ਟੈੱਕ ਨਕਲ ਅਤੇ ਪੇਪਰ ਲੀਕ ਵਿਵਾਦ ਨੇ ਪੰਜਾਬ ਦੀ ਰਾਜਨੀਤੀ ਵਿੱਚ ਹਿਲਜੁਲ ਪੈਦਾ ਕਰ ਦਿੱਤੀ ਹੈ।

ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਤੇ ਸੀਨੀਅਰ ਕਾਂਗਰਸੀ ਲੀਡਰਸ਼ਿਪ ਦੀ ਅਗਵਾਈ ਹੇਠ ਫ਼ਰੀਦਕੋਟ 'ਚ ਪ੍ਰਦਰਸ਼ਨ ਕੀਤਾ ਗਿਆ ਜਿਥੇ ਚੰਨੀ, ਸਾਬਕਾ ਵਿਧਾਇਕ ਕੁਸ਼ਲਦੀਪ ਸਿੰਘ (ਕਿੱਕੀ) ਢਿੱਲੋਂ, ਅਜੇਪਾਲ ਸੰਧੂ, ਗੁਰਜੀਤ ਰਾਣਾ ਅਤੇ ਰਵਿੰਦਰ ਆਮਲਾ ਸਮੇਤ ਕਾਂਗਰਸ ਦੀ ਮੋਹਰੀ ਲੀਡਰਸ਼ਿਪ ਨੇ ਸਰਕਾਰ ਉੱਤੇ ਤਿੱਖੇ ਸ਼ਬਦੀ ਹਮਲੇ ਕੀਤੇ।ਕਾਂਗਰਸ ਲੀਡਰਸ਼ਿਪ ਨੇ ਸਾਫ਼ ਕੀਤਾ ਕਿ ਜਦੋਂ ਤੱਕ ਸਿੱਖਿਆ ਮੰਤਰੀ ਹਰਜੋਤ ਬੈਂਸ ਦਾ ਅਸਤੀਫ਼ਾ ਨਹੀਂ ਲਿਆ ਜਾਂਦਾ ਅਤੇ ਇਹ ਵਿਵਾਦਿਤ ਪ੍ਰੀਖਿਆ ਰੱਦ ਕਰਕੇ ਦੁਬਾਰਾ ਨਹੀਂ ਕਰਵਾਈ ਜਾਂਦੀ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ।

## ਫੂਡ ਸੇਫਟੀ ਟੀਮ ਨੇ ਆਧਾਰ ਸੁਪਰ ਮਾਰਕੀਟ 'ਤੇ ਮਾਰਿਆ ਛਾਪਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਭੋਜਨ ਉਤਪਾਦਾਂ ਦੀ ਗੁਣਵੱਤਾ ਸਬੰਧੀ ਵਾਰ-ਵਾਰ ਸ਼ਿਕਾਇਤਾਂ 'ਤੇ ਕਾਰਵਾਈ ਕਰਦੇ ਹੋਏ ਖੁਰਾਕ ਸੁਰੱਖਿਆ ਵਿਭਾਗ ਨੇ ਫਿਰੋਜ਼ਪੁਰ ਸ਼ਹਿਰ ਦੇ ਆਧਾਰ ਸੁਪਰ ਮਾਰਕੀਟ ਵਿਚ ਅਚਾਨਕ ਨਿਰੀਖਣ ਕੀਤਾ ਅਤੇ ਪ੍ਰਯੋਗਸ਼ਾਲਾ ਜਾਂਚ ਲਈ ਵੱਖ-ਵੱਖ ਭੋਜਨ ਵਸਤੂਆਂ ਦੇ ਨਮੂਨੇ ਇਕੱਠੇ ਕੀਤੇ। ਇਸ ਤੋਂ ਪਹਿਲਾਂ ਵੀ, ਖੁਰਾਕ ਸੁਰੱਖਿਆ ਵਿਭਾਗ ਦੀ ਟੀਮ ਨੇ ਇਕ ਬਲਿੰਕ ਆਊਟਲੈੱਟ 'ਤੇ ਅਚਾਨਕ ਨਿਰੀਖਣ ਕੀਤਾ ਸੀ ਅਤੇ ਕਈ ਗੰਭੀਰ ਉਲੰਘਣਾਵਾਂ ਦਾ ਪਰਦਾਫਾਸ਼ ਕੀਤਾ ਸੀ, ਜਿਸ ਵਿੱਚ ਮਿਆਦ ਪੁੱਗ ਚੁੱਕੇ ਭੋਜਨ ਉਤਪਾਦਾਂ ਦੀ ਸਟੋਰੇਜ, ਅਸ਼ੁੱਧ ਸਥਿਤੀਆਂ ਅਤੇ ਭੋਜਨ ਵਸਤੂਆਂ ਦੀ ਗਲਤ ਸੰਭਾਲ ਸ਼ਾਮਲ ਸੀ। ਫੂਡ ਸੇਫਟੀ ਅਫਸਰ ਅਭਿਨਵ ਖੋਸਲਾ ਨੇ ਕਿਹਾ ਕਿ ਵਿਭਾਗ ਨੂੰ ਮਿਲ ਰਹੀਆਂ ਲਗਾਤਾਰ ਸ਼ਿਕਾਇਤਾਂ ਤੋਂ ਬਾਅਦ ਇਹ ਨਿਰੀਖਣ ਕੀਤਾ ਗਿਆ ਸੀ। ਚੈਕਿੰਗ ਦੌਰਾਨ, ਦਾਲਾਂ ਅਤੇ ਕਈ ਹੋਰ ਭੋਜਨ ਉਤਪਾਦਾਂ ਦੇ ਨਮੂਨੇ ਇਕੱਠੇ ਕੀਤੇ ਗਏ, ਸੀਲ ਕੀਤੇ ਗਏ ਅਤੇ ਵਿਸਤ੍ਰਿਤ ਜਾਂਚ ਲਈ ਪ੍ਰਯੋਗਸ਼ਾਲਾ ਭੇਜੇ ਗਏ। ਅਧਿਕਾਰੀ ਅਨੁਸਾਰ, ਨਿਰੀਖਣ ਦੌਰਾਨ ਕਾਫ਼ੀ ਮਾਤਰਾ ਵਿੱਚ ਭੋਜਨ ਵਸਤੂਆਂ ਦੀ ਮਿਆਦ ਪੁੱਗ ਚੁੱਕੀਆਂ ਪਾਈਆਂ ਗਈਆਂ। ਖੋਸਲਾ ਨੇ ਕਿਹਾ ਕਿ ਟੀਮ ਨੇ ਦਾਲਾਂ ਸਮੇਤ ਖਾਣ-ਪੀਣ ਦੀਆਂ ਵਸਤਾਂ ਦੇ ਨਾਲ ਦਵਾਈਆਂ ਜਾਂ ਰਸਾਇਣਕ ਪਦਾਰਥ ਰੱਖੇ ਜਾਣ ਦਾ ਵੀ ਧਿਆਨ ਦਿੱਤਾ। ਉਨ੍ਹਾਂ ਕਿਹਾ ਕਿ ਸਬੰਧਤ ਔਨਲਾਈਨ ਸਟੋਰ ਮਾਲਕਾਂ ਅਤੇ ਸੰਚਾਲਕਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਉਨ੍ਹਾਂ ਦੇ ਸਟਾਫ ਨੂੰ ਭੋਜਨ ਸੰਭਾਲਣ ਅਤੇ ਸਟੋਰੇਜ ਨਾਲ ਸਬੰਧਤ ਡਿਊਟੀਆਂ ਸੌਂਪਣ ਤੋਂ ਪਹਿਲਾਂ ਸਹੀ ਢੰਗ ਨਾਲ ਸਿਖਲਾਈ ਅਤੇ ਮਾਰਗਦਰਸ਼ਨ ਦਿੱਤਾ ਜਾਵੇ। ਫੂਡ ਸੇਫਟੀ ਅਫਸਰ ਨੇ ਸਪੱਸ਼ਟ ਕੀਤਾ ਕਿ ਜਨਤਕ ਸਿਹਤ ਨਾਲ ਕੋਈ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜੇਕਰ ਪ੍ਰਯੋਗਸ਼ਾਲਾ ਦੀਆਂ ਰਿਪੋਰਟਾਂ ਇਸ ਗੱਲ ਦੀ ਪੁਸ਼ਟੀ ਕਰਦੀਆਂ ਹਨ ਕਿ ਕੋਈ ਵੀ ਭੋਜਨ ਉਤਪਾਦ ਨਿਰਧਾਰਤ ਗੁਣਵੱਤਾ ਮਾਪਦੰਡਾਂ ਨੂੰ ਪੂਰਾ ਨਹੀਂ ਕਰਦਾ ਹੈ ਜਾਂ ਭੋਜਨ ਸੁਰੱਖਿਆ ਨਿਯਮਾਂ ਦੀ ਉਲੰਘਣਾ ਕੀਤੀ ਗਈ ਹੈ, ਤਾਂ ਸਬੰਧਤ ਵਿਅਕਤੀਆਂ ਵਿਰੁੱਧ ਫੂਡ ਸੇਫਟੀ ਐਕਟ ਤਹਿਤ ਢੁਕਵੀਂ ਕਾਨੂੰਨੀ ਕਾਰਵਾਈ ਸ਼ੁਰੂ ਕੀਤੀ ਜਾਵੇਗੀ।

## ਪਰਾਲੀ ਪ੍ਰਬੰਧਨ ਸੰਬੰਧੀ ਖੇਤੀਬਾੜੀ ਤੇ ਸੰਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ



**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**

ਡਿਪਟੀ ਕਮਿਸ਼ਨਰ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਵੱਲੋਂ ਜ਼ਿਲ੍ਹਾ ਫ਼ਾਜ਼ਿਲਕਾ ਵਿੱਚ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਤੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਖੇਤੀਬਾੜੀ ਵਿਭਾਗ ਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਪਰਮਲ ਝੋਨੇ ਤੇ ਬਾਸਮਤੀ ਅਧੀਨ ਰਕਬੇ, ਬੇਲਰ ਮਸ਼ੀਨਰੀ ਦੀ ਉਪਲਬਧਤਾ, ਹੌਟਸਪੌਟ ਪਿੰਡਾਂ ਦੀ ਨਿਗਰਾਨੀ ਤੇ ਪਰਾਲੀ ਦੀ ਯੋਗ ਵਰਤੋਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ ਡਾ. ਜਗਵਿੰਦਰਜੀਤ ਸਿੰਘ ਗਰੇਵਾਲ ਵੀ ਮੌਜੂਦ ਸਨ।ਡਿਪਟੀ ਕਮਿਸ਼ਨਰ ਵੱਲੋਂ ਸਬ-ਡਵੀਜ਼ਨ ਵਾਈਜ਼ ਬੇਲਰਾਂ ਦੀਆਂ ਸੂਚੀਆਂ ਸਬੰਧਤ ਐਸ.ਡੀ.ਐਮਜ਼. ਨੂੰ ਮੁਹੱਈਆ ਕਰਾਉਣ ਅਤੇ ਬੇਲਰ ਮਾਲਕਾਂ ਨਾਲ ਮੀਟਿੰਗਾਂ ਕਰਕੇ ਉਨ੍ਹਾਂ ਦੀ ਖੇਤਰਵਾਰ ਉਪਲਬਧਤਾ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਗਈ।ਹੌਟਸਪੌਟ ਪਿੰਡਾਂ 'ਚ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਦੀ ਵਿਸ਼ੇਸ਼ ਡਿਊਟੀ ਲਾਉਣ ਤੇ ਕਲੱਸਟਰ ਅਫਸਰਾਂ ਦੀ ਕਾਰਗੁਜ਼ਾਰੀ ਦੀ ਨਿਰੰਤਰ ਸਮੀਖਿਆ ਕਰਨ ਲਈ ਵੀ ਕਿਹਾ ਗਿਆ ਇਸ ਤੋਂ ਇਲਾਵਾ ਨਵੇਂ ਪਲਾਂਟਾਂ ਵਿਖੇ ਪਰਾਲੀ ਦੀ ਸਟੋਰੇਜ ਲਈ ਢੁੱਕਵੀਂ ਜਗ੍ਹਾ ਤੇ ਟਰੈਕਟਰ-ਟਰਾਲੀਆਂ ਲਈ ਪਹੁੰਚ ਮਾਰਗ ਦੀ ਪਛਾਣ ਕਰਨ, ਗਊਸ਼ਾਲਾਵਾਂ ਤੋਂ ਪਰਾਲੀ ਦੀ ਲੋੜ ਸਬੰਧੀ ਮੰਗ ਪ੍ਰਾਪਤ ਕਰਨ ਤੇ ਬੇਲਰ ਮਾਲਕਾਂ/ਅਪ੍ਰੇਟਰਾਂ ਨਾਲ ਕਿਸਾਨਾਂ ਦੀ ਟੈਗਿੰਗ ਕਰਨ ਦੀ ਹਦਾਇਤ ਕੀਤੀ ਗਈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸਾਨਾਂ ਨੂੰ ਸਮੇਂ ਸਿਰ ਬੇਲਰ ਤੇ ਹੋਰ ਲੋੜੀਂਦੀ ਮਸ਼ੀਨਰੀ ਉਪਲਬਧ ਕਰਾਉਣ ਲਈ ਸਾਰੇ ਪ੍ਰਬੰਧ ਪਹਿਲਾਂ ਤੋਂ ਮੁਕੰਮਲ ਕੀਤੇ ਜਾਣ।

## ਆਂਗਨਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਭਲਕੇ ਨੂੰ ਕੈਬਨਿਟ ਮੰਤਰੀ ਦੇ ਘਰ ਦਾ ਕੀਤਾ ਜਾਵੇਗਾ ਘੇਰਾਓ : ਪ੍ਰਕਾਸ਼ ਕੌਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਆਂਗਨਵਾੜੀ ਮੁਲਾਜ਼ਮ ਜਥੇਬੰਦੀ ਵੱਲੋਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਚੱਲ ਰਹੇ ਸੰਘਰਸ਼ ਦੇ ਤਹਿਤ 2 ਅਗਸਤ ਨੂੰ ਕੈਬਨਿਟ ਮੰਤਰੀ ਦੇ ਘਰ ਦੇ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ, ਜਿਸ ਵਿਚ ਵੱਡੀ ਗਿਣਤੀ ਵਿਚ ਆਂਗਨਵਾੜੀ ਵਰਕਰਾਂ ਹੈਲਪਰਾਂ ਭਾਗ ਲੈਣਗੀਆਂ। ਮੀਟਿੰਗ ਵਿਚ ਪ੍ਰਕਾਸ਼ ਕੌਰ ਬਲਾਕ ਪ੍ਰਧਾਨ ਮਮਦੋਟ ਨੇ ਦੱਸਿਆ ਕਿ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਦੀ ਮੰਗ ਹੈ ਕਿ ਆਂਗਨਵਾੜੀ ਕੇਂਦਰਾਂ ਦੇ ਵਿੱਚੋਂ ਖੋਹੇ ਗਏ ਬੱਚੇ ਵਾਪਸ ਆਂਗਨਵਾੜੀ ਕੇਂਦਰਾਂ ਦੇ ਵਿਚ ਭੇਜੇ ਜਾਣ, ਆਂਗਨਵਾੜੀ ਵਰਕਰ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ ਅਤੇ ਹੈਲਪਰ ਨੂੰ ਚੌਥੇ ਦਰਜੇ ਦਾ ਮੁਲਾਜ਼ਮ ਕਰਾਰ ਦਿੰਦੇ ਹੋਏ ਸਰਕਾਰੀ ਕਰਮਚਾਰੀ ਦਾ ਦਰਜਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਪਣੇ ਕੀਤੇ ਵਾਅਦੇ ਮੁਤਾਬਿਕ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਦਾ ਮਾਣ ਭੱਤਾ ਦੁੱਗਣਾ ਕਰੇ, ਐੱਨ ਜੀ ਓ ਕੋਲ ਚੱਲਦੇ ਤਿੰਨ ਬਲਾਕਾਂ ਦਾ ਨੋਟੀਫਿਕੇਸ਼ਨ ਤੁਰੰਤ ਲਾਗੂ ਕੀਤਾ ਜਾਵੇ, ਆਂਗਨਵਾੜੀ ਕੇਂਦਰਾਂ ਵਿਚ ਆ ਰਿਹਾ ਘਟੀਆ ਕਿਸਮ ਦਾ ਰਾਸ਼ਨ ਬੰਦ ਕਰਕੇ ਪ੍ਰਾਈਵੇਟ ਕੰਪਨੀਆਂ ਤੇ ਐੱਨ ਜੀ ਓ ਦੀ ਜਗ੍ਹਾ ਆਂਗਨਵਾੜੀ ਕੇਂਦਰਾਂ ਦੇ ਵਿਚ ਸਿੱਧਾ ਰਾਸ਼ਨ ਸਪਲਾਈ ਕੀਤਾ ਜਾਵੇ ਅਤੇ ਆਂਗਨਵਾੜੀ ਕੇਂਦਰਾਂ ਦੇ ਵਿਚ ਰਾਸ਼ਨ ਪਕਾਇਆ ਜਾਵੇ, ਆਂਗਨਵਾੜੀ ਵਰਕਰ ਨੂੰ ਰਿਟਾਇਰਮੈਂਟ ਪੈਨਸ਼ਨ ਦਿੱਤੀ ਜਾਵੇ ਆਂਗਨਵਾੜੀ ਵਰਕਰ ਹੈਲਪਰ ਨੂੰ ਮਿਲ ਰਹੀ ਐਕਸ ਗਰੇਸ਼ੀਆ ਗਰਾਂਟ ਵਰਕਰ ਲਈ 3 ਲੱਖ ਤੇ ਹੈਲਪਰ ਲਈ 2 ਲੱਖ ਕੀਤੀ ਜਾਵੇ, ਆਂਗਨਵਾੜੀ ਵਰਕਰਾਂ ਹੈਲਪਰਾਂ ਨੂੰ ਸੁਪਰੀਮ ਕੋਰਟ ਦੇ ਫੈਸਲੇ ਮੁਤਾਬਿਕ ਗ੍ਰੈਚੂਟੀ ਦੇ ਲਾਭ ਦਿੱਤੇ ਜਾਣ। ਉਨ੍ਹਾਂ ਮੰਗ ਕੀਤੀ ਕਿ ਆਂਗਨਵਾੜੀ ਹੈਲਪਰ ਤੋਂ ਵਰਕਰ ਦੀ ਪ੍ਰਮੋਸ਼ਨ ਵਾਸਤੇ ਸਿੱਖਿਆ ਮੈਟਰਿਕ ਅਤੇ ਤਜਰਬਾ ਸਮਾਂ ਤਿੰਨ ਸਾਲ ਕੀਤਾ ਜਾਵੇ। ਇਸ ਮੌਕੇ ਪੁਸ਼ਪਿੰਦਰ ਕੌਰ ਮੀਤ ਪ੍ਰਧਾਨ, ਪ੍ਰੇਮ ਕੌਰ ਵਿੱਤ ਸਕੱਤਰ, ਸਰਕਲ ਪ੍ਰਧਾਨ ਪਰਮਜੀਤ ਕੌਰ, ਰਜਿੰਦਰ ਕੌਰ ਅਤੇ ਨੀਰਜਾ ਆਦਿ ਹਾਜ਼ਰ ਸਨ।

## ਗੁਰੂ ਗੋਬਿੰਦ ਸਿੰਘ ਰਿਫਾਇਨਰੀ ਦੇ ਸਕਿਲ ਡਿਵੈਲਪਮੈਂਟ ਕੇਂਦਰਾਂ ਤੋਂ ਸਿਖਲਾਈ ਪ੍ਰਾਪਤ ਨੌਜਵਾਨਾਂ ਨੂੰ ਸਰਟੀਫਿਕੇਟ ਵੰਡੇ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਪਿੰਡਾਂ ਦੇ ਆਮ ਪਰਵਾਰਾਂ ਨਾਲ ਸਬੰਧਤ ਨੌਜਵਾਨਾਂ ਦੀ ਪ੍ਰਤਿਭਾ ਸੀਮਿਤ ਸਹੂਲਤਾਂ ਕਾਰਨ ਦਬ ਕੇ ਨਾ ਰਹਿ ਜਾਵੇ, ਇਸ ਨੂੰ ਨਿਖਾਰਨ ਤੇ ਉਨ੍ਹਾਂ ਨੂੰ ਸਹੀ ਮਾਰਗਦਰਸ਼ਨ ਅਤੇ ਸਕਿਲ ਡਿਵੈਲਪਮੈਂਟ ਦੀ ਸਿਖਲਾਈ ਦੇ ਕੇ ਰੋਜ਼ਗਾਰਯੋਗ ਬਣਾਉਣ ਲਈ ਐੱਚਐੱਮਈਐੱਲ ਲਗਾਤਾਰ ਯਤਨਸ਼ੀਲ ਹੈ।

ਇਨ੍ਹਾਂ ਉਪਰਾਲਿਆਂ ਸਦਕਾ ਪੇਂਡੂ ਨੌਜਵਾਨਾਂ ਦੀ ਪ੍ਰਤਿਭਾ ਨੂੰ ਨਵੀਂ ਉਡਾਣ ਮਿਲ ਰਹੀ ਹੈ ਤੇ ਉਹ ਉੱਚ ਸਿੱਖਿਆ ਤੇ ਆਤਮਨਿਰਭਰਤਾ ਦੇ ਆਪਣੇ ਸੁਪਨੇ ਵੀ ਸਾਕਾਰ ਕਰ ਰਹੇ ਹਨ।ਇਸੇ ਕੜੀ ਤਹਿਤ ਐੱਚਪੀਸੀਐੱਲ-ਮਿੱਤਲ ਐਨਰਜੀ ਲਿਮਟਿਡ (ਐੱਚਐੱਮਈਐੱਲ) ਗੁਰੂ ਗੋਬਿੰਦ ਸਿੰਘ ਰਿਫਾਈਨਰੀ ਵੱਲੋਂ ਨੈਸ਼ਨਲ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ (ਐੱਨਐੱਸਡੀਸੀ) ਦੇ ਸਹਿਯੋਗ ਨਾਲ ਤਲਵੰਡੀ ਸਾਬੋ ਵਿਖੇ ਚਲਾਏ ਜਾ ਰਹੇ ਸਕਿਲ ਡਿਵੈਲਪਮੈਂਟ ਕੇਂਦਰ ਰਾਹੀਂ 480 ਨੌਜਵਾਨਾਂ ਨੂੰ ਹੁਨਰਮੰਦ ਬਣਾ ਕੇ ਆਤਮਨਿਰਭਰ ਕੀਤਾ ਗਿਆ ਹੈ।ਇਨ੍ਹਾਂ ਵਿੱਚੋਂ 341 ਨੌਜਵਾਨ ਅੱਜ ਵੱਖ-ਵੱਖ ਖੇਤਰਾਂ ਵਿੱਚ ਰੋਜ਼ਗਾਰ ਪ੍ਰਾਪਤ ਕਰ ਚੁੱਕੇ ਹਨ।ਇਨ੍ਹਾਂ ਵਿੱਚੋਂ ਕਰੀਬ 100 ਨੌਜਵਾਨਾਂ ਨੂੰ ਬੁੱਧਵਾਰ ਨੂੰ ਤਲਵੰਡੀ ਸਾਬੋ ਵਿਖੇ ਐੱਨਐੱਸਡੀਸੀ ਅਧੀਨ ਚੱਲ ਰਹੇ ਜਾਰਜ ਟੈਲੀਗ੍ਰਾਫ ਟ੍ਰੇਨਿੰਗ ਇੰਸਟੀਚਿਊਟ ਵਿੱਚ ਆਯੋਜਿਤ ਇੱਕ ਸ਼ਾਨਦਾਰ ਸਮਾਗਮ ਦੌਰਾਨ ਸਰਟੀਫਿਕੇਟ ਪ੍ਰਦਾਨ ਕੀਤੇ ਗਏ।ਸਮਾਗਮ ਦੌਰਾਨ ਐੱਚਐੱਮਈਐੱਲ ਵੱਲੋਂ ਸ਼੍ਰੀ ਵਿਸ਼ਵਮੋਹਨ ਪ੍ਰਸਾਦ, ਡੀਜੀਐੱਮ (ਸੀਐੱਸਆਰ) ਤੇ ਉਨ੍ਹਾਂ ਦੀ ਟੀਮ, ਜਾਰਜ ਟੈਲੀਗ੍ਰਾਫ ਵੱਲੋਂ ਸ਼੍ਰੀਮਤੀ ਮੌਮਿਤਾ ਘੋਸ਼, ਏਵੀਪੀ-ਸੀਐੱਸਆਰ ਤੇ ਗਵਰਨਮੈਂਟ ਪ੍ਰੋਜੈਕਟਸ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਇਸ ਮੌਕੇ ਸਕਿਲ ਡਿਵੈਲਪਮੈਂਟ ਕੇਂਦਰ ਤੋਂ ਸਿਖਲਾਈ ਪੂਰੀ ਕਰਨ ਵਾਲੇ ਨੌਜਵਾਨਾਂ ਦਾ ਹੌਸਲਾ ਵਧਾਉਂਦੇ ਹੋਏ ਵਿਸ਼ਵਮੋਹਨ ਪ੍ਰਸਾਦ ਨੇ ਕਿਹਾ ਕਿ ਅੱਜ ਦਾ ਯੁੱਗ ਹੁਨਰ ਦਾ ਯੁੱਗ ਹੈ।ਜੇਕਰ ਕਿਸੇ ਨੌਜਵਾਨ ਕੋਲ ਸਿੱਖਿਆ ਦੇ ਨਾਲ-ਨਾਲ ਵਿਹਾਰਕ ਹੁਨਰ ਵੀ ਹੋਵੇ ਤਾਂ ਉਸ ਲਈ ਰੋਜ਼ਗਾਰ ਤੇ ਸਵੈ-ਰੋਜ਼ਗਾਰ ਦੋਵਾਂ ਦੇ ਰਸਤੇ ਖੁੱਲ੍ਹ ਜਾਂਦੇ ਹਨ।ਉਨ੍ਹਾਂ ਕਿਹਾ ਕਿ ਹਰ ਨੌਜਵਾਨ ਨੂੰ ਲਗਾਤਾਰ ਸਿੱਖਣ ਦੀ ਆਦਤ ਵਿਕਸਿਤ ਕਰਨੀ ਚਾਹੀਦੀ ਹੈ, ਕਿਉਂਕਿ ਸਿੱਖਣਾ ਹੀ ਸਫਲਤਾ ਦੀ ਸਭ ਤੋਂ ਵੱਡੀ ਪੌੜੀ ਹੈ।ਉਨ੍ਹਾਂ ਨੌਜਵਾਨਾਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਸਫਲਤਾ ਦਾ ਕੋਈ ਸ਼ਾਰਟਕੱਟ ਨਹੀਂ ਹੁੰਦਾ।ਅਨੁਸ਼ਾਸਨ, ਮਿਹਨਤ ਤੇ ਸਕਾਰਾਤਮਕ ਸੋਚ ਨਾਲ ਹਰ ਮੰਜ਼ਿਲ ਹਾਸਲ ਕੀਤੀ ਜਾ ਸਕਦੀ ਹੈ।ਸਰਟੀਫਿਕੇਟ ਵੰਡਦੇ ਹੋਏ ਉਨ੍ਹਾਂ ਕਿਹਾ ਕਿ ਅੱਜ ਮਿਲਿਆ ਇਹ ਸਰਟੀਫਿਕੇਟ ਕੇਵਲ ਇੱਕ ਦਸਤਾਵੇਜ਼ ਨਹੀਂ, ਸਗੋਂ ਤੁਹਾਡੇ ਰੌਸ਼ਨ ਭਵਿੱਖ ਦੀ ਸ਼ੁਰੂਆਤ ਹੈ।ਉਨ੍ਹਾਂ ਨੌਜਵਾਨਾਂ ਨੂੰ ਆਪਣੇ ਪਰਿਵਾਰ, ਸਮਾਜ ਤੇ ਦੇਸ਼ ਦੀ ਤਰੱਕੀ ਵਿੱਚ ਸਰਗਰਮ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਇਸ ਸਕਿਲ ਡਿਵੈਲਪਮੈਂਟ ਪ੍ਰੋਗਰਾਮ ਤਹਿਤ ਅਕਾਊਂਟਸ ਅਸਿਸਟੈਂਟ ਟ੍ਰੇਡ ਵਿੱਚ 180 ਨੌਜਵਾਨਾਂ ਨੂੰ ਸਿਖਲਾਈ ਦਿੱਤੀ ਗਈ, ਜਿਨ੍ਹਾਂ ਵਿੱਚੋਂ 116 ਨੌਜਵਾਨਾਂ ਨੂੰ ਰੋਜ਼ਗਾਰ ਮਿਲ ਚੁੱਕਾ ਹੈ।ਇਸੇ ਤਰ੍ਹਾਂ ਬੈਂਕਐਸ਼ੋਰੈਂਸ ਰਿਲੇਸ਼ਨਸ਼ਿਪ ਐਸੋਸੀਏਟ ਟ੍ਰੇਡ ਵਿੱਚ 300 ਨੌਜਵਾਨਾਂ ਨੂੰ ਸਿਖਲਾਈ ਦਿੱਤੀ ਗਈ, ਜਿਨ੍ਹਾਂ ਵਿੱਚੋਂ 225 ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਾਪਤ ਹੋਏ ਹਨ।ਇਸ ਤੋਂ ਇਲਾਵਾ ਕਰੀਬ 100 ਨੌਜਵਾਨਾਂ ਨੂੰ ਆਈਈਐਲਟੀਐਸ ਦੀ ਕੋਚਿੰਗ ਵੀ ਪ੍ਰਦਾਨ ਕੀਤੀ ਗਈ, ਜਿਨ੍ਹਾਂ ਵਿੱਚੋਂ ਕਈ ਨੌਜਵਾਨ ਵਿਦੇਸ਼ਾਂ ਵਿੱਚ ਰੋਜ਼ਗਾਰ ਪ੍ਰਾਪਤ ਕਰ ਰਹੇ ਹਨ। ਇਸ ਮੌਕੇ ਉਨ੍ਹਾਂ ਦੇ ਕੁਝ ਪਰਿਵਾਰਕ ਮੈਂਬਰਾਂ ਨੇ ਵੀ ਹਾਜ਼ਰ ਹੋ ਕੇ ਆਪਣੇ ਤਜਰਬੇ ਸਾਂਝੇ ਕੀਤੇ। ਸਮਾਗਮ ਦੇ ਅੰਤ ਵਿੱਚ ਸਾਰੇ ਭਾਗੀਦਾਰਾਂ ਨੂੰ ਸਰਟੀਫਿਕੇਟ ਵੰਡੇ ਗਏ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।

## ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀ ਭਰਤੀ ਨੂੰ ਲੈ ਕੇ ਧਰਨਾ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**-ਜ਼ਿਲ੍ਹਾ ਫਿਰੋਜ਼ਪੁਰ ਦੇ ਬਲਾਕ ਗੁਰੂ ਹਰਸਹਾਏ ਵਿੱਚ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀ ਭਰਤੀ ਪ੍ਰਕਿਰਿਆ ਨੂੰ ਲੈ ਕੇ ਬੁੱਧਵਾਰ ਨੂੰ ਉਮੀਦਵਾਰਾਂ ਅਤੇ ਸਮਰਥਕਾਂ ਵੱਲੋਂ ਸੀ ਡੀ ਪੀ ਓ ਦਫ਼ਤਰ ਦੇ ਬਾਹਰ ਧਰਨਾ-ਪ੍ਰਦਰਸ਼ਨ ਕੀਤਾ ਗਿਆ।ਪ੍ਰਦਰਸ਼ਨਕਾਰੀਆਂ ਨੇ ਦਾਅਵਾ ਕੀਤਾ ਕਿ ਭਰਤੀ ਪ੍ਰਕਿਰਿਆ ਦੌਰਾਨ ਗੰਭੀਰ ਬੇਨਿਯਮੀਆਂ ਹੋਈਆਂ ਹਨ, ਜਿਸ ਕਾਰਨ ਯੋਗ ਅਤੇ ਹੱਕਦਾਰ ਉਮੀਦਵਾਰਾਂ ਨਾਲ ਇਨਸਾਫ਼ ਨਹੀਂ ਹੋਇਆ।ਉਨ੍ਹਾਂ ਕਿਹਾ ਕਿ ਪੂਰੀ ਭਰਤੀ ਪ੍ਰਕਿਰਿਆ ਦੀ ਨਿਰਪੱਖ ਅਤੇ ਉੱਚ ਪੱਧਰੀ ਜਾਂਚ ਕਰਵਾਈ ਜਾਵੇ ਅਤੇ ਜਾਂਚ ਮੁਕੰਮਲ ਹੋਣ ਤੱਕ ਭਰਤੀ ਪ੍ਰਕਿਰਿਆ ਨੂੰ ਰੋਕਿਆ ਜਾਵੇ।

## ਸੁਰਿੰਦਰ ਕੁਮਾਰ ਗੁਪਤਾ ਸਰਵਹਿਤਕਾਰੀ ਵਿਦਿਆ ਮੰਦਰ ਸਕੂਲ 'ਚ ਸਨਮਾਨ ਸਮਾਰੋਹ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ੍ਰੀ ਸੁਰਿੰਦਰ ਕੁਮਾਰ ਗੁਪਤਾ ਸਰਵਹਿਤਕਾਰੀ ਵਿਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ, ਸ੍ਰੀ ਮੁਕਤਸਰ ਸਾਹਿਬ ਵਿੱਚ ਬੁੱਧਵਾਰ ਸ਼ਾਨਦਾਰ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸਕੂਲ ਦੇ ਪ੍ਰਧਾਨ ਰਾਜਿੰਦਰ ਗਰਗ, ਉਪ-ਪ੍ਰਧਾਨ ਸੁਰਿੰਦਰ ਧਵਨ, ਪ੍ਰਬੰਧਕ ਨਰੋਤਮ ਦਾਸ ਸ਼ਰਮਾ, ਪ੍ਰਿੰਸੀਪਲ ਪੂਰਨ ਚੰਦ ਅਤੇ ਉਪ-ਪ੍ਰਿੰਸੀਪਲ ਸਰਿਤਾ ਸਿੰਘ ਦੀ ਗਰਿਮਾਮਈ ਹਾਜ਼ਰੀ ਨੇ ਸਮਾਗਮ ਦੀ ਸ਼ੋਭਾ ਵਧਾਈ।ਕਾਰਜਕ੍ਰਮ ਦੀ ਸ਼ੁਰੂਆਤ ਭਾਰਤ ਮਾਤਾ ਅਤੇ ਮਾਂ ਸਰਸਵਤੀ ਦੇ ਚਰਨਾਂ ਵਿੱਚ ਦੀਪ ਪ੍ਰਜਵਲਿਤ ਕਰਕੇ ਅਤੇ ਪੁਸ਼ਪ ਅਰਪਿਤ ਕਰਕੇ ਕੀਤੀ ਗਈ। ਇਸ ਤੋਂ ਬਾਅਦ ਸਕੂਲ ਦੀ ਪ੍ਰਾਰਥਨਾ, ਦੇਸ਼ਭਗਤੀ ਗੀਤ ਅਤੇ ਪ੍ਰੇਰਨਾਦਾਇਕ ਵਿਚਾਰਾਂ ਰਾਹੀਂ ਵਿਦਿਆਰਥੀਆਂ ਵਿੱਚ ਦੇਸ਼ਭਗਤੀ, ਅਨੁਸ਼ਾਸਨ ਅਤੇ ਉਤਕ੍ਰਿਸ਼ਟਤਾ ਦੀ ਭਾਵਨਾ ਦਾ ਸੰਚਾਰ ਕੀਤਾ ਗਿਆ।ਇਸ ਮੌਕੇ ਪ੍ਰਾਂਤੀ ਤਾਇਕਵਾਂਡੋ ਅਤੇ ਕਰਾਟੇ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕਰਨ ਵਾਲੇ ਖਿਡਾਰੀਆਂ, ਹਿਲਕਸ ਕੰਪੀਟੀਸ਼ਨ ਦੇ ਜੇਤੂ ਵਿਦਿਆਰਥੀਆਂ ਤੇ ਹੋਰ ਹੋਣਕਾਰ ਵਿਦਿਆਰਥੀਆਂ ਨੂੰ ਪ੍ਰਸ਼ੰਸਾ-ਪੱਤਰ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਪ੍ਰਧਾਨ ਰਾਜਿੰਦਰ ਗਰਗ, ਉਪ-ਪ੍ਰਧਾਨ ਸੁਰਿੰਦਰ ਧਵਨ ਅਤੇ ਪ੍ਰਬੰਧਕ ਨਰੋਤਮ ਦਾਸ ਸ਼ਰਮਾ ਨੇ ਸਾਰੇ ਸਨਮਾਨਿਤ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਫਲਤਾ ਦਾ ਆਧਾਰ ਸਖਤ ਮਿਹਨਤ, ਅਨੁਸ਼ਾਸਨ, ਆਤਮਵਿਸ਼ਵਾਸ ਅਤੇ ਨਿਰੰਤਰ ਅਭਿਆਸ ਹੈ।ਪ੍ਰਿੰਸੀਪਲ ਪੂਰਨ ਚੰਦ ਅਤੇ ਉਪ-ਪ੍ਰਿੰਸੀਪਲ ਸਰਿਤਾ ਸਿੰਘ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਮਾਰਗਦਰਸ਼ਕ ਅਧਿਆਪਕਾਂ ਨੂੰ ਦਿਲੋਂ ਵਧਾਈ ਦਿੱਤੀ।

## ਕੇਂਦਰੀ ਸਿੱਖਿਆ ਮੰਤਰੀ ਦੇ ਅਸਤੀਫ਼ੇ 'ਤੇ ਮਾਲੇਰਕੋਟਲਾ 'ਚ ਖ਼ੁਸ਼ੀ ਦੀ ਲਹਿਰ, ਲੱਡੂ ਵੰਡ ਕੇ ਮਨਾਇਆ ਜਸ਼ਨ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਦੇਸ਼ ਭਰ ਵਿੱਚ ਚਰਚਾ ਦਾ ਵਿਸ਼ਾ ਬਣੇ ਪੇਪਰ ਲੀਕ ਮਾਮਲੇ ਦਰਮਿਆਨ ਕੇਂਦਰੀ ਸਿੱਖਿਆ ਮੰਤਰੀ ਦੇ ਅਸਤੀਫ਼ੇ ਦੀ ਖ਼ਬਰ ਆਉਂਦਿਆਂ ਹੀ ਮਾਲੇਰਕੋਟਲਾ ਸ਼ਹਿਰ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ। ਅਸਤੀਫ਼ੇ ਦੀ ਸੂਚਨਾ ਮਿਲਦਿਆਂ ਹੀ ਸਥਾਨਕ ਨੌਜਵਾਨਾਂ ਅਤੇ ਸ਼ਹਿਰ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਲੱਡੂ ਵੰਡੇ ਅਤੇ ਇੱਕ-ਦੂਜੇ ਦਾ ਮੂੰਹ ਮਿੱਠਾ ਕਰਵਾ ਕੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਸ਼ਹਿਰ ਵਾਸੀਆਂ ਨੇ ਸਪੱਸ਼ਟ ਕੀਤਾ ਕਿ ਇਹ ਮੁੱਦਾ ਸਿਰਫ਼ ਕਿਸੇ ਇੱਕ ਰਾਜ ਤੱਕ ਸੀਮਤ ਨਹੀਂ ਸੀ, ਸਗੋਂ ਪੂਰੇ ਦੇਸ਼ ਦੇ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਨਾਲ ਜੁੜਿਆ ਹੋਇਆ ਸੀ। ਉਨ੍ਹਾਂ ਕਿਹਾ ਕਿ ਦੇਸ਼ ਦੀ ਸਿੱਖਿਆ ਪ੍ਰਣਾਲੀ ਦੀ ਪਾਰਦਰਸ਼ਤਾ ਅਤੇ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਭਰੋਸੇਯੋਗਤਾ ਬਣਾਏ ਰੱਖਣਾ ਬਹੁਤ ਜ਼ਰੂਰੀ ਹੈ, ਜਿਸ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ।ਪੇਪਰ ਲੀਕ ਦੀਆਂ ਲਗਾਤਾਰ ਵਾਪਰੀਆਂ ਘਟਨਾਵਾਂ ਕਾਰਨ ਦੇਸ਼ ਭਰ ਦੇ ਪ੍ਰੀਖਿਆਰਥੀਆਂ ਵਿੱਚ ਭਾਰੀ ਰੋਸ ਸੀ। ਵਿਦਿਆਰਥੀਆਂ ਵੱਲੋਂ ਦਿੱਲੀ ਦੇ ਜੰਤਰ-ਮੰਤਰ ਸਮੇਤ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਸਨ ਅਤੇ ਨੈਤਿਕਤਾ ਦੇ ਆਧਾਰ 'ਤੇ ਸਿੱਖਿਆ ਮੰਤਰੀ ਦੇ ਅਸਤੀਫ਼ੇ ਦੀ ਮੰਗ ਕੀਤੀ ਜਾ ਰਹੀ ਸੀ। ਪ੍ਰਦਰਸ਼ਨਕਾਰੀਆਂ ਦਾ ਤਰਕ ਸੀ ਕਿ ਅਜਿਹੀਆਂ ਲਾਪਰਵਾਹੀਆਂ ਨੇ ਲੱਖਾਂ ਹੋਣਹਾਰ ਵਿਆਰਥੀਆਂ ਦੀ ਸਾਲਾਂ ਦੀ ਮਿਹਨਤ 'ਤੇ ਪਾਣੀ ਫੇਰ ਦਿੱਤਾ ਸੀ।ਜਸ਼ਨ ਮਨਾ ਰਹੇ ਲੋਕਾਂ ਨੇ ਇਸ ਅਸਤੀਫ਼ੇ ਨੂੰ ਦੇਸ਼ ਦੇ ਪੜ੍ਹਨ ਵਾਲੇ ਨੌਜਵਾਨਾਂ ਅਤੇ ਵਿਦਿਆਰਥੀ ਸੰਘਰਸ਼ ਦੀ ਵੱਡੀ ਜਿੱਤ ਕਰਾਰ ਦਿੱਤਾ।ਇਸ ਮੌਕੇ ਸ਼ਮਸ਼ਾਦ ਝੋਕ, ਸ਼ਹਾਬੁਦੀਨ, ਕੌਂਸਲਰ ਮੁਨਸ਼ੀ ਫ਼ਾਰੂਕ, ਸ਼ਾਹਿਦ ਜ਼ੁਬੈਰੀ, ਮੁਹੰਮਦ ਖ਼ਾਲਿਦ, ਐਡਵੋਕੇਟ ਜ਼ਾਹਿਦ ਖਾਨ ਜੈਜ਼ੀ, ਜ਼ਹੂਰ ਅਹਿਮਦ ਚੌਹਾਨ, ਮੁਹੰਮਦ ਅਨਵਾਰ ਬਬਲੀ, ਮੁਹੰਮਦ ਨਸੀਮ, ਅਬਦੁਲ ਰੱਜ਼ਾਕ ਜਾਕੀ ਅਤੇ ਮੁਹੰਮਦ ਸਮੀਰ ਪੱਪੀ ਪ੍ਰਮੁੱਖ ਰੂਪ 'ਚ ਮੌਜੂਦ ਸਨ।

## ਮੋਟਰਸਾਈਕਲ ਚੋਰ ਗਿਰੋਹ ਦੇ ਦੋ ਮੈਂਬਰ ਗ੍ਰਿਫ਼ਤਾਰ



**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ)**-ਥਾਣਾ ਸਿਟੀ ਧੂਰੀ ਦੀ ਪੁਲਿਸ ਨੇ ਮੋਟਰਸਾਈਕਲ ਚੋਰੀ ਕਰਨ ਵਾਲੇ ਇੱਕ ਗਿਰੋਹ ਦਾ ਪਰਦਾਫਾਸ਼ ਕਰਨ ਦਾ ਦਾਅਵਾ ਕਰਦਿਆਂ ਗਿਰੋਹ ਦੇ ਦੋ ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਚੋਰੀ ਦੇ 2 ਮੋਟਰਸਾਈਕਲ ਬਰਾਮਦ ਕੀਤੇ ਹਨ।ਇਸ ਤੋਂ ਇਲਾਵਾ ਕਾਸਮੈਟਿਕ ਦੀ ਦੁਕਾਨ ਵਿੱਚ ਹੋਈ ਚੋਰੀ ਦੇ ਮਾਮਲੇ ਵਿੱਚ ਇੱਕ ਹੋਰ ਮੁਲਜ਼ਮ ਨੂੰ ਵੀ ਕਾਬੂ ਕਰਕੇ ਚੋਰੀ ਕੀਤਾ ਸਾਮਾਨ ਅਤੇ ਨਕਦੀ ਬਰਾਮਦ ਕੀਤਾ ਗਿਆ।ਡੀ ਐੱਸ ਪੀ ਧੂਰੀ ਗੁਰਪ੍ਰੀਤ ਸਿੰਘ ਨੇ ਥਾਣਾ ਸਿਟੀ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਪਿਛਲੇ ਕੁਝ ਦਿਨਾਂ ਤੋਂ ਸ਼ਹਿਰ ਵਿੱਚ ਮੋਟਰਸਾਈਕਲ ਚੋਰੀ ਦੀਆਂ ਵਧ ਰਹੀਆਂ ਵਾਰਦਾਤਾਂ ਨੂੰ ਧਿਆਨ ਵਿੱਚ ਰੱਖਦਿਆਂ ਪੁਲਿਸ ਵੱਲੋਂ ਸਿਟੀ ਪੁਲਿਸ ਦੇ ਐਸ ਐਚ ਓ ਰਮਨਦੀਪ ਸਿੰਘ ਬਾਵਾ ਦੀ ਅਗਵਾਈ ਹੇਠ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਸੀ।ਇਸ ਦੌਰਾਨ ਮਿਲੀ ਗੁਪਤ ਸੂਚਨਾ ਦੇ ਆਧਾਰ 'ਤੇ ਹਨੀ ਖਾਨ ਅਤੇ ਸਾਗਰ, ਵਾਸੀ ਰਾਮਨਗਰ ਬਸਤੀ, ਮਾਨਵਾਲਾ ਫਾਟਕ, ਧੂਰੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਜਿਨ੍ਹਾਂ ਦੇ ਕਬਜ਼ੇ ਵਿੱਚੋਂ ਚੋਰੀ ਦੇ ਦੋ ਮੋਟਰਸਾਈਕਲ ਬਰਾਮਦ ਹੋਏ।ਉਨ੍ਹਾਂ ਦੱਸਿਆ ਕਿ ਬਾਗੜੀਆਂ ਰੋਡ ਸਥਿਤ ਇੱਕ ਕਾਸਮੈਟਿਕ ਦੀ ਦੁਕਾਨ ਵਿੱਚ ਹੋਈ ਚੋਰੀ ਦੇ ਮਾਮਲੇ ਵਿੱਚ ਜਸਕਰਨ ਸਿੰਘ, ਵਾਸੀ ਦਸਮੇਸ਼ ਨਗਰ, ਹਾਲ ਆਬਾਦ ਜਗਤਪੁਰਾ ਮੁਹੱਲਾ, ਧੂਰੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।ਪੁਲਸ ਨੇ ਉਸ ਦੇ ਕਬਜ਼ੇ ਵਿੱਚੋਂ ਦੁਕਾਨ ਤੋਂ ਚੋਰੀ ਕੀਤੀ ਨਕਦੀ ਅਤੇ ਹੋਰ ਸਾਮਾਨ ਬਰਾਮਦ ਕਰ ਲਿਆ ਹੈ।

## ਸਨਮਤੀ ਵਿਮਲ ਜੈਨ ਸਕੂਲ ਦੇ ਵਿਦਿਆਰਥੀ ਚਮਕੇ



**ਜਗਰਾਉਂ (ਅਮਿਤ ਖੰਨਾ)**-ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਉਂ ਦੇ ਵਿਦਿਆਰਥੀ ਜਿੱਥੇ ਪੜ੍ਹਾਈ ਦੇ ਖੇਤਰ ਵਿੱਚ ਲਗਾਤਾਰ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕਰ ਰਹੇ ਹਨ, ਉੱਥੇ ਹੀ ਖੇਡਾਂ ਵਿੱਚ ਵੀ ਆਪਣੀ ਕਾਬਲੀਅਤ ਦਾ ਲੋਹਾ ਮਨਵਾ ਰਹੇ ਹਨ।ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਕਰਵਾਈਆਂ ਗਈਆਂ 70ਵੀਆਂ ਜ਼ੋਨਲ ਸਕੂਲ ਖੇਡਾਂ, ਜੋ ਸਰਕਾਰੀ ਹਾਈ ਸਕੂਲ ਰਾਮਗੜ੍ਹ ਭੁੱਲਰ ਵਿਖੇ ਆਯੋਜਿਤ ਹੋਈਆਂ, ਜਿਸ ਵਿੱਚ ਸਨਮਤੀ ਵਿਮਲ ਜੈਨ ਸਕੂਲ ਦੀ ਅੰਡਰ-17 ਕ੍ਰਿਕਟ ਟੀਮ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਮਾਣ ਨਾਲ ਉੱਚਾ ਕੀਤਾ।ਜੇਤੂ ਟੀਮ ਦੇ ਖਿਡਾਰੀਆਂ ਵਿੱਚ ਆਜ਼ਮ ਇੰਦਰਿਸ਼ੀ, ਮਾਨਵ ਜੋਤ, ਰਾਜਵੀਰ ਸਿੰਘ, ਤਰੁਣ ਮੌਰਿਆ, ਬਿਨੇ ਕੁਮਾਰ, ਸਾਦਿਕ ਸ਼ਰਮਾ, ਜਸ਼ਨ ਕੁਮਾਰ, ਸਾਹਿਲ ਕੁਮਾਰ, ਜੈਸਨੋਰ ਸਿੰਘ, ਅੰਕੁਸ਼ ਕੁਮਾਰ, ਜਤਿੰਨ ਤੇ ਗੁਰਸ਼ਰਨਦੀਪ ਸਿੰਘ ਨੇ ਆਪਣੀ ਬਿਹਤਰੀਨ ਖੇਡ ਨਾਲ ਟੀਮ ਦੀ ਜਿੱਤ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ।ਜੇਤੂ ਖਿਡਾਰੀਆਂ ਦੇ ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਸੁਪ੍ਰਿਆ ਖੁਰਾਨਾ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਜਿੱਤ ਦੀ ਵਧਾਈ ਦਿੰਦਿਆਂ ਭਵਿੱਖ ਲਈ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਕੂਲ ਦੇ ਡੀ.ਪੀ ਇੰਦਰਜੀਤ ਸਿੰਘ, ਪਰਮਜੀਤ ਕੌਰ, ਰਘੂਵੀਰ ਸਿੰਘ, ਬਬਿਤਾ ਕੁਮਾਰੀ ਆਦਿ ਹਾਜ਼ਿਰ ਸਨ।

## ਪੰਜਾਬ ਸਰਕਾਰ ਔਰਤਾਂ ਨੂੰ ਆਤਮ ਨਿਰਭਰ ਬਣਾਉਣ ਲਈ ਯਤਨਸ਼ੀਲ : ਡਾ. ਬਲਜੀਤ ਕੌਰ



**ਮਲੋਟ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਓਮ ਪ੍ਰਕਾਸ਼ ਸ਼ੇਖੂ)**-ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵਲੋਂ ਬੁੱਧਵਾਰ ਨੂੰ ਮਲੋਟ ਵਿਖੇ ਜਿਲ੍ਹਾ ਪੱਧਰੀ ਧੀਆਂ ਦੀਆਂ ਤੀਆਂ ਦੇ ਮੇਲੇ ਦਾ ਆਯੋਜਨ ਕੀਤਾ ਗਿਆ।ਇਸ ਮੇਲੇ ਦੀ ਪ੍ਰਧਾਨਗੀ ਡਾ.ਬਲਜੀਤ ਕੌਰ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ ਨੇ ਕੀਤੀ ਅਤੇ ਮੁੱਖ ਮੰਤਰੀ ਪੰਜਾਬ ਦੀ ਮਾਤਾ ਸ੍ਰੀਮਤੀ ਹਰਪਾਲ ਕੌਰ ਅਤੇ ਸ੍ਰੀਮਤੀ ਰਾਜ ਲਾਲੀ ਗਿੱਲ ਚੇਅਰਮੈਨ ਰਾਜ ਮਹਿਲਾ ਕਮਿਸ਼ਨ ਪੰਜਾਬ ਨੇ ਵਿਸ਼ੇਸ਼ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਡਾ. ਬਲਜੀਤ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਔਰਤਾਂ ਨੂੰ ਆਤਮ ਨਿਰਭਰ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਤਾਂ ਜੋ ਉਹ ਆਪਣੇ ਪਰਿਵਾਰ ਦਾ ਸਹੀ ਢੰਗ ਨਾਲ ਪਾਲਣ ਪੋਸਣ ਕਰ ਸਕਣ। ਇਸ ਮੌਕੇ ਉਹਨਾਂ ਮਲੋਟ ਹਲਕੇ ਵਿੱਚ ਨਿਯੁਕਤ ਕੀਤੀਆਂ ਗਈਆਂ 14 ਆਂਗਣਵਾੜੀ ਵਰਕਰਾਂ ਅਤੇ 94 ਹੈਲਪਰਾਂ ਨੂੰ ਨਿਯੁਕਤੀ ਪੱਤਰ ਵੀ ਦਿੱਤੇ। ਮਾਤਾ ਹਰਪਾਲ ਕੌਰ ਨੇ ਔਰਤਾਂ ਨੂੰ ਤੀਆਂ ਦੀ ਵਧਾਈ ਦਿੰਦਿਆਂ ਕਿਹਾ ਕਿ ਤੀਆਂ ਸਿਰਫ਼ ਤਿਉਹਾਰ ਨਹੀਂ, ਸਗੋਂ ਰਿਸ਼ਤਿਆਂ ਅਤੇ ਪੰਜਾਬੀ ਸੱਭਿਆਚਾਰ ਨੂੰ ਮਜਬੂਤ ਕਰਦਾ ਹੈ।ਇਸ ਮੌਕੇ ਸੈਂਕੜੇ ਮਹਿਲਾਵਾਂ ਨੇ ਰਵਾਇਤੀ ਪੰਜਾਬੀ ਪਹਿਰਾਵਿਆਂ ਵਿੱਚ ਸ਼ਿਰਕਤ ਕਰਕੇ ਗਿੱਧਾ, ਬੋਲੀਆਂ, ਫੁਲਕਾਰੀ ਅਤੇ ਪੰਜਾਬੀ ਸੱਭਿਆਚਾਰ ਦੀਆਂ ਰੰਗਾਰੰਗ ਪੇਸ਼ਕਾਰੀਆਂ ਪੇਸ਼ ਕੀਤੀਆਂ।

# ਸਾਮਰਾਜ ਤੇ ਫਿਰਕੂ-ਫਾਸ਼ੀਵਾਦ ਤੋਂ ਮੁਕਤੀ ਬਿਨਾਂ ਦੇਸ਼ ਦੀ ਤਰੱਕੀ ਸੰਭਵ ਨਹੀਂ : ਮੰਗਤ ਰਾਮ ਪਾਸਲਾ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐੱਮ.ਪੀ.ਆਈ.) ਦੀ ਤਰਨਤਾਰਨ ਤਹਿਸੀਲ ਕਮੇਟੀ ਵਲੋਂ ਸੁਤੰਤਰਤਾ ਸੰਗਰਾਮ ਦੇ ਮਹਾਨ ਸ਼ਹੀਦ ਊਧਮ ਸਿੰਘ ਸੁਨਾਮ ਉਰਫ ਮੁਹੰਮਦ ਸਿੰਘ ਆਜ਼ਾਦ ਦਾ ਸ਼ਹੀਦੀ ਦਿਹਾੜਾ ਇੱਥੋਂ ਦੀ ਗੰਢਿਆਂ ਵਾਲੀ ਧਰਮਸ਼ਾਲਾ 'ਚ ਪ੍ਰਭਾਵਸ਼ਾਲੀ ਸੈਮੀਨਾਰ ਸੱਦ ਕੇ ਮਨਾਇਆ ਗਿਆ।ਸੈਮੀਨਾਰ ਦੇ ਮੁੱਖ ਬੁਲਾਰੇ ਪਾਰਟੀ ਦੇ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ ਨੇ 'ਸਾਮਰਾਜ ਅਤੇ ਫਿਰਕੂ-ਫਾਸ਼ੀਵਾਦ ਵਲੋਂ ਦਰਪੇਸ਼ ਖਤਰੇ ਤੇ ਭਾਰਤੀ ਲੋਕ' ਵਿਸ਼ੇ ਦਾ ਕੁੰਜੀਵਤ ਭਾਸ਼ਣ ਦਿੱਤਾ।ਰਾਜ ਕਮੇਟੀ ਦੇ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਸੂਬੇ ਦੀ ਅਜੋਕੀ ਗੰਭੀਰ ਸਥਿਤੀ ਬਾਰੇ ਵਿਚਾਰ ਰੱਖੇ।ਦੋਨੋਂ ਪ੍ਰਮੁੱਖ ਬੁਲਾਰਿਆਂ ਨੇ ਅਦੁੱਤੀ ਸ਼ਹੀਦ ਦੀ ਲੋਕ ਪੱਖੀ ਸੋਚ, ਆਪਣੇ ਅਕੀਦੇ ਪ੍ਰਤੀ ਉਨ੍ਹਾਂ ਦੇ ਅਟੁੱਟ ਸਮਰਪਣ ਅਤੇ ਘਾਲਣਾਵਾਂ ਭਰਪੂਰ ਜੀਵਨ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਦੇਸ਼ ਵਾਸੀਆਂ, ਖਾਸ ਕਰਕੇ ਨੌਜਵਾਨੀ ਨੂੰ ਉਨ੍ਹਾਂ ਦੀ ਸੋਚ ਦੇ ਹਾਣੀ ਬਣਨ ਤੇ ਉਨ੍ਹਾਂ ਦੇ ਪਦਚਿਨ੍ਹਾਂ 'ਤੇ ਚੱਲਣ ਦਾ ਸੱਦਾ ਦਿੱਤਾ।ਉਨ੍ਹਾਂ ਕਿਹਾ ਕਿ ਸ਼ਹੀਦ ਊਧਮ ਸਿੰਘ ਜਿੰਨੀ ਘ੍ਰਿਣਾ ਪੂਰੀ ਦੁਨੀਆ ਨੂੰ ਗੁਲਾਮ ਬਣਾਉਣ ਵਾਲੇ ਸਾਮਰਾਜੀ ਧਾੜਵੀਆਂ ਨੂੰ ਕਰਦੇ ਸਨ, ਉਸ ਤੋਂ ਕਿਤੇ ਵਧੇਰੇ ਨਫਰਤ ਉਹ ਹਰ ਧਰਮ ਵਿਚਲੇ ਕੱਟੜਪੰਥੀਆਂ ਨੂੰ ਕਰਦੇ ਸਨ।ਸਾਂਝੀਵਾਲਤਾ ਦੇ ਮੁਦੱਈ ਹੋਣ ਕਰਕੇ ਹੀ ਉਨ੍ਹਾਂ ਨੇ ਆਪਣਾ ਨਾਂ ਮੁਹੰਮਦ ਸਿੰਘ ਆਜ਼ਾਦ ਰੱਖਿਆ ਸੀ। ਜੱਜ ਦੇ ਸਾਹਮਣੇ ਉਨ੍ਹਾਂ ਦਾ ਇਹ ਕਹਿਣਾ ਕਿ ਉਹ ਅੰਗ੍ਰੇਜ਼ ਕੌਮ ਨੂੰ ਨਹੀਂ, ਸਿਰਫ਼ ਤੇ ਸਿਰਫ ਸਾਮਰਾਜੀ ਤੇ ਪੂੰਜੀਵਾਦੀਆਂ ਨੂੰ ਨਫਰਤ ਕਰਦੇ ਹਨ, ਉਨ੍ਹਾਂ ਦੀ ਕੌਮਾਂਤਰੀਵਾਦੀ ਸੋਚ ਦਾ ਪ੍ਰਤੱਖ ਪ੍ਰਮਾਣ ਹੈ।ਸਾਥੀ ਪਾਸਲਾ ਨੇ ਕਿਹਾ ਕਿ ਸਾਮਰਾਜੀਏ, ਖਾਸ ਕਰਕੇ ਅਮਰੀਕੀ ਸਾਮਰਾਜ ਅਜੋਕੇ ਸਮੇਂ ਦੂਜੇ ਵਿਸ਼ਵ ਯੁੱਧ ਤੋਂ ਪਹਿਲਾਂ ਦੇ ਦੌਰ ਨਾਲੋਂ ਵੀ ਕਿਤੇ ਵੱਧ ਖੂੰਖਾਰ ਹੋ ਗਿਆ ਹੈ।ਗਲੋਬ ਦੇ ਕਿਸੇ ਵੀ ਹਿੱਸੇ 'ਚ ਜਾਰੀ ਜੰਗਾਂ, ਤਖਤਾ ਪਲਟ ਦੀਆਂ ਸਾਜ਼ਿਸ਼ਾਂ, ਖੂਨ-ਖਰਾਬੇ ਜਾਂ ਦਹਿਸ਼ਤਗਰਦੀ ਪਿੱਛੇ ਅਮਰੀਕਨ ਸਾਮਰਾਜ ਤੇ ਇਸ ਦੇ ਜੋਟੀਦਾਰਾਂ ਦਾ ਹੱਥ ਹੈ।ਭਾਰਤ ਸਮੇਤ ਤਕਰੀਬਨ ਹਰ ਦੇਸ਼ ਦੇ ਲੋਕਾਂ ਵਲੋਂ ਚੁਣੀ ਹੋਈ ਸਰਕਾਰ ਆਪੋ-ਆਪਣੇ ਦੇਸ਼ ਜਾਂ ਲੋਕਾਂ ਦੇ ਹਿੱਤ 'ਚ ਫੈਸਲੇ ਲੈਣ ਦੀ ਥਾਂ ਸਾਮਰਾਜੀਆਂ ਵੱਲੋਂ ਘੜੀਆਂ ਨਵ-ਉਦਾਰਵਾਦੀ ਨੀਤੀਆਂ ਲਾਗੂ ਕਰ ਰਹੀ ਹੈ।ਸਾਥੀ ਪਾਸਲਾ ਨੇ ਕਿਹਾ ਕਿ ਸਾਮਰਾਜੀ ਜਰਵਾਣੇ, ਮੌਜੂਦ ਵਿਸ਼ਵ ਨਿਜ਼ਾਮ (ਵਰਲਡ ਆਰਡਰ) ਨੂੰ ਜਿਉਂ ਦਾ ਤਿਉਂ ਕਾਇਮ ਰੱਖਣ ਤੇ ਕਿਰਤੀ ਲੋਕਾਈ ਨੂੰ ਸਮਾਜਿਕ ਤਬਦੀਲੀ ਦੇ ਲੋਕ ਯੁੱਧ ਦੇ ਰਾਹ ਪੈਣ ਤੋਂ ਭਟਕਾਉਣ ਲਈ ਸੰਸਾਰ ਦੇ ਹਰ ਖੂੰਜੇ 'ਚ ਸੱਜ ਪਿਛਾਖੜੀਆਂ ਤੇ ਕਟੜਪ੍ਰਸਤਾਂ, ਜੋ ਲੋਕਾਂ ਨੂੰ ਨਸਲ-ਧਰਮ ਆਦਿ ਦੇ ਨਾਂਅ ਤੇ ਇਕ-ਦੂਜੇ ਦੇ ਵੈਰੀ ਬਣਾਉਂਦੇ ਹਨ, ਦਾ ਬੋਲਬਾਲਾ ਕਾਇਮ ਕਰਨ ਲੱਗੇ ਹੋਏ ਹਨ।ਸਾਥੀ ਪਾਸਲਾ ਨੇ ਕਿਹਾ ਕਿ ਸਾਮਰਾਜ ਤੇ ਫਿਰਕੂ-ਫਾਸ਼ੀਵਾਦ ਤੋਂ ਮੁਕਤੀ ਹਾਸਲ ਕੀਤੇ ਬਗੈਰ ਭਾਰਤੀ ਆਵਾਮ ਦੀ ਬਿਹਤਰੀ ਬਾਰੇ ਸੋਚਿਆ ਤੱਕ ਵੀ ਨਹੀਂ ਜਾ ਸਕਦਾ।ਉਨ੍ਹਾਂ ਕਿਹਾ ਕਿ ਦੇਸ਼ ਨੂੰ ਨਵ-ਬਸਤੀਵਾਦੀ ਗੁਲਾਮੀ ਦੇ ਜੂਲੇ ਤੋਂ ਮੁਕਤੀ ਪਾਉਣ ਲਈ ਸਾਮਰਾਜ ਤੇ ਫਿਰਕੂ-ਫਾਸ਼ੀਵਾਦ ਖਿਲਾਫ ਆਜ਼ਾਦੀ ਦਾ ਇਕ ਹੋਰ ਯੁੱਧ ਲੜਨਾ ਹੋਵੇਗਾ।ਇਸ ਮੌਕੇ ਮੁਖਤਿਆਰ ਸਿੰਘ ਮੱਲ੍ਹਾ, ਬਲਦੇਵ ਸਿੰਘ ਪੰਡੋਰੀ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਨਰਿੰਦਰ ਸਿੰਘ ਰਟੌਲ, ਕੁਲਦੀਪ ਸਿੰਘ ਮਾਣੋਚਾਹਲ, ਜਰਨੈਲ ਸਿੰਘ ਰਸੂਲਪੁਰ, ਸੁਖਦੇਵ ਸਿੰਘ ਜਵੰਦਾ, ਸੁਲੱਖਣ ਸਿੰਘ ਤੁੜ, ਦਵਿੰਦਰ ਸਿੰਘ ਬਿੱਟੂ, ਕਰਮ ਸਿੰਘ ਪੰਡੋਰੀ ਆਦਿ ਹਾਜ਼ਰ ਸਨ।



# ਸੀਪੀਆਈ ਐੱਮਐੱਲ ਲਿਬਰੇਸ਼ਨ ਨੇ ਸ਼ਹੀਦ ਊਧਮ ਸਿੰਘ ਦਾ 87ਵਾਂ ਸ਼ਹੀਦੀ ਦਿਵਸ ਮਨਾਇਆ

**ਬਟਾਲਾ (ਤਰਲੋਕ ਬੱਗਾ)** ਸੀਪੀਆਈ ਐੱਮਐੱਲ ਲਿਬਰੇਸ਼ਨ ਵੱਲੋਂ ਆਪਣੇ ਫੈਜ਼ਪੁਰਾ ਰੋਡ ਦਫਤਰ ਵਿਖੇ ਸ਼ਹੀਦ ਊਧਮ ਸਿੰਘ ਦਾ 87ਵਾਂ ਸ਼ਹੀਦੀ ਦਿਵਸ ਮਨਾਇਆ ਗਿਆ।ਇਸ ਸਮੇਂ ਬੋਲਦਿਆਂ ਲਿਬਰੇਸ਼ਨ ਦੇ ਸੂਬਾ ਆਗੂ ਗੁਲਜ਼ਾਰ ਸਿੰਘ ਭੁੰਬਲੀ, ਬਲਬੀਰ ਸਿੰਘ ਮੂਦਲ ਅਤੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਦੀ ਸ਼ਹਾਦਤ ਭਾਰਤ ਦੇਸ਼ 'ਚੋਂ ਸਮੁੱਚੀ ਸਾਮਰਾਜ ਲੁੱਟ ਅਤੇ ਉਡਵਾਇਰਾਂ ਦੇ ਜਬਰ ਨੂੰ ਖਤਮ ਕਰਨ ਦੀ ਸ਼ਹਾਦਤ ਸੀ ਪਰ ਅੱਜ ਵੀ ਭਾਰਤੀ ਹਾਕਮਾਂ ਵੱਲੋਂ ਇਸ ਆਜ਼ਾਦ ਦੇਸ਼ ਵਿੱਚ ਉਡਵਾਇਰਾਂ ਵਰਗਾ ਜਬਰ ਕੀਤਾ ਜਾ ਰਿਹਾ ਹੈ।ਉਨ੍ਹਾਂ ਦਿੱਲੀ ਦੇ ਜੰਤਰ ਮੰਤਰ ਦੇ ਵਿਦਿਆਰਥੀ ਘੋਲ ਦਾ ਹਵਾਲਾ ਦਿੰਦਿਆਂ ਕਿਹਾ ਕਿ ਮੋਦੀ ਸਰਕਾਰ ਦੇ ਸੁਰੱਖਿਆ ਬਲਾਂ ਵੱਲੋਂ ਅੱਥਰੂ ਗੈਸ, ਪੈਲੇਟ ਗੰਨਾਂ ਅਤੇ ਬਿਹਾਰ ਵਿੱਚ ਏ ਕੇ 47 ਦੁਆਰਾ ਵਿਦਿਆਰਥੀਆਂ 'ਤੇ ਕੀਤੀ ਗਈ ਫਾਇਰਿੰਗ ਇੱਕ ਜਮਹੂਰੀ ਤੇ ਲੋਕਤੰਤਰ ਦੇਸ਼ ਵਿੱਚ ਹਾਕਮਾਂ ਦੇ ਲੋਕ ਵਿਰੋਧੀ ਚਿਹਰੇ ਨੂੰ ਨੰਗਾ ਕਰਦੀ ਹੈ। ਇਸੇ ਤਰ੍ਹਾਂ ਪੰਜਾਬ ਵਿੱਚ ਪੰਜਾਬ ਦੀ ਮਾਨ ਸਰਕਾਰ ਵੱਲੋਂ ਦਲਤਾਂ, ਮੁਲਾਜ਼ਮਾਂ ਅਤੇ ਹੋਰ ਵਰਗਾਂ ਉਪਰ ਕੀਤਾ ਜਾ ਰਿਹਾ ਅੰਨ੍ਹਾ ਜਬਰ ਸਾਬਤ ਕਰਦਾ ਹੈ ਕਿ ਇਹ ਸਰਕਾਰਾਂ ਆਮ ਲੋਕਾਂ ਦੀਆਂ ਸਰਕਾਰਾਂ ਨਹੀਂ ਹਨ।ਉਨ੍ਹਾਂ ਕਿਹਾ ਕਿ ਭਾਰਤ ਦੇ ਲੋਕਾਂ ਨੂੰ ਜਬਰ ਜ਼ੁਲਮ ਦੀਆਂ ਸਰਕਾਰਾਂ ਤੋਂ ਛੁਟਕਾਰਾ ਪਾਉਣ ਲਈ ਇੱਕ ਵਿਸ਼ਾਲ ਇਨਕਲਾਬੀ ਲਹਿਰ ਖੜੀ ਕਰਨੀ ਹੋਵੇਗੀ।

ਇਸ ਸਮੇਂ ਮੰਗ ਕੀਤੀ ਗਈ ਕਿ ਮੋਦੀ ਸਰਕਾਰ ਵਿਦਿਆਰਥੀਆਂ ਨਾਲ ਕੀਤੇ ਸਮਝੌਤੇ ਮੁਤਾਬਕ ਸਮੁੱਚੇ ਵਿਦਿਆਰਥੀਆਂ ਨੂੰ ਰਿਹਾਅ ਕਰੇ ਅਤੇ ਉਨ੍ਹਾਂ ਉਪਰ ਬਣਾਏ ਗਏ ਗੈਰ-ਕਾਨੂਨੀ ਕੇਸ ਵਾਪਸ ਲਵੇ ਜਾਣ।ਇਕ ਹੋਰ ਮਤੇ ਵਿੱਚ ਅਮਰੀਕਾ ਵੱਲੋਂ ਈਰਾਨ ਉੱਪਰ ਕੀਤੇ ਜਾ ਰਹੇ ਹਮਲਿਆ ਦੀ ਸਖਤ ਨਿੰਦਾ ਕਰਦਿਆਂ ਈਰਾਨੀ ਲੋਕਾਂ ਨਾਲ ਇਕਮੁੱਠਤਾ ਜ਼ਾਹਰ ਕੀਤੀ ਗਈ।ਇਸ ਸਮੇਂ ਸ਼ਮਸ਼ੇਰ ਸਿੰਘ ਹੇਰ, ਹਰਵਿੰਦਰ ਸਿੰਘ ਮੱਲੀ, ਪ੍ਰੇਮ ਮਸੀਹ ਸੋਨਾ, ਫੂਲ ਚੰਦ, ਬਸ਼ੀਰ ਗਿੱਲ, ਰਾਜੂ ਬਟਾਲਾ, ਬਿੱਟਾ ਅਠਵਾਲ, ਰਮਨਪ੍ਰੀਤ ਪਿੰਡੀ, ਅਨਮੋਲ ਚਿਤੌੜਗੜ੍ਹ, ਸਰਬਜੀਤ ਮੂਧਲ, ਭੁਪਿੰਦਰ ਸਿੰਘ ਅਤੇ ਦਰਸ਼ਨ ਖਰੋਟਾ ਹਾਜ਼ਰ ਸਨ।




# ਦਿਹਾਤੀ ਮਜ਼ਦੂਰ ਸਭਾ ਦੀ ਪਿੰਡ ਲੁਹਾਰ ਵਿਖੇ ਹੋਈ ਅਹਿਮ ਮੀਟਿੰਗ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਦਿਹਾਤੀ ਮਜ਼ਦੂਰ ਸਭਾ ਦੀ ਮੀਟਿੰਗ ਪਿੰਡ ਲੁਹਾਰ ਵਿਖੇ ਲਖਬੀਰ ਸਿੰਘ ਦੀ ਪ੍ਰਧਾਨਗੀ ਹੇਠ ਕਰਵਾਈ ਗਈ ਜਿਸ ਨੂੰ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਬੀਰ ਸਿੰਘ ਵੈਰੋਵਾਲ ਤੇ ਜੋਗਿੰਦਰ ਸਿੰਘ ਤਹਿਸੀਲ ਸਕੱਤਰ ਖਡੂਰ ਸਾਹਿਬ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਗਰੀਬ ਪਰਿਵਾਰਾਂ ਨੂੰ ਕੋਈ ਸਹੂਲਤ ਨਹੀਂ ਦਿੱਤੀ। ਗਰੀਬ ਲੋਕਾਂ ਕੋਲੋਂ ਮਨਰੇਗਾ ਤਹਿਤ ਮਿਲਣ ਵਾਲਾ ਕੰਮ ਵੀ ਖੋਹ ਲਿਆ ਹੈ। ਮਸ਼ੀਨਰੀ ਆਉਣ ਨਾਲ ਪਹਿਲਾਂ ਹੀ ਮਜ਼ਦੂਰਾਂ ਦੇ ਕਰੋੜਾਂ ਹੱਥ ਵਿਹਲੇ ਹੋ ਚੁੱਕੇ ਹਨ ਜਿਸ ਦਾ ਬਦਲਵਾਂ ਕੋਈ ਹੱਲ ਵੀ ਨਹੀਂ ਕੀਤਾ ਜਿਸ ਨਾਲ ਬੇਰੁਜ਼ਗਾਰੀ ਵਿੱਚ ਅਥਾਹ ਵਾਧਾ ਹੋਇਆ ਹੈ। ਮਹਿੰਗਾਈ ਨਾਲ ਗਰੀਬ ਲੋਕਾਂ ਕੋਲੋਂ ਦੋ ਡੰਗ ਦੀ ਰੋਟੀ, ਇਲਾਜ, ਵਿੱਦਿਆ, ਘਰ ਬਣਾਉਣ ਲਈ ਪੈਸੇ ਨਹੀਂ ਹਨ। ਇਨ੍ਹਾਂ ਮਸਲਿਆਂ ਨੂੰ ਹੱਲ ਕਰਵਾਉਣ ਲਈ 5 ਅਗਸਤ ਨੂੰ ਪੇਂਡੂ ਤੇ ਖੇਤ ਮਜ਼ਦੂਰਾਂ ਦੀਆਂ ਜਥੇਬੰਦੀਆਂ ਵੱਲੋਂ ਜਲੰਧਰ ਦੇਸ਼ ਭਗਤ ਯਾਦਗਾਰ ਹਾਲ ਵਿਖੇ ਵੱਡਾ ਇਕੱਠ ਕਰਕੇ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦਾਰਾ ਸਿੰਘ ਮੁੰਡਾ ਪਿੰਡ, ਬਖਸ਼ੀਸ ਸਿੰਘ, ਨਿਰਵੈਰ ਸਿੰਘ, ਦਰਸ਼ਨ ਸਿੰਘ, ਬਲਵਿੰਦਰ ਸਿੰਘ, ਗੁਰਦਿਆਲ ਸਿੰਘ, ਹੀਰਾ ਸਿੰਘ, ਸੁਖਦੇਵ ਸਿੰਘ ਅਤੇ ਬਾਹਲ ਸਿੰਘ ਆਦਿ ਆਗੂ ਹਾਜ਼ਰ ਸਨ।


# ਕਰਨਬੀਰ ਸਿੰਘ ਬੁਰਜ ਨੇ ਲੋਕਾਂ ਨੂੰ ਕਾਂਗਰਸ ਪਾਰਟੀ ਦੀਆਂ ਨੀਤੀਆਂ ਬਾਰੇ ਕਰਵਾਇਆ ਜਾਣੂ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਕਾਂਗਰਸ ਪਾਰਟੀ ਦੇ ਵਿਧਾਨ ਸਭਾ ਹਲਕਾ ਤਰਨ ਤਾਰਨ ਤੋਂ ਕਾਂਗਰਸ ਇੰਚਾਰਜ ਕਰਨਬੀਰ ਸਿੰਘ ਬੁਰਜ ਵੱਲੋਂ ਪਿਛਲੇ ਕਈ ਦਿਨਾਂ ਤੋਂ ਹਲਕੇ ਵਿੱਚ ਪਾਰਟੀ ਦੀ ਮਜ਼ਬੂਤੀ ਲਈ ਸ਼ੁਰੂ ਕੀਤੀ ਅਸ਼ੀਰਵਾਦ ਯਾਤਰਾ ਤਹਿਤ ਪਿੰਡ ਝਬਾਲ ਖਾਸ ਵਿਖੇ ਕਰਨਬੀਰ ਸਿੰਘ ਬੁਰਜ ਨੇ ਦਿਨ ਚੜ੍ਹਦਿਆਂ ਹੀ ਪਿੰਡ ਦੀਆਂ ਗਲੀਆਂ ਵਿੱਚ ਪਹੁੰਚ ਕੇ ਘਰ ਘਰ ਜਾ ਕੇ ਲੋਕਾਂ ਦਾ ਆਸ਼ੀਰਵਾਦ ਲਿਆ ਅਤੇ ਪਾਰਟੀ ਦੀਆਂ ਨੀਤੀਆਂ ਤੋਂ ਲੋਕਾਂ ਨੂੰ ਜਾਣੂ ਕਰਾਇਆ ਜਿਸ ਦੌਰਾਨ ਪਿੰਡ ਵਾਸੀਆਂ ਨੇ ਬਹੁਤ ਹੀ ਉਤਸ਼ਾਹ ਨਾਲ ਸਵਾਗਤ ਕਰਦਿਆਂ ਕਾਂਗਰਸ ਪਾਰਟੀ ਨਾਲ ਚੱਲਣ ਦਾ ਵਿਸ਼ਵਾਸ ਦਿੱਤਾ। ਕਰਨਬੀਰ ਸਿੰਘ ਬੁਰਜ ਆਖਿਆ ਕਿ ਕਾਂਗਰਸ ਪਾਰਟੀ ਹੀ ਸੂਬੇ ਦੇ ਹਿੱਤਾਂ ਦੀ ਗੱਲ ਕਰ ਸਕਦੀ ਹੈ ਤੇ ਪੰਜਾਬ ਦੇ ਵਿਕਾਸ ਕਾਰਜਾਂ ਨੂੰ ਤੇਜ਼ ਕਰਕੇ ਮੁੱਢ ਤੋਂ ਵਿਕਾਸ ਦੀਆਂ ਲੀਹਾਂ 'ਤੇ ਲਿਆ ਕੇ ਖੜਾ ਕਰੇਗੀ ਜਿਸ ਲਈ 2027 ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਲਿਆਉਣ ਲਈ ਹੁਣ ਤੋਂ ਹੀ ਲੋਕਾਂ ਨੂੰ ਤਿਆਰ ਰਹਿਣਾ ਚਾਹੀਦਾ ਹੈ।ਉਨ੍ਹਾਂ ਆਖਿਆ ਕਿ ਮੈਂ ਹਮੇਸ਼ਾ ਹੀ ਹਲਕੇ ਦੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਰਹਾਂਗਾ ਤੇ ਕਿਸੇ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿਆਂਗਾ। ਇਸ ਮੌਕੇ ਉਨ੍ਹਾਂ ਦੇ ਨਾਲ ਚੇਅਰਮੈਨ ਰਮਨ ਕੁਮਾਰ ਝਬਾਲ, ਸਰਪੰਚ ਗੁਰਪਾਲ ਸਿੰਘ ਜਗਤਪੁਰਾ, ਸਰਪੰਚ ਗੁਰਚਰਨ ਸਿੰਘ ਖੇਰਦੀ, ਸਾਬਕਾ ਸਰਪੰਚ ਨਰਿੰਦਰ ਪੱਪਾ, ਮਾਸਟਰ ਪ੍ਰਿਤਪਾਲ ਸਿੰਘ ਝਬਾਲ, ਸਰਬਜੀਤ ਸਿੰਘ ਪੱਪੂ, ਮਾਸਟਰ ਜਸਪਾਲ ਸਿੰਘ, ਅਵਤਾਰ ਸਿੰਘ ਮਾਸਟਰ, ਬਾਬਾ ਨਿਰਮਲ ਸਿੰਘ ਹਵੇਲੀਆਂ, ਗੁਰਦੇਵ ਸਿੰਘ ਹਵੇਲੀਆਂ, ਜਰਨੈਲ ਸਿੰਘ ਬਿੱਟੂ, ਬਲਵਿੰਦਰ ਸਿੰਘ ਹਵੇਲੀਆਂ, ਹਰਭਿੰਦਰ ਸਿੰਘ ਜੋਈ, ਸੁਖਵਿੰਦਰ ਸਿੰਘ ਬਿੱਟੂ, ਬਲਕਾਰ ਸਿੰਘ ਬਿੱਟੂ, ਮੇਜਰ ਸਿੰਘ, ਨਰਿੰਦਰ ਸਿੰਘ ਝਬਾਲ, ਸਵਰਨ ਸਿੰਘ ਡਰਾਈਵਰ, ਮੈਂਬਰ ਬਲਬੀਰ ਚੰਦ, ਮਿਸਤਰੀ ਦਲਬੀਰ ਸਿੰਘ ਝਬਾਲ, ਰਵੇਲ ਸਿੰਘ ਝਬਾਲ, ਮਨਦੀਪ ਕੁਮਾਰ ਸੋਨੂ, ਲੱਕੀ, ਮਨਜੀਤ ਸਿੰਘ ਕੇਵਲ ਵਾਲਾ, ਸਿੰਮੀ ਝਬਾਲ ਅਤੇ ਹੋਰ ਵੀ ਹਾਜ਼ਰ ਸਨ।




# ਪਨਿਆੜ ਵਿਖੇ 11.45 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਲਿੰਕ ਸੜਕ ਦਾ ਨੀਂਹ ਪੱਥਰ ਰੱਖਿਆ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਵਿਧਾਨ ਸਭਾ ਹਲਕਾ ਦੀਨਾਨਗਰ ਅੰਦਰ ਕਰੀਬ 28 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੇ ਉਦਘਾਟਨ ਅਤੇ ਨੀਂਹ ਪੱਥਰ ਰੱਖੇ ਗਏ।ਪਿੰਡ ਪਨਿਆੜ ਵਿਖੇ ਪਨਿਆੜ ਲਿੰਕ ਸੜਕ ਤੋਂ ਏ.ਪੀ.ਕੇ ਰੋਡ ਤੱਕ ਵਾਇਆ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ 11.45 ਲੱਖ ਰੁਪਏ ਦੀ ਲਾਗਤ ਨਾਲ ਨਵੀਂ ਬਣੀ 900 ਮੀਟਰ ਲਿੰਕ ਸੜਕ ਦਾ ਨੀਂਹ ਪੱਥਰ ਰੱਖਣ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਇਹ ਸਿਰਫ਼ ਇੱਕ ਸੜਕ ਨਹੀਂ ਹੈ, ਸਗੋਂ ਇਹ ਸਾਡੇ ਪਿੰਡਾਂ ਨੂੰ ਤਰੱਕੀ, ਖੁਸ਼ਹਾਲੀ ਅਤੇ ਸ਼ਹਿਰਾਂ ਨਾਲ ਜੋੜਨ ਵਾਲਾ ਇੱਕ ਮਜ਼ਬੂਤ ਪੁਲ ਹੈ।ਪਿਛਲੀਆਂ ਸਰਕਾਰਾਂ ਨੇ ਵੋਟਾਂ ਵੇਲੇ ਲੋਕਾਂ ਨਾਲ ਵੱਡੇ-ਵੱਡੇ ਵਾਅਦੇ ਕੀਤੇ, ਪਰ ਚੋਣਾਂ ਲੰਘਣ ਤੋਂ ਬਾਅਦ ਕਿਸੇ ਨੇ ਵੀ ਲੋਕਾਂ ਦੀ ਸਾਰ ਨਹੀਂ ਲਈ।ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਝੂਠੇ ਵਾਅਦੇ ਕਰਨ ਵਾਲੀ ਨਹੀਂ ਸਗੋਂ ਕੰਮ ਕਰਨ ਵਾਲੀ ਸਰਕਾਰ ਹੈ, ਜੋ ਕਹਿੰਦੀ ਹੈ ਕਰਕੇ ਵਿਖਾਉਂਦੀ ਹੈ।ਸ਼ਮਸ਼ੇਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜਨਤਾ ਦੇ ਟੈਕਸ ਦਾ ਇੱਕ ਇੱਕ ਪੈਸਾ ਇਮਾਨਦਾਰੀ ਨਾਲ ਵਿਕਾਸ ਕਾਰਜਾਂ ਤੇ ਖਰਚਿਆ ਜਾ ਰਿਹਾ ਹੈ।ਹਲਕੇ ਦਾ ਸਰਬਪੱਖੀ ਵਿਕਾਸ ਕਰਨਾ ਅਤੇ ਹਲਕੇ ਦੇ ਲੋਕਾਂ ਦਾ ਜੀਵਨ ਪੱਧਰ ਨੂੰ ਉੱਚਾ ਚੁੱਕਣਾ ਹੀ ਮੇਰਾ ਇੱਕੋਮਾਤਰ ਮਕਸਦ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹਲਕੇ ਦੇ ਬਾਕੀ ਰਹਿੰਦੇ ਵਿਕਾਸ ਕਾਰਜ ਵੀ ਪਹਿਲ ਦੇ ਆਧਾਰ ਤੇ ਪੂਰੇ ਕੀਤੇ ਜਾਣਗੇ।ਇਸ ਮਗਰੋਂ ਉਨ੍ਹਾਂ ਨੇ ਪਿੰਡ ਮਰਾੜਾ ਵਿਖੇ 17 ਲੱਖ ਰੁਪਏ ਦੀ ਲਾਗਤ ਨਾਲ ਕਰੀਬ ਇਕ ਕਿਲੋਮੀਟਰ ਲੰਮੀ ਕੱਚੀ ਫਿਰਨੀ ਨੂੰ ਪੱਕਾ ਕਰਨ ਦੇ ਕੰਮ ਦਾ ਵੀ ਨੀਂਹ ਪੱਥਰ ਵੀ ਰੱਖਿਆ।ਇਸ ਮੌਕੇ ਪਿੰਡ ਪਨਿਆੜ ਦੇ ਸਰਪੰਚ ਵਰਿੰਦਰ ਸਿੰਘ ਬਿੱਟੂ, ਮੰਡੀ ਬੋਰਡ ਦੇ ਐੱਸ. ਡੀ. ਓ ਰਕੇਸ਼ ਕੁਮਾਰ, ਪਿੰਡ ਵਾਸੀ ਪ੍ਰਭਾਤ ਸਿੰਘ, ਸੁਖਦੇਵ ਸਿੰਘ ਡੀਸੀ, ਸੁਰਿੰਦਰ ਕੌਰ, ਰਜਨੀ ਕੁਮਾਰੀ, ਰਜਨੀ ਠਾਕੁਰ, ਸੁਨੀਤਾ ਕੁਮਾਰੀ ਅਤੇ ਸਤਨਾਮ ਸਿੰਘ ਵੀ ਮੌਜੂਦ ਸਨ।




# ਪੁਲਸ ਚੌਕੀ ਚਮਿਆਰੀ 'ਤੇ ਪੈਟਰੋਲ ਬੰਬ ਸੁੱਟਣ ਵਾਲੇ ਗਰੋਹ ਦੇ ਚਾਰ ਮੁਲਜ਼ਮ ਕਾਬੂ

**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਅੰਮ੍ਰਿਤਸਰ ਦਿਹਾਤੀ ਪੁਲਸ ਨੇ ਪਾਕਿਸਤਾਨੀ ਆਈਐੱਸਆਈ ਹੈਂਡਲਰ ਦੇ ਇਸ਼ਾਰੇ 'ਤੇ ਪੁਲਸ ਬਿਲਡਿੰਗਾਂ ਨੂੰ ਨਿਸ਼ਾਨਾ ਬਣਾਉਣ ਵਾਲੇ ਗਰੋਹ ਦੇ 4 ਮੁਲਜ਼ਮ ਕਾਬੂ ਕੀਤੇ ਹਨ। ਅੰਮ੍ਰਿਤਸਰ ਦਿਹਾਤੀ ਪੁਲਸ ਦੇ ਐੱਸਐੱਸਪੀ ਕੰਵਲਪ੍ਰੀਤ ਸਿੰਘ ਚਾਹਲ ਨੇ ਦੱਸਿਆ ਕਿ 20-21 ਜੁਲਾਈ ਨੂੰ ਰਾਤ ਕਰੀਬ 1.30 ਵਜੇ ਪੁਲਸ ਚੌਕੀ ਚਮਿਆਰੀ ਦੇ ਗੇਟ ਲਾਗੇ 2 ਮੋਟਰਸਾਈਕਲ ਚਾਲਕਾਂ ਵੱਲੋਂ ਪੈਟਰੋਲ ਬੰਬ ਸੁੱਟਣ ਬਾਰੇ ਮਾਮਲਾ ਧਿਆਨ ਵਿਚ ਆਇਆ ਸੀ। ਇਸ ਸਬੰਧ ਵਿਚ ਥਾਣਾ ਅਜਨਾਲਾ ਵਿਚ ਮਾਮਲਾ ਦਰਜ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਇਸ ਵਾਰਦਾਤ ਦੇ ਸਬੰਧ ਵਿਚ ਮਾਮਲੇ ਦੀ ਪੜਤਾਲ ਲਈ ਐੱਸਪੀ ਗੁਰਜੀਤਪਾਲ ਸਿੰਘ, ਡੀਐੱਸਪੀ(ਡੀ) ਗੁਰਿੰਦਰਪਾਲ ਸਿੰਘ ਨਾਗਰਾ, ਡੀਐੱਸਪੀ ਅਜਨਾਲਾ, ਐੱਸਐੱਚਓ ਅਜਨਾਲਾ ਤੇ ਇੰਚਾਰਜ ਸੀਆਈਏ ਦੀਆਂ ਸਪੈਸ਼ਲ ਟੀਮਾਂ ਦਾ ਗਠਨ ਕਰਕੇ ਇਸ ਵਾਰਦਾਤ ਨੂੰ ਅੰਜਾਮ ਦੇਣ ਵਾਲੇ 4 ਮੁਲਜ਼ਮਾਂ ਨੂੰ 30 ਜੁਲਾਈ ਨੂੰ ਗ੍ਰਿਫ਼ਤਾਰ ਕੀਤਾ ਗਿਆ। ਗ੍ਰਿਫ਼ਤਾਰ ਮੁਲਜ਼ਮ ਦੀ ਪਛਾਣ ਮਨੀਦੀਪ ਸਿੰਘ ਸਿੰਘ ਵਾਸੀ ਹਰੜ ਖੁਰਦ ਥਾਣਾ ਰਮਦਾਸ, ਪਰਦੀਪ ਸਿੰਘ ਉਰਫ਼ ਲੜ ਵਾਸੀ ਗੁਜ਼ਰਪੁਰਾ ਥਾਣਾ ਮਜੀਠਾ, ਕਰਨਬੀਰ ਸਿੰਘ ਉਰਫ਼ ਗੋਰਾ ਵਾਸੀ ਹਰੜ ਖੁਰਦ ਥਾਣਾ ਰਮਦਾਸ ਤੇ ਇਕ ਨਾਬਾਲਿਗ ਵਜੋਂ ਹੋਈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਕੋਲੋਂ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਗਿਆ ਕਿ ਮਨੀਦੀਪ ਸਿੰਘ ਸੋਸ਼ਲ ਮੀਡੀਆ 'ਤੇ ਐਕਟਿਵ ਰਹਿਣ ਦਾ ਸ਼ੌਕੀਨ ਸੀ, ਜਿਸ ਕਰ ਕੇ ਉਹ ਪਾਕਿਸਤਾਨੀ ਆਈਐੱਸਆਈ ਹੈਂਡਲਰ ਰਾਣਾ ਬਾਈ ਦੇ ਸੋਸ਼ਲ ਮੀਡੀਆ ਅਕਾਊਂਟ ਰਾਹੀਂ ਸੰਪਰਕ ਵਿਚ ਆ ਗਿਆ। ਰਾਣਾ ਬਾਈ ਦੀਆਂ ਗੱਲਾਂ ਵਿਚ ਆ ਕੇ ਉਸ ਨੇ ਆਪਣੇ ਨਾਲ ਪਿੰਡ ਦੇ 2 ਹੋਰ ਸਾਥੀ ਨੂੰ ਨਾਲ ਸ਼ਾਮਲ ਕਰ ਲਿਆ। ਇਸੇ ਤਰ੍ਹਾਂ ਚੌਥਾ ਸਾਥੀ ਪਰਦੀਪ ਵੀ ਇਨ੍ਹਾਂ ਦੇ ਗਰੁੱਪ ਵਿਚ ਸ਼ਾਮਲ ਹੋ ਗਿਆ। ਪਾਕਿਸਤਾਨੀ ਹੈਂਡਲਰ ਵੱਲੋਂ ਉਕਤ ਮੁਲਜ਼ਮਾਂ ਨੂੰ ਕਰੀਬ 15,000 ਰੁਪਏ ਗੂਗਲ ਪੇਅ ਕੀਤੇ ਗਏ ਅਤੇ ਬਕਾਇਆ 50,000 ਰੁਪਏ ਦੀ ਰਾਸ਼ੀ ਵਾਰਦਾਤ ਤੋਂ ਬਾਅਦ ਦੇਣ ਬਾਰੇ ਕਿਹਾ ਗਿਆ। 20-21 ਜੁਲਾਈ ਦੀ ਰਾਤ ਨੂੰ ਕਰਨਬੀਰ ਸਿੰਘ ਤੇ ਉਸ ਦੇ ਸਾਥੀ ਵੱਲੋਂ ਮੋਟਰਸਾਈਕਲ 'ਤੇ ਸਵਾਰ ਹੋ ਕੇ ਪੈਟਰੋਲ ਬੰਬ ਸੁੱਟ ਕੇ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ। ਮਨੀਦੀਪ ਸਿੰਘ ਤੇ ਪਰਦੀਪ ਸਿੰਘ ਇਸ ਵਾਰਦਾਤ ਨੂੰ ਅੰਜਾਮ ਦੇਣ ਦੀ ਯੋਜਨਾ ਵਿਚ ਸ਼ਾਮਲ ਸਨ। ਵਾਰਦਾਤ ਵਿਚ ਵਰਤਿਆ ਗਿਆ ਮੋਟਰਸਾਈਕਲ ਬਰਾਮਦ ਕਰਨਾ ਅਜੇ ਬਾਕੀ ਹੈ। ਉਨ੍ਹਾਂ ਦੱਸਿਆ ਕਿ ਪਾਕਿਸਤਾਨੀ ਹੈਂਡਲਰ ਰਾਣਾ ਬਾਈ ਵੱਲੋਂ ਮੁਲਜ਼ਮਾਂ ਨੂੰ ਅਸਲਾ ਅਤੇ ਹੋਰ ਵਾਰਦਾਤਾਂ ਕਰਨ ਲਈ ਸਪਲਾਈ ਕਰਵਾਇਆ ਗਿਆ ਸੀ, ਜਿਸ ਸਬੰਧੀ ਤਫਤੀਸ਼ ਅਜੇ ਬਾਕੀ ਹੈ।



# ਬੰਦ ਦੁਕਾਨ 'ਤੇ ਚੱਲੀ ਗੋਲੀ, ਲੋਕਾਂ 'ਚ ਸਹਿਮ ਦਾ ਮਾਹੌਲ

**ਧਾਰੀਵਾਲ, (ਮਨਦੀਪ ਵਿੱਕੀ)**- ਥਾਣਾ ਧਾਰੀਵਾਲ ਦੇ ਪਿੰਡ ਫੱਜੂਪੁਰ ਵਿਖੇ ਸਥਿਤ ਬੰਦ ਪਈ ਇਕ ਸੈਲੂਨ ਦੀ ਦੁਕਾਨ 'ਤੇ ਅਣਪਛਾਤਿਆਂ ਵਲੋਂ ਗੋਲੀ ਚਲਾਉਣ ਦੀ ਖਬਰ ਮਿਲੀ ਹੈ। ਇਸ ਘਟਨਾ ਨੂੰ ਲੈ ਕੇ ਇਲਾਕੇ ਦੇ ਲੋਕਾਂ ਵਿੱਚ ਸਹਿਮ ਦਾ ਮਾਹੌਲ ਪਾਇਆ ਜਾ ਰਿਹਾ। ਐੱਮ. ਆਰ. ਸੈਲੂਨ ਦੇ ਮਾਲਕ ਮਨੋਹਰ ਮਸੀਹ ਵਾਸੀ ਧਾਰੀਵਾਲ ਨੇ ਦੱਸਿਆ ਕਿ ਬੀਤੇ ਦਿਨ ਹੜਤਾਲ ਕਾਰਨ ਦੁਕਾਨਾਂ ਬੰਦ ਸਨ ਅਤੇ ਅਸੀਂ ਆਪਣੀ ਦੁਕਾਨ 'ਤੇ ਸਵੇਰੇ 8 ਵਜੇ ਆ ਕੇ ਸਫਾਈ ਕਰਕੇ 9 ਵਜੇ ਘਰ ਨੂੰ ਚਲੇ ਗਏ ਸੀ। ਪਰ ਬਾਅਦ ਵਿੱਚ ਸ਼ਾਮ ਨੂੰ ਜਦੋਂ 5 ਵਜੇ ਦੇ ਕਰੀਬ ਅਸੀਂ ਆਪਣੀ ਦੁਕਾਨ 'ਤੇ ਆਏ ਤਾਂ ਦੇਖਿਆ ਕਿ ਸ਼ਟਰ ਦੇ ਵਿੱਚ ਸੇਕ ਹੋਇਆ ਪਿਆ ਸੀ ਅਤੇ ਅੰਦਰਲਾ ਸ਼ੀਸ਼ਾ ਵੀ ਟੁੱਟਾ ਹੋਇਆ ਸੀ ਜਿਸ ਤੋਂ ਸਾਨੂੰ ਸ਼ੱਕ ਹੋਣ ਤੇ ਜਦ ਅਸੀਂ ਆਪਣੀ ਦੁਕਾਨ ਦੇ ਅੰਦਰ ਚੈੱਕ ਕੀਤਾ ਤਾਂ ਸਾਨੂੰ ਦੁਕਾਨ ਦੇ ਅੰਦਰ ਗੋਲੀ ਦਾ ਖੋਲ ਮਿਲਿਆ ਜਿਸਦੀ ਸੂਚਨਾ ਅਸੀਂ 112 ਨੰਬਰ 'ਤੇ ਦੇ ਦਿੱਤੀ। ਉਨ੍ਹਾਂ ਨੇ ਦੱਸਿਆ ਮੌਕੇ 'ਤੇ ਪਹੁੰਚੇ ਪੁਲਸ ਅਧਿਕਾਰੀਆਂ ਨੇ ਗੋਲੀ ਦਾ ਖੋਲ ਆਪਣੇ ਕਬਜ਼ੇ ਵਿੱਚ ਲੈ ਕੇ ਆਲੇ ਦੁਆਲੇ ਦੇ ਸੀਸੀਟੀਵੀ ਕੈਮਰੇ ਚੈੱਕ ਕਰਨੇ ਸ਼ੁਰੂ ਕਰ ਦਿੱਤੇ। ਉਨ੍ਹਾਂ ਨੇ ਦੱਸਿਆ ਕਿ ਸਾਡੀ ਕਿਸੇ ਨਾਲ ਕੋਈ ਰੰਜਿਸ਼ ਵੀ ਨਹੀਂ ਹੈ। ਉਨ੍ਹਾਂ ਨੇ ਪੁਲਸ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਕਿ ਫਾਇਰ ਕਰਨ ਵਾਲੇ ਨੂੰ ਛੇਤੀ ਤੋਂ ਛੇਤੀ ਲੱਭਿਆ ਜਾਵੇ। ਥਾਣਾ ਧਾਰੀਵਾਲ ਦੇ ਐੱਸ ਐੱਚ ਓ ਇੰਸਪੈਕਟਰ ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਇਸ ਸੰਬੰਧੀ ਜਾਂਚ ਕਰ ਰਹੇ ਹਾਂ ਜੋ ਵੀ ਤੱਥ ਸਾਹਮਣੇ ਆਉਣਗੇ ਉਸ ਤਹਿਤ ਕਾਰਵਾਈ ਕੀਤੀ ਜਾਵੇਗੀ।



# ਸੰਗੀਤਮਈ ਸ਼ਾਮ 'ਅਹਿਸਾਸ' ਭਲਕੇ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਵਿਰਸਾ ਵਿਹਾਰ ਸੁਸਾਇਟੀ, ਅੰਮ੍ਰਿਤਸਰ ਆਪਣੇ ਸਮਾਗਮਾਂ ਦੀ ਲੜੀ ਨੂੰ ਅੱਗੇ ਤੋਰਦੇ ਹੋਏ ਸ਼੍ਰੋਮਣੀ ਨਾਟਕਕਾਰ ਤੇ ਵਿਰਸਾ ਵਿਹਾਰ ਦੇ ਪ੍ਰਧਾਨ ਕੇਵਲ ਧਾਲੀਵਾਲ ਦੀ ਅਗਵਾਈ ਹੇਠ ਸੁਪ੍ਰਸਿੱਧ ਗਾਇਕ ਸੁਨੀਲ ਸਿੰਘ ਡੋਗਰਾ ਦੇ ਨਾਲ ਸੰਗੀਤਮਈ ਸ਼ਾਮ 'ਅਹਿਸਾਸ' 2 ਅਗਸਤ, ਦਿਨ ਐਤਵਾਰ, ਸ਼ਾਮ 6 ਵਜੇ, ਵਿਰਸਾ ਵਿਹਾਰ ਦੇ ਕਰਤਾਰ ਸਿੰਘ ਦੁੱਗਲ ਆਡੀਟੋਰੀਅਮ 'ਚ ਕਰਵਾਇਆ ਜਾ ਰਿਹਾ ਹੈ। ਇਸ ਸੰਗੀਤਮਈ ਸ਼ਾਮ ਵਿੱਚ ਸੁਨੀਲ ਸਿੰਘ ਡੋਗਰਾ, ਜਸਵੰਤ ਵਾਗਲਾ ਅਤੇ ਸ਼ਮੀ ਜਲੰਧਰੀ ਦੀਆਂ ਲਿਖੀਆ ਹੋਇਆ ਗ਼ਜ਼ਲਾਂ ਤੇ ਗੀਤਾਂ ਰਾਹੀਂ ਦਰਸ਼ਕਾਂ ਨਾਲ ਰੂ-ਬ-ਰੂ ਹੋਣਗੇ। ਇਸ ਸਮਾਗਮ ਦੇ ਮੰਚ-ਸੰਚਾਲਕ ਪ੍ਰਸਿੱਧ ਐਂਕਰ ਰਾਜ ਘਈ ਹੋਣਗੇ। ਵਿਰਸਾ ਵਿਹਾਰ ਦੇ ਪ੍ਰਧਾਨ ਕੇਵਲ ਧਾਲੀਵਾਲ ਅਤੇ ਸਕੱਤਰ ਰਮੇਸ਼ ਯਾਦਵ ਨੇ ਸਾਂਝੇ ਤੌਰ 'ਤੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਸੰਗੀਤਮਈ ਸ਼ਾਮ ਦਾ ਆਨੰਦ ਲੈਣ ਲਈ ਕਿਸੇ ਵੀ ਪਾਸ ਜਾਂ ਟਿਕਟ ਦੀ ਲੋੜ ਨਹੀਂ ਹੈ, ਸਭ ਨੂੰ ਖੁੱਲ੍ਹਾ ਸੱਦਾ ਹੈ।

# ਉਦਯੋਗਪਤੀ ਬਾਵਾ ਪਰਮਜੀਤ ਸਿੰਘ ਭੱਲਾ ਦੀਆਂ ਅਸਥੀਆਂ ਜਲ-ਪ੍ਰਵਾਹ

**ਸ੍ਰੀ ਗੋਇੰਦਵਾਲ ਸਾਹਿਬ, (ਕਾਬਲ ਸਿੰਘ ਮੱਲ੍ਹੀ)**- ਉਦਯੋਗਪਤੀ ਬਾਵਾ ਪਰਮਜੀਤ ਸਿੰਘ ਭੱਲਾ ਆਪਣੇ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ ਪਿਛਲੇ ਦਿਨੀਂ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ।ਬਾਵਾ ਪਰਮਜੀਤ ਸਿੰਘ ਭੱਲਾ 92 ਸਾਲਾਂ ਦੇ ਸਨ। ਬਾਵਾ ਭੱਲਾ ਪਰਿਵਾਰ ਵੱਲੋਂ ਉਨ੍ਹਾਂ ਦੀਆਂ ਅਸਥੀਆਂ ਪਵਿੱਤਰ ਬਾਉਲੀ ਸਾਹਿਬ ਦੇ ਜਲ ਨਾਲ ਇਸ਼ਨਾਨ ਉਪਰੰਤ ਦਰਿਆ ਬਿਆਸ ਵਿਖੇ ਧਾਰਮਿਕ ਰਵਾਇਤਾਂ ਅਨੁਸਾਰ ਜਲ ਪ੍ਰਵਾਹ [illegible] ਭੱਲਾ ਕਈ ਸਾਲ ਪਹਿਲਾਂ ਆਪਣਾ ਕਾਰੋਬਾਰ ਸਥਾਪਤ ਕਰਨ ਲਈ ਗੋਇੰਦਵਾਲ ਸਾਹਿਬ ਤੋਂ ਬੈਂਗਲੌਰ ਸ਼ਹਿਰ ਵਿਖੇ ਚਲੇ ਗਏ ਸਨ ਜਿਨ੍ਹਾਂ ਆਪਣੀ ਸਖ਼ਤ ਮਿਹਨਤ ਸਦਕਾ ਸਟੀਲ ਉਦਯੋਗ ਜਗਤ ਵਿੱਚ ਚੰਗਾ ਨਾਮਣਾ ਖੱਟਿਆ।ਇਸ ਕਾਰੋਬਾਰ ਨੂੰ ਹੋਰ ਬੁਲੰਦੀਆਂ ਤੱਕ ਪਹੁੰਚਣ ਲਈ ਉਨ੍ਹਾਂ ਦੇ ਹੋਣਹਾਰ ਸਪੁੱਤਰ ਉਂਕਾਰ ਸਿੰਘ ਭੱਲਾ ਨੇ ਅਹਿਮ ਰੋਲ ਨਿਭਾਇਆ।ਬਾਵਾ ਪਰਮਜੀਤ ਸਿੰਘ ਭੱਲਾ ਦੇ ਅਚਾਨਕ ਅਕਾਲ ਚਲਾਣੇ ਨਾਲ ਜਿੱਥੇ ਭੱਲਾ ਪਰਿਵਾਰ ਨੂੰ ਵੱਡਾ ਘਾਟਾ ਪਿਆ ਉਥੇ ਹੀ ਉਨ੍ਹਾਂ ਨੂੰ ਪਿਆਰ ਕਰਨ ਵਾਲਿਆਂ ਨੇ ਇੱਕ ਪਿਆਰਾ ਸਾਥੀ ਖੋਹ ਦਿੱਤਾ ਹੈ।



# ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵੱਲੋਂ ਡੇਢ ਲੱਖ ਬੂਟੇ ਲਾਉਣ ਦਾ ਟੀਚਾ ਪੂਰਾ ਕਰਨ ਲਈ ਸੇਵਾ ਜਾਰੀ

**ਚੋਹਲਾ ਸਾਹਿਬ (ਰਮਨ ਚੱਢਾ)**- ਵਾਤਾਵਰਣ ਦੀ ਸੰਭਾਲ ਦੇ ਉਦੇਸ਼ ਨਾਲ [illegible] ਦਾ ਬੂਟੇ ਲਗਾਉਣ ਦਾ ਸੇਵਾ ਕਾਰਜ 1 ਜੁਲਾਈ ਤੋਂ ਆਰੰਭ ਕੀਤਾ ਗਿਆ ਸੀ।ਉਦੋਂ ਤੋਂ ਲੈ ਕੇ ਹੁਣ ਤੱਕ ਵੱਖ-ਵੱਖ ਸੜਕਾਂ, ਲਿੰਕ ਮਾਰਗਾਂ ਅਤੇ ਜਨਤਕ ਥਾਵਾਂ 'ਤੇ ਹਜ਼ਾਰਾਂ ਬੂਟੇ ਲਗਾਏ ਜਾ ਚੁੱਕੇ ਹਨ। ਸੰਪਰਦਾਇ ਦਾ ਉਦੇਸ਼ ਸਿਰਫ਼ ਰੁੱਖ ਲਗਾਉਣਾ ਹੀ ਨਹੀਂ, ਸਗੋਂ ਲੋਕਾਂ ਵਿੱਚ ਵਾਤਾਵਰਨ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਹਰ ਵਿਅਕਤੀ ਨੂੰ ਕੁਦਰਤ ਦੀ ਸੰਭਾਲ ਲਈ ਆਪਣਾ [illegible] ਯੋਗਦਾਨ ਪਾਉਣ ਲਈ ਪ੍ਰੇਰਿਤ ਕਰਨਾ ਵੀ ਹੈ।ਇਸ ਮੁਹਿੰਮ ਤਹਿਤ ਸਰਹਾਲੀ ਤੋਂ ਚੋਹਲਾ ਸਾਹਿਬ ਨੂੰ ਜਾਂਦੀ ਸੜਕ ਦੇ ਦੋਵੇਂ ਪਾਸੇ ਵੱਡੇ ਪੱਧਰ 'ਤੇ ਛਾਂਦਾਰ ਅਤੇ ਫਲਦਾਰ ਬੂਟੇ ਲਗਾਏ ਗਏ।ਇਸ ਦੇ ਨਾਲ ਹੀ ਪਹਿਲਾਂ ਲਗਾਏ ਜਾ ਚੁੱਕੇ ਬੂਟਿਆਂ ਦੀ ਸਾਂਭ ਸੰਭਾਲ ਦੇ ਯਤਨ ਕੀਤੇ ਗਏ।ਸੇਵਾਦਾਰਾਂ ਨੇ ਬੂਟੇ ਲਗਾਉਣ ਦੇ ਨਾਲ- [illegible] ਵਾਲੇ ਦਿਨਾਂ ਵਿੱਚ ਵੀ ਵੱਖ-ਵੱਖ ਇਲਾਕਿਆਂ ਵਿੱਚ ਇਹ ਬੂਟੇ ਲਗਾਉਣ ਦੀ ਮੁਹਿੰਮ ਲਗਾਤਾਰ ਜਾਰੀ ਰਹੇਗੀ ਅਤੇ ਇਸ ਸਾਲ ਨਿਰਧਾਰਤ ਡੇਢ ਲੱਖ ਬੂਟੇ ਲਗਾਉਣ ਦੇ ਟੀਚੇ ਨੂੰ ਪੂਰਾ ਕਰਕੇ ਪੰਜਾਬ ਦੀ ਧਰਤੀ ਨੂੰ ਹੋਰ ਹਰਿਆ-ਭਰਿਆ ਬਣਾਉਣ ਲਈ ਯਤਨ ਜਾਰੀ ਰੱਖੇ ਜਾਣਗੇ।



# ਜੋਬਨ ਰੰਧਾਵਾ ਦੀ ਇੰਚਾਰਜ ਵਜੋਂ ਨਿਯੁਕਤੀ 'ਤੇ ਬਾਜਵਾ ਤੇ ਮਾਨ ਸੈਂਡਵਾਲ ਵੱਲੋਂ ਖੁਸ਼ੀ ਦਾ ਇਜ਼ਹਾਰ

**ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)**- ਜੋਬਨ ਰੰਧਾਵਾ ਨੂੰ ਆਮ ਆਦਮੀ ਪਾਰਟੀ ਵੱਲੋਂ ਹਲਕਾ ਫਤਿਹਗੜ੍ਹ ਚੂੜੀਆਂ ਦਾ ਇੰਚਾਰਜ ਲਗਾਏ ਜਾਣ 'ਤੇ ਆਪ ਵਰਕਰ ਹਰਜੀਤ ਸਿੰਘ [illegible] ਮਿਹਨਤ ਤੇ ਪਾਰਟੀ ਪ੍ਰਤੀ ਵਫ਼ਾਦਾਰੀ ਦਾ ਨਤੀਜਾ ਹੈ ਕੇ ਪਹਿਲਾਂ ਜ਼ਿਲ੍ਹਾ ਪ੍ਰਧਾਨ ਤੇ ਫਿਰ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਦਾ ਅਹੁਦਾ ਦਿੱਤਾ ਗਿਆ ਸੀ ਤੇ ਹੁਣ ਉਨ੍ਹਾਂ ਦੀਆਂ ਸਰਗਰਮੀਆਂ ਤੇ ਪਾਰਟੀ ਲਈ ਕੀਤੇ ਗਏ ਵਿਸ਼ੇਸ਼ ਕਾਰਜਾਂ ਸਦਕਾ ਸਾਡੇ ਹਲਕੇ ਦਾ ਇੰਚਾਰਜ ਲਗਾਇਆ ਗਿਆ ਹੈ।ਅਸੀਂ ਕਾਮਨਾ ਕਰਦੇ ਹਾਂ ਕੇ ਉਹ ਆਉਣ ਵਾਲੇ ਸਮੇਂ ਵਿੱਚ ਜਿੱਤ ਪ੍ਰਾਪਤ ਕਰਕੇ ਹਲਕੇ ਦਾ ਜੰਗੀ ਪੱਧਰ 'ਤੇ ਵਿਕਾਸ ਕਰਨਗੇ।



# ਪੰਜਾਬ ਪੁਲਸ ਨੇ ਡੇਹਰੀਵਾਲ ਵਿਖੇ ਬੂਟੇ ਲਗਾਏ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਡੀਜੀਪੀ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਹੇਠ ਐੱਸਐੱਸਪੀ ਅੰਮ੍ਰਿਤਸਰ ਦਿਹਾਤੀ ਕਵਲਪ੍ਰੀਤ ਸਿੰਘ ਚਾਹਲ ਦੀ ਰਹਿਨੁਮਾਈ ਹੇਠ ਸੀਪੀ ਆਰਸੀ ਅੰਮ੍ਰਿਤਸਰ [illegible] ਪੰਜਾਬ ਪੁਲਸ ਦੇ ਡੀਜੀਪੀ ਅਤੇ ਐੱਸਐੱਸਪੀ ਅੰਮ੍ਰਿਤਸਰ ਦਿਹਾਤੀ ਦੇ ਬਹੁਤ ਹੀ ਰਿਣੀ ਹਨ ਜਿਨ੍ਹਾਂ ਨੇ ਸਾਡੇ ਪਿੰਡ ਵਿੱਚ ਹਰਾ ਭਰਾ ਵਾਤਾਵਰਨ ਬਣਾਉਣ ਲਈ ਇਹ ਹੰਭਲਾ ਮਾਰਿਆ ਹੈ। ਅਸੀਂ ਅੱਗੇ ਤੋਂ ਵੀ ਅਜਿਹੇ ਕਾਰਜਾਂ ਵਿੱਚ ਪੰਜਾਬ ਪੁਲਸ ਨੂੰ ਪੂਰਨ ਸਹਿਯੋਗ ਦਿੰਦੇ ਰਹਾਂਗੇ।



# ਸ਼ਰਮਾ ਪਰਿਵਾਰ ਵੱਲੋਂ ਬਿਰਧ ਆਸ਼ਰਮ ਦੀ ਨਵੀਂ ਇਮਾਰਤ ਲਈ 10 ਕੁਇੰਟਲ ਸਰੀਆ ਦਾਨ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਸਮਾਜ ਸੇਵਾ ਦੀ ਲੜੀ ਨੂੰ ਅੱਗੇ ਵਧਾਉਂਦਿਆਂ ਹੋਏ ਚਮਨ ਲਾਲ ਸ਼ਰਮਾ (ਪਠਾਨਕੋਟ) ਵੱਲੋਂ ਆਪਣੀ ਪਤਨੀ ਸ਼ਮ੍ਹਾ ਸ਼ਰਮਾ ਦੀ ਪਵਿੱਤਰ ਯਾਦ ਵਿੱਚ ਆਦਰਸ਼ ਬਿਰਧ ਆਸ਼ਰਮ, ਝਾਖੋਲਾੜੀ ਵੱਲੋਂ ਪਿੰਡ ਕਟਾਰੂਚੱਕ ਵਿਖੇ ਉਸਾਰੀ ਅਧੀਨ ਨਵੀਂ ਇਮਾਰਤ ਲਈ 10 ਕੁਇੰਟਲ ਸਰੀਆ ਭੇਟ ਕੀਤਾ ਗਿਆ।ਇਸ ਮੌਕੇ ਆਸ਼ਰਮ ਪ੍ਰਬੰਧਕ ਕਮੇਟੀ ਦੇ ਮੈਂਬਰ ਵੀ ਹਾਜ਼ਰ ਸਨ। ਉਨ੍ਹਾਂ ਨੇ ਸ਼ਰਮਾ ਪਰਿਵਾਰ ਵੱਲੋਂ ਕੀਤੇ ਇਸ ਨੇਕ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਹੀ ਬਜ਼ੁਰਗਾਂ ਲਈ ਬਣ ਰਹੀ ਨਵੀਂ ਇਮਾਰਤ ਦਾ ਸੁਪਨਾ ਸਾਕਾਰ ਹੋ ਰਿਹਾ ਹੈ।ਆਸ਼ਰਮ ਪ੍ਰਬੰਧਕ ਕਮੇਟੀ ਵੱਲੋਂ ਚਮਨ ਲਾਲ ਸ਼ਰਮਾ ਅਤੇ ਸਮੂਹ ਸ਼ਰਮਾ ਪਰਿਵਾਰ ਦਾ ਦਿਲੋਂ ਧੰਨਵਾਦ ਕੀਤਾ ਗਿਆ ਅਤੇ ਪਰਮਾਤਮਾ ਅੱਗੇ ਅਰਦਾਸ ਕੀਤੀ ਗਈ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰ ਨੂੰ ਸਦਾ ਚੜ੍ਹਦੀ ਕਲਾ, ਤੰਦਰੁਸਤੀ ਅਤੇ ਖੁਸ਼ਹਾਲੀ ਬਖ਼ਸ਼ੇ।ਚਮਨ ਲਾਲ ਸ਼ਰਮਾ ਨੇ ਕਿਹਾ ਕਿ ਮੈਂ ਅਤੇ ਮੇਰਾ ਪਰਿਵਾਰ ਹਮੇਸ਼ਾ ਇਸ ਸੇਵਾ ਵਿੱਚ ਤੁਹਾਡਾ ਸਹਿਯੋਗ ਦਿੰਦੇ ਰਹਾਂਗੇ।ਇਸ ਮੌਕੇ ਆਸ਼ਰਮ ਪ੍ਰਧਾਨ ਸਤਨਾਮ ਸਿੰਘ, ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਅਤੇ ਸਮੂਹ ਸਟਾਫ ਸਵਿਤਾ, ਸੁਰਜੀਤ ਕੌਰ, ਮਮਤਾ ਦੇਵੀ, ਆਸ਼ਾ ਦੇਵੀ, ਸ਼ਾਰਦਾ, ਵੀਪਨ ਕੁਮਾਰ, ਓਮ ਰਾਜ ਆਦਿ ਵੀ ਮੌਜੂਦ ਸਨ।



# ਜੀ. ਟੀ. ਬੀ. ਆਈ. ਸਕੂਲ ਕਲਿਆਣਪੁਰ ਨੇ ਗੋਲਡ ਮੈਡਲ ਜਿੱਤਿਆ

**ਧਾਰੀਵਾਲ (ਮਨਦੀਪ ਵਿੱਕੀ)**- ਗੁਰੂ ਤੇਗ ਬਹਾਦਰ ਇੰਟਨੈਸ਼ਨਲ (ਜੀ.ਟੀ.ਬੀ ਆਈ) ਸਕੂਲ ਕਲਿਆਣਪੁਰ ਦੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀ ਸ਼ਰਨਦੀਪ ਸਿੰਘ ਨੇ ਸੂਬਾ ਪੱਧਰੀ ਕਰਾਟੇ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਦੇ ਸੋਨੇ ਦਾ ਤਮਗਾ ਅਤੇ ਟਰਾਫੀ ਜਿੱਤ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਂਅ ਰੌਸ਼ਨ ਕੀਤਾ ਹੈ। ਵਿਦਿਆਰਥੀ ਸ਼ਰਨਦੀਪ ਸਿੰਘ ਦੀ ਨੈਸ਼ਨਲ ਪੱਧਰੀ ਕਰਾਟੇ ਮੁਕਾਬਲੇ ਲਈ ਚੋਣ ਹੋਈ ਹੈ। ਸਕੂਲ ਦੇ ਚੇਅਰਮੈਨ ਸੁਰਜੀਤ ਸਿੰਘ, ਡਾਇਰੈਕਟਰ ਪ੍ਰਿਤਪਾਲ ਸਿੰਘ (ਐਡਵੋਕੇਟ) ਅਤੇ ਪ੍ਰਿੰਸੀਪਲ ਸੈਮੂਅਲ ਦਾਸ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਆਈ. ਸੀ. ਐੱਸ. ਈ. ਦੀ ਸੂਬਾ ਪੱਧਰੀ ਕਰਾਟੇ ਚੈਂਪੀਅਨਸ਼ਿਪ ਵਿੱਚ ਪਠਾਨਕੋਟ ਵਿਖੇ ਹੋਈ ਜਿਸ ਵਿੱਚ ਜ਼ਿਲ੍ਹਾ ਗੁਰਦਾਸਪੁਰ ਅਤੇ ਜ਼ਿਲ੍ਹਾ ਪਠਾਨਕੋਟ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਸੂਬਾ ਪੱਧਰੀ ਅੰਡਰ 17 ਉਮਰ ਵਰਗ ਭਾਰ 55 ਕਿੱਲੋ ਕਰਾਟੇ ਮੁਕਾਬਲੇ ਵਿੱਚੋਂ ਉਨ੍ਹਾਂ ਦੇ ਸਕੂਲ ਦੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀ ਸ਼ਰਨਦੀਪ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਪ੍ਰਾਪਤ ਕਰਕੇ ਸੋਨੇ ਦਾ ਤਮਗਾ ਅਤੇ ਟਰਾਫੀ ਜਿੱਤ ਕੇ ਨੈਸ਼ਨਲ ਮੁਕਾਬਲੇ ਲਈ ਆਪਣਾ ਨਾਂਅ ਦਰਜ ਕਰਵਾਇਆ ਹੈ। ਸੋਨ ਤਮਗਾ ਜੇਤੂ ਕਰਾਟੇ ਖਿਡਾਰੀ ਸ਼ਰਨਦੀਪ ਸਿੰਘ ਦਾ ਸਕੂਲ ਪਹੁੰਚਣ 'ਤੇ ਸਕੂਲ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਸ਼ਾਨਦਾਰ ਪ੍ਰਾਪਤ ਲਈ ਚੇਅਰਮੈਨ ਸੁਰਜੀਤ ਸਿੰਘ, ਡਾਇਰੈਕਟਰ ਪ੍ਰਿਤਪਾਲ ਸਿੰਘ ਅਤੇ ਪ੍ਰਿੰਸੀਪਲ ਸੈਮੂਅਲ ਦਾਸ ਨੇ ਵਿਦਿਆਰਥੀ ਸ਼ਰਨਦੀਪ ਸਿੰਘ, ਉਸਦੇ ਕਰਾਟੇ ਕੋਚ ਸੰਨੀ ਮਲਪੋਤਰਾ ਅਤੇ ਮਾਤਾ ਪਿਤਾ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ। ਉਨ੍ਹਾਂ ਨੇ ਖਿਡਾਰੀ ਨੂੰ ਸ਼ੁਭਕਾਮਨਾਵਾਂ ਭੇਟ ਕਰਦੇ ਹੋਏ ਨੈਸ਼ਨਲ ਮੁਕਾਬਲੇ ਵਿੱਚ ਵੀ ਵਧੀਆ ਪ੍ਰਦਰਸ਼ਨ ਕਰਨ ਦੀ ਉਮੀਦ ਜਤਾਈ ਅਤੇ ਬਾਕੀ ਵਿਦਿਆਰਥੀਆਂ ਨੂੰ ਵੀ ਖੇਡਾਂ ਵਿੱਚ ਰੁਚੀ ਰੱਖਣ ਲਈ ਪ੍ਰੇਰਿਤ ਕੀਤਾ।





# ਚੀਫ਼ ਖ਼ਾਲਸਾ ਦੀਵਾਨ ਵੱਲੋਂ ਸ਼ਹੀਦ ਊਧਮ ਸਿੰਘ ਦੀ ਮਹਾਨ ਸ਼ਹਾਦਤ ਨੂੰ ਸਿਜਦਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਚੀਫ਼ ਖ਼ਾਲਸਾ ਦੀਵਾਨ ਅਧੀਨ ਚੱਲ ਰਹੇ ਸੈਂਟਰਲ ਖ਼ਾਲਸਾ ਯਤੀਮਖ਼ਾਨਾ ਦੇ ਗੁਰਦੁਆਰਾ ਸਾਹਿਬ ਵਿਖੇ ਸ਼ਹੀਦ ਊਧਮ ਸਿੰਘ ਦੇ 86ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ਼ਰਧਾਂਜਲੀ ਸਮਾਗਮ ਆਯੋਜਿਤ ਕੀਤਾ ਗਿਆ। ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਦੀ ਪ੍ਰਧਾਨਗੀ ਹੇਠ ਚੱਲ ਰਹੇ ਧਾਰਮਿਕ ਸਮਾਗਮ ਵਿਚ ਕੰਬੋਜ ਸਭਾ (ਰਜਿ:) ਦੇ ਪ੍ਰਧਾਨ ਡਾ. ਅਵਤਾਰ ਸਿੰਘ (ਐੱਮ. ਡੀ. ਅਮਨਦੀਪ ਹਸਪਤਾਲ) ਮੁੱਖ ਮਹਿਮਾਨ ਵਜੋਂ ਪੁੱਜੇ ਅਤੇ ਵਿਸ਼ੇਸ਼ ਮਹਿਮਾਨ ਵਜੋਂ ਸ਼ਹੀਦ ਊਧਮ ਸਿੰਘ ਫਾਊਂਡੇਸ਼ਨ ਦੇ ਪ੍ਰਧਾਨ ਸ੍ਰ. ਦੀਪ ਸਿੰਘ ਕੰਬੋਜ ਨੇ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਸ੍ਰੀ ਸੁਖਮਨੀ ਸਾਹਿਬ ਜੀ ਦੇ ਸੰਗਤੀ ਰੂਪ ਵਿਚ ਕੀਤੇ ਗਏ ਪਾਠ ਨਾਲ ਕਰਨ ਉਪਰੰਤ ਯਤੀਮਖਾਨੇ ਦੇ ਬੱਚਿਆਂ ਵੱਲੋਂ ਰਸਭਿੰਨੇ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਉੱਘੇ ਸਿੱਖ ਚਿੰਤਕ ਅਤੇ ਵਿਦਵਾਨ ਡਾ. ਇੰਦਰਜੀਤ ਸਿੰਘ ਗੋਗੋਆਣੀ (ਡੀਨ ਅਤੇ ਹੈਂਡ ਧਾਰਮਿਕ ਸਟਡੀਜ਼ ਖਾਲਸਾ ਯੂਨੀਵਰਸਿਟੀ) ਨੇ ਸ਼ਹੀਦ ਊਧਮ ਸਿੰਘ ਦੇ ਜੀਵਨ, ਦੇਸ਼ ਭਗਤੀ ਅਤੇ ਸ਼ਹਾਦਤ ਤੇ ਚਾਨਣਾ ਪਾਉਂਦਿਆਂ ਕਿਹਾ ਕਿ ਸ਼ਹੀਦ ਊਧਮ ਸਿੰਘ ਨੇ ਆਪਣੇ ਜੀਵਨ ਦੇ 12 ਸਾਲ ਇਸੇ ਯਤੀਮਖਾਨਾ ਵਿਖੇ ਬਤੀਤ ਕੀਤੇ ਹਨ ਅਤੇ ਉਨ੍ਹਾਂ ਦੀ ਜਬਰ ਜ਼ੁਲਮ ਅੱਗੇ ਨਾ ਝੁਕਣ ਵਾਲੀ ਵਿਲਖਣ ਸਖ਼ਸ਼ੀਅਤ ਘਾੜਤ ਅਤੇ ਚਰਿੱਤਰ ਨਿਰਮਾਣ ਵਿਚ ਯਤੀਮਖ਼ਾਨੇ ਦੀ ਅਹਿਮ ਭੂਮਿਕਾ ਹੈ। ਮੁੱਖ ਮਹਿਮਾਨ ਡਾ. ਅਵਤਾਰ ਸਿੰਘ ਅਤੇ ਵਿਸ਼ੇਸ਼ ਮਹਿਮਾਨ ਸ੍ਰ. ਦੀਪ ਸਿੰਘ ਕੰਬੋਜ ਨੇ ਸ਼ਹੀਦ ਊਧਮ ਸਿੰਘ ਨੂੰ ਨੌਜੁਆਨ ਪੀੜ੍ਹੀ ਲਈ ਪ੍ਰੇਰਨਾ ਸਰੋਤ ਦੱਸਿਆ ਅਤੇ ਬੱਚਿਆਂ ਨੂੰ ਉਨ੍ਹਾਂ ਦੇ ਪਾਏ ਪੂਰਨਿਆਂ ਤੇ ਚੱਲਦਿਆਂ ਸਮਾਜ ਸੇਵਾ ਲਈ ਹਮੇਸ਼ਾ ਤਤਪਰ ਰਹਿਣ ਲਈ ਕਿਹਾ। ਇਸ ਮੌਕੇ ਡਾ.ਅਵਤਾਰ ਸਿੰਘ ਨੇ ਬੱਚਿਆਂ ਲਈ ਸਿਹਤ ਅਤੇ ਸਰੀਰਕ ਵਿਕਾਸ ਲਈ ਯਤੀਮਖਾਨਾ ਵਿਖੇ ਛੇਤੀ ਹੀ ਇਕ ਆਧੁਨਿਕ ਜਿਮ ਬਣਵਾਉਣ ਦਾ ਐਲਾਨ ਕੀਤਾ ਅਤੇ ਸ੍ਰ.ਦੀਪ ਸਿੰਘ ਕੰਬੋਜ ਨੇ ਕਿਹਾ ਕਿ ਯਤੀਮਖਾਨਾ ਦੇ ਵਿਕਾਸ ਲਈ ਇੱਕ ਲੱਖ ਰੁਪਏ ਦੀ ਰਾਸ਼ੀ ਦਾਨ ਵਜੋਂ ਭੇਂਟ ਕੀਤੀ ਜਾਵੇਗੀ। ਸਮਾਗਮ ਵਿਚ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਆਨਰੇਰੀ ਸਕੱਤਰ ਸ੍ਰ.ਰਮਨੀਕ ਸਿੰਘ ਨੇ ਸਾਂਝੇ ਤੌਰ ਤੇ ਸ਼ਹੀਦ ਊਧਮ ਸਿੰਘ ਦੀ ਸ਼ਹੀਦੀ ਬਾਬਤ ਜਾਣਕਾਰੀ ਦਿੰਦਿਆਂ ਕਿਹਾ ਕਿ ਵਿਅਕਤੀ ਦਾ ਵਿਚਾਰ ਹੀ ਉਸਦਾ ਜੀਵਨ ਬਦਲਦਾ ਹੈ। ਦੇਸ਼ ਵਾਸੀਆਂ ਨੂੰ ਸ਼ਹੀਦ ਊਧਮ ਸਿੰਘ ਵਰਗੇ ਮਹਾਨ ਯੋਧਿਆਂ ਦੀ ਸ਼ਹਾਦਤਾਂ ਤੇ ਮਾਣ ਮਹਿਸੂਸ ਹੋਣਾ ਚਾਹੀਦਾ ਹੈ। ਇਸ ਮੌਕੇ ਦੀਵਾਨ ਪ੍ਰਬੰਧਕਾਂ ਅਤੇ ਮੈਂਬਰ ਸਾਹਿਬਾਨ ਨੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਉਨ੍ਹਾਂ ਦੀ ਮਹਾਨ ਸ਼ਹਾਦਤ ਨੂੰ ਸਿਜਦਾ ਕੀਤਾ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਸਥਾਨਕ ਪ੍ਰਧਾਨ ਕੁਲਜੀਤ ਸਿੰਘ ਸਾਹਨੀ, ਆਨਰੇਰੀ ਸਕੱਤਰ ਰਮਨੀਕ ਸਿੰਘ, ਐਡੀ. ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਮੈਂਬਰ ਇੰਚਾਰਜ ਯਤੀਮਖਾਨਾ ਡਾ.ਆਤਮਜੀਤ ਸਿੰਘ ਬਸਰਾ, ਮੋਹਨਜੀਤ ਸਿੰਘ ਭੱਲਾ ਅਤੇ ਲਖਵਿੰਦਰ ਸਿੰਘ ਢਿੱਲੋਂ, ਐਡੀ. ਆਨਰੇਰੀ ਸਕੱਤਰ ਐਜੂਕੇਸ਼ਨਲ ਕਮੇਟੀ ਕੁਲਜੀਤ ਸਿੰਘ (ਸਿੰਘ ਬ੍ਰਦਰਜ਼), ਦੀਵਾਨ ਮੈਂਬਰਜ਼ ਏ. ਪੀ. ਐੱਸ ਮਾਨ, ਮਨਪ੍ਰੀਤ ਸਿੰਘ, ਸਰਜੋਤ ਸਿੰਘ ਸਾਹਨੀ, ਕਮਲਜੀਤ ਸਿੰਘ ਕੋਹਲੀ, ਉਪਕਾਰ ਸਿੰਘ ਛਾਬੜਾ, ਰਬਿੰਦਰਬੀਰ ਸਿੰਘ ਭੱਲਾ, ਪ੍ਰਭਜੋਤ ਸਿੰਘ ਸੇਠੀ, ਇੰਦਰਜੀਤ ਸਿੰਘ ਅੜੀ, ਸਵਰਾਜ ਸਿੰਘ ਸ਼ਾਮ, ਹਰਬੀਰ ਸਿੰਘ ਪ੍ਰਧਾਨ ਕੰਬੋਜ ਵੈਲਫੇਅਰ ਬੋਰਡ, ਸ੍ਰ.ਜਰਨੈਲ ਸਿੰਘ ਢੋਟ ਕੌਂਸਲਰ ਸਮੇਤ ਹੋਰ ਉੱਘੀਆਂ ਸਖ਼ਸ਼ੀਅਤਾਂ ਅਤੇ ਵੱਡੀ ਗਿਣਤੀ ਵਿਚ ਯਤੀਮਖਾਨਾ ਸਟਾਫ ਅਤੇ ਬੱਚੇ ਹਾਜ਼ਰ ਸਨ।



# ਤਲਬੀਰ ਗਿੱਲ ਨੇ ਪਿੰਡ ਸਿੱਧਵਾਂ 'ਚ ਸੜਕ ਦੇ ਨਿਰਮਾਣ ਕਾਰਜ ਦਾ ਨੀਂਹ ਪੱਥਰ ਰੱਖਿਆ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦਾ ਕਾਇਆ ਕਲਪ ਕਰਨ ਲਈ ਹਰ ਪੱਖ ਤੋਂ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਵਿਧਾਨ ਸਭਾ ਹਲਕਾ ਮਜੀਠਾ ਵਿੱਚ ਵੀ ਵਿਕਾਸ ਕਾਰਜ ਪੂਰੇ ਜੋਸ਼ੋ-ਖਰੋਸ਼ ਨਾਲ ਨੇਪਰੇ ਚੜ੍ਹਾਏ ਜਾ ਰਹੇ ਹਨ। ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਪਿੰਡ ਸਿੱਧਵਾਂ ਤੋਂ ਵੱਖ-ਵੱਖ ਪਿੰਡਾਂ 'ਚੋਂ ਹੁੰਦੇ ਹੋਏ ਇਹ ਸੜਕ ਮਹਿਤਾ ਨਾਲ ਜੋੜਦੀ ਹੈ। ਇਸ ਸੜਕ ਨੂੰ ਅਪਗ੍ਰੇਡ ਕਰਨ ਦਾ ਨੀਂਹ ਪੱਥਰ ਰੱਖਿਆ ਗਿਆ ਜਿਸ ਦੀ ਲੰਬਾਈ 10 ਕਿਲੋਮੀਟਰ ਦੇ ਕਰੀਬ ਹੈ, ਚੌੜਾਈ 10 ਤੋਂ 11 ਫੁੱਟ ਜੋ ਹੁਣ 18 ਫੁੱਟ ਤੱਕ ਬਣਾਈ ਜਾਵੇਗੀ। ਇਹ ਕੰਮ ਥੋੜੇ ਸਮੇਂ ਵਿੱਚ ਮੁਕੰਮਲ ਕਰ ਲਿਆ ਜਾਵੇਗਾ।ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਲੰਮੇ ਸਮੇਂ ਤੋਂ ਸੜਕ ਖਸਤਾ ਹਾਲ ਹੋਣ ਕਾਰਨ ਪਿੰਡ ਵਾਸੀਆਂ ਤੇ ਆਉਂਦੇ ਜਾਂਦੇ ਰਾਹਗੀਰਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ।ਇਹ ਲੋਕਾਂ ਦੀ ਲੰਬੇ ਸਮੇਂ ਤੋਂ ਮੰਗ ਸੀ ਕਿ ਇਸ ਸੜਕ ਨੂੰ ਬਣਾਇਆ ਜਾਵੇ ਤੇ ਅੱਜ ਇਸ ਦੇ ਕੰਮ ਦੀ ਸ਼ੁਰੂਆਤ ਹੋ ਚੁੱਕੀ ਹੈ। ਇਸ ਮੌਕੇ ਅਵਤਾਰ ਸਿੰਘ ਫੌਜੀ, ਹਰਪ੍ਰੀਤ ਸਿੰਘ ਬੱਬਾ, ਸੁਰਜੀਤ ਸਿੰਘ ਜੀਤਾ ਮੈਂਬਰ, ਮਨਜੀਤ ਸਿੰਘ ਪਰਗਨ ਸਿੰਘ ਲਾਡੀ, ਪ੍ਰਤਾਪ ਸਿੰਘ ਮਠਾਰੂ, ਗੁਰਪ੍ਰੀਤ ਸਿੰਘ ਫੌਜੀ, ਪ੍ਰਗਟ ਸਿੰਘ, ਡਾ. ਹਰਜੀਤ ਸਿੰਘ ਜੀਤੂ ਆਦਿ ਹਾਜ਼ਰ ਸਨ।



# ਸਰਦਾਰਨੀ ਜਾਗੀਰ ਕੌਰ ਮੀਰਾਂਕੋਟ ਦੀ ਸਰਪ੍ਰਸਤੀ ਹੇਠ ਲੱਗਾ ਤੀਆਂ ਦਾ ਸੱਭਿਆਚਾਰਕ ਮੇਲਾ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)** ਵਿਸ਼ਵ ਵਿਰਾਸਤ ਦੀ ਅਕਾਦਮੀ (ਯੂ.ਐੱਸ. ਏ., ਭਾਰਤ, ਯੂਕੇ, ਜਰਮਨ, ਦੁਬਈ, ਕੈਨੇਡਾ) ਦੇ ਕੌਮੀ ਸਰਪ੍ਰਸਤ ਸਰਦਾਰਨੀ ਜਾਗੀਰ ਕੌਰ ਮੀਰਾਕੋਟ ਵੱਲੋਂ 'ਸਾਂਝਾ ਸਾਵਣ, ਸਾਂਝਾ ਵਿਹੜਾ: ਵਿਹੜਾ ਮਾਂ ਦਾ' ਮਾਟੋ ਅਧੀਨ ਤੀਆਂ ਦਾ ਸੱਭਿਆਚਾਰਕ ਮੇਲਾ ਅਮੀਰਾ ਫਾਰਮ, ਅੰਮ੍ਰਿਤਸਰ ਵਿਖੇ ਧੂਮ-ਧਾਮ ਨਾਲ ਮਨਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਸਰਦਾਰਨੀ ਜਾਗੀਰ ਕੌਰ ਮੀਰਾਕੋਟ ਨੇ ਸ਼ਿਰਕਤ ਕੀਤੀ, ਜਦੋਂਕਿ ਮਹਿਮਾਨ-ਏ-ਖ਼ਾਸ ਦੇ ਰੂਪ ਵਿੱਚ ਲੋਕ ਸਭਾ ਮੈਂਬਰ ਗੁਰਜੀਤ ਸਿੰਘ ਔਜਲਾ ਅਤੇ ਮਿਸਜ਼ ਔਜਲਾ ਨੇ ਵਿਸ਼ੇਸ਼ ਸ਼ਮੂਲੀਅਤ ਕੀਤੀ।ਸਾਬਕਾ ਜ਼ਿਲ੍ਹਾ ਭਾਸ਼ਾ ਅਫ਼ਸਰ ਗੁਰਦਾਸਪੁਰ ਤੇ ਅੰਮ੍ਰਿਤਸਰ ਡਾ. ਪਰਮਜੀਤ ਸਿੰਘ ਕਲਸੀ ਨੈਸ਼ਨਲ ਐਵਾਰਡੀ ਨੇ ਇਸ ਮੇਲੇ ਦੀ ਪ੍ਰਧਾਨਗੀ ਕੀਤੀ।ਸਮਾਜ ਸੇਵੀ ਸੁਖਜਿੰਦਰ ਸਿੰਘ ਸੁੱਖ ਔਜਲਾ, ਓਂਕਾਰ ਸਿੰਘ ਹੁੰਦਲ, ਦਮਨ ਸਰਾਏ, ਸੁਰਿੰਦਰ ਫਰਿਸ਼ਤਾ (ਘੁੱਲੇ ਸ਼ਾਹ), ਸਤਬੀਰ ਸਿੰਘ ਪ੍ਰਸਿੱਧ ਸਮਾਜ ਸੇਵਕ ਤੇ ਵਿਸ਼ਵ ਪੰਜਾਬੀ ਸਭਾ ਭਾਰਤ ਦੇ ਕੌਮੀ ਪ੍ਰਧਾਨ, ਡਾ. ਰਾਜਬੀਰ ਕੌਰ ਬੀਰ ਗਰੇਵਾਲ, ਡਾਇਰੈਕਟਰ ਡਾ. ਨਵਦੀਪ ਸ਼ਰਮਾ ਉਚੇਚੇ ਰੂਪ ਵਿੱਚ ਵਿਸ਼ੇਸ਼ ਮਹਿਮਾਨਾਂ ਵਜੋਂ ਸਮਾਗਮ ਵਿੱਚ ਹਾਜ਼ਰ ਹੋਏ, ਜਦੋਂ ਕਿ ਹਰਜੋਤ ਕੌਰ ਔਜਲਾ, ਸਰਬਜੋਤ ਬੋਪਾਰਾਏ , ਅਮਨ ਕੋਹਰੀ, ਸਮਾਜ ਸੇਵੀ ਬਲਵਿੰਦਰ ਕੌਰ ਪੰਡੋਰੀ (ਯੂ.ਐੱਸ.ਏ. ਵਰਚੂਅਲੀ), ਭੁਪਿੰਦਰ ਸਿੰਘ ਸੰਧੂ, ਡਾਕਟਰ ਭੁਪਿੰਦਰ ਸਿੰਘ ਭਕਨਾ, ਡਾਕਟਰ ਆਂਚਲ ਅਰੋੜਾ, ਡਾਕਟਰ ਨਿਧੀ ਠਾਕੁਰ, ਨਿਰਮਲ ਕੌਰ ਕੋਟਲਾ, ਡਾਕਟਰ ਜਸਵਿੰਦਰ ਕੌਰ ਅਤੇ ਕੇਂਦਰੀ ਲੇਖਕ ਸਭਾ ਤੋਂ ਦੀਪ ਦਵਿੰਦਰ ਸਿੰਘ ਵਿਸ਼ੇਸ਼ ਰੂਪ ਵਿੱਚ ਗੈਸਟ ਆਫ਼ ਆਨਰ ਵਜੋਂ ਪਹੁੰਚੇ।ਗਾਇਕਾ ਡੌਲੀ ਸਿੰਘ, ਗਲੋਰੀ ਬਾਵਾ ਅਤੇ ਔਜਲਾ ਬਰਦਰ ਨੇ ਇਸ ਮੇਲੇ ਵਿੱਚ ਸੱਭਿਆਚਾਰਕ ਸਾਂਝ ਦਾ ਖ਼ੂਬ ਰੰਗ ਬੰਨ੍ਹਿਆ। ਇਸ ਮੌਕੇ ਪੰਜਾਬੀ ਗਾਇਕ ਹਰਜੀਤ ਲਾਡਲਾ, ਪਰਵਿੰਦਰ ਮੂਧਲ, ਪ੍ਰਿੰਸ ਅਠਵਾਲ, ਸੂਫ਼ੀ ਗਾਇਕਾ ਰਾਜ ਜੰਨਤ, ਸਿਸਟਰ ਜਸਪ੍ਰੀਤ ਕੌਰ ਤੇ ਮਨਪ੍ਰੀਤ ਕੌਰ, ਢੋਲਕ ਕਲਾਕਾਰ ਬਲਜੀਤ ਕੌਰ, ਸੁਸ਼ੀਲ ਕੁਮਾਰ, ਸੰਗੀਤ ਸੰਨੀ, ਗਾਇਕ ਮਿਰਜ਼ਾ ਤੇ ਬੀਰ ਔਲਖ ਨੇ ਸ਼ਿੱਦਤ ਨਾਲ ਮੇਲੇ ਵਿੱਚ ਸੈਂਕੜੇ ਲੋਕਾਂ ਦਾ ਮਨੋਰੰਜਨ ਕਰਕੇ ਤੀਆਂ ਦਾ ਭਾਈਚਾਰਕ ਸਾਂਝ ਦਾ ਸੁਨੇਹਾ ਦਿੱਤਾ।ਪ੍ਰਸਿੱਧ ਪੰਜਾਬੀ ਗਾਇਕਾ ਡੌਲੀ ਸਿੰਘ ਨੂੰ 'ਪਦਮ ਭੂਸ਼ਣ ਗੁਰਮੀਤ ਬਾਵਾ ਯਾਦਗਾਰੀ ਐਵਾਰਡ (11000 ਦੀ ਨਕਦ ਰਾਸ਼ੀ ਸਮੇਤ), ਲੋਕ ਗਾਇਕਾ ਗਲੋਰੀ ਬਾਵਾ ਨੂੰ 'ਪੰਜਾਬ ਦੀ ਮਾਣਮੱਤੀ ਧੀ ਐਵਾਰਡ' (5100 ਨਕਦ ਰਾਸ਼ੀ) ਅਤੇ ਔਜਲਾ ਬ੍ਰਦਰ ਨੂੰ 'ਯਮਲਾ ਜੱਟ ਪੁਰਸਕਾਰ' ਪ੍ਰਦਾਨ ਕੀਤਾ ਗਿਆ।ਪ੍ਰਬੰਧਕਾਂ ਵੱਲੋਂ ਮੁੱਖ ਮਹਿਮਾਨਾਂ, ਵਿਸ਼ੇਸ਼ ਮਹਿਮਾਨਾਂ, ਪ੍ਰਧਾਨਗੀ ਮੰਡਲ ਅਤੇ 150 ਦੇ ਕਰੀਬ ਪਹੁੰਚੀਆਂ ਨਾਮੀ ਹਸਤੀਆਂ ਨੂੰ ਸਨਮਾਨ ਫੁਲਕਾਰੀ, ਸਨਮਾਨ-ਚਿੰਨ੍ਹ ਅਤੇ ਪ੍ਰਸੰਸਾ ਪੱਤਰਾਂ/ਭਾਗੀਦਾਰੀ ਪੱਤਰਾਂ ਨਾਲ ਸਨਮਾਨਿਤ ਕਰਕੇ ਉਨ੍ਹਾਂ ਨੂੰ ਹੋਰ ਉਸਾਰੂ ਕਾਰਜਾਂ ਲਈ ਪ੍ਰੇਰਿਤ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਸਰਵਣ ਸਿੰਘ ਵਿਦਵਾਨ ਆਲੋਚਕ, ਡਾਕਟਰ ਗੁਰਵੰਤ ਸਿੰਘ, ਮਹਿਕਪ੍ਰੀਤ ਸਿੰਘ, ਕੀਰਤਪ੍ਰਤਾਪ ਸਿੰਘ ਪੰਨੂ, ਹਰਦਰਸ਼ਨ ਸਿੰਘ ਕਮਲ, ਸੋਨੂੰ ਸੁਲਤਾਨ, ਨਿਸ਼ਾਨ ਸਿੰਘ, ਡਾਕਟਰ ਨਿਰਮ ਜੋਸਨ, ਡਾਕਟਰ ਗਗਨ, ਮਨਦੀਪ ਬੋਪਾਰਾਏ, ਆਕਾਸ਼ ਡਾਕਟਰ ਰੀਵਾ ਦਰਿਆ, ਡਾਕਟਰ ਰਵਿੰਦਰ ਕੌਰ, ਕੁਲਵਿੰਦਰ ਕੌਰ, ਹਰਵਿੰਦਰ ਕੌਰ, ਬਲਵਿੰਦਰ ਕੌਰ ਪੰਧੇਰ, ਸਤਨਾਮ ਕੌਰ ਧੁੰਨਾ, ਲਵਲੀ ਪੌਡਕਸ਼ਨ, ਦਲਜੀਤ ਸੋਨਾ ਨਾਟਕ ਨਿਰਦੇਸ਼ਕ, ਸਤਿੰਦਰਜੀਤ ਕੌਰ ਅਧਿਆਪਕਾ, ਬਲਜੀਤ ਕੌਰ, ਬਲਜਿੰਦਰ ਮਾਂਗਟ, ਜਸਵਿੰਦਰ ਸੋਹਲ, ਸਮਾਜ ਸੇਵੀ ਜਤਿੰਦਰ ਕੌਰ, ਕੇ. ਐੱਸ. ਵਾਲੀਆ ਮੁੱਖ ਸੰਪਾਦਕ, ਗੁਰਜੀਤ ਕੌਰ ਪੰਜਾਬੀ ਅਧਿਆਪਕਾ, ਪ੍ਰਿੰ. ਗੁਰਜੀਤ ਕੌਰ ਅਜਨਾਲਾ, ਪ੍ਰਿੰ. ਹਰਜਿੰਦਰ ਕੌਰ ਕੰਗ, ਜਤਿੰਦਰ ਕੌਰ ਵਾਈਸ ਪ੍ਰਿੰ., ਅੰਕਿਤਾ ਪੁੰਜ ਕਮੇਡੀਅਨ, ਮਲਕਪ੍ਰੀਤ ਕੌਰ, ਮਨਪ੍ਰੀਤ ਭਿੱਟੇਵੱਢ, ਸਰਤਾਜ ਸੰਧੂ, ਹਰਜਿੰਦਰ ਸਿੰਘ ਗਰੇਵਾਲ, ਲਾਲੀ ਹੈਪੀ ਮੀਰਾਂਕੋਟ ਬ੍ਰਦਰ, ਹਰਮਨ ਬੀਰ ਸਿੰਘ, ਜਤਿੰਦਰ ਕੌਰ ਆਸਟਰੇਲੀਆ, ਪ੍ਰਿੰ. ਗੁਰਜੀਤ ਕੌਰ ਅਜਨਾਲਾ, ਪ੍ਰਿੰ. ਕੁਲਵੰਤ ਸਿੰਘ ਅਣਖੀ, ਬਲਦੇਵ ਸਿੰਘ ਬਾਜਵਾ, ਰਵਿੰਦਰ ਕੌਰ ਸਟੇਟ ਅਵਾਰਡੀ, ਅਰਮਨ ਕੌਰ ਨਾਰਲੀ, ਸਮਾਜ ਸੇਵੀ ਗੁਰਜੀਤ ਕੌਰ ਪੰਜਾਬੀ ਮਿਸਟਰ, ਜਸਬੀਰ ਸਿੰਘ ਝਬਾਲ, ਪੰਜਾਬੀ ਵਿਭਾਗ ਦੀ ਮੁਖੀ ਡਾਕਟਰ ਰਾਣੀ, ਰਾਜਵਿੰਦਰ ਕੌਰ, ਸਰਬਜੋਤ ਕੌਰ ਬੂਆ ਨੰਗਲੀ, ਮੈਡਮ ਰਿਪੀ, ਗੁਰਵੇਲ ਕੁਹਾਲਵੀ ਜਨਰਲ ਸਕੱਤਰ ਮੰਚ, ਅਤਰ ਸਿੰਘ ਤਰਸਿੱਕਾ, ਜਸਵਿੰਦਰ ਸਿੰਘ ਸੰਧੂ ਮੁੱਖ ਸੰਪਾਦਕ, ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ, ਪ੍ਰਿੰ. ਗੁਰਬਾਜ ਸਿੰਘ ਛੀਨਾ, ਅਵਤਾਰ ਸਿੰਘ ਗੋਇੰਦਵਾਲੀ, ਨਾਨਕ ਚੰਦ ਵਸ਼ਿਸ਼ਟ, ਅਸ਼ੋਕ ਟਾਂਡੀ, ਜਸਵਿੰਦਰ ਸਿੰਘ, ਬਲਬੀਰ ਸਿੰਘ ਬੇਲੀ, ਡਾ. ਇੰਦਰਾ ਵਿਰਕ, ਜੋਬਨਜੀਤ ਕੌਰ, ਅਮਨਦੀਪ ਕੌਰ, ਰੁਪਿੰਦਰ ਕੌਰ, ਸਿਮਰਨ ਕੌਰ, ਨਵਦੀਪ ਕੌਰ, ਰੁਪਿੰਦਰ ਕੌਰ ਸੰਧੂ, ਚਰਨਜੀਤ ਕੌਰ, ਗੁਰਸ਼ਰਨਜੀਤ ਔਲਖ, ਅੰਗਰੇਜ਼ ਸਿੰਘ, ਮਨਦੀਪ ਬਲ, ਰੁਪਿੰਦਰ ਮਾਹਲ ਹਾਜ਼ਰ ਸਨ।ਮੰਚ ਸੰਚਾਲਨ ਦੀ ਭੂਮਿਕਾ ਪ੍ਰੋਗਰਾਮ ਕਨਵੀਨਰ ਡਾ. ਰਾਜਬੀਰ ਕੌਰ ਬੀਰ ਗਰੇਵਾਲ ਵੱਲੋਂ ਬਾਖੂਬੀ ਨਿਭਾਈ ਗਈ।



# ਸਿੱਖ ਵਿਧਾਇਕ ਜ਼ਮੀਰ ਦੀ ਆਵਾਜ਼ ਸੁਣ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫ਼ੈਸਲੇ ਨੂੰ ਲਾਗੂ ਕਰਵਾਉਣ : ਜਥੇਦਾਰ ਗੜਗੱਜ

**ਅੰਮ੍ਰਿਤਸਰ (ਜਗਦੀਸ਼ ਕਮਲੇਸ਼)**- ਸਰਕਾਰ ਅੰਦਰ ਬੈਠੇ ਸਾਰੇ ਸਿੱਖ ਵਿਧਾਇਕ ਆਪਣੀ ਜ਼ਮੀਰ ਦੀ ਆਵਾਜ਼ ਸੁਣਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਅਰਦਾਸ ਕਰਕੇ ਕੀਤੇ ਫੈਸਲੇ ਨੂੰ ਲਾਗੂ ਕਰਵਾਉਣ ਲਈ ਆਪਣਾ ਬਣਦਾ ਰੋਲ ਨਿਭਾਉਣ।ਇਹ ਪ੍ਰਗਟਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਮੀਰੀ ਪੀਰੀ ਖਾਲਸਾ ਮਾਰਚ ਦੇ ਗੁਰਦੁਆਰਾ ਖਾਲਸਾ ਦੀਵਾਨ ਫਰੀਦਕੋਟ ਤੋਂ ਅਗਲੇ ਪੜਾਅ ਲਈ ਰਵਾਨਾ ਹੋਣ ਤੋਂ ਪਹਿਲਾਂ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੀਤਾ।ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੱਖ ਲਈ ਸਭ ਤੋਂ ਪਹਿਲਾਂ ਗੁਰੂ ਗ੍ਰੰਥ ਸਾਹਿਬ ਅਤੇ ਗੁਰੂ ਪੰਥ ਹੈ।ਜੋ ਵੀ ਗੱਲ ਗੁਰੂ ਗ੍ਰੰਥ ਸਾਹਿਬ ਦੀ ਮਰਿਆਦਾ ਅਤੇ ਗੁਰੂ ਪੰਥ ਦੇ ਸਿਧਾਂਤਾਂ ਦੇ ਵਿਰੁੱਧ ਹੋਵੇਗੀ, ਉਸ ਨੂੰ ਸਿੱਖ ਕਦੇ ਵੀ ਸਵੀਕਾਰ ਨਹੀਂ ਕਰੇਗਾ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਇਹ ਪ੍ਰਚਾਰ ਕੀਤਾ ਜਾ ਰਿਹਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਸਬੰਧੀ ਬਣਾਏ ਜਾ ਰਹੇ ਐਕਟ ਬਾਰੇ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸਿੱਖ ਪੰਥ ਦੀਆਂ ਸਾਰੀਆਂ ਮੰਗਾਂ ਮੰਨ ਲਈਆਂ ਗਈਆਂ ਹਨ।ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਹਕੀਕਤ ਨਹੀਂ ਹੈ।ਉਨ੍ਹਾਂ ਕਿਹਾ ਕਿ ਸਾਡੀ ਗੱਲ ਬਿਲਕੁਲ ਸਿੱਧੀ ਅਤੇ ਸਪੱਸ਼ਟ ਹੈ, ਜੇ ਕੋਈ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਰਦਾ ਹੈ ਤਾਂ ਉਸ ਦੋਸ਼ੀ ਲਈ ਸਖ਼ਤ ਤੋਂ ਸਖ਼ਤ ਸਜ਼ਾ ਦਾ ਕਾਨੂੰਨ ਬਣਾਇਆ ਜਾਵੇ, ਸਿੱਖ ਪੰਥ ਨੂੰ ਇਸ 'ਤੇ ਕੋਈ ਇਤਰਾਜ਼ ਨਹੀਂ ਪਰ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਸਰੂਪ ਕਿਸ ਨੂੰ ਦੇਣਾ ਹੈ, ਇਸ ਦੀ ਸੇਵਾ, ਮਰਿਆਦਾ ਅਤੇ ਜ਼ਿੰਮੇਵਾਰੀ ਕਿਸ ਦੀ ਹੈ, ਇਹ ਸਿਰਫ਼ ਅਤੇ ਸਿਰਫ਼ ਗੁਰੂ ਪੰਥ ਦਾ ਅਧਿਕਾਰ ਹੈ।ਇਸ ਵਿੱਚ ਕਿਸੇ ਸਰਕਾਰ ਜਾਂ ਸਰਕਾਰੀ ਅਧਿਕਾਰੀ ਨੂੰ ਦਖ਼ਲ ਦੇਣ ਦਾ ਕੋਈ ਹੱਕ ਨਹੀਂ।ਕੋਈ ਸਰਕਾਰੀ ਅਧਿਕਾਰੀ ਸਿੱਖਾਂ ਦੇ ਘਰਾਂ ਵਿੱਚ ਜਾ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪਾਂ ਦੀ ਜਾਂਚ ਕਰੇ, ਤਾਂ ਇਹ ਸਿੱਖ ਧਰਮ ਦੀ ਧਾਰਮਿਕ ਆਜ਼ਾਦੀ ਅਤੇ ਗੁਰੂ-ਸਿੱਖ ਦੇ ਪਵਿੱਤਰ ਰਿਸ਼ਤੇ ਵਿੱਚ ਸਿੱਧਾ ਦਖ਼ਲ ਹੈ।ਅਸੀਂ ਇਸ ਨੂੰ ਕਿਸੇ ਵੀ ਹਾਲਤ ਵਿੱਚ ਸਵੀਕਾਰ ਨਹੀਂ ਕਰ ਸਕਦੇ।ਉਨ੍ਹਾਂ ਸਰਕਾਰ ਨੂੰ ਸਪੱਸ਼ਟ ਕੀਤਾ ਕਿ ਬੇਅਦਬੀ ਕਰਨ ਵਾਲਿਆਂ ਨੂੰ ਸਖ਼ਤ ਸਜ਼ਾ ਦੇਣ ਵਾਲੇ ਪ੍ਰਬੰਧ ਨਾਲ ਸਾਨੂੰ ਕੋਈ ਇਤਰਾਜ਼ ਨਹੀਂ, ਪਰ ਜਿੱਥੇ ਸਿੱਖ ਧਰਮ ਦੀ ਮਰਿਆਦਾ, ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੇਵਾ ਅਤੇ ਗੁਰੂ ਪੰਥ ਦੇ ਅਧਿਕਾਰਾਂ ਵਿੱਚ ਦਖ਼ਲ ਦੀ ਗੱਲ ਆਵੇਗੀ, ਉਥੇ ਅਸੀਂ ਪਹਿਲਾਂ ਵੀ ਇਨਕਾਰ ਕੀਤਾ ਸੀ, ਅੱਜ ਵੀ ਕਰਦੇ ਹਾਂ ਅਤੇ ਭਵਿੱਖ ਵਿੱਚ ਵੀ ਕਰਦੇ ਰਹਾਂਗੇ।ਉਨ੍ਹਾਂ ਕਿਹਾ ਕਿ ਆਪਣੇ ਧਰਮ ਵਿੱਚ ਦਖ਼ਲਅੰਦਾਜ਼ੀ ਸਿੱਖ ਕਦੇ ਵੀ ਬਰਦਾਸ਼ਤ ਨਹੀਂ ਕਰੇਗਾ।



# ਲੁੱਟਾਂ ਖੋਹਾਂ ਤੇ ਚੋਰੀ ਦੀਆਂ 27 ਵਾਰਦਾਤਾਂ ਦਾ ਪਰਦਾਫਾਸ਼

**ਸ਼ਾਹਕੋਟ (ਗਿਆਨ ਸੈਦਪੁਰੀ)**- ਪੁਲਸ ਵੱਲੋਂ ਮਾਰੂ ਹਥਿਆਰਾਂ ਨਾਲ ਲੁੱਟਾਂ ਖੋਹਾਂ ਅਤੇ ਚੋਰੀ ਕਰਨ ਵਾਲੇ ਅੰਤਰ-ਜ਼ਿਲ੍ਹਾ ਗਿਰੋਹ ਦਾ ਪਰਦਾਫਾਸ਼ ਕਰਨ ਦਾ ਦਾਅਵਾ ਕੀਤਾ ਗਿਆ ਹੈ। ਦੱਸਿਆ ਗਿਆ ਹੈ ਕਿ



ਲੁੱਟਖੋਹ ਦੀਆਂ 27 ਵਾਰਦਾਤਾਂ ਦਾ ਪਤਾ ਲਾ ਕੇ ਵੱਡੀ ਸਫਲਤਾ ਹਾਸਲ ਕੀਤੀ ਹੈ। ਸ਼ੁੱਕਰਵਾਰ ਨੂੰ ਡੀ.ਐਸ.ਪੀ. ਦਫਤਰ ਸ਼ਾਹਕੋਟ ਵਿਖੇ ਉੱਪ ਪੁਲਿਸ ਕਪਤਾਨ ਸਰਵਣ ਸਿੰਘ ਬੱਲ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਉਨ੍ਹਾਂ ਦੀ ਅਗਵਾਈ ਵਿੱਚ ਥਾਣਾ ਮੁਖੀ ਲੋਹੀਆ ਖਾਸ ਦੀ ਟੀਮ ਵੱਲੋਂ ਲੰਘੀ 29 ਜੁਲਾਈ ਨੂੰ ਲੁੱਟਾਂ ਖੋਹਾਂ ਅਤੇ ਚੋਰੀ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ ਕਰਕੇ 27 ਵਾਰਦਾਤਾਂ ਟਰੇਸ ਕੀਤੀਆਂ ਹਨ। ਉਨ੍ਹਾਂ ਦੱਸਿਆ ਕਿ ਥਾਣਾ ਮੁਖੀ ਲੋਹੀਆ ਸੁਖਵਿੰਦਰ ਸਿੰਘ ਖਹਿਰਾ ਨੇ ਪੁਲੀਸ ਪਾਰਟੀ ਨਾਲ ਗਸ਼ਤ ਦੌਰਾਨ ਪਿੰਡ ਸੀਚੇਵਾਲ ਦੇ ਸ਼ਮਸ਼ਾਨਘਾਟ ਦੇ ਗੇਟ ਕੋਲ ਖੜੇ ਸਚਦੇਵ ਸਿੰਘ ਉਰਫ ਸੱਚ ਪੁੱਤਰ ਬਲਵੰਤ ਸਿੰਘ ਵਾਸੀ ਸੀਚੇਵਾਲ, ਹਰਮਨਜੋਤ ਸਿੰਘ ਉਰਫ ਹੰਮਾ ਵਾਸੀ ਬਾਦਸ਼ਾਹਪੁਰ ਨੂੰ ਫੜਿਆ। ਪੁੱਛਗਿੱਛ ਦੌਰਾਨ ਇਨ੍ਹਾਂ ਪਾਸੋਂ ਦੋ ਮੋਟਰਸਾਈਕਲ, ਦੋ ਦਾਤਰ ਅਤੇ 30 ਹਜ਼ਾਰ ਰੁਪਏ ਮਿਲੇ। ਪੁੱਛਗਿੱਛ ਦੌਰਾਨ ਦੋਹਾਂ ਨੇ ਦੱਸਿਆ ਕਿ ਉਨ੍ਹਾਂ ਨੇ ਸੀਚੇਵਾਲ ਵਿੱਚ 4, ਥਾਣਾ ਲੋਹੀਆ ਦੇ ਖੇਤਰ ਵਿੱਚ 5, ਥਾਣਾ ਸਦਰ ਨਕੋਦਰ ਦੇ ਖੇਤਰ ਵਿੱਚ ਇੱਕ, ਥਾਣਾ ਸ਼ਾਹਕੋਟ ਦੇ ਖੇਤਰ ਵਿੱਚ 10 ਵਾਰਦਾਤਾਂ ਨੂੰ ਅੰਜਾਮ ਦਿੱਤਾ। ਇਸੇ ਤਰ੍ਹਾਂ ਨਾਲ ਲੱਗਦੇ ਜ਼ਿਲ੍ਹਾ ਕਪੂਰਥਲਾ ਦੇ ਥਾਣਾ ਸੁਲਤਾਨਪੁਰ ਲੋਧੀ ਦੇ ਪਿੰਡ ਡੱਲਾ ਅਤੇ ਪਵਿੱਤਰ ਵੇਂਈ ਦੇ ਕਿਨਾਰੇ ਦੇ ਖੇਤਰ ਵਿੱਚ 6 ਵਾਰਦਾਤਾਂ ਕੀਤੀਆਂ ਗਈਆ ਸਨ।

ਦੋਹਾਂ ਦੇ ਖਿਲਾਫ ਮੁਕੱਦਮਾ ਐਨ. ਐਸ. ਥਾਣਾ ਲੋਹੀਆਂ ਅੰਦਰ ਦਰਜ ਕੀਤਾ ਗਿਆ ਹੈ। ਦੋਵਾਂ ਦਾ ਰਿਮਾਂਡ ਹਾਸਲ ਕੀਤਾ ਗਿਆ ਹੈ। ਅਗਲੀ ਪੁੱਛਗਿੱਛ ਵਿੱਚ ਹੋਰ ਵਾਰਦਾਤਾਂ ਦੇ ਖੁਲਾਸੇ ਹੋਣ ਦੀ ਸੰਭਾਵਨਾ ਹੈ। ਡੀ ਐੱਸ ਪੀ ਸਰਵਣ ਸਿੰਘ ਬੱਲ ਨੇ ਦੱਸਿਆ ਕਿ ਦੋਸ਼ੀਆਂ ਖਿਲਾਫ਼ ਪਹਿਲਾਂ ਵੀ ਮੁਕੱਦਮੇ ਦਰਜ ਹਨ। ਪ੍ਰੈਸ ਕਾਨਫਰੰਸ ਦੌਰਾਨ ਥਾਣਾ ਮੁਖੀ ਲੋਹੀਆ ਖਾਸ ਸੁਖਵਿੰਦਰ ਸਿੰਘ ਖਹਿਰਾ ਵੀ ਮੌਜੂਦ ਸਨ।

# ਚੋਣਾਂ ਸਬੰਧੀ ਯੂਥ ਆਗੂ ਦੀ ਸੁਖਬੀਰ ਸਿੰਘ ਬਾਦਲ ਨਾਲ ਮੀਟਿੰਗ

**ਬਲਾਚੌਰ (ਜਸਵਿੰਦਰ ਬੈਂਸ)**- ਸ਼੍ਰੋਮਣੀ ਅਕਾਲੀ ਦਲ ਦੇ ਯੂਥ ਆਗੂ ਰਮਨ ਨੰਦ ਲਾਲ ਚੌਧਰੀ ਨੇ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਇੱਕ ਅਹਿਮ ਮੀਟਿੰਗ ਕੀਤੀ। ਇਸ ਮੀਟਿੰਗ ਦੌਰਾਨ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ



ਲੈ ਕੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਹਲਕਾ ਬਲਾਚੌਰ ਸਮੇਤ ਪੰਜਾਬ ਦੇ ਮੌਜੂਦਾ ਰਾਜਨੀਤਿਕ ਹਾਲਾਤਾਂ 'ਤੇ ਚਰਚਾ ਹੋਈ।ਰਮਨ ਨੰਦ ਲਾਲ ਚੌਧਰੀ ਨੇ ਸਰਦਾਰ ਸੁਖਬੀਰ ਸਿੰਘ ਬਾਦਲ ਨੂੰ ਹਲਕਾ ਬਲਾਚੌਰ ਦੇ ਵਰਕਰਾਂ ਦੀਆਂ ਭਾਵਨਾਵਾਂ ਅਤੇ ਲੋਕਾਂ ਨਾਲ ਜੁੜੇ ਮੁੱਖ ਮੁੱਦਿਆਂ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਅਤੇ ਲੋਕ ਹਿੱਤ ਵਾਲੇ ਫ਼ੈਸਲਿਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਯੂਥ ਵਰਕਰ ਪੂਰੀ ਤਨਦੇਹੀ ਨਾਲ ਕੰਮ ਕਰ ਰਹੇ ਹਨ।

ਇਸ ਮੌਕੇ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਵਰਕਰਾਂ ਨੂੰ ਹੋਰ ਮਜ਼ਬੂਤੀ ਨਾਲ ਜਨਤਾ ਵਿੱਚ ਜਾਣ, ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਪਾਰਟੀ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨ ਦਾ ਸੱਦਾ ਦਿੱਤਾ।

ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਸ਼੍ਰੋਮਣੀ ਅਕਾਲੀ ਦਲ ਮੁੜ ਲੋਕਾਂ ਦਾ ਭਰੋਸਾ ਜਿੱਤ ਕੇ ਪੰਜਾਬ ਦੀ ਸੇਵਾ ਲਈ ਮਜ਼ਬੂਤ ਭੂਮਿਕਾ ਨਿਭਾਏਗਾ। ਰਮਨ ਨੰਦ ਲਾਲ ਚੌਧਰੀ ਨੇ ਕਿਹਾ ਕਿ ਉਹ ਹਲਕਾ ਬਲਾਚੌਰ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਲੋਕਾਂ ਨਾਲ ਸੰਪਰਕ ਕਰ ਰਹੇ ਹਨ ਅਤੇ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਜਨ ਸਮਰਥਨ ਮਿਲੇਗਾ ਅਤੇ ਪਾਰਟੀ ਸ਼ਾਨਦਾਰ ਪ੍ਰਦਰਸ਼ਨ ਕਰੇਗੀ।

# ਮੁਫ਼ਤ ਕਾਨੂੰਨੀ ਸਹਾਇਤਾ ਗ਼ਰੀਬ ਤੇ ਲੋੜਵੰਦ ਲੋਕਾਂ ਨੂੰ ਮਿਲਣੀ ਚਾਹੀਦੀ, ਨਾ ਕਿ ਪੇਸ਼ੇਵਰ ਅਪਰਾਧੀਆਂ ਨੂੰ : ਨਾਗਰਾਜ

**ਨਕੋਦਰ/ਨੂਰਮਹਿਲ (ਮਨਜੀਤ ਮਾਨ, ਬਾਲ ਕ੍ਰਿਸ਼ਨ ਬਾਲੀ)**- ਲੀਗਲ ਏਡ ਡਿਫੈਂਸ ਕੌਂਸਲ ਸਿਸਟਮ ਦੇ ਵਿਰੋਧ ਵਿੱਚ ਪੰਜਾਬ ਭਰ ਦੇ ਵਕੀਲ ਭਾਈਚਾਰੇ ਵੱਲੋਂ ਜੁਆਇੰਟ ਐਕਸ਼ਨ ਕਮੇਟੀ ਦੇ ਸੱਦੇ 'ਤੇ ਅਣਮਿੱਥੇ ਸਮੇਂ ਲਈ ਭੁੱਖ




ਹੜਤਾਲ ਸ਼ੁਰੂ ਕੀਤੀ ਗਈ ਹੈ। ਇਸ ਤਹਿਤ ਅਦਾਲਤੀ ਕੰਮਕਾਰ ਮੁਕੰਮਲ ਤੌਰ 'ਤੇ ਠੱਪ ਰਿਹਾ। ਐਡਵੋਕੇਟ ਗੌਰਵ ਨਾਗਰਾਜ ਸਾਬਕਾ ਵਾਈਸ ਪ੍ਰਧਾਨ ਬਾਰ ਐਸੋਸੀਏਸ਼ਨ ਨਕੋਦਰ ਦਾ ਕਹਿਣਾ ਹੈ ਕਿ ਸਰਕਾਰ ਦੀ ਇਹ ਨੀਤੀ ਅਪਰਾਧ ਅਤੇ ਅਪਰਾਧੀਆਂ ਨੂੰ ਸ਼ਹਿ ਦੇ ਰਹੀ ਹੈ, ਜਿਸ ਨਾਲ ਅਮਨ-ਕਾਨੂੰਨ ਦੀ ਸਥਿਤੀ ਲਗਾਤਾਰ ਵਿਗੜ ਰਹੀ ਹੈ। ਐਡਵੋਕੇਟ ਨਾਗਰਾਜ ਨੇ ਕਿਹਾ ਕਿ ਇਸ ਸਿਸਟਮ ਰਾਹੀਂ ਨਸ਼ਾ ਤਸਕਰਾਂ ਅਤੇ ਹੋਰ ਮਾੜੇ ਅਨਸਰਾਂ ਨੂੰ ਬਿਨਾਂ ਜ਼ਮਾਨਤੀਆਂ ਦੇ ਮੁਫ਼ਤ ਵਿੱਚ ਰਿਹਾਈ ਮਿਲ ਰਹੀ ਹੈ। ਬਾਰ ਐਸੋਸੀਏਸ਼ਨ ਨਕੋਦਰ ਵਲੋਂ ਐਡਵੋਕੇਟ ਗੌਰਵ ਨਾਗਰਾਜ ਜੋ ਭੁੱਖ ਹੜਤਾਲ ਤੇ ਬੈਠੇ ਹਨ ਨੇ ਦੱਸਿਆ ਕਿ ਇਹ ਹੜਤਾਲ ਕਿਸੇ ਇੱਕ ਜ਼ਿਲ੍ਹੇ ਦੀ ਨਹੀਂ, ਬਲਕਿ ਪੂਰੇ ਪੰਜਾਬ ਹਰਿਆਣਾ ਦੀਆਂ ਬਾਰ ਐਸੋਸੀਏਸ਼ਨਾਂ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮੁਫ਼ਤ ਕਾਨੂੰਨੀ ਸਹਾਇਤਾ ਗ਼ਰੀਬ ਅਤੇ ਲੋੜਵੰਦ ਲੋਕਾਂ ਨੂੰ ਮਿਲਣੀ ਚਾਹੀਦੀ ਹੈ, ਨਾ ਕਿ ਪੇਸ਼ੇਵਰ ਅਪਰਾਧੀਆਂ ਨੂੰ। ਇਸ ਪਾਲਿਸੀ ਦੀਆਂ ਖ਼ਾਮੀਆਂ ਕਾਰਨ ਚੋਰੀਆਂ ਅਤੇ ਨਸ਼ਾ ਵੇਚਣ ਵਾਲੇ ਅਪਰਾਧੀ ਜੇਲ੍ਹ ਵਿੱਚੋਂ ਬਾਹਰ ਆ ਕੇ ਤੁਰੰਤ ਦੁਬਾਰਾ ਉਹੀ ਅਪਰਾਧ ਕਰਦੇ ਹਨ। ਅੱਜ ਐਡਵੋਕੇਟ ਗੌਰਵ ਨਾਗਰਾਜ ਦੇ ਨਾਲ ਐਡਵੋਕੇਟ ਹਿਮਾਂਸ਼ੂ ਤਨੇਜਾ, ਐਡਵੋਕੇਟ ਜਗਜੀਤ ਅਰੋੜਾ, ਐਡਵੋਕੇਟ ਪ੍ਰਤੀਕ ਸਿੰਘ ਵੀ ਭੁੱਖ ਹੜਤਾਲ ਤੇ ਬੈਠੇ ਸਨ ਤੇ ਉਹਨਾਂ ਦੇ ਨਾਲ ਬਾਕੀ ਬਾਰ ਐਸੋਸਿਏਸ਼ਨ ਦੇ ਪ੍ਰਧਾਨ ਨਵਨੀਤ ਸਿੰਘ ਨਨਰਾ, ਸੈਕਟਰੀ ਮਨੀਸ਼ ਤਿਵਾੜੀ ਅਤੇ ਹੋਰ ਸਾਰੇ ਵਕੀਲ ਸਾਹਿਬਾਨ ਵੀ ਸਮਰਥਨ ਲਈ ਬੈਠੇ ਸਨ।

## ਜਨਮ ਦਿਨ ਮੁਬਾਰਕ



ਗੁਰਅਨਹਦਪ੍ਰੀਤ ਕੌਰ
ਤਰਨ ਤਾਰਨ



ਅਨਿਕੇਤਪ੍ਰੀਤ ਸਿੰਘ
ਮੁਰੀਦਕੇ

# ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਦੀ ਪੰਜਾਬ ਸਟੇਟ ਫਾਰਮੇਸੀ ਕੌਂਸਿਲ ਨਾਲ ਮੀਟਿੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੰਜਾਬ ਰਾਜ ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਦੀ ਪੰਜਾਬ ਸਟੇਟ ਫਾਰਮੇਸੀ ਕੌਂਸਿਲ ਨਾਲ ਅਤੇ ਡਾਇਰੈਕਟਰ ਸਿਹਤ ਨਾਲ ਉਹਨਾਂ ਵਲੋਂ ਦਿੱਤੇ ਗਏ ਲਿਖਤੀ ਸਮੇਂ ਅਨੁਸਾਰ ਮੀਟਿੰਗ ਹੋਈ। ਇਹ ਮੀਟਿੰਗ ਜਥੇਬੰਦੀ ਦੇ ਸੂਬਾ



ਪ੍ਰਧਾਨ ਸੁਖਦੀਪ ਸ਼ਰਮਾ ਅਤੇ ਜਨਰਲ ਸਕੱਤਰ ਸੁਨੀਲ ਦੱਤ ਸ਼ਰਮਾ ਦੀ ਅਗਵਾਈ ਹੇਠ ਕੀਤੀ ਗਈ। ਡਾਇਰੈਕਟਰ ਸਿਹਤ ਨਾਲ ਵਿਭਾਗ ਵਿਚ ਕੰਮ ਕਰ ਰਹੇ ਫਾਰਮੇਸੀ ਅਫਸਰਾਂ ਵਲੋਂ ਕੀਤੇ ਗਏ ਕੋਰਟ ਕੇਸ ਬਾਅਦ ਮਾਨਯੋਗ ਹਾਈਕੋਰਟ ਵਲੋਂ ਜਾਰੀ ਕੀਤੇ ਗਏ ਫੈਸਲੇ ਅਨੁਸਾਰ ਸਪੀਕਿੰਗ ਆਰਡਰ ਜਲਦੀ ਤੋ ਜਲਦੀ ਜਾਰੀ ਕੀਤੇ ਜਾਣ ਬਾਰੇ ਅਤੇ ਕਰਮਚਾਰੀ ਨੂੰ ਪੇਸ਼ ਆਉਣ ਵਾਲੀਆਂ ਮੁਸ਼ਕਿਲਾਂ ਬਾਰੇ ਚਰਚਾ ਹੋਈ।

ਇਸ ਉਪਰੰਤ ਪੰਜਾਬ ਸਟੇਟ ਫਾਰਮੇਸੀ ਕੌਂਸਿਲ ਦੇ ਪ੍ਰਧਾਨ ਸਤੀਸ਼ ਬਾਂਸਲ ਨਾਲ ਉਹਨਾਂ ਵਲੋਂ ਦਿੱਤੇ ਗਏ ਸਮੇਂ ਮੁਤਾਬਿਕ ਮੀਟਿੰਗ ਕੀਤੀ ਗਈ। ਇਸ ਵਿਚ ਪਹਿਲਾ ਨਵੇਂ ਚੁਣੇ ਗਏ ਕਮੇਟੀ ਮੈਂਬਰਾਂ ਦੀ ਜਾਣ ਪਛਾਣ ਕਰਵਾਈ ਗਈ। ਮੀਟਿੰਗ ਦੀ ਕਾਰਵਾਈ ਸਬੰਧੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੀ ਸੂਬਾ ਪ੍ਰੈਸ ਸਕੱਤਰ ਦੀਪਜੰਗਲੀ ਭੱਟੀ ਨੇ ਦੱਸਿਆ ਕਿ ਮੀਟਿੰਗ ਵਿੱਚ ਫਾਰਮੇਸੀ ਅਫਸਰਾਂ ਦੀਆਂ ਮੁਸ਼ਕਿਲਾਂ ਬਾਰੇ ਚਰਚਾ ਕੀਤੀ ਗਈ। ਕੇਂਦਰ ਸਰਕਾਰ ਦੇ 10 ਜੂਨ 2026 ਦੇ ਨੋਟੀਫਿਕੇਸ਼ਨ ਅਨੁਸਾਰ ਤਨਖਾਹ ਸਕੇਲ ਅਤੇ ਅਹੁਦੇ /ਪੋਸਟਾਂ ਦੇ ਨਾਮ ਲਾਗੂ ਕਰਨ ਦੀ ਵੀ ਮੰਗ ਕੀਤੀ ਗਈ। ਜਿਸ ਸਬੰਧੀ ਉਹਨਾਂ ਦੇ ਯਕੀਨ ਦਵਾਇਆ ਕਿ ਕੇਂਦਰ ਸਰਕਾਰ ਦੇ ਇਸ ਪੱਤਰ ਅਨੁਸਾਰ ਹੀ ਪੰਜਾਬ ਸਟੇਟ ਵਿਚ ਵੀ ਫਾਰਮੇਸੀ ਦੇ ਕਿੱਤੇ ਨੂੰ ਹੋਰ ਉੱਤੇ ਲੈਕੇ ਜਾਨ ਲਈ ਉਹਨਾਂ ਵਲੋਂ ਪੂਰਾ ਯੋਗਦਾਨ ਰਹੇਗਾ ਅਤੇ ਕੋਈ ਵੀ ਢਿਲ ਨਹੀਂ ਵਰਤੀ ਜਾਏਗੀ। ਮੀਟਿੰਗ ਵਿਚ ਮੌਕੇ ਤੇ ਵਿੱਤ ਸਕੱਤਰ ਮੀਨਾਕਸ਼ੀ ਧੀਰ, ਆਡੀਟਰ ਅਮਨਦੀਪ ਸਿੰਘ, ਪ੍ਰਬਧਕੀ ਸਕੱਤਰ ਬਲਵਿੰਦਰ ਸਿੰਘ ਹਾਜ਼ਰ ਸਨ।

# ਊਧਮ ਸਿੰਘ ਦੇ ਸ਼ਹੀਦੀ ਦਿਵਸ ਮੌਕੇ ਡਾ. ਹਰਸਿਮਰਤ ਸਾਹੀ ਨੇ ਸ਼ਰਧਾਂਜਲੀ ਕੀਤੀ ਭੇਟ



**ਦਸੂਹਾ (ਕਰਨੈਲ ਮਾਂਗਟ)**- ਸ਼ਹੀਦ-ਏ-ਆਜ਼ਮ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਵਸ ਮੌਕੇ ਰਾਜੀਵ ਦੀਕਸ਼ਿਤ ਗਊਸ਼ਾਲਾ, ਦਸੂਹਾ ਵਿਖੇ ਪ੍ਰਧਾਨ ਬਾਬੂ ਅਰੁਣ ਕੁਮਾਰ ਦੀ ਅਗਵਾਈ ਹੇਠ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਡਾ. ਹਰਸਿਮਰਤ ਸਾਹੀ (ਸੰਨੀ ਸਾਹੀ), ਸਾਬਕਾ ਪ੍ਰਧਾਨ ਨਗਰ ਕੌਂਸਲ ਦਸੂਹਾ ਅਤੇ ਭਾਜਪਾ ਦੇ ਸੀਨੀਅਰ ਆਗੂ, ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸਮਾਗਮ ਦੌਰਾਨ ਡਾ. ਸਾਹੀ ਨੇ ਸ਼ਹੀਦ ਊਧਮ ਸਿੰਘ ਦੇ ਬੁੱਤ ਅੱਗੇ ਫੁੱਲ ਅਰਪਿਤ ਕਰਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਦੇਸ਼ ਦੀ ਆਜ਼ਾਦੀ ਲਈ ਦਿੱਤੀ ਉਨ੍ਹਾਂ ਦੀ ਮਹਾਨ ਕੁਰਬਾਨੀ, ਦੇਸ਼ਭਗਤੀ ਅਤੇ ਬਹਾਦਰੀ ਨੂੰ ਨਮਨ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਡਾ. ਸਾਹੀ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਭਾਰਤ ਦੇ ਆਜ਼ਾਦੀ ਸੰਘਰਸ਼ ਦੇ ਮਹਾਨ ਅਤੇ ਨਿਡਰ ਕ੍ਰਾਂਤੀਕਾਰੀ ਸਨ, ਜਿਨ੍ਹਾਂ ਦੀ ਲਾਸਾਨੀ ਸ਼ਹਾਦਤ ਹਰ ਭਾਰਤੀ ਦੇ ਦਿਲ ਵਿੱਚ ਦੇਸ਼ਭਗਤੀ ਦਾ ਜਜ਼ਬਾ ਪੈਦਾ ਕਰਦੀ ਹੈ। ਉਨ੍ਹਾਂ ਕਿਹਾ ਕਿ ਅੱਜ ਅਸੀਂ ਜਿਹੜੀ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ, ਉਹ ਸਾਡੇ ਸ਼ਹੀਦਾਂ ਦੀਆਂ ਅਮੁੱਲ ਕੁਰਬਾਨੀਆਂ ਦਾ ਨਤੀਜਾ ਹੈ। ਇਸ ਲਈ ਸਾਨੂੰ ਉਨ੍ਹਾਂ ਦੇ ਬਲਿਦਾਨ ਨੂੰ ਹਮੇਸ਼ਾ ਯਾਦ ਰੱਖਦੇ ਹੋਏ ਦੇਸ਼ ਦੀ ਏਕਤਾ, ਅਖੰਡਤਾ ਅਤੇ ਤਰੱਕੀ ਲਈ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਹਲਕਾ ਇੰਚਾਰਜ ਰਘੂਨਾਥ ਰਾਣਾ, ਕਰਨ ਪਾਲ ਸਿੰਘ ਗੋਲਡੀ (ਜਨਰਲ ਸਕੱਤਰ, ਕਿਸਾਨ ਮੋਰਚਾ ਪੰਜਾਬ), ਜਸਵੰਤ ਸਿੰਘ ਪੱਪੂ, ਮਨੋਜ ਕੁਮਾਰ, ਓਂਕਾਰ ਸਿੰਘ, ਅਮੋਲਕ ਸਿੰਘ ਹੁੰਦਲ, ਰਾਮ ਸ਼ਰਨ ਪਰਾਸ਼ਰ ,ਰਿੰਪੀ ਰਲ੍ਹਣ,ਜਤਿਨ ਨਈਅਰ,ਦਲਜੀਤ ਕੌਰ,ਅਰੁਣ ਕੁਮਾਰ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਬਕਾਇਆ ਰਾਸ਼ੀ ਤੁਰੰਤ ਜਾਰੀ ਕੀਤੀ ਜਾਵੇ : ਕਰਮਚਾਰੀ ਐਸੋਸੀਏਸ਼ਨ

**ਚੰਡੀਗੜ੍ਹ/ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਦੀ ਇੱਕ ਮਹੱਤਵਪੂਰਨ ਮੀਟਿੰਗ ਐਸੋਸੀਏਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਗੁਰਚਰਨ ਸਿੰਘ ਤਰਮਾਲਾ ਦੀ ਅਗਵਾਈ ਹੇਠ ਹੋਈ। ਮੀਟਿੰਗ ਦੌਰਾਨ ਬੋਰਡ ਦੀ ਵਿੱਤੀ ਸਥਿਤੀ ਅਤੇ ਕਰਮਚਾਰੀਆਂ ਨਾਲ ਸਬੰਧਤ ਅਹਿਮ ਮੁੱਦਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਐਸੋਸੀਏਸ਼ਨ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਵੱਖ-ਵੱਖ ਸਰਕਾਰੀ ਸਕੀਮਾਂ ਤਹਿਤ ਲਗਭਗ ?450 ਕਰੋੜ ਦੀ ਰਾਸ਼ੀ ਅਜੇ ਵੀ ਪੰਜਾਬ ਸਰਕਾਰ ਵੱਲੋਂ ਬਕਾਇਆ ਹੈ। ਇਸ ਵੱਡੀ ਰਕਮ ਦੇ ਲੰਬੇ ਸਮੇਂ ਤੋਂ ਜਾਰੀ ਨਾ ਹੋਣ ਕਾਰਨ ਬੋਰਡ ਦੀ ਵਿੱਤੀ ਸਥਿਤੀ 'ਤੇ ਗੰਭੀਰ ਅਸਰ ਪੈ ਰਿਹਾ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਇੱਕ ਖੁਦਮੁਖਤਿਆਰ ਸੰਸਥਾ ਹੈ, ਜੋ ਆਪਣੇ ਵਿੱਤੀ ਸਰੋਤਾਂ ਦੇ ਆਧਾਰ 'ਤੇ ਆਪਣਾ ਸਮੁੱਚਾ ਪ੍ਰਬੰਧ ਚਲਾ ਰਹੀ ਹੈ। ਬੋਰਡ ਨੂੰ ਆਪਣੇ ਰੋਜ਼ਾਨਾ ਦੇ ਪ੍ਰਸ਼ਾਸਨਿਕ ਅਤੇ ਕਰਮਚਾਰੀਆਂ ਨਾਲ ਸਬੰਧਤ ਖਰਚਿਆਂ ਲਈ ਸਰਕਾਰ ਵੱਲੋਂ ਕੋਈ ਵੱਖਰੀ ਨਿਯਮਿਤ ਗਰਾਂਟ ਪ੍ਰਾਪਤ ਨਹੀਂ ਹੁੰਦੀ। ਐਸੋਸੀਏਸ਼ਨ ਦੇ ਜਨਰਲ ਸਕੱਤਰ ਪਰਮਜੀਤ ਸਿੰਘ ਬੈਨੀਪਾਲ ਨੇ ਕਿਹਾ ਕਿ ਸਰਕਾਰ ਵੱਲੋਂ ਇਹ ਬਕਾਇਆ ਰਾਸ਼ੀ ਸਮੇਂ ਸਿਰ ਜਾਰੀ ਨਾ ਕੀਤੇ ਜਾਣ ਕਾਰਨ ਬੋਰਡ ਦੇ ਮੁਲਾਜ਼ਮਾਂ ਦੇ ਛੇਵੇਂ ਤਨਖ਼ਾਹ ਕਮਿਸ਼ਨ ਦੇ ਬਕਾਏ, ਹੋਰ ਵਿੱਤੀ ਦੇਣਦਾਰੀਆਂ ਅਤੇ ਕਰਮਚਾਰੀਆਂ ਨੂੰ ਬਣਦੇ ਵਾਜਬ ਭੁਗਤਾਨ ਲੰਬੇ ਸਮੇਂ ਤੋਂ ਅਟਕੇ ਹੋਏ ਹਨ। ਇਸ ਕਾਰਨ ਕਰਮਚਾਰੀਆਂ ਵਿੱਚ ਨਿਰਾਸ਼ਾ ਦਾ ਮਾਹੌਲ ਬਣ ਰਿਹਾ ਹੈ ਅਤੇ ਬੋਰਡ ਨੂੰ ਆਪਣੇ ਵਿੱਤੀ ਪ੍ਰਬੰਧਾਂ ਵਿੱਚ ਬੇਲੋੜੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮੌਕੇ ਐਸੋਸੀਏਸ਼ਨ ਦੇ ਅਹੁਦੇਦਾਰਾਂ ਵਿੱਚੋਂ ਮਨੋਜ ਰਾਣਾ, ਲਖਵਿੰਦਰ ਸਿੰਘ ਘੜੂਆਂ, ਗੁਰਜੀਤ ਸਿੰਘ ਬੀਦੋਵਾਲੀ, ਮਲਕੀਤ ਸਿੰਘ ਗੱਗੜ, ਮਨਜਿੰਦਰ ਸਿੰਘ ਹੁਲਕਾ ਅਤੇ ਸਵਰਨ ਸਿੰਘ ਤਿਊੜ,ਮਨਜੀਤ ਸਿੰਘ ਲਹਿਰਾਗਾਗਾ ਅਤੇ ਰੁਪਿੰਦਰ ਕੌਰ ਹਾਜ਼ਰ ਸਨ।

# ਕਿਰਤੀ ਕਿਸਾਨ ਯੂਨਿਟ ਦੀ ਚੋਣ

**ਬੰਗਾ (ਅਵਤਾਰ ਕਲੇਰ)**- ਪਿੰਡ ਮਾਹਲ ਗਹਿਲਾਂ ਵਿੱਚ ਕਿਸਾਨਾਂ ਦੀ ਭਰਵੀਂ ਮੀਟਿੰਗ ਹੋਈ। ਮੀਟਿੰਗ ਨੂੰ ਕਿਰਤੀ ਕਿਸਾਨ ਯੂਨੀਅਨ ਦੇ ਜਿਲ੍ਹਾ ਸਕੱਤਰ ਤਰਸੇਮ ਸਿੰਘ ਬੈਂਸ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨਾਲ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਨੇ ਵਪਾਰ ਮੁਕਤ ਸਮਝੌਤੇ ਤੇ ਦਸਤਖਤ ਕਰਵਾਏ ਹਨ। ਇਸ ਵਪਾਰ ਮੁਕਤ ਸਮਝੌਤੇ ਨਾਲ ਸਾਡੀਆਂ ਫਸਲਾਂ ਮੰਡੀਆਂ ਵਿੱਚ ਰੁਲ ਜਾਣਗੀਆਂ ਅਤੇ ਅਮਰੀਕਾ



ਆਪਣੀਆਂ ਚੀਜਾਂ ਸਸਤੇ ਭਾਅ ਵਿਕਣਗੀਆਂ। ਇਸ ਨਾਲ ਦੇਸ਼ ਦੇ ਕਿਸਾਨਾਂ ਦੀ ਫਸਲ ਦਾ ਵਧੀਆ ਭਾਅ ਨਹੀਂ ਲੱਗੇਗਾ। ਇਸ ਲਈ ਇਹ ਵਪਾਰ ਮੁਕਤ ਰੱਦ ਕਰਨਾ ਚਾਹੀਦਾ ਹੈ। ਇਸ ਸਮੇਂ ਕਿਰਤੀ ਕਿਸਾਨ ਯੂਨਿਟ ਦੀ ਚੋਣ ਕੀਤੀ ਗਈ ਜਿਸ ਵਿੱਚ ਸੁਰਿੰਦਰ ਸਿੰਘ ਪ੍ਰਧਾਨ, ਰਘਵੀਰ ਸਿੰਘ ਮੀਤ ਪ੍ਰਧਾਨ,ਜਸਵਿੰਦਰ ਸਿੰਘ ਸਕੱਤਰ, ਨਰਿੰਦਰ ਸਿੰਘ ਖਜ਼ਾਨਚੀ,ਸਹਾਇਕ ਸਿੰਘ, ਬੂਟਾ ਸਿੰਘ, ਰਾਮ ਲੁਭਾਇਆ,ਦਲਾਵਰ ਸਿੰਘ, ਮਨਜੀਤ ਸਿੰਘ ਭੱਟੀ ਅਤੇ ਪਰਮਜੀਤ ਰਾਮ ਮੈਂਬਰ ਚੁਣੇ ਗਏ।

## ਡਿਪਟੀ ਕਮਿਸ਼ਨਰ ਵੱਲੋਂ ਲਿਵਜੋਤ ਸਿੰਘ ਦਾ ਵਿਸ਼ੇਸ਼ ਸਨਮਾਨ

**ਨਵਾਂਸ਼ਹਿਰ, ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਰੈਸਲਿੰਗ ਐਸੋਸੀਏਸ਼ਨ ਵੱਲੋਂ ਚੀਮਾ ਮੰਡੀ (ਸੰਗਰੂਰ) ਵਿਖੇ ਕਰਵਾਈ ਗਈ ਰਾਜ ਪੱਧਰੀ ਅੰਡਰ-12 ਰੈਸਲਿੰਗ ਚੈਂਪੀਅਨਸ਼ਿਪ ਵਿੱਚ ਸ਼ਹੀਦ



ਭਗਤ ਸਿੰਘ ਨਗਰ ਦਾ ਨਾਂਅ ਰੌਸ਼ਨ ਕਰਨ ਵਾਲੇ ਲਿਵਜੋਤ ਸਿੰਘ ਨੂੰ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਪਿੰਡ ਪੂਨੀਆਂ ਦੇ ਰਹਿਣ ਵਾਲੇ ਅਤੇ ਪਰਵਿੰਦਰ ਸਿੰਘ ਦੇ ਸਪੁੱਤਰ ਲਿਵਜੋਤ ਸਿੰਘ ਨੇ 60 ਕਿਲੋ ਭਾਰ ਵਰਗ ਵਿੱਚ ਸ਼ਾਨਦਾਰ ਦਾਅ-ਪੇਚਾਂ ਦਾ ਪ੍ਰਦਰਸ਼ਨ ਕਰਦਿਆਂ ਕਾਂਸੀ ਦਾ ਤਗਮਾ (ਤੀਜਾ ਸਥਾਨ) ਜਿੱਤ ਕੇ ਜ਼ਿਲ੍ਹੇ ਦਾ ਮਾਨ ਵਧਾਇਆ ਹੈ। ਇਹ ਨੌਜਵਾਨ ਪਹਿਲਵਾਨ ਦੇਸ਼ ਭਗਤ ਮਾਸਟਰ ਦਲੀਪ ਸਿੰਘ ਬੱਬਰ ਰੈਸਲਿੰਗ ਸੈਂਟਰ ਗੋਸਲ ਵਿਖੇ ਕੋਚ ਬਲਵੀਰ ਦੀ ਦੇਖ-ਰੇਖ ਹੇਠ ਸਖ਼ਤ ਮਿਹਨਤ ਕਰ ਰਿਹਾ ਹੈ। ਲਿਵਜੋਤ ਡੈਰਿਕ ਇੰਟਰਨੈਸ਼ਨਲ ਸਕੂਲ ਬੰਗਾ ਦਾ ਛੇਵੀਂ ਜਮਾਤ ਦਾ ਹੋਣਹਾਰ ਵਿਦਿਆਰਥੀ ਹੈ।ਡੀ.ਸੀ. ਗੁਲਪ੍ਰੀਤ ਸਿੰਘ ਔਲਖ ਨੇ ਲਿਵਜੋਤ ਸਿੰਘ ਨੂੰ ਵਧਾਈ ਦਿੰਦਿਆਂ ਭਵਿੱਖ ਵਿੱਚ ਹੋਰ ਬੁਲੰਦੀਆਂ ਛੂਹਣ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

# ਰੇਨਬੋ ਪਬਲਿਕ ਸਕੂਲ ਤੇ ਰੇਨਬੋ ਸਟਾਰਸ 'ਚ ਓਲੰਪਿਕਸ ਖੇਡ ਮੁਕਾਬਲੇ




**ਆਦਮਪੁਰ , (ਪਰਮਜੀਤ ਸਿੰਘ)**- ਰੇਨਬੋ ਪਬਲਿਕ ਸਕੂਲ ਸੱਤੋਵਾਲੀ ਆਦਮਪੁਰ ਤੇ ਰੇਨਬੋ ਸਟਾਰਸ ਵਿੱਚ ਪ੍ਰਬੰਧਕ ਅਨਿਲ ਕੁਮਾਰ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਓਲੰਪਿਕ ਖੇਡਾਂ ਦਾ ਆਯੋਜਨ ਕੀਤਾ ਗਿਆ। ਜਿਸ ਦੀ ਪ੍ਰਧਾਨਗੀ ਪ੍ਰਿੰਸੀਪਲ ਸੰਧਿਆ ਮਹਿਤਾ ਦੁਆਰਾ ਕੀਤੀ ਗਈ। ਇਸ ਸਮਾਰੋਹ ਦੇ ਸ਼ੁੱਭ ਆਰੰਭ ਵਿੱਚ ਵਿਦਿਆਰਥੀਆਂ ਦੁਆਰਾ ਅਨੁਸ਼ਾਸਨ ਤੇ ਨੈਤਿਕ ਕਦਰਾਂ- ਕੀਮਤਾਂ ਪ੍ਰਤੀ ਬਚਨਬੱਧ ਰਹਿਣ ਲਈ ਸਹੁੰ ਚੁੱਕੀ ਗਈ। ਇਸ ਸਮਾਗਮ ਦੌਰਾਨ ਵਿਦਿਆਰਥੀਆਂ ਲਈ ਵੱਖ-ਵੱਖ ਪ੍ਰਕਾਰ ਦੇ ਖੇਡ ਮੁਕਾਬਲੇ ਜਿਵੇਂ ਕਿ 100 ਮੀਟਰ ਦੌੜ, ਗੇਂਦ ਚੁੱਕਣਾ, ਗੇਂਦ ਨੂੰ ਸੰਤੁਲਿਤ ਕਰਦੇ ਹੋਏ ਅੰਤਿਮ ਰੇਖਾ ਤੱਕ ਪਹੁੰਚਉਣਾ, ਬਿਸਕੁਟ ਦੌੜ, ਬੋਰੀ ਦੌੜ, ਰਿਲੇ ਦੌੜ, ਇੱਕ ਪੈਰ ਉੱਤੇ ਦੌੜਨਾ, ਸਿੱਕਾ ਲੱਭਣਾ, ਗੋਲਾ ਸੁੱਟਣਾ ਆਦਿ ਖੇਡਾਂ ਦੇ ਮੁਕਾਬਲੇ ਕਰਵਾਏ ਗਏ। ਵੱਖ-ਵੱਖ ਮੁਕਾਲਿਆਂ ਵਿੱਚ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਪ੍ਰਮਾਣ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਅੰਤ ਵਿੱਚ ਪ੍ਰਿੰਸੀਪਲ ਨੇ ਖੇਡਾਂ ਦੇ ਮਹੱਤਵ ਬਾਰੇ ਦੱਸਦਿਆਂ ਕਿਹਾ ਕਿ ਇਹ ਸਾਡੇ ਸਰੀਰਕ ਵਿਕਾਸ ਲਈ ਬਹੁਤ ਹੀ ਲਾਭਦਾਇਕ ਹਨ। ਉਨ੍ਹਾਂ ਬੱਚਿਆਂ ਨੂੰ ਭਵਿੱਖ ਵਿੱਚ ਇਸ ਪ੍ਰਕਾਰ ਦੇ ਮੁਕਾਬਲਿਆਂ ਵਿੱਚ ਭਾਗ ਲੈਣ ਦੇ ਲਈ ਉਤਸ਼ਾਹਿਤ ਕੀਤਾ।

# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਵਿਖੇ ਸ਼ਹੀਦੀ ਦਿਵਸ ਮੌਕੇ ਪ੍ਰਭਾਵਸ਼ਾਲੀ ਸਮਾਗਮ

**ਜਲੰਧਰ (ਸੁਰਿੰਦਰ ਕੁਮਾਰ)** ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਲਾਡੋਵਾਲੀ ਰੋਡ, ਵਿਖੇ ਮਹਾਨ ਆਜ਼ਾਦੀ ਘੁਲਾਟੀਏ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਇੱਕ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ ਕਾਲਜ ਦੀ ਓਐਸਡੀ ਡਾ. ਨਵਜੋਤ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸ਼ਹੀਦ ਊਧਮ ਸਿੰਘ ਨੇ ਜਲ੍ਹਿਆਂਵਾਲਾ ਬਾਗ ਦੇ




ਨਿਰਦੋਸ਼ ਸ਼ਹੀਦਾਂ ਨਾਲ ਹੋਏ ਅੱਤਿਆਚਾਰ ਦਾ ਇਨਸਾਫ਼ ਕਰਦਿਆਂ ਭਾਰਤ ਦੇ ਆਜ਼ਾਦੀ ਸੰਘਰਸ਼ ਵਿੱਚ ਅਮਿੱਟ ਯੋਗਦਾਨ ਪਾਇਆ। ਉਨ੍ਹਾਂ ਕਿਹਾ ਕਿ ਦੇਸ਼ ਲਈ ਆਪਣਾ ਸਰਵਸਵ ਨਿਛਾਵਰ ਕਰਨ ਵਾਲੇ ਅਜਿਹੇ ਮਹਾਨ ਸ਼ਹੀਦਾਂ ਦਾ ਜੀਵਨ ਅੱਜ ਵੀ ਨੌਜਵਾਨ ਪੀੜ੍ਹੀ ਲਈ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਦੇਸ਼ਭਗਤੀ, ਇਮਾਨਦਾਰੀ, ਅਨੁਸ਼ਾਸਨ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨਾਲ ਆਪਣੇ ਫ਼ਰਜ਼ ਨਿਭਾਉਣ ਦਾ ਸੱਦਾ ਦਿੱਤਾ। ਐਨ ਐਸ ਐਸ ਵਿਭਾਗ ਦੇ ਇੰਚਾਰਜ ਡਾ. ਲਖਵੀਰ ਸਿੰਘ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਦੀ ਕੁਰਬਾਨੀ ਸਿਰਫ਼ ਇਤਿਹਾਸ ਦਾ ਹਿੱਸਾ ਨਹੀਂ, ਸਗੋਂ ਹਰ ਭਾਰਤੀ ਲਈ ਪ੍ਰੇਰਨਾ ਦਾ ਚਾਨਣ-ਮੁਨਾਰਾ ਹੈ। ਉਨ੍ਹਾਂ ਕਿਹਾ ਕਿ ਐਨ.ਐਸ.ਐਸ. ਦਾ ਮੁੱਖ ਉਦੇਸ਼ ਵੀ ਨੌਜਵਾਨਾਂ ਵਿੱਚ ਸੇਵਾ ਭਾਵਨਾ, ਸਮਾਜਿਕ ਜਾਗਰੂਕਤਾ ਅਤੇ ਰਾਸ਼ਟਰ ਪ੍ਰਤੀ ਸਮਰਪਣ ਦੀ ਭਾਵਨਾ ਪੈਦਾ ਕਰਨਾ ਹੈ। ਸਮਾਗਮ ਵਿੱਚ ਹਾਜ਼ਰ ਸਭ ਨੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਉਨ੍ਹਾਂ ਦੇ ਆਦਰਸ਼ਾਂ 'ਤੇ ਚੱਲਣ ਦਾ ਸੰਕਲਪ ਲਿਆ। ਇਸ ਮੌਕੇ ਡਾ. ਅਸ਼ੀਸ਼ ਅਰੋੜਾ, ਡਾ. ਸੰਜੀਵ ਅਰੋੜਾ, ਡਾ. ਸੋਨੀਆ ਕੁੰਦਰਾ, ਡਾ. ਨੇਹਾ ਕਾਲੜਾ, ਡਾ. ਪਰਵਿੰਦਰ ਕੌਰ ਢਿੱਲੋਂ ਸਮੇਤ ਕਾਲਜ ਦੇ ਅਧਿਆਪਕ, ਗੈਰ-ਅਧਿਆਪਨ ਸਟਾਫ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਸਮੂਹ ਹਾਜ਼ਰੀਨ ਨੇ ਮਹਾਨ ਸ਼ਹੀਦ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਂਟ ਕੀਤੀ ਅਤੇ ਉਨ੍ਹਾਂ ਦੇ ਦੱਸੇ ਰਾਹ 'ਤੇ ਚੱਲਣ ਦਾ ਅਹਿਦ ਕੀਤਾ।

# ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ ਕੀਤੀ ਭੇਟ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਸ਼ਹੀਦ ਊਧਮ ਸਿੰਘ ਨੂੰ ਉਨ੍ਹਾਂ ਦੇ ਸ਼ਹੀਦੀ ਦਿਹਾੜੇ ਮੌਕੇ ਸ਼ਰਧਾਂਜਲੀ ਭੇਂਟ ਕਰਦਿਆਂ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ



ਦੇ ਪ੍ਰਧਾਨ ਅਤੇ ਸੀਨੀਅਰ ਅਕਾਲੀ ਆਗੂ ਇੰਜ ਸਵਰਨ ਸਿੰਘ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਜੀ ਦੀ ਲਾਸਾਨੀ ਕੁਰਬਾਨੀ ਨੇ ਦੇਸ਼ ਤੇ ਦੁਨੀਆ ਨੂੰ ਸਾਂਝੀਵਾਲਤਾ ਤੇ ਕੌਮੀ ਏਕਤਾ ਦਾ ਸੁਨੇਹਾ ਦਿੱਤਾ ਹੈ। ਸ਼ਹੀਦ ਊਧਮ ਸਿੰਘ ਦੀ ਤਸਵੀਰ 'ਤੇ ਸ਼ਰਧਾਂਜਲੀ ਭੇਂਟ ਕੀਤੀ ਇਸ ਮੌਕੇ ਸੀਨੀਅਰ ਆਗੂ ਦਿਲਬਾਗ ਸਿੰਘ ਗਿੱਲ ਨੇ ਕਿਹਾ ਕਿ ਆਪਣਾ ਨਾਂਅ ਰਾਮ ਮੁਹੰਮਦ ਸਿੰਘ ਆਜ਼ਾਦ ਵਜੋਂ ਬਦਲਣਾ ਸ਼ਹੀਦ ਊਧਮ ਸਿੰਘ ਦੇ ਧਰਮ ਨਿਰਪੱਖਤਾ ਦੇ ਸੰਦੇਸ਼ ਦੀਆਂ ਲੱਖਾਂ ਪਰਤਾਂ ਆਪਣੇ ਆਪ 'ਚ ਸਮੋਈ ਬੈਠਾ ਹੈ।ਸਾਬਕਾ ਚੇਅਰਮੈਨ ਸੁਰਜੀਤ ਸਿੰਘ ਢਿੱਲੋਂ ਕਿਹਾ ਕਿ ਜਿਸ ਤਰ੍ਹਾਂ 21 ਸਾਲ ਬਾਅਦ ਊਧਮ ਸਿੰਘ ਨੇ ਉਦੋਂ ਦੇ ਪੰਜਾਬ ਦੇ ਲੈਫਟੀਨੈਂਟ ਗਵਰਨਰ ਮਾਇਕਲ ਓਡਵਾਇਰ ਨੂੰ ਮਾਰ ਕੇ ਬਦਲਾ ਲਿਆ ਉਹ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਦੇਸ਼ ਦੀ ਅਣਖ ਤੇ ਗੈਰਤ ਨਾਲ ਸੇਵਾ ਕਰਨ ਲਈ ਪ੍ਰੇਰਤ ਕਰਦਾ ਰਹੇਗਾ। ਇਸ ਮੌਕੇ ਉਨ੍ਹਾਂ ਸ਼ਹੀਦ ਊਧਮ ਸਿੰਘ ਜੀ ਦੇ ਜੀਵਨ ਤੇ ਰੌਸ਼ਨੀ ਪਾਈ ਅਤੇ ਬੱਚਿਆਂ ਨੂੰ ਉਹਨਾਂ ਦੇ ਜੀਵਨ ਤੋਂ ਸੇਧ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਾਂਝੇ ਬਿਆਨ ਵਿੱਚ ਕਿਹਾ ਕਿ ਸਾਨੂੰ ਕਾਲਜਾਂ, ਸਕੂਲਾਂ ਅਤੇ ਪਿੰਡਾਂ ਵਿੱਚ ਲਾਇਬ੍ਰੇਰੀਆਂ ਖੋਲ੍ਹ ਕੇ ਸ਼ਹੀਦਾਂ, ਅਣਗਿਣਤ ਯੋਧਿਆਂ ਅਤੇ ਜਿਨ੍ਹਾਂ ਪੰਜਾਬੀਆਂ ਨੇ ਦੇਸ਼ ਦੀ ਆਜ਼ਾਦੀ ਦੀ ਲਹਿਰ ਵਿੱਚ ਜਾਨਾਂ ਵਾਰ ਕੇ ਆਪਣਾ ਯੋਗਦਾਨ ਪਾਇਆ ਉਹਨਾਂ ਦੀਆਂ ਅਣਸੁਣੀਆਂ ਗਾਥਾਵਾਂ ਨੂੰ ਸੰਭਾਲਣ ਦਾ ਉਪਰਾਲਾ ਕਰਨਾ ਚਾਹੀਦਾ ਹੈ । ਉਹਨਾਂ ਸ਼ਹੀਦ ਊਧਮ ਸਿੰਘ ਦੇ ਜੀਵਨ ਤੋਂ ਵਿਸ਼ੇਸ਼ ਤੌਰ ਤੇ ਸਬਕ ਸਿੱਖਣ ਲਈ ਨੌਜਵਾਨ ਪੀੜ੍ਹੀ ਨੂੰ ਦੇਸ਼ ਭਗਤਾਂ ਦੇ ਇਤਿਹਾਸ ਨਾਲ ਸਬੰਧਤ ਕਿਤਾਬਾਂ ਪੜ੍ਹਨ ਦੇ ਸੁਝਾਅ ਦਿੱਤੇ। ਇਸ ਮੌਕੇ ਉਹਨਾਂ ਦੇ ਨਾਲ ਇੰਜ: ਸਵਰਨ ਸਿੰਘ ਮੈਂਬਰ ਪੀ ਏ ਸੀ ਅਕਾਲੀ ਦਲ, ਜੱਥੇਦਾਰ ਹਰਜਿੰਦਰ ਸਿੰਘ ਲਾਡੀ, ਦਿਆਲ ਸਿੰਘ ਦੀਪੇਵਾਲ, ਇੰਦਰਜੀਤ ਸਿੰਘ ਲਾਟੀਆਵਾਲ ਆਦਿ ਵੀ ਹਾਜ਼ਰ ਸਨ।

# ਮਲਕੀਤ ਮੰਢਾਲੀ ਦੇ ਲਿਖੇ ਗੀਤ ਦੀ ਰਿਕਾਰਡਿੰਗ ਸ਼ੁਰੂ

**ਬੰਗਾ (ਅਵਤਾਰ ਕਲੇਰ)**- ਧੰਨ-ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ, ਭਾਰਤ ਰਤਨ ਭੀਮ ਰਾਓ ਡਾ.ਅੰਬੇਡਕਰ, ਬਾਬੂ ਕਾਂਸ਼ੀ ਰਾਮ ਅਤੇ ਅਮਰ ਸ਼ਹੀਦ ਸੰਤ ਰਾਮਾ ਨੰਦ ਨੂੰ ਸਮਰਪਤ ਸੈਂਕੜੇ ਕ੍ਰਾਂਤੀਕਾਰੀ



ਗੀਤ ਗਾਉਣ ਵਾਲੇ ਮਿਸ਼ਨਰੀ ਗਾਇਕ ਰਾਜ ਦਦਰਾਲ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਦਿਹਾੜੇ 'ਤੇ ਰਿਲੀਜ਼ ਹੋਣ ਵਾਲੇ ਸਿੰਗਲ ਟ੍ਰੈਕ ਦੀ ਰਿਕਾਰਡਿੰਗ ਮਿਊਜ਼ਿਕ ਡਾਇਰੈਕਟਰ ਬੀ.ਆਰ.ਡਿਮਾਣਾ ਅਤੇ ਆਰ.ਡੀ.ਬੁਆਏ ਦੇ ਸੰਗੀਤ ਵਿੱਚ ਸ਼ੁਰੂ ਕੀਤੀ ਗਈ। ਜਿਸ ਗੀਤ ਨੂੰ ਲਿਖਿਆ ਹੈ ਗੀਤਕਾਰ ਮਲਕੀਤ ਮੰਢਾਲੀ ਨੇ। ਮਿਸ਼ਨਰੀ ਗਾਇਕ ਰਾਜ ਦਦਰਾਲ ਨੇ ਦੱਸਿਆ ਕਿ ਧਾਰਮਿਕ ਗੀਤ ਮੇਲਾ ਇੰਟਰਟੇਨਰਜ਼ ਕੰਪਨੀ ਕੈਨੇਡਾ ਅਤੇ ਆਰ.ਐਮ.ਟੂ ਮਿਊਜ਼ਿਕ ਕੰਪਨੀ ਦੇ ਬੈਨਰ ਹੇਠ ਪ੍ਰੋਡਿਊਸਰ ਬਿੱਲ ਬਸਰਾ ਕੈਨੇਡਾ ਵੱਲੋਂ ਵਿਸ਼ਵ ਪੱਧਰ 'ਤੇ ਰਿਲੀਜ਼ ਕੀਤੇ ਜਾਣਗੇ। ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ 'ਤੇ ਉਨ੍ਹਾਂ ਦੀ ਅਵਾਜ਼ ਵਿੱਚ ਗਾਏ ਕੁੱਲ ਪੰਜ ਗੀਤ ਰਿਲੀਜ਼ ਹੋਣਗੇ। ਰਿਕਾਰਡਿੰਗ ਮੌਕੇ ਗਾਇਕ ਰਾਜ ਦਦਰਾਲ, ਗੀਤਕਾਰ ਮਲਕੀਤ ਮੰਢਾਲੀ ਅਤੇ ਸੰਗੀਤਕਾਰ ਬੀ.ਆਰ.ਆਰ.ਡਿਮਾਣਾ ਤੋਂ ਇਲਾਵਾ ਪਰਵੀਨ ਬੰਗਾ ਜਨਰਲ ਸਕੱਤਰ ਬਹੁਜਨ ਸਮਾਜ ਪਾਰਟੀ ਪੰਜਾਬ, ਮਨੋਹਰ ਕਮਾਮ, ਬਸਪਾ ਆਗੂ ਅਸ਼ੋਕ ਕੁਮਾਰ ਖੋਥੜਾਂ, ਰਕੇਸ਼ ਰਾਮ ਸੂਬੇਦਾਰ, ਬਲਵਿੰਦਰ ਸੰਧੂ, ਰਾਮ ਲਾਲ ਖੋਥੜਾਂ, ਵਰਿੰਦਰ ਕੁਮਾਰ, ਰਕੇਸ਼ ਕੁਮਾਰ ਹਾਜ਼ਰ ਸਨ।

# ਸ਼ਹੀਦ ਊਧਮ ਸਿੰਘ ਦੀ 87ਵੀਂ ਬਰਸੀ ਜੋਸ਼ੋ ਖਰੋਸ਼ ਨਾਲ ਮਨਾਈ

**ਮਾਹਿਲਪੁਰ, ਗੜ੍ਹਸ਼ੰਕਰ (ਸ.ਫਰੀ, ਫੂਲਾ ਸਿੰਘ ਬੀਰਮਪੁਰ)**- ਸ਼ਹੀਦ ਊਧਮ ਸਿੰਘ ਦੀ 87ਵੀਂ ਬਰਸੀ ਜੋਸ਼ੋ ਖਰੋਸ਼ ਨਾਲ ਡਾਕਟਰ ਭਾਗ ਸਿੰਘ ਹਾਲ ਵਿੱਚ ਕਾਮਰੇਡ ਕੁਲਵਿੰਦਰ ਸੰਘਾ ਦੀ ਅਗਵਾਈ ਵਿੱਚ ਮਨਾਈ ਗਈ।



ਇਸ ਮੌਕੇ ਕਾਮਰੇਡ ਗੁਰਨੇਕ ਸਿੰਘ ਭੱਜਲ, ਕਾਮਰੇਡ ਦਰਸ਼ਨ ਸਿੰਘ ਮੱਟੂ ਨੇ ਸ਼ਹੀਦ ਊਧਮ ਸਿੰਘ ਦੀ ਲਾਸਾਨੀ ਕੁਰਬਾਨੀ ਨੂੰ ਯਾਦ ਕਰਦਿਆਂ ਸਾਮਰਾਜ ਵਿਰੁੱਧ, ਫਿਰਕਾਪ੍ਰਸਤੀ ਵਿਰੁੱਧ ਬੇਕਿਰਕੀ ਨਾਲ ਸੰਘਰਸ਼ ਕਰਨ ਦਾ ਅਹਿਦ ਕਰਨ ਦੀ ਅਪੀਲ ਕੀਤੀ। ਸ਼ਹੀਦ ਊਧਮ ਸਿੰਘ ਅਮਰ ਰਹੇ, ਸਾਮਰਾਜਵਾਦ ਮੁਰਦਾਬਾਦ, ਫਿਰਕਾਪ੍ਰਸਤੀ ਮੁਰਦਾਬਾਦ ਦੇ ਨਾਹਰੇ ਲਾਏ।ਇਸ ਮੌਕੇ ਕਾਮਰੇਡ ਤਰਸੇਮ ਲਾਲ, ਕਿਸ਼ਨ ਚੰਦ, ਕਿਸ਼ਨ ਕੁਮਾਰ ਗੜ੍ਹਸ਼ੰਕਰ, ਹਰੀ ਦੇਵ, ਰਾਜਿੰਦਰ ਸ਼ਰਮਾ, ਨਰੇਸ਼ ਕੁਮਾਰ, ਅਮਿਤ ਠਾਕੁਰ, ਸ਼ਨੀ ਮੱਟੂ, ਕਦਮ ਭਗਾਣੀਆ, ਲਾਲੀ ਭਗਾਣੀਆ, ਰਣਜੀਤ ਸਿੰਘ ਗੜ੍ਹਸ਼ੰਕਰ, ਗੁਰਮੇਲ ਕਲਸੀ ਆਦਿ ਹਾਜ਼ਰ ਸੀ।ਅਖੀਰ ਵਿੱਚ ਤਰਸੇਮ ਲਾਲ ਨੇ ਧੰਨਵਾਦ ਕੀਤਾ।

# ਡੀ ਟੀ ਐੱਫ਼ ਵਲੋਂ ਮਿਡ ਡੇ ਮੀਲ ਦੀ ਰਾਸ਼ੀ ਜਾਰੀ ਨਾ ਕਰਨ 'ਤੇ ਸਰਕਾਰ ਦੀ ਨਿੰਦਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ (ਡੀ ਟੀ ਐੱਫ਼.) ਨੇ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਲਈ ਚਲਦੀ ਮਿਡ-ਡੇ-ਮੀਲ ਸਕੀਮ ਤਹਿਤ ਪਿਛਲੇ ਤਿੰਨ ਮਹੀਨਿਆਂ ਤੋਂ ਸਕੂਲਾਂ ਨੂੰ ਕੋਈ ਰਾਸ਼ੀ ਜਾਰੀ ਨਾ ਕਰਨ 'ਤੇ ਪੰਜਾਬ ਸਰਕਾਰ ਅਤੇ



ਸਿੱਖਿਆ ਵਿਭਾਗ ਦੇ ਰਵੱਈਏ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਇਸ ਸੰਬੰਧੀ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਸੂਬਾ ਸੰਯੁਕਤ ਸਕੱਤਰ ਮੁਕੇਸ਼ ਗੁਜਰਾਤੀ, ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ, ਜਨਰਲ ਸਕੱਤਰ ਇੰਦਰ ਸੁਖਦੀਪ ਸਿੰਘ ਓਢਰਾ, ਵਿੱਤ ਸਕੱਤਰ ਮਨਜੀਤ ਸਿੰਘ ਦਸੂਹਾ, ਪ੍ਰੈੱਸ ਸਕੱਤਰ ਬਲਜੀਤ ਸਿੰਘ ਮਹਿਮੋਵਾਲ ਅਤੇ ਜੁਆਇੰਟ ਸਕੱਤਰ ਪ੍ਰਵੀਨ ਸ਼ੇਰਪੁਰ ਆਦਿ ਆਗੂਆਂ ਨੇ ਕਿਹਾ ਕਿ ਸਰਕਾਰ ਦੀ ਅਣਗਹਿਲੀ ਕਾਰਨ ਸਰਕਾਰੀ ਸਕੂਲਾਂ ਦੇ ਮੁਖੀਆਂ ਨੂੰ ਆਪਣੀ ਜੇਬ ਵਿੱਚੋਂ ਪੈਸੇ ਖਰਚ ਕਰਕੇ ਵਿਦਿਆਰਥੀਆਂ ਲਈ ਦੁਪਹਿਰ ਦੇ ਖਾਣੇ ਦਾ ਪ੍ਰਬੰਧ ਕਰਨਾ ਪੈ ਰਿਹਾ ਹੈ, ਜੋ ਕਿ ਬਿਲਕੁਲ ਅਸਵੀਕਾਰਯੋਗ ਅਤੇ ਅਣਉਚਿਤ ਹੈ। ਆਗੂਆਂ ਨੇ ਕਿਹਾ ਕਿ ਮਿਡ-ਡੇ-ਮੀਲ ਯੋਜਨਾ ਮਾਣਯੋਗ ਸਰਵਉੱਚ ਅਦਾਲਤ ਦੇ ਆਦੇਸ਼ਾਂ ਤਹਿਤ ਚਲ ਰਹੀ ਇੱਕ ਮਹੱਤਵਪੂਰਨ ਯੋਜਨਾ ਹੈ ਜਿਸਨੂੰ ਚਲਾਉਣ ਦੀ ਜ਼ਿੰਮੇਵਾਰੀ ਕੇਂਦਰ ਅਤੇ ਰਾਜ ਸਰਕਾਰ ਦੀ ਸਾਂਝੀ ਹੈ। ਡੀ ਟੀ ਐੱਫ਼. ਨੇ ਸਰਕਾਰ ਤੋਂ ਮੰਗ ਕੀਤੀ ਕਿ ਮਿਡ-ਡੇ-ਮੀਲ ਦੀ ਸਮੁੱਚੀ ਬਕਾਇਆ ਰਾਸ਼ੀ ਬਿਨਾਂ ਕਿਸੇ ਹੋਰ ਦੇਰੀ ਦੇ ਤੁਰੰਤ ਜਾਰੀ ਕੀਤੀ ਜਾਵੇ। ਇਸ ਮੌਕੇ ਰਜਿੰਦਰ ਹੇਜਮਾਂ, ਵਰਿੰਦਰ ਸੈਣੀ, ਰਾਕੇਸ਼ ਕੁਮਾਰ, ਰਾਜਵਿੰਦਰ ਸਿੰਘ ਬੁੱਢੀ ਪਿੰਡ, ਜਸਮੀਤ ਸਿੰਘ, ਬਲਬੀਰ ਸਿੰਘ ਧਾਮੀ, ਬਲਜਿੰਦਰ ਸਹੋਤਾ, ਪ੍ਰਦੀਪ ਗੁਰੂ, ਜਰਨੈਲ ਡਘਾਮ, ਰਾਜਨ ਕੁਮਾਰ, ਜਸਵਿੰਦਰ ਝਿੰਗੜ, ਨਿਰਮਲ ਸਿੰਘ, ਦਲਜਿੰਦਰ ਜਲੋਟਾ, ਵਿਜੇ ਕੁਮਾਰ, ਡਾ. ਸੰਜੀਵ ਕਲਸੀ, ਪ੍ਰਦੀਪ ਸ਼ਰਮਾ, ਅਸ਼ਨੀ ਕੁਮਾਰ, ਰਮੇਸ਼ ਬੱਗਾ, ਰੇਸ਼ਮ ਸਿੰਘ ਧੁੱਗਾ, ਮਨਜੀਤ ਸਿੰਘ ਬਾਬਾ, ਬਲਕਾਰ ਸਿੰਘ, ਪਰਮਜੀਤ ਸਿੰਘ ਭੁੰਗਾ, ਅਜੇ ਕੁਮਾਰ ਅਤੇ ਕਰਨੈਲ ਸਿੰਘ ਆਦਿ ਆਗੂ ਵੀ ਹਾਜ਼ਰ ਸਨ।



# ਲਾਇਨਜ਼ ਕਲੱਬ ਇੰਟਰਨੈਸ਼ਨਲ ਰਿਹਾਣਾ ਜੱਟਾ ਨੇ ਸ਼ਹੀਦੀ ਦਿਵਸ ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜਲਿਆਂਵਾਲਾ ਬਾਗ ਕਤਲੇਆਮ ਦਾ ਬਦਲਾ ਲੈਣ ਵਾਲੇ ਮਹਾਨ ਕ੍ਰਾਂਤੀਕਾਰੀ ਯੋਧੇ ਸ਼ਹੀਦ ਊਧਮ ਸਿੰਘ ਦਾ 87ਵਾਂ ਸ਼ਹੀਦੀ ਦਿਵਸ ਲਾਇਨਜ਼ ਕਲੱਬ ਇੰਟਰਨੈਸ਼ਨਲ ਰਿਹਾਣਾ ਜੱਟਾ ਕੋਹਿਨੂਰ 321 ਡੀ ਵੱਲੋ ਬਹੁਤ ਹੀ ਸ਼ਰਧਾ ਪੂਰਵਕ ਮਨਾਇਆ ਗਿਆ। ਕਲੱਬ ਪ੍ਰਧਾਨ ਲਾਇਨ ਡਾ: ਮੁਖਤਿਆਰ ਸਿੰਘ ਧਾਲੀਵਾਲ, ਸਕੱਤਰ ਲਾਇਨ ਡਾ: ਤੇਜਬੀਰ ਸਿੰਘ ਧਾਲੀਵਾਲ, ਖਜ਼ਾਨਚੀ ਲਾਇਨ ਡਾ: ਹਰਮਨਪ੍ਰੀਤ ਕੌਰ ਧਾਲੀਵਾਲ, ਮੈਂਬਰਸ਼ਿਪ ਚੇਅਰਮੈਨ ਲਾਇਨ ਸੁਖਵਿੰਦਰ ਕੌਰ, ਮੀਤ ਪ੍ਰਧਾਨ ਫਸਟ ਲਾਇਨ ਡਾ: ਪ੍ਰੇਮ ਭਾਰਦਵਜ, ਮੀਤ ਪ੍ਰਧਾਨ ਸੈਕਿੰਡ ਲਾਇਨ ਬਲਵਿੰਦਰ ਸਿੰਘ ਅਕਾਸ਼ ਕਲੋਨੀ, ਪਵਿੱਤਰ ਸਿੰਘ ਛਾਉਣੀ ਕਲਾਂ , ਮਿਸਜ ਜਸਪ੍ਰੀਤ ਕੌਰ ਛਾਉਣੀ ਕਲਾਂ ਨੇ ਸ਼ਹੀਦ ਊਧਮ ਸਿੰਘ ਦੀ ਤਸਵੀਰ ਉਪਰ ਗੁਲਾਬ ਦੇ ਫੁੱਲ ਭੇਂਟ ਕੀਤੇ। ਲਾਇਨਜ਼ ਕਲੱਬ ਹੁਸ਼ਿਆਰਪੁਰ ਸਮਰਪਣ ਐਕਟਿਵ ਵੱਲੋਂ ਡਾਇਰੈਕਟਰ ਲਾਇਨ ਐਮ ਪੀ ਸਿੱਧੂ, ਖਜ਼ਾਨਚੀ ਮੋਹਨ ਲਾਲ, ਸਾਬਕਾ ਪ੍ਰਧਾਨ ਜਤਿੰਦਰ ਕੁਮਾਰ ਤੇ ਸਾਥੀਆਂ ਨੇ ਵੀ ਸ਼ਰਧਾਂਜ਼ਲੀ ਭੇਟ ਕੀਤੀ ।

# ਸ੍ਰੀ ਗੁਰੂ ਰਵਿਦਾਸ ਦੇ ਜੀਵਨ 'ਤੇ ਆਧਾਰਿਤ ਡਾਕੂਮੈਂਟਰੀ ਸ਼ੋਅਜ਼ ਨੂੰ ਮਿਲਿਆ ਭਰਵਾਂ ਹੁੰਗਾਰਾ

**ਫਗਵਾੜਾ (ਜਸਵਿੰਦਰ ਢੱਡਾ)**- ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਦੇ ਸਾਲ ਭਰ ਚੱਲਣ ਵਾਲੇ ਯਾਦਗਾਰੀ ਪ੍ਰੋਗਰਾਮਾਂ ਤਹਿਤ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ 'ਤੇ



ਆਧਾਰਿਤ ਡਾਕੂਮੈਂਟਰੀ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਫਗਵਾੜਾ ਦੇ ਪਿੰਡ ਗੁਜਰਾਤਾਂ ਤੇ ਮੀਰਾਂਪੁਰ ਅਤੇ ਨਡਾਲਾ ਦੇ ਕਮਾਲਪੁਰ ਤੇ ਤਲਵੰਡੀ ਕੂਕਾਂ ਵਿਖੇ ਸ਼ੋਅ ਕਰਵਾਏ ਗਏ, ਜਿਨ੍ਹਾਂ ਨੂੰ ਦਰਸ਼ਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਇਸ 30 ਮਿੰਟ ਦੀ ਡਾਕੂਮੈਂਟਰੀ ਨੂੰ ਭਰਵਾਂ ਹੁੰਗਾਰਾ ਮਿਲਿਆ, ਜਿਸ ਵਿੱਚ ਨੌਜਵਾਨਾਂ, ਮਹਿਲਾਵਾਂ ਅਤੇ ਬਜ਼ੁਰਗਾਂ ਸਮੇਤ ਪਿੰਡ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਹਾਜ਼ਰੀਨ ਨੇ ਬੜੀ ਦਿਲਚਸਪੀ ਅਤੇ ਸ਼ਰਧਾ ਭਾਵਨਾ ਨਾਲ ਇਸ ਡਾਕੂਮੈਂਟਰੀ ਨੂੰ ਦੇਖਿਆ। ਡਾਕੂਮੈਂਟਰੀ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫ਼ਲਸਫ਼ੇ ਅਤੇ ਅਧਿਆਤਮਿਕ ਯਾਤਰਾ 'ਤੇ ਚਾਨਣਾ ਪਾਇਆ ਗਿਆ, ਜਿਸ ਦੇ ਨਾਲ-ਨਾਲ ਉਨ੍ਹਾਂ ਦੀਆਂ ਸਮਾਨਤਾ, ਸਮਾਜਿਕ ਨਿਆਂ, ਹਮਦਰਦੀ, ਨਿਮਰਤਾ ਅਤੇ ਪ੍ਰਮਾਤਮਾ ਪ੍ਰਤੀ ਭਗਤੀ ਦੀਆਂ ਸਦੀਵੀ ਸਿੱਖਿਆਵਾਂ ਨੂੰ ਪ੍ਰਦਰਸ਼ਿਤ ਕੀਤਾ ਗਿਆ। ਇਸ ਵਿੱਚ ਗੁਰੂ ਜੀ ਦੇ ਇੱਕ ਅਜਿਹੇ ਸਮਾਜ ਦੇ ਵਿਜ਼ਨ (ਸੰਕਲਪ) ਨੂੰ ਵੀ ਖੂਬਸੂਰਤ ਢੰਗ ਨਾਲ ਪੇਸ਼ ਕੀਤਾ ਗਿਆ ਜੋ ਵਿਤਕਰੇ, ਜਾਤ-ਪਾਤ ਦੇ ਪਾੜੇ ਅਤੇ ਸਮਾਜਿਕ ਅਸਮਾਨਤਾਵਾਂ ਤੋਂ ਮੁਕਤ ਹੋਵੇ, ਅਤੇ ਜੋ ਲੋਕਾਂ ਨੂੰ ਸਰਵ-ਵਿਆਪੀ ਭਾਈਚਾਰੇ, ਸ਼ਾਂਤੀ ਅਤੇ ਸਦਭਾਵਨਾ ਵਾਲੇ ਸਹਿ-ਹੋਂਦ ਦੇ ਮੁੱਲਾਂ ਨੂੰ ਅਪਣਾਉਣ ਲਈ ਪ੍ਰੇਰਿਤ ਕਰਦਾ ਹੈ। ਪਿੰਡ ਵਾਸੀਆਂ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਸ ਡਾਕੂਮੈਂਟਰੀ ਨੇ ਗੁਰੂ ਜੀ ਦੇ ਮਨੁੱਖਤਾ, ਸਮਾਨਤਾ ਅਤੇ ਨਿਸ਼ਕਾਮ ਸੇਵਾ ਦੇ ਸੰਦੇਸ਼ ਬਾਰੇ ਇੱਕ ਪ੍ਰੇਰਨਾਦਾਇਕ ਝਾਤ ਪਵਾਈ ਹੈ, ਜੋ ਅੱਜ ਦੇ ਸਮਾਜ ਵਿੱਚ ਵੀ ਪੂਰੀ ਤਰ੍ਹਾਂ ਸਾਰਥਕ ਹੈ।

# ਗੀਤਕਾਰ ਤੇ ਗਾਇਕ ਰਾਜੂ ਨਾਹਰ ਭਲਕੇ ਸਰੋਤਿਆਂ ਦੇ ਹੋਣਗੇ ਰੂਬਰੂ



**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬੀ ਸਾਹਿਤ ਸਭਾ ਖਰੜ ਦੀ ਮਾਸਿਕ ਇਕੱਤਰਤਾ 2 ਅਗਸਤ ਨੂੰ ਸਵੇਰੇ 9.30 ਵਜੇ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਖਰੜ ਵਿਖੇ ਹੋਵੇਗੀ। ਇਸ ਇਕੱਤਰਤਾ ਵਿੱਚ ਸਾਉਣ ਮਹੀਨੇ ਦੀ ਮਹੱਤਤਾ ਦੇ ਮੱਦੇ-ਨਜ਼ਰ ਸਾਵਣ ਕਵੀ ਦਰਬਾਰ ਕਰਵਾਇਆ ਜਾ ਰਿਹਾ ਹੈ। ਸਭਾ ਦੇ ਪ੍ਰਧਾਨ ਡਾ. ਜਸਪਾਲ ਜੱਸੀ ਨੇ ਕਿਹਾ ਕਿ ਹਾਜ਼ਰ ਸ਼ਾਇਰ ਆਪਣੀਆਂ ਰਚਨਾਵਾਂ ਪੜ੍ਹਨਗੇ। ਇਸ ਮੌਕੇ ਉੱਘੇ ਗੀਤਕਾਰ, ਪੇਸ਼ਕਾਰ ਤੇ ਗਾਇਕ ਰਾਜੂ ਨਾਹਰ ਚੁੰਨੀ ਕਲਾਂ ਸਰੋਤਿਆਂ ਦੇ ਰੂਬਰੂ ਹੋਣਗੇ।

# ਉਂਕਾਰ ਸਿੰਘ ਦਿਉਲ ਨਮਿਤ ਅੰਤਿਮ ਅਰਦਾਸ 2 ਨੂੰ



**ਆਦਮਪੁਰ (ਪਰਮਜੀਤ ਸਿੰਘ)**- ਪਿੰਡ ਨਰੰਗਪੁਰ ਦੇ ਬਲਜੀਤ ਸਿੰਘ ਦਿਉਲ ਅਤੇ ਕੁਲਵੰਤ ਸਿੰਘ ਦਿਉਲ (ਐਸ.ਡੀ.ਓ ਬੀ ਐਸ ਐਨ ਐਲ ਆਦਮਪੁਰ) ਦੇ ਵੱਡੇ ਭਰਾ ਉਂਕਾਰ ਸਿੰਘ ਦਿਉਲ ਦਾ ਬੀਤੇ ਦਿਨੀਂ ਅਚਾਨਕ ਸਵਰਗਵਾਸ ਹੋ ਗਿਆ ਸੀ। ਉਨ੍ਹਾਂ ਦੀ ਆਤਮਿਕ ਸ਼ਾਂਤੀ ਵਾਸਤੇ ਅਰੰਭ ਕੀਤੇ ਗਏ ਸ੍ਰੀ ਸਹਿਜ ਪਾਠ ਦੇ ਭੋਗ ਉਪਰੰਤ ਅੰਤਿਮ ਅਰਦਾਸ ਦੀ ਰਸਮ ਪਿੰਡ ਨਰੰਗਪੁਰ ਦੇ ਗੁਰਦੁਆਰਾ ਸਿੰਘ ਸਭਾ ਵਿਖੇ 2 ਅਗਸਤ ਨੂੰ ਬਾਅਦ ਦੁਪਹਿਰ 11.30 ਤੋਂ 1 ਵਜੇ ਤੱਕ ਹੋਵੇਗੀ। ਉਂਕਾਰ ਸਿੰਘ ਦੇ ਬੇਟੇ ਜਗਜੀਤ ਸਿੰਘ ਦਿਉਲ ਤੇ ਰਣਵੀਰ ਸਿੰਘ ਦਿਉਲ ਤੇ ਸਮੂਹ ਦਿਉਲ ਪਰਵਾਰ ਨੇ ਸਮੂਹ ਰਿਸ਼ਤੇਦਾਰਾਂ ਨੂੰ ਸਮੇਂ ਸਿਰ ਪੁੱਜ ਕੇ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਬੇਨਤੀ ਕੀਤੀ ਹੈ।

# ਪੰਜਾਬ ਖਾਦੀ ਅਤੇ ਗਰਾਮ ਉਦਯੋਗ ਬੋਰਡ ਦੇ ਪੈਨਸ਼ਨਰਾਂ ਨੂੰ ਅੱਠ ਮਹੀਨਿਆਂ ਤੋਂ ਨਹੀਂ ਮਿਲੀ ਪੈਨਸ਼ਨ

**ਚੰਡੀਗੜ੍ਹ**- ਪੰਜਾਬ ਖਾਦੀ ਅਤੇ ਗਰਾਮ ਉਦਯੋਗ ਬੋਰਡ, ਚੰਡੀਗੜ੍ਹ ਦੇ ਪੈਨਸ਼ਨਰਾਂ ਤੇ ਫੈਮਲੀ ਪੈਨਸ਼ਨਰਾਂ ਨੂੰ ਮਹੀਨਾ ਦਸੰਬਰ 2025 ਤੋਂ ਜੂਨ 2026 ਤੱਕ ਪੰਜਾਬ ਸਰਕਾਰ ਵਲੋਂ ਪੈਨਸ਼ਨ ਦਾ ਭੁਗਤਾਨ ਨਹੀਂ ਕੀਤਾ ਜਾ ਰਿਹਾ ਹੈ, ਜਿਸ ਕਾਰਨ ਬੋਰਡ ਦੇ ਪੈਨਸ਼ਨਰਾਂ ਤੇ ਫੈਮਲੀ ਪੈਨਸ਼ਨਰਾਂ ਨੂੰ ਬਹੁਤ ਮੁਸ਼ਕਿਲ ਹੋ ਰਹੀ ਹੈ। ਇਸ ਬਾਰੇ ਬੋਰਡ ਦੇ ਪੈਨਸ਼ਨਰ ਕ੍ਰਿਸ਼ਨ ਕੁਮਾਰ ਸ਼ਾਰਦਾ, ਕੇਵਲ ਕ੍ਰਿਸ਼ਨ, ਸ਼ਿਵ ਕੁਮਾਰ ਦੁੱਗਲ, ਗਣੇਸ਼ ਦੱਤ ਭਰਦਵਾਜ ਅਤੇ ਪਵਨ ਅਨੇਜਾ ਨੇ ਦਸਿਆ ਕਿ ਬੋਰਡ ਦੇ ਕੁੱਲ 93 ਪੈਨਸ਼ਨਰ ਤੇ ਫੈਮਲੀ ਪੈਨਸ਼ਨਰ ਜੋ ਸੀਨੀਅਰ ਸਿਟੀਜ਼ਨ ਹਨ ਅਤੇ ਜਿਹਨਾਂ ਵਿਚੋਂ ਕਈਆਂ ਦੀ ਉਮਰ 70 ਸਾਲ ਤੋ ਜਿਆਦਾ ਹੈ, ਨੂੰ ਅਪਣੀਆਂ ਰੋਜ਼ਾਨਾ ਦੀਆਂ ਜਰੂਰਤਾਂ ਦੀ ਪੂਰਤੀ ਅਤੇ ਇਲਾਜ ਕਰਵਾਉਣ ਲਈ ਸਿਰਫ ਪੈਨਸ਼ਨ ਦਾ ਹੀ ਸਹਾਰਾ ਹੈ ਜਿਸ ਤੋਂ ਉਹ ਅਪਣਾ ਤੇ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਦੇ ਹਨ, ਪ੍ਰੰਤੂ ਸਰਕਾਰ ਵਲੋਂ ਪੈਨਸ਼ਨ ਦਾ ਭੁਗਤਾਨ ਨਾ ਹੋਣ ਕਾਰਨ ਸਾਰੇ ਪੈਨਸ਼ਨਰਾਂ ਤੇ ਫੈਮਲੀ ਪੈਨਸ਼ਨਰਾਂ ਨੂੰ ਬਹੁਤ ਮੁਸ਼ਕਿਲ ਹੋ ਰਹੀ ਹੈ। ਇਸ ਸੰਬੰਧੀ ਉਹਨਾਂ ਵਲੋਂ ਦਸਿਆ ਗਿਆ ਕਿ ਮਹੀਨਾ ਦਸੰਬਰ 2025 ਤੋਂ ਮਹੀਨਾ ਫਰਵਰੀ 2026 ਤੱਕ ਦੇ ਸਮੇਂ ਦੀ ਪੈਨਸ਼ਨ ਦੇ ਭੁਗਤਾਨ ਦਾ ਬਿੱਲ, ਜ਼ਿਲਾ ਖਜ਼ਾਨਾ ਅਫਸਰ, ਪੰਜਾਬ, ਚੰਡੀਗੜ੍ਹ, ਪਾਸੋ ਕਲੀਅਰ ਨਹੀ ਕੀਤਾ ਗਿਆ, ਜਿਸ ਕਾਰਨ ਇਸ ਸਮੇਂ ਦੀ ਪੈਨਸ਼ਨ ਦਾ ਭੁਗਤਾਨ ਨਹੀਂ ਹੋ ਸਕਿਆ। ਇਸ ਤੋਂ ਬਾਅਦ ਹੁਣ ਮਹੀਨਾ ਮਾਰਚ 2026 ਤੋਂ ਮਹੀਨਾ ਮਈ 2026 ਤੱਕ ਦੇ ਸਮੇਂ ਦਾ ਬਿੱਲ ਸਾਰੇ ਲੋੜੀਂਦੇ ਦਸਤਾਵੇਜ਼ਾਂ ਨਾਲ ਅਤੇ ਮੁਕੰਮਲ ਕਾਰਵਾਈ ਕਰਨ ਉਪਰੰਤ ਬਿੱਲ, ਮਿਤੀ 19.06.2026 ਨੂੰ ਜ਼ਿਲਾ ਖਜ਼ਾਨਾ ਅਫਸਰ, ਪੰਜਾਬ ਚੰਡੀਗੜ੍ਹ ਦੇ ਦਫਤਰ ਵਿੱਖੇ ਭਿਜਵਾਇਆ ਗਿਆ ਸੀ, ਜੋ ਕਿ ਹੁਣ ਤੱਕ ਭੁਗਤਾਨ ਲਈ ਉਹਨਾਂ ਪਾਸ ਹੀ ਪੈਂਡਿੰਗ ਪਿਆ ਹੈ। ਇਸ ਬਿੱਲ ਦੇ ਭੁਗਤਾਨ ਬਾਰੇ ਉੱਚ ਅਧਿਕਾਰੀਆਂ ਨਾਲ ਕਈ ਵਾਰ ਨਿਜੀ ਤੌਰ 'ਤੇ ਸੰਪਰਕ ਕਰਕੇ ਬੇਨਤੀ ਵੀ ਕੀਤੀ ਗਈ, ਪ੍ਰੰਤੂ ਪੈਨਸ਼ਨ ਦੀ ਜਾਰੀ ਹੋਣ ਵਾਲੀ ਰਕਮ ਦੇ ਬਿੱਲ ਦਾ ਭੁਗਤਾਨ, ਜ਼ਿਲਾ ਖਜ਼ਾਨਾ ਅਫਸਰ, ਪੰਜਾਬ ਚੰਡੀਗੜ੍ਹ ਦੇ ਦਫਤਰ ਤੋਂ ਨਹੀਂ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਅਪੀਲ ਕੀਤੀ ਹੈ ਕਿ ਸਰਕਾਰ ਉਨ੍ਹਾਂ ਦੀ ਪਰੇਸ਼ਾਨੀ ਨੂੰ ਜਲਦ ਤੋਂ ਜਲਦ ਦੂਰ ਕਰੇ।

# ਰੋਟਰੀ ਕਲੱਬ ਦੀ ਇੰਸਟਾਲੇਸ਼ਨ ਸੈਰੇਮਨੀ ਧੂਮਧਾਮ ਨਾਲ ਕਰਵਾਈ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਰੋਟਰੀ ਕਲੱਬ ਡੇਰਾਬੱਸੀ ਟਾਊਨ ਵੱਲੋਂ ਇੱਕ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਆਪਣੀ ਇੰਸਟਾਲੇਸ਼ਨ ਸੈਰੇਮਨੀ (ਤਾਜਪੋਸ਼ੀ ਸਮਾਗਮ) ਬਹੁਤ ਹੀ ਉਤਸ਼ਾਹ ਅਤੇ ਧੂਮਧਾਮ ਨਾਲ ਆਯੋਜਿਤ ਕੀਤੀ ਗਈ। ਇਸ ਖਾਸ ਮੌਕੇ ਸਮਾਜਿਕ ਕਾਰਜਾਂ




ਦੇ ਨਾਲ-ਨਾਲ ਸਿੱਖਿਆ ਦੇ ਖੇਤਰ ਵਿੱਚ ਉੱਤਮ ਪ੍ਰਦਰਸ਼ਨ ਕਰਨ ਵਾਲੇ ਸ਼ਹਿਰ ਦੇ ਡੀ ਏ ਵੀ ਸਕੂਲ, ਐਸ ਐਸ ਜੈਨ ਗਰਲਸ ਸੀਨੀਅਰ ਸੈਕੰਡਰੀ ਸਕੂਲ ਅਤੇ ਸਵਰਗਵਾਸੀ ਗੁਰਨਾਮ ਸਿੰਘ ਸੈਣੀ ਸਕੂਲ ਆਫ ਐਮੀਨੈਂਸ ਦੇ ਹੋਣਹਾਰ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਸਮਾਗਮ ਦਾ ਆਗਾਜ਼ ਬਹੁਤ ਹੀ ਗੰਭੀਰ ਮਾਹੌਲ ਵਿੱਚ ਹੋਇਆ। ਡੇਰਾਬੱਸੀ ਵਿਖੇ ਬੀਤੇ ਦਿਨੀਂ ਹੋਈਆਂ ਨੌਜਵਾਨਾਂ ਦੀਆਂ ਬੇਵਕਤੀ ਅਤੇ ਦੁਖਦਾਈ ਮੌਤਾਂ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ, ਸਮੂਹ ਹਾਜ਼ਰੀਨ ਵੱਲੋਂ 2 ਮਿੰਟ ਦਾ ਮੌਨ ਰੱਖ ਕੇ ਵਿਛੜੀਆਂ ਰੂਹਾਂ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ ਗਈ। ਸਮਾਗਮ ਵਿੱਚ ਹਲਕਾ ਡੇਰਾਬੱਸੀ ਦੇ ਸਾਬਕਾ ਵਿਧਾਇਕ ਐਨ ਕੇ ਸ਼ਰਮਾ ਅਤੇ ਰੋਟਰੀ ਇੰਟਰਨੈਸ਼ਨਲ ਡਿਸਟ੍ਰਿਕਟ 3080 ਦੇ ਪਾਸਟ ਡਿਸਟ੍ਰਿਕਟ ਗਵਰਨਰ (ਪੀ.ਡੀ.ਜੀ.) ਰੋਟੇਰੀਅਨ ਰਵੀ ਪ੍ਰਕਾਸ਼ ਗਰਗ ਨੇ ਮੁੱਖ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ।

ਗੈਸਟ ਆਫ ਆਨਰ ਵਜੋਂ ਪਾਸਟ ਡਿਸਟ੍ਰਿਕਟ ਗਵਰਨਰ ਮਨਮੋਹਨ ਸਿੰਘ ਤੇ ਪੀ ਡੀ ਜੀ ਮਧੂਕਰ ਮਲਹੋਤਰਾ ਪਹੁੰਚੇ, ਜਦਕਿ ਅਸਿਸਟੈਂਟ ਗਵਰਨਰ ਏ ਪੀ ਸਿੰਘ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਆਊਟਗੋਇੰਗ ਪ੍ਰੈਜ਼ੀਡੈਂਟ ਭੁਪਿੰਦਰ ਸਿੰਘ ਸੈਣੀ ਨੇ ਆਪਣੇ ਕਾਰਜਕਾਲ ਦੌਰਾਨ ਕਲੱਬ ਵੱਲੋਂ ਕੀਤੇ ਸਮਾਜ ਭਲਾਈ ਦੇ ਕਾਰਜਾਂ ਦਾ ਬਿਓਰਾ ਸਾਂਝਾ ਕੀਤਾ। ਇਸ ਤੋਂ ਬਾਅਦ ਉਨ੍ਹਾਂ ਨਵੇਂ ਚੁਣੇ ਗਏ ਪ੍ਰਧਾਨ ਹਰਿੰਦਰ ਸਿੰਘ ਹਨੀ ਨੂੰ ਰੋਟਰੀ ਕਾਲਰ ਪਹਿਨਾ ਕੇ ਸਾਲ 2026-27 ਲਈ ਪ੍ਰਧਾਨਗੀ ਦੀ ਜ਼ਿੰਮੇਵਾਰੀ ਸੌਂਪੀ। ਨਵੇਂ ਸੈਕਟਰੀ ਸੌਰਵ ਚੌਹਾਨ ਨੂੰ ਕਲੱਬ ਦਾ ਚਾਰਟਰ ਪ੍ਰਦਾਨ ਕਰਕੇ ਅਹੁਦਾ ਸੰਭਾਲਿਆ ਗਿਆ। ?ਮੰਚ ਸੰਚਾਲਕ (ਮਾਸਟਰ ਆਫ ਸੈਰੇਮਨੀ) ਅਤੇ ਪ੍ਰੋਜੈਕਟ ਚੇਅਰਮੈਨ ਦੀ ਭੂਮਿਕਾ ਰੋਟੇਰੀਅਨ ਅਮਿਤ ਬਿੰਦਲ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ।

# ਵਿਧਾਇਕ ਨੇ ਕ੍ਰਿਕਟ ਅਕੈਡਮੀ ਦਾ ਕੀਤਾ ਦੌਰਾ

**ਫਗਵਾੜਾ (ਜਸਵਿੰਦਰ ਢੱਡਾ)**- ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਨਸ਼ਾ-ਮੁਕਤ, ਤੰਦਰੁਸਤ ਅਤੇ ਸਸ਼ਕਤ ਪੰਜਾਬ ਦੀ ਸਿਰਜਣਾ ਲਈ ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਵੱਲੋਂ ਕੀਤਾ ਜਾ ਰਿਹਾ ਉਪਰਾਲਾ ਸਮਾਜ ਲਈ ਪ੍ਰੇਰਨਾਦਾਇਕ ਹੈ। ਇਹ ਗੱਲ ਜਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਹਲਕਾ ਫਗਵਾੜਾ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਟੀ.ਡਬਲਿਊ ਈ ਆਈ (ਜੇ ਸੀ ਟੀ) ਸਕੂਲ ਦੇ ਖੇਡ ਮੈਦਾਨ ਵਿੱਚ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਚੱਲ ਰਹੀ ਐੱਸ ਐੱਨ ਐੱਸ ਕ੍ਰਿਕੇਟ ਅਕੈਡਮੀ ਦਾ ਦੌਰਾ ਕਰਨ ਮੌਕੇ ਕਹੀ। ਵਿਧਾਇਕ ਧਾਲੀਵਾਲ ਨੇ ਅਕੈਡਮੀ ਵਿੱਚ ਚੱਲ ਰਹੀ ਕੋਚਿੰਗ ਦਾ ਜਾਇਜ਼ਾ ਲਿਆ, ਕੋਚਾਂ ਨਾਲ ਵਿਚਾਰ-ਵਟਾਂਦਰਾ ਕੀਤਾ



ਅਤੇ ਖਿਡਾਰੀਆਂ ਨਾਲ ਰੂ-ਬ-ਰੂ ਹੁੰਦਿਆਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਵਿੱਚ ਬੇਅੰਤ ਪ੍ਰਤਿਭਾ ਮੌਜੂਦ ਹੈ। ਜੇਕਰ ਉਨ੍ਹਾਂ ਨੂੰ ਸਹੀ ਮਾਰਗਦਰਸ਼ਨ, ਆਧੁਨਿਕ ਸਿਖਲਾਈ ਅਤੇ ਲੋੜੀਂਦੀਆਂ ਸਹੂਲਤਾਂ ਮਿਲਣ ਤਾਂ ਉਹ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਦੇਸ਼ ਦਾ ਨਾਂ ਰੌਸ਼ਨ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਖੇਡਾਂ ਸਿਰਫ਼ ਸਰੀਰਕ ਤੰਦਰੁਸਤੀ ਦਾ ਸਾਧਨ ਹੀ ਨਹੀਂ, ਸਗੋਂ ਇਹ ਅਨੁਸ਼ਾਸਨ, ਲੀਡਰਸ਼ਿਪ, ਟੀਮ ਭਾਵਨਾ, ਆਤਮ-ਵਿਸ਼ਵਾਸ ਅਤੇ ਚੁਣੌਤੀਆਂ ਦਾ ਡਟ ਕੇ ਸਾਹਮਣਾ ਕਰਨ ਦੀ ਸਮਰੱਥਾ ਵੀ ਪੈਦਾ ਕਰਦੀਆਂ ਹਨ। ਧਾਲੀਵਾਲ ਨੇ ਸ਼ਹੀਦ ਊਧਮ ਸਿੰਘ ਦੇ ਸ਼ਹਾਦਤ ਦਿਵਸ ਮੌਕੇ ਸ਼ਹੀਦ ਨੂੰ ਵੀ ਯਾਦ ਕੀਤਾ ਅਤੇ ਕਿਹਾ ਕਿ ਸ਼ਹੀਦਾਂ ਦੇ ਸੁਪਨਿਆਂ ਦੇ ਭਾਰਤ 'ਚ ਖਿਡਾਰੀਆਂ ਦੀ ਵੀ ਅਹਿਮ ਭੂਮਿਕਾ ਹੈ, ਜੋ ਆਪਣੇ ਹੁਨਰ ਦੇ ਨਾਲ ਦੇਸ਼ ਦੀ ਸ਼ਾਨ ਨੂੰ ਵਧਾ ਸਕਦੇ ਹਨ। ਇਸ ਤੋਂ ਪਹਿਲਾਂ ਸਭਾ ਵਲੋਂ ਚਲਾਏ ਜਾ ਰਹੇ ਲੜਕੀਆਂ ਦੇ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਵਿਖੇ ਸ਼ਹੀਦ ਊਧਮ ਸਿੰਘ ਦੀ ਤਸਵੀਰ 'ਤੇ ਸ਼ਰਧਾ ਦੇ ਫੁੱਲ ਅਰਪਿਤ ਕੀਤੇ ਗਏ। ਸਮਾਗਮ ਦਾ ਸੰਚਾਲਨ ਲੈਕਚਰਾਰ ਹਰਜਿੰਦਰ ਗੋਗਨਾ ਵਲੋਂ ਬਾਖ਼ੂਬੀ ਕੀਤਾ ਗਿਆ। ਇਸ ਮੌਕੇ ਸਭਾ ਦੇ ਉਪ ਪ੍ਰਧਾਨ ਰਵਿੰਦਰ ਸਿੰਘ ਰਾਏ, ਰਘਬੀਰ ਕੌਰ ਹਲਕਾ ਕੋਆਰਡੀਨੇਟਰ, ਆਮ ਆਦਮੀ ਪਾਰਟੀ, ਰਾਕੇਸ਼ ਕੋਛੜ, ਗੁਰਦੀਪ ਸਿੰਘ ਤੁਲੀ ਸੀਨੀਅਰ ਆਪ ਆਗੂ, ਪਰਮਜੀਤ ਰਾਏ, ਗੁਲਸ਼ਨ ਕਪੂਰ, ਰਣਜੀਤ ਸਿੰਘ ਬੇਦੀ, ਕੋਚ ਗੁਰਪ੍ਰੀਤ ਸਿੰਘ ਗੋਪੀ, ਕੋਚ ਹਰਜੋਤ ਹੈਰੀ, ਹਰਮਿੰਦਰ ਮੁਰਲੀ, ਅਨੂਪ ਦੁੱਗਲ, ਕਮਲਜੀਤ ਸਾਹਨੀ, ਹਰਬੰਸ ਲਾਲ ਸੰਧੀ, ਵੋਕੇਸ਼ਨਲ ਸੈਂਟਰ ਦੀਆਂ ਸਿੱਖਿਆਰਥਣਾਂ ਮਨਿੰਦਰ, ਸੰਜਨਾ, ਤਾਨੀਆ, ਟਵਿੰਕਲ, ਫਿਜਾ, ਮਨਦੀਪ, ਨੂਰੰ ਸਮੇਤ ਵੱਡੀ ਗਿਣਤੀ ਵਿੱਚ ਖਿਡਾਰੀ, ਮਾਪੇ ਅਤੇ ਪਤਵੰਤੇ ਹਾਜ਼ਰ ਸਨ।